24-MAY-PAGE-1.qxd 5/23/2024 10:21 PM Page 1

ਸ਼ੁੱਕਰਵਾਰ, 24 ਮਈ, 2024
11 ਜੇਠ { ਨਾਨਕਸ਼ਾਹੀ 556 / ਬਿਕਰਮੀ 2081 }
ਜਿਲਦ/VOL. : 72
ਅੰਕ/NO. : 354

# ਨਵਾਂ ਜ਼ਮਾਨਾ

DAILY NAWAN ZAMANA • FRIDAY, 24 MAY, 2024
ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ  Regd. No : L-4/Pb-JL-0023/2024-26, (R.N.I.)-00068/57  E-mail : nawanzamana@gmail.com  www.nawanzamana.in  ਸਫ਼ੇ : 12

## ਵੋਟਾਂ ਦੀ ਗਿਣਤੀ 'ਚ ਹੇਰਾਫੇਰੀ ਹੋਈ ਤਾਂ ਦੇਸ਼ ਸੜਕਾਂ 'ਤੇ ਆ ਜਾਵੇਗਾ : ਅਰਸ਼ੀ

**ਬੰਗਾ (ਅਵਤਾਰ ਕਲੇਰ)**

ਦੇਸ਼ ਦੀ ਏਕਤਾ ਅਤੇ ਅਖੰਡਤਾ ਲਈ ਸ਼ਹੀਦ ਹੋਣ ਵਾਲੇ ਪੰਜਾਬ ਖੇਤ ਮਜ਼ਦੂਰ ਸਭਾ ਦੇ ਸਾਬਕਾ ਮੀਤ ਸਕੱਤਰ, ਭਾਰਤੀ ਖੇਤ ਮਜ਼ਦੂਰ ਯੂਨੀਅਨ ਦੇ ਮੈਂਬਰ, ਸੀ ਪੀ ਆਈ ਦੇ ਸੂਬਾ ਕੌਂਸਲ ਮੈਂਬਰ, ਦਲਿਤਾਂ ਅਤੇ ਕਿਸਾਨਾਂ ਦੇ ਸਾਂਝੇ ਆਗੂ ਸ਼ਹੀਦ ਕਾਮਰੇਡ ਮਲਕੀਤ ਚੰਦ ਮੇਹਲੀ ਦੀ 36ਵੀਂ ਸਲਾਨਾ ਬਰਸੀ ਉਹਨਾ ਦੇ ਜੱਦੀ ਪਿੰਡ ਮੇਹਲੀ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਿਖੇ ਮਨਾਈ ਗਈ। ਸਭ ਤੋਂ ਪਹਿਲਾਂ ਸ਼ਹੀਦ ਕਾਮਰੇਡ ਮਲਕੀਤ ਚੰਦ ਮੇਹਲੀ ਦੀ ਯਾਦਗਾਰ 'ਤੇ ਝੰਡਾ ਲਹਿਰਾਇਆ ਗਿਆ। ਇਹ ਰਸਮ ਸੀ ਪੀ ਆਈ ਦੇ ਕੌਮੀ ਕੌਂਸਲ ਮੈਂਬਰ ਹਰਦੇਵ ਸਿੰਘ ਅਰਸ਼ੀ ਸਾਬਕਾ ਵਿਧਾਇਕ ਨੇ ਅਦਾ ਕੀਤੀ। ਇਸ ਸ਼ਹੀਦੀ ਸਮਾਗਮ ਦੀ ਪ੍ਰਧਾਨਗੀ ਜਸਵਿੰਦਰ ਸਿੰਘ ਭੰਗਲ, ਪਰਮਿੰਦਰ ਮੇਨਕਾ, ਗੁਰਬਖਸ਼ ਕੌਰ ਰਾਹੋਂ, ਅਮਰਜੀਤ ਮੇਹਲੀ ਨੇ ਸਾਂਝੇ ਤੌਰ 'ਤੇ ਕੀਤੀ।

ਕਾਮਰੇਡ ਅਰਸ਼ੀ ਨੇ ਕਿਹਾ ਕਿ ਮਲਕੀਤ ਚੰਦ ਮੇਹਲੀ ਜ਼ਮੀਨ ਨਾਲ ਜੁੜੇ ਆਗੂ ਸਨ। ਉਹਨਾ ਦੀ ਮਿਹਨਤ ਨਾਲ ਇਸ ਇਲਾਕੇ 'ਚ ਕਮਿਊਨਿਸਟ ਲਹਿਰ ਅਤੇ ਖੇਤ ਮਜ਼ਦੂਰ ਲਹਿਰ ਤੇਜ਼ੀ ਨਾਲ ਵਧੀ। ਸਾਥੀ ਮੇਹਲੀ ਦੇਸ਼ ਦੀ ਏਕਤਾ ਅਤੇ ਅਖੰਡਤਾ ਲਈ ਸ਼ਹੀਦ ਹੋਏ। ਇਹਨਾਂ ਸ਼ਹੀਦਾਂ ਦੀਆਂ ਕੁਰਬਾਨੀਆਂ ਨਾਲ ਹੀ ਅੱਤਵਾਦ ਖਤਮ ਹੋਇਆ। ਇਹਨਾਂ ਸ਼ਹੀਦਾਂ ਨੂੰ ਦੁਨੀਆਂ ਯਾਦ ਕਰਦੀ ਹੈ ਅਤੇ ਇਹਨਾਂ ਦਾ ਨਾਂਅ ਰਹਿੰਦੀ ਦੁਨੀਆਂ ਤੱਕ ਰਹੇਗਾ। ਸ਼ਹੀਦਾਂ ਦੇ ਨਾਂਅ 'ਤੇ ਮੇਲੇ ਲੱਗਣਗੇ ਅਤੇ ਬਰਸੀਆਂ ਮਨਾਈਆਂ ਜਾ ਰਹੀਆਂ ਹਨ। ਉਹਨਾ ਕਿਹਾ ਕਿ ਅੱਜ ਦੇਸ਼ ਅੰਦਰ ਰਾਜਨੀਤਕ ਲੜਾਈ ਲੜੀ ਜਾ ਰਹੀ ਹੈ। ਪਿਛਲੇ 10 ਸਾਲਾਂ ਤੋਂ ਦੇਸ਼ ਤਬਾਹੀ ਦੇ ਰਾਹ 'ਤੇ ਸੀ, ਪਰ ਹੁਣ ਲੋਕ ਮੋਦੀ ਸਰਕਾਰ ਦੀਆਂ ਚਾਲਾਂ ਸਮਝ ਚੁੱਕੇ ਹਨ। ਹੁਣ ਮੋਦੀ ਸਰਕਾਰ ਦਾ ਜਾਣਾ ਤਹਿ ਹੈ ਅਤੇ 'ਇੰਡੀਆ' ਗੱਠਜੋੜ ਦੀ ਸਰਕਾਰ ਬਣਨ ਜਾ ਰਹੀ ਹੈ। ਭਾਰਤ ਧਰਮ-ਨਿਰਪੱਖ ਅਤੇ ਜਮਹੂਰੀਅਤ ਪਸੰਦ ਦੇਸ਼ ਹੈ। ਜਦੋਂ ਦੀ ਕੇਂਦਰ 'ਚ ਭਾਜਪਾ ਸਰਕਾਰ ਆਈ ਹੈ, ਲੋਕ ਆਪਣੇ ਆਪ ਨੂੰ ਅਸੁਰੱਖਿਅਤ ਮਹਿਸੂਸ ਕਰ ਰਹੇ ਹਨ। ਇਹ ਸਰਕਾਰ ਕਾਰਪੋਰੇਟ ਘਰਾਣਿਆਂ ਦੀ ਸਰਕਾਰ ਹੈ। ਲੋਕ 10 ਸਾਲਾਂ ਤੋਂ ਜ਼ੁਲਮ ਸਹਿ ਰਹੇ ਹਨ। ਬੁੱਧੀਜੀਵੀ, ਲੇਖਕ, ਪੱਤਰਕਾਰ ਕਈ ਸਾਲਾਂ ਤੋਂ ਜੇਲ੍ਹਾਂ ਅੰਦਰ ਬੰਦ ਹਨ। ਚਲਾਨ ਵੀ ਪੇਸ਼ ਨਹੀਂ ਕਰ ਰਹੇ। ਇਸ ਲਈ ਕੇਂਦਰ ਸਰਕਾਰ ਨੂੰ ਹਰਾਉਣਾ ਅਤੀ ਜ਼ਰੂਰੀ ਹੈ। ਜੇ ਇਹ ਸਰਕਾਰ ਤੀਸਰੀ ਵਾਰੀ ਸੱਤਾ ਚ ਅਉਂਦੀ ਹੈ ਤਾਂ ਇਹ ਰਿਜ਼ਰਵੇਸ਼ਨ ਖ਼ਤਮ ਕਰ ਦੇਣਗੇ, ਲੋਕਾਂ ਦੇ ਬੋਲਣ 'ਤੇ ਪਬੰਦੀ ਲਗਾ ਦੇਣਗੇ, ਇਸ ਤਰ੍ਹਾਂ ਦੇ ਇਕੱਠ ਸ਼ਾਇਦ ਨਾ ਹੋ ਸਕਣ, ਸੰਵਿਧਾਨ ਬਦਲ ਦੇਣਗੇ ਅਤੇ ਮਨੂ ਸਿਮਰਤੀ ਲਾਗੂ ਕਰ ਦੇਣਗੇ। ਉਹਨਾ ਦੱਸਿਆ ਕਿ ਬਹੁਤ ਥਾਵਾਂ 'ਤੇ ਵੋਟ ਪੋਲਿੰਗ ਦੀ ਗਿਣਤੀ ਕੁਝ ਹੋਰ ਹੈ ਅਤੇ ਚੋਣ ਕਮਿਸ਼ਨ ਕੁਝ ਹੋਰ ਗਿਣਤੀ ਦੱਸ ਰਿਹਾ ਸੀ। ਉਹਨਾ ਚਿਤਾਵਨੀ ਦਿੰਦਿਆਂ ਕਿਹਾ ਕਿ ਜੇ ਚੋਣ ਕਮਿਸ਼ਨ ਨੇ ਮੋਦੀ ਦੇ ਇਸ਼ਾਰੇ 'ਤੇ ਚੋਣਾਂ 'ਚ ਕੋਈ ਗੜਬੜ ਕੀਤੀ ਤਾਂ ਸਾਰਾ ਦੇਸ਼ ਸੜਕਾਂ 'ਤੇ ਆ ਜਾਵੇਗਾ ਅਤੇ ਰੋਡ ਜਾਮ ਕਰ ਦਿੱਤੇ ਜਾਣਗੇ। ਉਹਨਾ ਚੋਣ ਕਮਿਸ਼ਨ ਆਪਣੀ ਡਿਊਟੀ ਨਿਰਪੱਖ ਨਿਭਾਉਣ ਲਈ ਅਪੀਲ ਕੀਤੀ। ਉਹਨਾ ਕਿਹਾ ਕਿ ਇੰਡੀਆ ਗੱਠਜੋੜ ਸੱਤਾ ਆਉਣ 'ਤੇ ਬੇਰੁਜ਼ਗਾਰ ਹਰ ਨੌਜਵਾਨ ਨੂੰ ਰੁਜ਼ਗਾਰ ਮਿਲੇਗਾ ਅਤੇ ਰੁਜ਼ਗਾਰ ਲਈ ਅਧਿਕਾਰ ਨੂੰ ਸੰਵਿਧਾਨ 'ਚ ਸ਼ਾਮਲ ਕਰਾਂਗੇ। ਨਰੇਗਾ ਕਾਮਿਆਂ ਨੂੰ 700 ਰੁਪਏ ਦਿਹਾੜੀ ਅਤੇ ਸਾਲ 'ਚ 200 ਦਿਨ ਕੰਮ ਦਿਆਂਗੇ। ਪਬਲਿਕ ਸੈਕਟਰ ਮਜ਼ਬੂਤ ਕਰਾਂਗੇ, 2004 ਤੋਂ ਪਹਿਲਾਂ ਵਾਲੀ ਪੈਨਸ਼ਨ ਬਹਾਲ ਕਰਾਂਗੇ। ਅਗਨੀਵੀਰ ਯੋਜਨਾ ਬੰਦ ਕਰ ਦਿਆਂਗੇ। ਠੇਕੇ 'ਤੇ ਭਰਤੀ ਬੰਦ ਕਰਕੇ ਪੱਕੀ ਭਾਰਤੀ ਸ਼ੁਰੂ ਕਰਾਂਗੇ। ਰਾਖਵਾਂਕਰਨ ਦੀ ਲਿਸਟ ਤਹਿ ਕਰਾਂਗੇ, ਸਾਥੀ ਮੇਹਲੀ ਨੂੰ ਇਹੋ ਸੱਚੀ ਸ਼ਰਧਾਂਜਲੀ ਹੋਵੇਗੀ ਕਿ ਭਾਜਪਾ ਅਤੇ ਇਸ ਦੇ ਸਹਿਯੋਗੀਆਂ ਨੂੰ ਹਰਾਇਆ ਜਾਵੇ।



ਭਾਰਤੀ ਖੇਤ ਮਜ਼ਦੂਰ ਯੂਨੀਅਨ ਦੇ ਕੌਮੀ ਜਨਰਲ ਸਕੱਤਰ ਗੁਲਜ਼ਾਰ ਸਿੰਘ ਗੋਰੀਆ ਨੇ ਕਿਹਾ ਕਿ ਸਾਥੀ ਮੇਹਲੀ ਅੱਤਵਾਦੀਆਂ ਨੇ ਸਾਥੋਂ ਖੋ ਲਿਆ, ਪਰ ਉਹਨਾ ਦੇ ਵਿਚਾਰ ਹਮੇਸ਼ਾ ਸਾਡੇ ਦਿਲਾਂ 'ਚ ਵਸਦੇ ਹਨ। ਸਾਥੀ ਮੇਹਲੀ ਪਰਵਾਰ ਸਮੇਤ ਕਈ ਵਾਰ ਜੇਲ੍ਹ ਵੀ ਗਏ। ਅੱਤਵਾਦੀਆਂ ਨੇ ਲਾਲ ਝੰਡੇ ਦੇ 400 ਦੇ ਕਰੀਬ ਆਗੂ ਅਤੇ ਵਰਕਰ ਸ਼ਹੀਦ ਕੀਤੇ ਅਤੇ ਲਗਭਗ 25000 ਲੋਕਾਂ ਨੇ ਸ਼ਹੀਦੀ ਦੇ ਕੇ ਪੰਜਾਬ 'ਚ ਅਮਨ ਅਤੇ ਸ਼ਾਂਤੀ ਲਿਆਂਦੀ। ਸਾਥੀ ਮੇਹਲੀ ਨੂੰ ਇਹੋ ਸੱਚੀ ਸ਼ਰਧਾਂਜਲੀ ਹੋਵੇਗੀ ਕਿ ਲਾਲ ਝੰਡਾ ਹਮੇਸ਼ਾ ਉੱਚਾ ਰੱਖੀਏ।

ਪੰਜਾਬ ਖੇਤ ਮਜ਼ਦੂਰ ਸਭਾ ਦੇ ਜਨਰਲ ਸਕੱਤਰ ਦੇਵੀ ਕੁਮਾਰੀ ਸਰਹਾਲੀ ਕਲਾਂ ਨੇ ਕਿਹਾ ਕਿ ਸਾਥੀ ਮੇਹਲੀ ਆਪਣੀ ਕੁਰਬਾਨੀ ਦੇ ਕੇ ਸ਼ਹੀਦਾਂ ਚ ਆਪਣਾ ਨਾਂਅ ਦਰਜ ਕਰਵਾ ਗਏ। ਸਾਥੀ ਮੇਹਲੀ ਨੂੰ ਇਹੋ ਸੱਚੀ ਸ਼ਰਧਾਂਜਲੀ ਹੋਵੇਗੀ ਕਿ ਉਹਨਾ ਦੀ ਸੋਚ 'ਤੇ ਪਹਿਰਾ ਦੇਈਏ, ਉਹਨਾ ਦੇ ਰਹਿੰਦੇ ਕਾਰਜਾਂ ਨੂੰ ਪੂਰਾ ਕਰੀਏ। ਖੇਤ ਮਜ਼ਦੂਰ ਸਭਾ ਦੇ ਪ੍ਰੈੱਸ ਸਕੱਤਰ ਗਿਆਨ ਸੈਦਪੁਰੀ, ਜਸਵਿੰਦਰ ਭੰਗਲ ਤੇ ਪਰਮਿੰਦਰ ਮੇਨਕਾ ਬਲਾਚੌਰ ਨੇ ਵੀ ਸੰਬੋਧਨ ਕੀਤਾ। ਸੀ ਪੀ ਆਈ ਦੇ ਜ਼ਿਲ੍ਹਾ ਕਾਰਜਕਾਰੀ ਸਕੱਤਰ ਨਰੰਜਣ ਦਾਸ ਮੇਹਲੀ ਨੇ ਸਾਰਿਆਂ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਸਾਥੀ ਮੇਹਲੀ ਦੀ ਬਰਸੀ ਹਮੇਸ਼ਾ ਹੀ ਮਨਾਈ ਜਾਵੇਗੀ। ਪੰਜਾਬੀ ਗਾਇਕ ਗੁਰਮੇਜ ਮੇਹਲੀ ਵੱਲੋਂ ਇਨਕਲਾਬੀ ਗੀਤ ਪੇਸ਼ ਕੀਤੇ ਗਏ। ਸੁਰਿੰਦਰ ਸ਼ਰਮਾ ਦੀ ਅਗਵਾਈ ਹੇਠ ਲੋਕ ਕਲਾ ਮੰਚ ਮੰਡੀ ਮੁੱਲਾਂਪੁਰ ਵੱਲੋਂ ਇਨਕਲਾਬੀ ਨਾਟਕ ਅਤੇ ਕੋਰੀਓਗਰਾਫੀਆਂ ਪੇਸ਼ ਕੀਤੀਆਂ ਗਈਆਂ।ਇਸ ਮੌਕੇ ਸਤਨਾਮ ਚਾਹਲ, ਗੁਰਮੁੱਖ ਸਿੰਘ ਫਰਾਲਾ, ਹਰਪਾਲ ਸਿੰਘ ਜਗਤਪੁਰ, ਸਤਨਾਮ ਸਿੰਘ ਸੁੱਜੋਂ, ਜਗੀਰ ਮੁਆਈ, ਜਰਨੈਲ ਸਿੰਘ ਮਹਿੰਦੀਪੁਰ, ਪ੍ਰੇਮ ਸਿੰਘ ਮੁਠੱਡਾ ਕਲਾਂ, ਹੁਸਨ ਲਾਲ, ਸੁਰਿੰਦਰ ਪਾਲ ਸਰਪੰਚ ਮੇਹਲੀ, ਅਮਰਜੀਤ ਮੇਹਲੀ, ਗੁਰਮੀਤ ਰਾਮ, ਰਾਮ ਲਾਲ, ਸ਼ੀਲਾ ਰਾਣੀ, ਜਗਦੀਸ਼ ਕੌਰ ਸਾਬਕਾ ਸਰਪੰਚ, ਬੁੱਧ ਪ੍ਰਕਾਸ਼ ਸ਼ੌਂਕੀ, ਭਾਈ ਕੁਲਵਿੰਦਰ ਸਿੰਘ ਤੇ ਜੀਤ ਰਾਮ ਆਦਿ ਹਾਜ਼ਰ ਸਨ।

### ਨੁਸਰਤ ਅਲੀ ਆਪ 'ਚ



**ਚੰਡੀਗੜ੍ਹ :** ਸਾਬਕਾ ਮੰਤਰੀ ਤੇ ਮਾਲੇਰਕੋਟਲਾ ਦੇ ਸੀਨੀਅਰ ਅਕਾਲੀ ਆਗੂ ਨੁਸਰਤ ਅਲੀ ਖਾਨ ਆਪ ਵਿਚ ਸ਼ਾਮਲ ਹੋ ਗਏ ਹਨ। ਉਨ੍ਹਾ ਦਾ ਮੁੱਖ ਮੰਤਰੀ ਭਗਵੰਤ ਮਾਨ ਨੇ ਪਾਰਟੀ ਵਿਚ ਸਵਾਗਤ ਕੀਤਾ।

### ਜੱਸੀ ਭਾਜਪਾ 'ਚ



**ਨਵੀਂ ਦਿੱਲੀ :** ਡੇਰਾ ਸਿਰਸਾ ਮੁਖੀ ਗੁਰਮੀਤ ਰਾਮ ਰਹੀਮ ਦੇ ਕੁੜਮ ਤੇ ਸਾਬਕਾ ਕਾਂਗਰਸੀ ਵਿਧਾਇਕ ਹਰਮਿੰਦਰ ਸਿੰਘ ਜੱਸੀ ਵੀਰਵਾਰ ਭਾਜਪਾ 'ਚ ਸ਼ਾਮਲ ਹੋ ਗਏ। ਜੱਸੀ ਤਲਵੰਡੀ ਸਾਬੋ ਤੋਂ ਵਿਧਾਇਕ ਰਹੇ। ਉਨ੍ਹਾ ਭਾਜਪਾ ਦੇ ਦਿੱਲੀ ਹੈੱਡਕੁਆਰਟਰ ਵਿਖੇ ਪਾਰਟੀ ਜੁਆਇਨ ਕੀਤੀ।

### ਨਿਖਿਲ ਗੁਪਤਾ ਦੀ ਪਟੀਸ਼ਨ ਖਾਰਜ

**ਨਵੀਂ ਦਿੱਲੀ :** ਚੈੱਕ ਗਣਰਾਜ ਦੀ ਸੰਵਿਧਾਨਕ ਅਦਾਲਤ ਨੇ ਅਮਰੀਕਾ ਸਥਿਤ ਵੱਖਵਾਦੀ ਆਗੂ ਗੁਰਪਤਵੰਤ ਸਿੰਘ ਪਨੂੰ ਦੀ ਹੱਤਿਆ ਦੀ ਕਥਿਤ ਸਾਜ਼ਿਸ਼ ਦੇ ਮਾਮਲੇ 'ਚ ਨਿਖਿਲ ਗੁਪਤਾ ਨੂੰ ਅਮਰੀਕਾ ਹਵਾਲੇ ਕਰਨ ਨੂੰ ਮਨਜ਼ੂਰੀ ਦੇ ਦਿੱਤੀ ਹੈ। ਗੁਪਤਾ ਪਿਛਲੇ ਸਾਲ ਜੂਨ ਤੋਂ ਪ੍ਰਾਗ ਦੀ ਜੇਲ੍ਹ 'ਚ ਬੰਦ ਹੈ। ਉਸ ਦੀ ਹਵਾਲਗੀ ਬਾਰੇ ਅੰਤਮ ਫੈਸਲਾ ਚੈੱਕ ਗਣਰਾਜ ਦੇ ਨਿਆਂ ਮੰਤਰੀ ਪਾਵੇਲ ਬਲਾਜੇਕ ਕਰਨਗੇ। ਅਦਾਲਤ ਨੇ ਹਵਾਲਗੀ ਵਿਰੁੱਧ ਗੁਪਤਾ ਦੀ ਪਟੀਸ਼ਨ ਨੂੰ ਖਾਰਜ ਕਰ ਦਿੱਤਾ।

### ਪੌਂਟਿੰਗ ਦੀ ਨਾਂਹ

**ਨਵੀਂ ਦਿੱਲੀ :** ਆਸਟਰੇਲੀਆ ਦੇ ਬੱਲੇਬਾਜ਼ ਰਿਕੀ ਪੌਂਟਿੰਗ ਨੇ ਖੁਲਾਸਾ ਕੀਤਾ ਹੈ ਕਿ ਭਾਰਤ ਦੇ ਮੁੱਖ ਕੋਚ ਦੇ ਖਾਲੀ ਹੋਣ ਵਾਲੇ ਅਹੁਦੇ ਨੂੰ ਭਰਨ ਲਈ ਉਸ ਨਾਲ ਸੰਪਰਕ ਕੀਤਾ ਗਿਆ ਸੀ, ਪਰ ਉਸ ਨੇ ਪੇਸ਼ਕਸ਼ ਠੁਕਰਾ ਦਿੱਤੀ, ਕਿਉਂਕਿ ਇਹ ਅਹੁਦਾ ਉਸ ਦੀ ਜੀਵਨ ਸ਼ੈਲੀ 'ਚ ਫਿੱਟ ਨਹੀਂ ਬੈਠਦਾ। ਉਸ ਨੇ ਇਹ ਨਹੀਂ ਦੱਸਿਆ ਕਿ ਕੀ ਭਾਰਤੀ ਕੋਚ ਦੇ ਅਹੁਦੇ ਲਈ ਬੀ ਸੀ ਸੀ ਆਈ ਵੱਲੋਂ ਕੋਈ ਸੁਝਾਅ ਆਇਆ ਸੀ।

### 3 ਹੋਟਲ ਉਡਾਉਣ ਦੀ ਧਮਕੀ

**ਬੇਂਗਲੁਰੂ :** ਸ਼ਹਿਰ ਦੇ ਪੰਜ ਤਾਰਾ 3 ਹੋਟਲਾਂ ਨੂੰ ਬੰਬ ਨਾਲ ਉਡਾਉਣ ਦੀ ਈਮੇਲ ਰਾਹੀਂ ਧਮਕੀ ਮਿਲੀ। ਇਸ ਤੋਂ ਬਾਅਦ ਇਨ੍ਹਾਂ 'ਚ ਤਲਾਸ਼ੀ ਮੁਹਿੰਮ ਚਲਾਈ ਗਈ ਤੇ ਧਮਕੀ ਅਫਵਾਹ ਨਿਕਲੀ। ਇਸ ਤੋਂ ਪਹਿਲਾਂ ਸ਼ਹਿਰ ਦੇ ਰਾਮੇਸ਼ਵਰਮ ਕੈਫੇ 'ਚ ਬੰਬ ਧਮਾਕਾ ਹੋਇਆ ਸੀ।

### ਰਿਪੁਦਮਨ ਮਲਿਕ ਦੇ ਬੇਟੇ ਨੂੰ ਖਤਰਾ

**ਓਟਵਾ :** ਰਾਇਲ ਕੈਨੇਡੀਅਨ ਮਾਊਂਟ ਪੁਲਸ ਨੇ 1985 ਦੇ ਏਅਰ ਇੰਡੀਆ ਬੰਬ ਧਮਾਕੇ ਦੇ ਮਾਮਲੇ 'ਚ ਬਰੀ ਕੀਤੇ ਰਿਪੁਦਮਨ ਸਿੰਘ ਮਲਿਕ ਦੇ ਪੁੱਤਰ ਹਰਦੀਪ ਮਲਿਕ ਨੂੰ ਉਸ ਦੀ ਜਾਨ ਦੇ ਖਤਰੇ ਬਾਰੇ ਚਿਤਾਵਨੀ ਜਾਰੀ ਕੀਤੀ ਹੈ। ਹਰਦੀਪ ਸਿੰਘ ਕੈਨੇਡਾ ਦੇ ਸਰੀ 'ਚ ਕਾਰੋਬਾਰੀ ਹੈ। 2022 'ਚ ਰਿਪੁਦਮਨ ਸਿੰਘ ਮਲਿਕ ਦਾ ਕਤਲ ਕਰ ਦਿੱਤਾ ਗਿਆ ਸੀ, ਜਿਸ ਲਈ ਦੋ ਵਿਅਕਤੀਆਂ 'ਤੇ ਦੋਸ਼ ਲਗਾਏ ਗਏ ਹਨ।

### ਦੋ ਨੂੰ ਕੁਚਲਣ ਵਾਲਾ ਨਾਬਾਲਗ ਨਿਗਰਾਨੀ ਕੇਂਦਰ ਭੇਜਿਆ

**ਪੁਣੇ :** ਇੱਥੇ ਕਲਿਆਣੀ ਨਗਰ ਵਿਚ ਤੇਜ਼ ਰਫਤਾਰ ਕਾਰ ਨਾਲ ਦੋ ਸਾਫਟਵੇਅਰ ਇੰਜੀਨੀਅਰਾਂ ਨੂੰ ਮਾਰਨ ਦੇ 17 ਸਾਲਾ ਮੁਲਜ਼ਮ ਨੂੰ ਜੁਵੇਨਾਈਲ ਜਸਟਿਸ ਬੋਰਡ ਦੇ ਹੁਕਮਾਂ 'ਤੇ 5 ਜੂਨ ਤੱਕ ਨਿਗਰਾਨੀ ਕੇਂਦਰ ਵਿਚ ਭੇਜਿਆ ਗਿਆ ਹੈ। ਐਤਵਾਰ ਤੜਕੇ ਪੋਰਸ਼ ਕਾਰ ਦੇ ਨਾਬਾਲਗ ਡਰਾਈਵਰ ਨੇ ਮੋਟਰਸਾਈਕਲ 'ਤੇ ਜਾ ਰਹੇ ਦੋ ਸਾਫਟਵੇਅਰ ਇੰਜੀਨੀਅਰਾਂ ਨੂੰ ਟੱਕਰ ਮਾਰ ਕੇ ਮਾਰ ਦਿੱਤਾ ਸੀ। ਪੁਲਸ ਦਾ ਦਾਅਵਾ ਹੈ ਕਿ ਉਹ ਸ਼ਰਾਬ ਦੇ ਨਸ਼ੇ 'ਚ ਕਾਰ ਚਲਾ ਰਿਹਾ ਸੀ। ਪਹਿਲਾਂ ਉਸ ਨੂੰ ਜ਼ਮਾਨਤ 'ਤੇ ਛੱਡ ਦਿੱਤਾ ਸੀ, ਪਰ ਬਾਅਦ 'ਚ ਲੋਕ ਰੋਹ ਕਾਰਨ ਪੁਲਸ ਮੁੜ ਬੋਰਡ ਕੋਲ ਪੁੱਜੀ। ਇਸ ਤੋਂ ਬਾਅਦ ਉਸ ਨੂੰ ਹਿਰਾਸਤ 'ਚ ਲੈ ਲਿਆ ਗਿਆ।

### ਚੋਣ ਪ੍ਰਚਾਰ ਦੌਰਾਨ ਮੰਚ ਡਿੱਗਣ ਨਾਲ 9 ਮੌਤਾਂ

**ਮੈਕਸੀਕੋ ਸਿਟੀ :** ਮੈਕਸੀਕੋ ਦੇ ਨਿਊਵੋ ਲਿਓਨ ਸੂਬੇ ਦੇ ਸੈਨ ਪੇਡਰੋ ਗਾਰਜ਼ਾ ਗਾਰਸ਼ੀਆ ਸ਼ਹਿਰ 'ਚ ਸਿਵਿਕ ਮੂਵਮੈਂਟ ਪਾਰਟੀ ਦੀ ਰੈਲੀ ਦੌਰਾਨ ਮੰਚ ਡਿੱਗਣ ਕਾਰਨ 9 ਲੋਕਾਂ ਦੀ ਮੌਤ ਹੋ ਗਈ ਅਤੇ ਕਈ ਜ਼ਖ਼ਮੀ ਹੋ ਗਏ। ਪਾਰਟੀ ਦੇ ਰਾਸ਼ਟਰਪਤੀ ਅਹੁਦੇ ਦੇ ਉਮੀਦਵਾਰ ਜੋਰਜ ਅਲਵਾਰੇਜ਼ ਮੇਨੇਜ ਨੇ ਕਿਹਾ ਕਿ ਮੰਚ ਤੇਜ਼ ਝੱਖੜ ਕਾਰਨ ਡਿੱਗਿਆ।

### ਰਾਕੇਸ਼ ਕੁਮਾਰ ਸ਼ਰਮਾ ਨਮਿਤ ਅੰਤਮ ਅਰਦਾਸ ਅੱਜ



**ਮੋਗਾ :** ਪੱਤਰਕਾਰ ਤੇ ਚਿੱਤਰਕਾਰ ਕਾਮਰੇਡ ਰਾਕੇਸ਼ ਕੁਮਾਰ ਸ਼ਰਮਾ, ਜਿਹੜੇ 21 ਮਈ ਨੂੰ ਸਦੀਵੀ ਵਿਛੋੜਾ ਦੇ ਗਏ, ਨਮਿਤ ਅੰਤਮ ਅਰਦਾਸ 24 ਮਈ (ਸ਼ੁੱਕਰਵਾਰ) ਨੂੰ ਬਾਅਦ ਦੁਪਹਿਰ ਇਕ ਤੋਂ ਦੋ ਵਜੇ ਤੱਕ ਗੁਰਦੁਆਰਾ ਬੀਬੀ ਕਾਹਨ ਕੌਰ, ਮੇਨ ਬਾਜ਼ਾਰ ਨੀਵੇਂ ਪੁਲ ਕੋਲ, ਵਿਖੇ ਹੋਵੇਗੀ।

### ਕਾਮਯਾ ਦਾ ਕਮਾਲ



**ਜਮਸ਼ੇਦਪੁਰ :** 16 ਸਾਲਾ ਕਾਮਯਾ ਕਾਰਤੀਕੇਯਨ ਨੇਪਾਲ ਦੀ ਤਰਫੋਂ ਮਾਊਂਟ ਐਵਰੈਸਟ 'ਤੇ ਚੜ੍ਹਨ ਵਾਲੀ ਸਭ ਤੋਂ ਘੱਟ ਉਮਰ ਦੀ ਭਾਰਤੀ ਬਣ ਗਈ ਹੈ। ਟਾਟਾ ਸਟੀਲ ਐਡਵੈਂਚਰ ਫਾਊਂਡੇਸ਼ਨ, ਜਿਸ ਨੇ ਕਾਮਯਾ ਦੀ ਮਦਦ ਕੀਤੀ, ਨੇ ਦੱਸਿਆ ਕਿ ਕਾਮਯਾ ਦੇ ਪਿਤਾ ਐੱਸ ਕਾਰਤੀਕੇਯਨ, ਜਿਹੜੇ ਨੇਵੀ ਵਿਚ ਕਮਾਂਡਰ ਹਨ, ਵੀ ਕਾਮਯਾ ਦੇ ਨਾਲ ਸਨ। ਦੋਨੋਂ 20 ਮਈ ਨੂੰ 8848 ਮੀਟਰ ਉੱਚੀ ਚੋਟੀ 'ਤੇ ਪੁੱਜੇ।

### ਟਿੰਕੇਸ਼ ਨੇ ਰਚਿਆ ਇਤਿਹਾਸ




**ਨਵੀਂ ਦਿੱਲੀ :** ਗੋਆ ਦੇ 30 ਸਾਲਾ ਦਿਵਿਯਾਂਗ ਟਿੰਕੇਸ਼ ਕੌਸ਼ਿਕ ਨੇ ਮਾਊਂਟ ਐਵਰੈਸਟ ਬੇਸ ਕੈਂਪ ਤੱਕ ਪੁੱਜ ਕੇ ਇਤਿਹਾਸ ਰਚਿਆ। ਉਸ ਨੇ 11 ਮਈ ਨੂੰ ਇਹ ਚੁਣੌਤੀਪੂਰਨ ਯਾਤਰਾ ਮੁਕੰਮਲ ਕੀਤੀ। ਨੌਂ ਸਾਲ ਦੀ ਉਮਰ ਵਿਚ ਟਿੰਕੇਸ਼ ਹਰਿਆਣਾ ਵਿਚ ਬਿਜਲੀ ਦੇ ਝਟਕੇ ਤੋਂ ਬਾਅਦ ਗੋਡਿਆਂ ਤੋਂ ਹੇਠਾਂ ਦੋਨੋਂ ਪੈਰ ਤੇ ਇਕ ਹੱਥ ਗੁਆ ਬੈਠਾ ਸੀ। ਮਸਨੂਈ ਅੰਗ ਲੁਆਉਣ ਤੋਂ ਬਾਅਦ ਉਹ ਗੋਆ ਚਲੇ ਗਿਆ, ਜਿੱਥੇ ਅੱਜਕੱਲ੍ਹ ਫਿਟਨੈੱਸ ਕੋਚ ਦਾ ਕੰਮ ਕਰਦਾ ਹੈ। ਸਮੁੰਦਰ ਤਲ ਤੋਂ 17,598 ਫੁੱਟ ਉਪਰ ਮਾਊਂਟ ਐਵਰੈਸਟ ਬੇਸ ਕੈਂਪ ਤੱਕ ਪੁੱਜਣ ਵਾਲਾ ਉਹ ਪਹਿਲਾ ਦਿਵਿਯਾਂਗ ਹੈ।

## ਫੈਕਟਰੀ 'ਚ ਧਮਾਕੇ ਨਾਲ 6 ਮੌਤਾਂ



**ਮੁੰਬਈ :** ਮਹਾਰਾਸ਼ਟਰ ਦੇ ਠਾਣੇ ਜ਼ਿਲ੍ਹੇ ਦੇ ਡੋਂਬੀਵਲੀ 'ਚ ਰਸਾਇਣਕ ਫੈਕਟਰੀ ਵਿਚ ਵੀਰਵਾਰ ਬੁਆਇਲਰ ਧਮਾਕੇ ਮਗਰੋਂ ਭਿਆਨਕ ਅੱਗ ਲੱਗਣ ਕਾਰਨ 6 ਵਿਅਕਤੀ ਮਾਰੇ ਗਏ ਤੇ 50 ਤੋਂ ਵੱਧ ਜ਼ਖ਼ਮੀ ਹੋ ਗਏ। ਜਾਨੀ ਨੁਕਸਾਨ ਵਧਣ ਦਾ ਖਦਸ਼ਾ ਹੈ, ਕਿਉਂਕਿ ਕਈ ਵਰਕਰ ਫਸੇ ਹੋਏ ਸਨ। ਅਮੁਦਾਨ ਕੈਮੀਕਲ ਕੰਪਨੀ ਦੇ ਬੁਆਇਲਰ 'ਚ ਧਮਾਕਾ ਹੋਇਆ। ਧਮਾਕਾ ਏਨਾ ਜ਼ੋਰਦਾਰ ਸੀ ਕਿ ਇਸ ਦੀ ਆਵਾਜ਼ ਤਿੰਨ ਕਿਲੋਮੀਟਰ ਦੂਰ ਤੱਕ ਸੁਣਾਈ ਦਿੱਤੀ। ਧਮਾਕੇ ਕਾਰਨ ਨਾਲ ਲੱਗਦੀਆਂ ਇਮਾਰਤ ਦੀਆਂ ਖਿੜਕੀਆਂ ਦੇ ਸ਼ੀਸ਼ੇ ਟੁੱਟ ਗਏ।

## ਪੌਣੇ ਤਿੰਨ ਕਰੋੜ ਦੀਆਂ ਗੋਲੀਆਂ ਤੇ 765 ਕਿੱਲੋ ਨਸ਼ੀਲਾ ਪਾਊਡਰ ਬਰਾਮਦ

**ਅੰਮ੍ਰਿਤਸਰ :** ਸਪੈਸ਼ਲ ਟਾਸਕ ਫੋਰਸ ਨੇ ਹਰਿਆਣਾ ਤੇ ਉੱਤਰਾਖੰਡ ਦੇ ਤਿੰਨ ਕਾਰੋਬਾਰੀਆਂ ਨੂੰ ਪਾਬੰਦੀਸ਼ੁਦਾ ਦਵਾਈਆਂ ਦਾ ਕਾਰੋਬਾਰ ਕਰਨ ਦੇ ਦੋਸ਼ ਹੇਠ ਗ੍ਰਿਫਤਾਰ ਕੀਤਾ ਹੈ। ਮੁਲਜ਼ਮਾਂ ਕੋਲੋਂ 2.70 ਕਰੋੜ ਦੀਆਂ ਪਾਬੰਦੀਸ਼ੁਦਾ ਗੋਲੀਆਂ ਤੇ 765 ਕਿੱਲੋ ਨਸ਼ੀਲਾ ਪਾਊਡਰ ਬਰਾਮਦ ਕੀਤਾ ਗਿਆ ਹੈ।

ਮੁਲਜ਼ਮਾਂ ਦੀ ਪਛਾਣ ਵਿਸ਼ੂ ਕੁਮਾਰ ਵਾਸੀ ਰਾਵਲੀ ਮਹਿਦੂਦ ਜਨਪਥ ਹਰਿਦੁਆਰ, ਨਿਖਿਲ ਗਰਗ ਵਾਸੀ ਡਿਗਰੀ ਕਾਲਜ ਗੋਵਿੰਦ ਪੁਰੀ ਅਤੇ ਅਭਿਸ਼ੇਕ ਚੌਹਾਨ ਵਾਸੀ ਰੇਵਾੜੀ ਵਜੋਂ ਹੋਈ ਹੈ। ਡੀ ਐੱਸ ਪੀ ਵਵਿੰਦਰ ਮਹਾਜਨ ਨੇ ਦੱਸਿਆ ਕਿ ਉਕਤ ਮੁਲਜ਼ਮਾਂ ਨੇ ਉੱਤਰ ਪ੍ਰਦੇਸ਼ ਦੇ ਸਹਾਰਨਪੁਰ ਜ਼ਿਲ੍ਹੇ ਵਿਚ ਸ੍ਰੀ ਸ਼ਾਮ ਮੈਡੀਕਲ ਨਾਂਅ ਦੀ ਕੰਪਨੀ ਬਣਾਈ ਹੋਈ ਸੀ। ਜਦੋਂ ਤਿੰਨਾਂ ਨੂੰ ਗ੍ਰਿਫਤਾਰ ਕੀਤਾ ਗਿਆ ਤਾਂ ਪਤਾ ਲੱਗਾ ਕਿ ਇਸ ਨਾਂਅ ਵਾਲੀ ਕੰਪਨੀ ਸਹਾਰਨਪੁਰ ਵਿਚ ਕਿਤੇ ਵੀ ਮੌਜੂਦ ਨਹੀਂ ਸੀ। ਇਹ ਸਿਰਫ ਕਾਗਜ਼ਾਂ ਵਿਚ ਹੀ ਹੈ। ਪੁਲਸ ਨੇ ਜਦੋਂ ਮੁਲਜ਼ਮਾਂ ਨੂੰ ਹਿਰਾਸਤ ਵਿਚ ਲੈ ਕੇ ਪੁੱਛਗਿੱਛ ਕੀਤੀ ਅਤੇ ਰਿਕਾਰਡ ਦੀ ਘੋਖ ਕੀਤੀ ਤਾਂ ਪਤਾ ਲੱਗਾ ਕਿ ਮੁਲਜ਼ਮਾਂ ਨੇ ਅਕਤੂਬਰ ਤੋਂ ਦਸੰਬਰ 2023 ਦੇ ਤਿੰਨ ਮਹੀਨਿਆਂ ਵਿਚ 1.18 ਕਰੋੜ ਰੁਪਏ ਦੀਆਂ ਪਾਬੰਦੀਸ਼ੁਦਾ ਗੋਲੀਆਂ ਬਾਜ਼ਾਰ ਵਿਚ ਵੇਚੀਆਂ ਸਨ। ਰਿਕਾਰਡ ਦੀ ਜਾਂਚ ਦੌਰਾਨ 25 ਤੋਂ 30 ਕੰਪਨੀਆਂ ਦੇ ਨਾਂਅ 'ਤੇ ਜਾਲ੍ਹੀ ਬਿੱਲ ਵੀ ਮਿਲੇ। ਤਿੰਨਾਂ ਮੁਲਜ਼ਮਾਂ ਦੀ ਨਿਸ਼ਾਨਦੇਹੀ 'ਤੇ ਪੁਲਸ ਨੇ ਸਹਾਰਨਪੁਰ ਤੋਂ ਹੀ 2.70 ਕਰੋੜ ਪਾਬੰਦੀਸ਼ੁਦਾ ਗੋਲੀਆਂ ਅਤੇ 765 ਕਿੱਲੋ ਨਸ਼ੀਲਾ ਪਾਊਡਰ ਬਰਾਮਦ ਕੀਤਾ ਹੈ। ਐੱਸ ਟੀ ਐੱਫ ਉਪਰੋਕਤ ਤਿੰਨਾਂ ਮੁਲਜ਼ਮਾਂ ਵੱਲੋਂ ਜਾਰੀ 25 ਕੰਪਨੀਆਂ ਦੇ ਬਲੂਪ੍ਰਿੰਟ ਦੀ ਵੀ ਜਾਂਚ ਵਿਚ ਰੁਝੀ ਹੋਈ ਹੈ। ਫਿਲਹਾਲ ਮੁਲਜ਼ਮਾਂ ਨੇ ਪਾਬੰਦੀਸ਼ੁਦਾ ਦਵਾਈਆਂ ਦੀ ਖੇਪ ਕਿਹੜੀਆਂ 25-30 ਕੰਪਨੀਆਂ ਨੂੰ ਭੇਜੀ ਹੈ, ਦਾ ਕੋਈ ਸੁਰਾਗ ਨਹੀਂ ਹੈ ਪਰ ਨਸ਼ੇ ਦੀ ਇਹ ਵੱਡੀ ਖੇਪ ਉਕਤ ਬਿੱਲਾਂ 'ਤੇ ਹੀ ਬਾਜ਼ਾਰ 'ਚ ਭੇਜੀ ਗਈ ਹੈ। ਡੀ ਐੱਸ ਪੀ ਮਹਾਜਨ ਨੇ ਦੱਸਿਆ ਕਿ ਪਾਬੰਦੀਸ਼ੁਦਾ ਨਸ਼ਿਆਂ ਖਿਲਾਫ ਮੁਹਿੰਮ ਅੰਮ੍ਰਿਤਸਰ ਵਿਚ ਦੋ ਮੁਲਜ਼ਮਾਂ ਦੀ ਗ੍ਰਿਫਤਾਰੀ ਨਾਲ ਸ਼ੁਰੂ ਹੋਈ ਸੀ। ਬਾਅਦ ਵਿਚ ਜਦੋਂ ਐੱਸ ਟੀ ਐੱਫ ਨੇ ਹਿਮਾਚਲ ਦੇ ਬਦੀ ਵਿਚ ਛਾਪਾ ਮਾਰਿਆ ਤਾਂ ਫਰਜ਼ੀ ਬਿੱਲਾਂ 'ਤੇ ਦਵਾਈਆਂ ਸਪਲਾਈ ਕਰਨ ਵਾਲੀਆਂ ਦੋ ਕੰਪਨੀਆਂ ਦਾ ਪਰਦਾ ਫਾਸ਼ ਹੋਇਆ। ਫਿਲਹਾਲ ਐੱਸ ਟੀ ਐੱਫ ਉਕਤ ਕੰਪਨੀਆਂ ਵੱਲੋਂ ਮੁੰਬਈ, ਉੱਤਰ ਪ੍ਰਦੇਸ਼, ਦਿੱਲੀ, ਹਰਿਆਣਾ, ਹਿਮਾਚਲ ਅਤੇ ਪੰਜਾਬ ਵਿਚ ਭੇਜੀਆਂ ਜਾ ਰਹੀਆਂ ਪਾਬੰਦੀਸ਼ੁਦਾ ਦਵਾਈਆਂ ਦੀ ਲਾਈਨ ਦੀ ਜਾਂਚ ਕਰ ਰਹੀ ਹੈ।

### ਬੰਗਲਾਦੇਸ਼ੀ ਸਾਂਸਦ ਨੂੰ ਦੋਸਤ ਨੇ 5 ਕਰੋੜ 'ਚ ਮਰਵਾਇਆ

**ਕੋਲਕਾਤਾ :** ਬੰਗਲਾਦੇਸ਼ ਦੇ ਸੰਸਦ ਮੈਂਬਰ ਅਨਵਾਰੁਲ ਅਜ਼ੀਮ ਅਨਾਰ ਦੇ ਕਤਲ ਦੀ ਸ਼ੁਰੂਆਤੀ ਜਾਂਚ ਤੋਂ ਪਤਾ ਲੱਗਾ ਹੈ ਕਿ ਉਸ ਦੇ ਦੋਸਤ ਨੇ ਕਤਲ ਲਈ ਲਗਭਗ 5 ਕਰੋੜ ਰੁਪਏ ਦਿੱਤੇ ਸਨ। ਬੰਗਲਾਦੇਸ਼ ਦੇ ਗ੍ਰਹਿ ਮੰਤਰੀ ਅਸਦੁਜ਼ਮਾਨ ਖਾਨ ਨੇ ਬੁੱਧਵਾਰ ਕਿਹਾ ਸੀ ਕਿ ਅਨਾਰ, ਜੋ 13 ਮਈ ਤੋਂ ਕੋਲਕਾਤਾ 'ਚ ਲਾਪਤਾ ਸੀ, ਨੂੰ ਕਤਲ ਕੀਤਾ ਗਿਆ ਅਤੇ ਤਿੰਨ ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਗਿਆ। ਬੰਗਾਲ ਦੀ ਸੀ ਆਈ ਡੀ ਮੁਤਾਬਕ ਇਹ ਯੋਜਨਾਬੱਧ ਕਤਲ ਸੀ। ਇਸ ਲਈ ਕਰੀਬ 5 ਕਰੋੜ ਰੁਪਏ ਸਾਂਸਦ ਦੇ ਪੁਰਾਣੇ ਦੋਸਤ ਨੇ ਉਸ ਨੂੰ ਮਾਰਨ ਲਈ ਅਦਾ ਕੀਤੇ ਸਨ। ਅਵਾਮੀ ਲੀਗ ਦੇ ਸਾਂਸਦ ਦਾ ਦੋਸਤ ਅਮਰੀਕਾ ਦਾ ਨਾਗਰਿਕ ਹੈ ਅਤੇ ਕੋਲਕਾਤਾ 'ਚ ਫਲੈਟ ਦਾ ਮਾਲਕ ਹੈ। ਅਨਾਰ ਦੀ ਹਾਲੇ ਤੱਕ ਲਾਸ਼ ਨਹੀਂ ਮਿਲੀ। ਉਹ ਇਲਾਜ ਕਰਵਾਉਣ ਲਈ 12 ਮਈ ਨੂੰ ਕੋਲਕਾਤਾ ਪਹੁੰਚਿਆ ਸੀ। ਉਸ ਦੀ ਭਾਲ ਛੇ ਦਿਨ ਬਾਅਦ ਸ਼ੁਰੂ ਹੋਈ, ਜਦੋਂ ਉੱਤਰੀ ਕੋਲਕਾਤਾ ਦੇ ਬਾਰਾਨਗਰ ਦੇ ਵਸਨੀਕ ਅਤੇ ਬੰਗਲਾਦੇਸ਼ੀ ਰਾਜਨੇਤਾ ਦੇ ਜਾਣਕਾਰ ਗੋਪਾਲ ਬਿਸਵਾਸ ਨੇ ਸਥਾਨਕ ਪੁਲਸ ਕੋਲ ਸ਼ਿਕਾਇਤ ਦਰਜ ਕਰਵਾਈ।

## ਮੈਂ ਹੁੰਦਾ ਤਾਂ ਪਾਕਿਸਤਾਨੀ ਬੰਦੀ ਫੌਜੀ ਕਰਤਾਰਪੁਰ ਲੈ ਕੇ ਛੱਡਦਾ : ਮੋਦੀ

**ਪਟਿਆਲਾ :** ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਵੀਰਵਾਰ ਭਾਜਪਾ ਉਮੀਦਵਾਰ ਪ੍ਰਨੀਤ ਕੌਰ ਦੇ ਹੱਕ 'ਚ ਪੋਲੋ ਗਰਾਊਂਡ 'ਚ ਰੈਲੀ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਬੰਗਲਾਦੇਸ਼ ਦੀ ਲੜਾਈ ਵਿਚ 90 ਹਜ਼ਾਰ ਤੋਂ ਵੱਧ ਪਾਕਿਸਤਾਨੀਆਂ ਨੇ ਆਤਮ-ਸਮਰਪਣ ਕੀਤਾ ਸੀ ਤੇ ਜੇ ਉਹ ਉਸ ਵੇਲੇ ਪ੍ਰਧਾਨ ਮੰਤਰੀ ਹੁੰਦੇ ਤਾਂ ਕਰਤਾਰਪੁਰ ਸਾਹਿਬ ਲੈ ਕੇ ਹੀ ਉਨ੍ਹਾਂ ਨੂੰ ਛੱਡਦੇ। ਉਹ ਤਾਂ ਉਹ ਕਰ ਨਹੀਂ ਸਕੇ, ਪਰ ਜਿੰਨੀ ਸੇਵਾ ਹੋ ਸਕੀ ਉਨ੍ਹਾ ਕੀਤੀ ਤੇ ਅੱਜ ਕਰਤਾਰਪੁਰ ਜਾਣ ਦਾ ਰਾਹ ਪੱਧਰਾ ਹੋ ਗਿਆ ਹੈ। ਉਨ੍ਹਾ ਇਹ ਵੀ ਗਿਣਾਇਆ ਕਿ ਸ੍ਰੀ ਦਰਬਾਰ ਸਾਹਿਬ ਲਈ ਵਿਦੇਸ਼ਾਂ ਤੋਂ ਭਗਤ ਚੰਦਾ ਨਹੀਂ ਦੇ ਸਕਦੇ ਸੀ, ਪਰ ਉਨ੍ਹਾ ਨਿਯਮਾਂ ਵਿਚ ਛੋਟ ਦਿੱਤੀ। ਇਸੇ ਤਰ੍ਹਾਂ ਸਾਹਿਬਜ਼ਾਦਿਆਂ ਦੀ ਬਹਾਦਰੀ ਨੂੰ ਸਮਰਪਤ ਵੀਰ ਬਾਲ ਦਿਵਸ ਸ਼ੁਰੂ ਕੀਤਾ। ਉਨ੍ਹਾ ਕਿਹਾ ਕਿ ਸਨਅਤਕਾਰ ਪੰਜਾਬ ਛੱਡ ਕੇ ਜਾ ਰਹੇ ਹਨ, ਨਸ਼ਾਖੋਰੀ ਵਧ ਰਹੀ ਹੈ ਅਤੇ ਸੂਬਾ ਸਰਕਾਰ ਕਰਜ਼ੇ 'ਤੇ ਚੱਲ ਰਹੀ ਹੈ। ਵਿਰੋਧੀ 'ਇੰਡੀਆ' ਗੱਠਜੋੜ ਕੋਲ ਨਾ ਤਾਂ ਕੋਈ ਨੇਤਾ ਹੈ ਅਤੇ ਨਾ ਹੀ ਇਰਾਦਾ। ਇੱਕ ਪਾਸੇ ਭਾਜਪਾ ਅਤੇ ਐੱਨ ਡੀ ਏ ਹੈ, ਜਦਕਿ ਦੂਜੇ ਪਾਸੇ ਭ੍ਰਿਸ਼ਟ ਲੋਕਾਂ ਦਾ 'ਇੰਡੀਆ' ਗਠਜੋੜ। ਉਨ੍ਹਾ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਕਾਗਜ਼ੀ ਦੱਸਿਆ। ਇਸ ਮੌਕੇ ਭਾਜਪਾ ਦੇ ਸੂਬਾ ਪ੍ਰਧਾਨ ਸੁਨੀਲ ਜਾਖੜ ਤੋਂ ਇਲਾਵਾ ਮਨਪ੍ਰੀਤ ਬਾਦਲ ਤੇ ਭਾਜਪਾ ਦੇ ਰਾਜ ਵਿਚਲੇ ਲੋਕ ਸਭਾ ਉਮੀਦਵਾਰ ਹਾਜ਼ਰ ਹਨ। ਮੋਦੀ ਨੂੰ ਸਵਾਲ ਕਰਨ ਆ ਰਹੇ ਕਿਸਾਨਾਂ ਨੂੰ ਪੁਲਸ ਨੇ ਪਟਿਆਲਾ ਤੋਂ ਕੁਝ ਕਿਲੋਮੀਟਰ ਦੇ ਫਾਸਲੇ 'ਤੇ ਸਥਿਤ ਧਰੇੜੀ ਜੱਟਾਂ ਟੋਲ ਪਲਾਜ਼ੇ 'ਤੇ ਰੋਕ ਲਿਆ। ਇਸ ਕਾਰਨ ਸੜਕ 'ਤੇ ਆਵਾਜਾਈ ਵੀ ਠੱਪ ਹੋ ਗਈ। ਕਿਸਾਨ ਨੇਤਾ ਸਰਵਣ ਸਿੰਘ ਪੰਧੇਰ ਤੇ ਹੋਰਨਾਂ ਨੇ ਇਸ ਮੌਕੇ ਕਿਹਾ ਕਿ ਉਹ ਪ੍ਰਧਾਨ ਮੰਤਰੀ ਦੀ ਰੈਲੀ 'ਚ ਕੋਈ ਵਿਘਨ ਨਹੀਂ ਪਾਉਣਾ ਚਾਹੁੰਦੇ, ਉਨ੍ਹਾਂ ਦਾ ਮਕਸਦ ਸਿਰਫ ਮੋਦੀ ਨਾਲ ਸਵਾਲ-ਜਵਾਬ ਕਰਨਾ ਹੈ।



### ਕੈਪਟਨ ਨਦਾਰਦ

**ਪਟਿਆਲਾ :** ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਆਪਣੀ ਪਤਨੀ ਪਰਨੀਤ ਕੌਰ ਦੇ ਹੱਕ 'ਚ ਇਥੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਰੈਲੀ 'ਚ ਸ਼ਾਮਲ ਨਹੀਂ ਹੋ ਸਕੇ। ਬੇਟੀ ਬੀਬਾ ਜੈਇੰਦਰ ਕੌਰ ਨੇ ਦੱਸਿਆ ਕਿ ਡਾਕਟਰਾਂ ਨੇ ਉਨ੍ਹਾ ਨੂੰ ਹੋਰ ਆਰਾਮ ਕਰਨ ਲਈ ਕਿਹਾ ਹੈ, ਜਿਸ ਕਰਕੇ ਉਹ ਦਿੱਲੀ ਤੋਂ ਨਹੀਂ ਆ ਸਕੇ।

### ਦੇਵਗੌੜਾ ਦੀ ਪੋਤੇ ਪ੍ਰਜਵਲ ਨੂੰ ਬਾਹਰੋਂ ਵਤਨ ਪਰਤਣ ਦੀ ਹਦਾਇਤ

**ਬੇਂਗਲੁਰੂ :** ਜੇ ਡੀ (ਐਸ) ਦੇ ਮੁਖੀ ਅਤੇ ਸਾਬਕਾ ਪ੍ਰਧਾਨ ਮੰਤਰੀ ਐਚ ਡੀ ਦੇਵਗੌੜਾ ਨੇ ਆਪਣੇ ਪੋਤੇ ਅਤੇ ਪਾਰਟੀ ਦੇ ਮੁਅੱਤਲ ਸੰਸਦ ਮੈਂਬਰ ਪ੍ਰਜਵਲ ਰੇਵੰਨਾ ਨੂੰ ਚੇਤਾਵਨੀ ਦਿੰਦਿਆਂ ਦੇਸ਼ ਪਰਤਣ ਅਤੇ ਜਿਨਸੀ ਸ਼ੋਸ਼ਣ ਦੇ ਮਾਮਲਿਆਂ ਦੀ ਜਾਂਚ ਦਾ ਸਾਹਮਣਾ ਕਰਨ ਲਈ ਕਿਹਾ ਹੈ। ਉਨ੍ਹਾ ਦਾਅਵਾ ਕਰਦੇ ਹੋਏ ਕਿਹਾ ਕਿ ਉਨ੍ਹਾ ਜਾਂ ਪਰਿਵਾਰ ਦੇ ਹੋਰਨਾਂ ਮੈਂਬਰਾਂ ਵੱਲੋਂ ਦੁਰਵਿਵਹਾਰ ਦੇ ਇਲਜ਼ਾਮ ਬਾਰੇ ਪੁੱਛਗਿੱਛ 'ਚ ਕੋਈ ਦਖਲ ਨਹੀਂ ਦਿੱਤਾ ਜਾਵੇਗਾ।

### ਇਜ਼ਰਾਈਲ ਨੇ 12 ਫਲਸਤੀਨੀ ਮਾਰੇ

**ਯੋਰੋਸ਼ਲਮ :** ਇਜ਼ਰਾਈਲੀ ਫੌਜ ਨੇ ਵੀਰਵਾਰ ਕਿਹਾ ਕਿ ਉਸ ਨੇ ਆਪਣੇ ਕਬਜ਼ੇ ਹੇਠਲੇ ਪੱਛਮੀ ਕੰਢੇ 'ਚ ਦੋ ਦਿਨਾ ਕਾਰਵਾਈ ਪੂਰੀ ਕਰ ਲਈ ਹੈ। ਉੱਧਰ, ਫਲਸਤੀਨੀ ਸਿਹਤ ਮੰਤਰਾਲੇ ਦਾ ਕਹਿਣਾ ਹੈ ਕਿ ਇਸ ਕਾਰਵਾਈ 'ਚ 12 ਫਲਸਤੀਨੀਆਂ ਦੀ ਮੌਤ ਹੋ ਗਈ ਜਦਕਿ 25 ਹੋਰ ਜ਼ਖ਼ਮੀ ਹੋ ਗਏ।

## ਅੱਜ-ਨਾਮਾ

ਤਿੱਖੀ ਹੋਈ ਪਈ ਚੋਣਾਂ ਲਈ ਚਾਲ ਬੇਲੀ,
ਖੜਕਦੀ ਥਾਂਉਂ-ਥਾਂ ਚੋਣ ਖੜਤਾਲ ਬੇਲੀ।
ਕਿਸੇ ਥਾਂ ਰੈਲੀ ਵਿੱਚ ਲੋਕੀਂ ਨਾ ਜਾਣ ਝੱਲੇ,
ਕਿਸੇ ਦਾ ਖਾਲੀ ਬੱਸ ਪਿਆ ਪੰਡਾਲ ਬੇਲੀ।
ਲੜੀ ਲਾਰਿਆਂ ਦੀ ਕੋਈ ਤਾਂ ਲਾਈ ਜਾਵੇ,
ਗੱਲੀਂ-ਬਾਤੀ ਕੋਈ ਰਿਹਾ ਹੈ ਟਾਲ ਬੇਲੀ।
ਘੁੰਮਦੇ ਕਿਧਰੇ ਦਲਾਲ ਫਿਰ ਸੁਣੀਂਦੇ ਈ,
ਸੁਣੇ ਆ ਵੋਟ ਖਾਤਰ ਵੰਡਦੇ ਮਾਲ ਬੇਲੀ।
ਰਹਿੰਦੇ ਗਿਣਤੀ ਦੇ ਦਿਨ ਆ ਮਸਾਂ ਬਾਕੀ,
ਕੀਤੀ ਖੇਚਲ ਦਾ ਪਤਾ ਲੱਗ ਜਾਊ ਬੇਲੀ।
ਰਾਜ ਕਰਨ ਦਾ ਕਿਸੇ ਦਾ ਗੁਣਾ ਪੈ ਜਾਊ,
ਕਿਸੇ ਦੀ ਰਾਤਾਂ ਦੀ ਨੀਂਦ ਉਡਾਊ ਬੇਲੀ।

-ਤੀਸ ਮਾਰ ਖਾਂ

## ਸੀ ਪੀ ਆਈ ਭਾਜਪਾ ਨੂੰ ਹਰਾਉਣ ਲਈ ਲੁਧਿਆਣਾ ਤੇ ਫਤਿਹਗੜ੍ਹ ਸਾਹਿਬ 'ਚ ਕਾਂਗਰਸੀ ਉਮੀਦਵਾਰਾਂ ਨੂੰ ਜਿਤਾਏਗੀ : ਡੀ ਪੀ ਮੌੜ

**ਲੁਧਿਆਣਾ (ਐੱਮ ਐੱਸ ਭਾਟੀਆ)**

ਭਾਰਤੀ ਕਮਿਊਨਿਸਟ ਪਾਰਟੀ ਜ਼ਿਲ੍ਹਾ ਲੁਧਿਆਣਾ ਵੱਲੋਂ 'ਇੰਡੀਆ' ਗਠਜੋੜ ਨੂੰ ਜਿਤਾਉਣ ਲਈ ਜ਼ਿਲ੍ਹਾ ਪੱਧਰੀ ਕਾਡਰ ਮੀਟਿੰਗ ਕੀਤੀ ਗਈ। ਇਸ ਵਿੱਚ ਜ਼ਿਲ੍ਹੇ ਦੇ ਸਾਰੇ ਬਲਾਕਾਂ 'ਚੋਂ ਪਾਰਟੀ ਆਗੂ ਸ਼ਾਮਲ ਹੋਏ। ਜ਼ਿਲ੍ਹਾ ਸਕੱਤਰ ਡੀ ਪੀ ਮੌੜ ਨੇ ਸੰਬੋਧਨ ਕਰਦਿਆਂ ਕਿਹਾ ਕਿ ਅੱਜ ਸਭ ਤੋਂ ਵੱਡਾ ਖਤਰਾ ਦੇਸ਼ ਨੂੰ ਫਾਸ਼ੀਵਾਦੀ ਸ਼ਕਤੀਆਂ ਤੋਂ ਹੈ। ਇਸ ਲਈ ਸਾਰਿਆਂ ਨੇ ਮਿਲ-ਜੁਲ ਕੇ 'ਇੰਡੀਆ' ਦਾ ਗਠਨ ਕੀਤਾ ਹੈ। ਇਸ ਦਾ ਮੁੱਖ ਨਿਸ਼ਾਨਾ ਆਰ ਐੱਸ ਐੱਸ ਦੀ ਥਾਪੜੀ ਮੋਦੀ ਦੀ ਅਗਵਾਈ ਵਾਲੀ ਭਾਜਪਾ ਸਰਕਾਰ ਨੂੰ ਗੱਦੀ ਤੋਂ ਲਾਹ ਕੇ ਸੁੱਟਣਾ ਹੈ, ਕਿਉਂਕਿ ਇਸ ਸਰਕਾਰ ਨੇ ਸਮਾਜਿਕ ਤਾਣੇ-ਬਾਣੇ ਨੂੰ ਪੂਰੀ ਤਰ੍ਹਾਂ ਤੋੜਨ 'ਤੇ ਜ਼ੋਰ ਲਾ ਦਿੱਤਾ ਹੈ। ਸਮਾਜ ਵਿੱਚ ਅਰਾਜਕਤਾ ਫੈਲਾਉਣ ਦੀ ਕੋਸ਼ਿਸ਼ ਕੀਤੀ ਹੈ ਅਤੇ ਫਿਰਕਿਆਂ ਦਰਮਿਆਨ ਫਸਾਦ ਕਰਾ ਕੇ ਸਮਾਜ ਵਿੱਚ ਵੰਡੀਆਂ ਪਾਉਣ ਲਈ ਪੂਰੀ ਅੱਡੀ-ਚੋਟੀ ਦਾ ਜ਼ੋਰ ਲਾਇਆ ਹੈ। ਸਾਰੀਆਂ ਸੰਵਿਧਾਨਿਕ ਸੰਸਥਾਵਾਂ ਦੀਆਂ ਸ਼ਕਤੀਆਂ ਕਮਜ਼ੋਰ ਕਰ ਦਿੱਤੀਆਂ ਗਈਆਂ ਹਨ, ਜਿਨ੍ਹਾਂ ਵਿੱਚ ਚੋਣ ਕਮਿਸ਼ਨ ਤੇ ਇੱਥੋਂ ਤੱਕ ਨਿਆਂ ਪਾਲਿਕਾ 'ਤੇ ਵੀ ਪ੍ਰਭਾਵ ਪਿਆ ਹੈ। ਆਰਥਕ ਖੇਤਰ ਵਿੱਚ ਦੇਸ਼ ਦੀ ਸਮੁੱਚੀ ਸੰਪਤੀ ਚੰਦ ਕਾਰਪੋਰੇਟ ਘਰਾਣਿਆਂ ਨੂੰ ਸੌਂਪ ਕੇ ਆਮ ਲੋਕਾਂ ਦੀ ਆਰਥਿਕ ਸਥਿਤੀ ਦਾ ਪੂਰੀ ਤਰ੍ਹਾਂ ਘਾਣ ਕੀਤਾ ਹੈ। ਬੇਰੁਜ਼ਗਾਰੀ ਤੇ ਮਹਿੰਗਾਈ ਨੇ ਹਾਹਾਕਾਰ ਮਚਾਈ ਹੋਈ ਹੈ। ਸਿਹਤ ਤੇ ਸਿੱਖਿਆ ਸੇਵਾਵਾਂ ਲੋਕਾਂ ਦੀ ਪਹੁੰਚ ਤੋਂ ਬਾਹਰ ਹੋ ਗਈਆਂ ਹਨ। ਇਸ ਲਈ ਪਾਰਟੀ ਨੇ ਫੈਸਲਾ ਕੀਤਾ ਹੈ ਕਿ ਲੁਧਿਆਣਾ ਤੋਂ ਕਾਂਗਰਸ ਦੇ ਉਮੀਦਵਾਰ ਅਮਰਿੰਦਰ ਸਿੰਘ ਰਾਜਾ ਵੜਿੰਗ ਅਤੇ ਹਲਕਾ ਫਤਿਹਗੜ੍ਹ ਸਾਹਿਬ ਤੋਂ ਡਾਕਟਰ ਅਮਰ ਸਿੰਘ, ਜੋ ਕਿ ਕਾਂਗਰਸ ਦੇ ਉਮੀਦਵਾਰ ਹਨ, ਦੋਵਾਂ ਨੂੰ ਸਮਰਥਨ ਦਿੱਤਾ ਜਾਏਗਾ।






ਸ਼ਹਿਰੀ ਸਕੱਤਰ ਐੱਮ ਐੱਸਭਾਟੀਆ ਨੇ ਕਿਹਾ ਕਿ ਲੋਕਾਂ ਦੀਆਂ ਹੱਕੀ ਮੰਗਾਂ ਲਈ ਕਮਿਊਨਿਸਟ ਪਾਰਟੀ ਲਗਾਤਾਰ ਸੰਘਰਸ਼ ਕਰਦੀ ਰਹੀ ਹੈ ਤੇ ਹੁਣ ਵੀ ਕਿਸਾਨਾਂ, ਮਜ਼ਦੂਰਾਂ ਅਤੇ ਮੁਲਾਜ਼ਮਾਂ ਦੀਆਂ ਮੰਗਾਂ ਲਈ ਅਤੇ ਸਕੀਮ ਵਰਕਰਾਂ ਨੂੰ ਪੱਕੇ ਕਰਾਉਣ ਲਈ, ਠੇਕੇਦਾਰੀ ਪ੍ਰਥਾ ਨੂੰ ਸਮਾਪਤ ਕਰਾਉਣ ਲਈ, ਛੋਟੇ ਤੇ ਮੱਧਮ ਉਦਮੀਆਂ ਦੀਆਂ ਲੋੜਾਂ ਪ੍ਰਤੀ ਸੰਵੇਦਨਸ਼ੀਲ ਹੋ ਕੇ ਨੀਤੀਆਂ ਘੜਨ ਲਈ ਪਾਰਟੀ ਇਹਨਾਂ ਚੋਣਾਂ ਵਿੱਚ ਪ੍ਰਚਾਰ ਕਰੇਗੀ।

ਹੋਰਨਾ ਤੋਂ ਇਲਾਵਾ ਰਮੇਸ਼ ਰਤਨ, ਵਿਜੇ ਕੁਮਾਰ, ਭਗਵਾਨ ਸਿੰਘ ਸੋਮਲਖੇੜੀ, ਡਾਕਟਰ ਗੁਲਜ਼ਾਰ ਸਿੰਘ ਪੰਧੇਰ, ਡਾਕਟਰ ਰਜਿੰਦਰ ਪਾਲ ਸਿੰਘ ਔਲਖ, ਐਡਵੋਕੇਟ ਨਵਲ ਛਿੱਬਰ, ਸੈਨੇਟ ਮੈਂਬਰ ਨਰੇਸ਼ ਗੌੜ, ਸੁਰਿੰਦਰ ਕੈਲੇ, ਮਾਸਟਰ ਜਗਮੇਲ ਸਿੰਘ ਪੱਖੋਵਾਲ, ਕੇਵਲ ਸਿੰਘ ਬਨਵੈਤ, ਪਰਵੀਨ ਕੁਮਾਰ ਅਤੇ ਅਜੀਤ ਜਵੱਦੀ ਨੇ ਸੰਬੋਧਨ ਕੀਤਾ।

ਪੰਜਾਬ ਕਾਂਗਰਸ ਦੇ ਪ੍ਰਧਾਨ ਅਤੇ ਲੁਧਿਆਣਾ ਤੋਂ ਕਾਂਗਰਸ ਦੇ ਉਮੀਦਵਾਰ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਪਾਰਟੀ ਦੇ ਸਮਰਥਨ ਲਈ ਧੰਨਵਾਦ ਕੀਤਾ ਅਤੇ ਕਿਹਾ ਕਿ ਅੱਗੇ ਤੋਂ ਵੀ ਫਾਸ਼ੀਵਾਦੀ ਤਾਕਤਾਂ ਖਿਲਾਫ ਦੋਨੋਂ ਪਾਰਟੀਆਂ ਰਲ ਕੇ ਚੱਲਣਗੀਆਂ। ਪਾਰਟੀ ਦੇ ਜ਼ਿਲ੍ਹਾ ਸਹਾਇਕ ਸਕੱਤਰ ਚਮਕੌਰ ਸਿੰਘ ਨੇ ਜਿੱਥੇ ਆਏ ਹੋਏ ਸਾਰੇ ਪਾਰਟੀ ਮੈਂਬਰਾਂ ਅਤੇ ਸਹਿਯੋਗੀਆਂ ਦਾ ਧੰਨਵਾਦ ਕੀਤਾ, ਉਥੇ ਰਾਜਾ ਵੜਿੰਗ ਅਤੇ ਉਹਨਾ ਨਾਲ ਆਏ ਕਾਂਗਰਸ ਪਾਰਟੀ ਦੇ ਆਗੂ ਮਲਕੀਤ ਸਿੰਘ ਦਾਖਾ ਸਾਬਕਾ ਮੰਤਰੀ, ਕੰਵਰ ਹਰਪ੍ਰੀਤ ਸਿੰਘ, ਅਸ਼ਵਨੀ ਸ਼ਰਮਾ ਸਾਬਕਾ ਸ਼ਹਿਰੀ ਕਾਂਗਰਸ ਪ੍ਰਧਾਨ ਅਤੇ ਸਾਬਕਾ ਵਿਧਾਇਕ ਕੁਲਦੀਪ ਸਿੰਘ ਵੈਦ ਦਾ ਵੀ ਧੰਨਵਾਦ ਕੀਤਾ।

## ਦੱਬੇ-ਕੁਚਲੇ ਲੋਕਾਂ ਦੀ ਅਵਾਜ਼ ਸੰਸਦ 'ਚ ਪੁਚਾਏਗੀ ਬਸਪਾ : ਨਿੱਕਾ ਸਿੰਘ ਲਖਵੀਰ



**ਭੀਖੀ (ਧਰਮਵੀਰ ਸ਼ਰਮਾ)**-ਲੋਕ ਸਭਾ ਹਲਕਾ ਬਠਿੰਡਾ ਤੋਂ ਬਸਪਾ ਦੇ ਉਮੀਦਵਾਰ ਨਿੱਕਾ ਸਿੰਘ ਲਖਵੀਰ ਵੱਲੋਂ ਭੀਖੀ, ਖੀਵਾ ਕਲਾਂ, ਖੀਵਾ ਖੁਰਦ ਤੇ ਹੋਡਲਾ ਵਿਖੇ ਇਕੱਠਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਨੂੰ ਪਿਛਲੇ ਸੱਤਰ ਸਾਲਾਂ ਤੋਂ ਰਜਵਾੜਾ ਸ਼ਾਹੀ ਪਰਿਵਾਰਾਂ ਨੇ ਮਿਲ ਕੇ ਲੁੱਟਿਆ ਹੈ। ਮੌਜੂਦਾ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਲੋਕਾਂ ਨਾ ਕੀਤੇ ਵਾਅਦਿਆਂ ਨੂੰ ਪੂਰਾ ਕਰਨ ਦੀ ਬਜਾਇ ਸਿਰਫ ਇਸ਼ਤਿਹਾਰਬਾਜ਼ੀ 'ਤੇ ਜ਼ੋਰ ਦਿੱਤਾ ਹੈ। ਨਿੱਕਾ ਸਿੰਘ ਨੇ ਕਿਹਾ ਕਿ ਬਸਪਾ ਸਮੂਹ ਦੱਬੇ ਕੁਚਲੇ ਲੋਕਾਂ ਦੀ ਅਵਾਜ਼ ਨੂੰ ਸੰਸਦ ਵਿੱਚ ਪੁਚਾਏਗੀ। ਉਨ੍ਹਾਂ ਕਿਹਾ ਕਿ ਉਹ ਆਮ ਘਰ ਤੋਂ ਉੱਠ ਕੇ ਲੋਕਾਂ ਦੀ ਅਵਾਜ਼ ਬਨਣ ਲਈ ਲੋਕ ਸਭਾ ਹਲਕਾ ਬਠਿੰਡਾ ਬਸਪਾ ਵੱਲੋਂ ਚੋਣ ਮੈਦਾਨ ਵਿੱਚ ਹਨ, ਆਪਣੇ ਹੱਕ ਵਿੱਚ ਵੋਟਾਂ ਪਾਉਣ ਲਈ ਅਪੀਲ ਕੀਤੀ। ਬਸਪਾ ਦੇ ਸੂਬਾ ਸਕੱਤਰ ਕੁਲਦੀਪ ਸਿੰਘ ਸਰਦੂਲਗੜ੍ਹ ਨੇ ਕਿਹਾ ਕਿ ਪੰਜਾਬ ਵਿੱਚ ਗੈਂਗਸਟਰਵਾਦ ਪਹਿਲਾਂ ਨਾਲੋਂ ਜ਼ਿਆਦਾ ਭਾਰੂ ਹੋ ਚੁੱਕਾ ਹੈ, ਨਸ਼ਾ ਨਿੱਤ ਘਰਾਂ ਦੇ ਚਿਰਾਗ ਬੁਝਾ ਰਿਹਾ ਹੈ, ਦਿਨ ਦਿਹਾੜੇ ਚੋਰੀਆਂ ਹੋ ਰਹੀਆਂ ਹਨ, ਪੰਜਾਬ ਦੇ ਪੈਸੇ 'ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੂਜੇ ਰਾਜਾਂ ਵਿੱਚ ਚੋਣ ਪ੍ਰਚਾਰ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਦੇਸ਼ ਦੇ ਸੰਵਿਧਾਨ ਨੂੰ ਬਚਾਉਣ ਲਈ ਮੋਦੀ ਜੁੰਡਲੀ ਨੂੰ ਸੱਤਾ ਤੋਂ ਲਾਂਭੇ ਕਰਨਾ ਸਮੇਂ ਦੀ ਜ਼ਰੂਰਤ ਹੈ।

## ਦੇਸ਼ ਦੀ ਤਰੱਕੀ ਲਈ ਕਾਂਗਰਸ ਦੀ ਸਰਕਾਰ ਜ਼ਰੂਰੀ : ਜੀਤ ਮਹਿੰਦਰ ਸਿੱਧੂ



**ਭੀਖੀ (ਧਰਮਵੀਰ ਸ਼ਰਮਾ)**-ਦੇਸ਼ ਨੂੰ ਤਰੱਕੀ ਦੀਆਂ ਲੀਹਾਂ ਤੇ ਲਿਜਾਣ ਲਈ ਕਾਂਗਰਸ ਦੀ ਸਰਕਾਰ ਦੇਸ਼ ਅੰਦਰ ਲਿਆਉਣ ਦੀ ਲੋੜ ਹੈ ਤਾਂ ਜੁ ਦੇਸ਼ ਦੇ ਨਾਲ ਨਾਲ ਸੂਬੇ ਨੂੰ ਵੀ ਤਰੱਕੀ ਦੇ ਰਾਹ ਤੋਰਿਆ ਜਾ ਸਕੇ। ਇਹ ਪ੍ਰਗਟਾਵਾ ਲੋਕ ਸਭਾ ਹਲਕਾ ਬਠਿੰਡਾ ਤੋਂ ਕਾਂਗਰਸ ਪਾਰਟੀ ਦੇ ਉਮੀਦਵਾਰ ਜੀਤਮਹਿੰਦਰ ਸਿੱਧੂ ਨੇ ਟਕਸਾਲੀ ਕਾਂਗਰਸੀ ਧਰਮਵੀਰ ਮਿੰਟਾ ਦੇ ਗ੍ਰਹਿ ਵਿਖੇ ਕੀਤਾ। ਉਨ੍ਹਾਂ ਕਿਹਾ ਕਿ ਕਾਂਗਰਸ ਦੇ ਰਾਜ ਵਿੱਚ ਹਮੇਸ਼ਾ ਅਮਨ ਤੇ ਭਾਈਚਾਰਕ ਸਾਂਝ ਕਾਇਮ ਰਹੀ ਹੈ। ਵਪਾਰੀਆਂ ਦੇ ਵਪਾਰ ਵਿੱਚ ਵਾਧਾ ਹੋਇਆ ਹੈ ਤੇ ਕਿਸਾਨੀ ਵਧੀ ਫੁੱਲੀ ਹੈ ਅਤੇ ਮੁਲਾਜ਼ਮ ਵਰਗ ਦੀਆਂ ਸਹੂਲਤਾਂ 'ਚ ਜਦੋਂ ਵੀ ਵਾਧਾ ਹੋਇਆ, ਉਹ ਕਾਂਗਰਸ ਦੇ ਰਾਜ ਦੌਰਾਨ ਹੀ ਹੋਇਆ ਹੈ, ਜਦੋਂਕਿ ਅਕਾਲੀ ਦਲ ਦੇ ਰਾਜ ਸਮੇਂ ਲੁੱਟਾਂ ਖੋਹਾਂ, ਗੁੰਡਾਗਰਦੀ ਤੇ ਨਸ਼ਿਆਂ ਦਾ ਵਪਾਰ ਵਧਿਆ ਫੁੱਲਿਆ ਹੈ ਅਤੇ ਇਨ੍ਹਾਂ ਹੀ ਸਮੱਸਿਆਵਾਂ ਦੇ ਹੱਲ ਦਾ ਭਰੋਸਾ ਦੇ ਕੇ ਸੱਤਾ 'ਚ ਆਈ ਆਪ ਸਰਕਾਰ ਦੋ ਸਾਲਾਂ ਦੇ ਕਾਰਜਕਾਲ ਦੌਰਾਨ ਸਭ ਤੋਂ ਨਿਕੰਮੀ ਸਰਕਾਰ ਸਾਬਤ ਹੋਈ ਹੈ ਅਤੇ ਕਾਨੂੰਨ ਵਿਵਸਥਾ ਦੀ ਹਾਲਤ ਕੰਟਰੋਲ ਤੋਂ ਬਾਹਰ ਹੈ। ਪੰਜਾਬ ਦੇ ਲੋਕ ਇਸ ਸਰਕਾਰ ਤੋਂ ਬੁਰੀ ਤਰ੍ਹਾਂ ਅੱਕ ਚੁੱਕੇ ਹਨ।

## ਸਮਾਜ ਸੇਵੀ ਰਾਮ ਚੰਦਰ ਸ਼ਰਮਾ ਦਾ ਸਨਮਾਨ



**ਮੋਗਾ (ਇਕਬਾਲ ਸਿੰਘ ਖਹਿਰਾ)**-ਸਿਆਮ ਸੇਵਾ ਸੁਸਾਇਟੀ ਵੱਲੋਂ ਦੱਤ ਰੋਡ ਸਥਿਤ ਯੋਗੀਰਾਜ ਬ੍ਰਹਮਚਾਰੀ ਕੁਟੀਆ ਵਿਖੇ ਸਨਮਾਨ ਸਮਾਰੋਹ ਕਰਵਾਇਆ ਗਿਆ, ਜਿਸ ਵਿੱਚ ਝੌਂਪੜੀ ਦੇ ਮੁੱਖ ਸੇਵਾਦਾਰ ਰਾਮ ਚੰਦਰ ਸ਼ਰਮਾ ਵੱਲੋਂ ਸਮਾਜ ਸੇਵਾ ਵਿੱਚ ਨਿਭਾਈਆਂ ਚੰਗੀਆਂ ਸੇਵਾਵਾਂ ਸਦਕਾ ਸੁਸਾਇਟੀ ਵੱਲੋਂ ਉਨ੍ਹਾਂ ਨੂੰ ਠਾਕੁਰ ਜੀ ਦੀ ਉਪਾਧੀ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਰਾਮ ਚੰਦਰ ਸ਼ਰਮਾ ਨੇ ਕਿਹਾ ਕਿ ਸਿਆਮ ਸੇਵਾ ਸੁਸਾਇਟੀ ਵੱਲੋਂ ਉਨ੍ਹਾਂ ਨੂੰ ਦਿੱਤੇ ਗਏ ਸਨਮਾਨ ਨੂੰ ਉਹ ਕਦੇ ਨਹੀਂ ਭੁੱਲਣਗੇ ਤੇ ਇਸੇ ਤਰ੍ਹਾਂ ਆਪਣੇ ਸਮਾਜ ਸੇਵਾ ਦੇ ਪ੍ਰਾਜੈਕਟਾਂ ਨੂੰ ਨਿਰੰਤਰ ਜਾਰੀ ਰੱਖਣਗੇ। ਇਸ ਮੌਕੇ ਸਿਆਮ ਸੇਵਾ ਸੁਸਾਇਟੀ ਦੇ ਚੇਅਰਮੈਨ ਅਜੇ ਗਰਗ, ਫਾਊਂਡਰ ਕਮਲ ਸ਼ਰਮਾ, ਸੀਨੀਅਰ ਮੀਤ ਪ੍ਰਧਾਨ ਸਾਬਕਾ ਕੌਂਸਲਰ ਭੂਸ਼ਨ ਗਰਗ ਰਾਜੂ, ਕੈਸ਼ੀਅਰ ਰਾਮ ਪ੍ਰਕਾਸ਼ ਮੰਗਲਾ, ਚੰਦਰ ਮੋਹਨ ਸਹਿਗਲ, ਸੰਜੀਵ ਸਿੰਗਲਾ, ਸੰਜੀਵ ਕੁਮਾਰ ਟੀਟੂ, ਵਿਨੋਦ ਪੋਪਲੀ, ਰਾਜੇਸ਼ ਸਿੰਗਲਾ, ਰਜਿੰਦਰ ਵਧਵਾ, ਜਗਦੀਸ਼ ਬੱਤਰਾ ਆਦਿ ਹਾਜ਼ਰ ਸਨ।

## ਜੌੜਾਮਾਜਰਾ ਦੀ ਅਗਵਾਈ 'ਚ ਕਾਂਗਰਸ ਛੱਡ 'ਆਪ' 'ਚ ਸ਼ਾਮਲ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਪਿਛਲੇ ਕਈ ਦਹਾਕਿਆਂ ਤੋਂ ਕਾਂਗਰਸ ਪਾਰਟੀ ਨਾਲ ਜੁੜੇ ਸਰਪੰਚ ਅਰਜਨ ਸਿੰਘ ਭਿੰਡਰ ਕੁਤਬਨਪੁਰ, ਧਰਮਿੰਦਰ ਸਿੰਘ ਕਾਕਾ ਗਿੱਲ ਸਾਬਕਾ ਪ੍ਰਧਾਨ ਡੀਲਰ ਐਸੋਸੀਏਸ਼ਨ, ਪਲਵਿੰਦਰ ਸਿੰਘ ਵੜੈਚ ਤੇ ਹਰਵਿੰਦਰ ਸਿੰਘ ਰਵੀ ਵਿਰਕ ਆਦਿ ਵੱਖ-ਵੱਖ ਪਾਰਟੀਆਂ ਨੂੰ ਅਲਵਿਦਾ ਕਹਿ ਕੇ ਕੈਬਨਿਟ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਦੀ ਅਗਵਾਈ ਹੇਠ ਆਪ ਵਿੱਚ ਸ਼ਾਮਲ ਹੋ ਗਏ ਹਨ।ਜੌੜਾਮਾਜਰਾ ਵੱਲੋਂ ਸਮੁੱਚੀ ਟੀਮ ਦਾ ਸਵਾਗਤ ਕੀਤਾ ਗਿਆ ਤੇ ਉਨ੍ਹਾਂ ਨੂੰ ਪੂਰਾ ਮਾਨ ਸਤਿਕਾਰ ਦਿੱਤੇ ਜਾਣ ਦੀ ਗੱਲ ਕਹੀ।ਲੋਕ ਸਭਾ ਹਲਕਾ ਪਟਿਆਲਾ ਤੋਂ 'ਆਪ' ਦੇ ਉਮੀਦਵਾਰ ਡਾ ਬਲਬੀਰ ਸਿੰਘ ਦੇ ਹੱਕ ਵਿੱਚ ਚੋਣ ਪ੍ਰਚਾਰ ਲਈ ਭਿੰਡਰ ਕਲੋਨੀ ਵਿਖੇ ਰੱਖੀ ਜਨ ਸਭਾ ਦੌਰਾਨ ਕੈਬਨਿਟ ਮੰਤਰੀ ਜੌੜਾਮਾਜਰਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਆਮ ਲੋਕਾਂ ਦੀ ਪਾਰਟੀ ਹੈ। ਪੰਜਾਬ ਦੇ ਲੋਕ ਖੁਦ ਆਪ ਪਾਰਟੀ ਦੇ ਕੰਮ ਦੀ ਤਾਰੀਫ਼ ਕਰ ਰਹੇ ਹਨ।ਲੋਕਾਂ ਦਾ ਕਹਿਣਾ ਹੈ ਕਿ ਜਿੰਨਾ ਕੰਮ 'ਆਪ' ਸਰਕਾਰ ਨੇ 2 ਸਾਲਾਂ 'ਚ ਕਰਾਇਆ ਹੈ, ਐਨਾ ਕੰਮ ਪਿਛਲੇ 70 ਸਾਲਾਂ 'ਚ ਨਹੀਂ ਹੋਇਆ। ਉਨ੍ਹਾਂ ਕਿਹਾ ਕਿ ਸਾਡੇ ਕੰਮਾਂ ਤੋਂ ਪ੍ਰਭਾਵਤ ਹੋ ਕੇ ਪੰਜਾਬ ਦੇ ਹਰ ਵਰਗ ਦੇ ਲੋਕ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਕੇ ਪੰਜਾਬ ਨੂੰ ਮੁੜ ਰੰਗਲਾ ਬਣਾਉਣ ਵਿੱਚ ਆਪਣਾ ਯੋਗਦਾਨ ਪਾ ਰਹੇ ਹਨ।

## ਲੋਕਾਂ ਦੇ ਹੱਕ ਮਾਰਨ ਵਾਲੀਆਂ ਸਿਆਸੀ ਪਾਰਟੀਆਂ ਨੂੰ ਸਬਕ ਸਿਖਾਉਣ ਦਾ ਸਮਾਂ : ਮਾਨ



**ਦਿੜ੍ਹਬਾ/ਸੰਗਰੂਰ (ਪ੍ਰਵੀਨ ਸਿੰਘ)**-ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਪ੍ਰਧਾਨ ਤੇ ਪਾਰਟੀ ਦੇ ਲੋਕ ਸਭਾ ਹਲਕਾ ਸੰਗਰੂਰ ਤੋਂ ਉਮੀਦਵਾਰ ਸਿਮਰਨਜੀਤ ਸਿੰਘ ਮਾਨ ਨੇ ਹਲਕੇ ਦੇ ਪਿੰਡ ਝਨੇੜੀ, ਮਹਿਲਾਂ, ਛਾਜਲੀ ਤੇ ਕੋਹਰੀਆਂ ਵਿਖੇ ਚੋਣ ਪ੍ਰਚਾਰ ਕੀਤਾ।ਮਾਨ ਦਾ ਭਰਵਾਂ ਸਵਾਗਤ ਕੀਤਾ ਗਿਆ ਅਤੇ ਵੱਡੀ ਲੀਡ ਨਾਲ ਜਿਤਾਉਣ ਦਾ ਭਰੋਸਾ ਦੁਆਇਆ ਗਿਆ।ਵੱਖ-ਵੱਖ ਪਿੰਡਾਂ ਵਿੱਚ ਹੋਏ ਭਰਵੇਂ ਇਕੱਠਾਂ ਨੂੰ ਸੰਬੋਧਨ ਕਰਦਿਆਂ ਮਾਨ ਨੇ ਕਿਹਾ ਕਿ ਲੋਕਾਂ ਦੇ ਹੱਕਾਂ ਨੂੰ ਮਾਰਨ ਵਾਲੀਆਂ ਸਿਆਸੀ ਪਾਰਟੀਆਂ ਨੂੰ ਹੁਣ ਸਬਕ ਸਿਖਾਉਣ ਦਾ ਸਹੀ ਸਮਾਂ ਹੈ।ਧਰਨੇ ਲਾ ਕੇ ਹੱਕ ਮੰਗਦੇ ਲੋਕਾਂ ਉੱਪਰ ਜੋ ਸਰਕਾਰਾਂ ਵੱਲੋਂ ਜ਼ੁਲਮ ਕੀਤੇ ਗਏ ਹਨ, ਉਨ੍ਹਾਂ ਨੂੰ ਯਾਦ ਰੱਖਿਆ ਜਾਵੇ ਤੇ ਆਪਣੀ ਵੋਟ ਰੂਪ ਤਾਕਤ ਨਾਲ ਸਬਕ ਸਿਖਾਇਆ ਜਾਵੇ ਅਤੇ ਲੋਕ ਹੱਕਾਂ ਦੀ ਰਾਖੀ ਤੇ ਸੂਬੇ ਦੀ ਖੁਸ਼ਹਾਲੀ ਲਈ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦਾ ਸਾਥ ਦਿੱਤਾ ਜਾਵੇ।ਮਾਨ ਨੇ ਕਿਹਾ ਕਿ ਹੁਣ ਵੋਟਾਂ ਲੈਣ ਲਈ ਕਾਂਗਰਸ, ਭਾਜਪਾ, ਆਪ ਸਮੇਤ ਲਗਭਗ ਸਾਰੀਆਂ ਪਾਰਟੀਆਂ ਵੱਲੋਂ ਲੋਕਾਂ ਨਾਲ ਝੂਠੇ ਵਾਅਦੇ ਕੀਤੇ ਜਾ ਰਹੇ ਹਨ।

## ਝੂਠ ਸਹਾਰੇ ਸੱਤਾ ਹਾਸਲ ਕਰਨ ਵਾਲਿਆਂ ਨੂੰ ਪੰਜਾਬੀ ਦਿਖਾਉਣਗੇ ਬਾਹਰ ਦਾ ਰਾਸਤਾ : ਵਿੱਕੀ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਲੋਕ ਸਭਾ ਹਲਕਾ ਫ਼ਰੀਦਕੋਟ ਤੋਂ ਕਾਂਗਰਸ ਪਾਰਟੀ ਦੀ ਉਮੀਦਵਾਰ ਬੀਬੀ ਅਮਰਜੀਤ ਕੌਰ ਸਾਹੋਕੇ ਆਪਣੇ ਸਿਆਸੀ ਵਿਰੋਧੀਆਂ ਤੋਂ ਅੱਗੇ ਜਾ ਰਹੀ ਰਹੀ ਹੈ। ਉਕਤ ਸ਼ਬਦਾਂ ਦਾ ਪ੍ਰਗਟਾਵਾ ਕਾਂਗਰਸ ਪਾਰਟੀ ਦੇ ਸਾਬਕਾ ਸ਼ਹਿਰੀ ਪ੍ਰਧਾਨ ਵਿਮਲ ਗਰਗ ਵਿੱਕੀ ਨੇ ਕਰਦਿਆਂ ਕਿਹਾ ਕਿ ਬੀਬੀ ਅਮਰਜੀਤ ਕੌਰ ਸਾਹੋਕੇ ਆਪਣੇ ਵਿਰੋਧੀਆਂ ਨੂੰ ਟੱਕਰ ਦਿੰਦੇ ਹੋਏ ਵੱਡੀ ਲੀਡ ਨਾਲ ਜਿੱਤ ਪ੍ਰਾਪਤ ਕਰ ਕੇ ਸੰਸਦ ਦੀਆਂ ਪੌੜੀਆਂ ਚੜ੍ਹੇਗੀ।ਵਿੱਕੀ ਗਰਗ ਨੇ ਕਿਹਾ ਕਿ ਕਾਂਗਰਸ ਪਾਰਟੀ ਨੇ ਬਹੁਤ ਹੀ ਵਧੀਆ ਫ਼ਰੀਦਕੋਟ ਹਲਕੇ ਨੂੰ ਉਮੀਦਵਾਰ ਦਿੱਤਾ ਹੈ, ਜੋ ਬੇਦਾਗ ਅਤੇ ਪੜ੍ਹਿਆ ਲਿਖਿਆ ਪਰਵਾਰ ਹੈ ਅਤੇ ਬੀਬੀ ਸਾਹੋਕੇ ਦੇ ਜਿੱਤਣ ਦੇ ਨਾਲ ਹਲਕਾ ਫਰੀਦਕੋਟ ਵਿਚ ਵਿਕਾਸ ਦੀ ਲਹਿਰ ਚੱਲੇਗੀ ਤੇ ਜੋ ਫਰੀਦਕੋਟ ਵਾਸੀਆਂ ਦੀਆਂ ਪਿਛਲੇ ਲੰਮੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਮੰਗਾਂ ਨੂੰ ਸੰਸਦ ਵਿਚ ਚੁੱਕੇਗੀ।ਉਨ੍ਹਾਂ ਫ਼ਰੀਦਕੋਟ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਪਣਾ ਇਕ ਇਕ ਕੀਮਤੀ ਵੋਟ ਕਾਂਗਰਸ ਪਾਰਟੀ ਦੇ ਉਮੀਦਵਾਰ ਬੀਬੀ ਅਮਰਜੀਤ ਕੌਰ ਸਾਹੋਕੇ ਦੇ ਹੱਕ ਵਿਚ ਪਾ ਕੇ ਉਨ੍ਹਾਂ ਦੇ ਹੱਥ ਮਜ਼ਬੂਤ ਕੀਤੇ ਜਾਣ, ਕਿਉਂਕਿ ਬੀਬੀ ਸਾਹੋਕੇ ਫਰੀਦਕੋਟ ਹਲਕੇ ਦੇ ਨਾਲ ਜ਼ਮੀਨੀ ਪੱਧਰ ਤੋਂ ਜੁੜੇ ਹੋਏ ਹਨ, ਜਦਕਿ ਬੀਬੀ ਅਮਰਜੀਤ ਕੌਰ ਦੇ ਪੇਕੇ ਫਰੀਦਕੋਟ ਅਤੇ ਸਹੁਰੇ ਮੋਗਾ ਜ਼ਿਲੇ ਵਿਚ ਹਨ।

## ਲੋਹਗੜ੍ਹ 'ਚ ਠੰਢੇ-ਮਿੱਠੇ ਜਲ ਦੀ ਛਬੀਲ ਲਗਾਈ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਸ੍ਰੀਮਾਨ ਮੰਹਤ ਭਗਵੰਤ ਸਿੰਘ ਲੋਹਗੜ੍ਹ ਦੀ ਬਰਸੀ ਨੂੰ ਸਮਰਪਤ ਤੇ ਅਤਿ ਦੀ ਗਰਮੀ ਵਿੱਚ ਯਾਤਰੀਆਂ ਦੀ ਸਹੂਲਤ ਲਈ ਪਿੰਡ ਵਾਸੀਆਂ ਠੰਢੇ ਮਿੱਠੇ ਜਲ ਦੀ ਛਬੀਲ ਲਗਾਈ ਗਈ।ਛਬੀਲ ਸਾਰਾ ਦਿਨ ਲਗਾਤਾਰ ਚੱਲਦੀ ਰਹੀ ਤੇ ਰਾਏਕੋਟ, ਮਹਿਲ ਕਲਾਂ ਰੋਡ 'ਤੇ ਵੱਖ ਵੱਖ ਵਾਹਨਾਂ ਦੀਆਂ ਸਵਾਰੀਆਂ ਨੇ ਠੰਢੇ ਮਿੱਠੇ ਜਲ ਨੂੰ ਛਕਿਆ। ਇਸ ਸਮੇਂ ਮਹੰਤ ਚਮਕੌਰ ਸਿੰਘ, ਜਤਿੰਦਰ ਸਿੰਘ ਲਾਡੀ, ਗੁਰਪ੍ਰੀਤ ਸਿੰਘ ਦਵਿੰਦਰ ਸਿੰਘ ਕਾਕਾ, ਹਰਵਿੰਦਰ ਸਿੰਘ, ਜਗਰੂਪ ਸਿੰਘ, ਕੁਲਵਿੰਦਰ ਸਿੰਘ ਨਿੱਕਾ, ਹਰਮਨ ਸਿੰਘ, ਜੋਤ ਸਿੰਘ, ਵਿੱਕਾ ਸਿੰਘ, ਕੁਲਵੀਰ ਸਿੰਘ, ਭਿੰਦਾ ਸਿੰਘ ਧਨੇਸਰ ਤੋਂ ਇਲਾਵਾ ਸੰਗਤਾਂ ਹਾਜ਼ਰ ਸਨ।

## ਰੌਕੀ ਸ਼ਰਮਾ ਸੱਚਾਈ 'ਤੇ ਪਹਿਰਾ ਦੇਣ ਵਾਲਾ ਪੱਤਰਕਾਰ ਸੀ : ਮਾੜੀਮੇਘਾ

**ਤਰਨ ਤਾਰਨ :** ਸੀ ਪੀ ਆਈ ਦੇ ਕੌਮੀ ਕੌਂਸਲ ਮੈਂਬਰ ਪਿਰਥੀਪਾਲ ਸਿੰਘ ਮਾੜੀਮੇਘਾ ਨੇ ਦੇਸ਼ ਭਗਤ ਯਾਦਗਾਰ ਕਮੇਟੀ ਜਲੰਧਰ ਦੇ ਸਾਬਕਾ ਜਨਰਲ ਸਕੱਤਰ ਗੁਰਮੀਤ ਤੇ 'ਨਵਾਂ ਜ਼ਮਾਨਾ' ਦੇ ਮੈਨੇਜਰ ਮਰਹੂਮ ਕ੍ਰਿਸ਼ਨ ਭਾਰਦਵਾਜ ਦੇ ਜਵਾਈ ਤੇ 'ਨਵਾਂ ਜ਼ਮਾਨਾ' ਦੇ ਸਾਬਕਾ ਪੱਤਰਕਾਰ ਰਾਕੇਸ਼ ਕੁਮਾਰ ਸ਼ਰਮਾ 'ਰੌਕੀ' ਦੀ ਸੜਕ ਹਾਦਸੇ ਵਿੱਚ ਹੋਈ ਮੌਤ 'ਤੇ ਗਹਿਰਾ ਅਫਸੋਸ ਪ੍ਰਗਟ ਕੀਤਾ ਤੇ ਪਰਵਾਰ ਨਾਲ ਦੁੱਖ ਜ਼ਾਹਰ ਕੀਤਾ ਹੈ। ਰੌਕੀ ਯਾਰਾਂ ਦਾ ਯਾਰ ਤੇ ਕਮਿਊਨਿਸਟ ਪਾਰਟੀ ਦਾ ਵਫ਼ਾਦਾਰ ਸਿਪਾਹੀ ਸੀ। ਉਸ ਦਾ ਜ਼ਿਆਦਾ ਨੇੜ ਡਾਕਟਰ ਇੰਦਰਜੀਤ ਮੋਗਾ ਨਾਲ ਸੀ ਤੇ ਉਸ ਰਾਹੀਂ ਹੀ ਰੌਕੀ ਜਗਰੂਪ ਦਾ ਸ਼ਗਿਰਦ ਬਣਿਆ। ਰੌਕੀ ਨੇ ਰੁਜ਼ਗਾਰ ਪ੍ਰਾਪਤੀ ਮੁਹਿੰਮ ਦੇ ਮੁੱਖ ਸਲਾਹਕਾਰ ਜਗਰੂਪ ਦੇ ਪਦਾਰਥਵਾਦੀ ਫਲਸਫੇ ਦੇ ਸਕੂਲ ਲਾਏ ਤੇ ਮਾਰਕਸਵਾਦ ਦਾ ਗਹਿਰਾ ਅਧਿਐਨ ਕੀਤਾ। ਇੰਜ ਲਗਦਾ ਸ਼ਾਇਦ ਰੌਕੀ ਮੇਰੇ ਤੋਂ ਵੀ ਪਹਿਲਾਂ ਜਗਰੂਪ ਦੇ ਪਦਾਰਥਵਾਦੀ ਖਿਆਲਾਂ ਨਾਲ ਖੰਗਾਲਿਆ ਜਾ ਚੁੱਕਾ ਸੀ। ਭਗਤ ਸਿੰਘ ਦੇ ਜਨਮ ਦਿਹਾੜੇ 'ਤੇ 28 ਸਤੰਬਰ 1998 ਨੂੰ ਮੋਗਾ ਵਿਖੇ ਭਾਰੀ ਇਕੱਠ ਹੋਇਆ ਸੀ, ਜਿਸ 'ਚ ਸੀ ਪੀ ਆਈ ਦੇ ਸਿਰਮੌਰ ਆਗੂ, ਜੋ ਬਜ਼ੁਰਗ ਅਵਸਥਾ ਵਿੱਚ ਸਨ ਕਾਮਰੇਡ ਅਵਤਾਰ ਸਿੰਘ ਮਲਹੋਤਰਾ, ਵਿਮਲਾ ਡਾਂਗ ਤੇ ਸੱਤਪਾਲ ਡਾਂਗ, ਰੁਲਦੂ ਖਾਨ, ਭਾਨ ਸਿੰਘ ਭੌਰਾ, ਨਾਟਕਕਾਰ ਭਾਅ ਜੀ ਗੁਰਸ਼ਰਨ ਸਿੰਘ ਉਰਫ ਭਾਈ ਮੰਨਾ ਸਿੰਘ, ਸੀ ਪੀ ਆਈ ਦੇ ਸੂਬਾ ਦਫ਼ਤਰ ਚੰਡੀਗੜ੍ਹ ਦੇ ਸਕੱਤਰ ਲਛਮਣ ਦਾਸ ਗੁਪਤਾ, ਮੈਨੂੰ ਇੰਝ ਲਗਦਾ ਸ਼ਾਇਦ ਕਮਿਊਨਿਸਟ ਪਾਰਟੀ ਦੇ ਬਾਬਾ ਬੋਹੜ ਜੰਗੀਰ ਸਿੰਘ ਜੋਗਾ ਵੀ ਉਸ ਸਮਾਗਮ ਵਿੱਚ ਹਾਜ਼ਰ ਸਨ। ਦਵਿੰਦਰ ਦਮਨ ਦੀ ਚੰਡੀਗੜ੍ਹ ਦੀ ਨਾਟਕ ਟੀਮ ਵੀ ਪਹੁੰਚੀ ਸੀ। ਉਸ ਵਕਤ ਜਗਰੂਪ ਦੀ ਸਮਝ ਮੁਤਾਬਕ ਪਹਿਲੀ ਵਾਰ ਇੰਝ ਕੀਤਾ ਗਿਆ ਸੀ ਕਿ ਉਕਤ ਕਮਿਊਨਿਸਟ ਪਾਰਟੀ ਦੇ ਬਾਨੀਆਂ ਨੂੰ ਸਾਹਮਣੇ ਸਟੇਜ ਵਾਲੀਆਂ ਕੁਰਸੀਆਂ ਦੀ ਥਾਂ ਸਟੇਜ ਦੇ ਉੱਪਰ ਹੀ ਖੱਬੇ ਪਾਸੇ ਵਾਲੀਆਂ ਕੁਰਸੀਆਂ 'ਤੇ ਬਿਠਾ ਕੇ ਇੱਜ਼ਤ-ਮਾਨ ਦਿੱਤਾ ਗਿਆ ਸੀ।

ਸਟੇਜ 'ਤੇ ਮੌਜੂਦਾ ਨੌਜਵਾਨ-ਵਿਦਿਆਰਥੀ ਆਗੂ ਟੀਮ ਤੇ ਉਸ ਦੇ ਕਰਤਾ-ਧਰਤਾ ਜਗਰੂਪ ਹੀ ਬੈਠੇ ਸਨ। ਕਾਮਰੇਡ ਅਵਤਾਰ ਸਿੰਘ ਮਲਹੋਤਰਾ ਨੇ ਇਸ਼ਾਰਿਆਂ ਨਾਲ ਭਾਸ਼ਣ ਦਿੱਤਾ ਸੀ ਤੇ ਉਨ੍ਹਾ ਦੀ ਜ਼ਿੰਦਗੀ ਦਾ ਇਹ ਆਖਰੀ ਭਾਸ਼ਣ ਹੋਵੇਗਾ। ਇਸ਼ਾਰਿਆਂ ਨਾਲ ਮਲਹੋਤਰਾ ਜੀ ਨੂੰ ਇਸ ਕਰਕੇ ਬੋਲਣਾ ਪਿਆ ਸੀ, ਕਿਉਂਕਿ ਉਹ ਬੋਲਣ ਦੀ ਅਵਸਥਾ ਗਵਾ ਚੁੱਕੇ ਸਨ।ਇਸ ਪ੍ਰੋਗਰਾਮ ਦੇ ਮੁੱਖ ਕਰਤੇ-ਧਰਤਿਆਂ ਵਿੱਚ ਇੱਕ ਮੇਰਾ ਪਿਆਰਾ ਸਾਥੀ ਰੌਕੀ ਵੀ ਸੀ। ਰੌਕੀ ਸੱਚਾਈ 'ਤੇ ਪਹਿਰਾ ਦੇਣ ਵਾਲਾ ਪੱਤਰਕਾਰ ਸੀ। ਮੈਂ ਪ੍ਰੈੱਸ ਨੋਟ ਬਣਾਉਣ ਦੀ ਕਲਾ ਉਸ ਤੋਂ ਹੀ ਸਿੱਖੀ।

## ਪਿਆਰਾ ਲਾਲ ਨਮਿਤ ਰਸਮ ਕਿਰਿਆ ਅੱਜ

**ਜਲੰਧਰ (ਸਵਰਨ ਟਹਿਣਾ)**-ਪਿਛਲੇ ਦਿਨੀਂ ਸੰਖੇਪ ਬਿਮਾਰੀ ਤੋਂ ਬਾਅਦ ਦੁਨੀਆ ਨੂੰ ਅਲਵਿਦਾ ਕਹਿ ਗਏ ਸ੍ਰੀ ਪਿਆਰਾ ਲਾਲ ਨਮਿਤ ਰਸਮ ਕਿਰਿਆ 24 ਮਈ ਨੂੰ ਰੌਸ਼ਨ ਲਾਲ ਪਾਰਕ, ਭਾਰਗੋ ਕੈਂਪ, ਜਲੰਧਰ ਵਿਖੇ ਦੁਪਹਿਰ ਇੱਕ ਤੋਂ ਦੋ ਵਜੇ ਤੱਕ ਹੋਵੇਗੀ। ਸ੍ਰੀ ਪਿਆਰਾ ਲਾਲ ਨਾਲ ਪੂਰੀ ਜ਼ਿੰਦਗੀ ਮਿਹਨਤ-ਮੁਸ਼ੱਕਤ ਦੇ ਲੇਖੇ ਲਾਈ ਤੇ ਆਪਣੇ ਬੱਚਿਆਂ ਨੂੰ ਕਾਬਲ ਬਣਾਇਆ। ਉਹ ਆਪਣੀ ਨੇਕ ਕਮਾਈ ਵਿਚੋਂ ਲੋੜਵੰਦਾਂ ਦੀ ਮੱਦਦ ਕਰਦੇ ਰਹਿੰਦੇ ਸਨ। ਉਨ੍ਹਾਂ ਦੀ ਉਮਰ ਕਰੀਬ ਸੱਤਰ ਸਾਲ ਸੀ। ਉਹ ਆਪਣੇ ਪਿੱਛੇ ਧਰਮ ਪਤਨੀ ਸ੍ਰੀਮਤੀ ਕਮਲੇਸ਼ ਰਾਣੀ, ਦੋ ਸਪੁੱਤਰ ਅਸ਼ਵਨੀ ਕੁਮਾਰ ਤੇ ਅਮਿਤ ਕੁਮਾਰ ਅਤੇ ਧੀਆਂ ਛੱਡ ਗਏ ਹਨ। ਉਨ੍ਹਾਂ ਦੇ ਵੱਡੇ ਪੁੱਤਰ ਅਸ਼ਵਨੀ ਕੁਮਾਰ ਮੀਡੀਆ ਦੀ ਦੁਨੀਆ ਵਿਚ ਬਤੌਰ ਕੈਮਰਾਮੈਨ ਵੱਡਾ ਨਾਂਅ ਰੱਖਦੇ ਹਨ।



ਰਸਮ ਕਿਰਿਆ ਮੌਕੇ ਉਨ੍ਹਾਂ ਨੂੰ ਵੱਡੀ ਗਿਣਤੀ ਵਿੱਚ ਚਹੇਤਿਆਂ ਵੱਲੋਂ ਸ਼ਰਧਾ ਦੇ ਫੁੱਲ ਭੇਟ ਕੀਤੇ ਜਾਣਗੇ।

## ਬਾਬਾ ਫ਼ਰੀਦ 'ਵਰਸਿਟੀ ਆਫ਼ ਹੈਲਥ ਸਾਇੰਸਿਜ ਵੱਲੋਂ ਦਾਖਲੇ ਲਈ ਅਰਜ਼ੀ ਲੈਣ ਦੀ ਮਿਤੀ 'ਚ ਵਾਧਾ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)**-ਬਾਬਾ ਫ਼ਰੀਦ ਯੂਨੀਵਰਸਿਟੀ ਆਫ਼ ਹੈਲਥ ਸਾਇੰਸਿਜ ਦੇ ਵਾਈਸ ਚਾਂਸਲਰ ਪ੍ਰੋ. ਡਾ. ਰਾਜੀਵ ਸੂਦ ਦੀ ਰਹਿਨੁਮਾਈ ਹੇਠ ਅਤੇ ਰਜਿਸਟਰਾਰ ਡਾ. ਦੀਪਕ ਜੌਹਨ ਭੱਟੀ ਦੇ ਹੁਕਮਾਂ ਅਨੁਸਾਰ ਬੀਤੇ ਦਿਨੀਂ ਆਈ ਯੂਨੀਵਰਸਿਟੀ ਦੀ ਵੈੱਬਸਾਈਟ 'ਤੇ ਤਕਨੀਕੀ ਸਰਵਰ ਸਮੱਸਿਆਵਾਂ ਆ ਗਈਆਂ ਹਨ, ਜਿਸ ਕਾਰਨ ਵੈਬਸਾਈਟ ਕੰਮ ਨਹੀਂ ਕਰ ਰਹੀ ਹੈ।ਇਸ ਲਈ ਵੈਬਸਾਈਟ ਨੂੰ ਅਸਥਾਈ ਤੌਰ 'ਤੇ ਮੁਅੱਤਲ ਕਰ ਦਿੱਤਾ ਗਿਆ ਹੈ।ਵੈੱਬਸਾਈਟ 'ਤੇ ਕੰਮਕਾਜ ਜਲਦੀ ਹੀ ਮੁੜ ਸ਼ੁਰੂ ਹੋ ਜਾਵੇਗਾ।ਇਸ ਲਈ ਹੇਠ ਦਰਸਾਏ ਅਨੁਸਾਰ ਕੋਰਸਾਂ ਦੇ ਦਾਖਲੇ ਲਈ ਅਰਜੀਆਂ ਲੈਣ ਦੀ ਮਿਤੀ ਵਿੱਚ ਵਾਧਾ ਕਰ ਦਿੱਤਾ ਹੈ।ਬੀਐੱਸਸੀ ਨਰਸਿੰਗ ਦੇ ਆਨਲਾਈਨ ਅਰਜ਼ੀਆਂ ਜਮ੍ਹਾਂ ਕਰਾਉਣ ਦੀ ਆਖਰੀ ਮਿਤੀ 5 ਜੂਨ ਤੇ ਆਨਲਾਈਨ ਫੀਸ ਜਮਾਂ ਕਰਾਉਣ ਦੀ ਆਖਰੀ ਮਿਤੀ 6 ਜੂਨ ਕਰ ਦਿੱਤੀ ਗਈ ਹੈ।ਬੀਪੀਟੀ, ਬੀਐਮਐਲਟੀ, ਬੀਐੱਸਸੀ (ਏਪੀਬੀ) 10 ਜੂਨ ਤੇ ਆਨਲਾਈਨ ਫੀਸ ਜਮ੍ਹਾਂ ਕਰਾਉਣ ਦੀ ਆਖਰੀ ਮਿਤੀ 11 ਜੂਨ ਕੀਤੀ ਗਈ ਹੈ।ਬੀਐੱਸਸੀ, ਪੈਰਾ-ਮੈਡੀਕਲ ਕੋਰਸਾਂ ਲਈ 13 ਜੂਨ ਤੇ ਆਨਲਾਈਨ ਫ਼ੀਸ ਜਮ੍ਹਾਂ ਕਰਾਉਣ ਦੀ ਆਖਰੀ ਮਿਤੀ 14 ਜੂਨ ਕਰ ਦਿੱਤੀ ਗਈ ਹੈ।

## ਡੋਰ-ਟੂ-ਡੋਰ ਵੋਟਾਂ ਮੰਗੀਆਂ



**ਜਗਰਾਉਂ (ਅਮਿਤ ਖੰਨਾ)**-ਆਮ ਆਦਮੀ ਪਾਰਟੀ ਦੇ ਉਮੀਦਵਾਰ ਅਸ਼ੋਕ ਪਰਾਸ਼ਰ ਪੱਪੀ ਦੇ ਹੱਕ 'ਚ ਵਿਧਾਇਕਾ ਸਰਵਜੀਤ ਕੌਰ ਮਾਣੂੰਕੇ ਵੱਲੋਂ ਸ਼ੁਰੂ ਕੀਤੀ ਪ੍ਰਚਾਰ ਮੁਹਿੰਮ ਤਹਿਤ ਡੋਰ ਟੂ ਡੋਰ ਵੋਟਾਂ ਮੰਗੀਆਂ।ਉਨ੍ਹਾਂ ਸ਼ਹਿਰ ਦੇ ਵਾਰਡ-9 'ਚ ਘਰ-ਘਰ ਵੋਟਰਾਂ ਨੂੰ ਮਿਲਦਿਆਂ ਵਿਧਾਨ ਸਭਾ ਚੋਣਾਂ ਵਾਂਗ ਹੀ ਲੋਕ ਸਭਾ ਚੋਣਾਂ ਜਿਤਾਉਣ ਲਈ ਆਮ ਆਦਮੀ ਪਾਰਟੀ ਦੇ ਉਮੀਦਵਾਰ ਪੱਪੀ ਪਰਾਸ਼ਰ ਨੂੰ ਵੋਟ ਪਾਉਣ ਦੀ ਅਪੀਲ ਕੀਤੀ।ਇਸ ਮੌਕੇ ਵਿਧਾਇਕਾ ਸਰਵਜੀਤ ਕੌਰ ਮਾਣੂੰਕੇ ਨੇ ਕਿਹਾ ਕਿ ਜਗਰਾਉਂ ਆਮ ਆਦਮੀ ਪਾਰਟੀ ਦਾ ਗੜ੍ਹ ਹੈ, ਪਿਛਲੇ 7 ਸਾਲ ਤੋਂ ਜਗਰਾਉਂ ਦੇ ਲੋਕਾਂ ਨੇ ਜਿੱਥੇ 2 ਵਾਰ ਉਨ੍ਹਾਂ ਨੂੰ ਰਿਕਾਰਡ ਤੋੜ ਵੋਟਾਂ ਨਾਲ ਜਿਤਾਇਆ, ਉਥੇ ਇਸ ਵਾਰ ਲੋਕ ਸਭਾ ਚੋਣਾਂ 'ਚ ਵੀ ਪਾਰਟੀ ਉਮੀਦਵਾਰ ਪੱਪੀ ਪਰਾਸ਼ਰ ਨੂੰ ਜਿਤਾਉਣ ਲਈ ਵੱਡਾ ਯੋਗਦਾਨ ਪਾਉਣਗੇ।ਉਨ੍ਹਾਂ ਕਿਹਾ ਉਹ ਖੁਦ ਜਿੱਥੇ ਚੋਣ ਪ੍ਰਚਾਰ 'ਚ ਰੋਜ਼ਾਨਾ ਮੀਟਿੰਗਾਂ ਕਰ ਰਹੇ ਹਨ, ਉਥੇ ਪਾਰਟੀ ਦਾ ਇੱਕ-ਇੱਕ ਵਲੰਟੀਅਰ ਪੱਪੀ ਪਰਾਸ਼ਰ ਦੇ ਹੱਕ 'ਚ ਨਿੱਤਰਿਆ ਹੋਇਆ ਹੈ।

## ਬਿਜਲੀ ਤੇ ਪਾਣੀ ਦੀ ਬੱਚਤ ਲਈ ਝੋਨੇ ਦੀ ਸਿੱਧੀ ਬਿਜਾਈ

**ਫ਼ਾਜ਼ਿਲਕਾ (ਨਿਸ਼ਾ ਸ਼ਰਮਾ)**-ਡਿਪਟੀ ਕਮਿਸ਼ਨਰ ਡਾ. ਸੇਨੂ ਦੁੱਗਲ ਨੇ ਦੱਸਿਆ ਕਿ ਸਾਉਣੀ ਦੌਰਾਨ ਮੁੱਖ ਫ਼ਸਲ ਝੋਨੇ ਦਾ ਜ਼ਿਆਦਾਤਰ ਰਕਬਾ ਕੱਦੂ ਕਰਕੇ ਬੀਜਿਆ ਜਾਂਦਾ ਹੈ, ਜਿਸ ਨਾਲ ਜ਼ਮੀਨਦੋਜ਼ ਪਾਣੀ ਦੀ ਖਪਤ ਤੇ ਬਿਜਲੀ ਦੀ ਖਪਤ ਵੀ ਜ਼ਿਆਦਾ ਹੁੰਦੀ ਹੈ।ਤਰ ਵੱਤਰ ਤਕਨੀਕ ਰਾਹੀਂ ਝੋਨੇ ਦੀ ਸਿੱਧੀ ਬਿਜਾਈ ਉਨ੍ਹਾਂ ਤਕਨੀਕਾਂ ਵਿੱਚੋਂ ਹੈ, ਜੋ ਪਾਣੀ ਦੇ ਡਿੱਗ ਰਹੇ ਪੱਧਰ ਨੂੰ ਠੱਲ੍ਹ ਪਾਉਣ, ਬਿਜਲੀ ਦੀ ਖਪਤ ਨੂੰ ਘਟਾਉਣ ਤੇ ਖੇਤੀ ਕਾਮਿਆਂ ਦੀ ਆ ਰਹੀਂ ਘਾਟ ਨੂੰ ਹੱਲ ਕਰਨ ਦੀ ਸਮਰੱਥਾ ਰੱਖਦੀ ਹੈ।ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਨੇ ਦੱਸਿਆ ਕਿ ਇਸ ਤਕਨੀਕ ਦੀ ਸਿਫ਼ਾਰਸ਼ ਸਾਲ 2020 ਵਿੱਚ ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ ਵੱਲੋਂ ਕੀਤੀ ਗਈ ਸੀ।

ਉਨ੍ਹਾਂ ਦੱਸਿਆ ਕਿ ਕਿਸਾਨਾਂ ਨੂੰ ਸਾਲ 2024-25 ਦੌਰਾਨ ਝੋਨੇ ਦੀ ਸਿੱਧੀ ਬਿਜਾਈ ਦੀ ਸਿਫ਼ਾਰਸ਼ 15 ਤੋਂ 31 ਮਈ ਤੱਕ ਕੀਤੀ ਗਈ ਹੈ।ਉਨ੍ਹਾਂ ਕਿਹਾ ਕਿ ਝੋਨੇ ਦੀ ਸਿਧੀ ਬਿਜਾਈ ਦੀ ਤਕਨੀਕ ਦਾ ਅਸਰ ਵੀ ਦੇਖਣ ਨੂੰ ਮਿਲਿਆ ਹੈ।ਉਨ੍ਹਾਂ ਕਿਹਾ ਕਿ ਸਾਲ 2023-24 ਦੌਰਾਨ 32710 ਏਕੜ ਦਾ ਟੀਚਾ ਫ਼ਾਜ਼ਿਲਕਾ ਜ਼ਿਲ੍ਹੇ ਨੂੰ ਦਿੱਤਾ ਗਿਆ ਸੀ ਤੇ 36500 ਏਕੜ ਰਕਬੇ ਵਿੱਚ ਝੋਨੇ ਦੀ ਸਿੱਧੀ ਬਿਜਾਈ ਕੀਤੀ ਗਈ ਸੀ।ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਖੇਤੀ ਖਰਚੇ ਘਟਾਉਣ ਤੇ ਪਾਣੀ ਦੀ ਬੱਚਤ ਲਈ ਵੱਧ ਤੋਂ ਵੱਧ ਝੋਨੇ ਦੀ ਸਿੱਧੀ ਬਿਜਾਈ ਤਕਨੀਕ ਨੂੰ ਅਪਨਾਇਆ ਜਾਵੇ।

## ਬਲੌਜ਼ਮਜ਼ ਸਕੂਲ 'ਚ ਅਧਿਆਪਕਾਂ ਲਈ ਵਿਸ਼ੇਸ਼ ਵਰਕਸ਼ਾਪ



**ਜਗਰਾਉਂ (ਅਮਿਤ ਖੰਨਾ)**-ਬਲੌਜ਼ਮਜ਼ ਕਾਨਵੈਂਟ ਸਕੂਲ ਵਿਖੇ ਵਿਦਿਆਰਥੀਆਂ ਦੇ ਸਰਬ-ਪੱਖੀ ਵਿਕਾਸ ਲਈ ਸਕੂਲ ਦੇ ਵਾਈਸ ਪ੍ਰਿੰਸੀਪਲ ਮਿਸਿਜ਼ ਰੰਜਨਾ ਕੌਸ਼ਲ ਵੱਲੋਂ ਅਧਿਆਪਕਾਂ ਲਈ ਕਲਾਸ ਰੂਮ ਮੈਨੇਜਮੈਂਟ ਵਿਸ਼ੇ 'ਤੇ ਇੱਕ ਵਰਕਸ਼ਾਪ ਲਗਾਈ ਗਈ, ਜਿਸ ਵਿੱਚ ਉਨ੍ਹਾਂ ਨੇ ਅਧਿਆਪਕ ਵਰਗ ਨੂੰ ਕਲਾਸ ਰੂਮ ਵਿੱਚ ਪੜ੍ਹਾਉਣ ਸਮੇਂ ਆਉਣ ਵਾਲੀਆਂ ਕਈ ਤਰ੍ਹਾਂ ਦੀਆਂ ਮੁਸ਼ਕਲਾਂ ਦਾ ਸੌਖੇ ਤਰੀਕੇ ਨਾਲ ਹੱਲ ਕੱਢਣਾ ਸਿਖਾਇਆ। ਉਨ੍ਹਾਂ ਇਸ ਦੌਰਾਨ ਬਹੁਤ ਸਾਰੀਆਂ ਅਜਿਹੀਆਂ ਗਤੀਵਿਧੀਆਂ ਵੀ ਸਿਖਾਈਆਂ, ਜੋ ਕਿ ਪ੍ਰੇਰਨਾ ਸਰੋਤ ਸਾਬਿਤ ਹੋਈਆਂ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਡਾਕਟਰ ਅਮਰਜੀਤ ਕੌਰ ਨਾਜ ਨੇ ਉਨ੍ਹਾਂ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਅੱਜ ਦੇ ਸਮੇਂ ਦੇ ਵਿਦਿਆਰਥੀਆਂ ਨੂੰ ਪੜ੍ਹਾਉਣ ਲਈ ਇੱਕ ਅਧਿਆਪਕ ਦਾ ਬਹੁ-ਗੁਣੀ ਹੋਣਾ ਬਹੁਤ ਜ਼ਰੂਰੀ ਹੁੰਦਾ ਹੈ। ਇਸ ਮੌਕੇ ਸਕੂਲ ਦੇ ਚੇਅਰਮੈਨ ਹਰਭਜਨ ਸਿੰਘ, ਜੌਹਲ ਪ੍ਰੈਜ਼ੀਡੈਂਟ ਮਨਪ੍ਰੀਤ ਸਿੰਘ ਬਰਾੜ ਨੇ ਵੀ ਇਸ ਦੀ ਸ਼ਲਾਘਾ ਕੀਤੀ।

## ਕਹਾਣੀਕਾਰ ਜਸਵਿੰਦਰ ਧਰਮਕੋਟ ਦਾ ਸਨਮਾਨ



**ਧਰਮਕੋਟ (ਗੁਰਦੀਪ ਸਿੰਘ ਭੁੱਲਰ)**

ਕਹਾਣੀਕਾਰ ਜਸਵਿੰਦਰ ਧਰਮਕੋਟ, ਜੋ ਕਿ ਆਪਣੇ ਪਹਿਲੇ ਕਹਾਣੀ ਸੰਗ੍ਰਹਿ ਮੈਲਾਨਿਨ ਤੇ ਉਰਮਿਲਾ ਆਨੰਦ ਪੁਰਸਕਾਰ ਕਾਰਨ ਚਰਚਾ ਵਿੱਚ ਹਨ, ਦੇ ਸਨਮਾਨ ਵਿੱਚ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਧਰਮਕੋਟ ਵਿਖੇ ਇੱਕ ਵਿਸ਼ੇਸ਼ ਸਮਾਰੋਹ ਕੀਤਾ ਗਿਆ।ਇਸ ਪ੍ਰੋਗਰਾਮ ਵਿੱਚ ਸਕੂਲ ਇੰਚਾਰਜ ਇੰਦਰਜੀਤ ਸਿੰਘ ਵੱਲੋਂ ਜਸਵਿੰਦਰ ਧਰਮਕੋਟ ਦੇ ਲੇਖਨ ਤੇ ਅਧਿਆਪਨ ਸਫ਼ਰ ਬਾਰੇ ਜਾਣਕਾਰੀ ਸਾਂਝੀ ਕੀਤੀ ਗਈ।ਸ਼੍ਰੀਮਤੀ ਬਿਮਲ ਕੌਰ ਪੰਜਾਬੀ ਲੈਕਚਰਾਰ ਵੱਲੋਂ ਕਹਾਣੀ ਸੰਗ੍ਰਹਿ ਮੈਲਾਨਿਨ ਦੀਆਂ ਕਹਾਣੀਆਂ ਬਾਰੇ ਵਿਸਤ੍ਰਿਤ ਚਰਚਾ ਕੀਤੀ ਗਈ।ਉਨ੍ਹਾਂ ਕਿਹਾ ਕਿ ਇਸ ਸੰਗ੍ਰਹਿ ਦੀਆਂ ਸਾਰੀਆਂ ਕਹਾਣੀਆਂ ਜਿੱਥੇ ਬਹੁਤ ਹੀ ਰੌਚਕ ਤੇ ਭਾਵੁਕ ਹਨ, ਉੱਥੇ ਇਨ੍ਹਾਂ ਵਿੱਚ ਮਨੋਵਿਗਿਆਨ ਦੀਆਂ ਮਹੀਨ ਤੰਦਾਂ ਨੂੰ ਬੜੀ ਬਾਰੀਕੀ ਨਾਲ ਫੜਿਆ ਗਿਆ ਹੈ।ਕਹਾਣੀ ਸੰਗ੍ਰਹਿ ਦੀਆਂ ਅੱਠੇ ਕਹਾਣੀਆਂ ਹੀ ਆਪਣਾ ਵਿਸ਼ੇਸ਼ ਪ੍ਰਭਾਵ ਸਿਰਜਦੀਆਂ ਪਾਠਕ ਮਨਾਂ ਅੰਦਰ ਡੂੰਘੀਆਂ ਉੱਤਰ ਜਾਂਦੀਆਂ ਹਨ।ਕੈਂਪਸ ਮੈਨੇਜਰ ਬਰਿੰਦਰਜੀਤ ਸਿੰਘ ਵੱਲੋਂ ਜਸਵਿੰਦਰ ਧਰਮਕੋਟ ਦੀਆਂ ਸਾਹਿਤਕ ਰੁਚੀਆਂ ਤੇ ਉਨ੍ਹਾਂ ਨਾਲ ਬਿਤਾਏ ਸਫ਼ਰ ਦੀਆਂ ਯਾਦਾਂ ਸਾਂਝੀਆਂ ਕੀਤੀਆਂ ਗਈਆਂ।ਰੂਬਰੂ ਦੌਰਾਨ ਕਹਾਣੀਕਾਰ ਜਸਵਿੰਦਰ ਧਰਮਕੋਟ ਨੇ ਪੰਜਾਬੀ ਦੇ ਯੁੱਗਕਵੀ ਪਦਮਸ਼੍ਰੀ ਸੁਰਜੀਤ ਪਾਤਰ ਦੇ ਵਿਛੋੜੇ 'ਤੇ ਡੂੰਘੀ ਸੰਵੇਦਨਾ ਪ੍ਰਗਟ ਕਰਨ ਮਗਰੋਂ ਮੈਲਾਨਿਨ ਕਹਾਣੀ ਸੰਗ੍ਰਹਿ ਦੀਆਂ ਕਹਾਣੀਆਂ, ਉਨ੍ਹਾਂ ਦੀ ਸਿਰਜਣ ਪ੍ਰਕਿਰਿਆ ਤੇ ਉਰਮਿਲਾ ਆਨੰਦ ਪੁਰਸਕਾਰ ਦੀ ਚੋਣ ਬਾਰੇ ਗੱਲਬਾਤ ਸਾਂਝੀ ਕੀਤੀ।ਉਨ੍ਹਾਂ ਇਸ ਸਮਾਰੋਹ ਲਈ ਸਮੁੱਚੇ ਸਕੂਲ ਸਟਾਫ਼ ਦਾ ਧੰਨਵਾਦ ਕਰਦਿਆਂ ਸਕੂਲ ਸਟਾਫ਼ ਦੀ ਮਿਹਨਤ ਦੀ ਸ਼ਲਾਘਾ ਵੀ ਕੀਤੀ।ਪ੍ਰੋਗਰਾਮ ਦੇ ਅੰਤ ਵਿੱਚ ਸਮੂਹ ਸਕੂਲ ਸਟਾਫ਼ ਵੱਲੋਂ ਜਸਵਿੰਦਰ ਧਰਮਕੋਟ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।ਇਸ ਸਮਾਰੋਹ ਵਿੱਚ ਪੰਜਾਬੀ ਲੈਕਚਰਾਰ ਸ਼੍ਰੀਮਤੀ ਅਮਨਦੀਪ ਕੌਰ, ਕਲਰਕ ਰਾਕੇਸ਼ ਗੁਪਤਾ, ਹਿੰਦੀ ਮਿਸਟ੍ਰੈਸ ਨੇਹਾ ਤੇ ਸਟਾਫ਼ ਮੈਂਬਰ ਹਾਜ਼ਰ ਸਨ।

## ਸੁਖਬੀਰ ਬਾਦਲ ਦਾ ਮੋਮੀ ਨੇ ਕੀਤਾ ਸਨਮਾਨ



**ਟਾਂਡਾ ਉੜਮੁੜ (ਓਂਕਾਰ ਸਿੰਘ, ਜਸਵਿੰਦਰ ਸੰਧੂ)**

ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਟਾਂਡਾ ਫੇਰੀ ਮੌਕੇ ਸ਼੍ਰੋਮਣੀ ਅਕਾਲੀ ਦਲ ਐਸ ਸੀ ਵਿੰਗ ਦੇ ਸੀਨੀਅਰ ਦਲਿਤ ਆਗੂ ਸਰਬਜੀਤ ਸਿੰਘ ਮੋਮੀ ਵੱਲੋਂ ਆਪਣੇ ਸਾਥੀਆਂ ਸਮੇਤ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ। ਇਸ ਮੌਕੇ 'ਤੇ ਉਹਨਾਂ ਦੇ ਨਾਲ ਸੀਨੀਅਰ ਅਕਾਲੀ ਆਗੂ ਵਰਿੰਦਰ ਸਿੰਘ ਜੀਆ ਨੱਥਾ ,ਬਲਾਕ ਸੰਮਤੀ ਮੈਂਬਰ ਰਤਨ ਸਿੰਘ ਖੁੱਡਾ, ਸੁਰਜੀਤ ਸਿੰਘ ਕਾਲਾ ਮੂਨਕਾ, ਜਸਪਾਲ ਸਿੰਘ ਕਾਲਾ ਬਸੀ ਜਲਾਲ, ਅਮਰਜੀਤ ਕਾਲਸੀਆ ,ਕੁਲਜੀਤ ਕੁਮਾਰ ਲੱਕੀ ਮੂਨਕਾ ਤੋਂ ਇਲਾਵਾ ਹੋਰ ਐਸ ਸੀ ਵਿੰਗ ਦੇ ਆਗੂ ਤੇ ਵਰਕਰ ਵੀ ਹਾਜ਼ਰ ਸਨ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ, ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਅਰਵਿੰਦਰ ਸਿੰਘ ਰਸੂਲਪੁਰ , ਜ਼ਿਲ੍ਹਾ ਪ੍ਰਧਾਨ ਲਖਵਿੰਦਰ ਸਿੰਘ ਲੱਖੀ, ਸਾਬਕਾ ਮੰਤਰੀ ਚੌਧਰੀ ਬਲਵੀਰ ਸਿੰਘ ਮਿਆਣੀ, ਡਾਕਟਰ ਜਸਵਿੰਦਰ ਸਿੰਘ ਖੁਣ ਖੁਣ ਕਲਾਂ, ਜਤਿੰਦਰ ਸਿੰਘ ਲਾਲੀ ਬਾਜਵਾ ਅਤੇ ਹੋਰ ਸੀਨੀਅਰ ਅਕਾਲੀ ਆਗੂ ਹਾਜ਼ਰ ਸਨ।

ਇਸ ਮੌਕੇ ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਹਰੇਕ ਵਰਗ ਦਾ ਸਤਿਕਾਰ ਕਰਦਾ ਹੈ ਅਤੇ ਪਾਰਟੀ ਵਿੱਚ ਇਮਾਨਦਾਰੀ ਨਾਲ ਕੰਮ ਕਰਨ ਵਾਲੇ ਹਰੇਕ ਵਰਗ ਦੇ ਆਗੂਆਂ ਅਤੇ ਵਰਕਰਾਂ ਨੂੰ ਸਮੇਂ ਸਮੇਂ ਸਿਰ ਬਣਦਾ ਮਾਣ ਸਤਿਕਾਰ ਦਿੱਤਾ ਜਾਵੇਗਾ।

## ਤਿੰਨ ਕਿਲੋਮੀਟਰ ਏਰੀਆ ਡਰਾਈ ਡੇਅ ਐਲਾਨਿਆ

**ਮਾਨਸਾ (ਆਤਮਾ ਸਿੰਘ ਪਮਾਰ)**-ਜ਼ਿਲ੍ਹਾ ਮੈਜਿਸਟ੍ਰੇਟ-ਕਮ-ਡਿਪਟੀ ਕਮਿਸ਼ਨਰ ਸ੍ਰੀ ਪਰਮਵੀਰ ਸਿੰਘ ਨੇ ਪੰਜਾਬ ਆਬਕਾਰੀ ਐਕਟ 1914 ਦੀ ਧਾਰਾ 54 ਅਤੇ ਲੋਕ ਪ੍ਰਤੀਨਿਧਤਾ ਐਕਟ, 1951 ਦੇ ਸੈਕਸ਼ਨ 135 ਸੀ ਦੇ ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ 23 ਮਈ, 2024 ਨੂੰ ਸ਼ਾਮ 06 ਵਜੇ ਤੋਂ ਲੈ ਕੇ 25 ਮਈ ਸ਼ਾਮ ਨੂੰ ਪੋਲਿੰਗ ਮੁਕੰਮਲ ਹੋਣ ਤੱਕ ਹਰਿਆਣਾ ਰਾਜ ਦੇ ਬਾਰਡਰ ਤੋਂ ਇਸ ਜ਼ਿਲ੍ਹੇ ਵਿੱਚ ਆਉਂਦੇ 03 ਕਿਲੋਮੀਟਰ ਦੇ ਏਰੀਆ 'ਚ ਡਰਾਈ ਡੇਅ ਘੋਸ਼ਿਤ ਕੀਤਾ ਹੈ।ਇਸੇ ਤਰ੍ਹਾਂ ਮਾਨਸਾ ਜ਼ਿਲ੍ਹੇ ਵਿੱਚ 01 ਜੂਨ ਨੂੰ ਹੋਣ ਵਾਲੀਆਂ ਲੋਕ ਸਭਾ ਚੋਣਾਂ ਦੇ ਮੱਦੇਨਜ਼ਰ 30 ਮਈ ਨੂੰ ਸ਼ਾਮ 06 ਵਜੇ ਤੋਂ 01 ਜੂਨ ਤੱਕ ਸ਼ਾਮ ਨੂੰ ਪੋਲਿੰਗ ਮੁਕੰਮਲ ਹੋਣ ਤੱਕ ਤੇ ਵੋਟਾਂ ਦੀ ਗਿਣਤੀ ਵਾਲੇ ਦਿਨ 04 ਜੂਨ ਨੂੰ ਜ਼ਿਲ੍ਹੇ ਦੀ ਹਦੂਦ ਅੰਦਰ ਡਰਾਈ ਡੇਅ ਘੋਸ਼ਿਤ ਕੀਤਾ ਗਿਆ ਹੈ। ਇਨ੍ਹਾਂ ਮਿਤੀਆਂ ਨੂੰ ਸ਼ਰਾਬ ਦੇ ਠੇਕੇ/ਅਹਾਤੇ ਖੁੱਲ੍ਹੇ ਨਹੀਂ ਹੋਣਗੇ।ਇਸ ਤੋਂ ਇਲਾਵਾ ਸ਼ਰਾਬ ਹੋਟਲਾਂ, ਠੇਕਿਆਂ, ਰੈਸਟੋਰੈਂਟਾਂ ਤੇ ਕਲੱਬਾਂ ਆਦਿ ਵਿੱਚ ਵੇਚੀ ਤੇ ਵਰਤਾਈ ਨਹੀਂ ਜਾਵੇਗੀ ਅਤੇ ਕੋਈ ਵੀ ਵਿਅਕਤੀ ਸ਼ਰਾਬ ਦੀ ਸਟੋਰੇਜ ਨਹੀਂ ਕਰੇਗਾ।ਇਸ ਲਈ ਅਮਨ ਤੇ ਕਾਨੂੰਨ ਦੀ ਸਥਿਤੀ ਨੂੰ ਮੁੱਖ ਰੱਖਦੇ ਹੋਏ ਜ਼ਿਲ੍ਹੇ ਵਿੱਚ ਡਰਾਈ ਡੇਅ ਘੋਸ਼ਿਤ ਕੀਤਾ ਜਾਣਾ ਜ਼ਰੂਰੀ ਹੈ।

## ਸੁਰੱਖਿਅਤ ਮਾਤ੍ਰਤਵ ਅਭਿਆਨ ਤਹਿਤ ਗਰਭਵਤੀਆਂ ਦਾ ਵਿਸ਼ੇਸ਼ ਮੈਡੀਕਲ ਚੈੱਕਅੱਪ



**ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਹਾਈ ਰਿਸਕ ਗਰਭਵਤੀ ਔਰਤਾਂ ਨੂੰ ਸਮੇਂ ਤੋਂ ਪਹਿਲਾਂ ਪਛਾਨਣ ਤੇ ਸਮਾਂ ਰਹਿੰਦਿਆਂ ਉਨ੍ਹਾਂ ਦਾ ਇਲਾਜ ਕਰਨ ਦੇ ਮੰਤਵ ਨਾਲ ਸਿਹਤ ਤੇ ਪਰਵਾਰ ਭਲਾਈ ਵਿਭਾਗ ਵੱਲੋਂ ਹਰ ਮਹੀਨੇ ਦੀ 9 ਅਤੇ 23 ਤਰੀਕ ਨੂੰ ਸੁਰੱਖਿਅਤ ਮਾਤ੍ਰਤਵ ਅਭਿਆਨ ਮਨਾਇਆ ਜਾਂਦਾ ਹੈ, ਜਿਸ ਦੀ ਕੜੀ ਵਜੋਂ ਸਿਵਲ ਸਰਜਨ ਡਾ. ਦਵਿੰਦਰਜੀਤ ਕੌਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਜ਼ਿਲ੍ਹੇ ਦੀਆਂ ਸਾਰੀਆਂ ਸਿਹਤ ਸੰਸਥਾਵਾਂ ਵਿੱਚ ਸੁਰੱਖਿਅਤ ਮਾਤ੍ਰਤਵ ਅਭਿਆਨ ਤਹਿਤ ਗਰਭਵਤੀਆਂ ਦਾ ਵਿਸ਼ੇਸ਼ ਮੈਡੀਕਲ ਚੈੱਕਅਪ ਕੀਤਾ ਗਿਆ ਤੇ ਉਨ੍ਹਾਂ ਨੂੰ ਰਿਫ਼ਰੈਸ਼ਮੈਂਟ ਵੀ ਦਿੱਤੀ ਗਈ।ਜ਼ਿਲ੍ਹਾ ਹਸਪਤਾਲ ਵਿਖੇ ਲਾਏ ਗਏ ਵਿਸ਼ੇਸ਼ ਮੈਡੀਕਲ ਚੈੱਕਅਪ ਕੈਂਪ ਦੌਰਾਨ ਜਾਣਕਾਰੀ ਦਿੰਦੇ ਹੋਏ ਸਿਵਲ ਸਰਜਨ ਡਾ. ਦਵਿੰਦਰਜੀਤ ਕੌਰ ਨੇ ਦੱਸਿਆ ਕਿ ਵਿਭਾਗ ਵੱਲੋਂ ਇਸ ਅਭਿਆਨ ਤਹਿਤ ਹਰੇਕ ਗਰਭਵਤੀ ਦਾ ਵਿਸ਼ੇਸ਼ ਐਂਟੀਨੇਟਲ ਚੈੱਕਅਪ ਕੀਤਾ ਜਾਂਦਾ ਹੈ, ਤਾਂ ਜੁ ਹਾਈ ਰਿਸਕ ਪ੍ਰੈਗਨੇਂਸੀ ਦੀ ਜਲਦ ਤੋਂ ਜਲਦ ਪਛਾਣ ਕਰ ਕੀਤੀ ਜਾ ਸਕੇ ਤੇ ਸਮਾਂ ਰਹਿੰਦੇ ਜ਼ੋਖ਼ਮ ਨੂੰ ਘਟਾਇਆ ਜਾ ਸਕੇ।

ਉਨ੍ਹਾਂ ਗਰਭਵਤੀ ਔਰਤਾਂ ਨੂੰ ਆਪਣੀ ਸਿਹਤ ਸੰਭਾਲ ਸਬੰਧੀ ਜਾਗਰੂਕ ਕੀਤਾ ਤੇ ਹੀਟ ਵੇਵ ਤੋਂ ਆਪਣੇ ਆਪ ਨੂੰ ਬਚਾਉਣ ਲਈ ਵੀ ਨੁਕਤੇ ਸਾਂਝੇ ਕੀਤੇ।ਉਨ੍ਹਾਂ ਨੂੰ ਸਿਹਤ ਸੰਸਥਾਵਾਂ ਵਿੱਚ ਮਿਲ ਰਹੀਆਂ ਸਿਹਤ ਸੇਵਾਵਾਂ ਲੈਣ ਅਤੇ ਸੰਸਥਾਗਤ ਜਣੇਪਾ ਕਰਾਉਣ ਲਈ ਉਤਸ਼ਾਹਤ ਕੀਤਾ।ਉਨ੍ਹਾਂ ਕਿਹਾ ਕਿ ਵਿਭਾਗ ਦੀਆਂ ਹਦਾਇਤਾ ਅਨੁਸਾਰ ਗਰਭਵਤੀਆਂ ਨੂੰ ਅਲਟ੍ਰਾਸਾਊਂਡ, ਲੋੜੀਂਦੇ ਮੈਡੀਕਲ ਲੈਬੋਰਟਰੀ ਟੈੱਸਟ ਤੇ ਮੈਡੀਕਲ ਟੈੱਸਟ ਤੋਂ ਇਲਾਵਾ ਉਨ੍ਹਾਂ ਦੇ ਨਵਜੰਮੇ ਬੱਚੇ ਜਿਵੇਂ ਲੜਕੇ ਦਾ 1 ਸਾਲ ਤੱਕ ਤੇ ਲੜਕੀਆਂ ਦਾ 5 ਸਾਲ ਤੱਕ ਦੀ ਉਮਰ ਤੱਕ ਇਲਾਜ ਵੀ ਸਿਹਤ ਸੰਸਥਾਵਾਂ ਵਿੱਚ ਕੀਤਾ ਜਾਂਦਾ ਹੈ, ਬਾਰੇ ਜਾਣਕਾਰੀ ਦਿੱਤੀ।


**SMFG IndiaCredit — SMFG INDIA CREDIT COMPANY LIMITED**
**(formerly Fullerton India Credit Company Limited)**

ਕਾਰਪੋਰੇਟ ਆਫਿਸ : 10ਵੀਂ ਮੰਜ਼ਲ, ਆਫਿਸ ਨੰ. 101, 102 ਅਤੇ 103, 2 ਨਾਰਥ ਐਵੇਨਿਊ ਮੇਕਰ ਮੈਕਸਿਟੀ, ਬਾਂਦਰਾ ਕੁਰਲਾ ਕੰਪਲੈਕਸ, ਬਾਂਦਰਾ (ਈ) ਮੁੰਬਈ-400051

**ਅਚੱਲ ਜਾਇਦਾਦ ਦੀ ਵਿਕਰੀ ਲਈ ਵਿਕਰੀ ਨੋਟਿਸ**

ਸਕਿਊਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੀਆਂ ਵਿਵਸਥਾਵਾਂ ਅਧੀਨ ਰੂਲ 8 ਅਤੇ 9 ਨਾਲ ਪੜ੍ਹੇ ਜਾਂਦੇ ਸਕਿਉਰਿਟੀਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐਸਟਸ ਐਂਡ ਇਨਫੋਰਸਮੈਂਟ ਆਫ ਸਕਿਊਰਿਟੀ ਇੰਟਰੈਸਟ ਐਕਟ 2002 ਤਹਿਤ ਅਚੱਲ ਅਸਾਸਿਆਂ ਦੀ ਵਿਕਰੀ ਲਈ 30 ਦਿਨਾਂ ਦਾ ਨਿਲਾਮੀ ਨੋਟਿਸ।

ਆਮ ਕਰਕੇ ਜਨਤਾ ਅਤੇ ਖਾਸ ਕਰਕੇ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਇਸ ਦੁਆਰਾ ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਵਰਣਿਤ ਅਚੱਲ ਜਾਇਦਾਦਾਂ ਸਕਿਉਰਡ ਕ੍ਰੈਡਿਟਰ ਕੋਲ ਗਿਰਵੀ/ਚਾਰਜਡ ਹਨ, ਜਿਸ ਦਾ ਐੱਸ ਐੱਮ ਐੱਫ ਜੀ ਇੰਡੀਆ ਕ੍ਰੈਡਿਟ ਕੰਪਨੀ ਲਿਮ: (ਪਹਿਲਾਂ ਫੁਲਰਟੋਨ ਇੰਡੀਆ ਕ੍ਰੈਡਿਟ ਕੰਪ: ਲਿਮ:)/ਸਕਿਉਰਡ ਕ੍ਰੈਡਿਟਰ ਦਾ ਭੌਤਿਕ ਕਬਜ਼ਾ ਲੈ ਲਿਆ ਹੈ ਅਤੇ ਇਹਨਾਂ ਨੂੰ 'ਜਿਵੇਂ ਹੈ ਜਿੱਥੇ ਹੈ', 'ਜੋ ਹੈ ਜਿਵੇਂ ਹੈ' ਅਤੇ 'ਉੱਥੇ ਜੋ ਵੀ ਹੈ' 28.06.2024 ਨੂੰ ਸਵੇਰੇ 11.00 ਵਜੇ ਤੋਂ ਦੁਪਹਿਰ 1.00 ਵਜੇ (ਹਰੇਕ ਪੰਜ ਮਿੰਟ ਦੇ ਅਸੀਮਤ ਵਾਧੇ ਨਾਲ) ਰੁਪਏ 38,67,348.46/- (ਰੁਪਏ ਅਠੱਤੀ ਲੱਖ ਸਤਾਹਠ ਤਿੰਨ ਸੌ ਅਠਤਾਲੀ ਰੁਪਏ ਅਤੇ ਛਿਆਲੀ ਪੈਸੇ ਕੇਵਲ) 31 ਅਕਤੂਬਰ 2022 ਤੱਕ ਬਕਾਇਆ ਅਤੇ ਉਸ ਤੋਂ ਪ੍ਰਾਪਤ ਹੋਣ ਦੀ ਮਿਤੀ ਤੱਕ ਹੋਰ ਵਿਆਜ ਤੇ ਹੋਰ ਖਰਚਿਆਂ ਸਮੇਤ ਐੱਸ ਐੱਮ ਐੱਫ ਜੀ ਇੰਡੀਆ ਕ੍ਰੈਡਿਟ ਕੰਪਨੀ ਲਿਮਟਿਡ (ਪਹਿਲਾਂ ਫੁਲਰਟੋਨ ਇੰਡੀਆ ਕ੍ਰੈਡਿਟ ਕੰਪਨੀ ਲਿਮਟਿਡ)/ਸਕਿਉਰਡ ਕ੍ਰੈਡਿਟਰ ਨੂੰ ਕਰਜ਼ਦਾਰਾਂ ਅਤੇ ਗਰੰਟਰਾਂ ਅਰਥਾਤ 1) ਗੁਰੂ ਕਿਰਪਾ ਹੌਜ਼ਰੀ 2) ਗੁਰਦੀਪ ਸਿੰਘ 3) ਸੁਰਿੰਦਰ ਕੌਰ 4) ਅਰਵਿੰਦਰ ਕੌਰ ਨੂੰ ਅਦਾ ਕਰਨੇ ਹੋਣਗੇ। ਰਾਖਵੀਂ ਕੀਮਤ ਆਈ ਐੱਨ ਆਰ 29,00,000/- (ਰੁਪਏ ਉਨੱਤੀ ਲੱਖ ਕੇਵਲ) ਅਤੇ ਰਕਮ ਬਿਆਨਾ ਜਮ੍ਹਾਂ ਆਈ ਐੱਨ ਆਰ 2,90,000/- (ਰੁਪਏ ਦੋ ਲੱਖ ਨੱਬੇ ਹਜ਼ਾਰ ਕੇਵਲ) ਹੋਵੇਗੀ। ਈ ਐੱਮ ਡੀ ਜਮ੍ਹਾਂ ਕਰਨ ਦੀ ਆਖਰੀ ਮਿਤੀ 27.06.2024 ਹੈ। ਹੋਰ ਜਾਣਕਾਰੀ ਲਈ ਕਿਰਪਾ ਕਰਕੇ ਅਮੀਨ ਕੁਮਾਰ ameen.kumar@ smfgindia.com +91 8685987810 ਅਤੇ ਹਰਮਨੀ ਜੌਲੀ Harmani.jolly@smfgindia.com + 91 8655901470 'ਤੇ ਸੰਪਰਕ ਕੀਤਾ ਜਾਵੇ।

**ਅਚੱਲ ਜਾਇਦਾਦ ਦਾ ਵੇਰਵਾ :** ਜਾਇਦਾਦ ਪਲਾਟ ਨੰ. 98 ਏ, ਖਸਰਾ ਨੰ. 241-242-587/243, 250, ਖੱਤਾ ਨੰ. 796/821-839, ਜਮ੍ਹਾਂਬੰਦੀ ਸਾਲ 1995-96 ਵਾਕਿਆ-ਤਰਫ ਜਨਤਾ ਕਾਲੋਨੀ, ਜੋਧੇਵਾਲ ਬਸਤੀ, ਹੱਦਬਸਤ ਨੰ. 77, ਲੁਧਿਆਣਾ-141007

ਵਿਕਰੀ ਦੇ ਨਿਯਮ ਅਤੇ ਸ਼ਰਤਾਂ ਲਈ ਕ੍ਰਿਪਾ ਕਰਕੇ ਫੁਲਰਟੋਨ ਇੰਡੀਆ ਕ੍ਰੈਡਿਟ ਕੰਪਨੀ ਲਿਮ:/ਸਕਿਉਰਡ ਕ੍ਰੈਡਿਟਰ ਦੀ ਵੈੱਬਸਾਈਟ www.smfgindia.com/https://smfgindia.auctiontiger.net ਦੇ ਲਿੰਕ ਦਾ ਹਵਾਲਾ ਲਿਆ ਜਾ ਸਕਦਾ ਹੈ।

ਸਥਾਨ : ਲੁਧਿਆਣਾ, ਮਿਤੀ : 24.05.2024 ਸਹੀ/-ਅਧਿਕਾਰਤ ਅਫਸਰ
ਐੱਸ ਐੱਮ ਐੱਫ ਜੀ ਇੰਡੀਆ ਕ੍ਰੈਡਿਟ ਕੰਪਨੀ ਲਿਮ: (ਪਹਿਲਾਂ ਫੁਲਰਟੋਨ ਇੰਡੀਆ ਕ੍ਰੈਡਿਟ ਕੰਪ: ਲਿਮ:)



**SMFG IndiaCredit — SMFG INDIA CREDIT COMPANY LIMITED**
**(formerly Fullerton India Credit Company Limited)**

ਕਾਰਪੋਰੇਟ ਆਫਿਸ : 10ਵੀਂ ਮੰਜ਼ਲ, ਆਫਿਸ ਨੰ. 101, 102 ਅਤੇ 103, 2 ਨਾਰਥ ਐਵੇਨਿਊ ਮੇਕਰ ਮੈਕਸਿਟੀ, ਬਾਂਦਰਾ ਕੁਰਲਾ ਕੰਪਲੈਕਸ, ਬਾਂਦਰਾ (ਈ) ਮੁੰਬਈ-400051

**ਅਚੱਲ ਜਾਇਦਾਦ ਦੀ ਵਿਕਰੀ ਲਈ ਵਿਕਰੀ ਨੋਟਿਸ**

ਸਕਿਊਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੀਆਂ ਵਿਵਸਥਾਵਾਂ ਅਧੀਨ ਰੂਲ 8 ਅਤੇ 9 ਨਾਲ ਪੜ੍ਹੇ ਜਾਂਦੇ ਸਕਿਉਰਿਟੀਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐਸਟਸ ਐਂਡ ਇਨਫੋਰਸਮੈਂਟ ਆਫ ਸਕਿਊਰਿਟੀ ਇੰਟਰੈਸਟ ਐਕਟ 2002 ਤਹਿਤ ਅਚੱਲ ਅਸਾਸਿਆਂ ਦੀ ਵਿਕਰੀ ਲਈ 30 ਦਿਨਾਂ ਦਾ ਨਿਲਾਮੀ ਨੋਟਿਸ।

ਆਮ ਕਰਕੇ ਜਨਤਾ ਅਤੇ ਖਾਸ ਕਰਕੇ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਇਸ ਦੁਆਰਾ ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਵਰਣਿਤ ਅਚੱਲ ਜਾਇਦਾਦਾਂ ਸਕਿਉਰਡ ਕ੍ਰੈਡਿਟਰ ਕੋਲ ਗਿਰਵੀ/ਚਾਰਜਡ ਹਨ ਜਿਸ ਦਾ ਐੱਸ ਐੱਮ ਐੱਫ ਜੀ ਇੰਡੀਆ ਕ੍ਰੈਡਿਟ ਕੰਪਨੀ ਲਿਮ: (ਪਹਿਲਾਂ ਫੁਲਰਟੋਨ ਇੰਡੀਆ ਕ੍ਰੈਡਿਟ ਕੰਪ: ਲਿਮ:)/ਸਕਿਉਰਡ ਕ੍ਰੈਡਿਟਰ ਦਾ ਭੌਤਿਕ ਕਬਜ਼ਾ ਲੈ ਲਿਆ ਹੈ ਅਤੇ ਇਹਨਾਂ ਨੂੰ 'ਜਿਵੇਂ ਹੈ ਜਿੱਥੇ ਹੈ', 'ਜੋ ਹੈ ਜਿਵੇਂ ਹੈ' ਅਤੇ 'ਉੱਥੇ ਜੋ ਵੀ ਹੈ' 28.06.2024 ਨੂੰ ਸਵੇਰੇ 11.00 ਵਜੇ ਤੋਂ ਦੁਪਹਿਰ 1.00 ਵਜੇ (ਹਰੇਕ ਪੰਜ ਮਿੰਟ ਦੇ ਅਸੀਮਤ ਵਾਧੇ ਨਾਲ) ਰੁਪਏ 1,96,82,855 (ਰੁਪਏ ਇੱਕ ਕਰੋੜ ਛਿਆਨਵੇਂ ਲੱਖ ਬਿਆਸੀ ਹਜ਼ਾਰ ਅੱਠ ਸੌ ਪਚਵੰਜਾ ਕੇਵਲ) 10 ਅਕਤੂਬਰ 2022 ਤੱਕ ਬਕਾਇਆ ਅਤੇ ਉਸ ਤੋਂ ਪ੍ਰਾਪਤ ਹੋਣ ਦੀ ਮਿਤੀ ਤੱਕ ਹੋਰ ਵਿਆਜ ਤੇ ਹੋਰ ਖਰਚਿਆਂ ਸਮੇਤ ਐੱਸ ਐੱਮ ਐੱਫ ਜੀ ਇੰਡੀਆ ਕ੍ਰੈਡਿਟ ਕੰਪਨੀ ਲਿਮਟਿਡ (ਪਹਿਲਾਂ ਫੁਲਰਟੋਨ ਇੰਡੀਆ ਕ੍ਰੈਡਿਟ ਕੰਪਨੀ ਲਿਮਟਿਡ)/ਸਕਿਉਰਡ ਕ੍ਰੈਡਿਟਰ ਨੂੰ ਕਰਜ਼ਦਾਰਾਂ ਅਤੇ ਗਰੰਟਰਾਂ ਅਰਥਾਤ 1) ਮੈਸਰਜ਼ ਪੰਜਾਬ ਐਲੂਮੀਨੀਅਮ 2) ਸਿਮਰਜੀਤ ਸਿੰਘ 3) ਅਮਰਜੀਤ ਸਿੰਘ 4) ਭੁਪਿੰਦਰ ਕੌਰ 5) ਹਰਜੀਤ ਕੌਰ 6) ਕੁਲਵਿੰਦਰ ਕੌਰ ਨੂੰ ਅਦਾ ਕਰਨੇ ਹੋਣਗੇ।

ਰਾਖਵੀਂ ਕੀਮਤ ਆਈ ਐੱਨ ਆਰ 2,65,33,000/- (ਰੁਪਏ ਦੋ ਕਰੋੜ ਪੈਂਹਠ ਲੱਖ ਤੇਤੀ ਹਜ਼ਾਰ ਕੇਵਲ) ਜਾਇਦਾਦ 1 ਲਈ ਅਤੇ ਆਈ ਐਨ ਆਰ 24,00,000/- (ਰੁਪਏ ਚੌਵੀ ਲੱਖ ਕੇਵਲ) ਜਾਇਦਾਦ 2 ਲਈ ਹੋਵੇਗੀ ਅਤੇ ਰਕਮ ਬਿਆਨਾ ਜਮ੍ਹਾਂ ਆਈ ਐੱਨ ਆਰ 26,53,300/- (ਰੁਪਏ ਛੱਬੀ ਲੱਖ ਤਰਵੰਜਾ ਹਜ਼ਾਰ ਤਿੰਨ ਸੌ ਕੇਵਲ) ਜਾਇਦਾਦ 1 ਲਈ ਅਤੇ ਆਈ ਐਨ ਆਰ 2,40,000/- (ਰੁਪਏ ਦੋ ਲੱਖ ਚਾਲੀ ਹਜ਼ਾਰ ਕੇਵਲ) ਜਾਇਦਾਦ 2 ਲਈ ਹੋਵੇਗੀ। ਈ ਐੱਮ ਡੀ ਜਮ੍ਹਾਂ ਕਰਨ ਦੀ ਆਖਰੀ ਮਿਤੀ 27.06.2024 ਹੈ।

ਹੋਰ ਜਾਣਕਾਰੀ ਲਈ ਕਿਰਪਾ ਕਰਕੇ ਅਮੀਨ ਕੁਮਾਰ ameen.kumar@ smfgindia.com +91 8685987810 ਅਤੇ ਹਰਮਨੀ ਜੌਲੀ Harmani.jolly@smfgindia.com +91 8655901470 'ਤੇ ਸੰਪਰਕ ਕੀਤਾ ਜਾਵੇ।

**ਅਚੱਲ ਜਾਇਦਾਦ ਦਾ ਵੇਰਵਾ :** ਜਾਇਦਾਦ 1 ਜਾਇਦਾਦ ਨੰ. 12, ਰਕਬਾ 20 ਮਰਲੇ, ਜਮ੍ਹਾਂਬੰਦੀ ਸਾਲ 2009-2010, ਹੱਦਬਸਤ ਨੰ. 307/2, ਖਸਰਾ ਨੰ. 16452, 16453, 16454, 16462, 16463, ਜਲੰਧਰ। ਹੱਦਾਂ-ਪੂਰਬ : ਸੜਕ, ਪੱਛਮ : ਮੈਸਰਜ਼ ਸੇਹਰਾ ਮੋਟਰਜ਼ ਐਂਡ ਟ੍ਰੈਕਟਰ, ਉੱਤਰ : ਹੋਰ, ਦੱਖਣ : ਸੜਕ, ਕਪੂਰਥਲਾ ਰੋਡ, ਤਹਿਸੀਲ ਅਤੇ ਜ਼ਿਲ੍ਹਾ ਜਲੰਧਰ ਅਤੇ ਜਾਇਦਾਦ ਰਕਬਾ 37 ਮਰਲੇ, ਜਮ੍ਹਾਂਬੰਦੀ ਸਾਲ 2009-2010, ਹੱਦਬਸਤ ਨੰ. 307/2 ਖਸਰਾ ਨੰ. 16452, 16462, 16463 ਜਲੰਧਰ : ਹੱਦਾਂ-ਪੂਰਬ : ਭੁਪਿੰਦਰ ਕੌਰ ਅਤੇ ਖੰਨਾ, ਪੱਛਮ : ਗਲੀ ਅਤੇ ਭੁਪਿੰਦਰ ਕੌਰ, ਉੱਤਰ : ਮੇਨ ਸੜਕ, ਦੱਖਣ : ਗਲੀ ਕਪੂਰਥਲਾ ਰੋਡ, ਤਹਿਸੀਲ ਅਤੇ ਜ਼ਿਲ੍ਹਾ ਜਲੰਧਰ। ਜਾਇਦਾਦ 2, ਜਾਇਦਾਦ ਰਕਬਾ 8 ਮਰਲੇ, ਜਮ੍ਹਾਂਬੰਦੀ 2009-2010, ਹੱਦਬਸਤ ਨੰ. 307/2, ਖਸਰਾ ਨੰ. 16453, 16454 ਜਲੰਧਰ, ਹੱਦਾਂ-ਪੂਰਬ : ਹੋਰ, ਪੱਛਮ : ਸੁਖਵਿੰਦਰ ਸਿੰਘ, ਉੱਤਰ : ਰਸਤਾ ਅਤੇ ਦੱਖਣ : ਰਾਜਾ ਗਾਰਡਨ, ਕਪੂਰਥਲਾ ਰੋਡ, ਤਹਿਸੀਲ ਅਤੇ ਜ਼ਿਲ੍ਹਾ ਜਲੰਧਰ ਨਾਲ ਸੰਬੰਧਤ ਸਭ ਕੁਝ।

ਵਿਕਰੀ ਦੇ ਨਿਯਮ ਅਤੇ ਸ਼ਰਤਾਂ ਲਈ ਕ੍ਰਿਪਾ ਕਰਕੇ ਫੁਲਰਟੋਨ ਇੰਡੀਆ ਕ੍ਰੈਡਿਟ ਕੰਪਨੀ ਲਿਮ:/ਸਕਿਉਰਡ ਕ੍ਰੈਡਿਟਰ ਦੀ ਵੈੱਬਸਾਈਟ www.smfgindia.com/https://smfgindia.auctiontiger.net ਦੇ ਲਿੰਕ ਦਾ ਹਵਾਲਾ ਲਿਆ ਜਾ ਸਕਦਾ ਹੈ।

ਸਥਾਨ : ਜਲੰਧਰ, ਮਿਤੀ : 24.05.2024 ਸਹੀ/-ਅਧਿਕਾਰਤ ਅਫਸਰ
ਐੱਸ ਐੱਮ ਐੱਫ ਜੀ ਇੰਡੀਆ ਕ੍ਰੈਡਿਟ ਕੰਪਨੀ ਲਿਮ: (ਪਹਿਲਾਂ ਫੁਲਰਟੋਨ ਇੰਡੀਆ ਕ੍ਰੈਡਿਟ ਕੰਪ: ਲਿਮ:)



**SBFC — ਐੱਸ ਬੀ ਐੱਫ ਸੀ ਫਾਇਨਾਂਸ ਲਿਮਟਿਡ**

ਰਜਿਸਟਰਡ ਦਫਤਰ : ਯੂਨਿਟ ਨੰ. 103, ਪਹਿਲੀ ਮੰਜ਼ਲ, ਸੀ ਅਤੇ ਬੀ ਸੁਕੇਅਰ, ਸੰਗਮ ਕੰਪਲੈਕਸ, ਪਿੰਡ ਚਕਾਲਾ, ਅੰਧੇਰੀ-ਕੁਰਲਾ ਰੋਡ, ਅੰਧੇਰੀ (ਈਸਟ), ਮੁੰਬਈ-400059

**(ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 8 (2) ਤਹਿਤ) ਕਬਜ਼ਾ ਨੋਟਿਸ**

ਜਦੋਂ ਕਿ ਨਿਮਨਹਸਤਾਖਰੀ ਨੇ ਸਕਿਉਰਟਾਈਜੇਸ਼ਨ, ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈਸਟ ਐਕਟ 2002 ਤਹਿਤ ਐੱਸ ਬੀ ਐੱਫ ਸੀ ਫਾਇਨਾਂਸ ਲਿਮਟਿਡ ਦਾ ਅਧਿਕਾਰਤ ਅਫਸਰ ਹੁੰਦਿਆਂ ਅਤੇ ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 8 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਏ ਕਰਜ਼ਦਾਰਾਂ/ਸਹਿ-ਕਰਜ਼ਦਾਰਾਂ ਨੂੰ ਨੋਟਿਸ 'ਚ ਦਰਸਾਈ ਰਕਮ, ਉਕਤ ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ ਵਾਪਸ ਮੋੜਨ ਲਈ ਡਿਮਾਂਡ ਨੋਟਿਸ ਜਾਰੀ ਕੀਤੇ ਸਨ।

ਕਰਜ਼ਦਾਰ/ਸਹਿ-ਕਰਜ਼ਦਾਰ ਰਕਮ ਵਾਪਸ ਮੋੜਨ 'ਚ ਅਸਫਲ ਰਹੇ ਹਨ। ਕਰਜ਼ਦਾਰਾਂ/ਸਹਿ-ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਹੇਠਾਂ ਦਰਸਾਈ ਜਾਇਦਾਦ ਦਾ ਉਕਤ ਰੂਲਜ਼ ਦੇ ਰੂਲ 8 ਨਾਲ ਪੜ੍ਹੇ ਜਾਂਦੇ ਉਕਤ ਐਕਟ ਦੇ ਸੈਕਸ਼ਨ 13 (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈ ਮਿਤੀ 'ਤੇ ਹੇਠਾਂ ਦਰਸਾਈ ਜਾਇਦਾਦ ਦਾ ਕਬਜ਼ਾ ਹਾਸਲ ਕਰ ਲਿਆ ਹੈ।

ਕਰਜ਼ਦਾਰ/ਸਹਿ-ਕਰਜ਼ਦਾਰਾਂ ਨੂੰ ਖਾਸ ਕਰਕੇ ਅਤੇ ਆਮ ਜਨਤਾ ਨੂੰ ਇਸ ਜਾਇਦਾਦ ਸੰਬੰਧੀ ਸੌਦੇਬਾਜ਼ੀ ਨਾ ਕਰਨ ਦੀ ਚਿਤਾਵਨੀ ਦਿੱਤੀ ਜਾਂਦੀ ਹੈ ਅਤੇ ਇਸ ਜਾਇਦਾਦ ਸੰਬੰਧੀ ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਐਸ ਬੀ ਐੱਫ ਸੀ ਫਾਇਨਾਂਸ ਲਿਮਟਿਡ ਦੀ ਵਸੂਲੀ ਹੇਠ ਹੋਵੇਗੀ।

| ਕਰਜ਼ਦਾਰ ਦਾ ਨਾਂਅ ਅਤੇ ਪਤਾ ਅਤੇ ਡਿਮਾਂਡ ਨੋਟਿਸ ਦੀ ਮਿਤੀ | ਜਾਇਦਾਦ ਦਾ ਵੇਰਵਾ ਅਤੇ ਕਬਜ਼ੇ ਦੀ ਮਿਤੀ | ਕਬਜ਼ਾ ਨੋਟਿਸ 'ਚ ਮੰਗੀ ਗਈ ਰਕਮ (ਰੁਪਏ) |
|---|---|---|
| 1. ਜੀਤ ਸਿੰਘ 2. ਕਿਰਨਦੀਪ ਕੌਰ, ਦੋਵੇਂ ਵਾਸੀ ਪਿੰਡ ਹੇਮਝੇੜੀ, ਪਾਤੜਾਂ, ਪਟਿਆਲਾ, ਪੰਜਾਬ-147105 ਡਿਮਾਂਡ ਨੋਟਿਸ ਮਿਤੀ : 15 ਮਈ 2021 ਕਰਜ਼ਾ ਖਾਤਾ ਨੰ. 17800005086 ਡੀ ਐਚ (ਪੀ ਆਰ 00688604) | ਜਾਇਦਾਦ ਕੁੱਲ ਖੇਤਰ ਪਲਾਟ 320 ਵਰਗ ਫੁੱਟ ਜੋ ਕਿ 35.55 ਵਰਗ ਗਜ਼ (ਦੁਕਾਨ ਨੰ. 8) ਛੱਤਿਆ ਖੇਤਰ 320 ਵਰਗ ਫੁੱਟ, ਬੈਨਾਮਾ ਨੰ. 2095 ਮਿਤੀ 24.11.2017 ਖੇਵਟ, ਖਤੌਨੀ ਨੰ. 810/798/1958, ਖਸਰਾ ਨੰ. 55//15/2/2 (0-7) ਨਾਲ ਸੰਬੰਧਤ ਸਭ ਕੁਝ ਕਬਜ਼ੇ ਦੀ ਮਿਤੀ : 21 ਮਈ 2024 | 21 ਮਈ 2024 ਨੂੰ ਰੁਪਏ 33,41,726/- (ਰੁਪਏ ਤੇਤੀ ਲੱਖ ਇਕਤਾਲੀ ਹਜ਼ਾਰ ਸੱਤ ਸੌ ਛੱਬੀ ਕੇਵਲ) |

ਉਪਲਬਧ ਸਮੇਂ ਅੰਦਰ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

ਸਥਾਨ : ਪਟਿਆਲਾ ਸਹੀ/-(ਅਧਿਕਾਰਤ ਅਫਸਰ)
ਮਿਤੀ 24-05-2024 ਐੱਸ ਬੀ ਐੱਫ ਸੀ ਫਾਇਨਾਂਸ ਲਿਮਟਿਡ



**SBFC — ਐੱਸ ਬੀ ਐੱਫ ਸੀ ਲਿਮਟਿਡ**

(ਪਹਿਲਾਂ ਐੱਸ ਬੀ ਐੱਫ ਫਾਇਨਾਂਸ ਪ੍ਰਾਈਵੇਟ ਲਿਮਟਿਡ)

ਰਜਿਸਟਰਡ ਦਫਤਰ : ਯੂਨਿਟ ਨੰ. 103, ਪਹਿਲੀ ਮੰਜ਼ਲ, ਸੀ ਅਤੇ ਬੀ ਸੁਕੇਅਰ, ਸੰਗਮ ਕੰਪਲੈਕਸ, ਪਿੰਡ ਚਕਾਲਾ ਅੰਧੇਰੀ-ਕੁਰਲਾ ਰੋਡ, ਅੰਧੇਰੀ (ਪੂਰਬੀ) ਮੁੰਬਈ-400059

**ਡਿਮਾਂਡ ਨੋਟਿਸ**

ਜਦੋਂ ਕਿ ਹੇਠਾਂ ਦਰਸਾਏ ਕਰਜ਼ਦਾਰਾਂ/ਸਹਿ-ਕਰਜ਼ਦਾਰਾਂ ਨੇ ਐੱਸ ਬੀ ਐੱਫ ਸੀ ਫਾਇਨਾਂਸ ਪ੍ਰਾਈਵੇਟ ਲਿਮਟਿਡ ਤੋਂ ਵਿੱਤੀ ਸਹਾਇਤਾ ਪ੍ਰਾਪਤ ਕੀਤੀ ਸੀ। ਅਸੀਂ ਇਹ ਦੱਸਣਾ ਚਾਹੁੰਦੇ ਹਾਂ ਕਿ ਵਿੱਤੀ ਸਹਾਇਤਾ ਪ੍ਰਾਪਤ ਕਰਨ ਦੇ ਬਾਵਜੂਦ ਕਰਜ਼ਦਾਰਾਂ/ਰਹਿਣਦਾਰਾਂ ਨੇ ਮਿੱਥੀਆਂ ਮਿਤੀਆਂ 'ਤੇ ਮੂਲ ਰਕਮਾਂ ਅਤੇ ਵਿਆਜ ਦੀ ਵਾਪਸ ਅਦਾਇਗੀ 'ਚ ਅਨੇਕਾਂ ਭੁੱਲਾਂ ਕੀਤੀਆਂ ਹਨ। ਕ੍ਰਮਵਾਰ ਹੇਠਾਂ ਦਰਸਾਈਆਂ ਸੰਬੰਧਤ ਮਿਤੀਆਂ 'ਤੇ ਖਾਤੇ ਨੂੰ ਭਾਰਤੀ ਰਿਜ਼ਰਵ ਬੈਂਕ ਦੇ ਦਿਸ਼ਾ ਨਿਰਦੇਸ਼ਾਂ 'ਤੇ ਐੱਸ ਬੀ ਐੱਫ ਸੀ ਦੀਆਂ ਵਹੀਆਂ 'ਚ ਨਾਨ ਪ੍ਰਫਾਰਮਿੰਗ ਐਸਟ ਵਰਗੀਕ੍ਰਿਤ ਕਰ ਦਿੱਤਾ ਗਿਆ ਹੈ। ਸਿੱਟੇ ਵਜੋਂ ਐੱਸ ਬੀ ਐੱਫ ਸੀ ਫਾਇਨਾਂਸ ਪ੍ਰਾਈ: ਲਿਮ: ਦੇ ਅਧਿਕਾਰਤ ਅਫ਼ਸਰ ਨੇ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ਼ ਫਾਇਨਾਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ਼ ਸਕਿਉਰਿਟੀ ਇੰਟਰੈਸਟ ਐਕਟ, 2002 ('ਸਰਫੇਸੀ ਐਕਟ') ਅਤੇ ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈਆਂ ਸੰਬੰਧਿਤ ਮਿਤੀਆਂ 'ਤੇ ਹੇਠਾਂ ਦਰਸਾਏ ਗਏ ਕਰਜ਼ਦਾਰਾਂ/ਰਹਿਣਕਾਰਾਂ ਨੂੰ ਨੋਟਿਸ 'ਚ ਦਰਸਾਈ ਰਕਮ ਸਮੇਤ ਅਦਾਇਗੀ ਮਿਤੀ ਤੱਕ ਇਕਰਾਰਨਾਮੇ ਦੀ ਦਰ 'ਤੇ ਭਵਿੱਖੀ ਵਿਆਜ ਅਤੇ ਅਚਨਚੇਤੀ ਖਰਚੇ, ਲਾਗਤ, ਚਾਰਜਿਜ਼ ਆਦਿ, ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾ ਦੇ ਅੰਦਰ ਵਾਪਸ ਅਦਾ ਕਰਨ ਲਈ ਡਿਮਾਂਡ ਨੋਟਿਸ ਜਾਰੀ ਕੀਤੇ ਹਨ। ਉਨ੍ਹਾ ਨੂੰ ਆਖਰੀ ਜਾਣਕਾਰੀ ਵਾਲੇ ਪਤਿਆਂ 'ਤੇ ਭੇਜੇ ਗਏ ਨੋਟਿਸ ਬਿਨਾਂ ਤਾਮੀਲ ਦੇ ਵਾਪਸ ਆ ਚੁੱਕੇ ਹਨ। ਇਸ ਲਈ ਉਨ੍ਹਾਂ ਨੂੰ ਇਸ ਜਨਤਕ ਨੋਟਿਸ ਰਾਹੀਂ ਉਹੀ ਜਾਣਕਾਰੀ ਦਿੱਤੀ ਜਾ ਰਹੀ ਹੈ।

| ਕਰਜ਼ਦਾਰ ਦਾ ਨਾਂਅ / ਪਤਾ | ਡਿਮਾਂਡ ਨੋਟਿਸ ਅਤੇ ਐੱਨ ਪੀ ਏ ਦੀ ਮਿਤੀ | ਕਰਜ਼ਾ ਅਤੇ ਬਕਾਇਆ ਰਕਮ | ਸਕਿਉਰਡ ਐੱਸਟਸ ਦਾ ਜਾਇਦਾਦੀ ਪਤਾ |
|---|---|---|---|
| 1. ਇੰਦਰਜੀਤ ਸਿੰਘ 2. ਬਰਿੰਦਰ ਕੌਰ ਗਲੀ ਨੰ. 3, ਵਿਸ਼ਾਲ ਕਾਲੋਨੀ, ਕਾਕੋਵਾਲ ਰੋਡ, ਨੇੜੇ ਬਸਤੀ ਜੋਧੇਵਾਲ, ਲੁਧਿਆਣਾ, ਪੰਜਾਬ-141007 | ਨੋਟਿਸ ਮਿਤੀ 15 ਅਪ੍ਰੈਲ 2024 ਐੱਨ ਪੀ ਏ ਮਿਤੀ 5 ਮਾਰਚ 2024 | ਕਰਜ਼ਾ ਖਾਤਾ ਨੰ. 4021060000000705 (ਪੀ ਆਰ 00598451) ਕਰਜ਼ਾ ਖਾਤਾ ਰੁਪਏ 17,78,229/- ਕੁੱਲ ਬਕਾਇਆ ਰਕਮ : 13 ਅਪ੍ਰੈਲ 2024 ਨੂੰ ਰੁਪਏ 47,61,987/- (ਰੁਪਏ ਸੰਤਾਲੀ ਲੱਖ ਇਕਾਹਠ ਹਜ਼ਾਰ ਨੌ ਸੌ ਸਤਾਸੀ ਰੁਪਏ ਕੇਵਲ) | ਜਾਇਦਾਦ ਰਕਬਾ 100 ਵਰਗ ਗਜ਼, ਖਸਰਾ ਨੰ. 32//21/2-33//24/2-25/2-34//4-5-6-7-13/1-14/1-15/1-35//1-2/1-9/2/3-10-11/1-12/1/1 ਖੱਤਾ ਨੰ. 588/596, ਸਫਾ ਨੰ. 1464, ਜਮ੍ਹਾਂਬੰਦੀ ਸਾਲ 2008-09 ਪਿੰਡ "ਗਿਆਸਪੁਰਾ" ਹੱਦਬਸਤ ਨੰ. 262, ਅਬਾਦੀ ਗੁਰੂ ਨਾਨਕ ਨਗਰ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ ਨਾਲ ਸੰਬੰਧਤ ਸਭ ਕੁਝ। |

ਉਪਰੋਕਤ ਦਰਸਾਏ ਹਾਲਾਤਾਂ ਅਨੁਸਾਰ, ਉਪਰੋਕਤ ਕਰਜ਼ਦਾਰਾਂ, ਸਹਿ-ਕਰਜ਼ਦਾਰਾਂ ਨੂੰ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਉਪਰੋਕਤ ਦਰਸਾਏ ਬਕਾਏ ਸਮੇਤ ਭਵਿੱਖੀ ਵਿਆਜ ਅਤੇ ਲਾਗੂ ਚਾਰਜਿਜ਼ ਅਦਾ ਕਰਨ ਲਈ ਨੋਟਿਸ ਦਿੱਤਾ ਜਾਂਦਾ ਹੈ। ਅਸਫ਼ਲ ਰਹਿਣ 'ਤੇ ਇਸ ਨੋਟਿਸ ਦੇ 60 ਦਿਨ ਗੁਜ਼ਰ ਜਾਣ ਤੋਂ ਬਾਅਦ ਸਕਿਉਰਡ ਐਸਟਸ ਵਿਰੁੱਧ ਅਗਲੇ ਕਦਮ ਉਠਾਏ ਜਾਣਗੇ, ਜਿਨ੍ਹਾ 'ਚ ਕਰਜ਼ਦਾਰ ਅਤੇ ਰਹਿਣਕਾਰ ਦੇ ਸਕਿਉਰਡ ਐਸਟਸ 'ਤੇ ਸਰਫੇਸੀ ਐਕਟ ਦੇ ਸੈਕਸ਼ਨ 13 (4) ਅਧੀਨ ਅਤੇ ਇਸ ਤਹਿਤ ਲਾਗੂ ਰੂਲਜ਼ ਅਨੁਸਾਰ ਕਬਜ਼ਾ ਕੀਤਾ ਜਾਣਾ ਸ਼ਾਮਲ ਹੈ।

ਕ੍ਰਿਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਸਰਫੇਸੀ ਐਕਟ ਦੇ ਸੈਕਸ਼ਨ 13 (13) ਅਧੀਨ ਕਰਜ਼ਦਾਰ, ਸਕਿਉਰਡ ਕ੍ਰੈਡਿਟਰ ਦੀ ਅਗਾਊਂ ਮਨਜ਼ੂਰੀ ਤੋਂ ਬਿਨਾਂ ਨੋਟਿਸ 'ਚ ਦਰਸਾਏ ਆਪਣੇ ਕਿਸੇ ਵੀ ਸਕਿਉਰਡ ਐਸਟਸ ਨੂੰ ਵਿਕਰੀ, ਲੀਜ਼ ਦਾ ਕਿਸੇ ਹੋਰ ਤਰੀਕੇ ਨਾਲ ਤਬਦੀਲ ਨਹੀਂ ਕਰ ਸਕਦਾ।

ਮਿਤੀ : 24 ਮਈ 2024 ਸਹੀ/- ਅਧਿਕਾਰਤ ਅਫਸਰ,
ਸਥਾਨ : ਲੁਧਿਆਣਾ ਐੱਸ ਬੀ ਐੱਫ ਸੀ ਫਾਇਨਾਂਸ ਲਿਮਟਿਡ



ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by **Gurmit Singh Shugli** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: **Chand Singh @ Chand Fatehpuri**

ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ **ਗੁਰਮੀਤ ਸਿੰਘ ਸ਼ੁਗਲੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਰੋਜ਼ੀ-ਰੋਟੀ ਦੀ ਭਾਲ 'ਚ ਪੁਰਤਗਾਲ ਗਏ ਨੌਜਵਾਨ ਦੀ ਭੇਦਭਰੇ ਹਾਲਾਤ 'ਚ ਮੌਤ



**ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)** ਘਰ ਦੀ ਆਰਥਿਕ ਹਾਲਤ ਸੁਧਾਰਨ ਖ਼ਾਤਰ ਭਿੱਖੀਵਿੰਡ ਤੋਂ ਪੁਰਤਗਾਲ ਗਏ 32 ਸਾਲਾ ਨੌਜਵਾਨ ਹਰਵਿੰਦਰ ਸਿੰਘ ਪੁੱਤਰ ਅਮਰੀਕ ਸਿੰਘ ਦੀ ਵਿਦੇਸ਼ੀ ਧਰਤੀ 'ਤੇ ਭੇਦਭਰੇ ਹਾਲਾਤਾਂ 'ਚ ਮੌਤ ਹੋ ਜਾਣ ਦਾ ਦੁਖਦਾਈ ਸਮਾਚਾਰ ਸਾਹਮਣੇ ਆਇਆ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਮ੍ਰਿਤਕ ਨੌਜਵਾਨ ਦੋ ਬੱਚਿਆਂ ਦਾ ਬਾਪ ਸੀ 'ਤੇ ਉਹ ਵੀਹ ਕੁ ਦਿਨ ਪਹਿਲਾਂ ਹੀ ਪੁਰਤਗਾਲ ਗਿਆ ਸੀ।ਇਸ ਸੰਬੰਧੀ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਮ੍ਰਿਤਕ ਹਰਵਿੰਦਰ ਸਿੰਘ ਦੀ ਪਤਨੀ ਪਵਨਦੀਪ ਕੌਰ 'ਤੇ ਮਾਂ ਸੁਖਬੀਰ ਕੌਰ ਨੇ ਦੱਸਿਆ ਕਿ ਹਰਵਿੰਦਰ ਸਿੰਘ 20 ਕੁ ਦਿਨ ਪਹਿਲਾਂ ਹੀ ਪੁਰਤਗਾਲ ਗਿਆ ਸੀ।ਉਨ੍ਹਾਂ ਦੱਸਿਆ ਕਿ ਪੁਰਤਗਾਲ ਪਹੁੰਚਣ ਮਗਰੋਂ ਅਚਾਨਕ ਉਸ ਦੀ ਤਬੀਅਤ ਖ਼ਰਾਬ ਹੋ ਗਈ 'ਤੇ 22 ਮਈ ਨੂੰ ਦੁਪਹਿਰ ਵੇਲੇ ਅਚਾਨਕ ਹਰਵਿੰਦਰ ਸਿੰਘ ਦੀ ਮੌਤ ਹੋ ਗਈ।ਮ੍ਰਿਤਕ ਨੌਜਵਾਨ ਦੀ ਮਾਂ ਨੇ ਦੱਸਿਆ ਕਿ ਉਸ ਦਾ ਪੁੱਤਰ ਘਰ ਦੀ ਆਰਥਿਕ ਹਾਲਤ ਸੁਧਾਰਨ ਲਈ ਵਿਦੇਸ਼ ਗਿਆ ਸੀ।ਇਸ ਮੌਕੇ ਮ੍ਰਿਤਕ ਦੀ ਪਤਨੀ ਨੇ ਪੰਜਾਬ ਸਰਕਾਰ ਪਾਸੋਂ ਮੰਗ ਕੀਤੀ ਕਿ ਉਸ ਦੇ ਪਤੀ ਦੀ ਲਾਸ਼ ਜਲਦ ਤੋਂ ਜਲਦ ਪੰਜਾਬ ਲਿਆਂਦੀ ਜਾਵੇ। ਇਸਦੇ ਨਾਲ ਹੀ ਮ੍ਰਿਤਕ ਨੌਜਵਾਨ ਦੇ ਪਰਿਵਾਰਕ ਮੈਂਬਰਾਂ ਨੇ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ ਉਨ੍ਹਾਂ ਨੂੰ ਹੋਰ ਬੁਨਿਆਦੀ ਸਹੂਲਤਾਂ ਵੀ ਦਿੱਤੀਆਂ ਜਾਣ।

# ਸ੍ਰੀ ਹੇਮਕੁੰਟ ਸਾਹਿਬ ਦੇ ਰਸਤੇ 'ਚ 11ਵਾਂ ਸਾਲਾਨਾ ਲੰਗਰ ਭਲਕੇ ਹੋਵੇਗਾ ਰਵਾਨਾ



**ਅਜਨਾਲਾ (ਸੁਖਜਿੰਦਰ ਸਿੰਘ ਰਾਜੂ)** ਸ੍ਰੀ ਹੇਮਕੁੰਟ ਸਾਹਿਬ ਦੇ ਰਸਤੇ 'ਚ ਅਜਨਾਲੇ ਸ਼ਹਿਰ ਤੋਂ ਹਰ ਸਾਲ ਲਗਾਏ ਜਾਣ ਵਾਲਾ ਲੰਗਰ 24 ਮਈ ਦਿਨ ਸ਼ੁੱਕਰਵਾਰ ਸਵੇਰੇ 10 ਵਜੇ ਗੁਰਦੁਆਰਾ ਸਿੰਘ ਸਭਾ ਪੱਖੇ ਤਾਰਾ ਸਿੰਘ ਤੋਂ ਰਵਾਨਾ ਹੋਵੇਗਾ। ਉਕਤ ਵਿਚਾਰਾਂ ਦਾ ਪ੍ਰਗਟਾਵਾ ਸੁਸਾਇਟੀ ਦੇ ਪ੍ਰਧਾਨ ਸਰਵਣ ਸਿੰਘ ਨੇਪਾਲ ਸਰਪਰਸਤ ਅਮਰਜੀਤ ਸਿੰਘ ਬਾਜਵਾ ਮੀਤ ਪ੍ਰਧਾਨ ਭਗਵੰਤ ਸਿੰਘ ਗੁਜਰਪੁਰਾ ਨੇ ਕਹੇ ਉਹਨਾਂ ਨੇ ਕਿਹਾ ਕਿ ਹਰ ਸਾਲ ਦੀ ਤਰ੍ਹਾਂ 11ਵਾਂ ਸਾਲਾਨਾ ਲੰਗਰ ਰਿਸ਼ੀਕੇਸ਼ ਤੋਂ 50 ਕਿਲੋਮੀਟਰ ਅੱਗੇ ਬਸੀਲ ਖਾਲ ਵਿਖੇ ਲਗਾਇਆ ਜਾਵੇਗਾ। ਪਹਿਲੇ ਜਥੇ ਦੀ ਅਗਵਾਈ ਸਰਵਣ ਸਿੰਘ ਨੇਪਾਲ ਕਰਨਗੇ ਦੂਸਰੇ ਜਥੇ ਦੀ ਅਗਵਾਈ ਬਾਬਾ ਮਹਿੰਦਰ ਸਿੰਘ ਸੂਰੇਪੁਰ ਵਾਲੇ ਕਰਨਗੇ। ਤੀਸਰੇ ਜਥੇ ਦੀ ਅਗਵਾਈ ਸਰਵਣ ਸਿੰਘ ਨੇਪਾਲ ਤੇ ਬਾਬਾ ਮਹਿੰਦਰ ਸਿੰਘ ਸੂਰੇਪੁਰ ਵਾਲਿਆਂ ਵੱਲੋਂ ਸਾਂਝੇ ਤੌਰ 'ਤੇ ਕੀਤੀ ਜਾਵੇਗੀ। ਇਹ ਗੁਰੂ ਕਾ ਲੰਗਰ ਤਕਰੀਬਨ 25 ਮਈ ਤੋਂ ਸ਼ੁਰੂ ਹੋ ਕੇ 25 ਜੁਲਾਈ ਤੱਕ ਚੱਲੇਗਾ। ਇਸ ਮੌਕੇ ਸਰਵਣ ਸਿੰਘ ਨੇਪਾਲ, ਭਗਵੰਤ ਸਿੰਘ ਗੁਜਰਪੁਰਾ, ਬਾਬਾ ਮਹਿੰਦਰ ਸਿੰਘ ਸੂਰੇਪੁਰ, ਅਮਰਜੀਤ ਸਿੰਘ ਬਾਜਵਾ, ਜਸਬੀਰ ਸਿੰਘ ਢਿੱਲੋਂ, ਵਿਜੇ ਕੁਮਾਰ ਅਰੋੜਾ, ਰਸਪਾਲ ਸਿੰਘ ਕੋਟਲਾ, ਕੁਲਦੀਪ ਸਿੰਘ, ਭੋਲਾ ਸਿੰਘ, ਪਵਿੱਤਰ ਸਿੰਘ, ਡਾਕਟਰ ਦਲਬੀਰ ਸਿੰਘ, ਹਰਜਿੰਦਰ ਸਿੰਘ, ਪਰਮਜੀਤ ਸਿੰਘ, ਤਜਿੰਦਰ ਸਿੰਘ ਸੋਨੂ, ਬਾਬਾ ਲਾਡੀ, ਬਾਬਾ ਸੁੱਖਾ, ਸ਼ਿਵਦੀਪ ਸਿੰਘ ਚਾਹਲ ਆਦਿ ਹਾਜ਼ਰ ਸਨ।

# ਸਿੱਖਿਆ ਵਿਭਾਗ ਦੇ ਗਲਤ ਫੈਸਲਿਆਂ ਕਾਰਨ ਮਾਪਿਆਂ ਤੇ ਸਕੂਲਾਂ 'ਚ ਰੋਸ : ਚਾਹਲ



**ਧਾਰੀਵਾਲ (ਮਨਦੀਪ ਸਿੰਘ ਵਿੱਕੀ)**-ਫੈਪ ਫੈਡਰੇਸ਼ਨ ਦੇ ਗੁਰਦਾਸਪੁਰ ਜ਼ਿਲ੍ਹੇ ਦੇ ਪ੍ਰਤੀਨਿਧ ਅਮਰਜੀਤ ਸਿੰਘ ਚਾਹਲ ਨੇ ਕਿਹਾ ਕਿ ਸਿੱਖਿਆ ਵਿਭਾਗ ਵੱਲੋਂ 20 ਮਈ ਨੂੰ ਪੰਜਾਬ ਦੇ ਸਾਰੇ ਸਕੂਲਾਂ ਵਿੱਚ ਅਚਨਚੇਤ ਕੀਤੀਆਂ ਛੁੱਟੀਆਂ ਕਾਰਨ ਮਾਪਿਆਂ ਅਤੇ ਸਕੂਲਾਂ ਵਿੱਚ ਰੋਸ ਪਾਇਆ ਜਾ ਰਿਹਾ ਹੈ। ਪਹਿਲਾਂ 18 ਮਈ ਨੂੰ ਫੁਰਮਾਨ ਜਾਰੀ ਕੀਤਾ ਕਿ ਸਕੂਲਾਂ ਦਾ ਸਮਾਂ 20 ਮਈ ਤੋਂ ਸਵੇਰੇ 7 ਵਜੇ ਤੋਂ ਦੁਪਹਿਰ 12 ਵਜੇ ਤੱਕ ਕੀਤਾ ਜਾਵੇ। ਸਕੂਲ ਅਜੇ ਨਵੇਂ ਸਮੇਂ ਨੂੰ ਲਾਗੂ ਕਰਨ ਦੇ ਸੰਘਰਸ਼ ਵਿੱਚ ਸਨ ਕਿ 20 ਤਰੀਕ ਰਾਤ ਨੂੰ ਨਵਾਂ ਫਰਮਾਨ ਜਾਰੀ ਕਰਕੇ 21 ਮਈ ਤੋਂ ਸਾਰੇ ਸਕੂਲਾਂ ਵਿੱਚ ਛੁੱਟੀਆਂ ਕਰ ਦਿੱਤੀਆਂ ਗਈਆਂ। ਅਮਰਜੀਤ ਸਿੰਘ ਚਾਹਲ ਨੇ ਦੱਸਿਆ ਅਚਾਨਕ ਛੁੱਟੀਆਂ ਕਾਰਨ ਛੋਟੀਆਂ ਜਮਾਤਾਂ ਦੇ ਬੱਚਿਆਂ ਦੇ ਬੈਗ ਅਤੇ ਕੁਝ ਕਿਤਾਬਾਂ ਸਕੂਲਾਂ ਵਿੱਚ ਹੀ ਪਈਆਂ ਰਹਿ ਗਈਆਂ। ਸਕੂਲ ਵਿਦਿਆਰਥੀਆਂ ਨੂੰ ਸਵਾ ਮਹੀਨੇ ਦੀਆਂ ਛੁੱਟੀਆਂ ਲਈ ਕੰਮ ਵੀ ਨਾ ਦੇ ਸਕੇ। ਉਨ੍ਹਾਂ ਦੱਸਿਆ ਕਿ ਫੈਡਰੇਸ਼ਨ ਵੱਲੋਂ ਅਨੇਕਾਂ ਵਾਰ ਪੰਜਾਬ ਦੇ ਸਿੱਖਿਆ ਮੰਤਰੀ ਅਤੇ ਵਿਭਾਗ ਨੂੰ ਲਿਖਿਆ ਗਿਆ ਕਿ ਛੁੱਟੀਆਂ ਕਰਨ ਦਾ ਫੈਸਲਾ ਸਹਿਜਤਾ ਨਾਲ ਲਿਆ ਜਾਵੇ ਅਤੇ ਇਸ ਦੀ ਜਾਣਕਾਰੀ ਭਰੋਸੇਯੋਗ ਸੂਤਰਾਂ ਰਾਹੀਂ ਜਾਂ ਮੇਲ ਰਾਹੀਂ ਸੰਬੰਧਿਤ ਸਕੂਲਾਂ ਨੂੰ ਦਿੱਤੀ ਜਾਵੇ। ਜ਼ਿਆਦਾਤਰ ਛੁੱਟੀਆਂ ਦਾ ਫੈਸਲਾ ਸੋਸ਼ਲ ਮੀਡੀਆ ਰਾਹੀਂ ਸੁਣਾਇਆ ਜਾਂਦਾ ਹੈ ਜੋ ਅਨੇਕਾਂ ਵਾਰ ਗਲਤ ਹੀ ਹੁੰਦਾ ਹੈ। ਸੋਸ਼ਲ ਮੀਡੀਆ ਉੱਪਰ ਬਹੁਤ ਸਾਰੇ ਆਰਡਰ ਨਕਲੀ ਤੌਰ ਤੇ ਐਡਿਟ ਕਰ ਕੇ ਪਾਏ ਹੁੰਦੇ ਹਨ, ਜਿਨ੍ਹਾਂ ਤੇ ਯਕੀਨ ਕਰਨਾ ਔਖਾ ਹੁੰਦਾ ਹੈ। ਫੈਡਰੇਸ਼ਨ ਦਾ ਕਹਿਣਾ ਹੈ ਕਿ ਸਰਕਾਰੀ ਸਕੂਲਾਂ ਵਿੱਚ ਢੁਕਵੇਂ ਪ੍ਰਬੰਧ ਨਾ ਹੋਣ ਕਾਰਨ ਅਜਿਹੀਆਂ ਛੁੱਟੀਆਂ ਕਰਨੀਆਂ ਪੈਂਦੀਆਂ ਹਨ, ਪਰੰਤੂ ਨਾਲ ਹੀ ਇਹ ਫੈਸਲੇ ਪ੍ਰਾਈਵੇਟ ਸਕੂਲਾਂ ਉੱਪਰ ਵੀ ਲਾਗੂ ਕਰ ਦਿੱਤੇ ਜਾਂਦੇ ਹਨ ਜਿੱਥੇ ਹਰ ਕਿਸਮ ਦੀ ਸਹੂਲਤ ਹੁੰਦੀ ਹੈ। ਉਨ੍ਹਾਂ ਕਿਹਾ ਕਿ ਪਿਛਲੇ ਸਮੇਂ ਵਿੱਚ ਵੀ ਇੱਕ ਦੋ ਜ਼ਿਲ੍ਹਿਆਂ ਵਿੱਚ ਹੜ੍ਹਾਂ ਦਾ ਪ੍ਰਭਾਵ ਸੀ ਪਰੰਤੂ ਇੱਕ ਮਹੀਨਾ ਸਾਰੇ ਪੰਜਾਬ ਦੇ ਸਕੂਲ ਬੰਦ ਰਹੇ। ਫੈਡਰੇਸ਼ਨ ਸਰਕਾਰ ਦੁਆਰਾ ਬੱਚਿਆਂ ਦੀ ਸੁਰੱਖਿਆ ਨੂੰ ਲੈ ਕੇ ਚੁੱਕੇ ਕਦਮਾਂ ਦੀ ਸ਼ਲਾਘਾ ਕਰਦੀ ਹੈ ਪਰੰਤੂ ਚੰਗਾ ਹੁੰਦਾ ਜੇਕਰ ਸਕੂਲਾਂ ਨੂੰ 21 ਮਈ ਖੁੱਲ੍ਹਾ ਰੱਖਣ ਦੀ ਆਗਿਆ ਦਿੱਤੀ ਜਾਂਦੀ ਤਾਂ ਜੋ ਸਕੂਲ ਸਹੀ ਢੰਗ ਨਾਲ ਬੱਚਿਆਂ ਨੂੰ ਛੁੱਟੀਆਂ ਦਾ ਕੰਮ ਦੇ ਸਕਦੇ। ਜ਼ਿਲ੍ਹੇ ਦੇ ਸਿੱਖਿਆ ਅਫਸਰ ਅਤੇ ਹੋਰ ਅਧਿਕਾਰੀ ਜਿਨ੍ਹਾਂ ਕੋਲ ਛੁੱਟੀ ਬਾਰੇ ਤਾਂ ਕੋਈ ਜਾਣਕਾਰੀ ਨਹੀਂ ਹੁੰਦੀ, ਪਰੰਤੂ ਅਚਨਚੇਤ ਕੀਤੀ ਛੁੱਟੀ ਨੂੰ ਲਾਗੂ ਕਰਵਾਉਣ ਵਿੱਚ ਬਹੁਤ ਤੇਜ਼ੀ ਦਿਖਾਈ ਜਾਂਦੀ ਹੈ। ਬੱਚਿਆਂ ਦੀਆਂ ਛੁੱਟੀਆਂ ਆਉਂਦੀਆਂ ਹਨ ਤਾਂ ਸਮਾਜ ਵਿੱਚ ਬਹੁਤ ਸਾਰੇ ਲੋਕ ਜਿਨ੍ਹਾਂ ਦੇ ਪਰਿਵਾਰ ਵਿੱਚੋਂ ਕੋਈ ਵਿਅਕਤੀ ਪ੍ਰਾਈਵੇਟ ਸੰਸਥਾਵਾਂ ਵਿੱਚ ਅਧਿਆਪਕ ਦਾ ਕੰਮ ਕਰਦਾ ਹੈ, ਉਹ ਵਿੰਗੇ ਟੇਢੇ ਢੰਗਾਂ ਨਾਲ ਇਹ ਛੁੱਟੀਆਂ ਅਧਿਆਪਕਾਂ ਲਈ ਕਰਵਾਉਣ ਦੀਆਂ ਕੋਸ਼ਿਸ਼ਾਂ ਕਰਨ ਲੱਗ ਜਾਂਦੇ ਹਨ। ਅਧਿਆਪਕਾਂ ਤੋਂ ਬਿਨਾਂ ਹਰ ਕੋਈ ਮਹਿਕਮੇ ਦੇ ਮੁਲਾਜ਼ਮ ਵੀ ਗਰਮੀਆਂ ਸਰਦੀਆਂ ਆਪਣੇ ਕੰਮਾਂ ਉੱਪਰ ਜਾਂਦੇ ਹਨ, ਕੀ ਇਹ ਗਰਮੀ ਇਕੱਲੇ ਸਕੂਲਾਂ ਦੇ ਅਧਿਆਪਕਾਂ ਨੂੰ ਹੀ ਲੱਗਦੀ ਹੈ। ਸਰਕਾਰ ਨੂੰ ਇਸ ਬਾਰੇ ਸੁਹਿਰਦ ਹੋ ਕੇ ਸੋਚਣਾ ਪਵੇਗਾ। ਸਰਕਾਰ ਨੂੰ ਆਪਣੇ ਫੈਸਲੇ ਉੱਪਰ ਮੁੜ ਵਿਚਾਰ ਕਰਨਾ ਚਾਹੀਦਾ ਹੈ। ਉਨ੍ਹਾਂ ਨੇ ਕਿਹਾ ਕਿ ਨੂੰ ਪ੍ਰਾਈਵੇਟ ਸਕੂਲਾਂ ਵਿੱਚ ਪੜ੍ਹਦੇ 45 ਲੱਖ ਤੋਂ ਵੱਧ ਬੱਚੇ ਪੜ੍ਹਦੇ ਹਨ, ਇਨ੍ਹਾਂ ਸਕੂਲਾਂ ਤੇ ਬੱਚਿਆਂ ਨੂੰ ਵੀ ਧਿਆਨ ਵਿੱਚ ਰੱਖ ਕੇ ਸਰਕਾਰ ਨੂੰ ਸਾਰੇ ਫੈਸਲੇ ਕਰਨੇ ਚਾਹੀਦੇ ਹਨ।

# ਚੇਅਰਮੈਨ ਰਮਨ ਝਬਾਲ ਦੀ ਅਗਵਾਈ ਹੇਠ ਰੋਡ ਸ਼ੋਅ ਕੱਢਿਆ



**ਝਬਾਲ, (ਹਰਜਿੰਦਰ ਸਿੰਘ ਸੋਨੀ)**- ਹਲਕਾ ਖਡੂਰ ਸਾਹਿਬ ਤੋਂ ਕਾਂਗਰਸ ਪਾਰਟੀ ਦੇ ਉਮੀਦਵਾਰ ਕੁਲਬੀਰ ਸਿੰਘ ਜ਼ੀਰਾ ਅੱਡਾ ਝਬਾਲ ਵਿਖੇ ਵਿਸ਼ਾਲ ਰੋਡ ਸ਼ੋਅ ਕੱਢਿਆ ਗਿਆ ਤੇ ਚੇਅਰਮੈਨ ਰਮਨ ਕੁਮਾਰ ਦੀ ਅਗਵਾਈ ਹੇਠ ਦੁਕਾਨਦਾਰਾਂ ਨੇ ਰੋਡ ਸ਼ੋਅ ਦਾ ਸ਼ਾਨਦਾਰ ਸਵਾਗਤ ਕੀਤਾ। ਜ਼ੀਰਾ ਨੇ ਅੱਡਾ ਝਬਾਲ ਦੇ ਹਰ ਦੁਕਾਨ 'ਤੇ ਜਾ ਕੇ ਦੁਕਾਨਦਾਰਾਂ ਨੂੰ ਉਨ੍ਹਾਂ ਦੇ ਹੱਕ ਵਿੱਚ ਵੋਟਾਂ ਪਾਉਣ ਦੀ ਅਪੀਲ ਕੀਤੀ। ਇਸ ਮੌਕੇ ਚੇਅਰਮੈਨ ਰਮਨ ਕੁਮਾਰ ਝਬਾਲ, ਨਕੁਲ ਕੁਰਪਾਲ ਨੇ ਝਬਾਲ ਚੌਕ ਵਿੱਚ ਕੁਲਬੀਰ ਸਿੰਘ ਜ਼ੀਰਾ ਨੂੰ ਲੱਡੂਆਂ ਨਾਲ ਤੋਲਿਆ। ਇਸ ਮੌਕੇ ਸੂਬਾ ਆਗੂ ਕਰਨਬੀਰ ਸਿੰਘ ਬੁਰਜ, ਚੇਅਰਮੈਨ ਰਮਨ ਕੁਮਾਰ ਝਬਾਲ, ਨਕੁਲ ਕੁਰਪਾਲ, ਚੇਅਰਮੈਨ ਰਣਜੀਤ ਸਿੰਘ ਰਾਣਾ ਗੰਡੀਵਿੰਡ, ਐਡਵੋਕੇਟ ਜਗਮੀਤ ਸਿੰਘ ਢਿੱਲੋਂ ਗੰਡੀਵਿੰਡ, ਸੋਰਵ ਧੁੰਨਾ, ਸਰਬਜੀਤ ਸਿੰਘ ਗੰਡੀਵਿੰਡ ਵਾਲਿਆਂ ਨੇ ਕੁਲਬੀਰ ਸਿੰਘ ਜ਼ੀਰਾ ਨੂੰ ਸਨਮਾਨਤ ਕੀਤਾ ਗਿਆ। ਇਸ ਸਮੇਂ ਸਰਪੰਚ ਪ੍ਰਗਟ ਸਿੰਘ ਮਲਵਈ, ਨਿੱਪੀ ਸੂਦ, ਡਾ. ਚਰਨਜੀਤ ਸਿੰਘ ਸੋਢੀ, ਪ੍ਰਧਾਨ ਅਸ਼ੋਕ ਕੁਮਾਰ, ਹਰਪਿੰਦਰ ਸਿੰਘ ਜੇਜੀ, ਸੁਖਵਿਦਰ ਸਿੰਘ ਬਿੱਟੂ ਮੈਂਬਰ, ਰਾਜੂ ਗਾਰਮੈਂਟਸ, ਰਾਜੇ ਸ਼ਾਹ ਫਰੂਟ ਵਾਲੇ, ਜੁੱਗਾ ਸਿੰਘ ਹਲਵਾਈ ਪੰਜਵੜ, ਸਰਪੰਚ ਮੰਗਲ ਸਿੰਘ ਖੈਰਦੀ, ਗੁਰਚਰਨ ਸਿੰਘ ਖੈਰਦੀ, ਦਿਲਬਾਗ ਸਿੰਘ ਠੱਠਗੜ੍ਹ, ਲਖਬੀਰ ਸਿੰਘ, ਦੇਸ ਰਾਜ, ਜਸਪਾਲ ਸਿੰਘ ਮਾਸਟਰ, ਗੋਲੂ ਮਨਿਆਰੀ ਵਾਲਾ, ਜਸਪਾਲ ਸਿੰਘ, ਆਦਿ ਹੋਰ ਵੀ ਕਾਂਗਰਸੀ ਵਰਕਰ ਹਾਜ਼ਰ ਸਨ।

# ਸੀ ਪੀ ਆਈ ਐੱਮ ਐੱਲ (ਲਿਬਰੇਸ਼ਨ) ਨੇ ਔਜਲਾ ਦੀ ਹਮਾਇਤ 'ਚ ਰੱਖੀ ਮੀਟਿੰਗ

**ਗਹਿਰੀ ਮੰਡੀ (ਮਨਜੀਤ ਸਿੰਘ ਭੰਗੂ)**-ਲੋਕ ਭਲਾਈ ਮੰਚ ਅਤੇ ਸੀਪੀਆਈ (ਐੱਮਐੱਲ) ਲਿਬਰੇਸ਼ਨ ਦੇ ਅਹੁਦੇਦਾਰਾਂ ਦੀ ਵਿਸ਼ੇਸ਼ ਇਕੱਤਰਤਾ ਮੰਚ ਦੇ ਮੁੱਖ ਦਫਤਰ ਕੱਚੀ ਮਿੱਟੀ ਰੋਡ ਏਕਤਾ ਨਗਰ ਢੱਪਈ ਵਿਖੇ ਪ੍ਰੇਮ ਚੰਦ ਦੀ ਪ੍ਰਧਾਨਗੀ ਹੇਠ ਕੀਤੀ।ਇਸ ਇਕੱਤਰਤਾ ਵਿੱਚ ਬੀਬੀ ਜਗੀਰ ਕੌਰ ਕਾਂਗਰਸ ਦੇ ਲੋਕ ਸਭਾ ਉਮੀਦਵਾਰ ਗੁਰਜੀਤ ਸਿੰਘ ਔਜਲਾ ਦੇ ਮਾਤਾ, ਸੂਬਾਈ ਆਗੂ ਬਲਬੀਰ ਸਿੰਘ ਝਾਮਕਾ, ਗਿਰਧਾਰੀ ਲਾਲ, ਬਾਜ ਸਿੰਘ ਭਰਾੜੀਵਾਲ, ਕੁਲਦੀਪ ਸਿੰਘ ਦਸ਼ਮੇਸ਼ ਨਗਰ ਅਤੇ ਓਮ ਪ੍ਰਕਾਸ਼ ਆਦਿ ਨੇ ਆਪਣੇ ਵਿਚਾਰ ਪੇਸ਼ ਕੀਤੇ।ਉਪਰੋਕਤ ਤੋਂ ਇਲਾਵਾ ਬੀਬੀ ਸਿੰਦੀ, ਤੀਰਥ ਰਾਮ, ਪਰਦੀਪ ਕੁਮਾਰ, ਵਰਿਆਮ ਚੰਦ, ਠੇਕੇਦਾਰ ਕੁਲਵੰਤ ਸਿੰਘ, ਦਿਲਬਾਗ ਸਿੰਘ ਹਮੀਦਪੁਰ, ਬਲਦੇਵ ਸਿੰਘ, ਕਿਸ਼ਨ ਲਾਲ, ਮੋਹਿਤ ਕੁਮਾਰ, ਵੀਨਾ ਰਾਣੀ, ਰਜਿੰਦਰ ਕੁਮਾਰ, ਸਰਬਜੀਤ ਕੌਰ ਝਾਮਕਾ, ਸਤਪਾਲ ਸਿੰਘ ਗਿੱਲ, ਬਿਹਾਰੀ ਲਾਲ, ਜੈਦਰਥ, ਗੋਗਾ ਭਲਵਾਨ, ਜੌਰਜ, ਕਰਨ, ਦਿਲਬਾਗ ਸਿੰਘ ਢੱਪਈ, ਰਾਜ ਕੌਰ ਢਪਈ, ਰਜੀਵ ਗੁਪਤਾ, ਰਜੇਸ਼ ਕੁਮਾਰ, ਸੰਦੀਪ ਸਿੰਘ, ਦਰਸ਼ਨਾ ਰਾਣੀ, ਰਾਹੁਲ ਸ਼ੋਰੀ, ਅਸ਼ਵਨੀ ਕੁਮਾਰ, ਨਰੇਸ਼ ਕੁਮਾਰੀ, ਖੁਸ਼ੀ, ਜੀਤ ਲਾਲ, ਰਿੰਪੀ ਗੋਲਡੀ ਅਤੇ ਮਮਤਾ ਆਦਿ ਹਾਜ਼ਰ ਸਨ।ਸਰਬਸਾਂਝਾ ਫੈਸਲਾ ਹੋਇਆ ਕਿ ਕਾਂਗਰਸੀ ਉਮੀਦਵਾਰ ਗੁਰਜੀਤ ਸਿੰਘ ਔਜਲਾ ਦੀ ਜਿੱਤ ਲਈ ਕੋਈ ਕਸਰ ਨਹੀਂ ਛੱਡੀ ਜਾਵੇਗੀ।

# ਸਾਹਿਤਕ ਸੇਵਾਵਾਂ ਬਦਲੇ ਪੰਜਾਬੀ ਸ਼ਾਇਰ ਹਵੇਲੀਆਣਾ ਸਨਮਾਨਤ

**ਬੁਤਾਲਾ (ਨਿਰਮਲ ਸਿੰਘ ਸੰਘਾ/ਜਸਪਾਲ ਸਿੰਘ)**-ਸਿਡਨੀ ਆਸਟ੍ਰੇਲੀਆ ਦੇ 21ਵੇਂ ਇਤਿਹਾਸਕ ਵਿਸਾਖੀ ਮੇਲੇ ਦੌਰਾਨ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਦੇ ਸਕੱਤਰ ਮਾ: ਲਖਵਿੰਦਰ ਸਿੰਘ ਮਾਨ ਹਵੇਲੀਆਣਾ ਨੂੰ ਉਨ੍ਹਾਂ ਦੀਆਂ ਸਾਹਿਤਕ ਸੇਵਾਵਾਂ ਦੇ ਮੱਦੇਨਜ਼ਰ ਮੇਲੇ ਦੇ ਪ੍ਰਬੰਧਕਾਂ ਦਵਿੰਦਰ ਸਿੰਘ ਧਾਰੀਆ ਅਤੇ ਹਰਕੀਰਤ ਸਿੰਘ ਸੰਧਰ ਦੀ ਸਮੁੱਚੀ ਟੀਮ ਵੱਲੋਂ ਸਨਮਾਨਿਤ ਕੀਤਾ ਗਿਆ।ਕੇਂਦਰੀ ਪੰਜਾਬੀ ਲੇਖਕ ਸਭਾ ਦੇ ਮੀਤ ਪ੍ਰਧਾਨ ਅਤੇ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਦੇ ਮੁੱਖ ਸੰਚਾਲਕ ਸ਼ੇਲੇਂਦਿਰ ਸਿੰਘ ਰਾਜਨ, ਸਰਪ੍ਰਸਤ ਪ੍ਰਿੰ: ਰਘਬੀਰ ਸਿੰਘ ਸੋਹਲ, ਪ੍ਰਧਾਨ ਸੰਤੋਖ ਸਿੰਘ ਗੁਰਾਇਆ, ਖਜ਼ਾਨਚੀ ਮਾ: ਮਨਜੀਤ ਸਿੰਘ ਵੱਸੀ, ਸੁਖਵੰਤ ਕੌਰ ਵੱਸੀ, ਰਾਜਵਿੰਦਰ ਕੌਰ ਰਾਜ, ਹਰਮੇਸ਼ ਕੌਰ ਜੋਧੇ, ਸੁਰਿੰਦਰ ਖਿਲ੍ਹਚੀਆਂ, ਬਲਵਿੰਦਰ ਸਿੰਘ ਅਠੌਲਾ, ਸੀਨੀਅਰ ਮੀਤ ਪ੍ਰਧਾਨ ਮੱਖਣ ਸਿੰਘ ਭੈਣੀਵਾਲ, ਡਾ: ਪਰਮਜੀਤ ਸਿੰਘ ਬਾਠ, ਮੁਖਤਾਰ ਸਿੰਘ ਗਿੱਲ, ਮਨਜੀਤ ਸਿੰਘ ਕੰਬੋ, ਸਕੱਤਰ ਪੁਰੇਵਲ, ਦਿਲਰਾਜ ਸਿੰਘ ਦਰਦੀ, ਸਨਪ੍ਰੀਤ ਸਿੰਘ ਯੂ. ਕੇ., ਜਸਪਾਲ ਸਿੰਘ ਧੂਲ਼ਕਾ ਨੇ ਮਾ: ਲਖਵਿੰਦਰ ਸਿੰਘ ਮਾਨ ਹਵੇਲੀਆਣਾ ਨੂੰ ਮੁਬਾਰਕਬਾਦ ਦਿੱਤੀ ਹੈ।

# ਨਹਿਰ ਅਪਰਬਾਰੀ ਦੁਆਬ 'ਤੇ ਬਣੇ ਪੁਲ 'ਤੇ ਲੱਗੀਆਂ ਲਾਈਟਾਂ ਨਾ ਜਗਣ ਕਾਰਨ ਰਾਹਗੀਰ ਪ੍ਰੇਸ਼ਾਨ



**ਗੁਰਦਾਸਪੁਰ, (ਜਨਕ ਮਹਾਜਨ)**- ਗੁਰਦਾਸਪੁਰ-ਮੁਕੇਰੀਆਂ ਸੜਕ ਵਿਚਕਾਰ ਪੈਂਦੀ ਨਹਿਰ ਅਪਰਬਾਰੀ ਦੁਆਬ 'ਤੇ ਬਣੇ ਪੁਲ 'ਤੇ ਲੱਗੀਆਂ ਸੋਲਰ ਲਾਈਟਾਂ ਰਾਤ ਨੂੰ ਨਾ ਜਗਣ ਕਾਰਨ ਹਾਦਸੇ ਹੋਣ ਦਾ ਡਰ ਬਣਿਆ ਰਹਿੰਦਾ ਹੈ, ਜਿਸ ਕਾਰਨ ਇਲਾਕਾ ਵਾਸੀਆਂ ਦਾ ਪੰਜਾਬ ਸਰਕਾਰ ਤੇ ਸਬੰਧਤ ਵਿਭਾਗ ਵਲੋਂ ਧਿਆਨ ਨਾ ਦੇਣ ਕਰਕੇ ਭਾਰੀ ਰੋਸ ਪਾਇਆ ਜਾ ਰਿਹਾ ਹੈ। 26 ਅਪ੍ਰੈਲ 2007 ਨੂੰ ਨਹਿਰ ਅਪਰ ਬਾਰੀ ਦੁਆਬ ਅਤੇ ਕਸੂਰ ਬਰਾਂਚ ਨਹਿਰ 'ਤੇ ਉਸ ਸਮੇਂ ਦੇ ਸਾਬਕਾ ਉਪ ਮੁੱਖ ਮੰਤਰੀ ਪੰਜਾਬ ਸੁਖਬੀਰ ਸਿੰਘ ਬਾਦਲ, ਕੈਬਨਿਟ ਮੰਤਰੀ ਪਰਮਿੰਦਰ ਸਿੰਘ ਢੀਂਡਸਾ, ਹਲਕਾ ਵਿਧਾਇਕ ਗੁਰਬਚਨ ਸਿੰਘ ਬੱਬੇਹਾਲੀ ਵਲੋਂ ਇਸ ਪੁਲ ਦਾ ਉਦਘਾਟਨ ਕੀਤਾ ਗਿਆ ਸੀ। ਇਸ ਪੁਲ ਉਪਰ ਰਾਤ ਨੂੰ ਰੌਸ਼ਨੀ ਵਾਸਤੇ ਸੋਲਰ ਲਾਈਟਾਂ ਦੇ ਕਰੀਬ 22 ਪੋਲ ਲਗਾਏ ਗਏ ਤਾਂ ਕਿ ਲੋਕਾਂ ਨੂੰ ਕਿਸੇ ਕਿਸਮ ਦੀ ਕੋਈ ਮੁਸ਼ਕਲ ਨਾ ਆਵੇ। ਪਰ ਕੁਝ ਸਮੇਂ ਬਾਅਦ ਹੀ ਲਾਈਟਾਂ ਜਗਣੋਂ ਬੰਦ ਹੋ ਗਈਆਂ ਅਤੇ ਖੰਭੇ ਵੀ ਟੁੱਟ ਭੱਜ ਗਏ। ਉਥੇ ਹੀ ਇਨ੍ਹਾਂ ਖੰਭਿਆਂ 'ਤੇ ਲੱਗੀਆਂ ਬੈਟਰੀਆਂ ਚੋਰੀਆਂ ਹੋ ਚੁੱਕੀਆਂ ਹਨ। ਇਨ੍ਹਾਂ ਸੋਲਰ ਪੋਲਾਂ ਦੀ ਸਾਂਭ ਸੰਭਾਲ ਨਹਿਰੀ ਵਿਭਾਗ ਦੇ ਜਿੰਮੇ ਸੀ ਜਿਨ੍ਹਾਂ ਨੇ ਇਸ ਪਾਸੇ ਕੋਈ ਧਿਆਨ ਨਹੀਂ ਦਿੱਤਾ। ਜਿਸ ਕਰਕੇ ਇਥੇ ਪੋਲ ਹੁਣ ਨਾ-ਮਾਤਰ ਹੀ ਦਿਖਾਈ ਦਿੰਦੇ ਹਨ। ਇਸ ਨਹਿਰ 'ਤੇ ਬਣੇ ਪੁਲ ਰਾਹੀਂ ਰੋਜ਼ਾਨਾ ਦਿਨ-ਰਾਤ ਸੈਂਕੜਿਆਂ ਦੀ ਗਿਣਤੀ ਵਿਚ ਛੋਟੇ ਵੱਡੇ ਵਾਹਨ ਦਿੱਲੀ, ਜਲੰਧਰ, ਚੰਡੀਗੜ੍ਹ ਆਦਿ ਸ਼ਹਿਰਾਂ ਤੋਂ ਇਲਾਵਾ ਜੰਮੂ, ਸ੍ਰੀਨਗਰ ਨੂੰ ਵੀ ਆਉਂਦੇ ਜਾਂਦੇ ਹਨ। ਲੋਕਾਂ ਨੇ ਦੱਸਿਆ ਕਿ ਪੁਲ 'ਤੇ ਰਾਤ ਸਮੇਂ ਹਨੇਰਾ ਹੋਣ ਕਾਰਨ ਕਈ ਵਾਰ ਦੋ ਪਹੀਆ ਵਾਹਨ ਆਪਸ ਵਿਚ ਟਕਰਾ ਕੇ ਹਾਦਸਾਗ੍ਰਸਤ ਹੋ ਚੁੱਕੇ ਹਨ ਅਤੇ ਵੱਡੇ ਵਾਹਨਾਂ ਦਾ ਵੀ ਹਾਦਸਾ ਹੋਣ ਦਾ ਡਰ ਬਣਿਆ ਰਹਿੰਦਾ ਹੈ। ਜਦ ਇਨ੍ਹਾਂ ਸੋਲਰ ਲਾਈਟਾਂ ਦੇ ਪੋਲਾਂ ਸੰਬੰਧੀ ਨਹਿਰੀ ਵਿਭਾਗ ਦੇ ਐਸ.ਡੀ.ਓ. ਸੰਜੀਵ ਸ਼ਰਮਾ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਕਿਹਾ ਕਿ ਇਨ੍ਹਾਂ ਪੋਲਾਂ ਦਾ ਨਹਿਰੀ ਵਿਭਾਗ ਨਾਲ ਕੋਈ ਸੰਬੰਧ ਨਹੀਂ, ਇਸ ਦਾ ਸਬੰਧ ਲੋਕ ਨਿਰਮਾਣ ਵਿਭਾਗ ਨਾਲ ਹੈ। ਜਦੋਂ ਲੋਕ ਨਿਰਮਾਣ ਵਿਭਾਗ ਦੇ ਐਸ.ਡੀ.ਓ. ਲਵਜੀਤ ਦਾ ਪੱਖ ਜਾਣਿਆ ਤਾਂ ਉਨ੍ਹਾਂ ਕਿਹਾ ਕਿ ਲੋਕ ਨਿਰਮਾਣ ਵਿਭਾਗ ਵਿਚ ਇਲੈਕਟ੍ਰੀਕਲ ਵਿਭਾਗ ਹੁੰਦਾ ਹੈ ਜੋ ਇਸ ਸੰਬੰਧੀ ਜਾਣਕਾਰੀ ਦੇ ਸਕਦੇ ਹਨ। ਇਨ੍ਹਾਂ ਪੋਲਾਂ ਸੰਬੰਧੀ ਕੋਈ ਵੀ ਅਧਿਕਾਰੀ ਸਪਸ਼ਟੀਕਰਨ ਦੇਣ ਲਈ ਤਿਆਰ ਨਹੀਂ। ਇਸ ਪਾਸੇ ਕੋਈ ਵੀ ਮਹਿਕਮਾ ਗੰਭੀਰ ਨਹੀਂ। ਇਲਾਕਾ ਵਾਸੀਆਂ ਨੇ ਪੰਜਾਬ ਸਰਕਾਰ ਅਤੇ ਸੰਬੰਧਤ ਵਿਭਾਗ ਪਾਸੋਂ ਮੰਗ ਕੀਤੀ ਕਿ ਪੁਲ 'ਤੇ ਬੰਦ ਅਤੇ ਖ਼ਰਾਬ ਹੋਈਆਂ ਲਾਈਟਾਂ ਨੂੰ ਚਾਲੂ ਕੀਤਾ ਜਾਵੇ ਤਾਂ ਜੋ ਕਿਸੇ ਵੇਲੇ ਵੀ ਅਣਸੁਖਾਵੀਂ ਘਟਨਾ ਨਾ ਵਾਪਰੇ।

## ਵਿਸ਼ੇਸ਼ ਸੈਮੀਨਾਰ ਲਗਾਏ



**ਅਜਨਾਲਾ ( ਸੁਖਤਿੰਦਰ ਸਿੰਘ ਰਾਜੂ)**-ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਅੰਮ੍ਰਿਤਸਰ ਤਰਨ ਤਾਰਨ ਜ਼ੋਨ ਦੇ ਖੇਤਰ ਅਜਨਾਲਾ ਵੱਲੋਂ ਪ੍ਰਚਾਰਕ ਹਰਪ੍ਰਤਾਪ ਸਿੰਘ ਅਜਨਾਲਾ ਦੁਆਰਾ ਗੁਰੂ ਅੰਗਦ ਦੇਵ ਜੀ ਸੀਨੀਅਰ ਸੈਕੰਡਰੀ ਸਕੂਲ ਬਿਕਰਾਉਰ, ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਸੀਨੀਅਰ ਸੈਕੰਡਰੀ ਸਕੂਲ ਰਮਦਾਸ, ਸ੍ਰੀ ਗੁਰੂ ਕਲਗੀਧਰ ਸੀਨੀਅਰ ਸੈਕੰਡਰੀ ਸਕੂਲ ਦਾਲਮ, ਬਾਬਾ ਬੁੱਢਾ ਸਾਹਿਬ ਹਾਈ ਸਕੂਲ ਅਜਨਾਲਾ, ਕੈਪਟਨ ਸਕੂਲ ਆਫ ਐਕਸੀਲੈਂਸ ਫ਼ਤਹਿਗੜ੍ਹ ਚੂੜੀਆ ਵਿਖੇ ਵਿੱਦਿਅਕ ਸੈਮੀਨਾਰ ਦੁਆਰਾ ਨੈਤਿਕ ਕਦਰਾਂ-ਕੀਮਤਾਂ, ਨਰੋਆ ਸਮਾਜ ਸਿਰਜਣ, ਜਾਤ ਪਾਤ ਦੇ ਵਿਤਕਰੇ ਤੋਂ ਦੂਰ ਰਹਿਣ ਵਾਸਤੇ ਗੁਰੂ ਨਾਨਕ ਸਾਹਿਬ ਦੇ ਸਰਬ ਸਾਂਝੀਵਾਲਤਾ ਦੇ ਸੰਦੇਸ਼ ਨੂੰ ਘਰ-ਘਰ ਪਹੁੰਚਾਉਣ ਲਈ ਵਿਚਾਰ ਸਾਂਝੇ ਕੀਤੇ ਗਏ। ਸਕੂਲ ਐਮ ਡੀ ਵਾਸਦੇਵ ਸ਼ਰਮਾ, ਪ੍ਰਿੰਸੀਪਲ ਅਮਨਦੀਪ ਕੌਰ, ਹਰਜਿੰਦਰ ਕੌਰ, ਸੁਖਰਾਜ ਸਿੰਘ, ਹਰਵਿੰਦਰ ਕੌਰ ਸਮੂਹ ਸਟਾਫ ਮੈਂਬਰ ਸਹਿਬਾਨ ਨੇ ਸੰਸਥਾ ਦੇ ਕਾਰਜਾਂ ਦੀ ਸ਼ਲਾਘਾ ਕੀਤੀ ਅਤੇ ਧੰਨਵਾਦ ਕੀਤਾ।

## ਐੱਸ ਡੀ ਓ ਰਾਜਬੀਰ ਸਿੰਘ ਢਿੱਲੋਂ ਨੇ ਸਬ ਅਰਬਨ ਪੱਟੀ ਦਾ ਚਾਰਜ ਸੰਭਾਲਿਆ

**ਪੱਟੀ (ਸ਼ਮਸ਼ੇਰ ਸਿੰਘ ਯੋਧਾ)**-ਸਬ ਡਵੀਜ਼ਨ ਪੱਟੀ ਵਿਖੇ ਪੀ.ਐਸ.ਪੀ.ਸੀ.ਐਲ ਮਹਿਕਮੇ ਵਿੱਚ ਰਾਜਬੀਰ ਸਿੰਘ ਢਿੱਲੋਂ ਬਤੌਰ ਜੇ.ਈ ਵਜੋਂ ਕਰੀਬ ਪਿਛਲੇ ਸਤਾਰਾਂ ਸਾਲਾਂ ਤੋਂ ਬਹੁਤ ਵਧੀਆ ਸੇਵਾਵਾਂ ਨਿਭਾ ਰਹੇ ਹਨ ਜਿਨ੍ਹਾਂ ਨੂੰ ਪੰਜਾਬ ਰਾਜ ਕਾਰਪੋਰੇਸ਼ਨ ਵੱਲੋਂ ਤਰੱਕੀ ਦਿੱਤੀ ਗਈ ਅਤੇ ਬੀਤੇ ਕੱਲ੍ਹ ਪਦਉੱਨਤ ਹੋਏ ਰਾਜਬੀਰ ਸਿੰਘ ਢਿੱਲੋਂ ਨੂੰ ਐਸ.ਡੀ.ਓ ਸਬ ਅਰਬਨ ਪੱਟੀ ਵਿਖੇ ਨਿਯੁਕਤ ਕੀਤਾ ਗਿਆ। ਇਸ ਮੌਕੇ ਨਵਨਿਯੁਕਤ ਐਸ.ਡੀ.ਓ ਰਾਜਬੀਰ ਸਿੰਘ ਢਿਲੋਂ ਨੂੰ ਪੰਜਾਬ ਰਾਜ ਕਾਰਪੋਰੇਸ਼ਨ ਮਹਿਕਮੇ ਦੇ ਸੀਨੀਅਰ ਅਧਿਕਾਰੀਆਂ ਅਤੇ ਪਤਿਵੰਤੇ ਸੱਜਣਾਂ ਨੇ ਅਹੁਦਾ ਸੰਭਾਲਣ 'ਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਅਤੇ ਸ਼ੁੱਭਕਾਮਨਾਵਾਂ ਦਿੱਤੀਆਂ। ਇਸ ਮੌਕੇ ਰਾਜਬੀਰ ਸਿੰਘ ਢਿੱਲੋਂ ਨੂੰ ਵਧਾਈ ਦੇਣ ਲਈ ਉਚੇਚੇ ਤੌਰ 'ਤੇ ਪਹੁੰਚੇ ਐਕਸੀਅਨ ਵਿਜੈਪਾਲ ਸਿੰਘ, ਐਸ.ਡੀ.ਓ ਜਸਵਿੰਦਰ ਸਿੰਘ, ਐਸ.ਡੀ.ਓ ਅਮਰਜੀਤ ਸਿੰਘ, ਐਸ.ਡੀ.ਓ ਬਲਜਿੰਦਰ ਸਿੰਘ ਤਰਨ ਤਾਰਨ, ਆਰ.ਏ. ਕਰਮ ਸਿੰਘ, ਹਰਜਿੰਦਰ ਸਿੰਘ ਚੌਹਾਨ, ਜੇ.ਈ. ਮਨਜੀਤ ਸਿੰਘ ਮੀਤ ਪ੍ਰਧਾਨ ਪੰਜਾਬ, ਮੇਜਰ ਸਿੰਘ ਮੱਲੀਆਂ ਸਰਕਲ ਪ੍ਰਧਾਨ, ਕੁਲਵੰਤ ਸਿੰਘ ਮੱਲੀਆਂ ਸਰਕਲ ਪ੍ਰਧਾਨ, ਆਰ.ਏ. ਸਤਨਾਮ ਸਿੰਘ, ਜੇ.ਈ. ਗੁਰਮੀਤ ਸਿੰਘ, ਜੇ.ਈ ਸੁਖਜੀਤ ਸਿੰਘ, ਜੁਗਰਾਜ ਸਿੰਘ ਐਸ.ਐਸ.ਏ, ਮਨਪ੍ਰੀਤ ਸਿੰਘ ਐਮ.ਪੀ. ਅਮਰਜੀਤ ਸਿੰਘ, ਕੰਵਲਬੀਰ ਸਿੰਘ ਮੀਟਰ ਰੀਡਰ ਆਦਿ ਹਾਜ਼ਰ ਸਨ।

## ਸੈਕਰਡ ਹਾਰਟ ਸਕੂਲ ਬਿਆਸ ਵਿਖੇ ਸਨਮਾਨ ਸਮਾਗਮ



**ਬਾਬਾ ਬਕਾਲਾ ਸਾਹਿਬ (ਜਸਪਾਲ ਸਿੰਘ)**-ਸੈਕਰਡ ਹਾਰਟ ਕਾਨਵੈਂਟ ਸੀਨੀਅਰ ਸੈਕੰਡਰੀ ਸਕੂਲ ਬਿਆਸ ਵਿਖੇ ਸਨਮਾਨ ਸਮਾਗਮ ਕੀਤਾ ਗਿਆ, ਜਿਸ ਵਿੱਚ ਸਕੂਲ ਵਿੱਚੋਂ ਵਧੀਆ ਪੁਜ਼ੀਸ਼ਨਾਂ ਹਾਸਲ ਕਰਨ ਵਾਲੀਆਂ ਵਿਦਿਆਰਥਣਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ਇਸ ਮੌਕੇ ਰੈਵਨਡ ਫਾਦਰ ਲੋਰੈਂਸ ਡਾਇਰੈਕਟਰ, ਪ੍ਰਿੰਸੀਪਲ ਸਿਸਟਰ ਮਾਰੀਆ ਨੇ ਕਿਹਾ ਕਿ ਇਨ੍ਹਾਂ ਬੱਚਿਆਂ ਨੇ ਹਰ ਖੇਤਰ 'ਚ ਅਹਿਮ ਮੱਲਾਂ ਮਾਰੀਆਂ ਹਨ ਅਤੇ ਆਪਣਾ, ਆਪਣੇ ਮਾਪਿਆਂ ਤੇ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ, ਸਾਨੂੰ ਇਨ੍ਹਾਂ 'ਤੇ ਬੇਹੱਦ ਮਾਣ ਹੈ।ਇਸ ਮੌਕੇ ਵਿਦਿਆਰਥਣ ਗੁਰਲੀਨ ਕੌਰ ਢਿੱਲੋਂ ਦੇ ਪਿਤਾ ਨੇ ਕਿਹਾ ਕਿ ਸਾਡੀ ਬੱਚੀ ਨੇ ਕਦੇ ਵੀ ਟਿਊਸ਼ਨ ਨਹੀਂ ਪੜ੍ਹੀ, ਸਗੋਂ ਆਪਣੀ ਮਿਹਨਤ ਨਾਲ ਹੀ ਇਸ ਮੁਕਾਮ 'ਤੇ ਪੁੱਜੀ ਹੈ।ਇਸ ਮੌਕੇ ਸਮੂਹ ਸਟਾਫ ਅਤੇ ਬੱਚਿਆਂ ਦੇ ਮਾਤਾ-ਪਿਤਾ ਮੌਜੂਦ ਸਨ।

# ਸਿੱਖ ਜੀਵਨ ਜਾਚ ਸੰਸਥਾ ਨੇ ਬੱਚਿਆਂ ਦੀ ਲਈ ਧਾਰਮਿਕ ਪ੍ਰੀਖਿਆ



**ਬਾਬਾ ਬਕਾਲਾ ਸਾਹਿਬ (ਜਸਪਾਲ ਸਿੰਘ)**-ਸਬ ਡਵੀਜ਼ਨ ਬਾਬਾ ਬਕਾਲਾ ਸਾਹਿਬ ਦੇ ਪਿੰਡ ਟਪਿਆਲਾ ਵਿਖੇ ਸਿੱਖ ਜੀਵਨ ਜਾਚ ਸੰਸਥਾ ਬਾਬਾ ਬਕਾਲਾ ਸਾਹਿਬ (ਰਜਿ:) ਪੰਜਾਬ ਵੱਲੋਂ ਬੱਚਿਆਂ ਦੀਆਂ ਚੱਲ ਰਹੀਆਂ ਗੁਰਮਤਿ ਕਲਾਸਾਂ ਵਿੱਚ ਵੱਖ-ਵੱਖ ਵਿਸ਼ਿਆਂ ਸਬੰਧੀ ਟੈਸਟ ਲਏ ਗਏ।ਇਸ ਮੌਕੇ ਸੰਸਥਾ ਦੇ ਮੁਖੀ ਭਾਈ ਹਰਪ੍ਰੀਤ ਸਿੰਘ ਐੱਮ. ਏ. ਦੀ ਜਾਣਕਾਰੀ ਅਨੁਸਾਰ ਟਪਿਆਲਾ ਦੀਆਂ ਸਮੂਹ ਸੰਗਤਾਂ ਅਤੇ ਭਾਈ ਗੁਰਪਿੰਦਰ ਸਿੰਘ ਮਧਰੇ ਦੇ ਸਹਿਯੋਗ ਨਾਲ ਟਪਿਆਲਾ ਵਿਖੇ ਪਿਛਲੇ 7 ਸਾਲ ਤੋਂ ਗੁਰਮਤਿ ਸੰਗੀਤ ਅਤੇ ਸ਼ਸਤਰ ਵਿੱਦਿਆ ਦੀਆਂ ਕਲਾਸਾਂ ਚੱਲ ਰਹੀਆਂ ਹਨ, ਜਿਸ ਵਿੱਚ ਵੱਡੀ ਗਿਣਤੀ ਵਿੱਚ ਪਿੰਡ ਬੁਤਾਲਾ, ਸੱਤੋਵਾਲ, ਬੋਲੇਵਾਲ ਆਦਿ ਪਿੰਡਾਂ ਦੇ ਬੱਚੇ ਹਾਜ਼ਰੀ ਭਰਦੇ ਹਨ ਜਿਨ੍ਹਾਂ ਵਿੱਚੋਂ ਬਹੁਤ ਸਾਰੇ ਵਿਦਿਆਰਥੀ ਉਚੇਰੀ ਸਿੱਖਿਆ ਲਈ ਵੱਡੇ ਕਾਲਜਾਂ ਵਿੱਚ ਦਾਖਲਾ ਲੈ ਚੁੱਕੇ ਹਨ।ਵੱਖ-ਵੱਖ ਪਿੰਡਾਂ 'ਚ ਬੱਚਿਆਂ ਨੂੰ ਗੁਰਮਤਿ ਦੀ ਫ਼੍ਰੀ ਸਿਖਲਾਈ ਦਿੱਤੀ ਜਾ ਰਹੀ ਹੈ।ਇਹ ਕਲਾਸਾਂ ਐਤਵਾਰ ਅਤੇ ਵੀਰਵਾਰ ਸ਼ਾਮ 5 ਵਜੇ ਤੋਂ 7 ਵਜੇ ਤੱਕ ਲੱਗਦੀਆਂ ਹਨ।ਇਸ ਮੌਕੇ ਸਰਪੰਚ ਦਲਬੀਰ ਸਿੰਘ, ਰਾਜਬੀਰ ਸਿੰਘ, ਹੈੱਡ ਗ੍ਰੰਥੀ ਭਾਈ ਮੰਗਲ ਸਿੰਘ, ਪਵਨਦੀਪ ਕੌਰ, ਅੰਮ੍ਰਿਤਜੋਤ ਕੌਰ, ਹਰਜਿੰਦਰ ਕੌਰ, ਸਿਮਰਨਜੀਤ ਕੌਰ, ਡਾ: ਕੁਲਵਿੰਦਰ ਸਿੰਘ, ਭਾਈ ਜਤਿੰਦਰ ਸਿੰਘ, ਗੁਰਨਾਮ ਸਿੰਘ, ਰਵੀ ਟਪਿਆਲਾ, ਮਨਜੀਤ ਸਿੰਘ, ਲਖਵਿੰਦਰ ਸਿੰਘ ਮੌਜੂਦ ਸਨ।

# ਟੈਕਨੀਕਲ ਸਰਵਿਸ ਯੂਨੀਅਨ ਵੱਲੋਂ ਮੋਦੀ ਦੇ ਪੰਜਾਬ ਆਉਣ 'ਤੇ ਅਰਥੀ ਫੂਕ ਮੁਜ਼ਾਹਰਾ



**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**-ਟੈਕਨੀਕਲ ਸਰਵਿਸਜ਼ ਯੂਨੀਅਨ ਰਜਿ ਸਬ ਡਵੀਜ਼ਨ ਕਾਦੀਆਂ ਦੇ ਪ੍ਰਧਾਨ ਸੁਖਦੇਵ ਸਿੰਘ ਸੇਖਵਾਂ ਦੀ ਪ੍ਰਧਾਨਗੀ ਹੇਠ ਬਿਜਲੀ ਕਾਮਿਆਂ ਵੱਲੋਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਪੰਜਾਬ ਆਉਣ 'ਤੇ ਕੇਂਦਰ ਸਰਕਾਰ ਅਤੇ ਕਾਰਪੋਰੇਟ ਘਰਾਣਿਆਂ ਦੀ ਅਰਥੀ ਸਾੜ ਕੇ ਰੋਸ ਪ੍ਰਦਰਸ਼ਨ ਕੀਤਾ। ਇਸ ਮੌਕੇ ਸਰਕਲ ਪ੍ਰਧਾਨ ਜਗਤਾਰ ਸਿੰਘ ਖੁੰਡਾ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਸਾਮਰਾਜੀ ਤਾਕਤਾਂ ਦੀਆਂ ਦਿਸ਼ਾ ਨਿਰਦੇਸ਼ਤ ਨੀਤੀਆਂ ਤਹਿਤ ਨਿੱਜੀਕਰਨ, ਸੰਸਾਰੀਕਰਨ, ਉਦਾਰੀਕਰਨ ਦੀਆਂ ਨੀਤੀਆਂ ਨੂੰ ਤੇਜ਼ੀ ਨਾਲ ਲਾਗੂ ਕੀਤਾ ਜਾ ਰਿਹਾ ਹੈ। ਇਨ੍ਹਾਂ ਨੀਤੀਆਂ ਤਹਿਤ ਬਿਜਲੀ ਐਕਟ 2022 ਕੇਂਦਰ ਸਰਕਾਰ ਵੱਲੋਂ ਪਾਸ ਕੀਤਾ ਗਿਆ, ਜਿਸ ਦੇ ਨਾਲ ਬਿਜਲੀ ਖੇਤਰ ਵਿਚ ਪੱਕੇ ਰੁਜ਼ਗਾਰ ਦਾ ਖਾਤਮਾ ਕਰਕੇ ਬਿਜਲੀ ਖੇਤਰ ਕਾਰਪੋਰੇਟ ਘਰਾਣਿਆਂ ਦੇ ਹਵਾਲੇ ਕੀਤਾ ਜਾਣਾ ਹੈ, ਪਹਿਲਾਂ ਦੇ ਚਲਦੇ ਕਿਰਤ ਕਨੂੰਨਾਂ ਨੂੰ ਤਬਦੀਲ ਕਰਕੇ ਮਜ਼ਦੂਰ ਜਮਾਤ ਵਿਰੋਧੀ ਫ਼ੈਸਲੇ ਕੀਤੇ ਗਏ ਹਨ, ਪੁਰਾਣੀ ਪੈਨਸ਼ਨ ਸਕੀਮ ਰੱਦ ਕਰਕੇ ਨਵੀਂ ਪੈਨਸ਼ਨ ਸਕੀਮ ਲਾਗੂ ਕੀਤੀ ਗਈ ਹੈ, ਪੱਕੇ ਰੁਜ਼ਗਾਰ ਦਾ ਉਜਾੜਾ ਕਰਕੇ ਠੇਕਾ ਪ੍ਰਣਾਲੀ ਲਾਗੂ ਕਰਨ ਦੇ ਕਾਮਾ ਵਿਰੋਧੀ ਫ਼ੈਸਲੇ ਕੀਤੇ ਗਏ ਹਨ।ਟੀ ਐਸ ਯੂ ਵੱਲੋਂ ਸੁਰਜੀਤ ਸਿੰਘ ਗੁਰਾਇਆ, ਪ੍ਰੇਮ ਕੁਮਾਰ, ਹਰਦੀਪ ਸਿੰਘ ਸੇਖੋਂ, ਫੈਡਰੇਸ਼ਨ ਏਟਕ ਵਲੋਂ ਪਿਆਰਾ ਸਿੰਘ ਭਾਮੜੀ, ਰਾਮ ਲੁਭਾਇਆ, ਐਮ ਯੂ ਓ ਜਥੇਬੰਦੀ ਦੇ ਆਗੂ ਮਨਦੀਪ ਸਿੰਘ ਕੋਟਲਾ ਮੂਸਾ, ਇੰਪਲਾਈਜ਼ ਫੈਡਰੇਸ਼ਨ ਦੇ ਆਗੂ ਬਲਜਿੰਦਰ ਸਿੰਘ ਬਾਜਵਾ ਸ਼ਾਮਲ ਹੋਏ।

# ਬੀ ਪੀ ਓ (ਐਲੀ:) ਨੇ ਮਾਫੀ ਮੰਗ ਕੇ ਖਹਿੜਾ ਛੁਡਾਇਆ

**ਵੇਰਕਾ ( ਰਾਣਾ )**-ਸਿੱਖਿਆ ਮਹਿਕਮੇ ਦੇ ਇੱਕ ਆਸ਼ਿਕ ਮਿਜਾਜ਼ ਬੀ.ਪੀ.ਓ (ਐਲੀ:) ਵੱਲੋਂ ਮਹਿਲਾ ਅਧਿਆਪਕਾਵਾਂ ਪਾਸੋਂ ਮਾਫੀ ਮੰਗ ਕੇ ਖਹਿੜਾ ਛੁਡਾਏ ਜਾਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਜਿਸ ਦੀ ਚਰਚਾ ਸਿੱਖਿਆ ਵਿਭਾਗ (ਐਲੀ:) ਦੇ ਜ਼ਿਲ੍ਹਾ ਅਤੇ ਬਲਾਕ ਸਿੱਖਿਆ ਦਫ਼ਤਰਾਂ ਤੋਂ ਇਲਾਵਾ ਮਹਿਕਮੇ ਦੇ ਅਧਿਆਪਕਾਂ 'ਚ ਜ਼ੋਰਾਂ 'ਤੇ ਹੈ।ਇਸ ਬਾਬਤ ਪ੍ਰਭਾਵਿਤ ਅਧਿਆਪਕਾਵਾਂ ਨੇ ਦੱਸਿਆ ਕਿ ਬਲਾਕ ਸਿੱਖਿਆ ਅਫ਼ਸਰ (ਐਲੀ:) ਅੰਮ੍ਰਿਤਸਰ ਉਨ੍ਹਾਂ ਦੀਆਂ ਬੇਲੋੜੀਆਂ ਡਿਊਟੀਆਂ ਲਾ ਕੇ ਨਿੰਰਤਰ ਤੰਗ-ਪ੍ਰੇਸ਼ਾਨ ਕਰਦਾ ਸੀ। ਸਾਰੇ ਬਲਾਕ ਟੀਚਰਾਂ ਨੂੰ ਛੱਡ ਕੇ ਕੇਵਲ ਸਾਡੀਆਂ ਹੀ ਡਿਊਟੀਆਂ ਮੁੜ-ਮੁੜ ਲਾਉਂਦਾ ਸੀ। ਫਿਰ ਛੁੱਟੀ ਹੋਣ ਉਪਰੰਤ ਵੀ ਬਲਾਕ ਦੇ ਦਫ਼ਤਰ ਆ ਕੇ ਰਿਪੋਰਟ ਦੇਣ ਵਾਸਤੇ ਅਤੇ ਕਦੇ ਦਫ਼ਤਰ ਵਿੱਚ ਹੀ ਬੈਠੇ ਰਹਿਣ ਲਈ ਮਜਬੂਰ ਕਰਦਾ ਹੈ। ਉਨ੍ਹਾਂ ਦੱਸਿਆ ਕਿ ਅਸੀਂ ਦੂਜੇ ਜ਼ਿਲ੍ਹੇ ਦੀਆਂ ਹੋਣ ਕਰਕੇ ਸਾਡੀ ਜਾਣ-ਪਛਾਣ ਨਾ ਹੋਣ ਦਾ ਵੀ ਉਕਤ ਬੀ.ਪੀ.ਓ (ਐਲੀ:) ਕਥਿਤ ਨਜਾਇਜ਼ ਲਾਭ ਉਠਾਉਂਦਾ ਹੈ। ਹੁਣ ਅੱਕ ਥੱਕ ਕੇ ਸਥਿਤ ਆਪਣੇ ਮਕਾਨ ਮਾਲਕ ਅੰਮ੍ਰਿਤਸਰ ਨਾਲ ਗੱਲ ਕੀਤੀ। ਫਿਰ ਉਨ੍ਹਾਂ ਨੇ ਹੀ ਆਸ਼ਿਕ ਮਿਜਾਜ਼ ਉਕਤ ਬੀ.ਪੀ.ਓ (ਐਲੀ:) ਨੂੰ ਫੌਰੀ ਠੱਲ੍ਹ ਪਾਈ। ਜਿਸ ਉਪਰੰਤ ਪੀੜਤ ਮਹਿਲਾ ਟੀਚਰਾਂ ਪਾਸੋਂ ਅਧਿਕਾਰੀ ਨੇ ਮਾਫੀ ਮੰਗ ਕੇ ਖਹਿੜਾ ਛੁਡਾਇਆ ਅਤੇ ਨਿਕਟ ਭਵਿੱਖ ਵਿੱਚ ਉਨ੍ਹਾਂ ਨੂੰ ਕਦੇ ਤੰਗ- ਪ੍ਰੇਸ਼ਾਨ ਨਾ ਕਰਨ ਦਾ ਅਹਿਦ ਕੀਤਾ। ਉਪਰੋਕਤ ਬੀ.ਪੀ.ਓ (ਐਲੀ:) ਅੰਮ੍ਰਿਤਸਰ ਨੂੰ ਆਪਣੇ ਪਿੱਤਰੀ ਬਲਾਕ ਤੋਂ ਇਲਾਵਾ ਦੂਜੇ ਬਲਾਕ ਦਾ ਵਾਧੂ ਕਾਰਜਭਾਰ ਦਿੱਤਾ ਗਿਆ। ਇੱਥੇ ਆਪਣੀਆਂ ਆਦਤਾਂ ਅਨੁਸਾਰ ਸੇਵਾਵਾਂ ਨਿਭਾਉਣ ਕਰਕੇ ਟੀਚਰਾਂ ਨੂੰ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪਿਆ। ਉਂਝ ਬਲਾਕ ਅਧਿਕਾਰੀ ਕਾਫੀ ਚਰਚਿਤ ਰਹਿਣ ਦਾ ਸ਼ੌਕੀਨ ਹੈ।

# ਵਾਰਡ ਨੰਬਰ 7 ਤੇ 8 'ਚ ਗੁਰਜੀਤ ਸਿੰਘ ਔਜਲਾ ਦੇ ਹੱਕ 'ਚ ਮੀਟਿੰਗ



**ਅਜਨਾਲਾ :** ਸਥਾਨਕ ਸ਼ਹਿਰ ਅਜਨਾਲਾ ਦੀ ਵਾਰਡ ਨੰਬਰ 7 ਤੋਂ ਮਹਿਲਾ ਕੌਂਸਲਰ ਗੀਤਾ ਔਲ ਧਰਮ ਪਤਨੀ ਐਡਵੋਕੇਟ ਬ੍ਰਿਜ ਮੋਹਣ ਔਲ ਅਤੇ ਵਾਰਡ ਨੰਬਰ 8 ਤੋਂ ਇੰਚਾਰਜ ਸਾਬਕਾ ਕੌਂਸਲਰ ਤੇ ਕਾਂਗਰਸ ਪਾਰਟੀ ਸ਼ਹਿਰੀ ਅਜਨਾਲਾ ਦੇ ਪ੍ਰਧਾਨ ਡੈਮ ਦਵਿੰਦਰ ਸਿੰਘ ਅਜਨਾਲਾ ਵਲੋਂ ਸਾਂਝੇ ਤੌਰ 'ਤੇ ਵਾਰਡ ਵਾਸੀਆਂ, ਕਾਂਗਰਸੀ ਆਗੂਆਂ ਤੇ ਵਰਕਰਾਂ ਨਾਲ ਲੋਕ ਸਭਾ ਸੀਟ ਅੰਮ੍ਰਿਤਸਰ ਤੋਂ ਕਾਂਗਰਸ ਪਾਰਟੀ ਦੇ ਉਮੀਦਵਾਰ ਗੁਰਜੀਤ ਸਿੰਘ ਔਜਲਾ ਦੇ ਹੱਕ ਵਿੱਚ ਮੀਟਿੰਗ ਰੱਖੀ ਗਈ।ਇਸ ਮੌਕੇ ਗੁਰਜੀਤ ਸਿੰਘ ਔਜਲਾ ਦੇ ਮਾਤਾ ਜਗੀਰ ਕੌਰ, ਸਾਬਕਾ ਵਿਧਾਇਕ ਤੇ ਜ਼ਿਲ੍ਹਾ ਅੰਮ੍ਰਿਤਸਰ ਕਾਂਗਰਸ ਪਾਰਟੀ ਦਿਹਾਤੀ ਦੇ ਪ੍ਰਧਾਨ ਹਰਪ੍ਰਤਾਪ ਸਿੰਘ ਅਜਨਾਲਾ, ਸੀਨੀਅਰ ਮੀਤ ਪ੍ਰਧਾਨ ਕੰਵਰਪ੍ਰਤਾਪ ਸਿੰਘ ਅਜਨਾਲਾ, ਜੁਗਰਾਜ ਸਿੰਘ ਅਜਨਾਲਾ ਨੇ ਸ਼ਿਰਕਤ ਕੀਤੀ। ਮੀਟਿੰਗ ਨੂੰ ਸੰਬੋਧਨ ਕਰਦਿਆਂ ਹਰਪ੍ਰਤਾਪ ਸਿੰਘ ਅਜਨਾਲਾ ਨੇ ਕਿਹਾ ਕਿ ਇਕ ਜੂਨ ਵਾਲੇ ਦਿਨ ਲੋਕ ਸਭਾ ਸੀਟ ਅੰਮ੍ਰਿਤਸਰ ਤੋਂ ਕਾਂਗਰਸ ਪਾਰਟੀ ਦੇ ਉਮੀਦਵਾਰ ਗੁਰਜੀਤ ਸਿੰਘ ਔਜਲਾ ਦੇ ਹੱਕ ਵਿੱਚ ਵੋਟ ਪਾਉਣ ਦੀ ਅਪੀਲ ਕੀਤੀ ਗਈ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਹੀ ਦੇਸ਼ ਨੂੰ ਤਰੱਕੀ ਦੇ ਰਾਹਾਂ ਵੱਲ ਲਿਜਾ ਸਕਦੀ ਹੈ।ਉਨ੍ਹਾ ਕਿਹਾ ਕਿ ਲੋਕਾਂ ਨੂੰ ਮੋਦੀ ਸਰਕਾਰ ਨੇ ਅੱਛੇ ਦਿਨ ਲਿਆਉਣ ਦੇ ਸਬਜ਼ਬਾਗ ਦਿਖਾ ਕੇ ਕੇਂਦਰ ਦੀ ਸੱਤਾ ਹਥਿਆਈ ਸੀ ਪਰ ਹੁਣ ਮੁੜ ਤੀਸਰੀ ਵਾਰ ਕੇਂਦਰ ਸਰਕਾਰ ਬਣਾਉਣ ਦੇ ਮਨਸੂਬੇ ਤਹਿਤ ਦੇਸ਼ ਦੇ ਸੰਵਿਧਾਨ ਨੂੰ ਖਤਮ ਕਰਨ ਲਈ ਉਤਾਵਲੇ ਨਜ਼ਰ ਆ ਰਹੇ ਹਨ।ਇਸ ਮੌਕੇ ਸੀਨੀਅਰ ਕਾਂਗਰਸੀ ਆਗੂ ਬਾਰ ਐਸੋਸੀਏਸ਼ਨ ਅਜਨਾਲਾ ਦੇ ਸਾਬਕਾ ਪ੍ਰਧਾਨ ਐਡਵੋਕੇਟ ਬ੍ਰਿਜ ਮੋਹਣ ਔਲ, ਬਾਊ ਦਰਸ਼ਨ ਲਾਲ ਸ਼ਰਮਾ, ਸੰਜੀਵ ਬੌਬੀ ਔਲ, ਐਡਵੋਕੇਟ ਸੁਨੀਲ ਪਾਲ ਸਿੰਘ ਅਜਨਾਲਾ, ਕੌਂਸਲਰ ਗੁਰਦੇਵ ਸਿੰਘ ਨਿੱਝਰ, ਪ੍ਰਵੀਨ ਕੁਮਾਰ ਕੁਕਰੇਜਾ, ਅਮਰਬੀਰ ਸਿੰਘ ਬੱਲ, ਸਾਬਕਾ ਡਾਇਰੈਕਟਰ ਰੋਹਿਤ ਪੁਰੀ ਲੱਕੀ, ਦਿਲਬਾਗ ਸਿੰਘ ਸਿਰਸਾ ਹਾਰਡਵੇਅਰ ਅਜਨਾਲਾ, ਸੁਭਾਸ਼ ਸਹਿਗਲ,ਸੁਸ਼ੀਲ ਕੁਮਾਰ, ਰਾਮ ਮੂਰਤੀ, ਵਿਜੈ ਸਲਵਾਨ,ਅਭੀ ਕੁਮਾਰ,ਅਰੁਣ ਕੁਮਾਰ, ਰਾਜਿੰਦਰ ਕੁਮਾਰ ਉੱਪਲ,ਬਾਊ ਸੁਖਦੇਵ ਰਾਜ ਸਰੀਨ, ਰਾਜੀਵ ਕੁਮਾਰ,ਰਣਜੀਤ ਸਿੰਘ ਰਾਣਾ ਭੱਖਾ, ਸੰਦੀਪ ਕੁਮਾਰ, ਕ੍ਰਿਸ਼ਨ ਕੁਮਾਰ ਸਹਿਗਲ, ਬਬਲ ਅਜਨਾਲਾ, ਕਾਬਲ ਸਿੰਘ, ਮੋਹਿਤ ਕੁਮਾਰ,ਵਾਰਡ ਨੰਬਰ 6 ਇੰਚਾਰਜ ਠੇਕੇਦਾਰ ਅਸ਼ੋਕ ਕੁਮਾਰ ਅਜਨਾਲਾ, ਠੇਕੇਦਾਰ ਗੁਲਸ਼ਨ ਕੁਮਾਰ, ਨੰਬਰਦਾਰ ਗੁਰਮੁਖ ਸਿੰਘ ਨਿੱਝਰ, ਆਤਮ ਸ਼ਰਮਾ, ਭਾਲੂ ਸੱਫੇਵਾਲੀਆ, ਡਾ. ਨਿਆਮਤ ਸੂਫੀ, ਸੰਨੀ ਡੈਮ, ਸ਼ੁਭ ਸਿਰਸਾ, ਬਲਵਿੰਦਰ ਸਿੰਘ, ਗੁਰਦੀਪ ਸਿਰਸਾ, ਹੁਸਨਪ੍ਰੀਤ ਸਿੰਘ ਨਿੱਝਰ, ਕੁਲਦੀਪ ਕੁਮਾਰ ਤ੍ਰੇਹਣ ਰਾਜੂ, ਦਾਨਿਸ਼ ਡੈਮ ਅਜਨਾਲਾ, ਅਵਿਨਾਸ਼ ਅਜਨਾਲਾ, ਰਾਮ ਕ੍ਰਿਸ਼ਨ, ਮੋਹਿਤ ਵਾਸਲ, ਰਾਜੇਸ਼ ਕੁਮਾਰ, ਮਨਬੀਰ ਸਿੰਘ, ਲੱਕੀ ਨਿੱਝਰ, ਬੱਖੂ ਰਾਮ, ਸਤਪਾਲ ਕੁਮਾਰ ਆਦਿ ਹਾਜ਼ਰ ਸਨ।

# ਨਿਊ ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਦੀ ਮੀਟਿੰਗ



**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**- ਪਿੰਡਾਂ ਵਿੱਚ ਲੋਕਾਂ ਨੂੰ ਸਿਹਤ ਸਹੂਲਤਾਂ ਦੇ ਰਹੇ ਆਰ ਐਮ ਪੀ ਡਾਕਟਰਾਂ ਦੀ ਇੱਕ ਵਿਸ਼ੇਸ਼ ਮੀਟਿੰਗ ਹੋਈ। ਇਸ ਮੀਟਿੰਗ ਨੂੰ ਸੰਬੋਧਨ ਕਰਦਿਆਂ ਡਾ. ਸੁਖਚੰਦਨ ਸਿੰਘ ਨੇ ਕਿਹਾ ਕਿ ਵੋਟਾਂ ਵੇਲੇ ਸਭ ਮੰਤਰੀ ਡਾਕਟਰਾਂ ਦੇ ਰੁਜ਼ਗਾਰ ਨੂੰ ਬਚਾਉਣ ਲਈ ਤੇ ਤੰਗ ਪ੍ਰੇਸ਼ਾਨ ਨਾ ਕਰਨ ਦੀ ਹਮਾਇਤ ਕਰਦੇ ਨੇ ਪਰ ਵੋਟਾਂ ਤੋਂ ਬਾਅਦ ਕੋਈ ਵੀ ਸਾਰ ਨਹੀਂ ਲੈਂਦਾ। ਇਸ ਮੌਕੇ ਨਿਊ ਮੈਡੀਕਲ ਪ੍ਰੈਕਟੀਸ਼ਨਰ ਯੂਨੀਅਨ ਦੇ ਬਲਾਕ ਪ੍ਰਧਾਨ ਡਾ. ਦੀਪਕ ਕਿਹਾ ਕਿ ਇਸ ਵਾਰੀ ਵੀ ਕਈ ਮੰਤਰੀਆਂ ਨੂੰ ਯਾਦ ਕਰਵਾਇਆ ਕਿ ਸਾਡੀਆਂ ਮੰਗਾਂ 'ਤੇ ਗੌਰ ਕੀਤਾ ਜਾਵੇ, ਜੋ ਵੀ ਮੰਤਰੀ ਸਾਡੀ ਰਜਿਸਟ੍ਰੇਸ਼ਨ ਚਾਲੂ ਕਰਨ ਦੀ ਪੂਰਨ ਹਮਾਇਤ ਕਰੂਗਾ ਉਸ ਨੂੰ ਹੀ ਸਾਡੀ ਯੂਨੀਅਨ ਸਮਰਥਨ ਦੇਵੇਗੀ। ਡਾ. ਰਾਜਵਿੰਦਰ ਸਿੰਘ ਬੰਡਾਲਾ ਨੇ ਕਿਹਾ ਕਿ ਸਾਡੀ ਐਸੋਸੀਏਸ਼ਨ ਆਮ ਆਦਮੀ ਪਾਰਟੀ ਨੇ ਵੀ ਸਾਨੂੰ ਹੁਣ ਤੱਕ ਲਾਰਿਆਂ ਤੋਂ ਬਿਨਾਂ ਕੁਝ ਵੀ ਨਹੀ ਦਿੱਤਾ। ਡਾ. ਸ਼ਾਮ ਲਾਲ ਨੇ ਕਿਹਾ ਕਿ ਸਰਕਾਰ ਪਿੰਡਾਂ ਵਾਲੇ ਡਾਕਟਰਾਂ ਨਾਲ ਮਤਰੇਈ ਮਾਂ ਵਾਲਾ ਸਲੂਕ ਕਰ ਰਹੀ ਹੈ, ਇਸ ਲਈ ਕਈ ਵਾਰ ਆਮ ਆਦਮੀ ਦੇ ਮੰਤਰੀਆਂ ਨੂੰ ਮੰਗ ਪੱਤਰ ਵੀ ਦਿੱਤੇ ਗਏ ਪਰ ਸਰਕਾਰ ਦੇ ਕੰਨ 'ਤੇ ਜੂੰ ਨਹੀਂ ਸਰਕੀ। ਮੀਟਿੰਗ ਦੌਰਾਨ ਡਾ. ਨਰਿੰਦਰ ਸਿੰਘ ਨੇ ਕਿਹਾ ਕਿ ਸਰਕਾਰ ਨੂੰ ਪਿੰਡਾਂ ਵਾਲੇ ਡਾਕਟਰਾਂ ਨੂੰ ਰਜਿਸਟ੍ਰੇਸ਼ਨ ਦੇ ਦੇਣੀ ਚਾਹੀਦੀ ਹੈ ਤਾਂ ਜੋ ਆਰ ਐਮ ਪੀ ਡਾਕਟਰ ਲੋਕਾਂ ਦੀ ਸੇਵਾ ਕਰ ਸਕਣ। ਡਾ. ਸੁਬੇਗ ਸਿੰਘ ਨੇ ਸਰਕਾਰ ਨੂੰ ਅਪੀਲ ਕੀਤੀ ਕਿ ਜੋ ਸਾਫ ਸੁਥਰੀ ਪ੍ਰੈਕਟਿਸ ਕਰਦੇ ਨੇ ਉਨ੍ਹਾਂ ਨੂੰ ਬੇਵਜ੍ਹਾ ਸਰਕਾਰ ਦੇ ਅਫਸਰ ਤੰਗ ਪ੍ਰੇਸ਼ਾਨ ਨਾ ਕਰਨ। ਡਾ. ਜੇ ਐਸ ਨੇ ਕਿਹਾ ਕਿ ਸਾਨੂੰ ਸਾਰਿਆਂ ਨੂੰ ਮਿਲ ਕੇ ਐਸੋਸੀਏਸ਼ਨ ਨੂੰ ਮਜ਼ਬੂਤ ਬਣਾਉਣਾ ਚਾਹੀਦਾ ਹੈ। ਸਾਡਾ ਨਿਸ਼ਾਨਾ ਸਿਰਫ ਡਾਕਟਰਾਂ ਦੀ ਬੰਦ ਪਈ ਰਜਿਸਟ੍ਰੇਸ਼ਨ ਨੂੰ ਚਾਲੂ ਕਰਵਾਉਣਾ ਹੈ।ਇਸ ਮੌਕੇ ਡਾ. ਬਲਰਾਜ ਸਿੰਘ, ਡਾ. ਤਰਸੇਮ, ਡਾ. ਮਨਿੰਦਰ ਝੀਤੇ, ਡਾ. ਦਲੇਰ ਸਿੰਘ ਜੌਹਲ, ਡਾ. ਬਲਕਾਰ ਸਿੰਘ ਵਡਾਲਾ ਜੌਹਲ ਤੇ ਹੋਰ ਵੀ ਕਈ ਪਿੰਡਾਂ ਦੇ ਡਾਕਟਰਾਂ ਨੇ ਹਾਜ਼ਰੀ ਭਰਨ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਜਿੰਨਾ ਚਿਰ ਸਰਕਾਰ ਸਾਡੀਆਂ ਹੱਕੀ ਮੰਗਾਂ ਵੱਲ ਗੌਰ ਨਹੀਂ ਕਰਦੀ ਓਨੀ ਦੇਰ ਤੱਕ ਉਨ੍ਹਾਂ ਦਾ ਸੰਘਰਸ਼ ਜਾਰੀ ਰਹੇਗਾ।


AXIS BANK

ਰਿਟੇਲ ਐਸੇਟ ਸੈਂਟਰ : ਐਕਸਿਸ ਬੈਂਕ ਲਿਮਟਿਡ, : ਦੂਜੀ ਮੰਜ਼ਲ, ਜਾਇਦਾਦ # 7-ਈ, ਮਿਊਂਸਪਲ 3903/1142/16, ਮਲਹਾਰ ਰੋਡ, ਸਰਾਭਾ ਨਗਰ, ਲੁਧਿਆਣਾ-141001
ਕਾਰਪੋਰੇਟ ਦਫਤਰ : 'ਐਕਸਿਸ ਹਾਊਸ', ਬਲਾਕ-ਬੀ, ਬੌਂਬੇ ਡਾਇੰਗ ਮਿਲਜ਼ ਕੰਪਾਊਂਡ, ਪਾਂਡੂਰੰਗ ਬੁਧਕਰ ਮਾਰਗ, ਵਰਲੀ, ਮੁੰਬਈ-400025
ਰਜਿਸਟਰਡ ਦਫਤਰ : 'ਤ੍ਰਿਸ਼ੂਲ', ਤੀਜੀ ਮੰਜ਼ਲ, ਸਾਹਮਣੇ ਸਮਰਥੇਸ਼ਵਰ ਮੰਦਰ, ਲਾਅ ਗਾਰਡਨ, ਐਲਿਸਬ੍ਰਿਜ ਅਹਿਮਦਾਬਾਦ-380006

## ਸਰਫੇਸੀ ਐਕਟ 2002 ਤਹਿਤ ਕਬਜ਼ਾ ਨੋਟਿਸ

ਜਦੋਂ ਕਿ ਨਿਮਨਹਸਤਾਖਰੀ ਨੇ ਐਕਸਿਸ ਬੈਂਕ ਲਿ. ਦਾ ਅਧਿਕਾਰਤ ਅਫਸਰ ਹੋਣ ਨਾਤੇ ਸਕਿਉਰਟਾਈਜ਼ੇਸ਼ਨ, ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਅਸੈੱਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 ਅਤੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠ ਲਿਖੇ ਕਰਜ਼ਦਾਰਾਂ ਨੂੰ ਉਕਤ ਨੋਟਿਸ ਮਿਲਣ ਦੀ ਮਿਤੀ ਤੋਂ 60 ਦਿਨਾਂ ਅੰਦਰ ਨੋਟਿਸ 'ਚ ਦਰਸਾਈ ਰਕਮ ਜਮ੍ਹਾਂ ਕਰਾਉਣ ਲਈ ਡਿਮਾਂਡ ਨੋਟਿਸ ਜਾਰੀ ਕੀਤਾ ਸੀ। ਕਰਜ਼ਦਾਰ ਰਕਮ ਦੀ ਅਦਾਇਗੀ 'ਚ ਨਾਕਾਮ ਰਹੇ ਹਨ। ਇਸ ਲਈ ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਜਾਰੀ ਕੀਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਉਕਤ ਐਕਟ ਦੇ ਸੈਕਸ਼ਨ 13 (4) ਅਤੇ ਉਕਤ ਨਿਯਮ ਦੇ ਨਿਯਮ 8 ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠ ਦਰਜ ਮਿਤੀਆਂ ਨੂੰ ਹੇਠਾਂ ਦਰਜ ਜਾਇਦਾਦ ਦਾ ਕਬਜ਼ਾ ਲੈ ਲਿਆ ਹੈ।

ਕਰਜ਼ਦਾਰਾਂ ਨੂੰ ਖਾਸ ਤੌਰ 'ਤੇ ਅਤੇ ਆਮ ਜਨਤਾ ਨੂੰ ਖ਼ਬਰਦਾਰ ਕੀਤਾ ਜਾਂਦਾ ਹੈ ਕਿ ਉਹ ਜਾਇਦਾਦ ਬਾਰੇ ਕਿਸੇ ਤਰ੍ਹਾਂ ਦਾ ਲੈਣ-ਦੇਣ ਨਾ ਕਰਨ ਅਤੇ ਕਿਸੇ ਤਰ੍ਹਾਂ ਦੇ ਲੈਣ-ਦੇਣ 'ਤੇ ਐਕਸਿਸ ਬੈਂਕ ਲਿ. ਵੱਲੋਂ ਵਸੂਲੀ ਕੀਤੀ ਜਾਵੇਗੀ।

| ਲੜੀ ਨੰ. | ਕਰਜ਼ਦਾਰ/ਸਹਿ-ਕਰਜ਼ਦਾਰ ਦਾ ਨਾਂਅ | ਰਹਿਣ ਕੀਤੀ ਜਾਇਦਾਦ ਦਾ ਵੇਰਵਾ | ਡਿਮਾਂਡ ਨੋਟਿਸ ਦੀ ਮਿਤੀ | ਕਬਜ਼ੇ ਦੀ ਮਿਤੀ | ਡਿਮਾਂਡ ਨੋਟਿਸ 'ਚ ਰਕਮ (ਰੁਪਏ) |
|---|---|---|---|---|---|
| 1. | 1. ਸ੍ਰੀ ਵਿਸ਼ਾਲ ਜੈਨ ਪੁੱਤਰ ਵਿਨੋਦ ਕੁਮਾਰ ਜੈਨ ਅਤੇ 2. ਸ੍ਰੀਮਤੀ ਵੀਨਾ ਜੈਨ ਪਤਨੀ ਵਿਨੋਦ ਕੁਮਾਰ ਜੈਨ ਦੋਵੇਂ ਵਾਸੀ ਮਕਾਨ ਨੰ. 8385/1-ਡੀ ਗਲੀ ਨੰਬਰ 19 ਦੁਰਗਾਪੁਰੀ, ਹੈਬੋਵਾਲ ਕਲਾਂ ਲੁਧਿਆਣਾ-141001 ਨਾਲ ਹੀ : ਮਕਾਨ ਨੰਬਰ ਬੀ-34-8502/3 ਜਿਸ ਦਾ ਖਸਰਾ ਨੰਬਰ 5//16/2, ਤਰਸੇਮ ਕਾਲੋਨੀ ਨੇੜੇ ਚੂਹੜਪੁਰ ਰੋਡ, ਹੈਬੋਵਾਲ ਕਲਾਂ ਲੁਧਿਆਣਾ ਹੱਦਬਸਤ ਨੰਬਰ 102 ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ। ਕਰਜ਼ਾ ਖਾਤਾ ਨੰਬਰ : ਪੀ ਐੱਚ ਆਰ 004205823221 | 1. ਬੈਨਾਮਾ ਦਸਤਾਵੇਜ਼ ਨੰ: 2020-21/101/1/12966 ਮਿਤੀ 23 ਫ਼ਰਵਰੀ 2021 ਰਾਹੀਂ ਸ੍ਰੀ ਵਿਸ਼ਾਲ ਜੈਨ ਪੁੱਤਰ ਵਿਨੋਦ ਕੁਮਾਰ ਜੈਨ ਦੇ ਨਾਂਅ 'ਤੇ ਰਜਿਸਟਰਡ ਰਿਹਾਇਸ਼ੀ ਜਾਇਦਾਦ/ਮਕਾਨ ਰਕਬਾ 60 ਵਰਗ ਗਜ਼, ਖਸਰਾ ਨੰ: 5/16/2, ਖੱਤਾ ਨੰ. 1916/2134, ਜਮ੍ਹਾਂਬੰਦੀ ਸਾਲ 2011-2012, ਤਰਸੇਮ ਕਾਲੋਨੀ ਨੇੜੇ ਚੂਹੜਪੁਰ ਰੋਡ, ਹੈਬੋਵਾਲ ਕਲਾਂ, ਹਦਬਸਤ ਨੰ. 102, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ ਨਾਲ ਸੰਬੰਧਤ ਸਭ ਕੁਝ ! ਹੱਦਾਂ (ਦਸਤਾਵੇਜ਼ ਅਨੁਸਾਰ) ਪੂਰਬ : ਗਲੀ, ਪੱਛਮ ਗੁਆਂਢ-ਸ਼ਾਮ ਲਾਲ, ਉੱਤਰ : ਗੁਆਂਢ, ਦੱਖਣ : ਰਮਨ ਧੀਰ। | 04.12.2023 | 20.05.2024 | ਰੁਪਏ 15,74,033/- (ਪੰਦਰਾਂ ਲੱਖ ਚੁਹੱਤਰ ਹਜ਼ਾਰ ਤੇਤੀ ਰੁਪਏ ਸਿਰਫ) |
| 2. | 1. ਸ੍ਰੀ ਅਮਨ ਕੁਮਾਰ ਪੁੱਤਰ ਗਿਆਨ ਚੰਦ ਅਤੇ 2. ਸ੍ਰੀਮਤੀ ਜੋਤੀ ਪਤਨੀ ਅਮਨ ਕੁਮਾਰ ਦੋਵੇਂ ਵਾਸੀ ਮਕਾਨ ਨੰਬਰ 1434 ਬੀ -1, ਸ਼ਿਮਲ ਨਗਰ ਨੇੜੇ ਦੀਪਕ ਸਿਨੇਮਾ ਲੁਧਿਆਣਾ-141001 ਨਾਲ ਹੀ : ਮਕਾਨ ਨੰਬਰ 17 ਘੁਮਾਰ ਮੰਡੀ ਫਿਰੋਜ਼ਪੁਰ ਕੈਂਟ ਫਿਰੋਜ਼ਪੁਰ ਪੰਜਾਬ 152001, ਨਾਲ ਹੀ ਮਕਾਨ ਜਿਸ ਦਾ ਪਲਾਟ ਨੰਬਰ 143 ਆਬਾਦੀ ਸੱਚਦੇਵਾ ਇਨਕਲੇਵ ਪਿੰਡ ਵਰਨਹਾਂਡਾ ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ-141001, ਨਾਲ ਹੀ : ਅਮਨ ਕੁਮਾਰ ਪੁੱਤਰ ਗਿਆਨ ਚੰਦ ਸੋਲਜ਼ਮੈਨ ਮੈਸਰਜ਼ ਕਨਵ ਫੈਸ਼ਨ ਸ਼ਾਪ ਨੰਬਰ 33, 134, 135-ਡੀ, ਕੈਲੀਵਰ ਪਲਾਜ਼ਾ ਏ ਸੀ ਮਾਰਕੀਟ ਲੁਧਿਆਣਾ 141008, ਨਾਲ ਹੀ ਸ੍ਰੀਮਤੀ ਜੋਤੀ ਪਤਨੀ ਅਮਨ ਕੁਮਾਰ ਮਕਾਨ ਨੰਬਰ 204/117 ਅਹਾਤਾ ਬੂਟਾ ਸਿੰਘ ਫਿਰੋਜ਼ਪੁਰ ਕੈਂਟ, ਫਿਰੋਜ਼ਪੁਰ ਪੰਜਾਬ-152001 ਕਰਜ਼ਾ ਖਾਤਾ ਨੰਬਰ : ਪੀ ਐੱਚ ਆਰ 004205295613 | ਬੈਨਾਮਾ ਦਸਤਾਵੇਜ਼ ਨੰ: 2020-21/101/1/2587, ਮਿਤੀ 04-08-2020 ਰਾਹੀਂ ਸ੍ਰੀਮਤੀ ਜਯੋਤੀ ਪਤਨੀ ਅਮਨ ਕੁਮਾਰ ਦੇ ਨਾਂਅ 'ਤੇ ਰਜਿਸਟਰਡ ਰਿਹਾਇਸ਼ੀ ਜਾਇਦਾਦ/ਮਕਾਨ ਪਲਾਟ ਨੰ. 143, ਰਕਬਾ 60 ਵਰਗ ਗਜ਼, ਖੱਤਾ ਨੰ: 120/134, ਖਸਰਾ ਨੰ: 13//11-20-21, ਜਮ੍ਹਾਂਬੰਦੀ ਸਾਲ 2013-14, ਪਿੰਡ ਬਰਨਹਾਲਾ, ਹਦਬਸਤ ਨੰ: 150, ਅਬਾਦੀ ਸਚਦੇਵਾ ਇਨਕਲੇਵ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ ਨਾਲ ਸੰਬੰਧਤ ਸਭ ਕੁਝ। ਹੱਦਾਂ (ਬੈਨਾਮੇ ਅਨੁਸਾਰ) ਪੂਰਬ ਮਾਲੀਆ ਸੜਕ 11' ਚੌੜੀ, ਪੱਛਮ ਗਲੀ 20' ਚੌੜੀ, ਉੱਤਰ : ਮਕਾਨ ਨੰ: 142, ਦੱਖਣ : ਮਕਾਨ ਨੰਬਰ 144 | 10.01.2024 | 20.05.2024 | ਰੁਪਏ 13,39,079/- (ਤੇਰਾਂ ਲੱਖ ਉਨਤਾਲੀ ਹਜ਼ਾਰ ਉਨਾਸੀ ਰੁਪਏ ਸਿਰਫ) |
| 3. | 1. ਸ੍ਰੀ ਸਾਗਰ ਸ਼ਰਮਾ ਪੁੱਤਰ ਅਨਿਲ ਕੁਮਾਰ ਸ਼ਰਮਾ 2. ਸ੍ਰੀ ਅਨਿਲ ਕੁਮਾਰ ਪੁੱਤਰ ਰਾਮ ਰਛਪਾਲ ਅਤੇ 3. ਸ੍ਰੀਮਤੀ ਮੰਜੂ ਰਾਣੀ ਪਤਨੀ ਅਨਿਲ ਕੁਮਾਰ ਸਾਰੇ ਵਾਸੀ ਮਕਾਨ ਨੰਬਰ 3459 ਵਾਰਡ ਨੰਬਰ 19 ਮੁਹੱਲਾ ਲਾਹੌਰੀਆਂ, ਤਹਿਸੀਲ ਜਗਰਾਓਂ ਜ਼ਿਲ੍ਹਾ ਲੁਧਿਆਣਾ-142026 : ਨਾਲ ਹੀ ਮਕਾਨ ਜਿਸ ਦਾ ਖਸਰਾ ਨੰਬਰ 354(9-0), 347 (9-18), ਖੱਤਾ ਨੰਬਰ : 184/192, 185/193 ਜੋ ਕਿ ਗਲੀ ਨੰਬਰ 1 ਦਸ਼ਮੇਸ਼ ਨਗਰ ਪਿੰਡ ਅਗਵਾਰ ਗੁਜਰਾਂ -1, ਤਹਿਸੀਲ ਜਗਰਾਓਂ ਜ਼ਿਲ੍ਹਾ ਲੁਧਿਆਣਾ 142026 ਵਿਖੇ ਸਥਿਤ ਨਾਲ ਹੀ ਸ੍ਰੀ ਅਨਿਲ ਕੁਮਾਰ ਪੁੱਤਰ ਰਾਮ ਰਛਪਾਲ ਸੁਪਰਵਾਈਜ਼ਰ ਮੈਸਰਜ਼ ਸ਼ਿਵ ਸ਼ੰਕਰ ਰਾਈਸ ਐਂਡ ਜਨਰਲ ਮਿਲਜ਼ ਪਿੰਡ ਹਠੂਰ, ਜ਼ਿਲ੍ਹਾ ਲੁਧਿਆਣਾ-141001 ਕਰਜ਼ਾ ਖਾਤਾ ਨੰਬਰ : ਪੀ ਐੱਚ ਆਰ 004204446540 | ਬੈਨਾਮਾ ਦਸਤਾਵੇਜ਼ ਨੰ: 2019-2020/20/1/2010 ਮਿਤੀ 06 ਸਤੰਬਰ 2019 ਰਾਹੀਂ ਸ੍ਰੀਮਤੀ ਮੰਜੂ ਰਾਣੀ ਪਤਨੀ ਅਨਿਲ ਕੁਮਾਰ ਦੇ ਨਾਂਅ 'ਤੇ ਰਜਿਸਟਰਡ ਰਿਹਾਇਸ਼ੀ ਜਾਇਦਾਦ/ਮਕਾਨ, ਪਲਾਟ ਰਕਬਾ 0 ਕੇ-6-2/5 ਮਰਲੇ (ਅੰਦਾਜ਼ਨ 192 ਵਰਗ ਗਜ਼) 'ਤੇ ਨਿਰਮਤ, ਖਸਰਾ ਨੰ: 354 (9-0), 347 (9-18), ਖੱਤਾ ਨੰ: 184/192, 185/193, ਜਮ੍ਹਾਂਬੰਦੀ ਸਾਲ 2014-2015, ਗਲੀ ਨੰ: 1, ਦਸ਼ਮੇਸ਼ ਨਗਰ, ਪਿੰਡ ਅਗਵਾੜ ਗੁੱਜਰਾਂ-1, ਤਹਿਸੀਲ ਜਗਰਾਉਂ, ਜ਼ਿਲ੍ਹਾ ਲੁਧਿਆਣਾ ਨਾਲ ਸੰਬੰਧਤ ਸਭ ਕੁਝ। ਹੱਦਾਂ (ਬੈਨਾਮੇ ਅਨੁਸਾਰ) ਪੂਰਬ : ਐੱਨ ਏ, ਪੱਛਮ : ਐੱਨ ਏ, ਉੱਤਰ : ਐੱਨ ਏ, ਦੱਖਣ : ਐੱਨ ਏ | 06.03.2024 | 20.05.2024 | ਰੁਪਏ 15,76,878/- (ਪੰਦਰਾਂ ਲੱਖ ਛਿਅੱਤਰ ਹਜ਼ਾਰ ਅੱਠ ਸੌ ਅਠੱਤਰ ਰੁਪਏ ਸਿਰਫ) |
| 4. | 1. ਸ੍ਰੀਮਤੀ ਸੁਨੀਲਾ ਦੇਵੀ ਪਤਨੀ ਸੁਖਦੇਵ ਸਿੰਘ ਅਤੇ 2. ਸ੍ਰੀ ਸੁਖਦੇਵ ਪ੍ਰਸਾਦ ਉਰਫ਼ ਸੁਖਦੇਵ ਸਿੰਘ ਦੋਵੇਂ ਵਾਸੀ ਮਕਾਨ ਨੰਬਰ 202 ਗਲੀ ਨੰਬਰ 5 ਪ੍ਰੇਮ ਕਾਲੋਨੀ ਨੇੜੇ ਸੁਵਿਧਾ ਸੈਂਟਰ ਲੁਧਿਆਣਾ -141007 ਨਾਲ ਹੀ ਸ੍ਰੀਮਤੀ ਸੁਨੀਲਾ ਦੇਵੀ ਪਤਨੀ ਸੁਖਦੇਵ ਸਿੰਘ ਮਕਾਨ ਨੰਬਰ 89 ਗਲੀ ਨੰਬਰ 5 ਪ੍ਰੇਮ ਕਾਲੋਨੀ ਪਿੰਡ ਮੇਹਰਬਾਨ ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ-141007 ਨਾਲ ਹੀ ਸ੍ਰੀਮਤੀ ਸੁਨੀਲਾ ਦੇਵੀ ਪਤਨੀ ਸੁਖਦੇਵ ਸਿੰਘ ਪ੍ਰਾਪਰਾਈਟਰ ਮੈਸਰਜ਼ ਸੁਨੀਲਾ ਕਰਿਆਨਾ ਸਟੋਰ ਮੇਨ ਰੋਡ ਪ੍ਰੇਮ ਕਾਲੋਨੀ ਮੇਨ ਰਾਹੋਂ ਰੋਡ ਨੇੜੇ ਬਿਆਸ ਡੇਅਰੀ, ਲੁਧਿਆਣਾ 141007 ਕਰਜ਼ਾ ਖਾਤਾ ਨੰਬਰ : ਪੀ ਐੱਚ ਆਰ 004206784019 | ਬੈਨਾਮਾ ਦਸਤਾਵੇਜ਼ ਨੰ: 2021-22/106/1/16319 ਮਿਤੀ 14 ਜਨਵਰੀ 2022 ਰਾਹੀਂ ਸ੍ਰੀਮਤੀ ਸੁਨੀਲਾ ਦੇਵੀ ਪਤਨੀ ਸੁਖਦੇਵ ਸਿੰਘ ਦੇ ਨਾਂਅ 'ਤੇ ਰਜਿਸਟਰਡ ਰਿਹਾਇਸ਼ੀ ਜਾਇਦਾਦ/ਮਕਾਨ ਨੰ: 89, ਪਲਾਟ ਰਕਬਾ 70 ਵਰਗ ਗਜ਼ 'ਤੇ ਨਿਰਮਤ, ਖਸਰਾ ਨੰ: 9/11, ਖੱਤਾ ਨੰ: 275/280, ਜਮ੍ਹਾਂਬੰਦੀ ਸਾਲ 2009-10, ਪਿੰਡ ਮਿਹਰਬਾਨ, ਹਦਬਸਤ ਨੰ: 71, ਅਬਾਦੀ ਪ੍ਰੇਮ ਕਾਲੋਨੀ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ ਨਾਲ ਸੰਬੰਧਤ ਸਭ ਕੁਝ। ਹੱਦਾਂ (ਦਸਤਾਵੇਜ਼ ਅਨੁਸਾਰ) : ਉੱਤਰ : ਨਰਿੰਦਰ ਸਿੰਘ/ਮਕਾਨ ਨੰ: 88, ਦੱਖਣ: ਮੋਹਨ ਸਿੰਘ /ਮਕਾਨ ਨੰ: 90, ਪੂਰਬ ਗੁਆਂਢ, ਪੱਛਮ : ਗਲੀ 20' ਚੌੜੀ। | 16.02.2024 | 20.05.2024 | ਰੁਪਏ 8,72,315/- (ਅੱਠ ਲੱਖ ਬਹੱਤਰ ਹਜ਼ਾਰ ਤਿੰਨ ਸੌ ਪੰਦਰਾਂ ਰੁਪਏ ਸਿਰਫ) |
| 5. | 1. ਸ੍ਰੀਮਤੀ ਗੁਰਭਿੰਦਰ ਕੌਰ ਪਤਨੀ ਅਵਤਾਰ ਸਿੰਘ ਅਤੇ 2. ਸ੍ਰੀ ਹਰਪ੍ਰੀਤ ਸਿੰਘ ਚਾਹਲ ਪੁੱਤਰ ਅਵਤਾਰ ਸਿੰਘ ਦੋਵੇਂ ਵਾਸੀ ਮਕਾਨ ਜਿਸ ਦਾ ਪਲਾਟ ਨੰਬਰ 113 ਪਿੰਡ ਹਮੀਰਪੁਰਾ ਆਬਾਦੀ ਪੈਰਾਡਾਇਜ਼ ਇਨਕਲੇਵ ਤਹਿਸੀਲ ਅਤੇ ਜ਼ਿਲ੍ਹਾ ਅੰਮ੍ਰਿਤਸਰ ਨਾਲ ਹੀ ਪੱਤੀ ਮਾਨਾਂ ਦੀ ਪਿੰਡ ਗੁਰੂ ਕੀ ਵਡਾਲੀ ਡਾਕਖਾਨਾ ਛੇਹਰਟਾ ਤਹਿਸੀਲ ਤੇ ਜ਼ਿਲ੍ਹਾ ਅੰਮ੍ਰਿਤਸਰ 143001, ਨਾਲ ਹੀ ਸ੍ਰੀ ਹਰਪ੍ਰੀਤ ਸਿੰਘ ਚਾਹਲ ਪੁੱਤਰ ਅਵਤਾਰ ਸਿੰਘ ਮੈਸਰਜ਼ ਛਾਬੜਾ ਕਰਿਆਨਾ ਸਟੋਰ ਪਿੰਡ ਤੇ ਡਾਕਖਾਨਾ ਗੁਰੂ ਕੀ ਵਡਾਲੀ ਜ਼ਿਲ੍ਹਾ ਅੰਮ੍ਰਿਤਸਰ 143001 ਕਰਜ਼ਾ ਖਾਤਾ ਨੰਬਰ ਪੀ ਐੱਚ ਆਰ 068501297074 ਅਤੇ ਐੱਚ ਟੀ ਆਰ 068501343779 | ਬੈਨਾਮਾ ਵਸੀਕਾ ਨੰ: 5213 ਮਿਤੀ 13.07.2007 ਰਾਹੀਂ ਗੁਰਭਿੰਦਰ ਕੌਰ ਪਤਨੀ ਅਵਤਾਰ ਸਿੰਘ ਦੇ ਨਾਂਅ 'ਤੇ ਰਜਿਸਟਰਡ ਰਿਹਾਇਸ਼ੀ ਜਾਇਦਾਦ/ਮਕਾਨ ਪਲਾਟ ਨੰ: 113 'ਤੇ ਨਿਰਮਤ, ਰਕਬਾ 250 ਵਰਗ ਗਜ਼ (ਲੰਬਾਈ 75', ਚੌੜਾਈ 30'), ਖਸਰਾ ਨੰ: 39//15 ਮਿਨ, ਪਿੰਡ ਹਮੀਦਪੁਰਾ ਅਬਾਦੀ ਪੈਰਾਡਾਈਜ਼ ਇਨਕਲੇਵ, ਤਹਿਸੀਲ ਤੇ ਜ਼ਿਲ੍ਹਾ ਅੰਮ੍ਰਿਤਸਰ ਨਾਲ ਸੰਬੰਧਤ ਸਭ ਕੁਝ। ਹੱਦਾਂ (ਦਸਤਾਵੇਜ਼ ਅਨੁਸਾਰ) ਪੂਰਬ ਪਲਾਟ ਨੰ: -114, ਪੱਛਮ : ਪਲਾਟ ਨੰ: 112, ਉੱਤਰ-ਪਲਾਟ ਨੰ: ਬੀ-35,36, ਦੱਖਣ-ਸੜਕ 35' ਚੌੜੀ। | 10.01.2024 | 21.05.2024 | ਰੁਪਏ 5,16,260/- (ਪੰਜ ਲੱਖ ਸੋਲਾਂ ਹਜ਼ਾਰ ਦੋ ਸੌ ਸੱਠ ਰੁਪਏ ਸਿਰਫ) |
| 6. | 1. ਸ੍ਰੀ ਸੰਜੀਵ ਕੁਮਾਰ ਪੁੱਤਰ ਕੁਲਵੰਤ ਰਾਏ 2. ਸ੍ਰੀਮਤੀ ਜੋਤੀ ਸ਼ਰਮਾ ਪਤਨੀ ਸੰਜੀਵ ਕੁਮਾਰ ਅਤੇ 3. ਸ੍ਰੀ ਕੁਲਵੰਤ ਰਾਏ ਪੁੱਤਰ ਹਰੀ ਰਾਮ ਸਾਰੇ ਵਾਸੀ ਮਕਾਨ ਨੰਬਰ 1741 ਗਲੀ ਨੰਬਰ 6 ਆਜ਼ਾਦ ਰੋਡ ਪ੍ਰਿੰਸ ਐਵੀਨਿਊ ਛੇਹਰਟਾ ਅੰਮ੍ਰਿਤਸਰ-143105 ਨਾਲ: ਮਕਾਨ ਨੰਬਰ 121 ਆਜ਼ਾਦ ਰੋਡ ਪ੍ਰਿੰਸ ਐਵੀਨਿਊ ਰਾਮ ਗਲੀ ਛੇਹਰਟਾ ਅੰਮ੍ਰਿਤਸਰ 143105 ਨਾਲ ਹੀ ਬਣਾਇਆ ਮਕਾਨ ਜਿਸ ਦਾ ਪ੍ਰਾਈਵੇਟ ਨੰਬਰ 21 ਮਿਨ, ਪਿੰਡ ਵਡਾਲੀ ਗੁਰੂ ਅਰਬਨ, ਆਜ਼ਾਦ ਰੋਡ ਤਹਿਸੀਲ ਅਤੇ ਜ਼ਿਲ੍ਹਾ ਅੰਮ੍ਰਿਤਸਰ-143001 ਕਰਜ਼ਾ ਖਾਤਾ ਨੰਬਰ : ਐਲ ਪੀ ਆਰ 068506732950 | ਤਬਾਦਲਾ ਬੈਨਾਮਾ ਵਸੀਕਾ ਨੰ: 10017 ਮਿਤੀ 08-01-2015 ਰਾਹੀਂ ਸ੍ਰੀ ਸੰਜੀਵ ਕੁਮਾਰ ਪੁੱਤਰ ਕੁਲਵੰਤ ਰਾਏ ਦੇ ਨਾਂਅ 'ਤੇ ਰਜਿਸਟਰਡ ਰਿਹਾਇਸ਼ੀ ਜਾਇਦਾਦ/ਮਕਾਨ, ਪ੍ਰਾਈਵੇਟ ਨੰ: 21 ਮਿਨ 'ਤੇ ਨਿਰਮਤ, ਰਕਬਾ 148 ਵਰਗ ਗਜ਼, ਖਸਰਾ ਨੰ: 456 ਮਿਨ, ਖੱਤਾ ਖਤੌਨੀ ਨੰ: 143/324, ਜਮ੍ਹਾਂਬੰਦੀ ਸਾਲ 2010-2011, ਹਦਬਸਤ ਨੰ: 380, ਪਿੰਡ ਵਡਾਲੀ ਗੁਰੂ ਅਰਬਨ, ਅਜ਼ਾਦ ਰੋਡ, ਤਹਿਸੀਲ ਤੇ ਜ਼ਿਲ੍ਹਾ ਅੰਮ੍ਰਿਤਸਰ ਨਾਲ ਸੰਬੰਧਤ ਸਭ ਕੁਝ। ਹੱਦਾਂ (ਦਸਤਾਵੇਜ਼ ਅਨੁਸਾਰ) ਪੂਰਬ : ਮਕਾਨ ਨੰ: 22 ਮਿਨ ਦੇਸ ਰਾਜ, ਪੱਛਮ ਸ: ਲਖਵਿੰਦਰ ਸਿੰਘ ਦਾ ਮਕਾਨ ਨੰ: 20, ਉੱਤਰ : ਗਲੀ 20' ਚੌੜੀ, ਦੱਖਣ : ਰਾਜੀਵ ਕੁਮਾਰ | 02.12.2023 | 21.05.2024 | ਰੁਪਏ 21,23,244/- (ਇੱਕੀ ਲੱਖ ਤੇਈ ਹਜ਼ਾਰ ਦੋ ਸੌ ਚੁਤਾਲੀ ਰੁਪਏ ਸਿਰਫ) |
| 7. | 1. ਸ੍ਰੀ ਕੁਲਜੀਤ ਪੁੱਤਰ ਮੋਹਿੰਦਰ ਸਿੰਘ ਅਤੇ 2. ਸ੍ਰੀਮਤੀ ਸੋਨੀਆ ਪਤਨੀ ਕੁਲਜੀਤ ਸਿੰਘ ਦੋਵੇਂ ਵਾਸੀ ਮਕਾਨ ਨੰਬਰ 4908 ਗਲੀ ਨੰਬਰ 4 ਮੋਹਨ ਨਗਰ ਸੁਲਤਾਨਵਿੰਡ ਰੋਡ ਤਹਿਸੀਲ ਅੰਮ੍ਰਿਤਸਰ -1 ਜ਼ਿਲ੍ਹਾ ਅੰਮ੍ਰਿਤਸਰ-143001 ਨਾਲ ਹੀ 36-ਏ ਕੋਰਟ ਕਰਨੈਲ ਸਿੰਘ ਸੁਲਤਾਨਵਿੰਡ ਰੋਡ ਜ਼ਿਲ੍ਹਾ ਅੰਮ੍ਰਿਤਸਰ-143001 ਨਾਲ ਹੀ ਸ੍ਰੀ ਕੁਲਜੀਤ ਸਿੰਘ ਪੁੱਤਰ ਮੋਹਿੰਦਰ ਸਿੰਘ ਪ੍ਰਾਪਰਾਇਟਰ ਮੈਸਰਜ਼ ਬਾਬਾ ਦੀਪ ਸਿੰਘ ਮੈਨੂੰਫੈਕਚਰਜ਼ ਐਂਡ ਟਰੇਡਰਜ਼ ਦੁਕਾਨ ਨੰਬਰ 102/103, ਇੰਦਰਜੀਤ ਕਾਲੋਨੀ ਨੇੜੇ ਮਾਤਾ ਕੌਲਾਂ ਹਸਪਤਾਲ 100 ਫੁੱਟੀ ਰੋਡ ਅੰਮ੍ਰਿਤਸਰ 143001 ਕਰਜ਼ਾ ਖਾਤਾ ਨੰਬਰ: ਐੱਲ ਪੀ ਆਰ 068505577271 ਅਤੇ ਐੱਲ ਟੀ ਆਰ 068506354947 | ਬੈਨਾਮਾ ਵਸੀਕਾ ਨੰ: 1110 ਮਿਤੀ 12.05.2014 ਰਾਹੀਂ ਸ. ਕੁਲਜੀਤ ਸਿੰਘ ਪੁੱਤਰ ਸ. ਮਹਿੰਦਰ ਸਿੰਘ ਦੇ ਨਾਂਅ 'ਤੇ ਰਜਿਸਟਰਡ, ਰਿਹਾਇਸ਼ੀ ਜਾਇਦਾਦ/ਮਕਾਨ ਨੰ: 4908, ਪਲਾਟ ਪ੍ਰਾਈਵੇਟ ਨੰ: 186, ਰਕਬਾ 81 ਵਰਗ ਗਜ਼, ਖਸਰਾ ਨੰ: 1290/130/31/ਮਿਨ (ਖਸਰਾ ਨੰ: 129 ਜਮ੍ਹਾਂਬੰਦੀ ਅਨੁਸਾਰ) ਸੁਲਤਾਨਵਿੰਡ ਸ਼ਿਕਨੀ ਆਬਾਦੀ ਮੋਹਨ ਨਗਰ, ਤਹਿਸੀਲ, ਅੰਮ੍ਰਿਤਸਰ-1, ਜ਼ਿਲ੍ਹਾ ਅੰਮ੍ਰਿਤਸਰ ਨਾਲ ਸੰਬੰਧਤ ਸਭ ਕੁਝ। ਹੱਦਾਂ (ਦਸਤਾਵੇਜ਼ ਅਨੁਸਾਰ) ਪੂਰਬ : ਗੋਇਲ ਸਿੰਘ, ਪੱਛਮ ਰਸਤਾ, ਉੱਤਰ ਸ. ਸਰਦੂਲ ਸਿੰਘ ਦੱਖਣ : ਗਲੀ। | 02.02.2024 | 21.05.2024 | ਰੁਪਏ 32,82,317/- (ਬੱਤੀ ਲੱਖ ਬਿਆਸੀ ਹਜ਼ਾਰ ਤਿੰਨ ਸੌ ਸਤਾਰਾਂ ਰੁਪਏ ਸਿਰਫ) |
| 8. | 1. ਸ੍ਰੀ ਕਰਨੈਲ ਸਿੰਘ ਪੁੱਤਰ ਅਮਰੀਕ ਸਿੰਘ ਅਤੇ 2. ਸ੍ਰੀਮਤੀ ਸੀਮਾ ਕੌਰ ਪਤਨੀ ਕਰਨੈਲ ਸਿੰਘ ਦੋਵੇਂ ਵਾਸੀ ਮਕਾਨ ਨੰਬਰ 22 ਬਾਬਾ ਬੁੱਢਾ ਜੀ ਨਗਰ ਮਿੱਠੂ ਬਸਤੀ ਜਲੰਧਰ-144002 ਨਾਲ ਹੀ ਮਕਾਨ ਨੰਬਰ 101 ਆਬਾਦੀ ਨਿਊ ਰਾਜਨ ਨਗਰ ਬਸਤੀ ਪੀਰਦਾਦ ਖਾਂ ਜਲੰਧਰ-144001 ਕਰਜ਼ਾ ਖਾਤਾ ਨੰਬਰ : ਪੀ ਐੱਚ ਆਰ 015505961904 | ਬੈਨਾਮਾ ਦਸਤਾਵੇਜ਼ ਨੰ: 2020-21/187/1/9431 ਮਿਤੀ 30 ਮਾਰਚ 2021 ਰਾਹੀਂ ਸ੍ਰੀਮਤੀ ਸੀਮਾ ਕੌਰ ਪਤਨੀ ਕਰਨੈਲ ਸਿੰਘ ਦੇ ਨਾਂਅ 'ਤੇ ਰਜਿਸਟਰਡ ਰਿਹਾਇਸ਼ੀ ਜਾਇਦਾਦ/ਮਕਾਨ ਨੰ: 101, ਰਕਬਾ 01-ਮਰਲਾ-134 ਵਰਗ ਫੁੱਟ, ਖਸਰਾ ਨੰ: 26//8/1, ਖੱਤਾ ਨੰ: 322/340, ਜਮ੍ਹਾਂਬੰਦੀ ਸਾਲ 2018-2019, ਆਬਾਦੀ ਨਿਊ ਰਾਜਨ ਨਗਰ, ਬਸਤੀ ਪੀਰਦਾਦ ਖਾਂ, ਤਹਿਸੀਲ ਤੇ ਜ਼ਿਲ੍ਹਾ ਜਲੰਧਰ ਨਾਲ ਸੰਬੰਧਤ ਸਭ ਕੁਝ। ਹੱਦਾਂ (ਬੈਨਾਮੇ ਅਨੁਸਾਰ) : ਪੂਰਬ: ਸੜਕ, ਪੱਛਮ ਟੋਨੀ, ਉੱਤਰ ਜੈਮਲ ਸਿੰਘ, ਦੱਖਣ ਚਤਰ ਸਿੰਘ | 07.03.2024 | 21.05.2024 | ਰੁਪਏ 11,77,206/- (ਗਿਆਰਾਂ ਲੱਖ ਸਤੱਤਰ ਹਜ਼ਾਰ ਦੋ ਸੌ ਛੇ ਰੁਪਏ ਸਿਰਫ) |

ਉਕਤ ਦਰਜ ਕਰਜ਼ਦਾਰਾਂ/ਸਹਿ-ਕਰਜ਼ਦਾਰਾਂ/ਗਾਰੰਟਰਾਂ ਨੂੰ ਰਕਮ ਦੀ ਅਦਾਇਗੀ ਲਈ 30 ਦਿਨਾਂ ਦਾ ਨੋਟਿਸ ਦਿੱਤਾ ਜਾਂਦਾ ਹੈ। ਨਹੀਂ ਤਾਂ ਰਹਿਣ ਕੀਤੀ ਜਾਇਦਾਦ ਇਸ ਨੋਟਿਸ ਦੀ ਪ੍ਰਕਾਸ਼ਨਾ ਤੋਂ 30 ਦਿਨਾਂ ਦਾ ਸਮਾਂ ਖਤਮ ਹੋ ਜਾਣ 'ਤੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਨਿਯਮ 8 ਤੇ 9 ਦੀਆਂ ਵਿਵਸਥਾਵਾਂ ਅਨੁਸਾਰ ਵੇਚ ਦਿੱਤੀ ਜਾਵੇਗੀ।

ਮਿਤੀ : 24.05.2024 ਸਥਾਨ : ਲੁਧਿਆਣਾ ਸਹੀ/- ਅਧਿਕਾਰਤ ਅਫਸਰ, ਐਕਸਿਸ ਬੈਂਕ ਲਿਮਟਿਡ

24-May-PAGE-4.qxd 5/23/2024 10:44 PM Page 1

ਨਵਾਂ ਜ਼ਮਾਨਾ

ਸ਼ੁੱਕਰਵਾਰ, 24 ਮਈ 2024



# ਖਬਰਦਾਰ ਰਹਿਣ ਦੇ ਦਿਨ

*ਸਿਵਲ ਸੁਸਾਇਟੀ ਦੇ ਮੈਂਬਰਾਂ ਨੂੰ ਤੌਖਲਾ ਹੈ ਕਿ ਚੋਣਾਂ ਵਿਚ ਹਾਰ ਦਾ ਸਾਹਮਣਾ ਕਰ ਰਹੀ ਭਾਜਪਾ ਜਿੱਤਣ ਦੇ ਬਾਅਦ ਵੀ 'ਇੰਡੀਆ' ਗੱਠਜੋੜ ਨੂੰ ਸੱਤਾ ਨਹੀਂ ਸੌਂਪੇਗੀ। ਇਸ ਮਾਮਲੇ 'ਤੇ ਸੁਸਾਇਟੀ ਨੇ ਹਾਲ ਹੀ ਵਿਚ ਬੇਂਗਲੁਰੂ ਵਿਚ ਇਕ ਉੱਚ-ਪੱਧਰੀ ਮੀਟਿੰਗ ਕੀਤੀ, ਜਿਸ ਵਿਚ ਫਤਵੇ ਨੂੰ ਤੋੜਨ-ਮਰੋੜਨ ਦੇ ਖਤਰੇ ਤੇ ਉਸ ਨਾਲ ਨਜਿੱਠਣ ਦੇ ਉਪਾਵਾਂ 'ਤੇ ਵਿਚਾਰ ਕੀਤਾ ਗਿਆ। ਮੀਟਿੰਗ 'ਚ ਅਰਥ ਸ਼ਾਸਤਰੀ ਤੇ ਕੇਂਦਰੀ ਵਿੱਤ ਮੰਤਰੀ ਨਿਰਮਲਾ ਸੀਤਾਰਮਨ ਦੇ ਪਤੀ ਪਰਾਕਲਾ ਪ੍ਰਭਾਕਰ, ਸਮਾਜੀ ਕਾਰਕੁਨ ਤੀਸਤਾ ਸੀਤਲਵਾੜ, ਰਿਟਾਇਰਡ ਆਈ ਏ ਐੱਸ ਅਫਸਰ ਦੇਵ ਸਹਾਯਮ ਤੇ ਭਾਸ਼ਾ ਵਿਗਿਆਨੀ ਗਣੇਸ਼ ਦੇਵੀ, ਰਿਟਾਇਰਡ ਮੇਜਰ ਜਨਰਲ ਵੋਮਬਾਟਕੇਰੇ, ਰਿਟਾਇਰਡ ਕੈਬਨਿਟ ਜਾਇੰਟ ਸੈਕਟਰੀ ਰਵੀ ਜੋਸ਼ੀ ਤੇ ਕਾਂਗਰਸ ਵਰਕਿੰਗ ਕਮੇਟੀ ਦੇ ਮੈਂਬਰ ਗੁਰਦੀਪ ਸੱਪਲ ਨੇ ਹਿੱਸਾ ਲਿਆ। ਮੀਟਿੰਗ ਵਿਚ ਇਹ ਸੋਚ ਬਣੀ ਕਿ ਇਹ ਚੋਣਾਂ ਲੋਕਾਂ ਤੇ ਸੰਵਿਧਾਨ ਵਿਰੋਧੀ ਭਾਜਪਾ ਵਿਚਾਲੇ ਹੈ ਅਤੇ ਇਸ ਲੜਾਈ 'ਚ ਜਿੱਤ ਲੋਕਾਂ ਦੀ ਹੋ ਰਹੀ ਹੈ, ਪਰ ਭਾਜਪਾ ਸੱਤਾ ਆਪਣੇ ਹੱਥ ਵਿਚ ਰੱਖਣ ਦਾ ਮਨ ਬਣਾ ਚੁੱਕੀ ਹੈ। ਮੀਟਿੰਗ ਦੇ ਬਾਅਦ ਜਾਰੀ ਬਿਆਨ 'ਚ ਕਿਹਾ ਗਿਆ ਕਿ ਕੁਝ ਵੀ ਹੋ ਸਕਦਾ ਹੈ। ਦੇਸ਼ ਦੇ ਲੋਕਾਂ ਲਈ 'ਕਰੋ ਜਾਂ ਮਰੋ' ਵਾਲੀ ਸਥਿਤੀ ਹੈ। ਦੋ ਤਰ੍ਹਾਂ ਦੇ ਖਤਰੇ ਦਰਪੇਸ਼ ਹਨ। ਪਹਿਲਾਂ ਵੋਟਾਂ ਦੀ ਗਿਣਤੀ 'ਚ ਹੇਰਾਫੇਰੀ ਦਾ ਤੇ ਦੂਜਾ ਲੋਕਾਂ ਦੇ ਫਤਵੇ ਨੂੰ ਤਾਰਪੀਡੋ ਕਰਨ ਦਾ।*

*ਮੀਟਿੰਗ 'ਚ ਲੋਕਾਂ ਦੇ ਫਤਵੇ ਦੀ ਰਾਖੀ ਲਈ ਪੰਜ ਤਰ੍ਹਾਂ ਦੇ ਫਰਜ਼ਾਂ ਨੂੰ ਯਕੀਨੀ ਬਣਾਉਣ ਦੀ ਜ਼ਿੰਮੇਵਾਰੀ ਲਈ ਗਈ। ਪਹਿਲਾ ਇਹ ਕਿ 'ਇਕ ਜਮਹੂਰੀਅਤ ਦੇ ਅੰਦਰ ਵੋਟਰਾਂ ਦੀ ਇੱਛਾ ਅੰਤਮ ਹੋਵੇਗੀ' ਦੇ ਨਾਂਅ ਨਾਲ ਵੋਟਰ ਅਧਿਕਾਰ ਮੁਹਿੰਮ ਚਲਾਈ ਜਾਵੇਗੀ। ਦੂਜਾ ਇਹ ਕਿ ਵੋਟਾਂ ਨਾਲ ਛੇੜਛਾੜ ਨੂੰ ਰੋਕਣ ਲਈ 'ਸਿਟੀਜ਼ਨ ਵਿਜੀਲੈਂਸ ਕਮਿਸ਼ਨ' ਕਾਇਮ ਕੀਤਾ ਜਾਵੇਗਾ। ਤੀਜਾ ਇਹ ਕਿ ਸੁਪਰੀਮ ਕੋਰਟ ਵਿਚ ਪਟੀਸ਼ਨ ਦਾਇਰ ਕਰਕੇ ਵੋਟਾਂ ਦੀ ਗਿਣਤੀ ਦੀ ਪ੍ਰਕਿਰਿਆ ਵਿਚ ਸਿੱਧੇ ਦਖਲ ਦੇ ਨਾਲ ਹੀ ਉਸ ਦੀ ਨਿਗਰਾਨੀ ਨੂੰ ਯਕੀਨੀ ਬਣਾਇਆ ਜਾਵੇਗਾ। ਚੌਥਾ ਇਹ ਕਿ ਸਾਹਮਣੇ ਆਉਣ ਵਾਲੇ ਗੰਭੀਰ ਖਤਰਿਆਂ ਵੱਲ ਸਿਆਸੀ ਪਾਰਟੀਆਂ ਨੂੰ ਖਬਰਦਾਰ ਕੀਤਾ ਜਾਵੇਗਾ ਤੇ ਹੇਰਾਫੇਰੀ ਦੇ ਖਤਰੇ ਨੂੰ ਰੋਕਣ ਲਈ ਉਨ੍ਹਾਂ 'ਤੇ ਦਬਾਅ ਪਾਇਆ ਜਾਵੇਗਾ। ਆਖਰ ਵਿਚ, ਜੇ ਭਾਜਪਾ ਗੈਰਇਖਲਾਕੀ ਰਾਹ ਅਪਣਾਉਂਦੀ ਹੈ, ਸੱਤਾ ਦੀ ਮੁੰਤਕਿਲੀ ਰੋਕਦੀ ਹੈ, ਹੇਰਾਫੇਰੀ ਜਾਂ ਜ਼ਾਬਤੇ ਦੀ ਉਲੰਘਣਾ ਕਰਦੀ ਹੈ, ਗੁੰਡਾਗਰਦੀ ਕਰਦੀ ਹੈ, ਪਾਰਟੀਆਂ ਤੋੜਦੀ ਹੈ, ਡੰਮੀ ਸਰਕਾਰ ਬਣਾਉਣ ਦੀ ਕੋਸ਼ਿਸ਼ ਕਰਦੀ ਹੈ ਤਾਂ ਇਕ ਨਾਗਰਿਕ ਦੇ ਤੌਰ 'ਤੇ ਚੁੱਪ ਨਹੀਂ ਰਿਹਾ ਜਾਵੇਗਾ। ਵੋਟਰਾਂ ਦੇ ਫਤਵੇ ਦੀ ਰਾਖੀ ਲਈ ਕੌਮੀ ਪੱਧਰ 'ਤੇ ਪੁਰਅਮਨ ਤਰੀਕੇ ਨਾਲ ਮਜ਼ਬੂਤ ਸੱਤਿਆਗ੍ਰਹਿ ਕੀਤਾ ਜਾਵੇਗਾ। ਅਗਲੇ ਇਕ ਹਫਤੇ ਤੱਕ ਕੌਮੀ ਤੇ ਰਾਜ ਪੱਧਰ 'ਤੇ ਸੰਪਰਕ ਦੀ ਪ੍ਰਕਿਰਿਆ ਜਾਰੀ ਰਹੇਗੀ। ਮਈ ਦੇ ਅਖੀਰ ਵਿਚ 'ਵੋਟਰਾਂ ਦਾ ਫਤਵਾ ਅੰਤਮ' ਦੇ ਨਾਂਅ ਨਾਲ ਨਾਗਰਿਕਾਂ ਦੇ ਅਧਿਕਾਰਾਂ ਦੀ ਰਾਖੀ ਲਈ ਇਕ ਅੰਦੋਲਨ ਚਲਾਇਆ ਜਾਵੇਗਾ।*

*ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅੱਜਕੱਲ੍ਹ ਕਹਿ ਰਹੇ ਹਨ ਕਿ 'ਮੈਨੂੰ ਤੁਹਾਡੀ ਸੇਵਾ ਲਈ ਰੱਬ ਨੇ ਘੱਲਿਆ ਹੈ।' ਰੱਬ ਦੇ ਨਾਂਅ 'ਤੇ ਉਹ ਕੁਝ ਵੀ ਕਰ ਸਕਦੇ ਹਨ। ਸੋ, ਸਿਵਲ ਸੁਸਾਇਟੀ ਦੇ ਇਸ ਕਥਨ ਵਿਚ ਕਾਫੀ ਦਮ ਹੈ ਕਿ 'ਕੁਝ ਵੀ ਹੋ ਸਕਦਾ ਹੈ।'*

# ਚੋਣਾਂ 'ਚ ਜਿੱਤ ਦੇ ਦਮਗਜ਼ੇ ਹਾਰ ਦੇ ਸੂਚਕ ਹਨ !

**ਹਰਜਿੰਦਰ ਸਿੰਘ ਗੁਲਪੁਰ**

ਦੇਸ਼ ਵਿਚ ਵੋਟਾਂ ਦੇ ਪੰਜ ਗੇੜ ਪੂਰੇ ਹੋ ਚੁੱਕੇ ਹਨ। ਨਰਿੰਦਰ ਮੋਦੀ ਨੇ ਰਾਜਤੰਤਰ ਅਤੇ ਮੀਡੀਆ ਤੰਤਰ ਨੂੰ ਵਰਤ ਕੇ ਅਜਿਹਾ ਮਹੌਲ ਸਿਰਜ ਦਿੱਤਾ ਹੈ ਕਿ ਉਸ ਦੇ ਧੁਰ ਵਿਰੋਧੀ ਵੀ ਉਸ ਦੀ ਹਾਰ ਨੂੰ ਤਸੱਵਰ ਕਰਨ ਤੋਂ ਡਰ ਰਹੇ ਹਨ । ਜਿੱਥੋਂ ਤੱਕ ਅਜ਼ਾਦ ਖਿਆਲੀ ਮੀਡੀਆ ਦਾ ਸਬੰਧ ਹੈ, ਉਸ ਦਾ ਵੱਡਾ ਹਿੱਸਾ ਵੀ ਨਰਿੰਦਰ ਮੋਦੀ ਦੇ ਹਾਰ ਜਾਣ ਦੀ ਭਵਿੱਖਬਾਣੀ ਕਰਨ ਦਾ ਰਿਸਕ ਲੈਣ ਤੋਂ ਗੁਰੇਜ਼ ਕਰ ਰਿਹਾ ਹੈ। ਇਸ ਵਰਤਾਰੇ ਪਿੱਛੇ ਅਤੀਤ ਵਿੱਚ ਚੋਣਾਂ ਬਾਰੇ ਭਵਿੱਖਬਾਣੀਆਂ ਦਾ ਗਲਤ ਸਾਬਤ ਹੋਣਾ ਹੈ। ਨਰਿੰਦਰ ਮੋਦੀ ਨੇ ਚੋਣਾਂ ਦਾ ਐਲਾਨ ਹੋਣ ਤੋਂ ਵੀ ਪਹਿਲਾਂ 400 ਪਾਰ ਦਾ ਅਜਿਹਾ ਹੋਕਾ ਦਿੱਤਾ ਕਿ ਸਾਰੇ ਇਸ ਹੋਕੇ ਵਿੱਚ ਉਲਝ ਕੇ ਰਹਿ ਗਏ। ਪੰਜ ਗੇੜ ਖਤਮ ਹੋਣ ਤੋਂ ਬਾਅਦ ਵੀ ਇਸੇ ਗੱਲ 'ਤੇ ਬਹਿਸ ਹੋ ਰਹੀ ਹੈ ਕਿ ਮੋਦੀ ਪਾਰਟੀ 400 ਸੀਟਾਂ ਕਿਵੇਂ ਜਿੱਤੇਗੀ। ਇਸ ਦੇ ਨਾਲ ਹੀ ਉਸ ਨੇ 370 ਸੀਟਾਂ ਜਿੱਤਣ ਦਾ ਹੋਕਾ ਦੇ ਦਿੱਤਾ। ਇਹ ਹੋਕਾ ਉਸ ਦੇ ਅੰਤਰੀਵ ਡਰ ਵਿਚੋਂ ਪੈਦਾ ਹੋਇਆ ਸੀ। ਉਸ ਨੂੰ ਲਗਦਾ ਸੀ ਕਿ ਉਹ ਹਾਰ ਤਾਂ ਰਿਹਾ ਹੀ ਹੈ ਕਿਤੇ ਉਸ ਦਾ ਕੋਰ ਵੋਟਰ ਵੀ ਨਾ ਖਿਸਕ ਜਾਵੇ। ਅਸਲ ਵਿੱਚ ਇਸ ਅੰਕੜੇ ਰਾਹੀਂ ਉਸ ਨੇ ਕੋਰ ਵੋਟਰਾਂ ਦੇ ਮਨਾਂ ਅੰਦਰ ਧਾਰਾ 370 ਦੀ ਧੂਣੀ ਗਰਮ ਕੀਤੀ ਸੀ । ਦੁਨੀਆ ਚੜ੍ਹਦੇ ਸੂਰਜ ਨੂੰ ਸਲਾਮਾਂ ਕਰਦੀ ਹੈ। ਭਾਰਤੀ ਲੋਕ ਤਾਂ ਇਸ ਮਾਮਲੇ ਵਿਚ ਬਹੁਤ ਅੱਗੇ ਹਨ। ਨਰਿੰਦਰ ਮੋਦੀ ਨੇ ਭਾਰਤੀ ਲੋਕਾਂ ਦੀ ਇਸ ਰਮਜ਼ ਨੂੰ ਫੜ ਕੇ ਇਸ ਉੱਤੇ ਅਮਲ ਕਰਨਾ ਸ਼ੁਰੂ ਕਰ ਦਿੱਤਾ । ਉਸ ਨੇ ਕੋਹਲੂ ਦੇ ਬੈਲ ਵਾਂਗ ਲਾਈਲੱਗ ਦੇਸ਼ ਵਾਸੀਆਂ ਦੀਆਂ ਅੱਖਾਂ 'ਤੇ ਅਜਿਹੇ ਖੋਪੇ ਲਾਏ ਕਿ ਉਹਨਾਂ ਨੂੰ ਆਲਾ-ਦੁਆਲਾ ਦਿਸਣਾ ਬੰਦ ਹੋ ਗਿਆ । ਨਰਿੰਦਰ ਮੋਦੀ ਨੂੰ ਲੱਗਾ ਕਿ ਅਕਲਮੰਦ ਦੇਸ਼ ਵਾਸੀ ਉਸ ਲਈ ਖਤਰਾ ਬਣ ਸਕਦੇ ਹਨ, ਇਸ ਲਈ ਉਸ ਨੇ ਦੇਸ਼ ਵਾਸੀਆਂ ਨੂੰ ਵੈਦਿਕ ਕਾਲ ਵਲ ਮੋੜਨਾ ਸ਼ੁਰੂ ਕਰ ਦਿੱਤਾ। ਉਸ ਸਮੇਂ ਦੀਆਂ ਕਥਾ-ਕਹਾਣੀਆਂ ਨੂੰ ਵਰਤਮਾਨ ਨਾਲ ਜੋੜ ਕੇ ਪੇਸ਼ ਕੀਤਾ ਜਾਣ ਲੱਗ ਪਿਆ। ਹੁਣ ਤੱਕ ਇਹੀ ਕਿਹਾ ਜਾਂਦਾ ਸੀ ਕਿ ਮੋਦੀ ਕੇਵਲ 40 ਫੀਸਦੀ ਵੋਟਾਂ ਹਾਸਲ ਕਰਕੇ ਸੱਤਾ ਵਿਚ ਬਣਿਆ ਹੋਇਆ ਹੈ, ਜਦੋਂ ਕਿ 60 ਫੀਸਦੀ ਵੋਟਾਂ ਉਸ ਦੇ ਖਿਲਾਫ ਹਨ। ਇਹ ਪਹਿਲੀ ਵਾਰ ਹੋਇਆ ਹੈ ਕਿ ਮੋਦੀ ਪਾਰਟੀ ਦੇ ਉਮੀਦਵਾਰ ਸਾਹਮਣੇ ਇੱਕ ਉਮੀਦਵਾਰ ਖੜਾ ਹੋਇਆ ਹੈ। ਇਸ ਦਾ ਮਤਲਬ ਇਹ ਹੈ ਕਿ 40 ਫੀਸਦੀ ਦੇ ਖਿਲਾਫ 60 ਫੀਸਦੀ ਲੋਕ ਚੋਣਾਂ ਲੜ ਰਹੇ ਹਨ। ਫੇਰ ਡਰ ਕਾਹਦਾ ? ਨਰਿੰਦਰ ਮੋਦੀ ਨੇ ਵਰਤਮਾਨ ਨੂੰ ਛੱਡ ਕੇ ਭੂਤ ਅਤੇ ਭਵਿੱਖ ਵੱਲ ਜਾਣਾ ਸ਼ੁਰੂ ਕਰ ਦਿੱਤਾ ਹੈ, ਤਾਂ ਕਿ ਜਵਾਬਦੇਹੀ ਤੋਂ ਬਚਿਆ ਜਾ ਸਕੇ ।

2019 ਦੀ ਚੋਣ ਉਸ ਨੇ ਫ਼ੌਜ ਨੂੰ ਅੱਗੇ ਰੱਖ ਕੇ ਜਿੱਤ ਲਈ । ਇਸ ਵਾਰ ਹਾਲਾਤ ਬਦਲ ਗਏ ਹਨ । ਰਾਸ਼ਟਰਵਾਦ ਗਾਇਬ ਹੈ । ਚੋਣ ਜ਼ਿੰਦਗੀ ਨਾਲ ਜੁੜੇ ਮੁੱਦਿਆਂ 'ਤੇ ਕੇਂਦਰਤ ਹੋ ਗਈ ਹੈ । ਜਾਤਾਂ ਦੀ ਗੋਲਬੰਦੀ ਧਾਰਮਿਕ ਗੋਲਬੰਦੀ 'ਤੇ ਭਾਰੂ ਹੋ ਗਈ ਹੈ । ਭਾਜਪਾ ਨੂੰ ਸਭ ਤੋਂ ਵੱਡੇ ਰਾਜ ਉੱਤਰ ਪ੍ਰਦੇਸ਼ 'ਤੇ ਬਹੁਤ ਆਸਾਂ ਸਨ। ਇਸ ਰਾਜ ਵਿਚ ਜਿਸ ਤਰ੍ਹਾਂ ਦੇ ਜਾਤੀ ਸਮੀਕਰਨ ਮੋਦੀ ਅਤੇ ਸ਼ਾਹ ਨੇ ਬਣਾਏ ਸਨ, ਉਹ ਟੁੱਟ ਰਹੇ ਹਨ । ਇਹ ਤਾਂ ਸਾਰਿਆਂ ਨੂੰ ਪਤਾ ਹੈ ਕਿ ਭਾਜਪਾ ਆਖਰੀ ਪਲ ਤੱਕ ਪੂਰੇ ਦਮ ਖਮ ਨਾਲ ਚੋਣ ਲੜਦੀ ਹੈ । ਨਰਿੰਦਰ ਮੋਦੀ ਭਾਜਪਾ ਦੀ ਪਤਲੀ ਹਾਲਤ ਦੇ ਬਾਵਜੂਦ ਲੋਕਾਂ ਵਿਚ ਇਹ ਪ੍ਰਭਾਵ ਨਹੀਂ ਜਾਣ ਦੇਵੇਗਾ ਕਿ ਉਹ ਚੋਣ ਹਾਰ ਰਿਹਾ ਹੈ। ਆਖਰੀ ਵਕਤ ਤੱਕ ਉਹ ਮਾਨਸਿਕ ਦਬਾਅ ਬਣਾ ਕੇ ਰੱਖੇਗਾ । ਸ਼ੇਅਰ ਬਜ਼ਾਰ ਡਿੰਗੂ-ਡਿੰਗੂ ਕਰ ਰਿਹਾ ਹੈ, ਪਰ ਸਰਕਾਰ ਦੇ ਦਖਲ ਨਾਲ ਇਸ ਨੂੰ ਇੱਕ ਜੂਨ ਤੱਕ ਰੋਕ ਕੇ ਰੱਖਿਆ ਜਾ ਰਿਹਾ ਹੈ । ਪੱਤਰਕਾਰ ਕੇ ਪੀ ਮਲਿਕ ਅਨੁਸਾਰ ਅਨੇਕਾਂ ਉੱਚ ਅਧਿਕਾਰੀ 4 ਜੂਨ ਤੱਕ ਛੁੱਟੀ 'ਤੇ ਚਲੇ ਗਏ ਹਨ । ਉਹ ਦੁਚਿੱਤੀ ਵਿੱਚ ਫਸ ਗਏ ਹਨ । ਜੇਕਰ ਸੱਤਾ ਤਬਦੀਲ ਹੋ ਗਈ ਤਾਂ ਜਾਂ ਤਾਂ ਉਹ ਵੀ ਆਰ ਐੱਸ ਐੱਸ ਲਈ ਅਪਲਾਈ ਕਰਨਗੇ ਜਾਂ ਅਸਤੀਫਾ ਦੇਣਗੇ । ਇੱਕ ਹੋਰ ਗੱਲ ਚਰਚਾ ਦਾ ਵਿਸ਼ਾ ਬਣੀ ਹੋਈ ਹੈ । ਭਾਜਪਾ ਪ੍ਰਧਾਨ ਜੇ ਪੀ ਨੱਢਾ ਨੇ 'ਇੰਡੀਅਨ ਐਕਸਪ੍ਰੈਸ' ਨੂੰ ਦਿੱਤੀ ਇੰਟਰਵਿਊ ਵਿਚ ਇਹ ਗੱਲ ਠੋਕ-ਵਜਾ ਕੇ ਕਹੀ ਕਿ ਭਾਜਪਾ ਬਹੁਤ ਅੱਗੇ ਲੰਘ ਗਈ ਹੈ, ਇਸ ਲਈ ਹੁਣ ਭਾਜਪਾ ਨੂੰ ਆਰ ਐੱਸ ਐੱਸ ਦੀ ਲੋੜ ਨਹੀਂ ਹੈ । ਇਸ ਬਿਆਨ 'ਤੇ ਰਾਜਸੀ ਪੰਡਤ ਦੋ ਹਿੱਸਿਆਂ ਵਿਚ ਵੰਡੇ ਗਏ ਹਨ । ਕੁਝ ਤਾਂ ਇਸ ਬਿਆਨ ਨੂੰ ਇੰਨ-ਬਿੰਨ ਸਹੀ ਸਮਝ ਕੇ ਹੈਰਾਨੀ ਪ੍ਰਗਟ ਕਰ ਰਹੇ ਹਨ । ਉਹਨਾਂ ਦਾ ਕਹਿਣਾ ਹੈ ਕਿ ਚੋਣਾਂ ਦੇ ਦੌਰਾਨ ਅਜਿਹਾ ਬਿਆਨ ਦੇਣਾ ਮੂਰਖਤਾ ਭਰਿਆ ਕਦਮ ਹੈ । ਦੂਜਾ ਹਿੱਸਾ ਇਸ ਬਿਆਨ ਨੂੰ ਭਾਜਪਾ ਦੀ ਹੋਣ ਵਾਲੀ ਹਾਰ ਨਾਲ ਜੋੜ ਕੇ ਦੇਖ ਰਿਹਾ ਹੈ। ਉਹਨਾਂ ਦਾ ਕਹਿਣਾ ਹੈ ਕਿ ਇਹ ਬਿਆਨ ਆਰ ਐੱਸ ਐੱਸ ਦੇ ਕਹਿਣ 'ਤੇ ਦਿੱਤਾ ਗਿਆ ਹੈ । ਆਰ ਐੱਸ ਐੱਸ ਜਾਣ ਚੁੱਕੀ ਹੈ ਕਿ ਭਾਜਪਾ ਚੋਣਾਂ ਵਿੱਚ ਹਾਰ ਰਹੀ ਹੈ । ਨਵੀਂ ਸਰਕਾਰ ਦੀ ਸਿੱਧੀ ਗਾਜ਼ ਆਰ ਐੱਸ ਐੱਸ 'ਤੇ ਗਿਰੇਗੀ । ਇਹ ਜਥੇਬੰਦੀ ਰਜਿਸਟਰੇਸ਼ਨ ਸਮੇਤ ਹੋਰ ਬਹੁਤ ਸਾਰੇ ਆਰਥਿਕ ਝਮੇਲਿਆਂ ਵਿੱਚ ਫਸ ਸਕਦੀ ਹੈ । ਇਹਨਾਂ ਮਾਹਰਾਂ ਅਨੁਸਾਰ ਏਜੰਸੀਆਂ ਦੇ ਚੱਕਰ ਵਿਚ ਫਸਣ ਤੋਂ ਪਹਿਲਾਂ ਹੀ ਉਸ ਨੇ ਭਾਜਪਾ ਨਾਲੋਂ ਨਾਤਾ ਤੋੜਨ ਦੀ ਯੋਜਨਾਬੰਦੀ ਅਧੀਨ ਇਹ ਬਿਆਨ ਪਲਾਂਟ ਕਰਵਾਇਆ ਹੈ । ਇਸ ਦੇ ਬਾਵਜੂਦ ਚੋਣ ਕਮਿਸ਼ਨ ਦੀ ਇੱਕ ਤਰਫਾ ਕਾਰਗੁਜ਼ਾਰੀ ਸਵਾਲਾਂ ਦੇ ਘੇਰੇ ਵਿਚ ਹੈ । ਜਿਸ ਤਰ੍ਹਾਂ ਉਹ ਵੋਟਾਂ ਦੀ ਗਿਣਤੀ ਨੂੰ ਜਨਤਕ ਕਰਨ ਤੋਂ ਬਚ ਰਿਹਾ ਹੈ, ਉਸ ਨੇ ਉਸ ਦੀ ਭਰੋਸੇਯੋਗਤਾ ਨੂੰ ਹੋਰ ਵੀ ਸ਼ੱਕੀ ਬਣਾ ਦਿੱਤਾ ਹੈ । ਏ ਡੀ ਆਰ (ਐਸੋਸੀਏਸ਼ਨ ਫਾਰ ਡੈਮੋਕ੍ਰੇਸੀ ਰੀਫੋਰਮਜ਼) ਨੂੰ ਇੱਕ ਵਾਰ ਫੇਰ ਸੁਪਰੀਮ ਕੋਰਟ ਦੇ ਦੁਆਰ ਜਾਣਾ ਪਿਆ ਹੈ। ਸੁਪਰੀਮ ਕੋਰਟ ਨੇ ਚੋਣ ਕਮਿਸ਼ਨ ਨੂੰ 24 ਮਈ ਵਾਲੇ ਦਿਨ ਜਵਾਬਦੇਹੀ ਲਈ ਬੁਲਾਇਆ ਹੈ।

**# ਸੰਪਰਕ : 79735-01892**

## 129ਵੇਂ ਜਨਮ ਦਿਨ ਨੂੰ ਸਮਰਪਿਤ

# ਸ਼ਹੀਦ ਕਰਤਾਰ ਸਿੰਘ ਸਰਾਭਾ ਨੇ 1913 'ਚ ਚੁੱਕਿਆ ਸੀ ਸਿੱਖਿਆ ਤੇ ਸਿਹਤ ਦਾ ਮੁੱਦਾ

**ਚਰਨ ਸਿੰਘ ਸਰਾਭਾ**

ਭਾਰਤ ਦੇ ਆਜ਼ਾਦੀ ਪ੍ਰਾਪਤੀ ਸੰਗਰਾਮ ਅਤੇ ਗ਼ਦਰ ਪਾਰਟੀ ਦਾ ਪ੍ਰਮੁੱਖ ਨਾਇਕ ਸੀ ਸ਼ਹੀਦ ਕਰਤਾਰ ਸਿੰਘ ਸਰਾਭਾ। ਉਨ੍ਹਾ ਦਾ ਜਨਮ ਲੁਧਿਆਣੇ ਜ਼ਿਲ੍ਹੇ ਦੇ ਪਿੰਡ ਸਰਾਭਾ ਵਿਖੇ 24 ਮਈ 1896 ਨੂੰ ਸ. ਮੰਗਲ ਸਿੰਘ ਦੇ ਘਰ ਮਾਤਾ ਸਾਹਿਬ ਕੌਰ ਦੀ ਕੁੱਖ ਤੋਂ ਹੋਇਆ। ਉਸ ਸਮੇਂ ਹੀ ਕਰਤਾਰ ਸਿੰਘ ਸਰਾਭੇ ਦਾ ਪਰਵਾਰ ਚੰਗਾ ਖਾਂਦਾ-ਪੀਂਦਾ ਪਰਵਾਰ ਸੀ। ਕਰਤਾਰ ਸਿੰਘ ਸਰਾਭੇ ਦੇ ਪਿਤਾ ਜੀ ਦਾ ਦੇਹਾਂਤ ਹੋ ਜਾਣ ਕਾਰਨ ਕਰਤਾਰ ਸਿੰਘ ਸਰਾਭਾ ਦਾ ਪਾਲਣ-ਪੋਸ਼ਣ ਉਨ੍ਹਾਂ ਦੇ ਬਾਬਾ ਜੀ ਨੇ ਹੀ ਕੀਤਾ। ਕਰਤਾਰ ਸਿੰਘ ਸਰਾਭਾ ਨੇ ਮੁਢਲੀ ਸਿੱਖਿਆ ਪਿੰਡ ਦੇ ਪ੍ਰਾਇਮਰੀ ਸਕੂਲ ਤੋਂ ਪੂਰੀ ਕਰਨ ਉਪਰੰਤ ਦਸਵੀਂ ਤੱਕ ਦੀ ਪੜ੍ਹਾਈ ਲੁਧਿਆਣਾ ਦੇ ਮਾਲਵਾ ਖਾਲਸਾ ਹਾਈ ਸਕੂਲ ਤੋਂ ਕੀਤੀ। ਇਸ ਉਪਰੰਤ ਪਰਵਾਰ ਦੇ ਉਚੇਚੇ ਯਤਨਾਂ ਸਦਕਾ ਕਰਤਾਰ ਸਿੰਘ ਨੂੰ ਉਚੇਰੀ ਪੜ੍ਹਾਈ ਲਈ ਅਮਰੀਕਾ ਭੇਜ ਦਿੱਤਾ ਗਿਆ। ਜਿੱਥੇ ਉਸ ਨੂੰ ਬਰਕਲੇ ਯੂਨੀਵਰਸਿਟੀ ਦੇ ਰਸਾਇਣਕ ਵਿਭਾਗ ਵਿੱਚ ਦਾਖ਼ਲਾ ਮਿਲ ਗਿਆ। ਅਮਰੀਕਾ ਵਿਖੇ ਵਿਦਿਆਰਥੀ ਜੀਵਨ ਵਿੱਚ ਵਿਚਰਦਿਆਂ ਕਰਤਾਰ ਸਿੰਘ ਸਰਾਭਾ ਦੀ ਅਨੁਭਵੀ ਪ੍ਰਤਿਭਾ ਨੇ ਅਮਰੀਕੀ ਲੋਕਾਂ ਦੇ ਭਾਰਤੀਆਂ ਪ੍ਰਤੀ ਨਸਲਵਾਦੀ ਅਤੇ ਗੁਲਾਮ ਦੇਸ਼ ਦੇ ਵਾਸੀ ਹੋਣ ਦੇ ਦ੍ਰਿਸ਼ਟੀਕੋਣ ਤੋਂ ਘ੍ਰਿਣਾਤਮਕ ਵਤੀਰੇ ਨੂੰ ਭਾਂਪਿਆ। ਉਥੇ ਹੀ ਕਰਤਾਰ ਸਿੰਘ ਦਾ ਤਾਲਮੇਲ ਸਰਾਭਾ ਪਿੰਡ ਦੇ ਹੀ ਬਾਬਾ ਰੁਲੀਆ ਸਿੰਘ ਸਰਾਭਾ ਨਾਲ ਹੋ ਗਿਆ। ਅਮਰੀਕਾ ਅਤੇ ਹੋਰ ਦੇਸ਼ਾਂ ਵਿੱਚ ਗਏ ਹੋਏ ਭਾਰਤੀਆਂ ਨੇ ਇਨਸਾਫ਼ ਪ੍ਰਾਪਤੀ ਲਈ ਇਕ ਜਥੇਬੰਦੀ ਹਿੰਦੀ : ਐਸੋਸੀਏਸ਼ਨ ਆਫ਼ ਪੈਸੇਫਿਕ ਕੋਸਟ ਆਫ਼ ਅਮਰੀਕਾ" ਬਣਾਈ, ਜਿਸ ਨੂੰ ਪਿੱਛੋਂ 'ਗਦਰ ਪਾਰਟੀ' ਵਿੱਚ ਬਦਲ ਦਿੱਤਾ ਗਿਆ ਸੀ। ਜਿਸ ਦੇ ਪ੍ਰਧਾਨ ਮਹਾਨ ਦੇਸ਼ ਭਗਤ ਬਾਬਾ ਸੋਹਨ ਸਿੰਘ ਭਕਨਾ ਅਤੇ ਜਨਰਲ ਸਕੱਤਰ ਲਾਲਾ ਹਰਦਿਆਲ ਨੂੰ ਬਣਾਇਆ ਗਿਆ।

ਭਾਰਤੀ ਆਜ਼ਾਦੀ ਪ੍ਰਾਪਤੀ ਸੰਗਰਾਮ ਦੇ ਵਿਚਾਰਾਂ ਅਤੇ ਪ੍ਰੋਗਰਾਮ ਦਾ ਘੇਰਾ ਹੋਰ ਵਿਸ਼ਾਲ ਬਣਾਉਣ ਲਈ ਗ਼ਦਰ ਪਾਰਟੀ ਨੇ 'ਗ਼ਦਰ' ਨਾਂਅ ਦਾ ਅਖ਼ਬਾਰ ਚਾਲੂ ਕਰਨ ਦਾ ਫ਼ੈਸਲਾ ਕੀਤਾ ਤਾਂ ਕਰਤਾਰ ਸਿੰਘ ਸਰਾਭਾ ਨੂੰ ਇਸ ਦੇ ਸੰਪਾਦਕੀ ਮੰਡਲ ਵਿੱਚ ਸ਼ਾਮਲ ਕੀਤਾ ਗਿਆ ਅਤੇ ਪਰਚਾ ਛਾਪਣ ਦੀ ਮੁੱਖ ਜ਼ਿੰਮੇਵਾਰੀ ਵੀ ਉਨ੍ਹਾਂ ਉੱਪਰ ਹੀ ਪਾਈ ਗਈ। ਇਤਿਹਾਸਕ ਹਵਾਲੇ ਦੱਸਦੇ ਹਨ ਕਿ ਕਰਤਾਰ ਸਿੰਘ ਸਰਾਭਾ ਹੱਥਾਂ ਨਾਲ ਚੱਲਣ ਵਾਲੀ ਪ੍ਰੈੱਸ ਮਸ਼ੀਨ 'ਤੇ ਲਗਾਤਾਰ ਕੰਮ ਕਰ ਸਕਦਾ ਅਤੇ ਜੋਸ਼ ਅਤੇ ਹੋਸ਼ ਵਿੱਚ ਗਾਉਂਦਾ ਰਹਿੰਦਾ "ਸੇਵਾ ਦੇਸ਼ ਦੀ ਜਿੰਦੜੀਏ ਬੜੀ ਔਖੀ ਗੱਲਾਂ ਕਰਨੀਆਂ ਢੇਰ ਸੁਖੱਲੀਆਂ ਨੇ।" ਗ਼ਦਰ ਅਖ਼ਬਾਰ ਦੇ ਪਹਿਲੇ ਨਵੰਬਰ 1913 ਦੇ ਅੰਕ ਵਿੱਚ ਅੰਗਰੇਜ਼ ਦੇ ਭਾਰਤ ਵਿੱਚ ਬਸਤੀਵਾਦੀ ਰਾਜ ਪ੍ਰਬੰਧ ਦਾ ਪਰਦਾਫਾਸ਼ ਕਰਦਾ ਲੇਖ "ਅੰਗਰੇਜ਼ ਰਾਜ ਦਾ ਕੱਚਾ ਚਿੱਠਾ" ਛਾਪਿਆ ਗਿਆ, ਜਿਸ ਦੇ ਕੁਝ ਕੇਂਦਰੀ ਬਿੰਦੂ ਸਨ-1. ਅੰਗਰੇਜ਼ ਹਰ ਸਾਲ 50 ਕਰੋੜ ਰੁਪਏ (ਉਸ ਸਮੇਂ ਦੇ) ਇੰਗਲੈਂਡ ਲੈ ਜਾਂਦੇ ਹਨ। ਜਿਸ ਕਰਕੇ ਅਸੀਂ ਇੰਨੇ ਗ਼ਰੀਬ ਹੋ ਗਏ ਕਿ ਹਿੰਦੁਸਤਾਨ ਵਿੱਚ ਪੰਜ ਪੈਸਾ ਦਿਹਾੜੀ ਹੈ। (2) ਜ਼ਮੀਨ ਦਾ ਮਾਮਲਾ 65% ਤੋਂ ਵੀ ਵਧੇਰੇ ਹੈ। (3) 24 ਕਰੋੜ ਭਾਰਤੀਆਂ ਦੀ ਵਿੱਦਿਆ 'ਤੇ ਪੌਣੇ-ਅੱਠ ਕਰੋੜ ਰੁਪਏ ਅਤੇ ਬੀਮਾਰੀਆਂ ਰੋਕਣ 'ਤੇ ਸਿਰਫ਼ ਦੋ ਕਰੋੜ ਰੁਪਏ, ਪਰ ਫੌਜਾਂ ਤੇ 29 ਕਰੋੜ ਰੁਪਏ ਖ਼ਰਚੇ ਜਾਂਦੇ ਹਨ। ਆਦਿ। ਭਾਰਤੀ ਜਨ-ਸਮੂਹਾਂ ਨੂੰ ਜਾਗਰੂਕ ਕਰਦਾ ਇਹ 'ਗਦਰ' ਅਖ਼ਬਾਰ ਗੁਪਤ ਰਸਤਿਆਂ ਅਤੇ ਵਸੀਲਿਆਂ ਰਾਹੀਂ ਭਾਰਤ ਅਤੇ ਹੋਰ ਦੇਸ਼ਾਂ ਵਿੱਚ ਭੇਜਿਆ ਜਾਂਦਾ, ਜੋ ਉਸ ਸਮੇਂ ਦਾ ਬਹੁਤ ਔਖਾ ਕੰਮ ਸੀ।

1914-15 ਵਿੱਚ ਜਦੋਂ ਪਹਿਲੀ ਸੰਸਾਰ ਜੰਗ ਆਰੰਭ ਹੋ ਗਈ ਤਾਂ ਇਨ੍ਹਾਂ ਗ਼ਦਰੀ ਦੇਸ਼ ਭਗਤਾਂ ਨੇ ਇਸ ਨੂੰ ਲਾਹੇਵੰਦ ਸਮਾਂ ਸਮਝਦਿਆਂ ਫੈਸਲਾ ਕੀਤਾ ਕਿ ਭਾਰਤ ਵਿੱਚ ਜਾ ਕੇ ਹਥਿਆਰਬੰਦ ਇਨਕਲਾਬ ਰਾਹੀਂ ਅੰਗਰੇਜ਼ਾਂ ਦੀ ਲੋਟੂ ਬਸਤੀਵਾਦੀ ਹਕੂਮਤ ਦਾ ਖਾਤਮਾ ਕੀਤਾ ਜਾਵੇ। ਇਸੇ ਪ੍ਰੋਗਰਾਮ ਅਧੀਨ ਹੋਰਨਾਂ ਸਾਥੀਆਂ ਦੇ ਨਾਲ ਕਰਤਾਰ ਸਿੰਘ ਸਰਾਭਾ ਸ੍ਰੀਲੰਕਾ ਰਾਹੀਂ ਭਾਰਤ ਪੁੱਜ ਗਏ। ਇਥੇ ਕਰਤਾਰ ਸਿੰਘ ਸਰਾਭਾ ਜ਼ਿੰਮੇ ਇਹ ਕੰਮ ਲੱਗਾ ਕਿ ਫੌਜੀ ਛਾਉਣੀ ਵਿੱਚ ਤਾਲਮੇਲ ਪੈਦਾ ਕਰਕੇ ਭਾਰਤੀ ਫ਼ੌਜੀਆਂ ਨੂੰ ਬਗਾਵਤ ਲਈ ਪ੍ਰੇਰਿਆ ਜਾਵੇ ਅਤੇ ਹਥਿਆਰ ਪ੍ਰਾਪਤ ਕੀਤੇ ਜਾਣ। ਇਸ ਮੰਤਵ ਲਈ ਕਰਤਾਰ ਸਿੰਘ ਸਰਾਭਾ ਮੇਰਠ ਅਤੇ ਫਿਰੋਜ਼ਪੁਰ ਆਦਿ ਦੀਆਂ ਫੌਜੀ ਛਾਉਣੀਆਂ ਵਿੱਚ ਜਾ ਕੇ ਤਾਲਮੇਲ ਕਰਦੇ ਰਹੇ। ਬੜੀ ਫੁਰਤੀ ਅਤੇ ਲਗਨ ਨਾਲ ਇਨ੍ਹਾਂ ਗ਼ਦਰੀ ਦੇਸ਼ ਭਗਤਾਂ ਨੇ ਅਜਿਹਾ ਤਾਲਮੇਲ ਪੈਦਾ ਕਰਕੇ ਬਗਾਵਤ ਅਤੇ ਹਥਿਆਰਬੰਦ ਹਮਲਿਆਂ ਦੇ ਪ੍ਰੋਗਰਾਮ ਤਹਿ ਕੀਤੇ, ਜੋ ਲਹਿਰ ਵਿੱਚ ਛੁਪੇ ਕੁਝ ਗਦਾਰਾਂ ਕਾਰਨ ਬਦਲਣੇ ਪਏ। 20 ਫ਼ਰਵਰੀ 1915 ਵਾਲੇ ਇੱਕ ਅਜਿਹੇ ਹੀ ਨਿਸ਼ਚਿਤ ਦਿਨ ਗਦਾਰਾਂ ਦੀ ਮੁਖਬਰੀ ਕਾਰਨ ਬਹੁਤ ਸਾਰੇ ਦੇਸ਼ ਭਗਤ ਗ੍ਰਿਫ਼ਤਾਰ ਕਰ ਲਏ ਗਏ, ਪਰ ਕਰਤਾਰ ਸਿੰਘ ਸਰਾਭਾ ਕੁਝ ਹੋਰ ਸਾਥੀਆਂ ਸਮੇਤ ਬਚ ਨਿਕਲੇ। ਪ੍ਰੋਗਰਾਮ ਵਿੱਚ ਤਬਦੀਲੀ ਅਧੀਨ ਅਤੇ ਘੋਲ ਨੂੰ ਜਾਰੀ ਰੱਖਣ ਲਈ ਕਰਤਾਰ ਸਿੰਘ ਸਰਾਭਾ, ਹਰਨਾਮ ਸਿੰਘ ਟੁੰਡੀਲਾਟ ਅਤੇ ਜਗਤ ਸਿੰਘ ਸੁਰ ਸਿੰਘ ਹਥਿਆਰ ਪ੍ਰਾਪਤੀ ਲਈ ਜਗਤ ਸਿੰਘ ਦੇ ਇੱਕ ਮਿੱਤਰ ਕੋਲ ਗਏ, ਜਿੱਥੇ ਉਸ ਨੇ ਮੁਖਬਰੀ ਕਰਕੇ ਰਸਾਲਦਾਰ ਗੰਡਾ ਸਿੰਘ ਰਾਹੀਂ ਗ੍ਰਿਫ਼ਤਾਰ ਕਰਵਾ ਦਿੱਤਾ। ਗ੍ਰਿਫ਼ਤਾਰੀ ਉਪਰੰਤ ਇਨ੍ਹਾਂ ਤਿੰਨਾਂ ਦੇਸ਼ ਭਗਤਾਂ ਨੂੰ ਲਾਹੌਰ ਜੇਲ੍ਹ ਭੇਜ ਦਿੱਤਾ ਗਿਆ।

ਅਪ੍ਰੈਲ 1915 ਵਿੱਚ ਇਨ੍ਹਾਂ ਦੇਸ਼ ਭਗਤਾਂ ਵਿਰੁੱਧ ਲਾਹੌਰ ਸਾਜ਼ਿਸ਼ ਕੇਸ-1 ਅਧੀਨ ਮੁਕੱਦਮਾ ਚਲਾਇਆ ਗਿਆ। ਇਸ ਨਿਰਅਧਾਰ ਦੋਸ਼ਾਂ ਵਾਲੇ ਮੁਕੱਦਮੇ ਅਤੇ ਮੁਖਬਰਾਂ ਦੀਆਂ ਝੂਠੀਆਂ ਗਵਾਹੀਆਂ ਦੇ ਅਧਾਰ 'ਤੇ ਹੀ ਵਿਸ਼ੇਸ਼ ਅਦਾਲਤ ਨੇ ਸਤੰਬਰ 1915 ਨੂੰ ਆਪਣਾ ਫੈਸਲਾ ਸੁਣਾਇਆ। ਅਜਿਹੇ 64 ਦੇਸ਼ ਭਗਤਾਂ ਵਿੱਚੋਂ 24 ਨੂੰ ਫਾਂਸੀ ਦੀ ਸਜ਼ਾ ਸੁਣਾਈ ਗਈ ਅਤੇ ਬਾਕੀਆਂ ਨੂੰ ਉਮਰ ਕੈਦ ਜਾਂ ਕਈ-ਕਈ ਸਾਲ ਦੀਆਂ ਲੰਮੀਆਂ ਕੈਦ ਦੀਆਂ ਸਜ਼ਾਵਾਂ ਦਿੱਤੀਆਂ ਗਈਆਂ। 24 ਗ਼ਦਰੀ ਦੇਸ਼ ਭਗਤਾਂ ਨੂੰ ਫਾਂਸੀ ਦੀ ਸਜ਼ਾ ਦਾ ਇਹ ਫੈਸਲਾ ਏਨਾ ਨਿਰਅਧਾਰ ਜ਼ਾਲਮਾਨਾ ਸੀ ਕਿ ਇੰਗਲੈਂਡ ਦੀ ਪਾਰਲੀਮੈਂਟ ਵਿੱਚ ਇਸ ਵਿਰੁੱਧ ਆਵਾਜ਼ ਉੱਠੀ, ਜਿਸ ਕਾਰਨ ਉਸ ਸਮੇਂ ਦੇ ਭਾਰਤ ਵਿਚਲੇ ਵਾਇਸਰਾਏ ਲਾਰਡ ਹਾਰਡਿੰਗ ਨੂੰ ਆਪ ਦਖ਼ਲ ਦੇਣਾ ਪਿਆ। ਸਿੱਟੇ ਵਜੋਂ 17 ਦੇਸ਼ ਭਗਤਾਂ ਦੀ ਫਾਂਸੀ ਦੀ ਸਜ਼ਾ ਉਮਰ ਕੈਦ ਵਿੱਚ ਬਦਲ ਦਿੱਤੀ ਗਈ ਅਤੇ ਇਨ੍ਹਾਂ ਨੂੰ ਕਾਲੇ ਪਾਣੀ ਵਰਗੀਆਂ ਜੇਲ੍ਹਾਂ ਵਿੱਚ ਭੇਜ ਦਿੱਤਾ ਗਿਆ, ਪਰ ਸੱਤ ਦੇਸ਼ ਭਗਤਾਂ ਨੂੰ ਕਰਤਾਰ ਸਿੰਘ ਸਰਾਭਾ ਸਮੇਤ ਫਾਂਸੀ ਦੀ ਸਜ਼ਾ ਬਹਾਲ ਰੱਖੀ ਗਈ। ਕਰਤਾਰ ਸਿੰਘ ਸਰਾਭਾ ਦੀ ਛੋਟੀ ਉਮਰ ਹੋਣ ਕਾਰਨ ਜੱਜ ਵੱਲੋਂ ਕਿਹਾ ਗਿਆ ਕਿ ਉਹ ਰਹਿਮ ਦੀ ਅਪੀਲ ਕਰ ਦੇਵੇ। ਜਦੋਂ ਕਰਤਾਰ ਸਿੰਘ ਸਰਾਭਾ ਨੇ ਅਜਿਹਾ ਕਰਨ ਤੋਂ ਇਨਕਾਰ ਕਰ ਦਿੱਤਾ ਤਾਂ ਭੜਕਾਹਟ ਵਿੱਚ ਆਏ ਜੱਜ ਨੇ ਕਿਹਾ ਕਿ 61-ਸਾਜ਼ਿਸ਼ੀਆਂ ਵਿੱਚੋਂ ਇਸ ਦੇ ਕਾਰਨਾਮਿਆਂ ਦੀ ਲਿਸਟ ਬੜੀ ਲੰਮੀ ਹੈ। ਅਮਰੀਕਾ ਵਿੱਚ, ਸਮੁੰਦਰੀ ਰਸਤੇ ਵਿੱਚ, ਇਸ ਸਾਜ਼ਿਸ਼ ਦਾ ਕੋਈ ਖੇਤਰ ਨਹੀਂ, ਜਿਸ ਵਿੱਚ ਕਰਤਾਰ ਸਿੰਘ ਸਰਾਭਾ ਦੀ ਭੂਮਿਕਾ ਨਾ ਹੋਵੇ। ਇਸ ਨੂੰ ਆਪਣੇ ਕਾਰਨਾਮਿਆਂ 'ਤੇ ਬੜਾ ਘੁਮੰਡ ਹੈ। ਇਸ ਲਈ ਇਸ ਉੱਪਰ ਕੋਈ ਰਹਿਮ ਨਹੀਂ ਕੀਤਾ ਜਾ ਸਕਦਾ। ਉਸ ਸਮੇਂ ਦੇ ਵਕੀਲਾਂ ਦੇ ਕਾਨੂੰਨੀ ਦ੍ਰਿਸ਼ਟੀਕੋਣ ਤੋਂ ਇਨ੍ਹਾਂ ਦੇਸ਼-ਭਗਤਾਂ ਨੂੰ ਕੋਈ ਸਜ਼ਾ ਨਹੀਂ ਦਿੱਤੀ ਜਾ ਸਕਦੀ ਸੀ, ਕਿਉਂਕਿ ਇਨ੍ਹਾਂ ਉਪਰ ਬਣਾਏ ਗਏ ਸਾਰੇ ਕੇਸ ਅਤੇ ਭੁਗਤਾਏ ਗਏ ਗਵਾਹ ਗਲਤ ਅਤੇ ਝੂਠੇ ਸਨ। ਇਸ ਤਰ੍ਹਾਂ ਝੂਠੇ ਮੁਕੱਦਮੇ ਅਧੀਨ ਉਸ ਸਮੇਂ ਵੀ ਜ਼ਾਲਮ ਬਸਤੀਵਾਦੀ ਅੰਗਰੇਜ਼ ਸਰਕਾਰ ਨੇ 16 ਨਵੰਬਰ 1915 ਨੂੰ ਛੇ ਹੋਰ ਸਾਥੀਆਂ ਸਮੇਤ ਭਾਰਤ ਮਾਂ ਦੇ ਮਹਾਨ ਸਪੂਤ ਕਰਤਾਰ ਸਿੰਘ ਸਰਾਭਾ ਨੂੰ ਫਾਂਸ਼ੀ 'ਤੇ ਲਟਕਾ ਕੇ ਸ਼ਹੀਦ ਕਰ ਦਿੱਤਾ।

ਕਰਤਾਰ ਸਿੰਘ ਸਰਾਭਾ ਨੇ 'ਗਦਰ' ਅਖ਼ਬਾਰ ਦੇ ਪਹਿਲੇ ਅੰਕ ਵਿੱਚ ਹੀ ਅੰਗਰੇਜ਼ਾ ਸਰਕਾਰ ਦੀ ਭਾਰਤੀ ਬੱਚਿਆ ਦੀ ਸਿੱਖਿਆ ਅਤੇ ਭਾਰਤੀ ਜਨ-ਸਮੂਹਾਂ ਦੀ ਸਿਹਤ ਸੰਭਾਲ ਪ੍ਰਤੀ ਨਾਂਹ-ਪੱਖੀ ਪਹੁੰਚ ਦਾ ਪਰਦਾ ਫਾਸ਼ ਕਰਦਿਆਂ ਕਿਹਾ ਸੀ ਕਿ ਅੰਗਰੇਜ਼ ਸਰਕਾਰ ਸਾਰੇ ਭਾਰਤੀ ਬੱਚਿਆਂ ਨੂੰ ਗੁਣਾਤਮਕ ਸਿੱਖਿਆ ਦੇ ਲੋੜੀਂਦੇ ਅਵਸਰ ਪ੍ਰਦਾਨ ਕਰਨ ਲਈ ਘੱਟੋ-ਘੱਟ ਜ਼ਰੂਰੀ ਬੱਜਟ ਵੀ ਰਾਖਵਾਂ ਨਹੀਂ ਕਰਦੀ। ਗ਼ਦਰ ਪਾਰਟੀ ਦੇ ਆਗੂ ਭਾਰਤੀ ਬੱਚਿਆਂ ਦੀ ਸਿੱਖਿਆ ਪ੍ਰਤੀ ਕਿੰਨੇ ਸੰਜੀਦਾ ਸਨ, ਉਨ੍ਹਾ ਦੀਆਂ ਕਥਾਵਾਂ ਤੋਂ ਸਪੱਸ਼ਟ ਹੁੰਦਾ ਹੈ ਜਦੋਂ ਉਹ ਕਹਿੰਦੇ ਸਨ; 'ਬੱਚੇ ਤੜਫਦੇ ਸਿੱਖਿਆ ਬਾਂਝ ਸਾਡੇ, ਆਬਾਦੀ ਵਿੱਚ ਭਾਰਤ ਵੱਡਾ ਅਖਵਾ ਗਿਆ। ਵਿਦਿਆ ਦੇ ਪੱਖੋਂ ਯਾਰੋ-ਮਾਰ ਖਾ ਗਿਆ।'

ਇੱਥੇ ਬੜੇ ਦੁੱਖ ਨਾਲ ਲਿਖਣਾ ਪੈਂਦਾ ਹੈ ਕਿ ਅੱਜ ਜਦੋਂ ਅਸੀਂ ਮਹਾਨ ਦੇਸ਼ ਭਗਤਾਂ ਦੀਆਂ ਕੁਰਬਾਨੀਆਂ ਅਤੇ ਸੁਪਨਿਆਂ ਦੀ ਪੂਰਤੀ ਬਾਰੇ ਵਿਚਾਰ ਕਰਦੇ ਹੋਏ ਉਨ੍ਹਾਂ ਨੂੰ ਯਾਦ ਕਰਦੇ ਹਾਂ ਤਾਂ ਇਨ੍ਹਾਂ ਸਤਰਾਂ ਦੇ ਲਿਖਣ ਸਮੇਂ ਪਿਛਲੇ ਕੁਝ ਦਿਨਾਂ ਦੀਆਂ ਅਖ਼ਬਾਰਾਂ ਦੀਆਂ ਖ਼ਬਰਾਂ ਚੇਤੇ ਵਿੱਚ ਆਉਂਦੀਆਂ ਹਨ ਕਿ ਪਿਛਲੇ ਦਿਨੀਂ ਇਕ ਵਿਦਿਆਰਥੀ ਨੇ ਖੁਦਕੁਸ਼ੀ ਕਰ ਲਈ, ਕਿਉਂਕਿ +2 ਦੀ ਪ੍ਰੀਖਿਆ ਵਿੱਚ ਉਸ ਦੇ ਅੰਕਾਂ ਦੀ ਪ੍ਰਾਪਤੀ ਘੱਟ ਰਹੀ ਸੀ। ਦੂਜੀ ਖ਼ਬਰ ਇਕ ਹੋਰ ਬੱਚੇ ਨੇ ਖੁਦਕੁਸ਼ੀ ਦਾ ਯਤਨ ਕੀਤਾ, ਕਿਉਂਕਿ ਉਹ ਦਾਖਲ ਹੋਣ ਲਈ ਲੋੜੀਂਦੇ ਅੰਕ ਪ੍ਰਾਪਤ ਨਹੀਂ ਕਰ ਸਕਿਆ ਸੀ। ਇਸ ਤਰ੍ਹਾਂ ਦੀਆਂ ਦਿਲ ਕੰਬਾਊ ਖ਼ਬਰਾਂ ਹਰ ਸਾਲ ਲਗਾਤਾਰ ਛਪਦੀਆਂ ਰਹਿੰਦੀਆਂ ਹਨ। ਵਿਸ਼ੇਸ਼ ਤੌਰ 'ਤੇ ਜਦੋਂ ਅਜਿਹੇ ਵਿਦਿਆਰਥੀ 10+2 ਪੱਧਰ ਤੱਕ ਪਹੁੰਚਦੇ ਹਨ ਤਾਂ ਉਚੇਰੇ ਮੈਡੀਕਲ, ਇੰਜੀਨੀਅਰਿੰਗ ਕੋਰਸਾਂ ਵਿੱਚ ਦਾਖਲਿਆਂ ਦਾ ਦਬਾਅ ਮਾਨਸਿਕ ਤੌਰ 'ਤੇ ਇਨ੍ਹਾਂ ਬੱਚਿਆਂ ਨੂੰ ਘੇਰ ਲੈਂਦਾ ਹੈ, ਕਿਉਂਕਿ ਹੁਣ ਸਾਡੇ ਦੇਸ਼ ਵਿੱਚ ਅਜਿਹੇ ਮੈਡੀਕਲ ਅਤੇ ਇੰਜੀਨੀਅਰਿੰਗ/ਤਕਨੀਕੀ ਕੋਰਸਾਂ ਵਿੱਚ ਦਾਖ਼ਲਾ ਕੌਮੀ ਪੱਧਰ 'ਤੇ NEET ਜਾਂ JEE ਵਰਗੀਆਂ ਮੁਕਾਬਲੇਬਾਜ਼ੀ ਵਾਲੀਆਂ ਪ੍ਰੀਖਿਆਵਾਂ ਰਾਹੀਂ ਹੁੰਦਾ ਹੈ। ਇਸ ਲਈ ਮੁਕਾਬਲੇਬਾਜ਼ੀ ਵਾਲੀ ਪ੍ਰੀਖਿਆ ਲਈ ਚੱਲਦੇ ਪ੍ਰਾਈਵੇਟ ਕੋਚਿੰਗ ਕੇਂਦਰਾਂ ਦੀ ਭਰਮਾਰ ਹੈ। ਰਾਜਸਥਾਨ ਦਾ ਕੋਟਾ ਸ਼ਹਿਰ ਅਜਿਹੀ ਪ੍ਰਾਈਵੇਟ ਕੋਚਿੰਗ ਦੀ ਰਾਜਧਾਨੀ ਮੰਨਿਆ ਜਾਂਦਾ ਹੈ। ਹਜ਼ਾਰਾਂ-ਹਜ਼ਾਰਾਂ ਇਸ ਆਯੂ ਗੁੱਟ ਦੇ ਬੱਚੇ ਆਪਣੇ ਘਰਾਂ ਅਤੇ ਪਰਵਾਰਾਂ ਤੋਂ ਦੂਰ ਲਗਾਤਾਰ ਮਾਨਸਿਕ ਅਤੇ ਸਰੀਰਕ ਦਬਾਅ ਅਧੀਨ ਵਿਚਰਦੇ ਹਨ। ਆਮ ਪਰਵਾਰਾਂ ਦੇ ਬੱਚੇ ਅਜਿਹੇ ਕੋਚਿੰਗ ਕੇਂਦਰਾਂ ਅਤੇ ਦਾਖਲਾ ਫੀਸਾਂ ਦੇ ਖਰਚੇ ਪਤਾ ਨਹੀਂ ਕਿਵੇਂ ਪੂਰੇ ਕਰਦੇ ਹੋਣਗੇ। ਜਦੋਂ ਕਿ ਕਈ ਬੱਚੇ ਅਜਿਹੇ ਮਾਨਸਿਕ ਦਬਾਅ ਅਧੀਨ ਪ੍ਰੇਸ਼ਾਨੀ ਦੀ ਅਵਸਥਾ ਵਿੱਚ ਪੁੱਜਦੇ ਹਨ ਤਾਂ ਅਜਿਹਾ ਦੁਖਦਾਈ ਕਦਮ ਚੁੱਕ ਸਕਦੇ ਹਨ। ਪਿਛਲੇ ਦਿਨੀਂ ਇਕ ਪ੍ਰਸਿੱਧ ਪੰਜਾਬੀ ਅਖ਼ਬਾਰ ਵਿੱਚ ਛਪੇ ਇਕ ਲੇਖ ਵਿੱਚ ਮਾਨਯੋਗ ਲੇਖਕ ਨੇ ਦੱਸਿਆ ਸੀ ਕਿ 2020 ਦੇ ਸਾਲ ਵਿੱਚ ਦੇਸ਼ ਵਿੱਚ ਹੋਏ ਕੁਲ ਖੁਦਕੁਸ਼ੀਆਂ ਦੇ ਕੇਸਾਂ ਵਿੱਚੋਂ 8 ਪ੍ਰਤੀਸ਼ਤ ਵਿਦਿਆਰਥੀ ਖੁਦਕੁਸ਼ੀਆਂ ਸਨ। 'ਦਾਖਲਾ ਟੈਸਟ ਏਜੰਸੀ' ਇਕ ਵਪਾਰਕ ਅਦਾਰਾ ਬਣ ਗਿਆ ਹੈ, ਜਿਸ ਦਾ ਹਰ ਸਾਲ ਲੱਗਭੱਗ 2.05 ਲੱਖ ਕਰੋੜ ਦਾ ਕਾਰੋਬਾਰ ਹੈ। ਇਸ ਤੋਂ ਸਪੱਸ਼ਟ ਭਾਵ ਹੈ ਕਿ ਇਹ ਉਚੇਰੀ ਸਿੱਖਿਆ ਦੇ ਵੱਡੀ ਪੱਧਰ 'ਤੇ ਵਪਾਰੀਕਰਨ ਵੱਲ ਜਾਂਦਾ ਰਸਤਾ ਹੈ।



ਇਸ ਤੋਂ ਬਿਨਾਂ ਸਿੱਖਿਆ ਖੇਤਰ ਦਾ ਦੂਜਾ ਪੱਖ ਵੀ ਹੈ, ਜਿਸ ਅਨੁਸਾਰ 10+2 ਪਾਸ ਭਾਰਤੀ ਵਿਦਿਆਰਥੀ ਵਿਸ਼ੇਸ਼ ਤੌਰ 'ਤੇ ਪੰਜਾਬ ਵਿੱਚ ਆਈਲਟ ਕੇਂਦਰਾਂ ਵਿੱਚ ਕੋਚਿੰਗ ਲੈਣ ਲਈ ਦਾਖ਼ਲ ਹੁੰਦੇ ਹਨ ਅਤੇ ਆਈਲਟ ਟੈਸਟ ਪਾਸ ਕਰਨ ਉਪਰੰਤ ਲੱਖਾਂ ਰੁਪਏ ਦੀਆਂ ਫੀਸਾਂ ਦੇ ਕੇ ਵਿਦੇਸ਼ੀ ਯੂਨੀਵਰਸਿਟੀਆਂ, ਕਾਲਜਾਂ ਵਿੱਚ ਦਾਖ਼ਲਾ ਲੈਂਦੇ ਹਨ। ਇਸ ਵਿਧੀ ਰਾਹੀਂ ਵੀ ਭਾਰਤ ਵਿੱਚੋਂ ਹਰ ਸਾਲ ਭਾਰਤ ਦੇ ਅਰਬਾਂ ਰੁਪਏ, ਮਨੁੱਖਾ ਸ਼ਕਤੀ ਅਤੇ ਮਨੁੱਖੀ ਪ੍ਰਤਿਭਾ ਵਿਦੇਸ਼ਾਂ ਵੱਲ ਜਾਂਦੇ ਹਨ। ਇਨ੍ਹਾਂ ਸੰਖੇਪ ਜਾਣਕਾਰੀਆਂ ਤੋਂ ਸਮਝ ਲੱਗ ਜਾਂਦੀ ਹੈ ਕਿ ਅੱਜ ਆਜ਼ਾਦੀ ਪ੍ਰਾਪਤੀ ਦੇ 75/76 ਸਾਲਾਂ ਪਿੱਛੋਂ ਵੀ ਸਾਰੇ ਭਾਰਤੀ ਬੱਚਿਆਂ ਲਈ ਹਰ ਪੱਧਰ 'ਤੇ ਗੁਣਾਤਮਕ ਸਿੱਖਿਆ ਪ੍ਰਾਪਤੀ ਦੇ ਬਰਾਬਰ ਅਵਸਰ ਨਾ ਹੋਣ ਕਾਰਨ ਇਹ ਚੰਗੇਰੀ ਸਿੱਖਿਆ ਪ੍ਰਾਪਤੀ ਲਈ ਤੜਫਦੇ ਹਨ, ਜਿਵੇਂ ਕਿ ਉੱਪਰ ਦੱਸੇ ਅਨੁਸਾਰ ਗ਼ਦਰ ਪਾਰਟੀ ਨੇ 1913 ਵਿੱਚ ਅੰਗਰੇਜ਼ ਰਾਜ ਸਮੇਂ ਕਿਹਾ ਸੀ, ਕਾਰਨ ਸਪੱਸ਼ਟ ਹੈ ਕਿ ਹੁਣ ਤੱਕ ਆਈਆਂ ਭਾਰਤੀ ਕੇਂਦਰੀ ਸਰਕਾਰਾਂ ਵਿੱਚੋਂ ਕਿਸੇ ਨੇ ਵੀ ਸਿੱਖਿਆ ਲਈ ਜੀ ਡੀ ਪੀ ਦਾ ਘੱਟੋ-ਘੱਟ 6 ਪ੍ਰਤੀਸ਼ਤ ਰਾਖਵਾਂ ਨਹੀਂ ਕੀਤਾ। ਜਿਵੇਂ 1968 ਵਿੱਚ ਭਾਰਤੀ ਲੋਕ ਸਭਾ ਨੇ ਨਿਰਧਾਰਤ ਕੀਤਾ ਸੀ।

ਅਜਿਹੀ ਹੀ ਅਵਸਥਾ ਭਾਰਤੀ ਜਨ ਸਮੂਹਾਂ ਦੀ ਸਿਹਤ ਸੰਭਾਲ ਖੇਤਰ ਦੀ ਹੈ। ਕਈ ਕੌਮਾਂਤਰੀ ਰਿਪੋਰਟਾਂ ਅਨੁਸਾਰ ਭਾਰਤ ਉਨ੍ਹਾਂ ਦੇਸ਼ਾਂ ਵਿੱਚ ਗਿਣਿਆ ਜਾਂਦਾ ਹੈ, ਜੋ ਆਪਣੇ ਨਾਗਰਿਕਾਂ ਲਈ ਲੋੜਾਂ ਤੋਂ ਘੱਟ ਬੱਜਟ ਨਿਵੇਸ਼ ਕਰਦੇ ਹਨ। ਖ਼ਬਰਾਂ ਅਨੁਸਾਰ ਵਧੇਰੇ ਕਰਕੇ ਭਾਰਤ ਵਿੱਚ ਕੇਂਦਰੀ ਵਾਰਸ਼ਿਕ ਬੱਜਟ ਭਾਰਤੀ ਜੀ ਡੀ ਪੀ ਦਰ ਲੱਗਭੱਗ 1.5% ਹੀ ਹੁੰਦਾ ਹੈ, ਜਦੋਂ ਕਿ ਵਰਲਡ ਹੈੱਲਥ ਆਰਗੇਨਾਈਜੇਸ਼ਨ ਅਨੁਸਾਰ ਇਹ ਜੀ ਡੀ ਪੀ ਦਾ 4 ਪ੍ਰਤੀਸ਼ਤ ਹੋਣਾ ਚਾਹੀਦਾ ਹੈ। ਚਿੰਤਾਜਨਕ ਗੱਲ ਹੈ ਕਿ ਅੱਜ ਭਾਰਤ ਦੀ 18ਵੀਆਂ ਲੋਕ ਸਭਾ ਲਈ ਹੋਣ ਜਾ ਰਹੀਆਂ ਚੋਣਾਂ ਸਮੇਂ ਵੀ ਸਾਰੇ ਭਾਰਤੀ ਬੱਚਿਆਂ ਦੀ ਸਿੱਖਿਆ ਦੇ ਬਰਾਬਰ ਅਵਸਰ ਪ੍ਰਦਾਨ ਕਰਨੇ ਅਤੇ ਸਾਰੇ ਭਾਰਤੀਆਂ ਲਈ ਸਿਹਤ ਸੰਭਾਲ ਦੇ ਸੰਵਿਧਾਨਕ ਹੱਕ ਦਾ ਮੁੱਦਾ ਉਸ ਪੱਧਰ ਦਾ ਕੇਂਦਰੀ ਬਿੰਦੂ ਨਹੀਂ ਬਣਿਆ, ਜਿਸ ਗੰਭੀਰਤਾ ਨਾਲ ਸ਼ਹੀਦ ਕਰਤਾਰ ਸਿੰਘ ਸਰਾਭਾ ਅਤੇ ਗਦਰ ਪਾਰਟੀ ਦੇ ਆਗੂਆਂ ਨੇ ਬਣਾਇਆ ਸੀ। ਜੇਕਰ ਅੱਜ ਵੀ ਸਾਰੇ ਭਾਰਤੀ ਬੱਚਿਆਂ ਨੂੰ ਇਕਸਾਰ ਗੁਣਾਤਮਕ ਸਿੱਖਿਆ ਅਤੇ ਸਾਰੇ ਭਾਰਤੀਆਂ ਨੂੰ ਸਿਹਤ ਸੰਭਾਲ ਦੇ ਸੰਵਿਧਾਨਕ ਹੱਕ ਪ੍ਰਦਾਨ ਕਰਨ ਦੀ ਕਿਰਿਆ ਆਰੰਭ ਕੀਤੀ ਜਾਵੇ ਤਾਂ ਇਨ੍ਹਾਂ ਖੇਤਰਾਂ ਵਿੱਚ ਹੀ ਵੱਡੀ ਪੱਧਰ 'ਤੇ ਰੈਗੂਲਰ ਰੁਜ਼ਗਾਰ ਪ੍ਰਾਪਤੀ ਦੇ ਸਾਧਨ ਪੈਦਾ ਹੋ ਜਾਣਗੇ। ਸਾਡੇ ਭਾਰਤੀ ਬੱਚਿਆਂ ਨੂੰ ਸਿੱਖਿਆ ਜਾਂ ਰੁਜ਼ਗਾਰ ਪ੍ਰਾਪਤੀ ਦੇ ਨਾਂਅ 'ਤੇ ਵਿਦੇਸ਼ਾਂ ਵੱਲ ਜਾਣਾ ਨਹੀਂ ਪਵੇਗਾ। ਅੰਤ ਵਿੱਚ ਇਕ ਵਾਰੀ ਫਿਰ ਭਾਰਤੀ ਆਜ਼ਾਦੀ ਪ੍ਰਾਪਤੀ ਸੰਗਰਾਮ ਦੇ ਪ੍ਰਮੁੱਖ ਆਗੂ ਅਤੇ ਸਾਡੇ ਮਾਰਗ-ਦਰਸ਼ਕ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ 129ਵੇਂ ਜਨਮ ਦਿਨ 'ਤੇ ਸਲਾਮ ਕਰਦੇ ਹੋਏ ਪ੍ਰਣ ਕਰਦੇ ਹਾਂ ਕਿ ਉਨ੍ਹਾ ਦੇ ਚਿਤਵੇ ਸੁਪਨਿਆਂ ਦੀ ਪੂਰਤੀ ਲਈ ਬਣਦੇ ਯਤਨ ਕਰਨ ਦਾ ਆਪਣਾ ਫਰਜ਼ ਪੂਰਾ ਕਰਦੇ ਰਹਾਂਗੇ।

**# ਸੰਪਰਕ : 94177-51888**

# ਠੂਠਾ ਜਾਂ ਨੌਕਰੀ !



ਗੁਰਮੀਤ ਸਿੰਘ ਪਲਾਹੀ

ਦੇਸ਼ ਭਾਰਤ ਦੀ ਹਾਕਮ ਧਿਰ ਜਦੋਂ ਕਹਿੰਦੀ ਹੈ ਕਿ ਅਸੀਂ ਦੇਸ਼ ਦੇ 84 ਕਰੋੜ ਲੋਕਾਂ ਨੂੰ ਹਰ ਮਹੀਨੇ 5 ਕਿਲੋ ਅਨਾਜ ਮੁਫ਼ਤ ਦਿੰਦੇ ਹਾਂ ਤਾਂ ਵਿਰੋਧੀ ਧਿਰ ਕਹਿੰਦੀ ਹੈ ਪੰਜ ਕਿਲੋ ਅਨਾਜ ਤਾਂ ਕੁਝ ਵੀ ਨਹੀਂ, ਅਸੀਂ ਹਰ ਮਹੀਨੇ ਦਸ ਕਿਲੋ ਮੁਫ਼ਤ ਅਨਾਜ ਦੇਵਾਂਗੇ । ਬਹੁਤ ਹੀ ਖ਼ਤਰਨਾਕ ਪਹਿਲੂ ਹੈ ਇਹ, ਵੋਟਰ ਹੱਥ ਭੀਖ ਦਾ ਠੂਠਾ ਫੜਾ ਕੇ ਉਸ ਨੂੰ ਵੋਟਾਂ ਦੇ ਭਰਮ ਜਾਲ 'ਚ ਫਸਾਉਣਾ ।

ਦੇਸ਼ ਦੇ ਹਾਕਮ ਕਹਿੰਦੇ ਹਨ ਅਸੀਂ ਔਰਤਾਂ ਨੂੰ ਗੈਸ ਦੇ ਚੁੱਲ੍ਹੇ ਦਿੱਤੇ, ਅਸੀਂ ਪੀਣ ਦਾ ਪਾਣੀ ਉਪਲੱਬਧ ਕਰਵਾਇਆ, ਅਸੀਂ ਟਾਇਲਟ ਬਣਵਾਏ, ਕਿਸਾਨਾਂ ਨੂੰ ਸਲਾਨਾ 6000 ਰੁਪਏ ਦਿੱਤੇ ਅਤੇ ਜੇਕਰ ਤੀਜੀ ਵਾਰ ਜਿੱਤ ਗਏ ਤਾਂ ਅਸੀਂ ਮੁਫ਼ਤ ਬਿਜਲੀ, ਮੁਫ਼ਤ ਪਾਣੀ, ਮੁਫ਼ਤ ਅਨਾਜ, ਮੁਫ਼ਤ ਪ੍ਰਵਾਸ ਦਿਆਂਗੇ ।

ਵਿਰੋਧੀ ਧਿਰ ਵੀ ਚੋਣ ਲਾਰਿਆਂ, ਵਾਅਦਿਆਂ ਤੋਂ ਪਿੱਛੇ ਨਹੀਂ ਹਟ ਰਹੀ। ਕਹਿੰਦੀ ਹੈ, ਖਾਸ ਤੌਰ 'ਤੇ ਕਾਂਗਰਸ ਕਿ ਅਸੀਂ ਚੋਣਾਂ ਜਿੱਤਣ ਦੇ ਬਾਅਦ ਪਹਿਲੇ ਮਹੀਨੇ ਹਰ ਗਰੀਬ ਔਰਤ ਦੇ ਖਾਤੇ 8500 ਰੁਪਏ ਹਰ ਮਹੀਨੇ ਪਾਵਾਂਗੇ । ਅਸੀਂ ਕਰੋੜਾਂ ਲੱਖਪਤੀ ਦੇਸ਼ 'ਚ ਪੈਦਾ ਕਰਾਂਗੇ ।

ਚੋਣਾਂ 'ਚ ਹਰ ਧਿਰ ਵੱਲੋਂ ਵੋਟਰਾਂ ਨੂੰ ਸੁਪਨੇ ਦਿਖਾਏ ਜਾ ਰਹੇ ਹਨ, ਲਗਭਗ ਹਰ ਧਿਰ ਲੋਕਾਂ ਨੂੰ ਮੁਫ਼ਤ ਸਹੂਲਤਾਂ ਦੇਣ ਦੇ ਵਾਇਦੇ ਕਰ ਰਹੀ ਹੈ। ਦੇਸ਼ ਦੇ ਲੋਕਾਂ ਨੂੰ ਦੇਸ਼ ਦੀ ਬਦਤਰ ਆਰਥਕ ਸਥਿਤੀ ਦੇ ਹਾਲਾਤ ਦੱਸਣ ਦੀ ਬਜਾਏ ਉਹਨਾਂ ਨੂੰ ਚੰਗੀਆਂ ਸਿਹਤ ਸਹੂਲਤਾਂ, ਚੰਗੀਆਂ ਸਿੱਖਿਆ ਸਹੂਲਤਾਂ, ਰੁਜ਼ਗਾਰ ਦੇਣ ਦੀ ਬਜਾਏ ਮੁਫ਼ਤ ਸਹੂਲਤਾਂ ਦੇਣ ਦੇ ਰਾਹ ਪਾ ਰਹੇ ਹਨ। ਉਹਨਾਂ ਦਾ ਅਸਲ ਮਨੋਰਥ ਹਰ ਹੀਲੇ ਵੋਟਾਂ ਹਾਸਿਲ ਕਰਨਾ ਹੈ।

ਚੋਣਾਂ ਦੇ ਮੌਜੂਦਾ ਚੋਣ ਦੰਗਲ ਵਿਚ ਜਿਸ ਤਰਾਂ ਦਾ ਚੋਣ ਪ੍ਰਚਾਰ ਰੇਡੀਓ, ਟੀ ਵੀ, ਸੋਸ਼ਲ ਮੀਡੀਆ ਉੱਤੇ ਹੋ ਰਿਹਾ ਹੈ, ਉਸ ਤੋਂ ਇੰਜ ਜਾਪਣ ਲੱਗ ਪਿਆ ਹੈ ਕਿ ਨੇਤਾਵਾਂ ਨੂੰ ਲੋਕਾਂ ਦੀਆਂ ਵੋਟਾਂ ਦੀ ਹੀ ਪ੍ਰਵਾਹ ਹੈ, ਦੇਸ਼ ਦੀ ਨਹੀਂ । ਇੰਜ ਵੀ ਜਾਪਣ ਲੱਗ ਪਿਆ ਹੈ ਨੇਤਾਵਾਂ ਦੇ ਭਾਸ਼ਣਾਂ ਤੋਂ ਕਿ ਉਹ ਲੋਕਾਂ ਨੂੰ ਜੋ ਮੁਫ਼ਤ ਸਹੂਲਤਾਂ ਦੇਣ ਦੇ ਵਾਅਦੇ ਦੇ ਰਹੇ ਹਨ, ਉਹ ਧਨ ਉਹਨਾਂ ਦੀ ਜੇਬ ਵਿਚੋਂ ਜਾਏਗਾ ਅਤੇ ਇਹ ਧਨ ਜੋ ਉਹ ਲੋਕਾਂ ਨੂੰ ਦੇਣ ਦੀ ਗੱਲ ਕਰਦੇ ਹਨ, ਸਰਕਾਰੀ ਖਜ਼ਾਨੇ ਦਾ ਨਹੀਂ, ਉਹਨਾਂ ਦਾ ਆਪਣਾ ਨਿੱਜੀ ਧਨ ਹੈ।

ਦੇਸ਼ ਭਾਰਤ ਵਿਕਸਤ ਦੇਸ਼ ਬਣਨ ਵੱਲ ਅੱਗੇ ਵਧਣਾ ਚਾਹੁੰਦਾ ਹੈ। ਚੋਣਾਂ 'ਚ ਦੇਸ਼ ਨੂੰ ਵਿਕਸਤ ਭਾਰਤ ਬਣਾਉਣ ਦੀ ਗੱਲ ਵੀ ਹੋ ਰਹੀ ਹੈ। ਵਿਕਸਤ ਦੇਸ਼ ਤਾਂ ਉਹ ਬਣਦਾ ਹੈ, ਜਦ ਉਸ ਦੇਸ਼ ਦੇ ਲੋਕ ਪੈਰਾਂ 'ਤੇ ਖੜਦੇ ਹਨ। ਸਵੈ-ਰੁਜ਼ਗਾਰ ਕਰਦੇ ਹਨ, ਰੁਜ਼ਗਾਰਤ ਹੁੰਦੇ ਹਨ, ਧਨ ਕਮਾਉਂਦੇ ਹਨ ਅਤੇ ਦੇਸ਼ ਨੂੰ ਵਿਕਸਤ ਬਨਾਉਣ ਲਈ ਆਪਣਾ ਯੋਗਦਾਨ ਪਾਉਂਦੇ ਹਨ । ਦੇਸ਼ ਵਿਕਸਤ ਤਦੋਂ ਹੁੰਦਾ ਹੈ, ਜਦ ਦੇਸ਼ ਦਾ ਸ਼ਾਸਕ ਜਨਤਾ ਨੂੰ ਰੁਜ਼ਗਾਰ, ਚੰਗੀਆਂ ਸਿੱਖਿਆ ਅਤੇ ਸਿਹਤ ਸਹੂਲਤਾਂ ਮੁਹੱਈਆ ਕਰਦਾ ਹੈ।

ਇਤਿਹਾਸ ਵਿਚ ਕਿਸੇ ਵੀ ਇਹੋ ਜਿਹੇ ਦੇਸ਼ ਦਾ ਨਾਂਅ ਦਰਜ ਨਹੀਂ, ਜੋ ਆਪਣੇ ਲੋਕਾਂ ਨੂੰ ਭੀਖ ਮੰਗਣ ਲਾਵੇ, ਮੁਫ਼ਤ ਅਨਾਜ ਉਹਨਾਂ ਦੇ ਠੂਠੇ ਪਾਵੇ ਅਤੇ ਇਸ ਮੰਗਣਪੁਣੇ ਦੀ ਆਦਤ ਉਹਨਾਂ ਦੇ ਦਿਮਾਗਾਂ 'ਚ ਫਸਾ ਦੇਵੇ ਅਤੇ ਉਹ ਵਿਕਸਤ ਦੇਸ਼ ਬਣਿਆ ਹੋਵੇ।

ਆਪਣੇ-ਆਪ ਨੂੰ ਵਿਕਾਸਸ਼ੀਲ ਤੋਂ ਵਿਕਸਤ ਦੇਸ਼ ਬਣਨ ਦੀਆਂ ਟਾਹਰਾਂ ਮਾਰਨ ਵਾਲਾ ਅਤੇ ਵਿਸ਼ਵ ਵਿਚੋਂ ਪੰਜਵੇਂ ਨੰਬਰ ਦੀ ਅਰਥ ਵਿਵਸਥਾ ਬਣਿਆ ਭਾਰਤ ਆਖ਼ਿਰ ਗਰੀਬ ਕਿਉਂ ਹੈ ? ਗਰੀਬੀ ਦੀਆਂ ਬੇੜੀਆਂ 'ਚ ਜਕੜਿਆ ਕਿਉਂ ਹੈ ? ਪਿਛਲੇ ਸਮੇਂ 'ਚ ਜਿਸ ਢੰਗ ਨਾਲ ਦੇਸ਼ 'ਚ ਆਥਿਕ ਨੀਤੀਆਂ ਬਣਾਈਆਂ ਗਈਆਂ, ਦੇਸ਼ ਨੂੰ ਕਾਰਪੋਰੇਟ ਘਰਾਣਿਆਂ ਦੇ ਹੱਥੀਂ ਸੌਂਪਿਆ ਗਿਆ ਹੈ, ਨਿੱਜੀਕਰਨ ਦਾ ਰਾਹ ਦੇਸ਼ ਦੇ ਹਾਕਮਾਂ ਅਖਤਿਆਰ ਕੀਤਾ ਹੈ, ਉਸ ਨਾਲ ਗਰੀਬ-ਅਮੀਰ ਦਾ ਪਾੜਾ ਵਧਿਆ ਹੈ।

ਦੇਸ਼ ਦਾ ਸਧਾਰਨ ਵਰਗ ਨਿਵਾਣਾਂ ਵੱਲ ਗਿਆ ਹੈ। ਕਰਜ਼ਾਈ ਹੋਇਆ ਹੈ । ਦੇਸ ਵਿਚ ਉਸ ਦੀਆਂ ਜੀਉਣ ਹਾਲਤਾਂ ਨਿੱਘਰੀਆਂ ਹਨ ਅਤੇ ਚੰਗੇਰੀਆਂ ਹੋਣ ਦੀ ਥਾਂ ਹੋਰ ਵੀ ਖਰਾਬ ਹੋ ਰਹੀਆਂ ਹਨ।

ਦੇਸ਼ ਵਿਚ ਚੋਣਾਂ 'ਚ ਪ੍ਰਚੰਡ ਰੂਪ 'ਚ ਪ੍ਰਚਾਰ ਚੱਲ ਰਿਹਾ ਹੈ। ਮਹਿੰਗਾਈ, ਭ੍ਰਿਸ਼ਟਾਚਾਰ, ਸੰਪਰਦਾਇਕ ਵੰਡ, ਅਸਮਾਨਤਾ, ਕਾਨੂੰਨ ਦੀ ਹਥਿਆਰ ਦੀ ਤਰਾਂ ਵਰਤੋਂ, ਜਾਂਚ ਏਜੰਸੀਆਂ ਦੀ ਦੁਰਵਰਤੋਂ, ਔਰਤਾਂ ਵਿਰੁੱਧ ਅਪਰਾਧ, ਭਾਰਤੀ ਖੇਤਰ 'ਤੇ ਚੀਨੀ ਸੈਨਿਕਾਂ ਦਾ ਕਬਜ਼ਾ, ਗੋਦੀ ਮੀਡੀਆ ਆਦਿ ਮੁੱਦੇ ਵਿਰੋਧੀ ਧਿਰ ਵੱਲੋਂ ਉਠਾਏ ਜਾ ਰਹੇ ਹਨ। ਮੋਦੀ ਦੀ ਸਰਕਾਰ ਅਤੇ ਖੁਦ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਇਹਨਾਂ ਮੁੱਦਿਆਂ ਨੂੰ ਦਰਕਿਨਾਰ ਕਰਕੇ ਆਪਣੇ ਨਫ਼ੇ-ਨੁਕਸਾਨ ਨੂੰ ਧਿਆਨ ਰੱਖਦਿਆਂ, ਉਹ ਮੁੱਦੇ ਉਠਾਏ ਜਾ ਰਹੇ ਹਨ ਜਾਂ ਵਿਰੋਧੀ ਧਿਰ ਕਾਂਗਰਸ ਉੱਤੇ ਉਹ ਇਲਜ਼ਾਮ ਲਗਾਏ ਜਾ ਰਹੇ ਹਨ, ਜਿਹੜੇ ਆਮ ਆਦਮੀ ਦੇ ਮਨ 'ਚ ਨਫ਼ਰਤ ਤਾਂ ਭਰ ਸਕਦੇ ਹਨ, ਧਰਮ ਦੇ ਨਾਂਅ ਉੱਤੇ ਧਰੁਵੀਕਰਨ ਤਾਂ ਕਰ ਸਕਦੇ ਹਨ, ਪਰ ਉਹਦੀ ਰੋਟੀ ਦੀ ਭੁੱਖ ਨਹੀਂ ਮਿਟਾ ਸਕਦੇ, ਬੀਮਾਰ ਹੋਣ 'ਤੇ ਉਨਾਂ ਦਾ ਦੁੱਖ ਨਹੀਂ ਹਰ ਸਕਦੇ।

1952 ਵਿਚ ਪਹਿਲੀਆਂ ਚੋਣਾਂ ਵੇਲੇ ਜਿਸ ਕਿਸਮ ਦੀ ਜਾਤੀ, ਸੰਪਰਦਾ, ਵੰਸ਼ਵਾਦ ਅਤੇ ਧਨ ਸ਼ਕਤੀ ਦੀ ਵਰਤੋਂ ਸੀ, ਉਹ ਹੁਣ ਸੁਨਾਮੀ ਦਾ ਰੂਪ ਧਾਰਨ ਕਰ ਚੁੱਕੀ ਹੈ। ਹਰ ਕੋਈ ਇਥੇ ਸੁਨਾਮੀ ਦੀ ਲਪੇਟ ਵਿਚ ਹੈ ਅਤੇ ਆਪਣਾ ਸਿਆਸੀ ਭਵਿੱਖ ਇਥੋਂ ਹੀ ਲੱਭ ਰਿਹਾ ਹੈ। ਕਿਧਰੇ ਧਰਮ ਦੇ ਨਾਂਅ 'ਤੇ ਸਿਆਸਤ ਹੋ ਰਹੀ ਹੈ, ਕਿਧਰੇ ਜਾਤ ਅਧਾਰਤ ਜਨ-ਗਣਨਾ ਦੀ ਗੱਲ ਹੋ ਰਹੀ ਹੈ । ਲੋਕਾਂ ਦੇ ਸਰੋਕਾਰ ਦਫ਼ਨ ਹੋ ਚੁੱਕੇ ਹਨ।

ਜਦੋਂ ਤੱਕ ਦੇਸ਼ ਦੀ ਰਾਜਨੀਤੀ ਵਿੱਚ ਸਿਆਸੀ-ਸਮਾਜਿਕ ਕੰਮ ਕਰਨ ਵਾਲੇ ਕਾਰਕੁਨਾਂ ਦਾ ਪ੍ਰਭਾਵ ਸੀ, ਉਦੋਂ ਤੱਕ ਲੋਕਾਂ ਦੇ ਮਸਲੇ, ਸਰੋਕਾਰ ਚੋਣਾਂ 'ਚ ਮੁੱਖ ਮੁੱਦਾ ਬਣਦੇ ਰਹੇ। ਇਹੀ ਸਿਆਸੀ-ਸਮਾਜੀ ਕਾਰਕੁਨ ਸਮਾਜ ਨੂੰ ਪੜ੍ਹਦੇ ਸਨ, ਸਮਾਜ ਨੂੰ ਇਕ ਪ੍ਰਯੋਗਸ਼ਾਲਾ ਸਮਝਦੇ ਹੋਏ, ਦਲੀਲਾਂ ਨਾਲ ਲੋਕ ਕਚਹਿਰੀ 'ਚ ਪੁੱਜਦੇ ਸਨ। ਦਲੀਲ-ਰਾਜਨੀਤੀ ਕਰਦਿਆਂ ਪੂਰੀ ਕਠੋਰਤਾ ਨਾਲ ਆਪਣਾ ਪੱਖ ਪੇਸ਼ ਕਰਦੇ ਸਨ । ਇਸ ਕਾਰਨ ਸਰਵਜਨਕ ਲੋਕ-ਪੱਖੀ ਨੀਤੀਆਂ ਸਰਕਾਰਾਂ ਨੂੰ ਬਣਾਉਣੀਆਂ ਅਤੇ ਅਪਣਾਉਣੀਆਂ ਪੈਂਦੀਆਂ ਸਨ, ਪਰ ਹੁਣ ਨੇਤਾਵਾਂ ਦੀ ਤਾਕਤ ਦੀ ਹਵਸ਼ ਨੇ ਭਾਰਤੀ ਮੁੱਖ ਧਾਰਾ, ਜਿਸ ਵਿਚ ਲੋਕਤੰਤਰ ਦਾ ਖਾਦ-ਪਾਣੀ ਸਮਾਜਕ-ਸਿਆਸੀ ਕਾਰਕੁੰਨ ਸਨ, ਉਹਨਾਂ ਨੂੰ ਤੋੜ ਦਿੱਤਾ । ਸਮਾਜਿਕ-ਸੰਸਕ੍ਰਿਤਿਕ ਸੰਗਠਨਾਂ ਦੀ ਭੂਮਿਕਾ ਨੂੰ ਇਹਨਾਂ ਨੇਤਾਵਾਂ ਨੇ ਰੋਲ ਕੇ ਰੱਖ ਦਿੱਤਾ ।ਨੈਤਿਕ ਕਦਰਾਂ-ਕੀਮਤਾਂ ਦਾ ਸਤਿਆਨਾਸ਼ ਕਰ ਦਿੱਤਾ ਅਤੇ ਇਹੋ ਜਿਹੀ ਨਿਰਾਸ਼ਾਜਨਕ ਸਥਿਤੀ ਵਿਚ ਲੈ ਆਂਦਾ, ਜਿਥੇ ਲੋਕ ਸੋਚਣ ਲੱਗ ਪਏ ਹਨ ਕਿ ਅਸੀਂ ਹੁਣ ਕੀ ਕਰੀਏ ?

ਦੇਸ਼ ਦੇ ਸਾਹਮਣੇ ਵੀ ਦੋ ਰਸਤੇ ਹਨ, ਉਹਨਾਂ 'ਚੋਂ ਇੱਕ ਰਸਤਾ ਹੈ ਦੇਸ਼ ਦੀ ਅਰਥ-ਵਿਵਸਥਾ ਮਜ਼ਬੂਤ ਕਰਨ ਦਾ, ਜਿਸ ਨਾਲ ਰੁਜ਼ਗਾਰ ਪੈਦਾ ਹੋਏਗਾ, ਜਿਸ ਨਾਲ ਦੇਸ਼ ਵਿਕਸਤ ਹੋਏਗਾ, ਜਿਸ ਨਾਲ ਬੁਨਿਆਦੀ ਢਾਂਚਾ, ਸਿਹਤ ਸਹੂਲਤਾਂ ਤੇ ਚੰਗਾ ਵਾਤਾਵਰਨ ਬਣੇਗਾ। ਦੂਜਾ ਰਸਤਾ ਹੈ ਸਾਡੇ ਸ਼ਾਸਕਾ ਵੱਲੋਂ ਜਿਸ ਨੂੰ ਮੌਜੂਦਾ ਦੌਰ 'ਚ ਅਪਣਾਇਆ ਜਾ ਰਿਹਾ ਹੈ, ਉਹ ਇਹ ਕਿ ਜਨਤਾ 'ਚ ਇਹ ਆਦਤ ਪਾ ਦਿਓ ਕਿ ਉਹਨਾਂ ਲਈ ਸਰਕਾਰ ਨੇ ਹੀ ਸਭ ਕੁਝ ਕਰਨਾ ਹੈ। ਸਭੋ ਕੁਝ ਮੁਫ਼ਤ ਉਹਦੀ ਝੋਲੀ ਪਾਉਣਾ ਹੈ । ਇਹੋ ਹੀ ਇਸ ਸਮੇਂ ਦਾ ਦੁਖਾਂਤ ਹੈ ।

ਅੱਜ ਦੇਸ਼ ਵਿਚ ਸਥਿਤੀ ਕੁਝ ਇਸ ਤਰਾਂ ਦੀ ਨਜ਼ਰ ਆ ਰਹੀ ਹੈ ਕਿ ਦੇਸ਼ ਮੌਜੂਦਾ ਨੀਤੀਆਂ ਦੇ ਚਲਦਿਆਂ ਵਿਕਸਤ ਹੋ ਜਾਏਗਾ, ਪਰ ਦੇਸ਼ 'ਚ ਰਹਿਣ ਵਾਲੇ ਵੱਡੀ ਗਿਣਤੀ ਲੋਕ ਗਰੀਬ ਅਤੇ ਮੁੱਢਲੀਆਂ ਲੋੜਾਂ ਤੋਂ ਵੰਚਿਤ ਹੋ ਜਾਣਗੇ। ਜਨਤਾ ਲੋੜਾਂ ਤੋਂ ਤਰਸਦੀ ਰਹੇਗੀ । ਇਹ ਵਿਕਾਸ ਚੁਣਵੇਂ ਧਨ-ਕੁਬੇਰਾਂ ਤੱਕ ਸਿਮਟ ਜਾਏਗਾ ।

ਦੇਸ਼ 'ਚ ਮਹਿੰਗਾਈ ਵਧ ਰਹੀ ਹੈ। ਬੇਰੁਜ਼ਗਾਰੀ ਦੀ ਦਰ ਵਿਚ ਲਗਾਤਾਰ ਵਾਧਾ ਹੋ ਰਿਹਾ ਹੈ। ਇਸ ਸਮੇਂ ਮੁਦਰਾ ਮਹਿੰਗਾਈ 7.74 ਫੀਸਦੀ ਹੈ । ਬੇਰੁਜ਼ਗਾਰੀ ਦਰ 2022-23 ਦੇ ਮਾਰਚ ਤਿਮਾਹੀ ਦੇ ਅੰਕੜਿਆਂ ਅਨੁਸਾਰ 6.8 ਫੀਸਦੀ ਸੀ। ਦੇਸ਼ ਵਿਚ ਇਕ ਅਜੀਬ ਤਰਾਂ ਦਾ ਅਸੰਤੁਲਨ ਹੈ । ਦੇਸ਼ ਦੀ ਅਰਥ ਵਿਵਸਥਾ ਦਾ ਰੁਖ ਉੱਪਰ ਵੱਲ ਹੈ, ਜਦਕਿ ਮਹਿੰਗਾਈ ਵੱਡੀ ਚੁਣੌਤੀ ਹੈ ।

ਦੇਸ਼ ਇਸ ਵੇਲੇ ਵਿਕਾਸ ਚਾਹੁੰਦਾ ਹੈ, ਦੇਸ਼ ਵਾਸੀ ਰੁਜ਼ਗਾਰ ਚਾਹੁੰਦੇ ਹਨ । ਦੇਸ਼ ਇਸ ਵੇਲੇ 'ਮਾਈ ਬਾਪ' ਵਾਲੀ ਸਰਕਾਰ ਨਹੀਂ, ਸਗੋਂ ਅਸਲ ਲੋਕਤੰਤਰੀ ਸਰਕਾਰ ਚਾਹੁੰਦੇ ਹਨ। ਲੋਕਾਂ ਸਾਹਵੇਂ ਰੋਸ਼ਨ ਭਵਿੱਖ ਦੀ ਉਮੀਦ ਤਦੇ ਬੱਝੇਗੀ, ਜੇਕਰ ਦੇਸ਼ ਦੇ ਨੇਤਾ ਪਾਰਦਰਸ਼ੀ ਢੰਗ ਨਾਲ ਆਮ ਲੋਕਾਂ ਦੇ ਸਰੋਕਾਰਾਂ ਨੂੰ ਪਹਿਲ ਦੇਣਗੇ।

ਇਸ ਵੇਲੇ ਦੇਸ਼ ਵਿਚ ਰਾਜਨੀਤਕ ਕੁਲੀਨਾਂ ਦਾ ਬੋਲਬਾਲਾ ਹੈ । ਮੋਦੀ ਤੇ ਵਿਰੋਧੀ ਆਗੂ ਇਕੋ ਕਿਸਮ ਦੀ ਸਿਆਸਤ ਕਰ ਰਹੇ ਹਨ। ਉਹ ਅੰਕ ਗਣਿਤ ਦੇ ਪੰਡਤ ਹਨ । ਲੋਕ ਕੁਝ ਹੱਦ ਤੱਕ ਲਾਲਚਵੱਸ ਠੂਠਾ ਸਿਆਸਤ ਨਾਲ ਭਰਮਿਤ ਹੁੰਦੇ ਹਨ, ਪਰ ਜਿਊਂਦੇ-ਜਾਗਦੇ ਸਮਾਜ ਵਿਚ ਉਹ ਆਪਣੀ ਉਰਜਾ ਨਾਲ ਉਹ ਸਭ ਕੁਝ ਬਦਲਣ ਦੇ ਸਮਰੱਥ ਹਨ, ਜੋ ਉਹ ਨਹੀਂ ਚਾਹੁੰਦੇ ।ਲੋਕ ਠੂਠੇ 'ਚ ਭਿੱਖਿਆ 'ਅਨਾਜ' ਨਹੀਂ, ਨੌਕਰੀ ਚਾਹੁੰਦੇ ਹਨ। ਦੇਸ਼ ਦੇ ਸਿਆਸਤਦਾਨਾਂ ਨੂੰ ਇਹ ਸਮਝਣਾ ਪਵੇਗਾ। ਸਾਹਿਬਾਂ ਦੀਆਂ ਫਾਇਲਾਂ, ਬਸਤਿਆਂ 'ਚ ਦੱਬੀ ਲੋਕਾਂ ਦੀ ਆਵਾਜ਼ ਨੂੰ ਲੋਕ ਕਟਹਿਰੇ 'ਚ ਲਿਆਉਣਾ ਹੀ ਹੋਵੇਗਾ।

**# ਸੰਪਰਕ : 98158-02070**

# ਮਜ਼ਦੂਰ ਵਿਰੋਧੀ ਚਾਰ ਲੇਬਰ ਕੋਰਡ ਰੱਦ ਕੀਤੇ ਜਾਣ : ਜਗਸੀਰ ਖੋਸਾ, ਸ਼ੇਰ ਸਿੰਘ



ਮਾ. ਗੁਰਚਰਨ ਸਿੰਘ ਮਾਨ ਦੇ ਹੱਕ ਵਿੱਚ ਚੋਣ ਪ੍ਰਚਾਰ ਕਰਦੇ ਸੂਬਾ ਸਕੱਤਰ ਜਗਸੀਰ ਖੋਸਾ ਤੇ ਸ਼ੇਰ ਸਿੰਘ ਸਰਪੰਚ ਦੌਲਤਪੁਰਾ।

**ਮੋਗਾ (ਇਕਬਾਲ ਸਿੰਘ ਖਹਿਰਾ)**-ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਵੱਲੋਂ ਲੋਕ ਸਭਾ ਹਲਕਾ ਫਰੀਦਕੋਟ ਤੋਂ ਭਾਰਤੀ ਕਮਿਊਨਿਸਟ ਪਾਰਟੀ ਦੇ ਉਮੀਦਵਾਰ ਮਾ. ਗੁਰਚਰਨ ਸਿੰਘ ਮਾਨ ਦੇ ਹੱਕ ਵਿੱਚ ਮੀਟਿੰਗਾਂ ਵਿਧਾਨ ਸਭਾ ਹਲਕਾ ਮੋਗਾ ਦੇ ਪਿੰਡਾਂ ਦਾਰਾਪੁਰ, ਕਾਲੀਏ ਵਾਲਾ, ਸੱਦਾ ਸਿੰਘ ਵਾਲਾ, ਸਲੀਣਾ ਵਿਖੇ ਕੀਤੀਆਂ ਗਈਆਂ। ਇਸ ਮੌਕੇ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਦੇ ਸੂਬਾ ਸਕੱਤਰ ਜਗਸੀਰ ਖੋਸਾ ਤੇ ਸ਼ੇਰ ਸਿੰਘ ਸਰਪੰਚ ਦੌਲਤਪੁਰਾ ਨੇ ਕਿਹਾ ਕਿ ਪਿਛਲੇ 10 ਸਾਲਾਂ ਵਿੱਚ ਹਰ ਵਰਗ ਦੀ ਆਰਥਿਕ ਪੱਖੋਂ ਹਾਲਤ ਬਹੁਤ ਕਮਜ਼ੋਰ ਹੋਈ ਹੈ। ਉਨ੍ਹਾਂ ਕਿਹਾ ਕਿ ਕਾਮਰੇਡ ਗੁਰਚਰਨ ਸਿੰਘ ਮਾਨ ਦੇਸ਼ ਦੀ ਪਾਰਲੀਮੈਂਟ ਵਿੱਚ ਮੋਦੀ ਸਰਕਾਰ ਵੱਲੋਂ ਲਿਆਂਦੇ ਮਜ਼ਦੂਰ ਵਿਰੋਧੀ ਚਾਰ ਲੇਬਰ ਕੋਰਡ ਖ਼ਤਮ ਕਰਨ ਦੀ ਆਵਾਜ਼ ਬੁਲੰਦ ਕਰਨਗੇ। ਉਨ੍ਹਾਂ ਦੀਆਂ ਮੁੱਖ ਮੰਗਾਂ ਠੇਕਾ ਲੇਬਰ ਸਿਸਟਮ ਨੂੰ ਰੱਦ ਕਰਨਾ, ਅੰਤਰ ਬਰਾਬਰ ਮਿਹਨਤਾਨਾ ਕਾਨੂੰਨ ਅਨੁਸਾਰ ਮਰਦਾਂ-ਔਰਤਾਂ ਲਈ ਬਰਾਬਰ ਕੰਮ, ਬਰਾਬਰ ਤਨਖ਼ਾਹ ਅਸੂਲ ਲਾਗੂ ਕੀਤਾ ਜਾਵੇਗਾ। ਨੌਕਰੀਆਂ ਵਿੱਚ ਆਊਟਸੋਰਸਿੰਗ ਬੰਦ ਕਰਨਾ, ਸਕੀਮ ਵਰਕਰਾਂ, ਆਂਗਣਵਾੜੀ, ਆਸ਼ਾ, ਮਿੱਡ ਡੇ-ਮੀਲ ਵਰਕਰਾਂ ਨੂੰ ਸਰਕਾਰੀ ਦਰਜਾ ਦੇਣਾ। ਐੱਫ ਸੀ ਆਈ ਤੇ ਮੰਡੀਆਂ ਨੂੰ ਖ਼ਤਮ ਕਰਨ ਦੀ ਬਜਾਏ, ਇਨ੍ਹਾਂ ਦਾ ਵਿਸਥਾਰ ਕਰਕੇ ਨਵੀਕਰਨ ਕਰਨਾ। ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨਾ ਤੇ ਸਭਨਾਂ ਮਜ਼ਦੂਰਾਂ ਅਤੇ ਸਕੀਮ ਵਰਕਰਾਂ ਦੀ ਘੱਟੋ ਘੱਟ ਤਨਖਾਹ 26000 ਕਰਵਾਉਣਾ। ਨਰੇਗਾ ਸਾਲ ਵਿੱਚ 200 ਦਿਨ ਕੰਮ ਤੇ ਦਿਹਾੜੀ 1000 ਰੁਪਏ ਕਰਨਾ, ਇਸ ਕਾਨੂੰਨ ਦੇ ਲਾਭ ਲਈ ਛੋਟੇ ਕਿਸਾਨਾਂ ਨੂੰ ਵੀ ਦਾਇਰੇ ਵਿੱਚ ਲਿਆਉਣਾ। ਨਰੇਗਾ ਵਿੱਚੋਂ ਭ੍ਰਿਸ਼ਟਾਚਾਰ ਨੂੰ ਖ਼ਤਮ ਕਰਨਾ ਤੇ ਨਰੇਗਾ ਕੰਮ ਦੀ ਯੋਜਨਾ ਪਾਣੀ, ਧਰਤੀ, ਵਾਤਾਵਰਨ, ਰਸਤੇ ਸੰਭਾਲਣ ਆਦਿ ਵਾਸਤੇ ਕਰਨਾ, ਹੋਣਗੀਆਂ। ਉਨ੍ਹਾਂ ਨੇ ਕਿਹਾ ਕਿ ਜੇਕਰ ਅਸੀਂ ਚਾਹੁੰਦੇ ਹਾਂ ਕਿ ਦੇਸ਼ ਦੀ ਪਾਰਲੀਮੈਂਟ ਵਿੱਚ ਸਾਡੇ ਹੱਕਾਂ ਦੀ ਆਵਾਜ਼ ਬੁਲੰਦ ਹੋਵੇ ਆਉ ਅਸੀਂ ਕਮਿਊਨਿਸਟ ਉਮੀਦਵਾਰਾਂ ਨੂੰ ਜਿਤਾ ਕੇ ਪਾਰਲੀਮੈਂਟ ਭੇਜੀਏ।

# ਵੱਡੀ ਲੀਡ ਨਾਲ ਜਿੱਤਣਗੇ ਜੀਤ ਮਹਿੰਦਰ ਸਿੱਧੂ : ਵਿੱਕੀ ਸ਼ਰਮਾ



**ਭੀਖੀ (ਧਰਮਵੀਰ ਸ਼ਰਮਾ)**-ਲੋਕ ਸਭਾ ਹਲਕਾ ਤੋਂ ਕਾਂਗਰਸ ਪਾਰਟੀ ਦੇ ਉਮੀਦਵਾਰ ਜੀਤ ਮਹਿੰਦਰ ਸਿੰਘ ਸਿੱਧੂ ਦੇ ਹੱਕ ਵਿੱਚ ਲਹਿਰ ਚੱਲ ਰਹੀ ਹੈ ਤੇ ਉਹ ਇਸ ਲੋਕ ਸਭਾ ਹਲਕੇ ਤੋਂ ਵੱਡੀ ਲੀਡ ਨਾਲ ਜਿੱਤਣਗੇ। ਇਹ ਪ੍ਰਗਟਾਵਾ ਟਕਸਾਲੀ ਕਾਂਗਰਸੀ ਆਗੂ ਸਵ. ਮਦਨ ਲਾਲ ਸ਼ਰਮਾ ਦੇ ਨਿਵਾਸ ਪੁੱਜੇ ਕਾਂਗਰਸੀ ਉਮੀਦਵਾਰ ਜੀਤ ਮਹਿੰਦਰ ਸਿੰਘ ਸਿੱਧੂ ਨੂੰ ਜੀ ਆਇਆਂ ਕਹਿਣ ਤੋਂ ਬਾਅਦ ਉਨ੍ਹਾਂ ਦੇ ਸਪੁੱਤਰ ਵਿਕਾਸ ਸ਼ਰਮਾ ਵਿੱਕੀ ਨੇ ਗੱਲਬਾਤ ਦੌਰਾਨ ਕੀਤਾ। ਉਨ੍ਹਾ ਕਿਹਾ ਕਿ ਆਪ ਸਰਕਾਰ ਦੇ ਕਾਰਜਕਾਲ ਵਿੱਚ ਸੂਬੇ ਅੰਦਰ ਜਿੱਥੇ ਅਮਨ ਕਾਨੂੰਨ ਦੀ ਹਾਲਤ ਵਿਗੜੀ ਹੈ, ਉੱਥੇ ਮਹਿੰਗਾਈ ਵੀ ਚਰਮ ਸੀਮਾ 'ਤੇ ਪਹੁੰਚ ਚੁੱਕੀ ਹੈ। ਉਨ੍ਹਾ ਕਿਹਾ ਕਿ ਦੇਸ਼ ਨੂੰ ਤਰੱਕੀ ਦੀਆਂ ਲੀਹਾਂ 'ਤੇ ਲਿਜਾਣ ਲਈ ਕਾਂਗਰਸ ਦੀ ਸਰਕਾਰ ਦੇਸ਼ ਅੰਦਰ ਲਿਆਉਣ ਦੀ ਲੋੜ ਹੈ ਤਾਂ ਕਿ ਦੇਸ਼ ਦੇ ਨਾਲ ਨਾਲ ਸੂਬੇ ਦੀ ਵੀ ਤਰੱਕੀ ਹੋ ਸਕੇ। ਉਨ੍ਹਾ ਕਿਹਾ ਕਿ ਸੂਬੇ ਅੰਦਰ ਵਿਕਾਸ ਦੇ ਨਾਲ ਨਾਲ ਕਾਂਗਰਸ ਦੇ ਰਾਜ ਵਿੱਚ ਹਮੇਸ਼ਾ ਅਮਨ ਤੇ ਭਾਈਚਾਰਕ ਸਾਂਝ ਕਾਇਮ ਰਹੀ ਹੈ। ਉਨ੍ਹਾ ਕਿਹਾ ਕਿ ਹੋਰ ਸਰਕਾਰਾਂ ਦੇ ਰਾਜ ਵਿੱਚ ਲੁੱਟਾਂ ਖੋਹਾਂ, ਗੁੰਡਾਗਰਦੀ ਤੇ ਨਸ਼ਿਆਂ ਦਾ ਵਪਾਰ ਵਧਿਆ ਫੁੱਲਿਆ ਹੈ ਅਤੇ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਦਾ ਭਰੋਸਾ ਦੇ ਕੇ ਸੱਤਾ ਵਿੱਚ ਆਈ ਆਪ ਸਰਕਾਰ ਦੋ ਸਾਲਾਂ ਦੇ ਕਾਰਜਕਾਲ ਦੌਰਾਨ ਸਭ ਤੋਂ ਨਿਕੰਮੀ ਸਰਕਾਰ ਸਾਬਿਤ ਹੋਈ ਹੈ। ਪੰਜਾਬ ਦੇ ਲੋਕ ਇਨ੍ਹਾਂ ਰਵਾਇਤੀ ਪਾਰਟੀਆਂ ਤੋਂ ਬੁਰੀ ਤਰ੍ਹਾਂ ਅੱਕ ਚੁੱਕੇ ਹਨ ਤੇ ਮੁੜ ਕਾਂਗਰਸ ਦਾ ਸਥ ਦੇਣ ਲਈ ਉਤਾਵਲੇ ਹਨ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਅਰਸ਼ਦੀਪ ਸਿੰਘ ਮਾਈਕਲ ਗਾਗੋਵਾਲ, ਜਗਦੇਵ ਸਿੰਘ ਸਿੱਧੂ, ਸੰਦੀਪ ਮਹਿਤਾ, ਮੱਖਣ ਹਾਜੀ, ਰਾਜੇਸ਼ ਅਨੇਜਾ ਕਾਲਾ ਤੇ ਹੋਰ ਹਾਜ਼ਰ ਸਨ।

# ਸਭ ਤੋਂ ਵਧੀਆ ਮੈਂਬਰ ਪਾਰਲੀਮੈਂਟ ਸਾਬਿਤ ਹੋਵੇਗਾ ਕਰਮਜੀਤ ਅਨਮੋਲ : ਗੁਰਪ੍ਰੀਤ ਘੁੱਗੀ



ਕਰਮਜੀਤ ਅਨਮੋਲ ਦੇ ਹੱਕ ਵਿੱਚ ਪ੍ਰਚਾਰ ਕਰਨ ਪੁੱਜੇ ਨਾਮਵਰ ਫਿਲਮ ਕਲਾਕਾਰ ਗੁਰਪ੍ਰੀਤ ਘੁੱਗੀ, ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ।

**ਮੋਗਾ (ਇਕਬਾਲ ਸਿੰਘ ਖਹਿਰਾ)**-ਲੋਕ ਸਭਾ ਹਲਕਾ ਫ਼ਰੀਦਕੋਟ ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਕਰਮਜੀਤ ਅਨਮੋਲ ਦੇ ਹੱਕ ਵਿੱਚ ਪ੍ਰਚਾਰ ਕਰਨ ਪੁੱਜੇ ਨਾਮਵਰ ਫਿਲਮ ਕਲਾਕਾਰ ਗੁਰਪ੍ਰੀਤ ਘੁੱਗੀ ਨੇ ਦਾਅਵਾ ਕੀਤਾ ਕਿ ਜਦੋਂ ਫ਼ਰੀਦਕੋਟ ਦੇ ਲੋਕਾਂ ਨੇ ਕਰਮਜੀਤ ਅਨਮੋਲ ਨੂੰ ਚੁਣ ਲਿਆ ਤਾਂ ਕਰਮਜੀਤ ਅਨਮੋਲ ਅੱਜ ਤੱਕ ਦਾ ਸਭ ਤੋਂ ਵਧੀਆ ਮੈਂਬਰ ਪਾਰਲੀਮੈਂਟ ਸਾਬਿਤ ਹੋਵੇਗਾ। ਗੁਰਪ੍ਰੀਤ ਘੁੱਗੀ ਬੁੱਧਵਾਰ ਨੂੰ ਕਰਮਜੀਤ ਅਨਮੋਲ ਦੇ ਹੱਕ ਵਿੱਚ ਬਾਘਾ ਪੁਰਾਣਾ ਦੇ ਪਿੰਡਾਂ ਵਿੱਚ ਚੋਣ ਪ੍ਰਚਾਰ ਕਰਨ ਪੁੱਜੇ ਹੋਏ ਸਨ। ਹਲਕਾ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਨੇ ਇਨ੍ਹਾਂ ਚੋਣ ਜਲਸਿਆਂ ਦਾ ਪ੍ਰਬੰਧ ਕੀਤਾ ਹੋਇਆ ਸੀ। ਪਿੰਡ ਮਾੜੀ ਮੁਸਤਫ਼ਾ ਵਿੱਚ ਭਰਵੇਂ ਇਕੱਠ ਨੂੰ ਸੰਬੋਧਨ ਕਰਦੇ ਹੋਏ ਗੁਰਪ੍ਰੀਤ ਘੁੱਗੀ ਨੇ ਕਿਹਾ ਕਿ ਕਰਮਜੀਤ ਅਨਮੋਲ ਜਿੰਨਾ ਵਧੀਆ ਕਲਾਕਾਰ ਹੈ, ਉਸ ਤੋਂ ਕਈ ਗੁਣਾਂ ਵਧੀਆ ਇਨਸਾਨ ਹੈ, ਜਿਸ 'ਚ ਜਿੱਥੇ ਵੱਧ ਤੋਂ ਵੱਧ ਬੂਟੇ ਲਗਾ ਕੇ ਵਾਤਾਵਰਨ ਨੂੰ ਹਰਿਆ ਭਰਿਆ ਬਣਾਉਣ ਦਾ ਜਨੂਨ ਹੈ, ਉੱਥੇ ਹਰ ਇੱਕ ਲੋੜਵੰਦ ਦੀ ਮਦਦ ਕਰਨ ਦੀ ਰੱਬੀ ਬਖ਼ਸ਼ਿਸ਼ ਵੀ ਹੈ। ਗੁਰਪ੍ਰੀਤ ਘੁੱਗੀ ਨੇ ਕਿਹਾ ਕਿ ਉਹ ਪਿਛਲੇ 20-25 ਸਾਲਾਂ ਤੋਂ ਕਰਮਜੀਤ ਅਨਮੋਲ ਨੂੰ ਬਹੁਤ ਨੇੜਿਓਂ ਜਾਣਦੇ ਹਨ ਤੇ ਕਰਮਜੀਤ ਅਨਮੋਲ ਉਨ੍ਹਾਂ ਦੀ ਜ਼ਿੰਦਗੀ ਦੇ ਸਭ ਤੋਂ ਵਧੀਆ ਇਨਸਾਨਾਂ ਵਿੱਚੋਂ ਪਹਿਲੇ ਨੰਬਰ 'ਤੇ ਹੈ। ਇਸ ਕਰਕੇ ਉਹ ਇਸ ਗੱਲ ਦੀ ਗਰੰਟੀ ਲੈਂਦੇ ਹਨ ਕਿ ਕਰਮਜੀਤ ਅਨਮੋਲ ਅੱਜ ਤੱਕ ਦਾ ਸਭ ਤੋਂ ਵਧੀਆ ਮੈਂਬਰ ਪਾਰਲੀਮੈਂਟ ਸਾਬਿਤ ਹੋਵੇਗਾ। ਇਸ ਮੌਕੇ ਸੰਬੋਧਨ ਕਰਦੇ ਹੋਏ ਕਰਮਜੀਤ ਅਨਮੋਲ ਨੇ ਫ਼ਰੀਦਕੋਟ ਲੋਕ ਸਭਾ ਹਲਕੇ ਨੂੰ ਹਰਿਆ ਭਰਿਆ ਤੇ ਸਾਫ਼ ਸੁਥਰਾ ਬਣਾਉਣ ਦਾ ਸੰਕਲਪ ਲੈਂਦੇ ਕਿਹਾ ਕਿ ਇਲਾਕੇ ਦੀ ਤਰੱਕੀ ਲਈ ਉਹ ਦਿਨ-ਰਾਤ ਇੱਕ ਕਰ ਦੇਣਗੇ। ਇਸ ਮੌਕੇ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਨੇ ਭਗਵੰਤ ਮਾਨ ਸਰਕਾਰ ਵੱਲੋਂ ਪਿਛਲੇ ਦੋ ਸਾਲਾਂ ਦੌਰਾਨ ਕੀਤੇ ਗਏ ਵਿਕਾਸ ਕਾਰਜਾਂ ਦੀ ਜਾਣਕਾਰੀ ਪਿੰਡ ਵਾਲਿਆਂ ਨੂੰ ਦਿੱਤੀ। ਇਸ ਮੌਕੇ ਉਨ੍ਹਾਂ ਨਾਲ ਮੋਗਾ ਦੇ ਜ਼ਿਲ੍ਹਾ ਪ੍ਰਧਾਨ ਹਰਮਨ ਬਰਾੜ, ਕਲਾਕਾਰ ਸਾਥੀ ਸੰਜੂ ਸੁਲੰਕੀ ਤੇ ਕੁਮਾਰ ਪਵਨਦੀਪ ਸਿੰਘ ਉਚੇਚੇ ਤੌਰ 'ਤੇ ਮੌਜੂਦ ਸਨ।

# ਬਸਤੀ ਸੋਢੀਆਂ ਜੋਗੇਵਾਲਾ ਤੋਂ ਅਨੇਕਾਂ ਪਰਵਾਰ ਬੀ ਕੇ ਯੂ ਤੋਤੇਵਾਲ 'ਚ ਸ਼ਾਮਲ

## ਸੁਖਪਾਲ ਅਮੀਰਸ਼ਾਹ ਇਕਾਈ ਪ੍ਰਧਾਨ, ਗੁਰਸੇਵਕ ਸਿੰਘ ਸਰਕਲ ਜੋਗੇਵਾਲਾ ਦੇ ਪ੍ਰਧਾਨ ਬਣੇ



**ਮੋਗਾ (ਇਕਬਾਲ ਸਿੰਘ ਖਹਿਰਾ)**-ਭਾਰਤੀ ਕਿਸਾਨ ਯੂਨੀਅਨ ਤੋਤੇਵਾਲ ਦੀ ਵਿਸ਼ੇਸ਼ ਮੀਟਿੰਗ ਸੂਬਾ ਪ੍ਰਧਾਨ ਸੁੱਖ ਗਿੱਲ ਮੋਗਾ ਦੀ ਪ੍ਰਧਾਨਗੀ ਹੇਠ ਹੋਈ, ਜਿਸ ਦੌਰਾਨ ਵੱਡੀ ਗਿਣਤੀ ਵਿੱਚ ਕਿਸਾਨ ਆਗੂਆਂ ਵੱਲੋਂ ਸ਼ਮੂਲੀਅਤ ਕੀਤੀ ਗਈ। ਇਸ ਮੀਟਿੰਗ ਦੌਰਾਨ ਸੂਬਾ ਪ੍ਰਧਾਨ ਸੁੱਖ ਗਿੱਲ ਮੋਗਾ ਨੇ ਦੱਸਿਆ ਕਿ ਗੁਰਸੇਵਕ ਸਿੰਘ ਬਸਤੀ ਸੋਢੀਆਂ ਨੂੰ ਸਰਕਲ ਜੋਗੇਵਾਲਾ ਦਾ ਪ੍ਰਧਾਨ ਥਾਪਿਆ ਗਿਆ ਤੇ ਸੁਖਪਾਲ ਸਿੰਘ ਅਮੀਰਸ਼ਾਹ ਨੂੰ ਇਕਾਈ ਪ੍ਰਧਾਨ, ਅਜਮੇਰ ਸਿੰਘ ਵਸਤੀ ਸੋਢੀਆਂ ਮੀਤ ਪ੍ਰਧਾਨ, ਸੀਨੀ. ਮੀਤ ਪ੍ਰਧਾਨ ਕਮਲਜੀਤ ਸਿੰਘ ਮਲੰਗਸ਼ਾਹ, ਜਨਰਲ ਸਕੱਤਰ ਮੰਗਲ ਸਿੰਘ ਬਸਤੀ ਸੋਢੀਆਂ, ਗੁਰਵਿੰਦਰ ਸਿੰਘ ਮੀਰਸ਼ਾਹ ਕੈਸ਼ੀਅਰ, ਸੁਖਵਿੰਦਰ ਸਿੰਘ ਅਮੀਰਸ਼ਾਹ ਪ੍ਰੈੱਸ ਸਕੱਤਰ, ਲਖਬੀਰ ਸਿੰਘ ਗਗੜਾ ਪ੍ਰਚਾਰ ਸਕੱਤਰ, ਸੁਖਦੀਪ ਸਿੰਘ ਅਮੀਰ ਸ਼ਾਹ ਸਹਾਇਕ ਜਨਰਲ ਸਕੱਤਰ, ਮਨਪ੍ਰੀਤ ਸਿੰਘ ਜੋਗੇਵਾਲਾ ਸਹਾਇਕ ਕੈਸ਼ੀਅਰ, ਜਗਰੂਪ ਸਿੰਘ ਅਮੀਰਸ਼ਾਹ ਐਗਜ਼ੈਕਟਿਵ ਮੈਂਬਰ, ਗੁਰਪ੍ਰਤਾਪ ਸਿੰਘ ਤੋਤੇਵਾਲਾ, ਅਨੂਪ ਸਿੰਘ ਢੋਲੇਵਾਲਾ, ਮਲੂਕ ਸਿੰਘ ਢੋਲੇਵਾਲਾ, ਲਖਵਿੰਦਰ ਸਿੰਘ ਢੋਲੇਵਾਲਾ, ਬੋਹੜ ਸਿੰਘ ਕੱਚਰਭੰਨੀਏ ਢੋਲੇਵਾਲਾ, ਗੁਰਮੀਤ ਸਿੰਘ, ਨਿਸ਼ਾਨ ਸਿੰਘ ਜਥੇਬੰਦੀ ਵਿੱਚ ਸ਼ਾਮਲ ਹੋਏ। ਅਮਰੀਕ ਸਿੰਘ ਨੂੰ ਬਸਤੀ ਸ਼ਾਮੇਵਾਲੀ ਤੋਂ ਇਕਾਈ ਪ੍ਰਧਾਨ ਥਾਪਿਆ ਗਿਆ। ਇਸ ਮੌਕੇ ਸੁੱਖ ਗਿੱਲ ਮੋਗਾ ਨੇ ਕਿਹਾ ਕਿ ਜਥੇਬੰਦੀ ਵਿੱਚ ਨਵੇਂ ਕਿਸਾਨਾਂ ਦਾ ਸ਼ਾਮਲ ਹੋਣ 'ਤੇ ਨਿੱਘਾ ਸਵਾਗਤ ਕੀਤਾ ਜਾਂਦਾ ਹੈ ਤੇ ਸਾਰੇ ਆਗੂਆਂ ਨੂੰ ਜਥੇਬੰਦੀ ਲਈ ਦਿਨ-ਰਾਤ ਇਮਾਨਦਾਰੀ ਨਾਲ ਕੰਮ ਕਰਨ ਦੀ ਅਪੀਲ ਵੀ ਕੀਤੀ। ਇਸ ਮੌਕੇ ਲਖਵਿੰਦਰ ਸਿੰਘ ਕਰਮੂੰਵਾਲਾ ਜ਼ਿਲ੍ਹਾ ਪ੍ਰਧਾਨ, ਸਾਬ ਢਿੱਲੋਂ ਤੋਤੇਵਾਲਾ, ਤੀਰਥ ਸਿੰਘ ਸਰਪੰਚ ਬਘੇਲੇ ਵਾਲਾ, ਚਾਨਣ ਸਿੰਘ ਕਰਮੂੰਵਾਲਾ, ਕਾਰਜ ਸਿੰਘ ਕਰਮੂੰਵਾਲਾ, ਕਮਲਜੀਤ ਸਿੰਘ ਕਰਮੂੰਵਾਲਾ, ਮਨਦੀਪ ਸਿੰਘ ਮੰਨਾ ਬਲਾਕ ਪ੍ਰਧਾਨ ਤੇ ਨਿਰਮਲ ਸਿੰਘ ਬੱਡੂਵਾਲਾ ਹਾਜ਼ਰ ਸਨ।

## ਕਾਤਰਾਂ

### ਸੀਨੀਅਰ ਅਕਾਲੀ ਆਗੂ ਡੱਲਾ ਨੂੰ ਸਦਮਾ, ਮਾਤਾ ਦਾ ਦਿਹਾਂਤ



**ਮੋਗਾ (ਇਕਬਾਲ ਸਿੰਘ ਖਹਿਰਾ)**-ਸੀਨੀਅਰ ਅਕਾਲੀ ਆਗੂ ਸ੍ਰ. ਰਜਿੰਦਰ ਸਿੰਘ ਡੱਲਾ ਨੂੰ ਉਸ ਵੇਲੇ ਵੱਡਾ ਸਦਮਾ ਲੱਗਾ, ਜਦੋਂ ਉਨ੍ਹਾਂ ਦੇ ਸਤਿਕਾਰਯੋਗ ਮਾਤਾ ਦਲੀਪ ਕੌਰ ਜੀ ਆਪਣੀ ਸੰਸਾਰਕ ਯਾਤਰਾ ਪੂਰੀ ਕਰਦੇ ਹੋਏ ਗੁਰੂ ਚਰਨਾਂ 'ਚ ਜਾ ਬਿਰਾਜੇ। ਇਸ ਦੁੱਖ ਦੀ ਘੜੀ ਵਿੱਚ ਉਨ੍ਹਾਂ ਦੇ ਪਰਵਾਰ ਨਾਲ ਦੁੱਖ ਸਾਂਝਾ ਕਰਨ ਲਈ ਵੱਖ ਵੱਖ ਸਿਆਸੀ ਪਾਰਟੀਆਂ ਦੇ ਆਗੂਆਂ ਤੋਂ ਇਲਾਵਾ ਹਲਕਾ ਮੋਗਾ ਤੇ ਧਰਮਕੋਟ ਅਕਾਲੀ ਦਲ ਦੇ ਆਗੂ ਅਤੇ ਵਰਕਰ ਪੁੱਜੇ। ਇਸ ਮੌਕੇ ਰਜਿੰਦਰ ਸਿੰਘ ਡੱਲਾ ਨੇ ਦੱਸਿਆ ਕਿ ਪਰਵਾਰ ਵੱਲੋਂ ਉਨ੍ਹਾਂ ਦਾ ਅੰਤਿਮ ਸੰਸਕਾਰ 24 ਮਈ ਸ਼ੁੱਕਰਵਾਰ ਨੂੰ ਉਨ੍ਹਾਂ ਦੇ ਜੱਦੀ ਪਿੰਡ ਡੱਲਾ ਵਿਖੇ ਕੀਤਾ ਜਾਵੇਗਾ। ਉਨ੍ਹਾਂ ਦੀ ਦੇਹ ਨੂੰ ਲੈ ਕੇ ਅੰਤਿਮ ਯਾਤਰਾ ਸਵੇਰੇ 8 ਵਜੇ ਸਾਡੇ ਗੁਹਿ ਟੀਚਰ ਕਲੋਨੀ ਮੋਗਾ ਤੋਂ ਪਿੰਡ ਡੱਲਾ ਵੱਲ ਨੂੰ ਰਵਾਨਾ ਹੋਵੇਗੀ। ਆਪ ਸਭ ਨੂੰ ਬੇਨਤੀ ਹੈ ਕਿ ਮਾਤਾ ਜੀ ਦੀ ਦੇਹ ਦੇ ਅੰਤਿਮ ਦਰਸ਼ਨ ਲਈ ਪਿੰਡ ਡੱਲਾ ਵਿਖੇ ਸਵੇਰੇ 9 ਵਜੇ ਤੱਕ ਪਹੁੰਚਿਆ ਜਾਵੇ।

### ਭਾਰੀ ਮਾਤਰਾ 'ਚ ਲਾਹਣ ਕੀਤੀ ਨਸ਼ਟ

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਆਗਾਮੀ ਲੋਕ ਸਭਾ ਚੋਣਾਂ ਦੇ ਮੱਦੇਨਜ਼ਰ ਫਾਜ਼ਿਲਕਾ ਤੇ ਸ੍ਰੀ ਮੁਕਤਸਰ ਸਾਹਿਬ ਪੁਲਸ ਵੱਲੋਂ ਐਕਸਾਈਜ਼ ਸਟਾਫ ਨਾਲ ਮਿਲ ਕੇ ਚੰਨਣ ਖੇੜਾ-ਕਟਿਆਂਵਾਲੀ ਨਹਿਰ ਦੇ ਨਾਲ ਲੱਗਦੇ ਖੇਤਰ ਵਿਖੇ ਜੁਆਇੰਟ ਆਪ੍ਰੇਸ਼ਨ ਤਹਿਤ ਐਕਸਾਈਜ਼ ਇੰਸਪੈਕਟਰ ਨਰਿੰਦਰ ਕੁਮਾਰ, ਨਿਰਮਲ ਸਿੰਘ, ਐਕਸਾਈਜ਼ ਇੰਸਪੈਕਟਰ ਨਛੱਤਰ ਸਿੰਘ ਤੇ ਐਕਸਾਈਜ਼ ਇੰਸਪੈਕਟਰ ਸੁਖਵਿੰਦਰ ਸਿੰਘ ਵੱਲੋਂ ਸਾਂਝੀ ਛਾਪੇਮਾਰੀ ਤੇ ਤਲਾਸ਼ੀ ਮੁਹਿੰਮ ਚਲਾਈ ਗਈ, ਜਿਸ ਦੌਰਾਨ ਮੁੱਖ ਅਫ਼ਸਰ ਥਾਣਾ ਸਦਰ ਅਬੋਹਰ ਨੇ ਐਕਸਾਈਜ਼ ਪੁਲਸ ਮੁਲਾਜ਼ਮਾਂ ਦੇ ਨਾਲ 23 ਤਰਪਾਲਾਂ ਸਮੇਤ 13000 ਲੀਟਰ ਲਾਹਣ ਲਾਵਾਰਿਸ ਡਰੰਮ ਪਲਾਸਟਿਕ, ਪਾਈਪਾਂ ਤੇ ਸਟਿਲ ਵਰਕਿੰਗ ਦੇ ਸਾਮਾਨ ਸਮੇਤ ਬਰਾਮਦ ਕੀਤੀ ਗਈ।ਬ੍ਰਾਮਦ ਹੋਈ ਲਾਹਣ ਨੂੰ ਮੌਕੇ 'ਤੇ ਹੀ ਨਸ਼ਟ ਕਰ ਦਿੱਤਾ ਗਿਆ।

### ਸਰਚ ਅਪ੍ਰੇਸ਼ਨ ਦੌਰਾਨ 6500 ਲੀਟਰ ਲਾਹਣ ਬਰਾਮਦ, ਮੌਕੇ 'ਤੇ ਕੀਤੀ ਨਸ਼ਟ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਫਤਿਹ ਸਿੰਘ ਬਰਾੜ ਪੀ.ਪੀ.ਐੱਸ. ਉਪ ਕਪਤਾਨ ਪੁਲਸ (ਲੰਬੀ) ਦੀ ਨਿਗਰਾਨੀ ਹੇਠ ਸਬ-ਡਵੀਜ਼ਨ ਲੰਬੀ ਦੇ ਥਾਣਾ ਕਬਰਵਾਲਾ ਅਧੀਨ ਪੈਂਦੇ ਪਿੰਡ ਕੱਟਿਆਂਵਾਲੀ ਦੇ ਨਾਲ ਲੱਗਦੀ ਗੰਗਾ ਨਹਿਰ ਦੇ ਨਾਲ ਨਾਲ ਸਰਚ ਅਪ੍ਰੇਸ਼ਨ ਚਲਾਇਆ ਗਿਆ। ਇਸ ਦੌਰਾਨ ਐੱਸ. ਆਈ. ਰਣਜੀਤ ਸਿੰਘ ਮੁੱਖ ਅਫਸਰ ਥਾਣਾ ਕਬਰਵਾਲਾ, ਸਵਿੰਦਰ ਸਿੰਘ ਇੰਚਾਰਜ ਚੌਕੀ ਪੰਨੀਵਾਲਾ, ਸਬ-ਡਵੀਜ਼ਨ ਲੰਬੀ ਦੀ ਪੁਲਸ ਫੋਰਸ ਸਮੇਤ ਐਕਸਾਇਜ਼ ਵਿਭਾਗ ਦੇ ਨਰਿੰਦਰ ਕੁਮਾਰ ਈ ਓ (ਸ੍ਰੀ ਮੁਕਤਸਰ ਸਾਹਿਬ) ਤੇ ਸੁਖਵਿੰਦਰ ਸਿੰਘ ਈ ਲਾ (ਮਲੋਟ) ਤੇ ਉਨ੍ਹਾਂ ਦੀ ਟੀਮ ਹਾਜ਼ਰ ਸਨ। ਇਸ ਸਰਚ ਅਪ੍ਰੇਸ਼ਨ ਦੌਰਾਨ 6500 ਲੀਟਰ ਲਾਹਣ ਬ੍ਰਾਮਦ ਹੋਈ, ਜਿਸ ਨੂੰ ਐਕਸਾਇਜ਼ ਵਿਭਾਗ ਨੇ ਮੌਕੇ 'ਤੇ ਹੀ ਨਸ਼ਟ ਕਰ ਦਿੱਤਾ। ਡੀ.ਐੱਸ.ਪੀ. ਫਤਿਹ ਸਿੰਘ ਬਰਾੜ ਨੇ ਜਾਣਕਾਰੀ ਦਿੰਦੇ ਕਿਹਾ ਕਿ ਅੱਗੇ ਵੀ ਇਸੇ ਤਰ੍ਹਾਂ ਸਰਚ ਆਪ੍ਰੇਸ਼ਨ ਚਲਦੇ ਰਹਿਣਗੇ। ਕਿਸੇ ਵੀ ਸ਼ਰਾਰਤੀ ਅਨਸਰ ਨੂੰ ਬਖਸ਼ਿਆ ਨਹੀਂ ਜਾਵੇਗਾ।

# ਵਿਧਾਇਕ ਦੇਵ ਮਾਨ ਨੇ ਡਾਕਟਰ ਬਲਬੀਰ ਸਿੰਘ ਦੇ ਹੱਕ 'ਚ ਕੀਤਾ ਚੋਣ ਪ੍ਰਚਾਰ



**ਨਾਭਾ (ਵਰਿੰਦਰ ਵਰਮਾ)**-ਹਲਕਾ ਵਿਧਾਨ ਸਭਾ ਨਾਭਾ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਵੱਲੋਂ ਵੱਖ ਵੱਖ ਪਿੰਡਾਂ ਦਾ ਦੌਰਾ ਕਰਕੇ ਲੋਕ ਸਭਾ ਸੀਟ ਆਪ ਉਮੀਦਵਾਰ ਡਾਕਟਰ ਬਲਵੀਰ ਸਿੰਘ ਦੇ ਹੱਕ ਵਿੱਚ ਚੋਣ ਪ੍ਰਚਾਰ ਕੀਤਾ ਜਾ ਰਿਹਾ ਹੈ। ਅੱਜ ਹਲਕੇ ਦੇ ਵੱਖ-ਵੱਖ ਪਿੰਡਾਂ ਵਿੱਚ ਲੋਕਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਿੱਖਿਆ ਦੇ ਖੇਤਰ ਵਿੱਚ ਆਈ ਕ੍ਰਾਂਤੀ ਵਿੱਚ ਸਿੱਖਿਆ 'ਚ ਸੁਧਾਰ ਆਇਆ ਹੈ, ਉੱਥੇ ਹੀ ਮਾਨ ਸਰਕਾਰ ਵੱਲੋਂ ਕੀਤੇ ਗਏ ਸ਼ਾਨਦਾਰ ਕਾਰਜ ਦੀਆਂ ਸਿਫਤਾਂ ਕਰਦੀਆਂ ਆਮ ਦੇਖੀਆਂ ਜਾ ਸਕਦੀਆਂ ਹਨ। ਦੇਵ ਮਾਨ ਨੇ ਕਿਹਾ ਕਿ ਜਿਵੇਂ ਜਿਵੇਂ ਲੋਕ ਸਭਾ ਚੋਣਾਂ ਨੇੜੇ ਆ ਰਹੀਆਂ ਹਨ, ਉਵੇਂ ਉਵੇਂ ਵੱਖ ਵੱਖ ਪਾਰਟੀਆਂ ਦੀ ਸਾਖ ਨੂੰ ਖੋਰਾ ਲੱਗ ਰਿਹਾ ਹੈ ਤੇ ਪੂਰੇ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਥਿਤੀ ਲਗਾਤਾਰ ਮਜ਼ਬੂਤ ਹੁੰਦੀ ਜਾ ਰਹੀ ਹੈ। ਦੇਵ ਮਾਨ ਨੇ ਸਿਹਤ ਸਹੂਲਤਾਂ ਦੀ ਗੱਲ ਕਰਦਿਆਂ ਕਿਹਾ ਕਿ ਅੱਜ ਸਰਕਾਰੀ ਹਸਪਤਾਲਾਂ 'ਚ ਦਵਾਈਆਂ ਮੁਫਤ ਮਿਲ ਰਹੀਆਂ ਹਨ ਤੇ ਹਰ ਸਹੂਲਤ ਪ੍ਰਦਾਨ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਇਹ ਪੰਜਾਬ ਦੇ ਕ੍ਰਾਂਤੀਕਾਰੀ ਮੁੱਖ ਮੰਤਰੀ ਤੇ ਹਰਮਨ ਪਿਆਰੇ ਭਗਵੰਤ ਮਾਨ ਅਤੇ ਲੋਕ ਸਭਾ ਪਟਿਆਲਾ ਉਮੀਦਵਾਰ ਡਾਕਟਰ ਬਲਵੀਰ ਸਿੰਘ ਦੇ ਯਤਨ ਸਦਕਾ ਸਿਹਤ ਪੱਖੀ ਸਹੂਲਤਾਂ ਮਿਲ ਰਹੀਆਂ ਹਨ, ਉਪਰੋਕਤ ਸਾਰੀਆਂ ਸਹੂਲਤਾਂ ਤੋਂ ਪ੍ਰਭਾਵਿਤ ਹੋ ਕੇ ਲੋਕ ਆਪ ਵਿੱਚ ਸ਼ਾਮਲ ਹੋ ਰਹੇ ਹਨ। ਉਨ੍ਹਾਂ ਪਿੰਡ ਵਾਸੀਆਂ ਨੂੰ ਅਪੀਲ ਕੀਤੀ ਕਿ ਆਪਣਾ ਇੱਕ-ਇੱਕ ਵੋਟ ਆਮ ਆਦਮੀ ਪਾਰਟੀ ਦੇ ਉਮੀਦਵਾਰ ਨੂੰ ਪਾ ਕੇ ਕਾਮਯਾਬ ਕਰੋ। ਇਸ ਮੌਕੇ ਟਰੇਡ ਵਿੰਗ ਦੇ ਜੁਆਇੰਟ ਸਕੱਤਰ ਪੰਜਾਬ ਅਜੇ ਜਿੰਦਲ ਨੇ ਪਿੰਡ ਵਾਸੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਵਿੱਚ ਬਿਜਲੀ ਦੇ ਬਿੱਲ 0 ਆ ਰਹੇ ਹਨ, ਜੋ ਕਿ ਸਭ ਦੇ ਸਾਹਮਣੇ ਹੈ। ਉਨ੍ਹਾਂ ਕਿਹਾ ਕਿ ਸਰਕਾਰੀ ਸਕੂਲ ਪੰਜਾਬ ਦੇ ਵਿਦਿਆਰਥੀਆਂ ਲਈ ਵਰਦਾਨ ਸਾਬਿਤ ਹੋ ਰਹੇ ਹਨ। ਸੂਬਾ ਸਰਕਾਰ ਨੇ ਸਿੱਖਿਆ ਦੇ ਮਿਆਰ ਨੂੰ ਉੱਚਾ ਚੁੱਕਿਆ ਹੈ। ਉਨ੍ਹਾਂ ਹਲਕਾ ਵਾਸੀਆਂ ਨੂੰ ਬੇਨਤੀ ਕੀਤੀ ਕਿ ਝਾੜੂ ਦੇ ਬਟਨ ਨੂੰ ਦਬਾ ਕੇ ਉਮੀਦਵਾਰ ਡਾਕਟਰ ਬਲਵੀਰ ਸਿੰਘ ਨੂੰ ਵੱਡੀ ਲੀਡ ਨਾਲ ਜਿਤਾ ਕੇ ਪਾਰਲੀਮੈਂਟ ਵਿੱਚ ਭੇਜੋ ਤਾਂ ਕਿ ਲੋਕ ਸਭਾ ਪਟਿਆਲਾ ਦੇ ਰੁਕੇ ਕਾਰਜਾਂ ਨੂੰ ਪੂਰਾ ਕਰਵਾ ਸਕੀਏ। ਇਸ ਮੌਕੇ ਵੱਖ-ਵੱਖ ਪਿੰਡ ਵਾਸੀਆਂ ਨੇ ਵਿਧਾਇਕ ਦੇਵ ਮਾਨ ਨੂੰ ਵਿਸ਼ਵਾਸ ਦਿਵਾਇਆ ਕਿ ਇੱਕ ਵੋਟ ਪਾ ਕੇ ਡਾਕਟਰ ਬਲਵੀਰ ਸਿੰਘ ਨੂੰ ਵੱਡੀ ਲੀਡ ਨਾਲ ਜਿਤਾਵਾਂਗੇ ਤੇ ਉਨ੍ਹਾਂ ਨੂੰ ਲੋਕ ਸਭਾ ਵਿੱਚ ਭੇਜਾਂਗੇ।

# ਹਰਸਿਮਰਤ ਦੇ ਹੱਕ 'ਚ ਡੋਰ-ਟੂ-ਡੋਰ ਪ੍ਰਚਾਰ



**ਬਰੇਟਾ (ਰੀਤਵਾਲ)**-ਲੋਕ ਸਭਾ ਹਲਕਾ ਬਠਿੰਡਾ ਤੋਂ ਸ਼੍ਰੋਮਣੀ ਅਕਾਲੀ ਦਲ ਪਾਰਟੀ ਦੇ ਉਮੀਦਵਾਰ ਬੀਬੀ ਹਰਸਿਮਰਤ ਕੌਰ ਬਾਦਲ ਦੇ ਹੱਕ ਵਿੱਚ ਅਕਾਲੀ ਆਗੂ ਸਿਕੰਦਰ ਸਿੰਘ ਜੈਲਦਾਰ ਤੇ ਸੁਮੇਸ਼ ਬਾਲੀ ਦੀ ਅਗਵਾਈ 'ਚ ਵੱਖ ਵੱਖ ਵਾਰਡਾਂ ਵਿਚ ਅਕਾਲੀ ਆਗੂਆਂ ਤੇ ਵਰਕਰਾਂ ਵੱਲੋਂ ਡੋਰ-ਟੂ-ਡੋਰ ਪ੍ਰਚਾਰ ਦੌਰਾਨ ਘਰੋਂ ਘਰੀਂ ਜਾ ਕੇ ਲੋਕਾਂ ਨੂੰ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਹਰਸਿਮਰਤ ਕੌਰ ਬਾਦਲ ਨੂੰ ਵੋਟ ਪਾਉਣ ਦੀ ਅਪੀਲ ਕੀਤੀ ਗਈ। ਉਨ੍ਹਾਂ ਲੋਕਾਂ ਨੂੰ ਕਿਹਾ ਕਿ ਪਿਛਲੇ ਸਮੇਂ ਅਕਾਲੀ ਦਲ ਦੀ ਸਰਕਾਰ ਦੌਰਾਨ ਸੂਬੇ ਦੇ ਲੋਕਾਂ ਦੀ ਸਿੱਖਿਆ, ਸਿਹਤ, ਏਮਜ਼ ਹਸਪਤਾਲ ਬਠਿੰਡਾ, ਸੀਵਰੇਜ਼ ਸਿਸਟਮ, ਤੇ ਲਿੰਕ ਸੜਕਾਂ ਵਰਗੀਆਂ ਬੁਨਿਆਦੀ ਸਹੂਲਤਾਂ ਦੀ ਬਿਹਤਰੀ ਲਈ ਪਹਿਲ ਦੇ ਅਧਾਰ 'ਤੇ ਕੰਮ ਕੀਤੇ ਹਨ। ਆਗੂਆਂ ਨੇ ਕਿਹਾ ਕਿ ਵੋਟਰਾਂ ਵੱਲੋ ਸਾਨੂੰ ਪੂਰਾ ਵਿਸ਼ਵਾਸ ਦਿਵਾਇਆ ਜਾ ਰਿਹਾ ਹੈ ਕਿ ਸਾਡੀ ਇੱਕ ਇੱਕ ਵੋਟ ਇਸ ਵਾਰ ਸ਼੍ਰੋਮਣੀ ਅਕਾਲੀ ਦਲ ਦੇ ਹੱਕ 'ਚ ਪਵੇਗੀ। ਇਸ ਮੌਕੇ ਰਾਜ ਸਿੰਘ, ਪਰਮਿੰਦਰ ਸਿੰਘ ਕਾਕਾ, ਕਰਤਾਰ ਚੱਠਾ, ਅਜੈਬ ਬਾਗਰੂ, ਤਰਸੇਮ ਸਿੰਘ, ਕਾਲਾ ਸਿੰਘ, ਗੁਰਮੇਲ ਸਿੰਘ ਗੋਲੀ, ਜੱਸੀ ਸਿੰਘ, ਬੰਤ ਸਿੰਘ, ਕੁਲਦੀਪ ਸਿੰਘ ਤੋਂ ਇਲਾਵਾ ਵੱਡੀ ਗਿਣਤੀ 'ਚ ਵਰਕਰ ਹਾਜ਼ਰ ਸਨ।

# ਪ੍ਰਮਾਤਮਾ ਦੀ ਪ੍ਰਾਪਤੀ ਨਾਲ ਜੀਵ ਦਾ ਜਨਮ-ਮਰਨ ਦਾ ਗੇੜ ਮੁੱਕ ਜਾਂਦੈ : ਬਾਬਾ ਗੁਰਦੀਪ ਸਿੰਘ

## ਗੁਰਦੁਆਰਾ ਚੰਦ ਪੁਰਾਣਾ ਵਿਖੇ ਪੁੰਨਿਆਂ ਦਾ ਦਿਹਾੜਾ ਮਨਾਇਆ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਮਾਲਵੇ ਦੇ ਪ੍ਰਸਿੱਧ ਤੇ ਪਵਿੱਤਰ ਇਤਿਹਾਸਕ ਸਥਾਨ ਗੁਰਦੁਆਰਾ ਸ਼ਹੀਦ ਬਾਬਾ ਤੇਗਾ ਸਿੰਘ ਤਪ ਅਸਥਾਨ ਸੱਚਖੰਡ ਵਾਸੀ ਬਾਬਾ ਨਛੱਤਰ ਸਿੰਘ ਚੰਦ ਪੁਰਾਣਾ ਵਿਖੇ ਪੁੰਨਿਆਂ ਦਾ ਦਿਹਾੜਾ ਮਨਾਇਆ ਗਿਆ। ਇਸ ਮੌਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਇਲਾਹੀ ਬਾਣੀ ਦੇ ਪਾਠਾਂ ਦੇ ਭੋਗ ਪਾਏ ਗਏ।ਉਪਰੰਤ ਰੱਬੀ ਬਾਣੀ ਦਾ ਕੀਰਤਨ ਭਾਈ ਕਮਲਜੀਤ ਸਿੰਘ ਜੀ ਆਲਮਵਾਲਾ, ਭਾਈ ਸੋਹਨ ਸਿੰਘ ਦੇ ਰਾਗੀ ਜਥਿਆਂ ਨੇ ਕੀਰਤਨ ਕਰਕੇ ਨਿਹਾਲ ਕੀਤਾ।ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਚਾਰਕ ਭਾਈ ਲਖਬੀਰ ਸਿੰਘ ਨੇ ਵੀ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ ਤੇ ਉਪਰੰਤ ਪ੍ਰਸਿੱਧ ਜੱਥਾ ਭਾਈ ਇਕਬਾਲ ਸਿੰਘ ਲੰਗੇਆਨਾ ਵਾਲਿਆਂ ਨੂੰ ਵੀ ਸੰਗਤਾਂ ਨੂੰ ਗੁਰਮਤਿ ਵਿਚਾਰਾਂ ਦੀ ਸਾਂਝ ਪਾਉਂਦਿਆਂ ਇਸ ਸਥਾਨ ਦੀ ਮਹੱਤਤਾ ਬਾਰੇ ਚਾਨਣਾ ਪਾਇਆ ਅਤੇ ਕਿਹਾ ਕਿ ਜੇਕਰ ਅਸੀਂ ਕਲਯੁਗ ਦੀਆਂ ਅਲਾਮਤਾਂ ਤੋਂ ਬਚਣਾ ਹੈ ਤਾਂ ਸਾਨੂੰ ਨਾਮ ਸਿਮਰਨ ਦੇ ਨਾਲ ਜੁੜਨਾ ਪਵੇਗਾ ਤੇ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿੱਚ ਦਰਜ ਬਾਣੀ ਮੁਤਾਬਿਕ ਆਪਣਾ ਜੀਵਨ ਢਾਲਣਾ ਪਵੇਗਾ। ਉਪਰੰਤ ਆਈਆਂ ਸੰਗਤਾਂ ਦਾ ਧੰਨਵਾਦ ਕਰਦਿਆਂ ਪ੍ਰਵਚਨਾਂ ਦੌਰਾਨ ਮੁੱਖ ਸੇਵਾਦਾਰ ਸੰਤ ਬਾਬਾ ਗੁਰਦੀਪ ਸਿੰਘ ਜੀ ਚੰਦ ਪੁਰਾਣੇ ਵਾਲਿਆਂ ਨੇ ਕਿਹਾ ਕਿ ਪ੍ਰਮਾਤਮਾ ਆਪ ਹੀ ਜੋਗੀ ਹੈ, ਆਪ ਹੀ ਨਾਮ ਵਿੱਚ ਜੋੜ ਕੇ ਸਿਮਰਨ ਦਾ ਉਤਸ਼ਾਹ ਦੇ ਰਿਹਾ ਹੈ।ਸੁਖ ਵਿੱਚ ਵੀ ਉਸ ਪ੍ਰਮਾਤਮਾ ਦਾ ਸਿਮਰਨ ਕਰਨਾ ਚਾਹੀਦਾ ਹੈ ਤੇ ਦੁੱਖ ਵਿੱਚ ਵੀ ਸਿਮਰਨ ਕਰਨਾ ਚਾਹੀਦਾ ਹੈ, ਉਹ ਪ੍ਰਮਾਤਮਾ ਕਿਸੇ ਵੀ ਵੇਲੇ ਸਾਨੂੰ ਨਾ ਭੁੱਲੇ।ਉਸ ਪ੍ਰਮਾਤਮਾ ਦਾ ਨਾਮ ਜਪਦਿਆਂ ਮਨੁੱਖ ਦੇ ਮਨ ਵਿੱਚ ਕ੍ਰੋੜਾਂ ਸੂਰਜਾਂ ਦਾ ਚਾਨਣ ਹੋ ਜਾਂਦਾ ਹੈ, ਮਨ ਵਿਚੋਂ ਮਾਇਆ ਵਾਲੀ ਭਟਕਣਾ ਮੁੱਕ ਜਾਂਦੀ ਹੈ, ਆਤਮਕ ਜੀਵਨ ਵੱਲੋਂ ਬੇ-ਸਮਝੀ ਦਾ ਹਨੇਰਾ ਦੂਰ ਹੋ ਜਾਂਦਾ ਹੈ।ਹਰੇਕ ਥਾਂ ਵਿੱਚ, ਸਭਨਾਂ ਥਾਵਾਂ ਵਿੱਚ ਤੂੰ ਵੱਸ ਰਿਹਾ ਹੈਂ, ਜੋ ਕੁਝ ਦਿਸ ਰਿਹਾ ਹੈ, ਉਹ ਸਭ ਕੁਝ ਤੇਰਾ ਹੀ ਸਰੂਪ ਹੈ।ਸਾਧ ਸੰਗਤਿ ਵਿੱਚ ਰਹਿ ਕੇ ਜਿਹੜਾ ਮਨੁੱਖ ਤੈਨੂੰ ਲੱਭ ਲੈਂਦਾ ਹੈ, ਉਸ ਨੂੰ ਮੁੜ ਜਨਮ ਮਰਨ ਦਾ ਗੇੜ ਨਹੀਂ ਵਿਆਪਦਾ।

# ਪ੍ਰਿਅੰਕਾ ਦੇ ਰੋਡ ਸ਼ੋਅ ਦੌਰਾਨ ਉਮੜੀ ਅੰਤਾਂ ਦੀ ਭੀੜ



**ਸਿਰਸਾ (ਸੁਰਿੰਦਰ ਪਾਲ ਸਿੰਘ)**-ਕਾਂਗਰਸ ਦੀ ਰਾਸ਼ਟਰੀ ਜਨਰਲ ਸਕੱਤਰ ਪ੍ਰਿਅੰਕਾ ਗਾਂਧੀ ਵਾਡਰਾ ਵੱਲੋਂ ਚੋਣ ਪ੍ਰਚਾਰ ਦੇ ਆਖਰੀ ਦਿਨ ਹਰਿਆਣਾ ਦੇ ਸਿਰਸਾ ਵਿੱਚ ਕੁਮਾਰੀ ਸ਼ੈਲਜਾ ਦੇ ਹੱਕ ਵਿੱਚ ਕੱਢੇ ਜਾ ਰਹੇ ਰੋਡ ਸ਼ੋਅ ਦੌਰਾਨ ਅੰਤਾਂ ਦੀ ਉਮੜੀ ਭੀੜ ਨੂੰ ਦੇਖ ਕੇ ਪ੍ਰਿਅੰਕਾ ਸਭ ਦਾ ਹੱਥ ਜੋੜ ਕੇ ਸਵਾਗਤ ਕਰਦੇ ਨਾਜ਼ਰ ਆਏ। ਇਸ ਸੰਖੇਪ ਰੋਡ ਸ਼ੋਅ ਦੌਰਾਨ ਸਿਰਸਾ ਤੋਂ ਉਮੀਦਵਾਰ ਕੁਮਾਰੀ ਸ਼ੈਲਜਾ, ਕਿਰਨ ਚੌਧਰੀ ਤੇ ਅਮਿਤ ਸਿਹਾਗ ਸਮੇਤ ਕਾਂਗਰਸ ਦੇ ਵੱਡੇ ਆਗੂ ਉਨ੍ਹਾਂ ਨਾਲ ਮੌਜੂਦ ਰਹੇ। ਸਿਰਸਾ 'ਚ ਆਪਣੇ ਰੋਡ ਸ਼ੋਅ ਤੋਂ ਬਾਅਦ ਪ੍ਰਿਅੰਕਾ ਗਾਂਧੀ ਨੇ ਕਿਹਾ ਕਿ ਹਰਿਆਣਾ 'ਚ ਤਾਂ ਕੀ ਪੂਰੇ ਦੇਸ਼ ਵਿੱਚ ਭਾਜਪਾ ਖਿਲਾਫ ਲਹਿਰ ਚੱਲ ਰਹੀ ਹੈ।ਦੇਸ਼ ਵਿੱਚ ਫਿਰਕਾਪ੍ਰਸਤੀ, ਬੇ-ਰੋਜ਼ਗਾਰੀ, ਮਹਿੰਗਾਈ ਤੇ ਭ੍ਰਿਸ਼ਟਾਚਾਰ ਦਾ ਬੋਲਬਾਲਾ ਹੈ। ਪੂਰੇ ਦੇਸ਼ ਦੇ ਲੋਕ ਭਾਜਪਾ ਦੀ ਫਿਰਕਾਪ੍ਰਸਤ ਰਾਜਨੀਤੀ ਤੋਂ ਅੱਕ ਥੱਕ ਚੁੱਕੇ ਹਨ। ਪ੍ਰਿਅੰਕਾ ਨੇ ਕਿਹਾ ਕਿ ਇਹ ਲੋਕ ਰਾਜ ਸੱਤਾ ਹਥਿਆਉਣ ਲਈ ਕੁਝ ਵੀ ਕਰ ਸਕਦੇ ਹਨ।ਉਨ੍ਹਾ ਕਿਹਾ ਕਿ ਦੇਸ਼ ਵਿੱਚ ਰਾਜਨੀਤਕ ਬਦਲਾਓ ਜ਼ਰੂਰੀ ਹੈ।ਆਪਣੇ ਸਨਮਾਨ ਹਿੱਤ ਉਮੜੀ ਭੀੜ ਨੂੰ ਦੇਖ ਕੇ ਪ੍ਰਿਅੰਕਾ ਵਾਡਰਾ ਬਹੁਤ ਖੁਸ਼ ਨਜ਼ਰ ਆ ਰਹੇ ਸਨ। ਪ੍ਰਿਅੰਕਾ ਗਾਂਧੀ ਦਾ ਰੋਡ ਸ਼ੋਅ ਅਨਾਜ ਮੰਡੀ ਤੋਂ ਸ਼ੁਰੂ ਹੋ ਕੇ ਜਨਤਾ ਭਵਨ, ਜਗਦੇਵ ਚੌਕ, ਸੁਭਾਸ਼ ਚੌਕ, ਭਗਤ ਸਿੰਘ ਚੌਕ, ਪਰਸ਼ੂਰਾਮ ਚੌਕ, ਅੰਬੇਡਕਰ ਚੌਕ ਤੱਕ ਚੱਲਿਆ।

# ਮੌਜੂਦਾ ਚੋਣ ਪਰਿਵਰਤਨਸ਼ੀਲ ਤਬਦੀਲੀ ਦਾ ਮੌਕਾ : ਪਾਇਲਟ



**ਲੁਧਿਆਣਾ (ਪੱਤਰ ਪ੍ਰੇਰਕ)**

ਲੁਧਿਆਣਾ ਪੂਰਬੀ ਵਿੱਚ ਕਾਂਗਰਸ ਦੇ ਲੋਕ ਸਭਾ ਉਮੀਦਵਾਰ ਰਾਜਾ ਵੜਿੰਗ ਦੇ ਸਮਰਥਨ ਵਿੱਚ ਕੀਤੇ ਇਕੱਠ ਨੂੰ ਲੋਕਾਂ ਦਾ ਭਾਰੀ ਸਮਰਥਨ ਦੇਖਣ ਨੂੰ ਮਿਲਿਆ। ਇਸ ਮੌਕੇ ਸੰਬੋਧਨ ਕਰਦਿਆਂ ਰਾਜਾ ਵੜਿੰਗ ਨੇ ਗਿੱਦੜਬਾਹਾ ਵਾਸੀਆਂ ਵੱਲੋਂ ਉਨ੍ਹਾਂ ਨੂੰ ਮਿਲੇ ਅਥਾਹ ਪਿਆਰ ਨੂੰ ਯਾਦ ਕੀਤਾ, ਜਿਨ੍ਹਾਂ ਨੇ ਉਨ੍ਹਾਂ ਨੂੰ ਲਗਾਤਾਰ ਤਿੰਨ ਵਾਰ ਵਿਧਾਇਕ ਚੁਣਿਆ ਸੀ। ਉਨ੍ਹਾਂ ਲੁਧਿਆਣਾ ਵਾਸੀਆਂ ਦਾ ਉਨੇ ਹੀ ਨਿੱਘ ਨਾਲ ਗਲੇ ਲਗਾਉਣ ਤੇ ਸ਼ਹਿਰ ਦੇ ਉੱਜਵਲ ਭਵਿੱਖ ਲਈ ਉਨ੍ਹਾਂ ਦਾ ਸਾਥ ਦੇਣ ਲਈ ਤਹਿ ਦਿਲੋਂ ਧੰਨਵਾਦ ਕੀਤਾ।

ਰੈਲੀ ਵਿੱਚ ਹਿੱਸਾ ਲੈਂਦਿਆਂ ਆਲ ਇੰਡੀਆ ਕਾਂਗਰਸ ਕਮੇਟੀ ਦੇ ਜਨਰਲ ਸਕੱਤਰ ਤੇ ਰਾਜਸਥਾਨ ਦੇ ਸਾਬਕਾ ਉਪ ਮੁੱਖ ਮੰਤਰੀ ਸਚਿਨ ਪਾਇਲਟ ਨੇ ਲੁਧਿਆਣਾ ਦੇ ਨਾਗਰਿਕਾਂ ਨੂੰ ਅਪੀਲ ਕੀਤੀ ਕਿ ਉਹ ਸੰਸਦ ਵਿੱਚ ਉਨ੍ਹਾਂ ਦੀਆਂ ਇੱਛਾਵਾਂ ਦੀ ਪ੍ਰਤੀਨਿਧਤਾ ਕਰਨ ਦੀ ਜ਼ਿੰਮੇਵਾਰੀ ਰਾਜਾ ਵੜਿੰਗ ਨੂੰ ਸੌਂਪਣ। ਆਗਾਮੀ ਚੋਣਾਂ ਦੀ ਮਹੱਤਤਾ 'ਤੇ ਜ਼ੋਰ ਦਿੰਦੇ ਹੋਏ ਪਾਇਲਟ ਨੇ ਮਹਿੰਗਾਈ, ਬੇਰੁਜ਼ਗਾਰੀ ਤੇ ਭ੍ਰਿਸ਼ਟਾਚਾਰ ਦੇ ਮੁੱਦਿਆਂ ਦਾ ਹਵਾਲਾ ਦਿੱਤਾ ਤੇ ਮੌਜੂਦਾ ਸਰਕਾਰ ਨੂੰ ਇਸ ਦੇ ਦਹਾਕੇ ਲੰਬੇ ਕਾਰਜਕਾਲ ਲਈ ਜਵਾਬਦੇਹ ਬਣਾਉਣ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ।

ਆਮ ਨਾਗਰਿਕਾਂ ਨੂੰ ਦਰਪੇਸ਼ ਚੁਣੌਤੀਆਂ ਨਾਲ ਨਜਿੱਠਣ ਲਈ ਕਾਂਗਰਸ ਦੀ ਵਚਨਬੱਧਤਾ ਦਾ ਜ਼ਿਕਰ ਕਰਦੇ ਹੋਏ ਪਾਇਲਟ ਨੇ ਕਿਹਾ, "ਸਾਡੇ ਚੋਣ ਮਨੋਰਥ ਪੱਤਰ ਵਿੱਚ, ਅਸੀਂ ਮਹਿੰਗਾਈ ਦੇ ਬੋਝ ਨਾਲ ਨਜਿੱਠਣ ਲਈ ਲੋੜਵੰਦ ਪਰਿਵਾਰਾਂ ਨੂੰ 1,00,000 ਰੁਪਏ ਸਾਲਾਨਾ ਪ੍ਰਦਾਨ ਕਰਨ ਦਾ ਵਾਅਦਾ ਕੀਤਾ ਹੈ।" ਭਾਜਪਾ ਦੀ ਚੋਣ ਮੁਹਿੰਮ ਦੀ ਆਲੋਚਨਾ ਕਰਦੇ ਤੇ ਜਨਤਾ ਨੂੰ ਪ੍ਰਭਾਵਿਤ ਕਰਨ ਵਾਲੇ ਮਹੱਤਵਪੂਰਨ ਮੁੱਦਿਆਂ ਤੋਂ ਧਿਆਨ ਹਟਾਉਣ ਦੀ ਰਣਨੀਤੀ ਨੂੰ ਉਜਾਗਰ ਕਰਦੇ ਹੋਏ ਉਨ੍ਹਾਂ ਕਿਹਾ, "ਭਾਜਪਾ ਸਾਰੇ ਪਲੇਟਫਾਰਮਾਂ 'ਤੇ ਖਾਲੀ ਵਾਅਦੇ ਕਰ ਰਹੀ ਹੈ। ਹਾਲਾਂਕਿ, ਜਦੋਂ ਉਸ ਨੂੰ ਘਟਨਾਕ੍ਰਮ ਬਾਰੇ ਪੁੱਛਿਆ ਜਾਂਦਾ ਹੈ, ਤਾਂ ਉਹ ਹਿੰਦੂ-ਮੁਸਲਮ ਸਬੰਧਾਂ, ਮੰਦਰ-ਮਸਜਿਦ ਮੁੱਦੇ, ਮੰਗਲਸੂਤਰ ਤੇ ਭਾਰਤ-ਪਾਕਿਸਤਾਨ ਮਾਮਲਿਆਂ ਵਰਗੇ ਵਿਸ਼ਿਆਂ 'ਤੇ ਗੱਲਬਾਤ ਨੂੰ ਬਦਲ ਦਿੰਦਾ ਹੈ। ਉਹ ਸੜਕਾਂ, ਬਿਜਲੀ, ਨੌਜਵਾਨ, ਵਪਾਰ, ਮਹਿੰਗਾਈ, ਰੁਜ਼ਗਾਰ ਤੇ ਨਿਵੇਸ਼ ਵਰਗੇ ਅਹਿਮ ਮੁੱਦਿਆਂ 'ਤੇ ਚਰਚਾ ਕਰਨ ਤੋਂ ਬਚਦੇ ਹਨ। ਇਸੇ ਸਿਲਸਿਲੇ ਵਿੱਚ 2014 'ਚ ਕਾਂਗਰਸ ਸਰਕਾਰ ਨੂੰ ਨਿਸ਼ਾਨਾ ਬਣਾਉਂਦੇ ਹੋਏ 'ਮਹਿੰਗਾਈ ਡੈਣ ਮਾਰ ਗਈ ਹੈ' ਦੇ ਨਾਅਰੇ ਦੇ ਬਾਵਜੂਦ ਭਾਜਪਾ ਦੇ ਇੱਕ ਵੀ ਆਗੂ ਨੇ ਸੱਤਾ ਵਿੱਚ ਆਉਣ 'ਤੇ ਮਹਿੰਗਾਈ ਘਟਾਉਣ ਲਈ ਵਚਨਬੱਧਤਾ ਨਹੀਂ ਦਿਖਾਈ।"

ਲੁਧਿਆਣਾ ਦੇ ਹਿੱਤਾਂ ਦੇ ਕੱਟੜ ਸਮਰਥਕ ਰਾਜਾ ਵੜਿੰਗ ਲਈ ਆਪਣਾ ਸਮਰਥਨ ਜ਼ਾਹਰ ਕਰਦਿਆਂ ਪਾਇਲਟ ਨੇ ਕਿਹਾ, "ਇਹ ਚੋਣ ਪਰਿਵਰਤਨਸ਼ੀਲ ਤਬਦੀਲੀ ਦਾ ਮੌਕਾ ਹੈ।"

ਇਸ ਦੌਰਾਨ ਰਾਜਾ ਵੜਿੰਗ ਦੀ ਜਿੱਤ 'ਤੇ ਭਰੋਸਾ ਪ੍ਰਗਟ ਕਰਦੇ ਹੋਏ ਪਾਇਲਟ ਨੇ ਲੋਕਤਾਂਤਰਿਕ ਢਾਂਚੇ ਵਿੱਚ ਵਿਰੋਧੀ ਧਿਰ ਦੀ ਅਹਿਮ ਭੂਮਿਕਾ 'ਤੇ ਜ਼ੋਰ ਦਿੱਤਾ ਅਤੇ ਭਾਜਪਾ ਖਿਲਾਫ ਭਾਰਤ ਗੱਠਜੋੜ ਦੇ ਵਿਆਪਕ ਉਦੇਸ਼ ਦਾ ਜ਼ਿਕਰ ਕੀਤਾ। ਉਨ੍ਹਾਂ ਦੇਸ਼ ਦੇ ਲੋਕਤੰਤਰੀ ਮਰਿਆਦਾ ਦੀ ਰਾਖੀ ਲਈ ਸਾਰੇ ਵਰਗਾਂ ਦੇ ਨਾਗਰਿਕਾਂ ਨੂੰ ਕਾਂਗਰਸ ਦੇ ਪਿੱਛੇ ਇਕਜੁੱਟ ਹੋਣ ਦੀ ਅਪੀਲ ਕੀਤੀ।

# ਪੈਨਸ਼ਨਰਾਂ ਤੇ ਮੁਲਾਜ਼ਮਾਂ ਵੱਲੋਂ ਮੰਗਾਂ ਨੂੰ ਲੈ ਕੇ ਰੋਸ ਮਾਰਚ



**ਸਮਰਾਲਾ (ਸੁਰਜੀਤ ਸਿੰਘ)**-ਇਥੇ ਕਹਿਰ ਦੀ ਗਰਮੀ ਵਿੱਚ ਪਾਵਰਕਾਮ ਤੇ ਪੰਜਾਬ ਸਰਕਾਰ ਦੇ ਵੱਖ ਵੱਖ ਵਿਭਾਗਾਂ ਦੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਕਰੀਬ 15 ਜਥੇਬੰਦੀਆਂ ਨੇ ਲਮਕਾਅ ਅਵਸਥਾ ਵਿੱਚ ਪਈਆਂ ਮੰਗਾਂ ਨੂੰ ਲੈ ਕੇ ਪਹਿਲਾਂ ਪੁਰਾਣੀ ਮੰਡੀ ਵਿੱਚ ਵਿਸ਼ਾਲ ਰੈਲੀ ਕੀਤੀ ਅਤੇ ਫੇਰ ਸੈਂਕੜੇ ਕਰਮਚਾਰੀਆਂ ਨੇ ਸ਼ਹਿਰ ਵਿੱਚ ਭਾਰੀ ਰੋਸ ਮਾਰਚ ਕੱਢਿਆ, ਜੋ ਐੱਸ ਡੀ ਐੱਮ ਨੂੰ ਮੰਗ ਪੱਤਰ ਦੇਣ ਉਪਰੰਤ ਸਮਾਪਤ ਹੋਇਆ।ਇਹ ਰੋਸ ਮੁਜ਼ਾਹਰਾ ਪੈਨਸ਼ਨਰ ਐਸੋਸੀਏਸ਼ਨ ਪਾਵਰਕਾਮ ਮੰਡਲ ਸਮਰਾਲਾ ਦੀ ਪਹਿਲਕਦਮੀ 'ਤੇ ਵੱਖ ਵੱਖ ਪੈਨਸ਼ਨਰ, ਮੁਲਾਜ਼ਮ ਤੇ ਠੇਕਾ ਕਾਮਿਆਂ ਦੀਆਂ ਜਥੇਬੰਦੀਆਂ ਵੱਲੋਂ ਆਪਣੀਆਂ ਮੰਗਾਂ ਨੂੰ ਲੈ ਕੇ ਕੀਤਾ ਗਿਆ, ਜਿਸ ਦੀ ਪ੍ਰਧਾਨਗੀ ਪੈਨਸ਼ਨਰ ਐਸੋਸੀਏਸ਼ਨ ਮੰਡਲ ਸਮਰਾਲਾ ਦੇ ਪ੍ਰਧਾਨ ਸਿਕੰਦਰ ਸਿੰਘ ਨੇ ਕੀਤੀ।ਉਨ੍ਹਾਂ ਭਗਵੰਤ ਮਾਨ ਦੀ ਸਰਕਾਰ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਸਰਕਾਰਾਂ ਤਾਂ ਆਉਂਦੀਆਂ ਜਾਂਦੀਆਂ ਰਹਿੰਦੀਆਂ ਹਨ, ਪਰ ਮਾਨ ਸਰਕਾਰ ਨੇ ਸਰਕਾਰੀ ਕਰਮਚਾਰੀਆਂ ਨਾਲ ਵੱਡਾ ਧੋਖਾ ਕੀਤਾ ਹੈ।ਸਿਕੰਦਰ ਸਿੰਘ ਨੇ ਕਿਹਾ ਕਿ ਲੋਕਾਂ ਦਾ ਰੋਹ ਜਦ ਬਾਦਲਕਿਆਂ ਵਰਗਿਆਂ ਨੂੰ ਕੱਖਾਂ ਵਿੱਚ ਰੋਲ ਸਕਦਾ ਹੈ ਤਾਂ ਆਮ ਆਦਮੀ ਪਾਰਟੀ ਦੀ ਸਰਕਾਰ ਤਾਂ ਚੀਜ਼ ਹੀ ਕੀ ਹੈ? ਉਨ੍ਹਾਂ ਇਕੱਤਰ ਹੋਏ ਲੋਕਾਂ ਨੂੰ ਅਪੀਲ ਕੀਤੀ ਕਿ ਹੁਣ ਮੁਲਾਜ਼ਮਾਂ ਨਾਲ ਧੋਖਾ ਕਰਨ ਵਾਲੀਆਂ ਸਿਆਸੀ ਪਾਰਟੀਆਂ ਨੂੰ ਸਬਕ ਸਿਖਾਉਣ ਦਾ ਮੌਕਾ ਹੈ, ਲਿਹਾਜ਼ਾ ਇਹ ਮੌਕਾ ਹੱਥੋਂ ਨਾ ਜਾਣ ਦਿੱਤਾ ਜਾਵੇ।ਇਸ ਰੋਸ ਪ੍ਰਦਰਸ਼ਨ ਨੂੰ ਸੰਬੋਧਨ ਕਰਦਿਆਂ ਮੁਲਾਜ਼ਮ ਆਗੂਆਂ ਨੇ ਕਿਹਾ ਕਿ ਮੌਜੂਦਾ ਵੋਟਾਂ ਦੇ ਰਾਮ ਰੌਲੇ ਵਿੱਚ ਕਿਸੇ ਵੀ ਸਿਆਸੀ ਪਾਰਟੀ ਦੇ ਏਜੰਡੇ 'ਤੇ ਮੁਲਾਜ਼ਮਾਂ ਦੀਆਂ ਮੰਗਾਂ ਮਸਲੇ ਨਹੀਂ ਹਨ, ਜਿਸ ਕਾਰਨ ਪੈਨਸ਼ਨਰ ਤੇ ਮੁਲਾਜ਼ਮ ਵਰਗ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ।ਆਗੂਆਂ ਨੇ ਸਾਥੀਆਂ ਨੂੰ ਅਪੀਲ ਕੀਤੀ ਕਿ ਸਰਕਾਰਾਂ 'ਤੇ ਝਾਕ ਛੱਡ ਕੇ ਸਾਂਝੇ ਸੰਘਰਸ਼ਾਂ ਦਾ ਪਿੜ ਮੱਲੋ ਤੇ ਵਿਸ਼ਾਲ ਏਕਾ ਉਸਾਰੋ।ਇਸ ਰੋਸ ਪ੍ਰਦਰਸ਼ਨ ਨੂੰ ਪੈਨਸ਼ਨਰ ਐਸੋਸੀਏਸ਼ਨ ਵੱਲੋਂ ਭਰਪੂਰ ਸਿੰਘ ਸਰਕਲ ਪ੍ਰਧਾਨ ਰੋਪੜ, ਇੰਜ ਪ੍ਰੇਮ ਸਿੰਘ ਸੀਨੀਅਰ ਮੀਤ ਪ੍ਰਧਾਨ, ਡੈਮੋਕ੍ਰੇਟਿਕ ਟੀਚਰ ਫਰੰਟ ਵੱਲੋਂ ਦਲਜੀਤ ਸਿੰਘ ਜ਼ਿਲ੍ਹਾ ਪ੍ਰਧਾਨ, ਪੈਨਸ਼ਨ ਮਹਾਂ ਸੰਘ ਮਾਛੀਵਾੜਾ ਸਾਹਿਬ ਦੇ ਪ੍ਰਧਾਨ ਰਾਮ ਸਿੰਘ ਕਾਲੜਾ, ਪੈਨਸ਼ਨ ਮਹਾਂ ਸੰਘ ਸਮਰਾਲਾ ਦੇ ਆਗੂ ਕੁਲਵੰਤ ਸਿੰਘ ਤਰਕ, ਪੈਨਸ਼ਨ ਕਲਿਆਣ ਸੰਗਠਨ ਸਮਰਾਲਾ ਦੇ ਪ੍ਰਧਾਨ ਮੇਘ ਸਿੰਘ ਜਵੰਦਾ, ਡੈਮੋਕ੍ਰੇਟਿਕ ਟੀਚਰ ਫਰੰਟ ਦੇ ਜ਼ਿਲ੍ਹਾ ਸਕੱਤਰ ਰੁਪਿੰਦਰਪਾਲ ਸਿੰਘ ਗਿੱਲ, ਭੀਮ ਅੰਬੇਡਕਰ ਮਿਸ਼ਨ ਦੇ ਮੀਤ ਪ੍ਰਧਾਨ ਰਘਬੀਰ ਸਿੰਘ ਐੱਸ ਡੀ ਓ, ਟੈਕਨੀਕਲ ਸਰਵਿਸਜ਼ ਯੂਨੀਅਨ ਵੱਲੋਂ ਸੰਗਤ ਸਿੰਘ ਸੇਖੋਂ ਮੰਡਲ ਪ੍ਰਧਾਨ ਸਮਰਾਲਾ ਤੇ ਡੈਮੋਕ੍ਰੇਟਿਕ ਠੇਕਾ ਮੁਲਾਜ਼ਮ ਜੰਗਲਾਤ ਮਹਿਕਮੇ ਵੱਲੋਂ ਹਰਜੀਤ ਕੌਰ ਨੇ ਸੰਬੋਧਨ ਕੀਤਾ।ਸਟੇਜ ਦੀ ਜ਼ਿੰਮੇਵਾਰੀ ਇੰਜ. ਜੁਗਲ ਕਿਸ਼ੋਰ ਸਹਾਇਕ ਸਕੱਤਰ ਪੈਨਸ਼ਨਰ ਐਸੋਸੀਏਸ਼ਨ ਮੰਡਲ ਸਮਰਾਲਾ ਨੇ ਬਾਖੂਬੀ ਨਿਭਾਈ।

# ਮਗਨਰੇਗਾ ਕਰਮਚਾਰੀਆਂ ਦੀ ਕਲਮਛੋੜ ਹੜਤਾਲ ਤੇ ਧਰਨਾ ਤੀਜੇ ਦਿਨ 'ਚ ਦਾਖ਼ਲ




**ਜਲਾਲਾਬਾਦ (ਜੀਤ ਕੁਮਾਰ)**-ਡਿਪਟੀ ਕਮਿਸ਼ਨਰ ਵੱਲੋਂ ਬਿਨਾਂ ਪੱਖ ਸੁਣੇ ਜੀ.ਆਰ.ਐਸ. ਬਗੀਚਾ ਸਿੰਘ ਨੂੰ ਮੁਅੱਤਲ ਕਰਨ ਦੇ ਦੋਸ਼ ਲਾਉਂਦੇ ਹੋਏ ਮਨਰੇਗਾ ਕ੍ਰਮਚਾਰੀ ਯੂਨੀਅਨ ਵੱਲੋਂ ਉਕਤ ਜੀਆਰਐਸ ਨੂੰ ਬਹਾਲ ਕਰਨ ਦੀ ਮੰਗ ਲਈ ਸ਼ੁਰੂ ਕੀਤੀ ਗਈ ਹੜਤਾਲ ਤੇ ਧਰਨਾ ਲਗਾਤਾਰ ਜਾਰੀ ਹੈ, ਜੋ ਤੀਜੇ ਦਿਨ ਵਿਚ ਦਾਖਲ ਹੋ ਗਿਆ ਹੈ। ਇਸ ਕਲਮਛੋੜ ਹੜਤਾਲ ਦੌਰਾਨ ਜ਼ਿਲ੍ਹਾ ਫ਼ਾਜ਼ਿਲਕਾ ਦੇ ਵੱਖ-ਵੱਖ ਬਲਾਕਾਂ ਵਿਚ ਨਰੇਗਾ ਕ੍ਰਮਚਾਰੀਆਂ ਨੂੰ ਧਰਨੇ ਦਿੱਤੇ ਜਾ ਰਹੇ ਹਨ। ਇਸੇ ਤਰ੍ਹਾਂ ਬੀ.ਡੀ.ਪੀ.ਓ. ਦਫਤਰ ਅੱਗੇ ਨਰੇਗਾ ਕ੍ਰਮਚਾਰੀਆਂ ਵੱਲੋਂ ਧਰਨਾ ਦਿੱਤਾ ਗਿਆ।

ਯੂਨੀਅਨ ਦੇ ਸੂਬਾ ਜਨਰਲ ਸਕੱਤਰ ਅਮ੍ਰਿਤਪਾਲ ਸਿੰਘ ਤੇ ਬਲਾਕ ਜਲਾਲਾਬਾਦ ਦੇ ਪ੍ਰਧਾਨ ਬਲਦੇਵ ਸਿੰਘ ਨੇ ਦੱਸਿਆ ਕਿ ਡਿਪਟੀ ਕਮਿਸ਼ਨਰ ਦੇ ਦਫ਼ਤਰ ਵੱਲੋਂ 20 ਮਈ ਨੂੰ ਬਗੀਚਾ ਸਿੰਘ ਜੀ.ਆਰ.ਐਸ. ਮਗਨਰੇਗਾ, ਬਲਾਕ ਜਲਾਲਾਬਾਦ ਨੂੰ ਨੌਕਰੀ ਤੋਂ ਮੁਅੱਤਲ ਕੀਤਾ ਗਿਆ ਹੈ, ਜੋ ਕਿ ਸਿੱਧੇ ਤੌਰ 'ਤੇ ਮਗਨਰੇਗਾ ਮੁਲਾਜ਼ਮਾਂ ਨਾਲ ਧੱਕੇਸ਼ਾਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੇ ਪਹਿਲਾਂ ਜਾਰੀ ਪੱਤਰਾਂ ਨੂੰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਅਣਦੇਖਾ ਕਰਕੇ ਬਿਨਾਂ ਕੋਈ ਪੱਖ ਸੁਣੇ ਮਗਨਰੇਗਾ ਕਰਮਚਾਰੀਆਂ 'ਤੇ ਕਾਰਵਾਈ ਕੀਤੀ ਜਾ ਰਹੀ ਹੈ, ਜਦੋਂਕਿ ਪੰਜਾਬ ਸਰਕਾਰ ਵੱਲੋਂ ਪੱਤਰ 'ਚ ਸਾਫ ਲਿਖਿਆ ਕਿ ਕਿਸੇ ਵੀ ਨਰੇਗਾ ਮੁਲਾਜ਼ਮ ਨੂੰ ਨੌਕਰੀ ਤੋਂ ਮੁਅੱਤਲ ਕਰਨ ਤੋ ਪਹਿਲਾਂ ਹੈੱਡਕੁਆਰਟਰ ਤੋਂ ਪ੍ਰਵਾਨਗੀ ਲੈਣੀ ਜ਼ਰੂਰੀ ਹੈ, ਪਰ ਜ਼ਿਲ੍ਹੇ ਦੇ ਪ੍ਰਸਾਸਨ ਵੱਲੋਂ ਦਬਾਅ ਵਿੱਚ ਆ ਕੇ ਨਰੇਗਾ ਮੁਲਾਜ਼ਮਾਂ 'ਤੇ ਕਾਰਵਾਈ ਕੀਤੀ ਜਾ ਹੈ, ਜਿਸਦੀ ਯੂਨੀਅਨ ਪੁਰਜ਼ੋਰ ਸ਼ਬਦਾਂ ਵਿਚ ਨਿਖੇਧੀ ਕਰਦੀ ਹੈ। ਉਨ੍ਹਾਂ ਅੱਗੇ ਕਿਹਾ ਕਿ ਬਲਾਕ ਜਲਾਲਾਬਾਦ ਵਿਖੇ ਪਹਿਲਾ ਤੋਂ ਕੁਝ ਲੋਕਾਂ ਵੱਲੋਂ ਮਗਨਰੇਗਾ ਮੁਲਾਜ਼ਮਾਂ ਨੂੰ 6 ਮਈ 2024 ਮੁਲਾਜ਼ਮਾਂ ਨੂੰ ਦਫਤਰ 'ਚ ਘੇਰਿਆ ਗਿਆ ਤੇ ਉਨ੍ਹਾਂ ਨੂੰ ਕਮਰੇ ਵਿੱਚ ਬੰਦੀ ਬਣਾਉਣ ਦੀ ਵੀ ਕੋਸ਼ਿਸ ਕੀਤੀ ਗਈ ਹੈ ਅਤੇ ਡਿਊਟੀ ਸਮੇਂ ਲੇਡੀਜ ਮੁਲਾਜ਼ਮਾਂ ਦੇ ਗਲ ਵੀ ਪਏ ਤੇ ਸਰਕਾਰੀ ਕੰਮ ਵਿੱਚ ਵੀ ਵਿਘਨ ਪਾਇਆ ਗਿਆ। ਇਸਦੇ ਰੋਸ ਵਜੋਂ ਸਮੂਹ ਮਗਨਰੇਗਾ ਮੁਲਾਜ਼ਮਾਂ ਵੱਲੋਂ ਕਲਮਛੋੜ ਹੜਤਾਲ ਕਰਕੇ ਬਲਾਕ ਪੱਧਰ 'ਤੇ ਧਰਨਾ ਸ਼ੁਰੂ ਕਰ ਦਿੱਤਾ ਗਿਆ। ਆਗੂਆਂ ਨੇ ਕਿਹਿ ਕਿ ਦੋਸ਼ੀ ਸਰੇਆਮ ਘੁੰਮ ਰਹੇ ਹਨ ਪਰ ਪ੍ਰਸਾਸਨ ਕੁੰਭ ਕਰਨ ਦੀ ਨੀਂਦ ਸੋ ਰਿਹਾ ਹੈ ਅਤੇ ਕਾਰਵਾਈ ਨਹੀਂ ਕਰ ਰਿਹਾ ਹੈ।

ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਇਹ ਸੰਘਰਸ ਹੋਰ ਵੀ ਤੇਜ ਕੀਤਾ ਜਾਵੇਗਾ, ਜਿਸਦੀ ਸ਼ੁਰੂਆਤ ਬਲਾਕ ਜਲਾਲਾਬਾਦ ਦੇ ਬਜਾਰਾਂ ਵਿੱਚੋ ਮਾਰਚ ਕਰਕੇ ਧੱਕੇਸ਼ਾਹੀ ਦੇ ਖਿਲਾਫ ਰੋਸ ਜਾਹਿਰ ਕੀਤਾ ਜਾਵੇਗਾ। ਉਨ੍ਹਾਂ ਮੰਗ ਕੀਤੀ ਕਿ ਮੁਅੱਤਲ ਕੀਤੇ ਗਏ ਜੀ.ਆਰ.ਐਸ. ਬੰਗੀਚਾ ਸਿੰਘ ਨੂੰ ਤੁਰੰਤ ਬਹਾਲ ਕੀਤਾ ਜਾਵੇ। ਨਰੇਗਾ ਮੁਲਾਜ਼ਮਾਂ ਨੂੰ ਬੰਦੀ ਬਣਾ ਕੇ ਤੇ ਲੇਡੀ ਸਟਾਫ ਨਾਲ ਗਲ਼ ਪੈਣ ਵਾਲੇ ਵਿਅਕਤੀਆਂ ਦੇ ਖਿਲਾਫ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇ, ਨਹੀਂ ਤਾਂ ਇਹ ਸੰਘਰਸ਼ ਜਾਰੀ ਰੱਖਿਆ ਜਾਵੇਗਾ।

# ਡੀ ਟੀ ਐੱਫ ਵੱਲੋਂ ਅਧਿਆਪਕਾਂ ਦੀਆਂ ਮੰਗਾਂ ਸੰਬੰਧੀ ਰੈਲੀ

## ਡੀ ਸੀ ਨੂੰ ਮੁੱਖ ਮੰਤਰੀ ਦੇ ਨਾਂਅ ਸੌਂਪਿਆ ਮੰਗ ਪੱਤਰ



**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)**

ਡੈਮੋਕ੍ਰੇਟਿਕ ਟੀਚਰਜ਼ ਫਰੰਟ ਪੰਜਾਬ ਜ਼ਿਲ੍ਹਾ ਸੰਗਰੂਰ ਵੱਲੋਂ ਅੱਜ ਅਧਿਆਪਕਾਂ ਦੀਆਂ ਮੰਗਾਂ ਸਬੰਧੀ ਰੈਲੀ ਕੀਤੀ ਗਈ।ਰੈਲੀ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਪ੍ਰਧਾਨ ਦਾਤਾ ਸਿੰਘ ਨਮੋਲ, ਜ਼ਿਲ੍ਹਾ ਸਕੱਤਰ ਹਰਭਗਵਾਨ ਗੁਰਨੇ, ਸੂਬਾ ਜਨਰਲ ਸਕੱਤਰ ਬਲਬੀਰ ਲੌਂਗੋਵਾਲ, ਸਾਬਕਾ ਆਗੂ ਵਿਸ਼ਵ ਕਾਂਤ, ਰਘਵਿੰਦਰ ਸ਼ੇਰਪੁਰ ਅਤੇ ਬਲਾਕਾਂ ਦੇ ਆਗੂਆਂ ਜਗਦੇਵ ਕੁਮਾਰ, ਸੁਖਪਾਲ ਧੂਰੀ, ਮਹਿੰਦਰ ਪ੍ਰਤਾਪ, ਰਾਜਵੀਰ ਨਾਗਰਾ, ਪਵਨ ਕੁਮਾਰ, ਸੁਖਜਿੰਦਰ ਸੰਗਰੂਰ, ਕੁਲਵਿੰਦਰ ਸਿੰਘ, ਸਤਵੀਰ ਭੁਪਾਲ ਤੇ ਜਸਬੀਰ ਨਮੋਲ ਨੇ ਕਿਹਾ ਕਿ ਮੁਲਾਜ਼ਮਾਂ ਦੇ ਮੰਗਾਂ ਮਸਲੇ ਪਿਛਲੀ ਕਾਂਗਰਸ ਸਰਕਾਰ ਦੇ ਸਮੇਂ ਤੋਂ ਲਟਕ ਰਹੇ ਹਨ।ਮੁਲਾਜ਼ਮਾਂ ਨੇ ਕਾਂਗਰਸ ਸਰਕਾਰ ਪ੍ਰਤੀ ਆਪਣੀ ਨਰਾਜ਼ਗੀ ਉਸ ਨੂੰ ਸੱਤਾ ਵਿੱਚੋਂ ਬਾਹਰ ਕਰਕੇ ਜ਼ਾਹਰ ਕੀਤੀ ਸੀ, ਪ੍ਰੰਤੂ ਮੁਲਾਜ਼ਮਾਂ ਦੀਆਂ ਆਸਾਂ ਦੇ ਉਲਟ ਮੌਜੂਦਾ 'ਆਪ' ਸਰਕਾਰ ਵੀ ਨਿਰੰਤਰ ਦੋ ਸਾਲਾਂ ਤੋਂ ਮੁਲਾਜ਼ਮ ਮੰਗਾਂ ਨੂੰ ਅਣਗੌਲਿਆ ਕਰ ਰਹੀ ਹੈ।ਮੁੱਖ ਮੰਤਰੀ ਦੇ ਸ਼ਹਿਰ ਸੰਗਰੂਰ ਵਿਖੇ ਲਗਭਗ ਇੱਕ ਸਾਲ ਤੋਂ ਮੁਲਾਜ਼ਮ ਧਰਨੇ, ਰੈਲੀਆਂ, ਮੁਜ਼ਾਹਰੇ ਆਦਿ ਰਾਹੀਂ ਲਗਾਤਾਰ ਆਪਣੀਆਂ ਮੰਗਾਂ ਮਨਵਾਉਣ ਲਈ ਸੰਘਰਸ਼ ਕਰ ਰਹੇ ਹਨ, ਪ੍ਰੰਤੂ ਸਰਕਾਰ ਦੇ ਕੰਨਾਂ 'ਤੇ ਜੂੰਅ ਵੀ ਨਹੀਂ ਸਰਕੀ ਹੈ ਤੇ ਮੁਲਾਜ਼ਮਾਂ ਨੂੰ ਪੁਲਸ ਦੇ ਧੱਕੇ ਹੀ ਨਸੀਬ ਹੋਏ ਹਨ।ਵੋਟਾਂ ਦੇ ਰਾਜ ਰੌਲੇ ਵਿੱਚ ਮੁਲਾਜ਼ਮਾਂ ਦੀਆਂ ਮੰਗਾਂ ਕਿਸੇ ਪਾਰਟੀ ਦੇ ਏਜੰਡੇ 'ਤੇ ਨਹੀਂ ਹਨ।ਅਜਿਹੇ ਵਿੱਚ ਜਥੇਬੰਦੀ ਇਹ ਰੈਲੀ ਕਰਕੇ ਆਪਣੀਆਂ ਮੰਗਾਂ ਸਰਕਾਰ ਸਮੇਤ ਸਾਰੀਆਂ ਰਾਜਨੀਤਕ ਪਾਰਟੀਆਂ ਨੂੰ ਸੁਣਾਉਣ ਲਈ ਮਜਬੂਰ ਹੈ।ਆਗੂਆਂ ਨੇ ਕਿਹਾ ਕਿ ਪੁਰਾਣੀ ਪੈਨਸ਼ਨ, 37 ਤਰ੍ਹਾਂ ਦੇ ਕੱਟੇ ਭੱਤਿਆਂ, ਏ.ਸੀ.ਪੀ. ਸਕੀਮ ਦੀ ਬਹਾਲੀ, ਕੰਪਿਊਟਰ ਅਧਿਆਪਕਾਂ ਨੂੰ ਪੂਰੇ ਲਾਭਾਂ ਸਮੇਤ ਸਿੱਖਿਆ ਵਿਭਾਗ ਵਿੱਚ ਸ਼ਾਮਲ ਕਰਨ, ਐਸੋਸੀਏਟ ਅਧਿਆਪਕਾਂ ਨੂੰ ਸਹੀ ਅਰਥਾਂ ਵਿੱਚ ਪੂਰੇ ਲਾਭਾਂ ਸਮੇਤ ਰੈਗੂਲਰ ਕਰਨ, ਅਖੌਤੀ ਕੇਂਦਰੀ ਸਕੇਲ ਰੱਦ ਕਰਕੇ ਪੰਜਾਬ ਦੇ ਸਾਰੇ ਮੁਲਾਜ਼ਮਾਂ ਨੂੰ ਪੰਜਾਬ ਦੇ ਤਨਖਾਹ ਸਕੇਲ ਦੇਣ, 6ਵੇਂ ਪੇ-ਕਮਿਸ਼ਨ ਤੇ ਮਹਿੰਗਾਈ ਭੱਤੇ ਦੇ ਬਕਾਏ ਜਾਰੀ ਕਰਨ, ਸਿੱਖਿਆ ਦੇ ਨਿੱਜੀਕਰਨ, ਭਗਵਾਂਕਰਨ ਨੂੰ ਉਤਸ਼ਾਹਤ ਕਰਨ ਵਾਲੀ ਸਿੱਖਿਆ ਨੀਤੀ 2020 ਰੱਦ ਕਰਨ, ਸਰਕਾਰ ਦੀਆਂ ਗ਼ਲਤ ਨੀਤੀਆਂ ਕਰਕੇ ਸਰਕਾਰੀ ਸਕੂਲਾਂ ਵਿੱਚ ਸਿੱਖਿਆ ਦੇ ਡਿੱਗ ਰਹੇ ਮਿਆਰ ਨੂੰ ਬਚਾਉਣ ਹਿੱਤ ਜਥੇਬੰਦੀ ਲਗਾਤਾਰ ਸੰਘਰਸ਼ ਦੇ ਪਿੜ ਵਿੱਚ ਹੈ, ਪ੍ਰੰਤੂ ਸਰਕਾਰ ਦਾ ਰੁੱਖ ਦੇਖ ਕੇ ਲੱਗਦਾ ਹੈ ਕਿ ਮੁਲਾਜ਼ਮਾਂ ਨੂੰ ਆਪਣੀਆਂ ਮੰਗਾਂ ਮਨਵਾਉਣ ਲਈ ਆਪਣੇ ਸੰਘਰਸ਼ 'ਤੇ ਹੀ ਟੇਕ ਰੱਖਣੀ ਪਵੇਗੀ ਤੇ ਜਥੇਬੰਦਕ ਤਾਕਤ ਦੇ ਜ਼ਰੀਏ ਹੀ ਆਪਣੀਆਂ ਹੱਕੀ ਮੰਗਾਂ ਦੀ ਲੜਾਈ ਲੜਨੀ ਪਵੇਗੀ।ਆਗੂਆਂ ਨੇ ਅਧਿਆਪਕਾਂ ਨੂੰ ਆਉਣ ਵਾਲੇ ਸਮੇਂ ਵਿੱਚ ਵੱਡੀਆਂ ਚੁਣੌਤੀਆਂ ਦੇ ਮੱਦੇਨਜ਼ਰ ਕਰੜੇ ਸੰਘਰਸ਼ਾਂ ਲਈ ਤਿਆਰ ਰਹਿਣ ਦਾ ਸੱਦਾ ਦਿੱਤਾ।ਰੈਲੀ ਉਪਰੰਤ ਜਥੇਬੰਦੀ ਵੱਲੋਂ ਡੀ ਸੀ ਦਫ਼ਤਰ ਤੱਕ ਮਾਰਚ ਕੀਤਾ ਗਿਆ ਤੇ ਉਸ ਉਪਰੰਤ ਡੀ ਸੀ ਸੰਗਰੂਰ ਨੂੰ ਅਧਿਆਪਕਾਂ ਦੀਆਂ ਮੰਗਾਂ ਸਬੰਧੀ ਮੁੱਖ ਮੰਤਰੀ ਦੇ ਨਾਂਅ ਮੰਗ ਪੱਤਰ ਸੌਂਪਿਆ ਗਿਆ।ਰੈਲੀ ਵਿੱਚ ਜ਼ਿਲ੍ਹੇ ਵਿੱਚੋਂ ਵੱਡੀ ਗਿਣਤੀ ਵਿੱਚ ਅਧਿਆਪਕਾਂ ਨੇ ਭਾਗ ਲਿਆ।


**UMMEED HOUSING FINANCE PVT. LTD**
CIN:U65922HR2016PTC057984.
Corporate office : Unit 809-815,8th Floor, Tower – A,EMAAR Digital Greens Golf Course Extension Road,Sect-61, Gurugram (Haryana)-122002")

**ਸਰਫੇਸੀ ਐਕਟ (13) 2 ਤਹਿਤ ਡਿਮਾਂਡ ਨੋਟਿਸ**

ਕਿਉਂਕਿ ਕਰਜ਼ਾ ਖਾਤੇ ਐੱਨ ਪੀ ਏ ਹੋ ਗਏ ਹਨ, ਯੂ ਐੱਚ ਐੱਫ ਪੀ ਐੱਲ ਨੇ ਹੇਠਾਂ ਦਰਸਾਈ ਸਾਰਣੀ 'ਚ ਦਰਸਾਏ ਕਰਜ਼ਦਾਰ/ਬਿਨੈਕਾਰ/ਗਰੰਟਰ/ਰਹਿਣਕਾਰ ਨੂੰ ਸਕਿਉਰਟਾਈਜ਼ੇਸ਼ਨ ਐਂਡ ਰੀਕੰਸਟਰਕਸ਼ਨ ਆਫ ਫਾਇਨੈਂਸ਼ੀਅਲ ਐਸੇਟਸ ਐਂਡ ਇਨਫੋਰਸਮੈਂਟ ਆਫ ਸਕਿਊਰਿਟੀ ਇੰਟਰੈਸਟ ਐਕਟ, 2002 ਦੇ ਸੈਕਸ਼ਨ 13 (2) ਤਹਿਤ ਡਿਮਾਂਡ ਨੋਟਿਸ ਜਾਰੀ ਕੀਤੇ ਹਨ। ਨੋਟਿਸ ਅਨੁਸਾਰ ਜੇਕਰ ਕਰਜ਼ਦਾਰ ਮੁਕੰਮਲ ਰਕਮ 60 ਦਿਨਾਂ ਦੇ ਅੰਦਰ ਜਮ੍ਹਾਂ ਨਹੀਂ ਕਰਵਾਉਂਦੇ ਤਾਂ ਰਕਮ ਹੇਠਾਂ ਦਰਸਾਈ ਰਹਿਣ ਜਾਇਦਾਦ/ਸਕਿਉਰਡ ਐਸੇਟਸ ਦੀ ਨਿਲਾਮੀ ਵਸੂਲ ਕੀਤੀ ਜਾਵੇਗੀ। ਇਸ ਲਈ, ਕਰਜ਼ਦਾਰਾਂ ਨੂੰ ਮੁਕੰਮਲ ਕਰਜ਼ਾ ਰਕਮ ਸਮੇਤ ਭਵਿੱਖੀ ਵਿਆਜ ਅਤੇ ਖਰਚਿਆਂ ਦੇ, ਡਿਮਾਂਡ ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ ਜਮ੍ਹਾਂ ਕਰਵਾਉਣ ਦੀ ਸੂਚਨਾ ਦਿੱਤੀ ਜਾਂਦੀ ਹੈ, ਨਹੀਂ ਤਾਂ ਉਕਤ ਐਕਟ ਦੀਆਂ 13 (4) ਅਤੇ 14 ਦੀਆਂ ਵਿਵਸਥਾਵਾਂ ਤਹਿਤ ਅਧਿਕਾਰਤ ਅਫਸਰ ਹੇਠਾਂ ਦਰਸਾਈ ਰਹਿਣ ਜਾਇਦਾਦ/ਸਕਿਉਰਡ ਐਸੇਟਸ ਦੀ ਵਿਕਰੀ ਵਾਸਤੇ ਕਬਜ਼ਾ ਹਾਸਲ ਕਰ ਰਿਹਾ ਹੈ।

ਕਰਜ਼ਦਾਰ ਧਿਆਨ ਦੇਣ ਕਿ ਐਕਟ, 2002 ਦੀਆਂ ਸ਼ਰਤਾਂ 13 (13) ਤਹਿਤ ਨੋਟਿਸ ਪ੍ਰਾਪਤ ਕਰਨ ਤੋਂ ਬਾਅਦ ਤੁਹਾਡੇ 'ਤੇ ਸਕਿਉਰਡ ਕ੍ਰੈਡਿਟਰ ਦੀ ਅਗਾਊਂ ਲਿਖਤੀ ਮਨਜ਼ੂਰੀ ਲੈਣ ਤੋਂ ਬਿਨਾਂ ਕਿਸੇ ਵੀ ਸਕਿਉਰਡ ਐਸੇਟਸ ਦੀ ਵਿਕਰੀ, ਲੀਜ਼ ਜਾਂ ਕਿਸੇ ਹੋਰ ਢੰਗ ਨਾਲ ਤਬਦੀਲ ਕਰਨ 'ਤੇ ਪਾਬੰਦੀ ਹੈ। ਕਰਜ਼ਦਾਰਾਂ ਦਾ ਧਿਆਨ ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲ, 2002 ਐਕਟ ਦੇ ਸੈਕਸ਼ਨ 13 (8) ਆਰ/ਡਬਲਯੂ 3 (5) ਵੱਲ ਦਿਵਾਇਆ ਜਾਂਦਾ ਹੈ ਕਿ ਕਰਜ਼ਦਾਰ ਨਿਲਾਮੀ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ ਪਹਿਲਾਂ ਹੇਠਾਂ ਦਰਸਾਏ ਸਾਰੇ ਮੁਕੰਮਲ ਬਕਾਏ ਦੀ ਅਦਾਇਗੀ ਕਰਕੇ ਸਕਿਉਰਡ ਐਸੇਟਸ ਪੁਨਰਗ੍ਰਹਿਣ ਕਰ ਸਕਦੇ ਹਨ, ਜਿਸ ਦਾ ਬਾਅਦ 'ਚ ਵਜੂਦ ਖਤਮ ਹੋ ਜਾਵੇਗਾ।

| ਕਰਜ਼ਦਾਰ/ਬਿਨੈਕਾਰ/ਗਰੰਟਰ ਰਹਿਣਕਾਰ ਦਾ ਨਾਂਅ | ਸੈਕਸ਼ਨ 13 (2) ਤਹਿਤ ਡਿਮਾਂਡ ਨੋਟਿਸ ਦੀ ਮਿਤੀ ਅਤੇ ਰਕਮ | ਰਹਿਣ ਕੀਤੀ ਜਾਇਦਾਦ ਦਾ ਵੇਰਵਾ |
|---|---|---|
| (1) ਜੱਸੀ ਕੁਮਾਰ ਪੁੱਤਰ ਮਨਸ਼ਾ ਰਾਮ (ਕਰਜ਼ਦਾਰ) (2) ਪ੍ਰੀਤੀ ਰਾਣੀ ਪੁੱਤਰੀ ਰਾਮ ਕ੍ਰਿਪਾਲ (ਸਹਿ-ਕਰਜ਼ਦਾਰ) ਉਪਰੋਕਤ ਦੋਵੇਂ ਵਾਸੀ ਮਕਾਨ ਨੰ. 2145, ਲੱਕੜ ਮੰਡੀ ਚੌਕ, ਰਾਜਪੁਰਾ, ਪਟਿਆਲਾ, ਪੰਜਾਬ-140401 ਕਰਜ਼ਾ ਨੰ. ਐੱਲ ਐਕਸ ਆਰ ਜੇ ਪੀ 02921-220014093 ਕਰਜ਼ਾ ਇਕਰਾਰਨਾਮਾ ਮਿਤੀ : 23 ਦਸੰਬਰ 21 ਕਰਜ਼ਾ ਰਕਮ : ਰੁਪਏ 800000/- | 10 ਮਈ-24 10 ਮਈ 2024 ਨੂੰ ਰੁਪਏ 8,80,462.15/- (ਅੱਠ ਲੱਖ ਅੱਸੀ ਹਜ਼ਾਰ ਚਾਰ ਸੌ ਬਾਹਠ ਰੁਪਏ ਅਤੇ ਪੰਦਰਾਂ ਪੈਸੇ ਕੇਵਲ) ਜਮ੍ਹਾਂ 11 ਮਈ 2024 ਤੋਂ ਭਵਿੱਖੀ ਵਿਆਜ ਅਤੇ ਹੋਰ ਚਾਰਜਿਜ਼ | ਜਾਇਦਾਦ ਨਿਰਮਤ ਮਕਾਨ ਨੰ. 22, ਰਕਬਾ 0-1-23/50 ਵਿਸਵਾ (ਜੋ ਕਿ 73 ਵਰਗ ਗਜ਼ ਹੈ), ਜੋ 60 ਵਿਘਾ 4½ ਵਿਸਵਾ ਦਾ 73/63200 ਹਿੱਸਾ ਹੈ, ਖੇਵਟ/ਖੱਤਾ ਨੰ. 33/685, ਖਸਰਾ ਨੰ. 1502/1234/993/32 (0-19), 27 (6-5), 1499/1234/993/29 (5-14), 1501/1234/993/31 (6-0), 30 (6-5), 1504/1234/993/37 (2-5), 44 (6-5), 1507/1234/993/1321/39 (1-12), 45 (6-5), 46 (6-5), 1496/1234/993/28 (4-18-1/2), 1499/1234/993/29 (0-6), 38 (6-5), 1320/39 (1-0) ਅਫਸਰ ਕਾਲੋਨੀ, ਪਿੰਡ ਸੈਦਖੇੜੀ, ਤਹਿਸੀਲ ਰਾਜਪੁਰਾ, ਜ਼ਿਲ੍ਹਾ ਪਟਿਆਲਾ ਪੰਜਾਬ-ਹੱਦਾਂ : ਪੂਰਬ : 22' ਚੌੜੀ ਸੜਕ, ਪੱਛਮ : ਗੁਰਦਿਆਲ ਸਿੰਘ, ਉੱਤਰ : ਨਿਸ਼ਾਨ ਸਿੰਘ, ਦੱਖਣ : ਸਤਨਾਮ ਸਿੰਘ |

ਮਿਤੀ : 24 ਮਈ 2024
ਸਥਾਨ : ਗੁਰੂਗ੍ਰਾਮ, ਹਰਿਆਣਾ
ਅਧਿਕਾਰਤ ਅਫਸਰ, ਸ੍ਰੀ ਗੌਰਵ ਤ੍ਰਿਪਾਠੀ, ਮੋਬਾਈਲ : 96500-55701
ਉਮੀਦ ਹਾਊਸਿੰਗ ਫਾਇਨਾਂਸ ਪ੍ਰਾਈਵੇਟ ਲਿਮਟਿਡ

# ਠੇਕਾ ਮੁਲਾਜ਼ਮਾਂ ਵੱਲੋਂ ਮੁੱਖ ਮੰਤਰੀ ਦੀ ਆਮਦ 'ਤੇ ਰੋਸ ਪ੍ਰਦਰਸ਼ਨ

## ਪੱਕਾ ਰੁਜ਼ਗਾਰ ਕਰਵਾਉਣ ਤੇ ਪੰਚਾਇਤੀਕਰਨ ਕਰਨ ਵਾਲੀ ਅਫਸਰਸ਼ਾਹੀ ਤੇ ਸਰਕਾਰ ਖਿਲਾਫ ਸੰਘਰਸ਼ ਜਾਰੀ ਰੱਖਣ ਦਾ ਐਲਾਨ




**ਜਲਾਲਾਬਾਦ (ਜੀਤ ਕੁਮਾਰ)**-ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ ਪੰਜਾਬ ਦੇ ਫੈਸਲੇ ਤਹਿਤ ਮੁੱਖ ਮੰਤਰੀ ਪੰਜਾਬ ਦੀ ਜਲਾਲਾਬਾਦ ਫੇਰੀ ਦੌਰਾਨ ਜਲ ਸਪਲਾਈ ਵਿਭਾਗ ਦੇ ਠੇਕਾ ਮੁਲਾਜ਼ਮਾਂ ਵੱਲੋਂ ਰੋਸ ਪ੍ਰਦਰਸ਼ਨ ਕੀਤਾ ਗਿਆ ਤੇ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ। ਇਸ ਪ੍ਰਦਰਸ਼ਨ ਦੀ ਅਗਵਾਈ ਕਰ ਰਹੇ ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ ਦੇ ਜ਼ਿਲ੍ਹਾ ਜਨਰਲ ਸਕੱਤਰ ਬਲਵਿੰਦਰ ਸਿੰਘ ਨੂਰ ਸਮੰਦ, ਜ਼ਿਲ੍ਹਾ ਸਲਾਹਕਾਰ ਜਸਵਿੰਦਰ ਸਿੰਘ ਚੱਕ ਜਾਨੀਸਰ, ਬ੍ਰਾਂਚ ਪ੍ਰਧਾਨ ਰਾਕੇਸ਼ ਸਿੰਘ ਹੀਰੇਵਾਲਾ, ਕੁੰਦਨ ਸਿੰਘ, ਸੁਖਚੈਨ ਸਿੰਘ ਸੋਢੀ ਆਦਿ ਨੇ ਕਿਹਾ ਕਿ ਜਿੱਥੇ ਇੱਕ ਪਾਸੇ ਆਮ ਆਦਮੀ ਪਾਰਟੀ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਸੱਤਾ ਵਿੱਚ ਆਉਣ ਤੋਂ ਪਹਿਲਾਂ ਹਰੇਕ ਤਰ੍ਹਾਂ ਦੇ ਠੇਕਾ ਮੁਲਾਜ਼ਮਾਂ ਨੂੰ ਰੈਗੂਲਰ ਕਰਨ ਦਾ ਵਾਅਦਾ ਕੀਤਾ ਗਿਆ ਸੀ, ਪਰ ਤਰਾਸਦੀ ਇਹ ਹੈ ਕਿ ਹੁਣ 2 ਸਾਲ ਦਾ ਸਮਾਂ ਬੀਤ ਜਾਣ ਦੇ ਬਾਵਜੂਦ ਵੱਖ ਵੱਖ ਸਰਕਾਰੀ ਵਿਭਾਗਾਂ 'ਚ ਸਾਲਾਂਬੱਧੀ ਅਰਸੇ ਤੋਂ ਸੇਵਾਵਾਂ ਦੇ ਰਹੇ ਇਨਲਿਸਟਮੈਂਟ/ਆਊਟਸੋਰਸ ਠੇਕਾ ਮੁਲਾਜ਼ਮਾਂ ਨੂੰ ਪੱਕਾ ਨਹੀਂ ਕੀਤਾ ਗਿਆ ਹੈ। ਇਸ ਦੇ ਨਾਲ ਹੀ ਇਨ੍ਹਾਂ ਠੇਕਾ ਮੁਲਾਜ਼ਮਾਂ ਦੀ ਗੱਲ ਸੁਣਨ ਲਈ ਵੀ ਪੰਜਾਬ ਦੇ ਮੁੱਖ ਮੰਤਰੀ ਕੋਲ ਸਮਾਂ ਨਹੀਂ ਹੈ, ਕਿਉਂਕਿ ਠੇਕਾ ਮੁਲਜ਼ਮ ਸੰਘਰਸ਼ ਮੋਰਚਾ ਪੰਜਾਬ ਨੂੰ 21 ਵਾਰ ਮੁੱਖ ਮੰਤਰੀ ਪੰਜਾਬ ਸਰਕਾਰ ਦੇ ਨਾਲ ਮੀਟਿੰਗ ਕਰਨ ਦਾ ਲਿਖਤੀ ਰੂਪ ਵਿੱਚ ਸਮਾਂ ਦਿੱਤਾ ਗਿਆ, ਪਰ ਮੁੱਖ ਮੰਤਰੀ ਪੰਜਾਬ ਵੱਲੋਂ ਇਕ ਵਾਰ ਵੀ ਮੋਰਚੇ ਨਾਲ ਮੀਟਿੰਗ ਤੱਕ ਨਹੀਂ ਕੀਤੀ ਗਈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਠੇਕਾ ਕਾਮਿਆਂ ਦੇ ਪੱਕੇ ਰੁਜ਼ਗਾਰ ਦੀ ਮੰਗ ਦਾ ਹੱਲ ਨਹੀਂ ਕਰ ਰਹੀ ਹੈ, ਉਥੇ ਦੂਜੇ ਪਾਸੇ ਪਬਲਿਕ ਅਦਾਰਿਆਂ ਦਾ ਪੰਚਾਇਤੀਕਰਨ/ਨਿੱਜੀਕਰਨ ਕੀਤਾ ਜਾ ਰਿਹਾ ਹੈ।

ਪੰਜਾਬ ਸਰਕਾਰ ਦੇ ਆਦੇਸ਼ਾਂ ਤਹਿਤ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਦੀ ਮੈਨੇਜਮੈਂਟ ਵੱਲੋਂ ਪੇਂਡੂ ਜਲ ਸਪਲਾਈ ਸਕੀਮਾਂ ਦਾ ਪੰਚਾਇਤੀਕਰਨ/ਨਿੱਜੀਕਰਨ ਕਰਨ ਵਾਲੀਆਂ ਲੋਕ ਤੇ ਵਰਕਰ ਮਾਰੂ ਨੀਤੀਆਂ ਲਾਗੂ ਕਰਨ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਪਿਛਲੀਆਂ ਚੋਣਾਂ ਦੌਰਾਨ ਠੇਕਾ ਮੁਲਾਜ਼ਮਾਂ ਨਾਲ ਕੀਤੇ ਵਾਅਦਿਆਂ ਬਾਰੇ ਲੋਕਾਂ ਦੀ ਕਚਹਿਰੀ 'ਚ ਸਵਾਲਾਂ ਦੇ ਜਵਾਬ ਮੰਗਣ ਦੇ ਠੇਕਾ ਮੁਲਾਜ਼ਮਾਂ ਦੇ ਅਧਿਕਾਰ ਨੂੰ ਹੁਣ ਪੁਲਸ ਜਬਰ ਦੇ ਜ਼ੋਰ ਕੁਚਲਣ ਲਈ ਤਸ਼ੱਦਦ ਕੀਤੇ ਜਾ ਰਹੇ ਹੈ ਅਤੇ ਨਾ-ਸਹਿਣਯੋਗ ਠੇਕਾ ਮੁਲਾਜ਼ਮਾਂ ਨਾਲ ਵਿਵਹਾਰ ਕੀਤਾ ਜਾ ਰਿਹਾ ਹੈ, ਜਿਸ ਦੇ ਵਿਰੋਧ ਵਿੱਚ ਮੋਰਚੇ ਵੱਲੋਂ ਉਲੀਕੇ ਹੋਏ ਪ੍ਰੋਗਰਾਮ ਤਹਿਤ ਰੋਸ ਪ੍ਰਗਟਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਨੂੰ ਚਾਹੀਦਾ ਹੈ ਕਿ ਠੇਕਾ ਮੁਲਾਜ਼ਮਾਂ 'ਤੇ ਤਸ਼ੱਦਦ ਢਾਹੁਣ ਦੀ ਬਜਾਏ ਮੰਗਾਂ ਦਾ ਹੱਲ ਕਰਨ ਲਈ ਗੱਲਬਾਤ ਦਾ ਰਸਤਾ ਅਪਣਾਇਆ ਜਾਵੇ ਨਹੀਂ ਤਾਂ ਇਨਲਿਸਟਮੈਂਟ ਤੇ ਆਊਟਸੋਰਸ ਠੇਕਾ ਮੁਲਾਜ਼ਮਾਂ ਵੱਲੋਂ ਮੋਰਚੇ ਦੇ ਉਲੀਕੇ ਪ੍ਰੋਗਰਾਮ ਲਾਗੂ ਕੀਤੇ ਜਾਣਗੇ। ਉਨ੍ਹਾਂ ਮੰਗਾਂ ਨੂੰ ਲੈ ਕੇ ਯੂਨੀਅਨ ਵੱਲੋਂ ਸੰਘਰਸ਼ ਨੂੰ ਲਗਾਤਾਰ ਜਾਰੀ ਰੱਖਣ ਦਾ ਐਲਾਨ ਕੀਤਾ ਗਿਆ।

# ਭਾਜਪਾ ਨੂੰ ਆਪਣੀ ਹਾਰ ਸਪੱਸ਼ਟ ਦਿਸ ਰਹੀ : ਹਰਪਾਲ ਸਿੰਘ ਚੀਮਾ



**ਲਹਿਰਾਗਾਗਾ (ਪਵਨ ਸ਼ਰਮਾ)**-ਕੇਂਦਰ 'ਚ ਇੰਡੀਆ ਗਠਜੋੜ ਦੀ ਸਰਕਾਰ ਬਣਨਾ ਬਿਲਕੁਲ ਤੈਅ ਹੋ ਚੁੱਕਿਆ ਹੈ।ਪਿਛਲੇ ਪੜਾਵਾਂ ਉਪਰੰਤ ਪ੍ਰਧਾਨ-ਮੰਤਰੀ ਮੋਦੀ ਵੱਲੋਂ ਦਿੱਤੇ ਭਾਸ਼ਣਾਂ ਤੋਂ ਇਹ ਸਪੱਸ਼ਟ ਹੋ ਚੁੱਕਿਆ ਹੈ ਕਿ ਉਹ ਬੁਖਲਾਹਟ 'ਚ ਹਨ, ਭਾਜਪਾ ਨੂੰ ਆਪਣੀ ਹਾਰ ਸਪੱਸ਼ਟ ਦਿਸ ਰਹੀ ਹੈ।ਭਾਵੇਂ ਉਹ ਪੰਜਾਬ ਵਿੱਚ ਕਿੰਨੀਆਂ ਵੀ ਰੈਲੀਆਂ ਕਿਉਂ ਨਾ ਕਰ ਲੈਣ, ਪ੍ਰੰਤੂ ਪੰਜਾਬ ਦੇ ਲੋਕ ਭਾਜਪਾ ਨੂੰ ਮੂੰਹ ਨਹੀਂ ਲਾਉਣਗੇ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਪੰਜਾਬ ਦੇ ਖ਼ਜ਼ਾਨਾ ਮੰਤਰੀ ਹਰਪਾਲ ਸਿੰਘ ਚੀਮਾ ਨੇ ਪਿੰਡ ਸੰਗਤਪੁਰਾ ਤੇ ਡਸਕਾ ਵਿਖੇ ਲੋਕ-ਸਭਾ ਹਲਕਾ ਸੰਗਰੂਰ ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਗੁਰਮੀਤ ਸਿੰਘ ਮੀਤ ਹੇਅਰ ਲਈ ਚੋਣ-ਪ੍ਰਚਾਰ ਕਰਦਿਆਂ ਕੀਤਾ।ਚੀਮਾ ਨੇ ਕਿਹਾ ਕਿ ਲੋਕਤੰਤਰ ਤੇ ਸੰਵਿਧਾਨ ਦੀ ਰਾਖੀ ਲਈ ਇਹ ਚੋਣਾਂ ਦੇਸ਼ ਲਈ ਅਹਿਮ ਹਨ।ਪਿਛਲੇ 10 ਸਾਲਾਂ ਤੋਂ ਕੇਂਦਰ-ਸਰਕਾਰ ਨੇ ਦੇਸ਼ ਦੇ ਹਰ ਇੱਕ ਅਦਾਰੇ ਨੂੰ ਖੂੰਜੇ ਲਾ ਦਿੱਤਾ ਹੈ।ਚੀਮਾ ਨੇ ਕਿਹਾ ਕਿ ਪੰਜਾਬ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਨੌਜਵਾਨਾਂ ਨੂੰ 43 ਹਜ਼ਾਰ ਨੌਕਰੀਆਂ ਦਿੱਤੀਆਂ, ਜਿਸ ਸਦਕਾ ਵਿਦੇਸ਼ਾਂ 'ਚ ਬੈਠੇ ਨੌਜਵਾਨਾਂ ਦਾ ਮਨ ਵੀ ਵਾਪਸ ਪੰਜਾਬ ਵਰਤਣ ਲਈ ਬਦਲਣ ਲੱਗਾ ਹੈ।600 ਯੂਨਿਟ ਮੁਫਤ ਬਿਜਲੀ ਤੇ ਮੁਹੱਲਾ ਕਲੀਨਿਕਾਂ ਸਮੇਤ ਪਿਛਲੇ 2 ਸਾਲਾਂ ਅਨੇਕਾਂ ਲੋਕ-ਪੱਖੀ ਫ਼ੈਸਲੇ ਹੋਏ ਹਨ, ਜਿਸ ਸਦਕਾ ਆਮ ਆਦਮੀ ਪਾਰਟੀ ਦੇ ਸਾਰੇ ਹੀ ਉਮੀਦਵਾਰ ਵੱਡੀ ਲੀਡ ਨਾਲ ਜਿੱਤ ਹਾਸਲ ਕਰਨਗੇ। ਉਨ੍ਹਾਂ ਕਾਂਗਰਸ ਪਾਰਟੀ ਦੇ ਉਮੀਦਵਾਰ ਸੁਖਪਾਲ ਸਿੰਘ ਖਹਿਰਾ ਦੇ ਪ੍ਰਵਾਸੀ ਮਜ਼ਦੂਰਾਂ ਸਬੰਧੀ ਦਿੱਤੇ ਬਿਆਨ ਦੀ ਨਿਖੇਧੀ ਕਰਦਿਆਂ ਕਿਹਾ ਕਿ ਕਾਂਗਰਸ ਪਾਰਟੀ ਨੂੰ ਖਹਿਰਾ ਦੇ ਅਜਿਹੇ ਸੰਕੀਰਨ ਸੋਚ ਵਾਲੇ ਬਿਆਨ ਪ੍ਰਤੀ ਕਾਰਵਾਈ ਕਰਨੀ ਚਾਹੀਦੀ ਹੈ।ਭਰਵੇਂ ਇਕੱਠ ਨੂੰ ਓਐਸਡੀ ਤਪਿੰਦਰ ਸਿੰਘ ਸੋਹੀ, ਇੰਮਪਰੂਵਮੈਂਟ ਟਰੱਸਟ, ਸੰਗਰੂਰ ਦੇ ਚੇਅਰਮੈਨ ਪ੍ਰੀਤਮ ਸਿੰਘ ਪੀਤੂ ਤੇ ਸੀਨੀਅਰ ਆਗੂ ਕੁੱਕੀ ਲਦਾਲ ਨੇ ਵੀ ਸੰਬੋਧਨ ਕੀਤਾ।

# ਬਿਜਲੀ ਕਾਮਿਆਂ ਵੱਲੋਂ ਬਰਨਾਲਾ ਲੋਕ ਸੰਗਰਾਮ ਰੈਲੀ 'ਚ ਸ਼ਾਮਲ ਹੋਣ ਦਾ ਫੈਸਲਾ



**ਦੋਰਾਹਾ (ਹਰਮਿੰਦਰ ਸੇਠ)**-ਟੈਕਨੀਕਲ ਸਰਵਿਸਜ਼ ਯੂਨੀਅਨ ਡਵੀਜ਼ਨ ਦੋਰਾਹਾ ਦੇ ਸਕੱਤਰ ਬਲਵੀਰ ਸਿੰਘ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਡਵੀਜ਼ਨ ਦੋਰਾਹਾ ਦੀ ਵਧਵੀਂ ਮੀਟਿੰਗ ਮੀਤ ਪ੍ਰਧਾਨ ਜਸਵਿੰਦਰ ਸਿੰਘ ਦੀ ਅਗਵਾਈ ਹੇਠ ਹੋਈ, ਜਿਸ ਵਿੱਚ ਵੱਖ ਵੱਖ ਸਬ ਡਵੀਜ਼ਨਾਂ ਦੇ ਕਾਮਿਆਂ ਨੇ ਭਾਗ ਲਿਆ।ਮੀਟਿੰਗ ਵਿੱਚ 26 ਮਈ ਨੂੰ ਜਨਤਕ ਤੇ ਟਰੇਡ ਜਥੇਬੰਦੀਆਂ ਵੱਲੋਂ 'ਵੋਟਾਂ ਤੋਂ ਝਾਕ ਛੱਡੋ, ਸੰਘਰਸ਼ਾਂ ਦੇ ਝੰਡੇ ਗੱਡੋ' ਦੇ ਨਾਅਰੇ ਹੇਠ ਬਰਨਾਲਾ ਵਿਖੇ ਕੀਤੀ ਜਾ ਰਹੀ ਲੋਕ ਸੰਗਰਾਮ ਰੈਲੀ ਨੂੰ ਕਾਮਯਾਬ ਕਰਨ ਲਈ ਵਿਚਾਰ ਚਰਚਾ ਕੀਤੀ ਗਈ ਤੇ ਵੱਧ ਤੋਂ ਵੱਧ ਸ਼ਮੂਲੀਅਤ ਕਰਨ ਦਾ ਫੈਸਲਾ ਕੀਤਾ ਗਿਆ।ਆਗੂਆਂ ਨੇ ਕਿਹਾ ਕਿ ਇਹ ਰੈਲੀ ਉਸ ਸਮੇਂ ਕੀਤੀ ਜਾ ਰਹੀ ਹੈ, ਜਦੋਂ ਚੋਣ ਪਾਰਟੀਆਂ ਵੱਲੋਂ ਲੋਕਾਂ ਦੇ ਬੁਨਿਆਦੀ ਮੁੱਦਿਆਂ ਨੂੰ ਚੋਣਾਂ ਦੇ ਘੜਮੱਸ ਦੌਰਾਨ ਰੋਲਿਆ ਜਾ ਰਿਹਾ।ਇਹ ਚੋਣ ਪਾਰਟੀਆਂ ਸਾਮਰਾਜੀ ਦੇਸ਼ਾਂ ਦੇ ਇਸ਼ਾਰਿਆਂ 'ਤੇ ਸਰਮਾਏਦਾਰਾਂ ਤੇ ਕਾਰਪੋਰੇਟ ਘਰਾਣਿਆਂ ਦੇ ਪੱਖ ਵਿੱਚ ਭੁਗਤਣ ਲਈ ਲੋਕਾਂ ਨੂੰ ਜਾਤਾਂ, ਧਰਮਾਂ, ਫਿਰਕਿਆਂ ਵਿੱਚ ਵੰਡਣ ਦਾ ਕੰਮ ਕਰਦੀਆਂ ਹਨ।ਇਸ ਕਰਕੇ ਲੋਕ ਇਨ੍ਹਾਂ ਪਾਰਟੀਆਂ ਤੋਂ ਭਲੇ ਦੀ ਆਸ ਛੱਡ ਕੇ ਹੋਰ ਮਿਹਨਤਕਸ਼ ਤਬਕਿਆਂ ਨੂੰ ਇਕੱਠੇ ਕਰਕੇ ਸਾਂਝੇ ਸੰਘਰਸ਼ਾਂ ਨੂੰ ਲਾਗੂ ਕਰਕੇ ਸੰਘਰਸ਼ਾਂ ਦਾ ਝੰਡਾ ਬੁਲੰਦ ਕਰਨ, ਇਸ ਲੋਕ ਸੰਗਰਾਮ ਰੈਲੀ ਨੂੰ ਕਾਮਯਾਬ ਕਰਨ, ਲੋਕ ਹੱਕਾਂ ਦੀ ਸੁਣਵਾਈ ਤਾਂ ਸੰਘਰਸ਼ਾਂ ਦੇ ਏਕੇ ਦੇ ਜ਼ੋਰ ਹੁੰਦੀ ਹੈ। ਜਥੇਬੰਦੀਆਂ ਵੱਲਂ ਸਾਂਝੇ ਤੌਰ 'ਤੇ ਪੰਜਾਬ ਦੇ ਲੋਕਾਂ ਮੂਹਰੇ ਇਹ ਸੰਦੇਸ਼ ਦਿੱਤਾ ਜਾਵੇ ਕਿ ਚੋਣਾਂ ਤੋਂ ਝਾਕ ਮੁਕਾ ਕੇ ਲੋਕ ਏਕੇ ਤੇ ਸੰਘਰਸ਼ ਦੇ ਜ਼ੋਰ ਅਪਣੀ ਪੁੱਗਤ ਤੇ ਵੁੱਕਤ ਬਣਾਉਣ ਦਾ ਰਾਹ ਫੜਨ, ਅਪਣੀਆਂ ਜਥੇਬੰਦੀਆਂ ਦੇ ਏਕੇ ਨੂੰ ਹੋਰ ਮਜ਼ਬੂਤ ਤੇ ਵਿਸ਼ਾਲ ਕਰਨ ਲਈ ਵੱਧ ਤੋਂ ਵੱਧ ਮੀਟਿੰਗਾਂ ਕਰਕੇ ਤਿਆਰੀ ਕੀਤੀ ਜਾਵੇਗੀ।ਡਵੀਜ਼ਨ ਦੋਰਾਹਾ ਵੱਲੋਂ ਕਾਮਿਆਂ ਦੀ ਸ਼ਮੂਲੀਅਤ ਕਰਵਾਉਣ ਲਈ ਲਗਾਤਾਰ ਯਤਨ ਕੀਤੇ ਜਾਣਗੇ।ਮੀਟਿੰਗ ਵਿੱਚ ਸਬ ਡਵੀਜ਼ਨ ਤੇ ਡਵੀਜ਼ਨ ਆਗੂ ਜਗਦੀਸ਼ ਸਿੰਘ, ਬੁੱਧ ਸਿੰਘ, ਜੋਰਾ ਸਿੰਘ, ਸਰਬਜੀਤ ਸਿੰਘ, ਪਵਨ ਕੁਮਾਰ, ਨਰਿੰਦਰ ਸਿੰਘ, ਜਗਤਾਰ ਸਿੰਘ, ਰਣਜੀਤ ਸਿੰਘ ਆਦਿ ਆਗੂ ਹਾਜ਼ਰ ਸਨ।

# ਆਜ਼ਾਦ ਉਮੀਦਵਾਰ ਕਮਲਜੀਤ ਬਰਾੜ ਨੂੰ ਮਿਲ ਰਿਹਾ ਭਰਵਾਂ ਹੁੰਗਾਰਾ



**ਜਗਰਾਉਂ (ਅਮਿਤ ਖੰਨਾ)**

ਪੰਥਕ ਜਥੇਬੰਦੀਆਂ ਦੀ ਹਮਾਇਤ ਪ੍ਰਾਪਤ ਉਮੀਦਵਾਰ ਕਮਲਜੀਤ ਸਿੰਘ ਬਰਾੜ ਨੇ ਹਲਕਾ ਜਗਰਾਉਂ ਦੇ ਵੱਖ-ਵੱਖ ਪਿੰਡਾਂ ਦੇ ਦੌਰਾ ਕੀਤਾ, ਜਿਸ ਦੌਰਾਨ ਇਲਾਕਾ ਨਿਵਾਸੀਆਂ ਵੱਲੋਂ ਉਨ੍ਹਾਂ ਨੂੰ ਭਰਵਾਂ ਹੁੰਗਾਰਾ ਦੇ ਕੇ ਵੋਟਾਂ ਪਾਉਣ ਦਾ ਭਰੋਸਾ ਦਿੱਤਾ ਗਿਆ।ਬਰਾੜ ਨੇ ਪਿੰਡ ਹਠੂਰ, ਚੱਕਰ, ਰਸੂਲਪੁਰ, ਮੱਲਾ, ਕਾਉਂਕੇ ਖੋਸਾ, ਡਾਗੀਆਂ, ਕਾਉਂਕੇ ਕਲਾਂ, ਮਲਕ, ਚੀਮਨਾ, ਜੰਡੀ, ਤੱਪੜ ਹਰਨੀਆਂ, ਰਾਮਗੜ੍ਹ, ਸਵੱਦੀ, ਬੋਦਲਵਾਲਾ ਤੇ ਗਿਆਸਪੁਰਾ ਵਿਖੇ ਭਰਵੀਆਂ ਮੀਟਿੰਗਾਂ ਕੀਤੀਆਂ, ਜਿਨ੍ਹਾਂ ਵਿੱਚ ਭਾਰੀ ਗਿਣਤੀ ਵਿੱਚ ਲੋਕਾਂ ਨੇ ਸ਼ਮੂਲੀਅਤ ਕਰਕੇ ਕਮਲਜੀਤ ਸਿੰਘ ਬਰਾੜ ਨੂੰ ਸਨਮਾਨਿਤ ਕਰਦਿਆਂ ਭਰਪੂਰ ਸਮਰਥਨ ਦੇਣ ਦਾ ਭਰੋਸਾ ਦਿੱਤਾ।

ਕਮਲਜੀਤ ਸਿੰਘ ਬਰਾੜ ਨੇ ਕਿਹਾ ਕਿ ਉਹ ਪਾਰਲੀਮੈਂਟ ਵਿੱਚ ਪੁੱਜ ਕੇ ਪੰਜਾਬ ਦੇ ਕਿਸਾਨਾਂ, ਪੰਜਾਬ ਦੇ ਪਾਣੀਆਂ, ਪੰਜਾਬ ਦੀ ਰਾਜਧਾਨੀ ਚੰਡੀਗੜ੍ਹ ਤੋਂ ਇਲਾਵਾ ਪੰਥ ਦੇ ਚਿਰਾਂ ਤੋਂ ਲਟਕਦੇ ਮਸਲਿਆਂ ਤੇ ਸਜ਼ਾਵਾਂ ਪੂਰੀਆਂ ਕਰਕੇ ਜੇਲ੍ਹਾਂ ਵਿੱਚ ਬੈਠੇ ਬੰਦੀ ਸਿੰਘਾਂ ਦੀ ਰਿਹਾਈ ਲਈ ਆਵਾਜ਼ ਬੁਲੰਦ ਕਰਨਗੇ।ਉਨ੍ਹਾਂ ਵੋਟਰਾਂ ਨੂੰ ਕਿਹਾ ਕਿ ਉਹ ਭਾਜਪਾ ਤੇ ਕਾਂਗਰਸ ਦੇ ਉਮੀਦਵਾਰਾਂ ਦਾ ਬਾਈਕਾਟ ਕਰਨ ਕਿਉਂਕਿ ਰਵਨੀਤ ਸਿੰਘ ਬਿੱਟੂ ਕਾਂਗਰਸ ਪਾਰਟੀ ਦਾ ਭਗੌੜਾ ਹੈ, ਜਦਕਿ ਰਾਜਾ ਵੜਿੰਗ ਬਾਹਰਲੇ ਹਲਕੇ ਦਾ ਵਸਨੀਕ ਹੈ।ਉਨ੍ਹਾਂ ਕਿਹਾ ਕਿ ਸਵਾਲ ਕੀਤਾ ਕਿ ਜੇਕਰ ਰਾਜਾ ਵੜਿੰਗ ਦਾ ਦਿਲ ਗਿੱਦੜਬਾਹਾ ਲਈ ਧੜਕਦਾ ਹੈ, ਫਿਰ ਉਹ ਇੱਥੇ ਕੀ ਕਰਨ ਆਇਆ ਹੈ?

ਉਨ੍ਹਾਂ ਕਿਹਾ ਕਿ ਰਵਨੀਤ ਬਿੱਟੂ ਵੀ ਕਾਂਗਰਸ ਪਾਰਟੀ ਤੋਂ ਵੱਡੇ ਅਹੁਦੇ ਲੈਣ ਤੋਂ ਬਾਅਦ ਆਪਣੀ ਟਿਕਟ ਜਾਂਦੀ ਵੇਖਕੇ ਭਾਜਪਾ ਵਿੱਚ ਸ਼ਾਮਲ ਹੋਇਆ ਹੈ, ਪਰ ਵੋਟਰ ਉਸਦੀ ਅਸਲੀਅਤ ਜਾਣ ਚੁੱਕੇ ਹਨ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦਾ ਵੀ ਇਹੀ ਹਾਲ ਹੈ ਕਿ ਉਸਨੇ ਲੋਕਾਂ ਨਾਲ ਝੂਠੇ ਵਾਅਦੇ ਕਰਕੇ ਸੱਤਾ ਤਾਂ ਹਾਸਲ ਕਰ ਲਈ ਹੈ ਪਰ ਵਾਅਦਾ ਇੱਕ ਵੀ ਪੂਰਾ ਨਹੀਂ ਕੀਤਾ, ਜਿਸ ਕਰਕੇ ਲੋਕ ਆਪਣੇ ਆਪ ਨੂੰ ਆਮ ਆਦਮੀ ਪਾਰਟੀ ਹੱਥੋਂ ਠੱਗੇ ਹੋਏ ਮਹਿਸੂਸ ਕਰ ਰਹੇ ਹਨ।

# ਡਾਬਰ ਦੀ ਅਗਵਾਈ 'ਚ ਮੀਟਿੰਗ ਨੇ ਧਾਰਿਆ ਰੈਲੀ ਦਾ ਰੂਪ

## ਕਰਮਜੀਤ ਅਨਮੋਲ ਨੂੰ ਵੱਡੀ ਲੀਡ ਦਿਵਾਵਾਂਗੇ : ਲਾਡੀ ਢੋਸ



**ਕੋਟ ਈਸੇ ਖਾਂ (ਅਰੋੜਾ)**-ਵਾਰਡ ਨੰਬਰ 9 ਵਿਖੇ ਆਪ ਆਗੂ ਹੀਰਾ ਲਾਲ ਡਾਬਰ ਤੇ ਉਨ੍ਹਾਂ ਦੀ ਧਰਮ ਪਤਨੀ ਕੌਂਸਲਰ ਰਜਨੀ ਬਾਲਾ ਵੱਲੋਂ ਹਲਕਾ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਦੀ ਰਹਿਨੁਮਾਈ ਹੇਠ ਮੀਟਿੰਗ ਰੈਲੀ ਦਾ ਰੂਪ ਧਾਰ ਗਈ, ਜਿਸ ਵਿੱਚ ਹਲਕਾ ਵਿਧਾਇਕ ਲਾਡੀ ਢੋਸ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਲਾਡੀ ਢੋਸ ਨੇ ਕਿਹਾ ਕਿ ਉਹ ਕਰਮਜੀਤ ਅਨਮੋਲ ਨੂੰ ਵੱਧ ਤੋਂ ਵੱਧ ਬਹੁਮਤ ਦਿਵਾ ਕੇ ਹਲਕੇ ਵਿੱਚੋਂ ਭੇਜਣਗੇ, ਜਿਸ ਸਦਕਾ ਉਨ੍ਹਾਂ ਦੀ ਜਿੱਤ ਯਕੀਨੀ ਬਣੇਗੀ। ਉਨ੍ਹਾਂ ਨੇ ਸਮੂਹ ਅਹੁਦੇਦਾਰ, ਵਰਕਰਾਂ ਤੇ ਹਾਜ਼ਰ ਪਤਵੰਤਿਆਂ ਨੂੰ ਅਪੀਲ ਕੀਤੀ ਕਿ ਆਉਣ ਵਾਲੀ 1 ਜੂਨ ਨੂੰ ਝਾੜੂ ਦਾ ਬਟਨ ਦਬਾ ਕੇ ਕਰਮਜੀਤ ਅਨਮੋਲ ਨੂੰ ਜਿਤਾਓ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਅਗਵਾਈ ਹੇਠ ਸ਼ਹਿਰ ਤੇ ਸਮੂਹ ਹਲਕੇ ਦਾ ਲਗਾਤਾਰ ਵਿਕਾਸ ਹੋ ਰਿਹਾ ਹੈ। ਇਸ ਵਿਕਾਸ ਕਾਰਜ ਨੂੰ ਹੋਰ ਵਧਾਉਣ ਲਈ ਆਮ ਆਦਮੀ ਪਾਰਟੀ ਨੂੰ ਵੱਧ ਚੜ੍ਹ ਕੇ ਸਹਿਯੋਗ ਦਿਓ। ਇਸ ਮੌਕੇ ਹੀਰਾ ਲਾਲ ਡਾਬਰ ਨੇ ਸਮੂਹ ਅਹੁਦੇਦਾਰਾਂ, ਵਰਕਰਾਂ ਤੇ ਸੰਗਤ ਦਾ ਧੰਨਵਾਦ ਕੀਤਾ।

# ਦਿਆਲਪੁਰਾ ਭਾਈਕਾ ਦੇ ਸਰਪੰਚ ਸਮੇਤ 75 ਪਰਵਾਰ 'ਆਪ' 'ਚ ਸ਼ਾਮਲ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**

ਹਲਕਾ ਰਾਮਪੁਰਾ ਫੂਲ ਵਿੱਚ ਸ਼੍ਰੋਮਣੀ ਅਕਾਲੀ ਦਲ ਨੂੰ ਉਸ ਸਮੇਂ ਵੱਡਾ ਝਟਕਾ ਲੱਗਿਆ, ਜਦੋਂ ਪਿੰਡ ਦਿਆਲਪੁਰਾ ਭਾਈਕਾ ਦੇ ਮੌਜੂਦਾ ਸਰਪੰਚ ਤੇ ਸੀਨੀਅਰ ਅਕਾਲੀ ਆਗੂ ਸੁਖਦੇਵ ਸਿੰਘ ਧਾਲੀਵਾਲ ਤੇ ਪਿੰਡ ਦੇ 75 ਕਾਂਗਰਸੀ ਤੇ ਅਕਾਲੀ ਦਲ ਦੇ ਆਗੂ ਤੇ ਵਰਕਰ ਪਰਵਾਰਾਂ ਸਮੇਤ ਹਲਕਾ ਰਾਮਪੁਰਾ ਫੂਲ ਦੇ ਵਿਧਾਇਕ ਬਲਕਾਰ ਸਿੰਘ ਸਿੱਧੂ ਦੀ ਮੌਜੂਦਗੀ ਵਿੱਚ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ।ਜ਼ਿਕਰਯੋਗ ਹੈ ਕਿ ਸੁਖਦੇਵ ਸਿੰਘ ਧਾਲੀਵਾਲ ਸਾਬਕਾ ਮੰਤਰੀ ਸਿਕੰਦਰ ਸਿੰਘ ਮਲੂਕਾ ਦੇ ਨਜ਼ਦੀਕੀ ਰਹੇ ਹਨ।ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ ਸਰਪੰਚ ਸੁਖਦੇਵ ਸਿੰਘ ਧਾਲੀਵਾਲ ਨੇ ਕਿਹਾ ਕਿ ਉਹ ਵਿਧਾਇਕ ਬਲਕਾਰ ਸਿੰਘ ਸਿੱਧੂ ਦੀ ਪ੍ਰੇਰਨਾ ਸਦਕਾ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀਆਂ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ 'ਆਪ' ਵਿੱਚ ਸ਼ਾਮਲ ਹੋਏ ਹਨ।ਉਨ੍ਹਾਂ ਕਿਹਾ ਕਿ ਵਿਧਾਇਕ ਸਿੱਧੂ ਪਾਰਟੀ ਬਾਜ਼ੀ ਤੋਂ ਉਪਰ ਉੱਠ ਕੇ ਹਲਕੇ ਦੇ ਸਾਰੇ ਪਿੰਡਾਂ ਦਾ ਬਿਨਾਂ ਕਿਸੇ ਭੇਦਭਾਵ ਤੋਂ ਵਿਕਾਸ ਕਰ ਰਹੇ ਹਨ, ਜਿਸ ਤੋਂ ਪ੍ਰਭਾਵਿਤ ਹੋ ਕੇ ਉਹ ਉਨ੍ਹਾਂ ਦੀ ਪਾਰਟੀ ਵਿੱਚ ਸ਼ਾਮਲ ਹੋ ਰਹੇ ਹਨ।

ਇਸ ਮੌਕੇ ਵਿਧਾਇਕ ਬਲਕਾਰ ਸਿੰਘ ਸਿੱਧੂ ਨੇ ਸ਼ਾਮਲ ਹੋਏ ਲੋਕਾਂ ਦਾ ਸਵਾਗਤ ਕੀਤਾ ਤੇ ਕਿਹਾ ਕਿ ਆਮ ਆਦਮੀ ਪਾਰਟੀ ਤੇ ਮੇਰੇ ਘਰ ਦੇ ਦਰਵਾਜ਼ੇ ਹਰ ਉਸ ਇਨਸਾਨ ਲਈ ਸਦਾ ਖੁੱਲ੍ਹੇ ਹਨ, ਜਿਸ ਦੀ ਨੀਅਤ ਲੋਕਾਂ ਤੇ ਆਮ ਆਦਮੀ ਪਾਰਟੀ ਪ੍ਰਤੀ ਸਾਫ ਹੈ।ਉਨ੍ਹਾਂ ਕਿਹਾ ਕਿ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਸਰਕਾਰ ਹਰ ਵਰਗ ਦੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਗੰਭੀਰਤਾ ਨਾਲ ਲੈ ਕੇ ਹੱਲ ਕਰ ਰਹੀ ਹੈ, ਜਿਸ ਤੋਂ ਪ੍ਰਭਾਵਿਤ ਹੋ ਕੇ ਵੱਡੀ ਗਿਣਤੀ ਵਿੱਚ ਪੰਜਾਬ ਦਾ ਭਲਾ ਸੋਚਣ ਵਾਲੇ ਲੋਕ ਆਮ ਆਦਮੀ ਪਾਰਟੀ 'ਚ ਸ਼ਾਮਲ ਹੋ ਰਹੇ ਹਨ।ਵਿਧਾਇਕ ਸਿੱਧੂ ਨੇ ਕਿਹਾ ਕਿ ਫਰੀਦਕੋਟ ਲੋਕ ਸਭਾ ਸੀਟ ਤੋਂ ਕਰਮਜੀਤ ਅਨਮੋਲ ਵੱਡੇ ਫਰਕ ਨਾਲ ਜਿੱਤਣਗੇ ਤੇ ਪੰਜਾਬ ਵਿੱਚ ਆਮ ਆਦਮੀ ਪਾਰਟੀ ਸਾਰੀਆਂ ਸੀਟਾਂ 'ਤੇ ਜਿੱਤ ਪ੍ਰਾਪਤ ਕਰੇਗੀ।

# ਦੇਸ਼ ਭਗਤ 'ਵਰਸਿਟੀ 'ਚ ਕਰਵਾਈ ਸੱਤ ਰੋਜ਼ਾ ਗੱਤਕਾ ਵਰਕਸ਼ਾਪ



**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਦੇਸ਼ ਭਗਤ ਯੂਨੀਵਰਸਿਟੀ ਵੱਲੋਂ ਪੰਜਾਬ ਗੱਤਕਾ ਐਸੋਸੀਏਸ਼ਨ ਦੇ ਸਹਿਯੋਗ ਨਾਲ ਡੀਬੀਯੂ ਕੈਂਪਸ ਵਿੱਚ ਸੱਤ ਰੋਜ਼ਾ ਵਰਕਸ਼ਾਪ ਕਰਵਾਈ ਗਈ। ਪੰਜਾਬ ਦੇ ਅਮੀਰ ਸੱਭਿਆਚਾਰਕ ਵਿਰਸੇ ਨੂੰ ਉਤਸ਼ਾਹਤ ਕਰਨ ਦੇ ਉਦੇਸ਼ ਨਾਲ ਇਸ ਵਰਕਸ਼ਾਪ ਵਿੱਚ ਵੱਖ-ਵੱਖ ਵਿਸ਼ਿਆਂ ਦੇ 400 ਤੋਂ ਵੱਧ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ। ਵਰਕਸ਼ਾਪ ਨੇ ਵਿਦਿਆਰਥੀਆਂ ਨੂੰ ਗੱਤਕਾ ਦੇ ਮੁੱਢਲੇ ਹੁਨਰ, ਇੱਕ ਪ੍ਰੰਪਰਾਗਤ ਭਾਰਤੀ ਮਾਰਸ਼ਲ ਆਰਟ ਨੂੰ ਸਿੱਖਣ ਤੇ ਪੰਜਾਬ, ਭਾਰਤ ਤੇ ਵਿਸ਼ਵ ਪੱਧਰ 'ਤੇ ਇਸ ਦੇ ਮੂਲ ਤੇ ਵਿਕਾਸ ਨੂੰ ਸਮਝਣ ਦਾ ਮੌਕਾ ਪ੍ਰਦਾਨ ਕੀਤਾ। ਇਸ ਸਮਾਗਮ ਨੇ ਗੱਤਕੇ ਦੀ ਵਿਸ਼ਵ ਪੱਧਰ 'ਤੇ ਮਾਨਤਾ ਤੇ ਵਿਸ਼ਵ ਭਰ ਵਿੱਚ ਆਰਥਿਕ ਅਤੇ ਸੱਭਿਆਚਾਰਕ ਦੋਵਾਂ ਖੇਤਰਾਂ ਵਿੱਚ ਪੰਜਾਬੀਆਂ ਦੀ ਮਹੱਤਵਪੂਰਨ ਭੂਮਿਕਾ ਨੂੰ ਉਜਾਗਰ ਕੀਤਾ। ਵਰਕਸ਼ਾਪ ਦਾ ਉਦਘਾਟਨ ਚਾਂਸਲਰ ਦੇ ਸਲਾਹਕਾਰ ਡਾ. ਵਰਿੰਦਰ ਸਿੰਘ ਨੇ ਕੀਤਾ ਤੇ ਉਨ੍ਹਾਂ ਨੇ ਭਾਰਤੀ ਮਾਰਸ਼ਲ ਆਰਟ ਵਿੱਚ ਗੱਤਕੇ ਦੀ ਮਹੱਤਤਾ ਅਤੇ ਇਸ ਦੀ ਇਤਿਹਾਸਕ ਪਛਾਣ 'ਤੇ ਜ਼ੋਰ ਦਿੱਤਾ। ਡਾ. ਸਿੰਘ ਨੇ ਪੰਜਾਬ ਤੇ ਭਾਰਤੀ ਇਤਿਹਾਸ ਬਾਰੇ ਮਾਰਸ਼ਲ ਆਰਟ ਦੇ ਅਮੀਰ ਪਿਛੋਕੜ ਦੀ ਪ੍ਰਭਾਵਸ਼ਾਲੀ ਜਾਣਕਾਰੀ ਦਿੱਤੀ।

ਸਮਾਪਤੀ ਸਮਾਰੋਹ ਦੀ ਪ੍ਰਧਾਨਗੀ ਡੀ ਬੀ ਯੂ ਦੇ ਚਾਂਸਲਰ ਡਾ. ਜ਼ੋਰਾ ਸਿੰਘ ਤੇ ਪ੍ਰੋ-ਚਾਂਸਲਰ ਡਾ. ਤਜਿੰਦਰ ਕੌਰ ਨੇ ਕ੍ਰਮਵਾਰ ਮੁੱਖ ਮਹਿਮਾਨ ਤੇ ਵਿਸ਼ੇਸ਼ ਮਹਿਮਾਨ ਵਜੋਂ ਸੇਵਾ ਨਿਭਾਈ। ਉਨ੍ਹਾਂ ਪੰਜਾਬ ਗੱਤਕਾ ਐਸੋਸੀਏਸ਼ਨ ਵੱਲੋਂ ਸਿਖਿਆਰਥੀਆਂ ਨੂੰ ਸਨਮਾਨਤ ਕੀਤਾ ਤੇ ਪ੍ਰਤੀਯੋਗੀਆਂ ਨੂੰ ਸਰਟੀਫਿਕੇਟ ਦਿੱਤੇ। ਖੇਡ ਨਿਰਦੇਸ਼ਕ ਡਾ. ਪ੍ਰਵੀਨ ਕੁਮਾਰ ਨੇ ਚਾਂਸਲਰ, ਪ੍ਰੋ ਚਾਂਸਲਰ, ਟ੍ਰੇਨਰਾਂ ਤੇ ਭਾਗ ਲੈਣ ਵਾਲਿਆਂ ਦਾ ਧੰਨਵਾਦ ਕੀਤਾ।

# ਤੂਫਾਨ ਤੋਂ ਪਹਿਲਾਂ ਦੀ ਖਾਮੋਸ਼ੀ ਤੋਂ ਚਿੰਤਤ ਹਨ ਸੱਤਾਧਾਰੀ : ਵਿਰਕ

**ਸਿਰਸਾ (ਸੁਰਿੰਦਰ ਪਾਲ ਸਿੰਘ)**

ਭਾਰਤ ਦੇਸ਼ ਦੇ ਸੂਝਵਾਨ ਵੋਟਰਾਂ ਵੱਲੋਂ ਵੋਟਾਂ ਤੋਂ ਪਹਿਲਾਂ ਧਾਰੀ ਖਾਮੋਸ਼ੀ ਦੱਸਦੀ ਹੈ ਕਿ ਦੇਸ਼ ਵਿੱਚ ਰਾਜਨੀਤਕ ਤੂਫਾਨ ਆਉਣ ਵਾਲੇ ਹਨ, ਜਿਸ ਦਾ ਅੰਦਾਜ਼ਾ ਸੱਤਾਧਾਰੀਆਂ ਦੇ ਮੱਥੇ 'ਤੇ ਆਏ ਪਸੀਨਿਆਂ ਤੋਂ ਲਾਇਆ ਜਾ ਸਕਦਾ ਹੈ। ਸਿਰਸਾ ਖੇਤਰ ਦੇ ਉੱਘੇ ਵਿਦਵਾਨ ਤੇ ਰਾਜਨੀਤਕ ਸੂਝ ਰੱਖਣ ਵਾਲੇ ਕਾ: ਸਵਰਨ ਸਿੰਘ ਵਿਰਕ ਦਾ ਕਹਿਣਾ ਹੈ ਕਿ ਭਾਰਤ ਤੇ ਵੋਟਰਾਂ ਅੰਦਰ ਖਾਸ ਕਰਕੇ ਨੌਜਵਾਨ ਵਰਗ ਅੰਦਰ ਖਾਮੋਸ਼ੀ ਭਰੇ ਬਦਲਾਓ ਦੀ ਲਹਿਰ ਚੱਲ ਰਹੀ ਹੈ। ਉਨ੍ਹਾ ਕਿਹਾ ਕਿ ਦੇਸ਼ ਦਾ ਰਾਜਨੀਤਕ ਸਮੁੰਦਰ ਉਪਰੋਂ ਸ਼ਾਂਤ ਦਿਖਾਈ ਦਿੰਦਾ ਹੈ, ਪਰ ਅੰਦਰੋਂ ਅੰਦਰੀ ਇਸ ਵਿੱਚ ਤੂਫਾਨੀ ਲਹਿਰਾਂ ਉੱਠ ਚੁੱਕੀਆਂ ਹਨ। ਵਿਰਕ ਨੇ ਕਿਹਾ ਕਿ ਇਤਿਹਾਸ ਦੱਸਦਾ ਹੈ ਕਿ ਜਦੋਂ ਰਾਜਨੀਤੀਵਾਨਾਂ ਦੀ ਰਾਜ ਸੱਤਾ ਨੂੰ ਖਤਰਾ ਹੁੰਦਾ ਹੈ ਤਾਂ ਉਹ ਫਿਰਕੂ ਏਜੰਡੇ ਉੱਤੇ ਉੱਤਰ ਆਉਂਦੇ ਹਨ। ਉਨ੍ਹਾਂ ਇਸ ਗੱਲ 'ਤੇ ਖੁਸ਼ੀ ਜ਼ਾਹਰ ਕੀਤੀ ਕਿ ਭਾਰਤ ਦੇ ਸੂਝਵਾਨ ਵੋਟਰ ਜਾਗ ਚੁੱਕੇ ਹਨ ਤੇ ਉਹ ਅੰਨ੍ਹੀਂ ਫਿਰਕਾਪ੍ਰਸਤੀ ਵੱਲ ਝੁਕਣ ਦੀ ਥਾਂ ਵਿਕਾਸ ਦੀ ਗੱਲ ਨੂੰ ਕੰਨ ਲਾ ਕੇ ਸੁਣ ਰਹੇ ਹਨ। ਇਸੇ ਤਰ੍ਹਾਂ ਅਧਿਆਪਕ ਵਰਗ ਵਿੱਚੋਂ ਰਾਜਨੀਤੀ ਦੀ ਅੰਦਰਲੀ ਕਣਸੋਅ ਰੱਖਣ ਵਾਲੇ ਅਧਿਆਪਕ ਅਜਾਇਬ ਸਿੰਘ ਜਲਾਲਆਣਾ ਦਾ ਕਹਿਣਾ ਸੀ ਕਿ ਸਮਾਂ ਬਦਲਣ ਦੇ ਨਾਲ ਨਾਲ ਅਜੋਕਾ ਵੋਟਰ ਗਿਆਨ ਵਿਗਿਆਨ ਦੀ ਦ੍ਰਿਸ਼ਟੀ ਤੋਂ ਧਰਮ ਨੂੰ ਸਮਝਦਾ ਹੋਇਆ ਮਨੁੱਖ ਲਈ ਮੁੱਢਲੀਆਂ ਲੋੜਾਂ ਭਾਵ ਰੋਟੀ ਕੱਪੜਾ ਮਕਾਨ ਦੀ ਮੰਗ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਭਾਰਤੀ ਵੋਟਰਾਂ ਨੇ ਕਦੇ ਵੀ ਫਿਰਕਾਪ੍ਰਸਤੀ ਦਾ ਸਾਥ ਨਹੀਂ ਦਿੱਤਾ। ਉਨ੍ਹਾ ਕਿਹਾ ਕਿ ਭਾਰਤੀ ਵੋਟਰਾਂ ਦੀ ਚੁੱਪੀ ਵਿੱਚੋਂ ਉੱਠਿਆ ਜਨਤੰਤਰ ਫਿਰਕਾਪ੍ਰਸਤ ਤਾਕਤਾਂ ਦਾ ਲੱਕ ਤੋੜਨ ਵੱਲ ਵੱਧ ਰਿਹਾ ਹੈ।

# ਮੁੱਖ ਮੰਤਰੀ ਕਿਸਾਨਾਂ ਦੇ ਸਵਾਲਾਂ ਦੇ ਜਵਾਬ ਦੇਣ ਤੋਂ ਅਸਮਰਥ : ਐੱਸ ਕੇ ਐੱਮ

## ਮੁੱਖ ਮੰਤਰੀ ਦੇ ਰੋਡ ਸ਼ੋਅ ਦਾ ਕਿਸਾਨਾਂ ਵੱਲੋਂ ਵਿਰੋਧ



**ਬੁਢਲਾਡਾ (ਅਸ਼ੋਕ ਲਾਕੜਾ)**-ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਮੁੱਖ ਮੰਤਰੀ ਦੀ ਅਗਵਾਈ ਵਿੱਚ ਵੱਖ ਵੱਖ ਜਗ੍ਹਾ ਰੋਡ ਸ਼ੋਅ ਕੀਤਾ ਗਿਆ, ਜਦ ਰੋਡ ਸ਼ੋਅ ਬੁਢਲਾਡਾ ਵਿਖੇ ਪੁੱਜਾ ਤਾਂ ਕਿਸਾਨ ਐੱਸ ਕੇ ਐੱਮ ਦੇ ਦਿੱਤੇ ਸੱਦੇ ਮੁਤਾਬਕ ਸਵਾਲ ਕਰਨ ਲਈ ਮੌਕੇ 'ਤੇ ਪੁੱਜੇ। ਕਿਸਾਨਾਂ ਦੇ ਸਵਾਲਾਂ ਵਿੱਚ ਕੁਦਰਤੀ ਕਰੋਪੀ ਨਾਲ ਮਰੀਆਂ ਫਸਲਾਂ ਦਾ ਮੁਆਵਜ਼ਾ, 15 ਮਾਰਚ ਨੂੰ ਜਾਰੀ ਕੀਤਾ 26 ਮਾਰਕੀਟ ਕਮੇਟੀਆਂ ਨੂੰ ਭੰਗ ਕਰਨ ਦਾ ਆਦੇਸ਼, ਆਬਾਦਕਾਰ ਕਿਸਾਨਾਂ ਨੂੰ ਜ਼ਮੀਨਾਂ ਤੋਂ ਵਾਂਝੇ ਕਰਨ ਦੀ ਨੀਤੀ ਤੇ ਸ਼ਾਂਤਮਈ ਤਰੀਕੇ ਨਾਲ ਸਵਾਲ ਕਰ ਰਹੇ ਕਿਸਾਨਾਂ ਦੀਆਂ ਹੋ ਰਹੀਆਂ ਗ੍ਰਿਫਤਾਰੀਆਂ ਆਦਿ ਸਨ। ਕਿਸਾਨਾਂ ਦੇ ਹਜੂਮ ਨੂੰ ਦੇਖ ਪ੍ਰਸ਼ਾਸਨ ਵੱਲੋਂ ਉਨ੍ਹਾ ਨੂੰ ਮਿਲਾਉਣ ਦਾ ਭਰੋਸਾ ਦਿੱਤਾ ਗਿਆ ਤੇ ਭਗਵੰਤ ਮਾਨ ਦੇ ਭਾਸ਼ਣ ਤੱਕ ਇੰਤਜ਼ਾਰ ਕਰਨ ਲਈ ਕਿਹਾ ਗਿਆ। ਕਿਸਾਨ ਆਗੂਆਂ ਦੇ ਅਪੀਲ ਕਰਨ ਦੇ ਬਾਵਜੂਦ ਪ੍ਰਸ਼ਾਸਨ ਟਾਲਮਟੋਲ ਕਰਦਾ ਰਿਹਾ। ਮੁੱਖ ਮੰਤਰੀ ਨੇ ਭਾਸ਼ਣ ਖਤਮ ਕਰਨ ਉਪਰੰਤ ਕਿਸਾਨਾਂ ਦੇ ਸਵਾਲਾਂ ਦੇ ਜਵਾਬ ਦੇਣ ਦੀ ਬਜਾਏ ਓਥੋਂ ਚਾਲੇ ਪਾ ਦਿੱਤੇ। ਆਮ ਆਦਮੀ ਪਾਰਟੀ ਦੀ ਸਰਕਾਰ ਦਾ ਇਹ ਰਵੱਈਆ ਦੇਖ ਕਿਸਾਨਾਂ ਵੱਲੋਂ ਨਾਹਰੇਬਾਜ਼ੀ ਕੀਤੀ ਗਈ ਤੇ ਨਾਲ ਹੀ ਲੋਕਾਂ ਨੂੰ ਇਸ ਗ਼ੈਰ-ਜ਼ਿੰਮੇਵਾਰ ਪਾਰਟੀ ਤੋਂ ਕੋਈ ਆਸ ਨਾ ਰੱਖਣ ਦੀ ਅਪੀਲ ਕੀਤੀ ਗਈ। ਇਸ ਮੌਕੇ ਭਾਰਤੀ ਕਿਸਾਨ ਯੂਨੀਅਨ ਡਕੌਂਦਾ ਦੇ ਕੁਲਵੰਤ ਸਿੰਘ ਕਿਸ਼ਨਗੜ੍ਹ, ਮਹਿੰਦਰ ਸਿੰਘ ਦਿਆਲਪੁਰਾ, ਸੱਤਪਾਲ ਸਿੰਘ ਵਰ੍ਹੇ, ਜਵਾਲਾ ਗੁਰਨੇ ਖੁਰਦ, ਜਮਹੂਰੀ ਕਿਸਾਨ ਸਭਾ ਦੇ ਅਮਰੀਕ ਸਿੰਘ, ਬਲਮ ਫਫੜੇ, ਧੰਨਾ ਟਾਦੀਆਂ, ਲੱਖੋਵਾਲ ਦੇ ਪ੍ਰਸ਼ੋਤਮ ਗਿੱਲ, ਦਰਸ਼ਨ ਜਟਾਣਾ, ਬੀ ਕੇ ਯੂ ਬੁਰਜਗਿੱਲ ਦੇ ਜੁਗਰਾਜ ਸਿੰਘ, ਹੇਮਰਾਜ ਅਹਿਮਦਪੁਰ, ਕੁੱਲ ਹਿੰਦ ਕਿਸਾਨ ਸਭਾ ਦੇ ਭੁਪਿੰਦਰ ਗੁਰਨੇ ਕਲਾਂ, ਸੀਤਾ ਰਾਮ ਗੋਬਿੰਦਪੁਰ ਤੇ ਹਰਮੀਤ ਸਿੰਘ ਬੋਰਾਂਵਾਲ ਸਮੇਤ ਵਰਕਰ ਮੌਜੂਦ ਰਹੇ।

# ਸੰਤ ਬਾਬਾ ਰਾਮ ਸਿੰਘ ਗੰਢੂਆਂ ਵਾਲੇ ਨਹੀਂ ਰਹੇ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਕੁਝ ਸਮੇਂ ਤੋਂ ਬਿਮਾਰ ਚੱਲੇ ਆ ਰਹੇ ਸੰਤ ਬਾਬਾ ਰਾਮ ਸਿੰਘ ਜੀ ਗੰਢੂਆਂ ਵਾਲਿਆਂ



ਦੇ ਸੱਚਖੰਡ ਬਿਰਾਜ ਜਾਣ ਦੀ ਖਬਰ ਜਿਵੇਂ ਹੀ ਸਰਹਿੰਦ-ਚੁੰਨੀ ਮਾਰਗ 'ਤੇ ਸਥਿਤ ਉਨ੍ਹਾਂ ਦੇ ਤਪ ਅਸਥਾਨ ਗੁਰਦੁਆਰਾ ਦੁਫੇੜਾ ਸਾਹਿਬ ਵਿਖੇ ਪਹੁੰਚੀ ਤਾਂ ਉਨ੍ਹਾਂ ਦੀ ਸਿਹਤਯਾਬੀ ਦੀ ਅਰਦਾਸ ਕਰ ਰਹੇ ਸ਼ਰਧਾਲੂਆਂ ਤੇ ਇਲਾਕਾ ਵਾਸੀਆਂ 'ਚ ਸੋਗ ਦੀ ਲਹਿਰ ਦੌੜ ਗਈ।ਸੂਤਰਾਂ ਮੁਤਾਬਕ ਸੰਤ ਬਾਬਾ ਰਾਮ ਸਿੰਘ ਜੀ ਗੰਢੂਆਂ ਵਾਲੇ ਬਿਮਾਰ ਹੋਣ ਕਾਰਨ ਚੰਡੀਗੜ੍ਹ ਦੇ ਇੱਕ ਹਸਪਤਾਲ 'ਚ ਦਾਖਲ ਸਨ, ਜਿੱਥੇ ਇਲਾਜ ਦੌਰਾਨ ਸਵੇਰੇ ਉਹ ਚੜ੍ਹਾਈ ਕਰ ਗਏ, ਜਿਸ ਤੋਂ ਬਾਅਦ ਉਨ੍ਹਾਂ ਦੀ ਦੇਹ ਨੂੰ ਗੁਰਦੁਆਰਾ ਟਾਹਲੀ ਸਾਹਿਬ ਦੁਫੇੜਾ ਸਾਹਿਬ ਵਿਖੇ ਲਿਆਂਦਾ ਗਿਆ।ਸੂਤਰਾਂ ਮੁਤਾਬਕ ਬਾਬਾ ਜੀ ਦੇ ਸਰੀਰ ਦਾ ਅੰਤਮ ਸੰਸਕਾਰ 26 ਮਈ ਨੂੰ ਗੁਰਦੁਆਰਾ ਟਾਹਲੀ ਸਾਹਿਬ ਦੁਫੇੜਾ ਸਾਹਿਬ ਵਿਖੇ ਕੀਤਾ ਜਾਵੇਗਾ।ਜ਼ਿਕਰਯੋਗ ਹੈ ਕਿ ਇਸ ਡੇਰੇ ਨਾਲ ਕ੍ਰਿਕਟਰ ਯੁਵਰਾਜ ਸਿੰਘ, ਕ੍ਰਿਕਟਰ ਹਰਭਜਨ ਸਿੰਘ, ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ, ਮੇਨਕਾ ਗਾਂਧੀ ਤੇ ਪੰਜਾਬ ਦੇ ਕੈਬੀਨੇਟ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਸਣੇ ਵੱਡੀ ਗਿਣਤੀ 'ਚ ਸ਼ਰਧਾਲੂਆਂ ਦੀ ਆਸਥਾ ਜੁੜੀ ਹੋਈ ਹੈ।

# ਵਰਦੇਵ ਸਿੰਘ ਮਾਨ ਤੇ ਹੋਰਨਾਂ ਆਗੂਆਂ ਵੱਲੋਂ ਬੌਬੀ ਮਾਨ ਦੇ ਹੱਕ 'ਚ ਚੋਣ ਸਭਾ

## ਖੇਤਰੀ ਪਾਰਟੀ ਹੀ ਕਰ ਸਕਦੀ ਹੈ ਪੰਜਾਬ ਦੇ ਮਸਲਿਆਂ ਦਾ ਹੱਲ : ਨੋਨੀ ਮਾਨ



**ਮਮਦੋਟ (ਜਸਬੀਰ ਸਿੰਘ ਕੰਬੋਜ)**

ਲੋਕ ਸਭਾ ਹਲਕਾ ਫਿਰੋਜ਼ਪੁਰ ਤੋਂ ਸ਼੍ਰੋਮਣੀ ਅਕਾਲੀ ਦਲ (ਬਾਦਲ) ਦੇ ਉਮੀਦਵਾਰ ਨਰਦੇਵ ਸਿੰਘ (ਬੌਬੀ) ਮਾਨ ਦੀ ਚੋਣ ਮੁਹਿੰਮ ਸਿਖਰਾਂ 'ਤੇ ਚੱਲ ਰਹੀ ਹੈ।ਵੀਰਵਾਰ ਕਸਬਾ ਮਮਦੋਟ ਵਿਖੇ ਬੌਬੀ ਮਾਨ ਦੇ ਵੱਡੇ ਭਰਾ ਤੇ ਹਲਕਾ ਗੁਰੂ ਹਰਸਹਾਏ ਦੇ ਇੰਚਾਰਜ ਵਰਦੇਵ ਸਿੰਘ ਨੋਨੀ ਮਾਨ, ਹਲਕਾ ਫਿਰੋਜ਼ਪੁਰ ਦਿਹਾਤੀ ਤੋਂ ਸਾਬਕਾ ਵਿਧਾਇਕ ਜੋਗਿੰਦਰ ਸਿੰਘ ਜਿੰਦੂ, ਹਰਚਰਨ ਸਿੰਘ ਵੈਰੜ ਸਾਬਕਾ ਚੇਅਰਮੈਨ ਮਾਰਕੀਟ ਕਮੇਟੀ ਮਮਦੋਟ ਅਤੇ ਯੂਥ ਆਗੂ ਸੁਰਿੰਦਰ ਸਿੰਘ ਬੱਬੂ ਵੱਲੋਂ ਭਰਵੀਂ ਚੋਣ ਸਭਾ ਨੂੰ ਸੰਬੋਧਨ ਕਰਦਿਆਂ ਲੋਕ ਸਭਾ ਹਲਕਾ ਫਿਰੋਜ਼ਪੁਰ ਤੋਂ ਸ਼੍ਰੋਮਣੀ ਅਕਾਲੀ ਦਲ (ਬਾਦਲ) ਦੇ ਉਮੀਦਵਾਰ ਨਰਦੇਵ ਸਿੰਘ ਬੌਬੀ ਮਾਨ ਦੇ ਹੱਕ ਵਿੱਚ ਵੋਟਾਂ ਪਾਉਣ ਦੀ ਅਪੀਲ ਕੀਤੀ।ਇਸ ਚੋਣ ਸਭਾ ਨੂੰ ਸੰਬੋਧਨ ਕਰਦਿਆਂ ਉਕਤ ਆਗੂਆਂ ਨੇ ਸ਼੍ਰੋਮਣੀ ਅਕਾਲੀ ਦਲ ਵੱਲੋਂ ਆਪਣੀ ਸਰਕਾਰ ਮੌਕੇ ਪੰਜਾਬ ਤੇ ਇਸ ਇਲਾਕੇ ਦੇ ਕੀਤੇ ਗਏ ਵਿਕਾਸ ਕਾਰਜਾਂ ਤੋਂ ਲੋਕਾਂ ਨੂੰ ਜਾਣੂ ਕਰਵਾਉਂਦਿਆਂ ਦੱਸਿਆ ਕਿ ਪੰਜਾਬ ਦਾ ਵਿਕਾਸ ਖੇਤਰੀ ਪਾਰਟੀ ਸ਼੍ਰੋਮਣੀ ਅਕਾਲੀ ਦਲ ਹੀ ਕਰ ਸਕਦੀ ਹੈ ਤੇ ਪੰਜਾਬ ਦੇ ਮਸਲੇ ਵੀ ਸ਼੍ਰੋਮਣੀ ਅਕਾਲੀ ਦਲ ਹੀ ਹੱਲ ਕਰਵਾ ਸਕਦਾ ਹੈ। ਉਨ੍ਹਾਂ ਕਿਹਾ ਕਿ ਰਾਸ਼ਟਰੀ ਪਾਰਟੀਆਂ ਬੇਸ਼ੱਕ ਕਾਂਗਰਸ ਹੋਵੇ ਜਾਂ ਭਾਰਤੀ ਜਨਤਾ ਪਾਰਟੀ ਉਨ੍ਹਾਂ ਪੰਜਾਬ ਨਾਲ ਹਮੇਸ਼ਾ ਵਿਤਕਰਾ ਹੀ ਕੀਤਾ ਹੈ। ਇਸ ਵਾਸਤੇ ਆਉਣ ਵਾਲੀ 1 ਜੂਨ ਨੂੰ ਇੱਕ ਇੱਕ ਵੋਟ ਤੱਕੜੀ ਦੇ ਚੋਣ ਨਿਸ਼ਾਨ ਵਾਲਾ ਬਟਨ ਦਬਾ ਕੇ ਪੰਜਾਬ ਦੇ ਹੱਕਾਂ ਲਈ ਸਦਾ ਲੜਨ ਵਾਲੀ ਪਾਰਟੀ ਸ਼੍ਰੋਮਣੀ ਅਕਾਲੀ ਦਲ ਦੇ ਹੱਥ ਮਜ਼ਬੂਤ ਕਰੋ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਚਮਕੌਰ ਸਿੰਘ ਟਿੱਬੀ, ਨਗਰ ਕੌਂਸਲ ਦੇ ਸਾਬਕਾ ਉਪ ਪ੍ਰਧਾਨ ਵਰਿੰਦਰ ਸਿੰਘ ਵੈਰੜ, ਪਵਨ ਕੁਮਾਰ ਦੁੱਗਲ ਸਾਬਕਾ ਸਰਪੰਚ ਖੁੰਦਰ, ਸੁਰਿੰਦਰ ਕੁਮਾਰ ਕਾਲਾ ਪ੍ਰਧਾਨ ਵਪਾਰੀ ਯੂਨੀਅਨ ਮਮਦੋਟ, ਕਰਨੈਲ ਸਿੰਘ ਹਸਨੇ ਵਾਲਾ, ਯੂਥ ਆਗੂ ਮਨਪ੍ਰੀਤ ਸਿੰਘ, ਬਲਜੀਤ ਸਿੰਘ ਹਸਨੇ ਵਾਲਾ, ਹਰਭੇਜ ਸਿੰਘ ਸਾਹਨ ਕੇ, ਸਾਹਿਬ ਸਿੰਘ, ਸ਼ਾਮ ਲਾਲ ਭੋਲੇਵਾਸੀਆ, ਸੁਰਿੰਦਰ ਗਾਬਾ, ਸੰਪੂਰਨ ਸਿੰਘ ਮਲਸੀਆਂ, ਰਕੇਸ਼ ਕੁਮਾਰ, ਹਰਜਿੰਦਰ ਸਿੰਘ ਕਿੱਲੀ, ਕਰਨੈਲ ਸਿੰਘ, ਰਸ਼ਪਾਲ ਸਿੰਘ ਰਹੀਮੇ ਕੇ, ਸੁਖਦੇਵ ਸਿੰਘ ਫੁੱਲਰਵੰਨ, ਪ੍ਰੇਮ ਮਦਾਨ, ਸਾਬਕਾ ਕੌਂਸਲਰ ਨਿਰਮਲ ਸਿੰਘ, ਰੋਸ਼ਨ ਸਿੰਘ ਹਜ਼ਾਰਾ ਸਿੰਘ ਵਾਲਾ ਸਮੇਤ ਵੱਡੀ ਗਿਣਤੀ ਵਿੱਚ ਅਕਾਲੀ ਆਗੂ ਤੇ ਵਰਕਰ ਹਾਜ਼ਰ ਸਨ।

# ਸਕੂਲਾਂ 'ਚ ਅਚਨਚੇਤ ਕੀਤੀਆਂ ਛੁੱਟੀਆਂ ਕਾਰਨ ਮਾਪਿਆਂ ਤੇ ਸਕੂਲ ਪ੍ਰਬੰਧਕਾਂ 'ਚ ਰੋਸ

**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)**-20 ਮਈ ਨੂੰ ਸਿੱਖਿਆ ਵਿਭਾਗ ਵੱਲੋਂ ਪੰਜਾਬ ਦੇ ਸਾਰੇ ਸਕੂਲਾਂ ਵਿੱਚ ਅਚਨਚੇਤ ਕੀਤੀਆਂ ਛੁੱਟੀਆਂ ਕਾਰਨ ਮਾਪਿਆਂ ਤੇ ਸਕੂਲ ਪ੍ਰਬੰਧਕਾਂ ਵਿੱਚ ਰੋਸ ਪਾਇਆ ਜਾ ਰਿਹਾ ਹੈ।ਜ਼ਿਕਰਯੋਗ ਹੈ ਕਿ ਪਹਿਲਾਂ 18 ਮਈ ਨੂੰ ਇਕਦਮ ਸਕੂਲਾਂ ਦਾ ਸਮਾਂ 20 ਮਈ ਤੋਂ ਸਵੇਰੇ 7 ਵਜੇ ਤੋਂ ਦੁਪਹਿਰ 12 ਵਜੇ ਤੱਕ ਕਰ ਦਿੱਤਾ ਗਿਆ ਸੀ।ਅਜੇ ਸਕੂਲ ਇਸ ਨਵੇਂ ਸਮੇਂ ਨੂੰ ਲਾਗੂ ਕਰਨ ਦੇ ਸੰਘਰਸ਼ ਵਿੱਚ ਹੀ ਸਨ ਕਿ 20 ਤਰੀਕ ਰਾਤ ਨੂੰ ਨਵਾਂ ਫਰਮਾਨ ਆ ਗਿਆ ਕਿ 21 ਮਈ ਤੋਂ ਛੁੱਟੀਆਂ ਕਰ ਦਿੱਤੀਆਂ ਗਈਆਂ।ਜਾਣਕਾਰੀ ਦਿੰਦੇ ਹੋਏ ਪ੍ਰਾਈਵੇਟ ਸਕੂਲ ਫੈਡਰੇਸ਼ਨ ਦੇ ਸੂਬਾ ਪ੍ਰਧਾਨ ਡਾ. ਜਗਜੀਤ ਸਿੰਘ ਧੂਰੀ ਨੇ ਕਿਹਾ ਕਿ ਅਚਨਚੇਤ ਛੁੱਟੀਆਂ ਹੋਣ ਕਾਰਨ ਬੱਚਿਆਂ ਦੇ ਬੈਗ ਤੇ ਕੁਝ ਕਿਤਾਬਾਂ ਸਕੂਲਾਂ ਵਿੱਚ ਹੀ ਪਈਆਂ ਰਹਿ ਗਈਆਂ ਅਤੇ ਸਕੂਲ ਵਿਦਿਆਰਥੀਆਂ ਨੂੰ ਸਵਾ ਮਹੀਨੇ ਦੀਆਂ ਛੁੱਟੀਆਂ ਲਈ ਕੰਮ ਵੀ ਨਾ ਦੇ ਸਕੇ। ਉਨ੍ਹਾਂ ਦੱਸਿਆ ਕਿ ਫੈਡਰੇਸ਼ਨ ਵੱਲੋਂ ਅਨੇਕਾਂ ਵਾਰ ਮਾਨਯੋਗ ਸਿੱਖਿਆ ਮੰਤਰੀ ਤੇ ਵਿਭਾਗ ਨੂੰ ਲਿਖਿਆ ਹੈ ਕਿ ਛੁੱਟੀਆਂ ਕਰਨ ਦਾ ਫੈਸਲਾ ਸਹਿਜਤਾ ਨਾਲ ਲਿਆ ਜਾਵੇ ਤੇ ਨਾਲ ਹੀ ਇਸ ਦੀ ਜਾਣਕਾਰੀ ਭਰੋਸੇਯੋਗ ਸੂਤਰਾਂ ਰਾਹੀਂ ਜਾਂ ਮੇਲ ਰਾਹੀਂ ਸਬੰਧਤ ਸਕੂਲਾਂ ਨੂੰ ਦਿੱਤੀ ਜਾਵੇ।ਜ਼ਿਆਦਾਤਰ ਛੁੱਟੀਆਂ ਦਾ ਫੈਸਲਾ ਸੋਸ਼ਲ ਮੀਡੀਆ ਰਾਹੀਂ ਸੁਣਾਇਆ ਜਾਂਦਾ ਹੈ, ਜੋ ਕਿ ਅਨੇਕਾਂ ਵਾਰ ਗਲਤ ਹੁੰਦਾ ਹੈ।ਸੋਸ਼ਲ ਮੀਡੀਆ ਉੱਪਰ ਬਹੁਤ ਸਾਰੇ ਆਰਡਰ ਨਕਲੀ ਤੌਰ 'ਤੇ ਐਡਿਟ ਕਰਕੇ ਪਾਏ ਹੁੰਦੇ ਹਨ, ਜਿਨ੍ਹਾਂ 'ਤੇ ਯਕੀਨ ਕਰਨਾ ਔਖਾ ਹੁੰਦਾ ਹੈ।ਫੈਡਰੇਸ਼ਨ ਦਾ ਕਹਿਣਾ ਹੈ ਕਿ ਸਰਕਾਰੀ ਸਕੂਲਾਂ ਵਿੱਚ ਢੁੱਕਵੇਂ ਪ੍ਰਬੰਧ ਨਾ ਹੋਣ ਕਾਰਨ ਅਜਿਹੀਆਂ ਛੁੱਟੀਆਂ ਕਰਨੀਆਂ ਪੈਂਦੀਆਂ ਹਨ, ਪ੍ਰੰਤੂ ਨਾਲ ਹੀ ਇਹ ਫੈਸਲੇ ਪ੍ਰਾਈਵੇਟ ਸਕੂਲਾਂ ਉੱਪਰ ਵੀ ਲਾਗੂ ਕਰ ਦਿੱਤੇ ਜਾਂਦੇ ਹਨ, ਜਿੱਥੇ ਹਰ ਕਿਸਮ ਦੀ ਸਹੂਲਤ ਹੁੰਦੀ ਹੈ।ਉਨ੍ਹਾ ਕਿਹਾ ਕਿ ਪਿਛਲੇ ਸਮੇਂ ਵਿੱਚ ਵੀ ਇੱਕ ਦੋ ਜ਼ਿਲ੍ਹਿਆਂ ਵਿੱਚ ਹੜ੍ਹਾਂ ਦਾ ਪ੍ਰਭਾਵ ਸੀ, ਪਰੰਤੂ ਇੱਕ ਮਹੀਨਾ ਸਾਰੇ ਪੰਜਾਬ ਦੇ ਸਕੂਲ ਬੰਦ ਰਹੇ।ਫੈਡਰੇਸ਼ਨ ਸਰਕਾਰ ਦੁਆਰਾ ਬੱਚਿਆਂ ਦੀ ਸੁਰੱਖਿਆ ਨੂੰ ਲੈ ਕੇ ਚੁੱਕੇ ਕਦਮਾਂ ਦੀ ਸ਼ਲਾਘਾ ਕਰਦੀ ਹੈ, ਪ੍ਰੰਤੂ ਚੰਗਾ ਹੁੰਦਾ ਜੇਕਰ ਸਕੂਲਾਂ ਨੂੰ 21 ਮਈ ਖੁੱਲ੍ਹਾ ਰੱਖਣ ਦੀ ਆਗਿਆ ਦਿੱਤੀ ਜਾਂਦੀ ਤਾਂ ਜੋ ਸਕੂਲ ਸਹੀ ਢੰਗ ਨਾਲ ਬੱਚਿਆਂ ਨੂੰ ਛੁੱਟੀਆਂ ਦਾ ਕੰਮ ਦੇ ਸਕਦੇ।ਜ਼ਿਲ੍ਹੇ ਦੇ ਸਿੱਖਿਆ ਅਫਸਰ ਤੇ ਹੋਰ ਅਧਿਕਾਰੀ, ਜਿਨ੍ਹਾਂ ਕੋਲ ਛੁੱਟੀ ਬਾਰੇ ਤਾਂ ਕੋਈ ਜਾਣਕਾਰੀ ਨਹੀਂ ਹੁੰਦ, ਪ੍ਰੰਤੂ ਅਚਨਚੇਤ ਕੀਤੀ ਛੁੱਟੀ ਨੂੰ ਲਾਗੂ ਕਰਵਾਉਣ ਵਿੱਚ ਬਹੁਤ ਤੇਜ਼ੀ ਦਿਖਾਈ ਜਾਂਦੀ ਹੈ।ਬੱਚਿਆਂ ਦੀਆਂ ਛੁੱਟੀਆਂ ਸਮਝ ਆਉਂਦੀਆਂ ਹਨ, ਪ੍ਰੰਤੂ ਸਮਾਜ ਵਿੱਚ ਬਹੁਤ ਸਾਰੇ ਲੋਕ ਜਿਨ੍ਹਾਂ ਦੇ ਪਰਿਵਾਰ ਵਿੱਚੋਂ ਕੋਈ ਵਿਅਕਤੀ ਪ੍ਰਾਈਵੇਟ ਸੰਸਥਾਵਾਂ ਵਿੱਚ ਅਧਿਆਪਕ ਦਾ ਕੰਮ ਕਰਦਾ ਹੈ, ਉਹ ਵਿੰਗੇ ਟੇਢੇ ਢੰਗਾਂ ਨਾਲ ਇਹ ਛੁੱਟੀਆਂ ਅਧਿਆਪਕਾਂ ਲਈ ਕਰਵਾਉਣ ਵਿੱਚ ਕੋਸ਼ਿਸ਼ਾਂ ਕਰਨ ਲੱਗ ਜਾਂਦੇ ਹਨ।ਅਧਿਆਪਕਾਂ ਤੋਂ ਬਿਨਾਂ ਹਰ ਕੋਈ ਮਹਿਕਮੇ ਦੇ ਮੁਲਾਜ਼ਮ ਵੀ ਗਰਮੀਆਂ ਸਰਦੀਆਂ ਆਪਣੇ ਕੰਮਾਂ ਉੱਪਰ ਜਾਂਦੇ ਹਨ, ਕੀ ਇਹ ਗਰਮੀ ਇਕੱਲੇ ਸਕੂਲ ਦੇ ਅਧਿਆਪਕਾਂ ਨੂੰ ਹੀ ਲੱਗਦੀ ਹੈ।ਸਰਕਾਰ ਨੂੰ ਇਸ ਬਾਰੇ ਸੁਹਿਰਦ ਹੋ ਕੇ ਸੋਚਣਾ ਪਵੇਗਾ।

# ਬਾਬਾ ਫ਼ਰੀਦ ਸਕੂਲ ਦੇ ਵਿਦਿਆਰਥੀਆਂ ਸਕਾਊਟਸ ਤੇ ਗਾਈਡਜ਼ ਕੈਂਪ 'ਚ ਲਿਆ ਹਿੱਸਾ



**ਫਰੀਦਕੋਟ (ਐਲਿਗਜੈਂਡਰ ਡਿਸੂਜ਼ਾ)**-ਬਾਬਾ ਫਰੀਦ ਜੀ ਦੀ ਅਪਾਰ ਰਹਿਮਤ ਨਾਲ ਚੱਲ ਰਹੀ ਸੰਸਥਾ ਬਾਬਾ ਫ਼ਰੀਦ ਪਬਲਿਕ ਸਕੂਲ ਦੇ ਅੱਠਵੀਂ ਤੋਂ ਦਸਵੀਂ ਜਮਾਤ ਦੇ 58 ਵਿਦਿਆਰਥੀਆਂ ਨੇ 45 ਰਾਜ ਪੁਰਸਕਾਰ, 13 ਹਾਈਕਿੰਗ ਟਰੈਕਿੰਗ ਤੇ ਨੇਚਰ ਸਟਡੀ ਕੈਂਪ 'ਚ ਹਿੱਸਾ ਲਿਆ, ਜੋਕਿ ਤਾਰਾ ਦੇਵੀ ਸ਼ਿਮਲਾ ਵਿਖੇ ਲਾਇਆ ਗਿਆ।ਇਸ ਮੌਕੇ ਪ੍ਰਿੰਸੀਪਲ ਸੁਖਦੀਪ ਕੌਰ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਸ ਕੈਂਪ ਵਿੱਚ ਭਾਰਤ ਸਕਾਊਟ ਐਂਡ ਗਾਈਡ ਦੇ ਐੱਸ. ਓ. ਐੱਫ. ਸ੍ਰ. ਓਂਕਾਰ ਸਿੰਘ, ਐੱਸ. ਟੀ. ਸੀ. ਸ੍ਰੀ ਹੇਮੰਤ ਕੁਮਾਰ ਦੀ ਅਗਵਾਈ ਹੇਠ ਇਹ ਕੈਂਪ ਲਗਵਾਇਆ ਗਿਆ।ਇਸ ਕੈਂਪ ਦੌਰਾਨ ਵਿਦਿਆਰਥੀਆਂ ਨੂੰ ਹਾਈਕਿੰਗ ਟਰੈਕਿੰਗ, ਰੋਪ ਕਲਾਈਬਿੰਗ ਦੀ ਟ੍ਰੇਨਿੰਗ ਦਿੱਤੀ ਗਈ।ਇਸ ਤੋਂ ਇਲਾਵਾ ਵਿਦਿਆਰਥੀਆਂ ਨੂੰ ਮੋਬਾਈਲ ਤੋਂ ਦੂਰ ਰੱਖਦਿਆਂ ਕਈ ਤਰ੍ਹਾਂ ਦੀਆਂ ਖੇਡਾਂ ਖਿਡਾਈਆਂ ਗਈਆਂ ਤੇ ਉਨ੍ਹਾਂ ਅੰਦਰ ਸਹੀ ਜ਼ਿੰਦਗੀ ਜਿਉਣ ਲਈ ਉਤਸ਼ਾਹ ਭਰਿਆ ਗਿਆ।ਅਧਿਆਪਕ ਸ਼੍ਰੀਮਤੀ ਰੰਜਣਾ ਥਾਪਰ ਤੇ ਅਨਮੋਲ ਸਿੰਘ ਦੀ ਦੇਖ-ਰੇਖ ਹੇਠ ਵਿਦਿਆਰਥੀਆਂ ਨੇ ਇਸ ਕੈਂਪ ਵਿੱਚ ਸਕਾਊਟ ਐਂਡ ਗਾਈਡ ਦੇ ਨਿਯਮ, ਸਕਾਰਾਤਮਕ ਸੋਚ, ਅਨੁਸ਼ਾਸਨ ਵਿੱਚ ਰਹਿਣਾ ਤੇ ਦੇਸ਼ ਭਗਤੀ ਦੀ ਭਾਵਨਾ ਵਰਗੇ ਆਦਿ ਗੁਣਾਂ ਨੂੰ ਗ੍ਰਹਿਣ ਕੀਤਾ।ਇਸ ਅਨੁਸਾਰ ਵਿਦਿਆਰਥੀਆਂ ਦਾ ਰਾਜ ਪੁਰਸਕਾਰ ਦੇ ਬੈਜਾਂ ਲਈ ਟੈਸਟ ਵੀ ਲਿਆ ਗਿਆ ਤੇ ਅੱਗਿਓਂ ਵਿਦਿਆਰਥੀ ਰਾਸ਼ਟਰਪਤੀ ਐਵਾਰਡ ਦੀਆਂ ਤਿਆਰੀਆਂ ਕਰਨਗੇ।ਸੰਸਥਾ ਦੇ ਪ੍ਰਧਾਨ ਸਿਮਰਜੀਤ ਸਿੰਘ ਸੇਖੋਂ ਨੇ ਵਿਦਿਆਰਥੀਆਂ ਨੂੰ ਅਸ਼ੀਰਵਾਦ ਦਿੰਦਿਆਂ ਕਿਹਾ ਕਿ ਬਾਬਾ ਫਰੀਦ ਪਬਲਿਕ ਸਕੂਲ ਦੇ ਵਿਦਿਆਰਥੀ ਸਿਰਫ ਅਕਾਦਮਿਕ ਵਿੱਚ ਹੀ ਨਹੀਂ ਸਗੋਂ ਐੱਨ.ਸੀ.ਸੀ. ਸਕਾਊਟ ਐਂਡ ਗਾਈਡ, ਖੇਡਾਂ, ਸੱਭਿਆਚਾਰਕ ਗਤੀਵਿਧੀਆਂ ਤੇ ਹੋਰ ਵੀ ਰਾਸ਼ਟਰੀ ਪੱਧਰ ਦੇ ਕੈਂਪਾਂ ਵਿੱਚ ਹਿੱਸਾ ਲੈਂਦੇ ਰਹਿੰਦੇ ਹਨ। ਉਨ੍ਹਾਂ ਨੇ ਮਾਨ ਮਹਿਸੂਸ ਕਰਦੇ ਹੋਏ ਕਿਹਾ ਕਿ ਸੰਸਥਾ ਦੇ ਵਿਦਿਆਰਥੀ ਸਮੁੱਚੇ ਸਟਾਫ ਦੀ ਯੋਗ ਅਗਵਾਈ ਹੇਠ ਦਿਨ ਦੁੱਗਣੀ ਤੇ ਰਾਤ ਚੌਗਣੀ ਤਰੱਕੀ ਕਰ ਰਹੇ ਹਨ।


**RELIANCE Asset Reconstruction**

**Reliance Asset Reconstruction Company Ltd.**
11th Floor, North Side, R-Tech Park, Western Express Highway, Goregaon (East), Mumbai- 400063.

## ਸਕਿਉਰਡ ਐਸੇਟਸ ਦੀ ਈ-ਨਿਲਾਮੀ ਵਿਕਰੀ ਵਾਸਤੇ ਜਨਤਕ ਨੋਟਿਸ

ਰਿਲਾਇੰਸ ਐਸੇਟ ਰੀਕੰਸਟਰੱਕਸ਼ਨ ਕੰਪਨੀ ਲਿਮਟਿਡ (ਆਰ ਏ ਆਰ ਸੀ) "ਆਰ ਏ ਆਰ ਸੀ 068 ਟਰੱਸਟ" ਦੀ ਇੱਕ ਟਰੱਸਟੀ ਅਤੇ ਹੇਠਾਂ ਦਰਸਾਏ ਕਰਜ਼ਦਾਰ ਦੇ ਇੰਡੀਅਨ ਓਵਰਸੀਜ਼ ਬੈਂਕ ਨਾਲ ਮਿਤੀ 30.03.2022 ਨਾਲ ਹੋਏ ਹਿੱਸੇਦਾਰੀ ਦੇ ਇਕਰਾਰਨਾਮੇ ਅਨੁਸਾਰ ਜਾਇਦਾਦ ਦੀ ਹਿੱਸੇਦਾਰ ਅਤੇ ਸਕਿਉਰਡ ਕ੍ਰੈਡਿਟਰ ਹੈ।
ਨਿਮਨਹਸਤਾਖਰੀ ਨੇ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐਸੇਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ, 2002 ਅਤੇ ਸਕਿਉਰਟੀ ਇੰਟਰੈਸਟ ਇਨਫੋਰਸਮੈਂਟ ਰੂਲਜ਼, 2002 ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਆਮ ਜਨਤਾ ਨੂੰ ਨੋਟਿਸ ਦਿੱਤਾ ਹੈ ਕਿ ਬਕਾਏ ਦੀ ਵਸੂਲੀ ਲਈ ਹੇਠਾਂ ਦਰਸਾਈ ਜਾਇਦਾਦ ਦੀ "ਆਨ ਲਾਈਨ ਈ-ਨਿਲਾਮੀ" ਰਾਹੀਂ ਵਿਕਰੀ ਕੀਤੀ ਜਾਵੇਗੀ। ਜਾਇਦਾਦਾਂ ਦੀ ਵਿਕਰੀ ਸਖਤੀ ਨਾਲ ਹੇਠਾਂ ਦਰਸਾਈਆਂ ਸ਼ਰਤਾਂ ਤੋਂ ਇਲਾਵਾ "ਜਿਵੇਂ ਹੈ ਜਿੱਥੇ ਹੈ" "ਜੋ ਹੈ ਜਿਵੇਂ ਹੈ" ਅਤੇ "ਬਿਨਾਂ ਸਹਾਰੇ" ਦੇ ਅਧਾਰ 'ਤੇ ਕੀਤੀ ਜਾਵੇਗੀ।

| ਕਰਜ਼ਦਾਰ/ਗਰੰਟਰ ਦਾ ਨਾਂਅ | ਖੜ੍ਹਾ ਬਕਾਇਆ | ਕਬਜ਼ਾ |
|---|---|---|
| 1. ਮੈਸ. ਸਾਈ ਇੰਡਸਟਰੀਜ਼ (ਕਰਜ਼ਦਾਰ) ਜੀ ਟੀ ਰੋਡ, ਬਸਤੀ ਜੋਧੇਵਾਲ, ਸਾਹਮਣੇ ਆਈ ਬੀ ਪੀ ਪੰਪ, ਲੁਧਿਆਣਾ-141007<br>2. ਸ੍ਰੀ ਰਾਜੇਸ਼ ਕੁਮਾਰ (ਮਾਲਕ) ਬਸਤੀ ਜੋਧੇਵਾਲ ਚੌਕ, ਸਾਹਮਣੇ ਆਈ ਬੀ ਪੀ ਪੈਟਰੋਲ ਪੰਪ, ਲੁਧਿਆਣਾ-141007<br>3. ਸ੍ਰੀ ਜਤਿੰਦਰ ਕੁਮਾਰ (ਰਹਿਣਕਾਰ/ਗਰੰਟਰ) ਵਾਸੀ 312, ਬਸਤੀ ਕਟੜਾ ਮੁਹੱਲਾ, ਬਸਤੀ ਦਾਨਿਸ਼ਮੰਦਾਂ, ਜਲੰਧਰ, ਪੰਜਾਬ-144002 | ਮਿਤੀ 30.04.2024 ਨੂੰ ਰੁਪਏ 85,39,154.38/- (ਪਚਾਸੀ ਲੱਖ ਉਨਤਾਲੀ ਹਜ਼ਾਰ ਇੱਕ ਸੌ ਚੁਰੰਜਾ ਰੁਪਏ ਅਤੇ ਅਠੱਤੀ ਪੈਸੇ ਕੇਵਲ) ਸਮੇਤ ਮੁਕੰਮਲ ਅਦਾਇਗੀ ਤੱਕ ਇਸ ਉਪਰ ਭਵਿੱਖੀ ਵਿਆਜ। | ਭੌਤਿਕ |
| **ਜਾਇਦਾਦ ਦਾ ਵੇਰਵਾ** | **ਰਾਖਵੀਂ ਕੀਮਤ** | **ਈ ਐੱਮ ਡੀ ਰਕਮ** |
| ਸ੍ਰੀ ਜਤਿੰਦਰ ਕੁਮਾਰ ਦੇ ਨਾਂਅ 'ਤੇ ਜਾਇਦਾਦ ਰਕਬਾ 111 ਵਰਗ ਗਜ਼, ਖਸਰਾ ਨੰ. 1196/957/815/675/375/377, ਖੱਤਾ ਨੰ. 121/122, 825/848, ਜਮ੍ਹਾਂਬੰਦੀ ਸਾਲ 2005-2006, ਹਦਬਸਤ ਨੰ. 77, ਬੈਨਾਮਾ ਨੰ. 23334 ਮਿਤੀ 16.02.2012 ਅਨੁਸਾਰ ਤਰਫ ਜੋਧੇਵਾਲ, ਮੁਹੱਲਾ ਬਸਤੀ ਮਨੀ ਸਿੰਘ, ਲੁਧਿਆਣਾ। ਹੱਦਾਂ : ਪੂਰਬ : ਅਮਨ ਗੈਸ ਏਜੰਸੀ ਅਤੇ ਹੋਰ, ਪੱਛਮ : ਆਰ ਐੱਸ ਬਾਡੀ ਫੈਬਰੀਕੇਟਰ ਅਤੇ ਹੋਰ, ਉੱਤਰ : ਗਲੀ (17'-0), ਦੱਖਣ : ਜੀ ਟੀ ਰੋਡ। | ਰੁਪਏ 23,00,000/- (ਤੇਈ ਲੱਖ ਰੁਪਏ ਕੇਵਲ) | ਰੁਪਏ 2,30,000/- (ਦੋ ਲੱਖ ਤੀਹ ਹਜ਼ਾਰ ਰੁਪਏ ਕੇਵਲ) |

**ਨਿਲਾਮੀ ਪ੍ਰੋਗਰਾਮ**
ਜਾਇਦਾਦ ਦਾ ਨਿਰੀਖਣ : 03.06.2024, ਸਵੇਰੇ 11.00 ਵਜੇ ਤੋਂ ਦੁਪਹਿਰ 01.00 ਵਜੇ ਤੱਕ
ਬੋਲੀ ਜਮ੍ਹਾਂ ਕਰਵਾਉਣ ਦੀ ਅੰਤਮ ਮਿਤੀ : 11.06.2024
ਈ-ਨਿਲਾਮੀ ਦੀ ਮਿਤੀ : 12.06.2024 ਦੁਪਹਿਰ 2.00 ਵਜੇ ਤੋਂ ਸ਼ਾਮ 3.00 ਵਜੇ ਤੱਕ (ਹਰੇਕ 5 ਮਿੰਟ ਦੇ ਵਾਧੇ ਨਾਲ)

**ਈ-ਨਿਲਾਮੀ ਵਿਕਰੀ ਦੇ ਨਿਯਮ ਅਤੇ ਸ਼ਰਤਾਂ**

1. ਜਾਇਦਾਦ ਰਾਖਵੀਂ ਕੀਮਤ ਤੋਂ ਹੇਠਾਂ ਨਹੀਂ ਵੇਚੀ ਜਾਵੇਗੀ ਅਤੇ ਵਿਕਰੀ ਰਿਲਾਇੰਸ ਐਸੇਟਸ ਰੀਕੰਸਟਰੱਕਸ਼ਨ ਕੰਪਨੀ ਲਿਮਟਿਡ (ਆਰ ਏ ਆਰ ਸੀ) ਦੇ ਸਕਿਉਰਡ ਕ੍ਰੈਡਿਟਰ ਦੀ ਪੁਸ਼ਟੀ ਅਧੀਨ ਹੈ। ਜਾਇਦਾਦ ਦੀ ਵਿਕਰੀ "ਜਿਵੇਂ ਹੈ ਜਿੱਥੇ ਹੈ", "ਜੋ ਹੈ ਜਿਵੇਂ ਹੈ" ਬਿਨਾਂ ਸਹਾਰੇ ਦੇ ਅਧਾਰ 'ਤੇ ਹੋਵੇਗੀ।
2. ਈ-ਨਿਲਾਮੀ ਆਰ ਏ ਆਰ ਸੀ ਦੀ ਪ੍ਰਵਾਨਿਤ ਸਰਵਿਸ ਪ੍ਰੋਵਾਈਡਰ ਮੈਸ : ਅਰਕਾ ਈਮਾਰਟ ਪ੍ਰਾਈਵੇਟ ਲਿਮਟਿਡ ਦੀ ਵੈੱਬਸਾਈਟ https://www.Auctionbazaar.com (ਅਰਕਾ ਈਮਾਰਟ ਪ੍ਰਾਈਵੇਟ ਲਿਮਟਿਡ ਦਾ ਵੈੱਬ ਪੋਰਟਲ) ਰਾਹੀਂ ਕਰਵਾਈ ਜਾਵੇਗੀ। ਈ-ਨਿਲਾਮੀ ਦਸਤਾਵੇਜ਼, ਜਿਸ 'ਚ ਆਨਲਾਈਨ ਬੋਲੀ ਫਾਰਮ ਤੇ ਆਮ ਨਿਯਮ ਅਤੇ ਸ਼ਰਤਾਂ ਸ਼ਾਮਲ ਹਨ, ਵੈੱਬਸਾਈਟ www.rarcl.com and https://www.Auctionbazaar.com 'ਤੇ ਉਪਲੱਬਧ ਹਨ, ਚਾਹਵਾਨ ਬੋਲੀਕਾਰ ਢੁਕਵੇਂ ਦਸਤਾਵੇਜ਼ ਡਾਊਨਲੋਡ ਕਰ ਸਕਦੇ ਹਨ।
3. ਚਾਹਵਾਨ ਬੋਲੀਕਾਰ ਦੀ ਆਈ ਡੀ 'ਚ ਹਿੱਸਾ ਲੈਣ ਲਈ ਜਾਇਜ਼ ਈਮੇਲ ਹੋਣੀ ਚਾਹੀਦੀ ਹੈ ਅਤੇ ਈ-ਨਿਲਾਮੀ ਏਜੰਸੀ ਵੱਲੋਂ ਹਿੱਸੇਦਾਰੀ ਲਈ ਦਿੱਤੀ ਆਈ ਡੀ ਅਤੇ ਪਾਸਵਰਡ ਸਿਰਫ ਉਨ੍ਹਾਂ ਦੀ ਈ-ਮੇਲ ਆਈ ਡੀ 'ਤੇ ਭੇਜੀ ਜਾਵੇਗੀ।
4. ਚਾਹਵਾਨ ਬੋਲੀਕਾਰਾਂ ਨੂੰ ਆਪਣੀ ਬੋਲੀ ਨਿਰਧਾਰਤ ਫਾਰਮ 'ਚ ਈ ਐੱਮ ਡੀ ਜਮ੍ਹਾਂ ਕਰਵਾਉਣ ਦੇ ਵੇਰਵੇ ਅਤੇ ਖੁਦ ਤਸਦੀਕਸ਼ੁਦਾ ਦਸਤਾਵੇਜ਼ (ਪੈਨ, ਆਧਾਰ ਕਾਰਡ ਆਦਿ), ਪੇਸ਼ ਕਰਨਾ ਹੋਵੇਗਾ ਅਤੇ ਇਹ ਸਭ ਕੁਝ ਰਿਲਾਇੰਸ ਐਸੇਟ ਰੀਕੰਸਟਰੱਸ਼ਨ ਕੰਪਨੀ ਲਿਮਟਿਡ (ਆਰ ਏ ਆਰ ਸੀ) ਦੇ ਅਧਿਕਾਰਤ ਅਫਸਰ ਕੋਲ 11ਵੀਂ ਮੰਜ਼ਲ, ਨਾਰਥ ਸਾਈਡ, ਆਰ ਟੈੱਕ ਪਾਰਕ,ਵੈਸਟਰਨ ਐਕਸਪ੍ਰੈੱਸ ਹਾਈਵੇ, ਗੋਰੇਗਾਉਂ (ਈਸਟ) ਮੁੰਬਈ-400063 ਕੋਲ ਜਮ੍ਹਾਂ ਕਰਵਾਉਣਾ ਪਵੇਗਾ ਅਤੇ Narendra.r.shukla@relianceada.com ਅਤੇ vinod.pawaskar@relianceada.com'ਤੇ ਈਮੇਲ ਕਰਨਾ ਹੋਵੇਗਾ ਅਤੇ ਇਸ ਤੋਂ ਬਾਅਦ ਸ਼ਾਮਲ ਹੋਣ ਲਈ ਆਈ ਡੀ ਅਤੇ ਪਾਸਵਰਡ ਸਿਰਫ ਉਨ੍ਹਾਂ ਦੀ ਈਮੇਲ 'ਤੇ ਭੇਜ ਦਿੱਤਾ ਜਾਵੇਗਾ। ਬੋਲੀ ਫਾਰਮ ਜਮ੍ਹਾਂ ਕਰਵਾਉਣ ਦੀ ਅੰਤਮ ਮਿਤੀ 11.06.2024 ਹੈ। ਕਿਸੇ ਵੀ ਤਰ੍ਹਾਂ ਕਿਸੇ ਕਾਰਨ ਬੋਲੀ ਫਾਰਮ ਅਤੇ ਈ ਐੱਮ ਡੀ ਦੇਰੀ ਨਾਲ ਪ੍ਰਾਪਤ ਹੋਣ 'ਤੇ ਵਿਚਾਰ ਨਹੀਂ ਕੀਤੀ ਜਾਵੇਗੀ। ਈ ਐੱਮ ਡੀ ਤੋਂ ਬਿਨਾਂ ਅਤੇ ਰਾਖਵੀਂ ਕੀਮਤ ਤੋਂ ਹੇਠਾਂ ਬੋਲੀ ਸਰਸਰੀ ਤੌਰ 'ਤੇ ਰੱਦ ਕਰ ਦਿੱਤੀ ਜਾਵੇਗੀ।
5. ਬੋਲੀਕਾਰ ਦੇ ਨੈਟਵਰਕ 'ਚ ਖਰਾਬੀ ਕਾਰਨ ਕਿਸੇ ਦੇਰੀ/ਨਾਕਾਮੀ ਲਈ ਨਾ ਤਾਂ ਆਰ ਏ ਆਰ ਸੀ ਅਤੇ ਨਾ ਹੀ ਸਰਵਿਸ ਪ੍ਰੋਵਾਈਡਰ ਜ਼ਿੰਮੇਵਾਰ ਹੋਵੇਗਾ। ਅਜਿਹੀਆਂ ਘਟਨਾਵਾਂ ਵਾਸਤੇ ਬੋਲੀਕਾਰਾਂ ਨੂੰ ਬਦਲਵੇਂ ਪਾਵਰ ਬੈਕਅਪਸ ਆਦਿ ਦੀ ਲੋੜੀਂਦੇ ਪ੍ਰਬੰਧ ਕਰਨ ਲਈ ਸਲਾਹ ਦਿੱਤੀ ਜਾਂਦੀ ਹੈ।
6. ਸਾਰੇ ਬੋਲੀਕਾਰਾਂ ਨੂੰ ਸੈਕਸ਼ਨ 29 (ਏ) ਆਈ ਬੀ ਸੀ 2016 ਤਹਿਤ ਵਚਨ ਦੀ ਪਾਲਣਾ ਕਰਨੀ ਪਵੇਗੀ।
7. ਰਕਮ ਬਿਆਨਾ ਜਮ੍ਹਾਂ (ਈ ਐੱਮ ਡੀ) ਆਰ ਟੀ ਜੀ ਐੱਸ/ਐੱਨ ਈ ਐੱਫ ਟੀ ਫੰਡ ਟਰਾਂਸਫਰ ਰਾਹੀਂ ਚਾਲੂ ਖਾਤਾ ਨੰ. 02470200000368, ਬੈਂਕ ਦਾ ਨਾਂਅ ਇੰਡੀਅਨ ਓਵਰਸੀਜ਼ ਬੈਂਕ, ਸਾਂਤਾ ਕਰੂਜ਼ (ਡਬਲਯੂ) ਮੁੰਬਈ ਲਾਭਕਾਰੀ ਦਾ ਨਾਂਅ : ਆਰ ਏ ਆਰ ਸੀ 068 ਟਰੱਸਟ ਆਈ ਐੱਫ ਐੱਸ ਸੀ ਕੋਡ, ਆਈ ਓ ਬੀ ਏ 0000247 'ਤੇ ਜਮ੍ਹਾਂ ਕਰਵਾਈ ਜਾਵੇ। ਕਿਰਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਈ ਐੱਮ ਡੀ ਵਾਸਤੇ ਚੈੱਕ/ਡਿਮਾਂਡ ਡਰਾਫਟ ਸਵੀਕਾਰ ਨਹੀਂ ਕੀਤੇ ਜਾਣਗੇ।
8. ਰਾਖਵੀਂ ਕੀਮਤ ਤੋਂ ਹੇਠਾਂ ਅਤੇ/ਜਾਂ ਈ ਐੱਮ ਡੀ ਤੋਂ ਬਿਨਾਂ ਬੋਲੀਆਂ ਸਵੀਕਾਰ ਨਹੀਂ ਕੀਤੀਆਂ ਜਾਣਗੀਆਂ। ਬੋਲੀਕਾਰ ਰੁਪਏ 25000/- (ਪੱਚੀ ਹਜ਼ਾਰ ਰੁਪਏ ਕੇਵਲ) ਦੇ ਗੁਣਾਂਕ 'ਚ ਬੋਲੀ ਰਕਮ 'ਚ ਸੋਧ ਕਰ ਸਕਦੇ ਹਨ। ਇਕੱਲੇ ਹੀ ਬੋਲੀਕਾਰ ਹੋਣ ਦੇ ਮਾਮਲੇ 'ਚ ਬੋਲੀਕਾਰ ਨੂੰ ਘੱਟੋ-ਘੱਟ ਇੱਕ ਵਾਰ ਬੋਲੀ 'ਚ ਸੋਧ ਕਰਵਾਉਣੀ ਜ਼ਰੂਰੀ ਹੋਵੇਗੀ।
9. ਸਫਲ ਬੋਲੀਕਾਰ ਨੂੰ ਬੋਲੀ ਰਕਮ /ਵਿਕਰੀ ਕੀਮਤ (ਪਹਿਲਾਂ ਅਦਾ ਕੀਤੀ ਬਿਆਨਾ ਰਕਮ ਸ਼ਾਮਲ) ਦਾ 25 ਫੀਸਦੀ ਸਫਲ ਬੋਲੀਕਾਰ ਦੇ ਐਲਾਨ ਤੋਂ ਤੁਰੰਤ ਬਾਅਦ ਜਮ੍ਹਾਂ ਕਰਵਾਉਣਾ ਪਵੇਗਾ। ਸਫਲ ਬੋਲੀਕਾਰ ਬੋਲੀ ਰਕਮ/ਵਿਕਰੀ ਕੀਮਤ ਦਾ ਬਾਕੀ 75 ਫੀਸਦੀ ਸਫਲ ਬੋਲੀਕਾਰ ਦੇ ਐਲਾਨ ਤੋਂ 15 ਦਿਨਾਂ ਦੇ ਅੰਦਰ ਜਮ੍ਹਾਂ ਕਰਵਾਉਣਾ ਪਵੇਗਾ।
10. ਜੇਕਰ ਸਫਲ ਬੋਲੀਕਾਰ ਉਪਰੋਕਤ ਅਨੁਸਾਰ ਵਿਕਰੀ ਕੀਮਤ ਜਮ੍ਹਾਂ ਕਰਵਾਉਣ 'ਚ ਅਸਫਲ ਰਹੇਗਾ ਤਾਂ ਬਿਨਾਂ ਕਿਸੇ ਨੋਟਿਸ ਸਾਰੇ ਡਿਪਾਜ਼ਿਟਸ ਈ ਐੱਮ ਡੀ ਸਮੇਤ ਜ਼ਬਤ ਕਰ ਲਏ ਜਾਣਗੇ। ਬੇਸ਼ੱਕ ਬਕਾਇਆ 75 ਫੀਸਦੀ ਦੀ ਅਦਾਇਗੀ ਲਈ ਸਿਰਫ ਅਧਿਕਾਰਤ ਅਫਸਰ ਦੀ ਮਰਜ਼ੀ ਨਾਲ ਹੋਰ ਸਮਾਂ ਦਿੱਤਾ ਜਾ ਸਕਦਾ ਹੈ।
11 ਅਸਫਲ ਬੋਲੀਕਾਰਾਂ ਦੀ ਈ ਐੱਮ ਡੀ ਰਕਮ ਬਿਨਾਂ ਵਿਆਜ ਦੇ, ਈ ਨਿਲਾਮੀ ਵਿਕਰੀ ਅਮਲ ਬੰਦ ਹੋਣ ਤੋਂ ਬਾਅਦ ਵਾਪਸ ਕਰ ਦਿੱਤੀ ਜਾਵੇਗੀ।
12. ਅਧਿਕਾਰਤ ਅਫਸਰ ਵੱਲੋਂ ਦਿੱਤੇ ਗਏ ਵੇਰਵੇ ਉਸ ਦੀ ਜਾਣਕਾਰੀ, ਵਿਸ਼ਵਾਸ਼ ਅਤੇ ਰਿਕਾਰਡਜ਼ ਦੇ ਅਨੁਸਾਰ ਹਨ। ਅਧਿਕਾਰਤ ਅਫਸਰ ਕਿਸੇ ਭੁੱਲ, ਗਲਤ ਬਿਆਨ ਜਾਂ ਗਲਤੀ ਲਈ ਜ਼ਿੰਮੇਵਾਰੀ ਨਹੀਂ ਹੋਵੇਗਾ।
13 ਨਿਮਨਹਸਤਾਖਰੀ ਅਧਿਕਾਰਤ ਅਫਸਰ ਨੂੰ ਕਿਸੇ ਬੋਲੀ ਨੂੰ ਬਿਨਾਂ ਅਗਾਊਂ ਨੋਟਿਸ ਜਾਂ ਬਿਨਾਂ ਕੋਈ ਕਾਰਨ ਦੱਸੇ ਸਵੀਕਾਰ ਜਾਂ ਰੱਦ ਕਰਨ ਜਾਂ ਰੋਕਣ/ਮੁਲਤਵੀ ਕਰਨ/ਵਿਕਰੀ ਰੱਦ ਕਰਨ ਜਾਂ ਵਿਕਰੀ ਦੀਆਂ ਸ਼ਰਤਾਂ ਅਤੇ ਨਿਯਮਾਂ 'ਚ ਸੋਧ ਕਰਨ ਲਈ ਮੁਕੰਮਲ ਅਧਿਕਾਰ ਅਤੇ ਹੱਕ ਪ੍ਰਾਪਤ ਹੈ।
14. ਬੋਲੀਕਾਰਾਂ ਨੂੰ ਬੋਲੀ ਜਮ੍ਹਾਂ ਕਰਵਾਏ ਜਾਣ ਤੋਂ ਪਹਿਲਾਂ ਜਾਇਦਾਦ 'ਤੇ ਚਾਰਜਿਜ/ਭਾਰ ਸੰਬੰਧੀ ਚੰਗੀ ਤਰ੍ਹਾਂ ਪੜਤਾਲ ਕਰ ਲੈਣੀ ਚਾਹੀਦੀ ਹੈ ਅਤੇ ਜਾਇਦਾਦ ਦੇ ਟਾਈਟਲ ਅਤੇ ਕੁਆਲਿਟੀ ਸੰਬੰਧੀ ਸੰਤੁਸ਼ਟ ਕਰ ਲੈਣਾ ਚਾਹੀਦਾ ਹੈ। ਆਨ ਲਾਈਨ ਬੋਲੀ ਜਮ੍ਹਾਂ ਕਰਵਾਏ ਜਾਣ ਤੋਂ ਬਾਅਦ ਜਾਇਦਾਦ 'ਤੇ ਚਾਰਜਿਜ/ਭਾਰ ਆਦਿ ਅਤੇ ਹੋਰ ਕੋਈ ਮਸਲਾ, ਦਾਅਵਾ ਆਦਿ ਵਿਚਾਰਿਆ ਨਹੀਂ ਜਾਵੇਗਾ।
15. ਜਾਇਦਾਦ ਦੀ ਵਿਕਰੀ 'ਤੇ ਸਟੈਂਪ ਡਿਊਟੀ/ਰਜਿਸਟਰੇਸ਼ਨ ਫੀਸ ਸਮੇਤ ਕੋਈ ਬਕਾਇਆ, ਟੈਕਸ, ਚਾਰਜਿਜ਼ ਵਿਧਾਨਕ ਜਾਂ ਹੋਰ ਸਿਰਫ ਖਰੀਦਦਾਰ ਨੂੰ ਹੀ ਸਹਿਣ ਕਰਨੇ ਪੈਣਗੇ।
16. ਹੋਰ ਵੇਰਵਿਆਂ ਲਈ ਕਿਰਪਾ ਕਰਕੇ ਰਿਲਾਇੰਸ ਰੀਕੰਸਟਰੱਸ਼ਨ ਕੰਪਨੀ ਲਿਮਟਿਡ ਦੇ ਉਪਰੋਕਤ ਦਰਸਾਏ ਪਤੇ 'ਤੇ ਸ੍ਰੀ ਅਕਸ਼ੈ ਰਾਓ, ਵਾਈਸ ਪ੍ਰੈਜ਼ੀਡੈਂਟ ਲੀਗਲ ਅਤੇ ਅਧਿਕਾਰਤ ਅਫਸਰ, ਮੋਬਾਇਲ ਨੰ. 9820390162, ਸ੍ਰੀ ਨਰਿੰਦਰ ਸ਼ੁਕਲਾ ਅਸਿਸਟੈਂਟ ਵਾਈਸ ਪ੍ਰੈਜ਼ੀਡੈਂਟ ਅਤੇ ਅਧਿਕਾਰਤ ਅਫਸਰ-ਰੈਜ਼ੋਲੂਸ਼ਨ, ਮੋਬਾਇਲ ਨੰ. 9321339065 ਅਤੇ ਸ੍ਰੀ ਚਿਨਮੇ ਦੇਸ਼ਪਾਂਡੇ , ਲੀਗਲ ਅਫਸਰ, ਮੋਬਾਇਲ ਨੰ. 8291763353 ਨਾਲ ਸੰਪਰਕ ਕੀਤਾ ਜਾਵੇ।
17 ਵਿਕਰੀ ਸਰਟੀਫਿਕੇਟ, ਵਿਕਰੀ ਅਮਲ ਦੀ ਪ੍ਰਾਪਤੀ ਅਤੇ ਸਕਿਉਰਡ ਕ੍ਰੈਡਿਟਰ ਵੱਲੋਂ ਵਿਕਰੀ ਦੀ ਪੁਸ਼ਟੀ ਤੋਂ ਬਾਅਦ ਜਾਰੀ ਕੀਤਾ ਜਾਵੇਗਾ। ਵਿਕਰੀ ਸਰਟੀਫਿਕੇਟ ਸਫਲ ਬੋਲੀਕਾਰ ਦੇ ਨਾਂਅ 'ਤੇ ਜਾਰੀ ਕੀਤਾ ਜਾਵੇਗਾ। ਵਿਕਰੀ ਸਰਟੀਫਿਕੇਟ 'ਚ ਉਸ ਵਿਅਕਤੀ, ਜਿਸ ਨੇ ਈ-ਨਿਲਾਮੀ ਦੌਰਾਨ ਬੋਲੀ ਪੇਸ਼ ਕੀਤੀ/ਹਿੱਸਾ ਲਿਆ ਤੋਂ ਇਲਾਵਾ ਕਿਸੇ ਹੋਰ ਵਿਅਕਤੀ ਦਾ ਨਾਂਅ ਤਬਦੀਲ ਕਰਨ ਲਈ ਕੋਈ ਬੇਨਤੀ ਪ੍ਰਵਾਨ ਨਹੀਂ ਕੀਤੀ ਜਾਵੇਗੀ।

ਇਹ ਨੋਟਿਸ ਕਰਜ਼ਦਾਰ/ਗਰੰਟਰ/ਰਹਿਣਕਾਰ ਲਈ ਸਰਫੇਸੀ ਐਕਟ ਅਤੇ ਇਸ ਅਧੀਨ ਬਣੇ ਨਿਯਮਾਂ ਤਹਿਤ 15 ਦਿਨਾਂ ਦਾ ਵਿਧਾਨਕ ਨੋਟਿਸ ਵੀ ਹੈ।

ਸਥਾਨ : ਪੰਜਾਬ
ਮਿਤੀ : 24.05.2024

ਅਧਿਕਾਰਤ ਅਫਸਰ
ਵਾਸਤੇ ਰਿਲਾਇੰਸ ਐਸੇਟ ਰੀਕੰਸਟਰੱਸ਼ਨ ਕੰਪਨੀ ਲਿਮਟਿਡ

# ਚੋਣਵੇਂ ਉਮੀਦਵਾਰਾਂ ਦੀ ਖ਼ਬਰ ਦੇ ਰੂਪ 'ਚ ਉਸਤਤ ਕਰਨਾ ਹੈ ਪੇਡ ਨਿਊਜ਼ : ਜ਼ਿਲ੍ਹਾ ਚੋਣ ਅਫ਼ਸਰ

ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)-ਚੋਣਵੇਂ ਉਮੀਦਵਾਰਾਂ ਦੀ ਅਖਬਾਰਾਂ ਵਿੱਚ ਖ਼ਬਰ ਦੇ ਰੂਪ ਵਿੱਚ ਕੀਤੀ ਉਸਤਤ ਪੇਡ ਨਿਊਜ਼ ਦੀ ਸ਼੍ਰੇਣੀ ਵਿੱਚ ਆਉਂਦੀਆਂ ਹਨ, ਜਿਸ ਦੀ ਪ੍ਰੈਸ ਕੌਂਸਲ ਆਫ ਇੰਡੀਆ ਵੱਲੋਂ ਕੀਤੀ ਗਈ ਵਿਆਖਿਆ ਨੂੰ ਮੰਨਦੇ ਹੋਏ ਚੋਣ ਕਮਿਸ਼ਨ ਨੇ ਇਸ ਦਾ ਖਰਚਾ ਉਮੀਦਵਾਰ ਦੇ ਖਾਤੇ ਵਿੱਚ ਪਾਉਣ ਦੇ ਦਿਸ਼ਾ ਨਿਰਦੇਸ਼ ਜਾਰੀ ਕੀਤੇ ਹਨ।

ਇਹ ਪ੍ਰਗਟਾਵਾ ਕਰਦਿਆਂ ਜ਼ਿਲ੍ਹਾ ਚੋਣ ਅਫ਼ਸਰ ਸ਼੍ਰੀਮਤੀ ਆਸ਼ਿਕਾ ਜੈਨ ਨੇ ਦੱਸਿਆ ਕਿ ਜਿਨ੍ਹਾਂ ਅਖਬਾਰਾਂ ਵਿੱਚ ਕੁਝ ਚੋਣਵੇਂ ਉਮੀਦਵਾਰਾਂ ਦੀ ਗਿਣੀ-ਮਿੱਥੀ ਥਾਂ ਦੇ ਕੇ ਉਹਨਾਂ ਦੀ ਚੋਣ ਮੁਹਿੰਮ ਵਿਸ਼ੇਸ਼ ਤੌਰ 'ਤੇ ਵੋਟਰਾਂ 'ਤੇ ਪ੍ਰਭਾਵ ਪਾਉਣ ਲਈ ਉਭਾਰੀ ਜਾਵੇਗੀ ਤਾਂ ਉਸਨੂੰ 'ਪੇਡ ਨਿਊਜ਼' ਮੰਨਿਆ ਜਾਵੇਗਾ।

ਉਹਨਾਂ ਕਿਹਾ ਕਿ ਅਜਿਹੀਆਂ ਖ਼ਬਰਾਂ ਦਾ ਉਸ ਅਖ਼ਬਾਰ ਦੇ ਇਸ਼ਤਿਹਾਰ ਦੇ (ਡੀ.ਏ.ਵੀ.ਪੀ) ਰੇਟ ਅਨੁਸਾਰ ਖ਼ਰਚਾ ਉਮੀਦਵਾਰ ਦੇ ਖਾਤੇ ਵਿੱਚ ਪਾਇਆ ਜਾਵੇਗਾ। ਸਮੂਹ ਪ੍ਰਿੰਟ ਅਤੇ ਇਲੈਕਟਰੋਨਿਕ ਮੀਡੀਆ ਤੋਂ ਸਹਿਯੋਗ ਦੀ ਮੰਗ ਕਰਦਿਆਂ ਉਨ੍ਹਾਂ ਕਿਹਾ ਕਿ ਅਜਿਹੀਆਂ ਖ਼ਬਰਾਂ ਛਾਪਣ ਤੋਂ ਗੁਰੇਜ ਕੀਤਾ ਜਾਵੇ। ਉਹਨਾਂ ਦੱਸਿਆ ਕਿ ਰਾਜਨੀਤਿਕ ਪਾਰਟੀਆਂ ਤੋਂ ਇਲਾਵਾ ਮੀਡੀਆ ਹਾਊਸ ਅਤੇ ਸੰਸਦ ਭਵਨ ਵਿੱਚ ਮੈਂਬਰਾਂ ਵੱਲੋਂ ਵੀ ਇਹ ਮੁੱਦਾ ਚੁੱਕਿਆ ਗਿਆ ਹੈ ਅਤੇ ਇਸ ਸਬੰਧੀ ਸਖਤੀ ਵਰਤਣ ਲਈ ਚੋਣ ਕਮਿਸ਼ਨ ਨੂੰ ਬੇਨਤੀ ਕੀਤੀ ਗਈ ਹੈ।

ਇਸ ਸਬੰਧੀ ਚੋਣ ਕਮਿਸ਼ਨ ਨੇ ਜਨ ਪ੍ਰਤੀਨਿਧੀ ਐਕਟ 1951 ਵਿੱਚ ਤਰਮੀਮ ਕਰਕੇ ਦੋ ਸਾਲ ਦੀ ਸਜ਼ਾ ਦੇ ਪ੍ਰਾਵਧਾਨ ਦੀ ਤਜ਼ਵੀਜ਼ ਵੀ ਭੇਜੀ ਹੋਈ ਹੈ। ਉਹਨਾਂ ਦੱਸਿਆ ਕਿ ਅਖਬਾਰਾਂ, ਟੈਲੀਵਿਜ਼ਨ ਅਤੇ ਸੋਸ਼ਲ ਮੀਡੀਆ ਵਿੱਚ ਨਸ਼ਰ ਹੋ ਰਹੀਆਂ ਖ਼ਬਰਾਂ ਦੀ ਲਗਾਤਾਰ ਨਜ਼ਰਸਾਨੀ ਲਈ ਜ਼ਿਲ੍ਹਾ ਪੱਧਰੀ ਐਮ.ਸੀ.ਐਮ.ਸੀ (ਮੀਡੀਆ ਸਰਟੀਫਿਕੇਸ਼ਨ ਤੇ ਮੋਨੀਟਰਿੰਗ ਕਮੇਟੀ) ਦਾ ਗਠਨ ਕੀਤਾ ਗਿਆ ਹੈ। ਇਹ ਕਮੇਟੀ ਮੁੱਲ ਦੀਆਂ ਖ਼ਬਰਾਂ ਅਤੇ ਆਦਰਸ਼ ਚੋਣ ਜ਼ਾਬਤੇ ਦੀ ਉਲੰਘਣਾ ਕਰਨ ਵਾਲੀਆਂ ਖਬਰਾਂ ਸਬੰਧੀ ਉਮੀਦਵਾਰ ਨੂੰ ਜ਼ਿਲ੍ਹਾ ਚੋਣ ਅਫ਼ਸਰ/ਆਰ.ਓ./ ਏ ਆਰ ਓ ਰਾਹੀਂ ਸਮੇਂ-ਸਮੇਂ ਤੇ ਨੋਟਿਸ ਜਾਰੀ ਕਰਵਾਉਣ ਲਈ ਪਾਬੰਦ ਹੈ।

ਉਨ੍ਹਾਂ ਦੱਸਿਆ ਕਿ ਜ਼ਿਲਾ ਪੱਧਰੀ ਐਮ.ਸੀ.ਐਮ.ਸੀ ਦੇ ਪੇਡ ਨਿਊਜ਼ ਸਬੰਧੀ ਲਏ ਫ਼ੈਸਲੇ ਖਿਲਾਫ ਉਮੀਦਵਾਰ ਨੋਟਿਸ ਮਿਲਣ ਦੇ 48 ਘੰਟੇ ਵਿੱਚ ਸਟੇਟ ਲੈਵਲ ਐਮ.ਸੀ.ਐਮ.ਸੀ ਵਿਖੇ ਅਪੀਲ ਕਰ ਸਕਦਾ ਹੈ ਅਤੇ ਸਟੇਟ ਲੈਵਲ ਐਮ.ਸੀ.ਐਮ.ਸੀ. ਦੇ ਫ਼ੈਸਲੇ ਖਿਲਾਫ ਅਗਲੇ 48 ਘੰਟੇ ਚ ਮੁੱਖ ਚੋਣ ਕਮਿਸ਼ਨ ਤੱਕ ਜਾ ਸਕਦਾ ਹੈ, ਜਿਸ ਦਾ ਫੈਸਲਾ ਅੰਤਿਮ ਹੋਵੇਗਾ।

ਉਹਨਾਂ ਇਹ ਵੀ ਦੱਸਿਆ ਕਿ ਇੱਕੋ ਅਖਬਾਰ ਵਿੱਚ ਵਿਰੋਧੀ ਪਾਰਟੀਆਂ ਦੇ ਉਮੀਦਵਾਰਾਂ ਦੀ ਇੱਕੋ ਅਕਾਰ ਵਿੱਚ ਛਪੀਆਂ ਖਬਰਾਂ ਜਿਸ ਵਿੱਚ ਉਮੀਦਵਾਰ ਦੀ ਉਸਤਤ (ਵਡਿਆਈ) ਕੀਤੀ ਗਈ ਹੈ ਅਤੇ ਕਿਹਾ ਗਿਆ ਹੈ ਕਿ ਦੋਨੋਂ ਉਮੀਦਵਾਰਾਂ ਨੂੰ ਸਾਰੀ ਜਨਤਾ (ਹਰ ਵਰਗ) ਦਾ ਸਮਰਥਨ ਪ੍ਰਾਪਤ ਹੈ ਅਤੇ ਇਹ ਉਮੀਦਵਾਰ ਜਿੱਤ ਦਰਜ ਕਰ ਸਕਦਾ ਹੈ, ਵੀ ਸ਼ੱਕੀ ਪੇਡ ਨਿਊਜ਼ ਦੀ ਸ਼੍ਰੇਣੀ ਵਿੱਚ ਆਉਂਦੀ ਹੈ। ਜਿਨ੍ਹਾਂ ਖਬਰਾਂ ਦੀ ਸੁਰਖੀ ਵਿੱਚ ਲਿਖਿਆ ਗਿਆ ਹੋਏ ਕਿ ਇੱਕ ਉਮੀਦਵਾਰ ਨੂੰ ਸਾਰੀ ਜਨਤਾ ਦਾ ਸਮਰਥਨ ਪ੍ਰਾਪਤ ਹੈ, ਵੀ ਪੇਡ ਨਿਊਜ਼ ਹੈ। ਕਿਸੇ ਛੋਟੇ ਰਾਜਨੀਤਿਕ ਪ੍ਰੋਗਰਾਮ ਦੀ ਵਧਾ ਚੜ੍ਹਾ ਕੇ ਕੀਤੀ ਗਈ ਲਗਾਤਾਰ ਕਵਰੇਜ ਵੀ ਪੇਡ ਨਿਊਜ਼ ਹੈ।

ਉਨ੍ਹਾਂ ਕਿਹਾ ਕਿ ਮੀਡੀਆ ਦੀ ਭਰੋਸੇਯੋਗਤਾ ਨੂੰ ਲੋਕਾਂ ਚ ਬਰਕਰਾਰ ਰੱਖਣ ਅਤੇ ਵੋਟਰਾਂ ਦੀ ਆਪਣੀ ਵੋਟ ਪ੍ਰਤੀ ਨਿਰਪੱਖਤਾ ਨੂੰ ਪ੍ਰਭਾਵਿਤ ਨਾ ਹੋਣ ਦੇਣ 'ਚ ਮੀਡੀਆ ਦੀ ਭੂਮਿਕਾ ਬਹੁਤ ਅਹਿਮ ਹੈ, ਇਸ ਲਈ ਪੇਡ ਨਿਊਜ਼ ਦੀ ਬੁਰਾਈ ਤੋਂ ਬਚਣਾ ਲੋਕਤੰਤਰ ਦੀ ਮਜ਼ਬੂਤੀ 'ਚ ਅਹਿਮ ਯੋਗਦਾਨ ਹੋਵੇਗਾ।

# ਸਕੂਲ ਖੁੱਲ੍ਹੇ ਰੱਖਣ 'ਤੇ ਪ੍ਰਾਈਵੇਟ ਸਕੂਲਾਂ ਨੂੰ ਸਪੱਸ਼ਟੀਕਰਨ ਦੇਣ ਸਬੰਧੀ ਨੋਟਿਸ

**ਨਵਾਂਸ਼ਹਿਰ (ਮਨੋਜ ਲਾਡੀ)**- ਲਗਾਤਾਰ ਵੱਧ ਰਹੇ ਤਾਪਮਾਨ ਕਾਰਨ ਸਰਕਾਰੀ/ ਅਰਧ ਸਰਕਾਰੀ/ ਪ੍ਰਾਈਵੇਟ/ ਏਡਿਡ/ ਅਨ ਏਡਿਡ ਸਕੂਲਾਂ ਵਿਚ ਛੁੱਟੀਆਂ ਕਰਨ ਦੇ ਬਾਵਜੂਦ ਸਕੂਲ ਖੁੱਲ੍ਹੇ ਰੱਖਣ 'ਤੇ ਸਖਤ ਨੋਟਿਸ ਲੈਂਦਿਆਂ ਜ਼ਿਲਾ ਪ੍ਰਸ਼ਾਸਨ ਨੇ ਤਿੰਨ ਪ੍ਰਾਈਵੇਟ ਸਕੂਲਾਂ ਨੂੰ ਸਪੱਸ਼ਟੀਕਰਨ ਦੇਣ ਸਬੰਧੀ ਨੋਟਿਸ ਕੀਤਾ ਜਾਰੀ। ਜਾਣਕਾਰੀ ਦਿੰਦੇ ਹੋਏ ਜ਼ਿਲਾ ਸਿੱਖਿਆ ਅਫਸਰ ਅਰਚਨਾ ਅਗਰਵਾਲ 'ਨੇ ਦੱਸਿਆ ਕਿ ਅੱਤ ਦੀ ਪੈ ਰਹੀ ਗਰਮੀ ਕਾਰਨ ਰਾਜ ਦੇ ਸਾਰੇ ਸਰਕਾਰੀ/ ਅਰਧ ਸਰਕਾਰੀ/ ਪ੍ਰਾਈਵੇਟ/ ਏਡਿਡ / ਅਨ ਏਡਿਡ ਸਕੂਲਾਂ ਵਿਚ 21 ਮਈ 2024 ਤੋਂ ਬੱਚਿਆਂ ਨੂੰ ਛੁੱਟੀਆਂ ਅਤੇ ਸਕੂਲ ਬੰਦ ਰੱਖਣ ਦੇ ਹੁਕਮ ਜਾਰੀ ਕੀਤੇ ਗਏ ਹਨ। ਇਸ ਦੇ ਬਾਵਜੂਦ ਇਹ ਸ਼ਿਕਾਇਤ ਮਿਲੀ ਸੀ ਕਿ ਸਕਾਲਰ ਪਬਲਿਕ ਸਕੂਲ ਲਧਾਣਾ ਝਿਕਾ, ਸਤਲੁਜ ਪਬਲਿਕ ਸਕੂਲ ਬੰਗਾ ਅਤੇ ਭਗਵਾਨ ਮਹਾਂਵੀਰ ਪਬਲਿਕ ਸਕੂਲ ਬੰਗਾ ਤਿੰਨ ਪ੍ਰਾਈਵੇਟ ਸਕੂਲ ਖੋਲੇ ਗਏ ਹਨ ਜੋ ਕਿ ਸਰਕਾਰੀ ਹੁਕਮਾਂ ਦੀ ਘੋਰ ਉਲੰਘਣਾ ਹੈ। ਉਨ੍ਹਾਂ ਕਿਹਾ ਕਿ ਗਰਮੀ ਵਧਣ ਦੇ ਨਾਲ ਬੱਚਿਆਂ ਦੀ ਸਿਹਤ 'ਤੇ ਮਾੜਾ ਅਸਰ ਪੈ ਸਕਦਾ ਹੈ।ਇਸ ਦਾ ਜ਼ਿਲਾ ਪ੍ਰਸ਼ਾਸਨ ਵੱਲੋਂ ਸਖਤ ਨੋਟਿਸ ਲਿਆ ਗਿਆ ਹੈ ਅਤੇ ਸਬੰਧਤ ਸਕੂਲਾਂ ਦੇ ਪ੍ਰਿੰਸੀਪਲ ਨੂੰ ਨੋਟਿਸ ਜਾਰੀ ਕਰਕੇ ਆਪਣਾ ਸਪੱਸ਼ਟੀਕਰਨ ਦੇਣ ਲਈ ਕਿਹਾ ਗਿਆ ਹੈ।ਡਿਪਟੀ ਕਮਿਸ਼ਨਰ ਨਵਜੋਤ ਪਾਲ ਸਿੰਘ ਰੰਧਾਵਾ ਨੇ ਕਿਹਾ ਕਿ ਗਰਮੀ ਵਧਣ ਕਾਰਨ ਬੱਚਿਆਂ ਨੂੰ ਸਿਹਤ ਸੰਭਾਲ ਦੀ ਜ਼ਿਆਦਾ ਜ਼ਰੂਰਤ ਪੈਂਦੀ ਹੈ। ਸਿਹਤ ਸੰਭਾਲ ਸਬੰਧੀ ਪਹਿਲਾਂ ਹੀ ਸਿਹਤ ਐਡਵਾਈਜ਼ਰੀ ਜਾਰੀ ਕੀਤੀ ਗਈ ਹੈ। ਸਪੱਸ਼ਟੀਕਰਨ ਮਿਲਨ ਉਪਰੰਤ ਉਕਤ ਪ੍ਰਾਈਵੇਟ ਸਕੂਲਾਂ ਖਿਲਾਫ ਸਖਤ ਬਣਦੀ ਕਾਰਵਾਈ ਕੀਤੀ ਜਾਵੇਗੀ।

# ਵਿਦਿਆਰਥੀਆਂ ਨੇ 'ਫਲੈਸ਼ ਮੋਬ' ਰਾਹੀਂ ਵੋਟ ਪਾਉਣ ਦਾ ਦਿੱਤਾ ਸੁਨੇਹਾ




**ਜਲੰਧਰ (ਸ਼ੈਲੀ ਐਲਬਰਟ)** ਲੋਕ ਸਭਾ ਚੋਣਾਂ ਦੌਰਾਨ ਵੱਧ ਤੋਂ ਵੱਧ ਵੋਟਰਾਂ ਨੂੰ ਆਪਣੀ ਵੋਟ ਪਾਉਣ ਲਈ ਉਤਸ਼ਾਹਿਤ ਕਰਨ ਲਈ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਦੇ ਦਿਸ਼ਾ-ਨਿਰਦੇਸ਼ਾਂ 'ਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕਰਵਾਈਆਂ ਜਾ ਰਹੀਆਂ ਜਾਗਰੂਕਤਾ ਗਤੀਵਿਧੀਆਂ ਤਹਿਤ ਵਿਧਾਨ ਸਭਾ ਹਲਕਾ ਫਿਲੌਰ ਅਤੇ ਸ਼ਾਹਕੋਟ ਵਿਖੇ 'ਫਲੈਸ਼ ਮੋਬ' ਗਤੀਵਿਧੀ ਰਾਹੀਂ ਵੋਟਰਾਂ ਨੂੰ 1 ਜੂਨ ਨੂੰ ਆਪਣੇ ਵੋਟ ਦੇ ਅਧਿਕਾਰ ਦਾ ਇਸਤੇਮਾਲ ਕਰਨ ਲਈ ਜਾਗਰੂਕ ਕੀਤਾ ਗਿਆ।

ਸਵੀਪ ਪ੍ਰੋਗਰਾਮ ਤਹਿਤ ਕਰਵਾਈ ਇਸ ਗਤੀਵਿਧੀ ਦੌਰਾਨ ਸਕੂਲਾਂ ਦੇ ਵਿਦਿਆਰਥੀਆਂ ਨੇ ਗਿੱਧੇ ਦੀ ਪੇਸ਼ਕਾਰੀ ਅਤੇ ਵੱਖ-ਵੱਖ ਗੀਤਾਂ 'ਤੇ ਨੱਚ ਕੇ ਵੋਟਰਾਂ ਦਾ ਧਿਆਨ ਖਿੱਚਦਿਆਂ ਉਨ੍ਹਾਂ ਨੂੰ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਕਰਨ ਲਈ ਪ੍ਰੇਰਿਤ ਕੀਤਾ।ਫਿਲੌਰ ਵਿਖੇ ਸਵੀਪ ਟੀਮ ਵੱਲੋਂ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਫਿਲੌਰ ਨੇੜੇ 'ਫਲੈਸ਼ ਮੋਬ' ਗਤੀਵਿਧੀ ਕਰਵਾਈ ਗਈ, ਜਿਸ ਵਿੱਚ ਸਕੂਲ ਦੀਆਂ ਵਿਦਿਆਰਥਣਾਂ ਨੇ ਗਿੱਧਾ ਅਤੇ ਬੋਲੀਆਂ ਜ਼ਰੀਏ ਵੋਟਰਾਂ ਨੂੰ ਵੋਟ ਪਾਉਣ ਦਾ ਸੁਨੇਹਾ ਦਿੱਤਾ।

ਇਸ ਮੌਕੇ ਸਹਾਇਕ ਰਿਟਰਨਿੰਗ ਅਫ਼ਸਰ-ਕਮ-ਉਪ ਮੰਡਲ ਮੈਜਿਸਟ੍ਰੇਟ ਫਿਲੌਰ ਅਮਨਪਾਲ ਸਿੰਘ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਦਿਆਂ ਵੋਟਰਾਂ ਨੂੰ ਜਮਹੂਰੀ ਤਾਣੇ-ਬਾਣੇ ਦੀ ਮਜ਼ਬੂਤੀ ਲਈ ਪਹਿਲੀ ਜੂਨ ਨੂੰ ਵੋਟ ਪਾਉਣ ਦੀ ਅਪੀਲ ਕੀਤੀ।ਇਸੇ ਤਰ੍ਹਾਂ ਸਹਾਇਕ ਰਿਟਰਨਿੰਗ ਅਫ਼ਸਰ-ਕਮ-ਉਪ ਮੰਡਲ ਮੈਜਿਸਟ੍ਰੇਟ ਸ਼ਾਹਕੋਟ ਰਿਸ਼ਭ ਬਾਂਸਲ ਦੀਆਂ ਹਦਾਇਤਾਂ 'ਤੇ ਸਟੇਟ ਪਬਲਿਕ ਸਕੂਲ ਸ਼ਾਹਕੋਟ ਦੇ ਸਹਿਯੋਗ ਨਾਲ ਕਰਵਾਈ ਇਹ ਗਤੀਵਿਧੀ ਦੌਰਾਨ ਸਕੂਲ ਦੇ ਵਿਦਿਆਰਥੀਆਂ ਨੇ ਵੱਖ-ਵੱਖ ਗੀਤਾਂ 'ਤੇ ਡਾਂਸ ਪੇਸ਼ ਕੀਤਾ ਅਤੇ ਵੋਟਰਾਂ ਨੂੰ ਆਪਣੇ ਜਮਹੂਰੀ ਅਧਿਕਾਰ ਦੀ ਵਰਤੋਂ ਕਰਨ ਦਾ ਹੋਕਾ ਦਿੱਤਾ।

# ਆਈਸ ਕਰੀਮ ਬਣਾਉਣ ਵਾਲੀਆਂ ਯੂਨਿਟਾਂ ਦੀ ਇੰਸਪੈਕਸ਼ਨ ਕੀਤੀ



**ਨਵਾਂਸ਼ਹਿਰ (ਮਨੋਜ ਲਾਡੀ)**- ਕਮਿਸ਼ਨਰ ਫੂਡ ਅਤੇ ਡਰੱਗ ਪੰਜਾਬ ਦੇ ਹੁਕਮਾਂ ਅਨੁਸਾਰ, ਡਿਪਟੀ ਕਮਿਸ਼ਨਰ ਸ਼ਹੀਦ ਭਗਤ ਸਿੰਘ ਨਗਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਸਿਵਲ ਸਰਜਨ ਸ਼ਹੀਦ ਭਗਤ ਸਿੰਘ ਨਗਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਤਹਿਸੀਲ ਬਲਾਚੌਰ ਵਿਖੇ ਫੂਡ ਸੇਫਟੀ ਅਫਸਰ ਸ੍ਰੀਮਤੀ ਸੰਗੀਤਾ ਸਹਿਦੇਵ ਵਲੋਂ ਆਈਸ ਕਰੀਮ ਬਣਾਉਣ ਵਾਲੀਆਂ ਯੂਨਿਟਾਂ ਦੀ ਇੰਸਪੈਕਸ਼ਨ ਕੀਤੀ ਗਈ ਅਤੇ ਹਦਾਇਤ ਕੀਤੀ ਗਈ ਕਿ ਉਹ ਸਾਫ-ਸੁਥਰੇ ਤਰੀਕੇ ਨਾਲ ਆਪਣਾ ਪ੍ਰੋਡਕਟ ਤਿਆਰ ਕਰਨ ਅਤੇ ਨਾਲ ਹੀ ਇਹ ਵੀ ਧਿਆਨ ਰੱਖਣ ਕਿ ਆਈਸ ਪ੍ਰੋਡਕਟ ਤਿਆਰ ਕਰਦੇ ਸਮੇਂ ਪੀਣ ਯੋਗ ਪਾਣੀ ਹੀ ਵਰਤਿਆ ਜਾਵੇ।

ਇਸ ਲਈ ਆਪਣੇ ਪੱਧਰ 'ਤੇ ਇਸ ਦੀ ਜਾਂਚ ਕਿਸੇ ਵੀ ਸਰਕਾਰੀ ਜਾਂ ਐਕਰੀਡਿਏਟਿਡ ਲੈਬ ਤੋਂ ਕਰਵਾਉਣੀ ਯਕੀਨੀ ਬਣਾਈ ਜਾਵੇ। ਜਿੰਨ੍ਹੇ ਵੀ ਕਾਮੇ ਕੰਮ ਕਰ ਰਹੇ ਹਨ ਉਨ੍ਹਾਂ ਦੀ ਮੈਡੀਕਲ ਜਾਂਚ ਕਰਵਾਉਣ ਉਪਰੰਤ ਡਾਕਟਰ ਪਾਸੋਂ ਮੈਡੀਕਲ ਫਿਟਨੈਸ ਸਰਟੀਫਿਕੇਟ ਲਏ ਜਾਣ। ਮੱਛਰ ਮੱਖੀ ਦੀ ਰੋਕਥਾਮ ਲਈ ਵੀ ਠੋਕ ਉਪਰਾਲੇ ਕੀਤੇ ਜਾਣ। ਇਸ ਮੌਕੇ 'ਤੇ ਟੀਮ ਨੇ ਆਈਸ ਕਰੀਮ ਦੇ ਕੁਲ 6 ਸੈਂਪਲ ਵੀ ਲਏ ਅਤੇ ਜਿਨ੍ਹਾਂ ਨੂੰ ਨਿਰੀਖਣ ਲਈ ਸਟੇਟ ਫੂਡ ਲੈਬ ਖਰੜ, ਐਸ.ਏ.ਐਸ. ਨਗਰ ਵਿਖੇ ਭੇਜ ਦਿੱਤਾ ਗਿਆ ਹੈ ਅਤੇ ਰਿਪੋਰਟ ਆਉਣ 'ਤੇ ਅਗਲੇਰੀ ਕਾਰਵਾਈ ਕੀਤੀ ਜਾਵੇਗੀ।

# ਐੱਸ ਟੀ ਐੱਸ ਵਰਲਡ ਸਕੂਲ ਦੇ ਵਿਦਿਆਰਥੀਆਂ ਵੱਲੋਂ ਦਸਵੀਂ ਦੇ ਨਤੀਜਿਆਂ 'ਚ ਸ਼ਾਨਦਾਰ ਸਫਲਤਾ



ਗੁਰਾਇਆ (ਬਿੰਦਰ ਸੁਮਨ)-ਸੀ.ਬੀ.ਐਸ-ਸੀ ਦੀਆਂ 10ਵੀਂ ਜਮਾਤ ਦੀਆਂ ਪ੍ਰੀਖਿਆਵਾਂ ਵਿੱਚ ਐੱਸ.ਟੀ.ਐੱਸ ਵਰਲਡ ਸਕੂਲ ਦੇ ਵਿਦਿਆਰਥੀਆਂ ਵੱਲੋਂ ਸ਼ਾਨਦਾਰ ਪ੍ਰਦਰਸ਼ਨ ਕੀਤਾ ਗਿਆ। ਰਜਿੰਦਰਜੀਤ ਕੌਰ ਨੇ 97.4 % ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ , ਜਸਕੀਨ ਕੌਰ ਨੇ 95% ਅੰਕ ਪ੍ਰਾਪਤ ਕਰਕੇ ਦੂਜਾ ਸਥਾਨ, ਨਿਵੇਦੀਤਾਂ ਨੇ 94% ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਹਾਸਿਲ ਕੀਤਾ ਅਤੇ ਤਨਵੀਰ ਕੌਰ 91%, ਹਰਸਿਮਰਨ ਕੌਰ 91%, ਮਨਤਾਜ ਸਿੰਘ 91%, ਜਗਰੂਪ ਸਿੰਘ ਜੰਡੂ 90.4%, ਪ੍ਰਭਪ੍ਰੀਤ ਕੌਰ ਸੰਧੂ 90%, ਸਾਹਿਬਜੋਤ ਸਿੰਘ 90%, ਹਰਨੂਪ ਕੌਰ 90%, ਗੁਰਮਨ ਸਿੰਘ 89.2%, ਨਿਮਰਤ ਕੌਰ 87%, ਮਨਵੀਰ ਕੌਰ 87%, ਜਸਪਾਲ ਚੌਹਾਨ 87%, ਕਿਰਨਵੀਰ ਕੌਰ 86%, ਤਾਨੀਆ ਰਾਮ 85%, ਨਵਪ੍ਰੀਤ ਮਹੇ 84%, ਦੀਪਕ ਰਾਏ 84%, ਸ਼ਕਸ਼ਮ ਜੱਸੀ 83.4% ਤਨੀਸ਼ਾ ਅਰੋੜਾ 83%, ਰੁਪਿੰਦਰ ਕੌਰ 83%, ਨਵਨੀਤ ਕੌਰ 82%, ਅਚਿੰਤ ਕੌਰ 81.4%, ਹਰਵੀਰ ਸਿੰਘ ਸੰਘੇੜਾ 81%, ਕ੍ਰਿਸ਼ਨਾ ਅਰੋੜਾ 81%, ਹਿਮਾਂਸ਼ੀ 80%, ਹਰਮਨ ਕੌਰ 78%, ਲਵਲੀਨ ਕੌਰ 74%, ਜਾਨਵੀ ਰਾਮ 77.4 % % ਯੁਵਰਾਜ ਸਿੰਘ ਸੰਧੂ 77%, ਰਣਦੀਪ ਸਿੰਘ 77%, ਗਗਨਦੀਪ ਕੌਰ 76%, ਸੁਖਮਨਪ੍ਰੀਤ ਕੌਰ 75.2%, ਕਨਿਸ਼ਕ ਵਾਲੀਆ 75%, ਸਲੋਨੀ ਬੰਗੜ 75%, ਹਿਮਾਂਸ਼ੂ ਲਾਹੜ 75%, ਸਾਨੀਆ ਹੀਰ 74%, ਹਰਪ੍ਰੀਤ ਕੌਰ 74%, ਹਰਸ਼ਦੀਪ ਕੌਰ 74%, ਹਰਸ਼ਦੀਪ ਕੌਰ 73.4%, ਕਿਰਨਦੀਪ ਕੌਰ 73.4%, ਮਾਨਿਆ 73%, ਸੁਖਮਨਜੀਤ ਕੌਰ 72.4%, ਹਰਜੋਤ ਸਿੰਘ 72.2%, ਮਨੀਸ਼ਾ ਕੁਮਾਰੀ 72.2%, ਜਸਲੀਨ 72%, ਕੀਰਤੀ ਗੋਗਨਾ 71.2%, ਅਜੈਵੀਰ ਲੱਖਾ 71%, ਹਰਸਿਮਰਨ ਕੌਰ 71%, ਰਾਜਪ੍ਰੀਤ ਸਿੰਘ 71%, ਗੁਰਲੀਨ ਕੌਰ 71%, ਅਨਮੋਲਪ੍ਰੀਤ ਕੌਰ 70%, ਸਿਮਰਨ ਯਾਦਵ 70% ਅੰਕ ਪ੍ਰਾਪਤ ਕਰਕੇ ਸ਼ਾਨਦਾਰ ਸਫਲਤਾ ਹਾਸਿਲ ਕੀਤੀ।ਪ੍ਰਿੰਸੀਪਲ ਸ੍ਰੀਮਤੀ ਪ੍ਰਭਜੋਤ ਗਿੱਲ ਅਤੇ ਚੇਅਰਪਰਸਨ ਸ੍ਰੀਮਤੀ ਮਾਲਤੀ ਨੇ ਵਿਦਿਆਰਥੀਆਂ ਨੂੰ ਸਫਲਤਾ ਦੀ ਵਧਾਈ ਦਿੱਤੀ।

# ਆਪ ਸਰਕਾਰ ਨੇ ਦਿੱਤੀ ਵਿਦਿਆਰਥੀਆਂ ਦੀ ਸੋਚ ਨੂੰ ਨਵੀਂ ਉਡਾਣ : ਡਾ. ਰਾਜ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**—ਆਪ ਸਰਕਾਰ ਨੇ ਪੰਜਾਬ ਵਿੱਚ ਸਿੱਖਿਆ ਕ੍ਰਾਂਤੀ ਲਿਆ ਕੇ ਸਾਡੇ ਬੱਚਿਆਂ ਦੀ ਸੋਚ ਨੂੰ ਇੱਕ ਨਵੀਂ ਉਡਾਣ ਦਿੱਤੀ ਹੈ, ਸਾਡੇ ਵਿਦਿਆਰਥੀ ਦੇ ਆਤਮ ਵਿਸ਼ਵਾਸ ਵਿੱਚ ਵਾਧਾ ਹੋਇਆ ਹੈ ਅਤੇ ਮਾਪੇ ਆਪਣੇ ਬੱਚਿਆਂ ਨੂੰ ਸਰਕਾਰੀ ਸਕੂਲਾਂ ਵਿੱਚ ਭੇਜ ਕੇ ਹੁਣ ਵਧੇਰੇ ਖੁਸ਼ ਹਨ। ਇਹ ਵਿਚਾਰ ਡਾ. ਰਾਜ ਨੇ ਵਿਧਾਨ ਸਭਾ ਹਲਕਾ ਦਸੂਹਾ ਦੇ ਪਿੰਡਾਂ ਵਿੱਚ ਆਪਣੇ ਚੋਣ ਪ੍ਰਚਾਰ ਦੌਰਾਨ ਲੋਕਾਂ ਨਾਲ ਸਾਂਝੇ ਕੀਤੇ।ਉਹਨਾਂ ਨੇ ਦੱਸਿਆ ਕਿ ਪੰਜਾਬ ਵਿੱਚ 117 ਸਕੂਲ ਆਫ ਐਮੀਨੈਂਸ ਬਣਾਏ ਗਏ ਹਨ ਜਿਹਨਾਂ ਵਿੱਚ ਆਧੁਨਿਕ ਬੁਨਿਆਦੀ ਢਾਂਚਾ, ਲੈਬ, ਖੇਡ ਮੈਦਾਨ ਆਦਿ ਮੁਹੱਈਆਂ ਕਰਵਾਏ ਗਏ ਹਨ। ਲੁਧਿਆਣਾ ਦੇ ਇੰਦਰਾਪੁਰੀ ਸਕੂਲ ਆਫ਼ ਐਮੀਨੈਂਸ ਵਿੱਚ ਸਵੀਮਿੰਗ ਪੂਲ ਵੀ ਬਣਾਇਆ ਗਿਆ ਹੈ ਅਤੇ ਟੈਨਿਸ ਤੇ ਬਾਸਕਿਟ ਬਾਲ ਕੋਰਟ ਵੀ ਬਣਾਏ ਗਏ ਹਨ। ਨਵੇਂ ਸੈਸ਼ਨ ਦੀਆਂ ਕਿਤਾਬਾਂ ਵੀ 90% ਤੋਂ ਵੱਧ ਬੱਚਿਆਂ ਤੱਕ ਪਹੁੰਚ ਗਈਆਂ ਹਨ ਅਤੇ ਮੈਗਾ ਪੀ. ਟੀ.ਐਮ. ਰਾਹੀਂ ਵਿਦਿਆਰਥੀਆਂ ਦੀ ਪੜ੍ਹਾਈ ਅਤੇ ਹੋਰਨਾਂ ਗਤੀਵਿਧੀਆਂ ਬਾਰੇ ਮਾਤਾ-ਪਿਤਾ ਨੂੰ ਵੀ ਪੂਰੀ ਜਾਣਕਾਰੀ ਦਿੱਤੀ ਜਾ ਰਹੀ ਹੈ।ਡਾ. ਰਾਜ ਨੇ ਲੋਕਾਂ ਨੂੰ ਜਾਣਕਾਰੀ ਦਿੱਤੀ ਕਿ ਜਲਦ ਹੀ ਪੰਜਾਬ ਦੇ ਸਾਰੇ ਸਕੂਲਾਂ ਨੂੰ 'ਸਕੂਲ ਆਫ਼ ਐਮੀਨੈਂਸ' ਬਣਾਉ ਵੱਲ ਪੰਜਾਬ ਸਰਕਾਰ ਕਦਮ ਚੁੱਕ ਰਹੀ ਹੈ।ਉਹਨਾਂ ਦੱਸਿਆਂ ਕਿ ਪ੍ਰਾਇਮਰੀ ਸਰਕਾਰੀ ਸਕੂਲਾਂ ਦਾ ਵੀ ਮਿਆਰ ਉੱਚਾ ਚੁੱਕਣ ਲਈ 'ਆਪ' ਸਰਕਾਰ 'ਸਕੂਲ ਆਫ਼ ਹੈਪੀਨੈਸ' ਮੁਹਿੰਮ ਤਹਿਤ ਇਹਨਾਂ ਸਕੂਲਾਂ ਲਈ 10 ਕਰੋੜ ਦੇ ਬਜਟ ਨਾਲ ਇਮਾਰਤਾਂ ਅਤੇ ਫਰਨੀਚਰ ਆਦਿ 'ਚ ਸੁਧਾਰ ਕਰ, ਬਿਹਤਰ ਸੁਵਿਧਾਵਾਂ ਦੇਣ ਦਾ ਪਲਾਨ ਕਰ ਚੁੱਕੀ ਹੈ। ਡਾ. ਰਾਜ ਨੇ ਕਿਹਾ ਕਿ ਸਾਡੇ ਸੂਬੇ ਦੇ ਭਵਿੱਖ ਸਾਡੇ ਬੱਚਿਆਂ ਲਈ ਇੰਨਾ ਸੋਚਣ ਅਤੇ ਕਰਣ ਵਾਲੀ ਸਰਕਾਰ ਦੇ ਹੱਥ ਹੋਰ ਮਜ਼ਬੂਤ ਕਰਨ ਲਈ ਸਾਨੂੰ ਸਾਰਿਆਂ ਨੂੰ ਮੁੱਖ ਮੰਤਰੀ ਭਗਵੰਤ ਮਾਨ ਦੇ ਮਿਸ਼ਨ 13-0 ਨੂੰ ਸਫ਼ਲ ਬਨਾਉਣਾ ਚਾਹੀਦਾ ਹੈ। ਇਸ ਮੌਕੇ 'ਤੇ ਮੌਜੂਦ ਹਲਕਾ ਵਿਧਾਇਕ ਕਰਮਬੀਰ ਸਿੰਘ ਘੁੰਮਣ ਨੇ ਵੀ ਹਾਜ਼ਰ ਹਲਕਾ ਵਾਸੀਆਂ ਨੂੰ ਡਾ. ਰਾਜ ਕੁਮਾਰ ਨੂੰ ਵੋਟ ਪਾ ਕੇ ਸਫਲ ਬਨਾਉਣ ਦੀ ਅਪੀਲ ਕੀਤੀ।

# ਭਾਜਪਾ ਅੰਬੇਦਕਰ ਦੇ ਲਿਖੇ ਸੰਵਿਧਾਨ ਨੂੰ ਖਤਮ ਕਰਨਾ ਚਾਹੁੰਦੀ : ਬੇਗਮਪੁਰਾ ਟਾਈਗਰ ਫੋਰਸ



ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)-ਬੇਗਮਪੁਰਾ ਟਾਇਗਰ ਫੋਰਸ ਦੇ ਕੌਮੀ ਚੇਅਰਮੈਨ ਤਰਸੇਮ ਦੀਵਾਨਾ ਅਤੇ ਕੌਮੀ ਪ੍ਰਧਾਨ ਧਰਮਪਾਲ ਸਾਹਨੇਵਾਲ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਬੇਗਮਪੁਰਾ ਟਾਇਗਰ ਫੋਰਸ ਦੀ ਇੱਕ ਮੀਟਿੰਗ ਫੋਰਸ ਦੇ ਦੋਆਬਾ ਪ੍ਰਧਾਨ ਨੇਕੂ ਅਜਨੋਹਾ ਪ੍ਰਧਾਨਗੀ ਹੇਠ ਫੋਰਸ ਦੇ ਮੁੱਖ ਦਫਤਰ ਭਗਤ ਨਗਰ ਹੁਸ਼ਿਆਰਪੁਰ ਵਿਖੇ ਹੋਈ। ਮੀਟਿੰਗ ਵਿੱਚ ਫੋਰਸ ਦੇ ਸਟੇਟ ਪ੍ਰਧਾਨ ਬੀਰਪਾਲ ਠਰੋਲੀ, ਜ਼ਿਲ੍ਹਾ ਪ੍ਰਧਾਨ ਹੈਪੀ ਫਤਿਹਗੜ੍ਹ ਨੇ ਵਿਸ਼ੇਸ ਤੌਰ 'ਤੇ ਸ਼ਿਰਕਤ ਕੀਤੀ।

ਮੀਟਿੰਗ ਨੂੰ ਸੰਬੋਧਨ ਕਰਦਿਆਂ ਆਗੂਆਂ ਨੇ ਕਿਹਾ ਕਿ ਭਾਰਤੀ ਜਨਤਾ ਪਾਰਟੀ ਬਾਬਾ ਸਾਹਿਬ ਡਾਕਟਰ ਭੀਮ ਰਾਉ ਅੰਬੇਦਕਰ ਦੇ ਲਿਖੇ ਸੰਵਿਧਾਨ ਨੂੰ ਖਤਮ ਕਰਨ ਦੀਆਂ ਨਿਰੰਤਰ ਕੋਸ਼ਿਸਾਂ ਕਰਦੀ ਆ ਰਹੀ ਹੈ ਜਿਸ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਹਨਾਂ ਆਖਿਆ ਕਿ ਭਾਜਪਾ ਦਲਿਤ ਵਿਰੋਧੀ ਪਾਰਟੀ ਹੈ ਇਸ ਦੇ ਰਾਜ ਅੰਦਰ ਘੱਟ ਗਿਣਤੀ ਧਰਮਾਂ ਅਤੇ ਜਾਤਾਂ ਦੇ ਲੋਕਾਂ 'ਚ ਡਰ ਦਾ ਮਾਹੌਲ ਪਾਇਆ ਜਾ ਰਿਹਾ ਹੈ ਕਿਉਂਕਿ ਭਾਜਪਾ ਧਰਮ ਨਿਰਪੱਖ ਦੇਸ਼ ਨੂੰ ਹਿੰਦੂ ਰਾਸ਼ਟਰ ਬਣਾਉਣ ਵੱਲ ਵੱਧ ਰਹੀ ਹੈ। ਉਹਨਾਂ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਦੀ ਆਲੋਚਨਾ ਕਰਦਿਆਂ ਕਿਹਾ ਕਿ ਇਹ ਭਾਜਪਾ ਦੀ ਬੀ ਟੀਮ ਹੈ ਜਿਸ ਨੇ ਐਸ ਸੀ ਕਮਿਸ਼ਨ ਦੇ ਮੈਂਬਰਾਂ ਦੀ ਗਿਣਤੀ 10 ਘਟਾ ਕੇ ਪੰਜ ਕਰ ਦਿੱਤੀ ਹੈ ਅਤੇ ਐਸੀ ਕਮਿਸ਼ਨ ਦਾ ਚੇਅਰਮੈਨ ਵੀ ਜਨਰਲ ਲਗਾ ਕੇ ਇਹ ਸਿੱਧ ਕਰ ਦਿੱਤਾ ਹੈ ਕਿ ਮਾਨ ਸਰਕਾਰ ਵੀ ਦਲਿਤ ਵਿਰੋਧੀ ਹੈ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਮੀਡੀਆ ਇੰਚਾਰਜ ਚੰਦਰ ਪਾਲ ਹੈਪੀ, ਸਤੀਸ਼ ਕੁਮਾਰ ਸ਼ੇਰਗੜ੍ਹ ,ਅਮਨਦੀਪ,ਮੁਨੀਸ਼,ਚਰਨਜੀਤ ਡਾਡਾ, ਕਮਲਜੀਤ, ਰਾਮ ਜੀ, ਦਵਿੰਦਰ ਕੁਮਾਰ, ਪੰਮਾ ਡਾਡਾ, ਗੋਗਾ ਮਾਂਝੀ , ਪਵਨ ਕੁਮਾਰ ਬੱਧਣ,ਅਮਨਦੀਪ ਸਿੰਘ, ਚਰਨਜੀਤ ਸਿੰਘ,ਭੁਪਿੰਦਰ ਕੁਮਾਰ ਬੱਧਣ ਕਮਲਜੀਤ ਸਿੰਘ, ਬਿਸ਼ਨਪਾਲ, ਗਿਆਨ ਚੰਦ, ਮੁਸਾਫ਼ਰ ਸਿੰਘ, ਸ਼ੇਰਾ ਸਿੰਘ, ਵਿਸ਼ਾਲ ਸਿੰਘ, ਸਨੀ ਸੀਣਾ,ਭਿੰਦਾ ਸੀਣਾ, ਹੈਪੀ ਫਤਹਿਗੜ੍ਹ,ਦਵਿੰਦਰ ਕੁਮਾਰ, ਰਾਕੇਸ਼ ਕੁਮਾਰ ਭੱਟੀ ਵਿਜੇ ਕੁਮਾਰ ਜੱਲੋਵਾਲ ਖਨੂਰ , ਰਵਿ ਸੁੰਦਰ ਨਗਰ ਆਦਿ ਹਾਜ਼ਰ ਸਨ।

# ਪਹਿਲੇ ਪੰਜ ਗੇੜ ਦੀਆਂ ਚੋਣਾਂ 'ਚ ਘੱਟ ਵੋਟਿੰਗ ਹੋਣਾ ਚਿੰਤਾ ਦਾ ਵਿਸ਼ਾ : ਕੰਗ, ਭੰਡਾਰੀ



**ਫਗਵਾੜਾ (ਡਾ. ਰਮਨ, ਢੱਡਾ )** ਐਂਟੀ ਕੁਰੱਪਸ਼ਨ ਫਾਊਂਡੇਸ਼ਨ ਆਫ ਇੰਡੀਆ ਦੇ ਸਟੇਟ ਡਾਇਰੈਕਟਰ ਅਤੇ ਲਾਇਨਜ਼ ਇੰਟਰਨੈਸ਼ਨਲ 321-ਡੀ ਦੇ ਡਿਸਟ੍ਰਿਕਟ ਚੇਅਰਪਰਸਨ (ਹਿਉਮੈਨਿਟੇਰੀਅਨ) ਲਾਇਨ ਗੁਰਦੀਪ ਸਿੰਘ ਕੰਗ ਨੇ ਸਮੂਹ ਵੋਟਰਾਂ ਨੂੰ ਅਪੀਲ ਕੀਤੀ ਹੈ ਕਿ 1 ਜੂਨ ਨੂੰ ਹੋਣ ਵਾਲੀਆਂ ਲੋਕ ਸਭਾ ਚੋਣਾਂ ਵਿੱਚ ਵੱਧ ਚੜ੍ਹ ਕੇ ਹਿੱਸਾ ਲਿਆ ਜਾਵੇ। ਉਨ੍ਹਾਂ ਕਿਹਾ ਕਿ ਵੋਟ ਦੇ ਅਧਿਕਾਰ 'ਤੇ ਹਰ ਭਾਰਤੀ ਨੂੰ ਮਾਣ ਹੋਣਾ ਚਾਹੀਦਾ ਹੈ ਕਿਉਂਕਿ ਸਿਰਫ਼ ਵੋਟਰ ਹੀ ਭਾਰਤ ਦੇ ਭਵਿੱਖ ਦਾ ਫੈਸਲਾ ਕਰ ਸਕਦਾ ਹੈ। ਉਨ੍ਹਾਂ ਸਮੂਹ ਸਮਾਜ ਧਾਰਮਿਕ ਤੇ ਸੇਵੀ ਜੱਥੇਬੰਦੀਆਂ ਅਤੇ ਲਾਇਨਜ਼ ਕਲੱਬਾਂ ਦੇ ਨੁਮਾਇੰਦਿਆਂ ਨੂੰ ਵੀ ਅਪੀਲ ਕੀਤੀ ਕਿ ਉਹ ਪਿਛਲੀ ਵਾਰ ਦੇ ਮੁਕਾਬਲੇ ਵੱਧ ਤੋਂ ਵੱਧ ਵੋਟਰਾਂ ਨੂੰ ਵੋਟਿੰਗ ਪ੍ਰਤੀ ਜਾਗਰੂਕ ਕਰਦੇ ਹੋਏ ਵੋਟ ਪ੍ਰਤੀਸ਼ਤਤਾ ਨੂੰ ਵਧਾਉਣ ਵਿੱਚ ਯੋਗਦਾਨ ਪਾਉਣ। ਲਾਇਨ ਕੰਗ ਦੇ ਨਾਲ ਮੌਜੂਦ ਰਹੇ ਲਾਇਨਜ਼ ਕਲੱਬ ਫਗਵਾੜਾ ਸਿਟੀ ਦੇ ਪੀ.ਆਰ.ਓ. ਲਾਇਨ ਸੁਮਿਤ ਭੰਡਾਰੀ ਨੇ ਵਿਸ਼ੇਸ਼ ਤੌਰ 'ਤੇ ਨੌਜਵਾਨ ਵੋਟਰਾਂ ਨੂੰ ਵੋਟ ਪਾ ਕੇ ਯੋਗ ਉਮੀਦਵਾਰ ਦੀ ਚੋਣ ਕਰਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਇੱਕ ਜ਼ਿੰਮੇਵਾਰ ਵੋਟਰ ਹੀ ਅਜਿਹੀ ਸਰਕਾਰ ਨੂੰ ਚੁਣਦਾ ਹੈ ਜੋ ਦੇਸ਼ ਨੂੰ ਵਿਕਾਸ ਵੱਲ ਲੈ ਕੇ ਜਾ ਸਕਦੀ ਹੈ। ਲਾਇਨ ਕੰਗ ਅਤੇ ਭੰਡਾਰੀ ਨੇ ਜ਼ੋਰ ਦੇ ਕੇ ਕਿਹਾ ਕਿ ਅਠਾਰਾਂ ਸਾਲ ਤੋਂ ਵੱਧ ਉਮਰ ਦੇ ਹਰ ਨਾਗਰਿਕ ਨੂੰ ਵੋਟ ਪਾਉਣ ਦਾ ਅਧਿਕਾਰ ਹੈ। ਹੁਣ ਤਾਂ ਚੋਣ ਕਮਿਸ਼ਨ ਵਲੋਂ ਬਜ਼ੁਰਗਾਂ, ਅਪਾਹਜਾਂ ਅਤੇ ਬਿਮਾਰ ਲੋਕਾਂ ਲਈ ਵਿਸ਼ੇਸ਼ ਪ੍ਰਬੰਧ ਵੀ ਕੀਤੇ ਜਾਂਦੇ ਹਨ ਤਾਂ ਜੋ ਉਨ੍ਹਾਂ ਨੂੰ ਵੋਟ ਪਾਉਣ ਵਿੱਚ ਕੋਈ ਦਿੱਕਤ ਨਾ ਆਵੇ। ਇਸ ਦੇ ਬਾਵਜੂਦ ਲੋਕ ਸਭਾ ਚੋਣਾਂ ਦੇ ਪੰਜ ਪੜਾਵਾਂ ਵਿੱਚ ਹੁਣ ਤੱਕ ਘੱਟ ਵੋਟਿੰਗ ਪ੍ਰਤੀਸ਼ਤਤਾ ਚਿੰਤਾ ਦਾ ਵਿਸ਼ਾ ਹੈ। ਉਹਨਾਂ ਕਿਹਾ ਕਿ ਵੋਟਾਂ ਤੋਂ ਬਾਅਦ ਇਸ ਗੱਲ ਦੀ ਘੋਖ ਜਰੂਰੀ ਹੋਣੀ ਚਾਹੀਦੀ ਹੈ ਕਿ ਲੋਕਾਂ 'ਚ ਵੋਟਿੰਗ ਪ੍ਰਤੀ ਦਿਲਚਸਪੀ ਘੱਟ ਹੋਣ ਦੇ ਪਿੱਛੇ ਕੀ ਕਾਰਨ ਹਨ। ਉਨ੍ਹਾਂ ਕਿਹਾ ਕਿ ਵੋਟ ਪ੍ਰਤੀਸ਼ਤਤਾ ਨੂੰ ਵਧਾਉਣਾ ਸਾਡੀ ਸਾਰਿਆਂ ਦੀ ਵੱਡੀ ਜ਼ਿੰਮੇਵਾਰੀ ਹੈ ਤਾਂ ਜੋ ਲੋਕਤੰਤਰ ਨੂੰ ਮਜ਼ਬੂਤ ਕੀਤਾ ਜਾ ਸਕੇ।

# ਡੈਮੋਕਰੇਟਿਕ ਭਾਰਤੀ ਲੋਕ ਦਲ ਨੇ ਯਸ਼ਵੰਤ ਭੀਮ ਰਾਓ ਅੰਬੇਡਕਰ ਨੂੰ ਦਿੱਤਾ ਬਿਨਾਂ ਸ਼ਰਤ ਸਮਰਥਨ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**— ਗਲੋਬਲ ਰਿਪਬਲਿਕਨ ਪਾਰਟੀ ਵੱਲੋਂ ਲੋਕ ਸਭਾ ਹਲਕਾ ਹੁਸ਼ਿਆਰਪੁਰ ਤੋਂ ਭਾਰਤੀ ਸੰਵਿਧਾਨ ਦੇ ਨਿਰਮਾਤਾ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਦੇ ਪੋਤਰੇ ਯਸ਼ਵੰਤ ਭੀਮ ਰਾਓ ਅੰਬੇਡਕਰ ਨੂੰ ਡੈਮੋਕਰੇਟਿਕ ਭਾਰਤੀ ਲੋਕ ਦਲ ਵੱਲੋਂ ਬਿਨਾਂ ਸ਼ਰਤ ਸਮਰਥਨ ਦੇ ਦਿੱਤਾ ਗਿਆ। ਮੰਗਲਵਾਰ ਨੂੰ ਗਲੋਬਲ ਰਿਪਬਲਿਕਨ ਪਾਰਟੀ ਦਫਤਰ ਮਾਡਲ ਟਾਊਨ ਹੁਸ਼ਿਆਰਪੁਰ ਵਿਖੇ ਆਪਣੇ ਵੱਡੀ ਗਿਣਤੀ ਸਾਥੀਆਂ ਸਮੇਤ ਪਹੁੰਚੇ ਰਾਸ਼ਟਰੀ ਪ੍ਰਧਾਨ ਗੁਰਮੁਖ ਸਿੰਘ ਖੋਸਲਾ ਨੇ ਗਲੋਬਲ ਰਿਪਬਲੀਕਨ ਪਾਰਟੀ ਦੇ ਮੁਖੀ ਜਸਵੰਤ ਭੀਮ ਰਾਓ ਅੰਬੇਡਕਰ ਨੂੰ ਸਮਰਥਨ ਪੱਤਰ ਸੌਂਪਿਆ। ਇਸ ਮੌਕੇ ਆਪਣੇ ਸੰਬੋਧਨ ਵਿੱਚ ਗੁਰਮੁਖ ਸਿੰਘ ਖੋਸਲਾ ਰਾਸ਼ਟਰੀ ਵਿਧਾਨ ਡੈਮੋਕਰੇਟਿਕ ਭਾਰਤੀ ਲੋਕ ਦਲ ਨੇ ਕਿਹਾ ਕਿ ਅਸੀਂ ਖੁਸ਼ਨਸੀਬ ਹਾਂ ਕਿ ਸਾਨੂੰ ਆਪਣੇ ਜੀਵਨਕਾਲ ਵਿੱਚ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਦਕਰ ਦੇ ਨਜ਼ਦੀਕੀ ਪਰਵਾਰਕ ਮੈਂਬਰ ਦੇ ਦਰਸ਼ਨ ਹੋਏ ਅਤੇ ਉਹਨਾਂ ਦੀ ਸੇਵਾ ਕਰਨ ਦਾ ਮੌਕਾ ਮਿਲਿਆ। ਉਹਨਾਂ ਕਿਹਾ ਕਿ ਬਾਬਾ ਸਾਹਿਬ ਨੇ ਜਾਤੀਵਾਦ ਤੋਂ ਉੱਪਰ ਉੱਠ ਕੇ ਸਭਨਾ ਨੂੰ ਇੱਕੋ ਬਰਾਬਰ ਅਧਿਕਾਰਾਂ ਦੀ ਵਕਾਲਤ ਕਰਦਿਆਂ ਭਾਰਤੀ ਸੰਵਿਧਾਨ ਵਿੱਚ ਸਮਾਜਿਕ ਬਰਾਬਰੀ ਦੀ ਪੱਕੀ ਇਹ ਵਿਵਸਥਾ ਦਰਜ ਕੀਤੀ ਇਸ ਲਈ ਸਾਡਾ ਸਮਾਜ ਉਹਨਾਂ ਦਾ ਕਰਜ਼ਾ ਨਹੀਂ ਉਤਾਰ ਸਕਦਾ। ਉਹਨਾਂ ਕਿਹਾ ਕਿ ਲੋਕ ਸਭਾ ਹਲਕਾ ਹੁਸ਼ਿਆਰਪੁਰ ਤੋਂ ਦਲਿਤ ਸਮਾਜ ਦੇ ਸਾਰੇ ਉਮੀਦਵਾਰਾਂ ਨੂੰ ਇੱਕ ਮਤ ਹੋ ਕੇ ਬਾਬਾ ਸਾਹਿਬ ਦੇ ਪੋਤਰੇ ਯਸ਼ਵੰਤ ਭੀਮ ਰਾਓ ਅੰਬੇਡਕਰ ਬਿਨਾਂ ਮੁਕਾਬਲਾ ਜਿਤਾ ਕੇ ਇਹ ਸੀਟ ਉਹਨਾਂ ਦੀ ਝੋਲੀ ਵਿੱਚ ਪਾ ਕੇ ਬਾਬਾ ਸਾਹਿਬ ਦਾ ਸਨਮਾਨ ਕਰਨਾ ਚਾਹੀਦਾ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸ਼ੁਭਬਚਨ ,ਮੋਹਣ ਸੱਭਰਵਾਲ,ਇੰਦਰਜੀਤ ਕਾਲਰਾ,ਬਿੰਦਰ, ਹਰਦਵਾਰੀ ਲਾਲ,ਗੁਰਮੁੱਖ ਸਿੰਘ ਖੋਸਲਾ ,ਸਾਈ ਗੀਤਾ ਸ਼ਾਹ ਕਾਦਰੀ,ਤਰਸੇਮ ਦੀਵਾਨਾ ,ਕਸ਼ਮੀਰੀ ਲਾਲ ਬੰਗੜ, ਰੂੜਾ ਰਾਮ ਗਿੱਲ ,ਹਰਜਿੰਦਰ ਮਾਨ ਕੁਲਜੀਤ ਸਿੰਘ ਗਿੱਲ ਸੁਨੀਲ ਮਸੀਹ ,ਜਤਿੰਦਰ ਪਾਲ ਖੋਸਲਾ ( ਸਾਰੇ ਡੈਮੋਕ੍ਰੇਟਿਕ ਭਾਰਤੀਯਾ ਲੋਕ ਦਲ ) ਆਦਿ ਹਾਜਰ ਸਨ।

# ਵੋਟਰਾਂ ਨੂੰ ਜਾਗ੍ਰਿਤ ਕਰਨ ਲਈ ਮੀਡੀਆ ਦਾ ਸਹਿਯੋਗ ਜ਼ਰੂਰੀ : ਐੱਸ ਡੀ ਐੱਮ




ਟਾਂਡਾ ਉੜਮੁੜ ( ਜਸਵਿੰਦਰ ਸੰਧੂ ਉਂਕਾਰ ਸਿੰਘ )- ਭਾਰਤੀ ਚੋਣ ਕਮਿਸ਼ਨ ਦੇ ਹੁਕਮ ਅਨੁਸਾਰ ਡਿਪਟੀ ਕਮਿਸ਼ਨਰ ਕੰਮ-ਜ਼ਿਲ੍ਹਾ ਚੋਣ ਅਫ਼ਸਰ ਹੁਸ਼ਿਆਰਪੁਰ ਸ਼੍ਰੀਮਤੀ ਕੋਮਲ ਮਿੱਤਲ ਦੇ ਦਿਸ਼ਾ ਨਿਰਦੇਸ਼ ਦੀ ਪਾਲਣਾ ਕਰਦੇ ਹੋਏ ਸਵੀਪ ਟੀਮ ਟਾਂਡਾ ਦੇ ਨੋਡਲ ਅਫਸਰ ਦਕਸ਼ ਸੋਹਲ, ਅਸਿਸਟੈਂਟ ਨੋਡਲ ਅਫਸਰ ਭਰਤ ਤਲਵਾੜ ਅਤੇ ਸਵੀਪ ਆਈਕੋਨ ਰਿਟਾ: ਡਿਪਟੀ ਡਾਇਰੈਕਟਰ ਹੈਲਥ ਪੰਜਾਬ ਡਾ. ਕੇਵਲ ਸਿੰਘ ਕਾਜਲ, ਡਾ. ਲਵਪ੍ਰੀਤ ਸਿੰਘ ਪਾਬਲਾ ਅਤੇ ਡਾ. ਅਮੋਲਕ ਮਰਵਾਹਾ ਦੀ ਅਗਵਾਈ ਵਿੱਚ ਟਾਂਡਾ ਵਿਖੇ ਵੋਟਰ ਜਾਗਰੂਕ ਅਤੇ ਮੀਡੀਆ ਦੇ ਸਹਿਯੋਗ ਲਈ ਇੱਕ ਸੈਮੀਨਾਰ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਮੁੱਖ ਮਹਿਮਾਨ ਵਜੋਂ ਐਸ.ਡੀ.ਐਮ ਟਾਂਡਾ ਵਿਉਮ ਭਾਰਦਵਾਜ, ਐਡਵੋਕੇਟ ਹਰਦੀਪ ਸਿੰਘ, ਐਡਵੋਕੇਟ ਗੁਰਪ੍ਰੀਤ ਸਿੰਘ ਜਗਦੀਪ ਮਾਨ, ਲਾਇੰਸ ਕਲੱਬ ਪ੍ਰਧਾਨ ਰਵੀ ਲਖਨਪਾਲ ਅਤੇ ਸਮੂਹ ਪੱਤਰਕਾਰ ਭਾਈਚਾਰੇ ਤੋਂ ਇਲਾਵਾ ਵੱਖ-ਵੱਖ ਸੰਸਥਾਵਾਂ ਦੇ ਆਗੂਆਂ ਨੇ ਭਾਗ ਲਿਆ।

ਇਸ ਮੌਕੇ ਤੇ ਐਸ.ਡੀ.ਐਮ ਟਾਂਡਾ ਵਿਉਮ ਭਾਰਦਵਾਜ ਨੇ ਹਾਜ਼ਰ ਇਕੱਠ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਵੋਟ ਦਾ ਹੱਕ ਨਾਗਰਿਕਾਂ ਨੂੰ ਦੇਸ਼ ਦੇ ਸੰਵਿਧਾਨ ਦੁਆਰਾ ਦਿੱਤਾ ਹੋਇਆ ਸਰਕਾਰ ਬਣਾਉਣ ਅਤੇ ਆਪਣੇ ਪ੍ਰਤੀਨਿਧੀ ਚੁਣਨ ਲਈ ਵੋਟ ਦਾ ਜਨਤੰਤਰੀ ਪ੍ਰਣਾਲੀ ਵਿੱਚ ਬਹੁਤ ਵੱਡਾ ਮਹੱਤਵ ਹੁੰਦਾ ਹੈ। ਉਨ੍ਹਾਂ ਕਿਹਾ ਕਿ ਤੁਹਾਡੀ ਵੋਟ ਪਾਏ ਬਿਨਾਂ ਕੋਈ ਵੀ ਸਰਕਾਰ ਸੱਤਾ ਹਾਸਲ ਨਹੀਂ ਕਰ ਸਕਦੀ ਜੇਕਰ ਤੁਸੀਂ ਆਪਣੀ ਮਰਜ਼ੀ ਦੀ ਸਰਕਾਰ ਬਣਾਉਣਾ ਚਾਹੁੰਦੇ ਹੋ ਤਾਂ ਵੋਟ ਪਾਉਣਾ ਬਹੁਤ ਜਰੂਰੀ ਹੈ। ਇਸ ਲਈ ਜਿੱਥੇ 1 ਜੂਨ ਨੂੰ ਆਪਣੀ ਵੋਟ ਦਾ ਇਸਤੇਮਾਲ ਜਰੂਰ ਕਰਨਾ ਹੈ। ਡਾਕਟਰ ਕੇਵਲ ਸਿੰਘ ਕਾਜਲ ਨੇ ਪੱਤਰਕਾਰ ਭਾਈਚਾਰੇ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਵੋਟਰ ਨੂੰ ਜਾਗ੍ਰਿਤ ਕਰਨ ਲਈ ਮੀਡੀਆ ਨੇ ਸਮੇਂ ਸਮੇਂ 'ਤੇ ਅਖ਼ਬਾਰਾਂ ਵਿੱਚ ਖਬਰਾਂ ਲਗਾ ਕੇ ਦੇਸ਼ ਦੇ ਨਾਗਰਿਕਾਂ ਨੂੰ ਵੋਟ ਪਾਉਣ ਦੇ ਮਹੱਤਵ ਸਬੰਧੀ ਜਾਣਕਾਰੀ ਦੇ ਕੇ ਜੋ ਸਹਿਯੋਗ ਦਿੱਤਾ ਹੈ ਉਹ ਇੱਕ ਪ੍ਰਸ਼ੰਸਾਯੋਗ ਕਾਰਜ਼ ਹੈ।

ਭਰਤ ਤਲਵਾੜ ਨੇ ਕਿਹਾ ਕਿ ਵੋਟ ਵਾਲੇ ਦਿਨ ਜੋ ਵੋਟਰ ਆਪਣੀ ਉਂਗਲੀ ਤੇ ਵੋਟ ਪਾਉਣ ਦਾ ਨਿਸ਼ਾਨ ਨਹੀਂ ਲਗਵਾਉਂਦਾ ਉਸ ਇਨਸਾਨ ਨੂੰ ਸਰਕਾਰ 'ਤੇ ਉਂਗਲੀ ਚੁੱਕਣ ਦਾ ਵੀ ਹੱਕ ਨਹੀਂ ਹੈ। ਅੰਤ ਵਿੱਚ ਸਾਰਿਆਂ ਨੇ ਕਿਹਾ ਕਿ ਮੀਡੀਆ ਦੇ ਸਹਿਯੋਗ ਬਿਨਾਂ ਵੋਟਰਾਂ ਨੂੰ ਜਾਗ੍ਰਿਤ ਕਰਨਾ ਬਹੁਤ ਮੁਸ਼ਕਿਲ ਹੈ ਇਸ ਲਈ ਮੀਡੀਆ ਦਾ ਸਹਿਯੋਗ ਮਿਲਣਾ ਉਨ੍ਹਾਂ ਲਈ ਬਹੁਤ ਜਰੂਰੀ ਹੈ।

# ਲੋਕ ਸਭਾ ਦੇ ਉਮੀਦਵਾਰਾਂ ਨੂੰ ਨੌਜਵਾਨ ਰੁਜ਼ਗਾਰ ਬਾਰੇ ਜ਼ਰੂਰ ਸਵਾਲ ਕਰਨ : ਕਲਵਾਂ



ਨੂਰਪੁਰ ਬੇਦੀ (ਸੁਰਜੀਤ ਸਿੰਘ ਕਾਹਲੋਂ )-ਪੂਰੇ ਭਾਰਤ ਵਿੱਚ ਲੋਕ ਸਭਾ ਚੋਣਾਂ ਦਾ ਮਾਹੌਲ ਪੂਰਾ ਗਰਮਾਇਆ ਹੋਇਆ ਹੈ ਤੇ ਹਰੇਕ ਪਾਰਟੀ ਦੇ ਉਮੀਦਵਾਰਾਂ ਵਲੋਂ ਜਿੱਤ ਪ੍ਰਾਪਤ ਕਰਨ ਲਈ ਹਰੇਕ ਵਰਕਰ ਤੱਕ ਪਹੁੰਚ ਕੀਤੀ ਜਾ ਰਹੀ ਹੈ। ਜੇਕਰ ਪੰਜਾਬ ਦੀ ਰਾਜਨੀਤੀ ਦੀ ਗੱਲ ਕਰੀਏ ਤਾਂ ਪੰਜਾਬ ਵਿੱਚ ਕਾਫ਼ੀ ਮੁੱਦੇ ਅਜਿਹੇ ਹਨ ਜੋਂ ਬਹੁਤ ਗੰਭੀਰ ਹਨ ਤੇ ਹਜੇ ਤੱਕ ਪੂਰੇ ਨਹੀਂ ਕੀਤੇ ਗਏ। ਇਨਾਂ ਵਿੱਚ ਮੁੱਖ ਹਨ ਵੱਧ ਰਹੀ ਬੇਰੁਜ਼ਗਾਰੀ ਅਤੇ ਵੱਧ ਰਿਹਾ ਨਸ਼ਿਆਂ ਦਾ ਕਾਰੋਬਾਰ। ਪੰਜਾਬ ਦੀ ਆਪ ਸਰਕਾਰ ਅਤੇ ਕੇਂਦਰ ਸਰਕਾਰ ਦੇ ਲੀਡਰਾਂ ਨੇ ਸੱਤਾ ਵਿੱਚ ਹੁੰਦੇ ਹੋਏ ਵੀ ਪੰਜਾਬ ਦੀ ਤਰੱਕੀ ਵਾਸਤੇ ਕੋਈ ਕੰਮ ਨਹੀਂ ਕੀਤਾ ਕਿਉਂਕਿ ਜੇਕਰ ਪੰਜਾਬ ਦੀ ਆਪ ਸਰਕਾਰ ਵੱਲ ਨਜ਼ਰ ਮਾਰੀਏ ਤਾਂ ਵਿਧਾਨ ਸਭਾ ਚੋਣਾਂ ਦੌਰਾਨ ਲੀਡਰਾਂ ਵਲੋਂ ਵੱਡੇ ਵੱਡੇ ਵਾਅਦੇ ਕੀਤੇ ਗਏ ਸਨ ਕਿ ਨਸ਼ਿਆਂ ਨੂੰ ਰੋਕਣ, ਨੌਜਵਾਨਾਂ ਨੂੰ ਪਹਿਲ ਦੇ ਆਧਾਰ ਤੇ ਰੁਜ਼ਗਾਰ ਤੇ ਹੋਰ ਵੀ ਕਾਫੀ ਮੰਗਾਂ ਸਨ ਪਰ ਸਰਕਾਰ ਬਣੀ ਨੂੰ ਦੋ ਸਾਲ ਤੋਂ ਵੱਧ ਹੋ ਗਏ ਬੇਰੁਜ਼ਗਾਰੀ ਅਤੇ ਨਸ਼ਿਆਂ, ਗੈਂਗਸਟਰਬਾਜੀ ਵਾਲੇ ਮੁੱਦੇ ਉਸੇ ਤਰ੍ਹਾਂ ਪਏ ਨੇ, ਨੌਜਵਾਨਾਂ ਨੂੰ ਰੁਜ਼ਗਾਰ ਨਾ ਮਿਲਣ ਕਾਰਨ ਨੌਜਵਾਨ ਨਸ਼ਿਆਂ ਵੱਲ ਜਾ ਰਿਹਾ ਜਾ ਫਿਰ ਪੰਜਾਬ ਛੱਡ ਕੇ ਵਿਦੇਸ਼ ਵਿੱਚ ਜਾਣ ਲਈ ਮਜਬੂਰ ਹੈ ਜੇਕਰ ਸਰਕਾਰ ਦੀ ਗੱਲ ਕਰੀਏ ਤਾਂ ਸਰਕਾਰ ਦੇ ਰੁਜ਼ਗਾਰ ਦੇਣ ਦੇ ਵਾਅਦੇ ਖੋਖਲੇ ਦਿਖਾਈ ਦਿੰਦੇ ਨੇ ਕਿਉਂਕਿ ਰੁਜ਼ਗਾਰ ਸਿਰਫ ਮਸ਼ਹੂਰੀਆਂ ਤੱਕ ਸੀਮਤ ਹੈ ਜੇ ਪਿੰਡ ਪਿੰਡ ਜਾ ਕੇ ਸਰਵੇਖਣ ਕੀਤਾ ਜਾਵੇ ਤਾਂ ਬੇਰੁਜ਼ਗਾਰੀ ਦੇ ਵੱਡੇ ਅੰਕੜੇ ਸਾਹਮਣੇ ਆਉਣਗੇ। ਉਧਰ ਕੇਂਦਰ ਸਰਕਾਰ ਵਲੋਂ ਵੀ ਪੰਜਾਬ ਨੂੰ ਕੁਝ ਖਾਸ ਪੈਕਿਜ ਨਹੀ ਦਿੱਤਾ ਜਾਂਦਾ ਜਿਸ ਨਾਲ ਪੰਜਾਬ ਤਰੱਕੀ ਦੇ ਰਾਹ ਪੈ ਸਕੇ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਰੋਪੜ ਤੋਂ ਬਸਪਾ ਯੂਥ ਆਗੂ ਸੰਦੀਪ ਸਿੰਘ ਕਲਵਾਂ ਨੇ ਕੀਤਾ ਅਤੇ ਸਾਰੇ ਨੌਜਵਾਨਾਂ ਨੂੰ ਬੇਨਤੀ ਕੀਤੀ ਕਿ ਲੀਡਰਾਂ ਦੇ ਪਿੱਛੇ ਘੁੰਮਣ ਦੀ ਬਜਾਏ ਨੌਕਰੀਆਂ ਦੀ ਮੰਗ ਰੱਖਣ ਅਤੇ ਹੋਰਨਾਂ ਸੂਬੇ ਦੇ ਲੋਕਾਂ ਨੂੰ ਰੁਜ਼ਗਾਰ ਦੇਣ ਅਤੇ ਪੰਜਾਬ ਵਿੱਚ ਜ਼ਮੀਨਾਂ ਖਰੀਦਣ ਤੇ ਪੂਰਨ ਪਾਬੰਦੀ ਲਗਾਈ ਜਾਵੇ।ਮਿਲ ਰਹੀਆਂ ਫ੍ਰੀ ਦੀਆਂ ਸਹੂਲਤਾਂ ਨੂੰ ਤੁਰੰਤ ਬੰਦ ਕੀਤਾ ਜਾਵੇ ਕਿਉਂਕਿ ਮੁਫ਼ਤ ਦੀਆਂ ਸਹੂਲਤਾਂ ਕਰਕੇ ਬੇਰੁਜ਼ਗਾਰੀ ਵਧੀ ਹੈ ਰੁਜ਼ਗਾਰ ਹੋਏਗਾ ਤਾਂ ਸਭ ਕੁਝ ਖਰੀਦਿਆ ਜਾ ਸਕਦਾ ਹੈ।

# ਸਭਰਵਾਲ ਗੋਤ ਜਠੇਰਿਆਂ ਦਾ ਜੋੜ ਮੇਲਾ ਸ਼ਰਧਾ ਪੂਰਵਕ ਸੰਪੰਨ



ਅੱਡਾ ਸਰਾਂ( ਜਸਵੀਰ ਕਾਜਲ )-ਪਿੰਡ ਬਸੀ ਜਲਾਲ ਵਿਖੇ ਸਭਰਵਾਲ ਗੋਤ ਦੇ ਜਠੇਰਿਆਂ ਦਾ ਜੋੜ ਮੇਲਾ ਸ਼ਰਧਾ ਪੂਰਵਕ ਸੰਪੰਨ ਹੋਇਆ। ਦਰਬਾਰ 'ਤੇ ਚਾਦਰ ਤੇ ਝੰਡਾ ਚੜ੍ਹਾਉਣ ਅਤੇ ਚਿਰਾਗ ਰੋਸ਼ਨ ਦੀ ਰਸਮ ਅਦਾ ਕਰਨ ਉਪਰੰਤ ਰਹਿਮਤ ਕਵਾਲ ਪਾਰਟੀ ਬੈਚਾਂ ,ਸਾਬਰ ਨਕਾਲ ਪਾਰਟੀ ਬੈਚਾਂ ਅਤੇ ਮੰਗਾ ਨਕਾਲ ਪਾਰਟੀ ਦਸੂਹਾ ਤੋਂ ਆਏ ਫਨਕਾਰਾਂ ਨੇ ਆਪਣੇ ਫਨ ਦਾ ਮੁਜਾਹਰਾ ਕੀਤਾ। ਠੰਡੇ ਮਿੱਠੇ ਜਲ ਦੀਆਂ ਛਬੀਲਾਂ ਲਗਾਈਆਂ ਗਈਆਂ ਅਤੇ ਅਤੁੱਟ ਲੰਗਰ ਵੀ ਵਰਤਿਆ ਗਿਆ। ਇਸ ਮੌਕੇ ਮੁੱਖ ਸੇਵਾਦਾਰ ਕਰਮ ਸਿੰਘ, ਏ ਐਸ ਆਈ ਜੋਗਿੰਦਰ ਸਿੰਘ, ਸੂਬੇ, ਪ੍ਰਦੀਪ ਸਿੰਘ, ਏ ਐਸ ਆਈ ਸੁਖਵਿੰਦਰ ਸਿੰਘ, ਹਰਮੇਸ ਸਿੰਘ ਪੰਚ, ਹਰਪ੍ਰੀਤ ਸਿੰਘ ਸਭਰਵਾਲ, ਵਿਜੇ ਪਾਲ ਸਰਪੰਚ ਬੈਚਾਂ, ਬਾਬਾ ਸੁਖਵੀਰ ਸਿੰਘ ਬੈਚਾਂ, ਡਾ. ਸੰਦੀਪ ਸਿੰਘ ਬੈਚਾਂ, ਮਲਕੀਤ ਸਿੰਘ ਰਾਪੁਰ, ਕਿਸਨ ਸਿੰਘ ਦਾਤਾ, ਇੰਸਪੈਕਟਰ ਤਰਸੇਮ ਸਿੰਘ ਦਾਤਾ, ਭੁਲਾ ਸਿੰਘ ਸਰਪੰਚ ਬਰਿਆਲ, ਸੁਖਜਿੰਦਰ ਸਿੰਘ ਰਾਜਾ, ਜੋਗਿੰਦਰ ਸਿੰਘ ਤੋਂ ਇਲਾਵਾ ਸਭਰਵਾਲ ਗੋਤ ਦੇ ਪਰਵਾਰਾਂ ਦੀਆਂ ਸੰਗਤਾਂ ਹਾਜ਼ਰ ਸਨ।

# ਮਹਿੰਦੀ, ਲੱਗ ਗਈ ਮਹਿਲਾ ਵੋਟਰਾਂ ਦੇ, ਨਹੀਂ 1 ਜੂਨ ਤੱਕ ਲਹਿੰਦੀ, ਦੇ ਹੋਕੇ ਨਾਲ ਵਿਦਿਆਰਥਣਾਂ ਨੇ ਕੱਢੀ ਜਾਗਰੂਕਤਾ ਰੈਲੀ




ਸਾਹਿਬਜ਼ਾਦਾ ਅਜੀਤ ਸਿੰਘ ਨਗਰ, (ਗੁਰਜੀਤ ਬਿੱਲਾ)—ਭਾਰਤ ਦੇ ਚੋਣ ਕਮਿਸ਼ਨ ਦੀ ਹਦਾਇਤਾਂ ਅਨੁਸਾਰ ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੀਆਂ ਧੀਆਂ ਵੱਲੋਂ ਲੋਕਾਂ ਨੂੰ ਜਾਗਰੂਕ ਕਰਨ ਲਈ ਗਿੱਧੇ ਦੀਆਂ ਬੋਲੀਆਂ, ਜਾਗੋ, ਚੇਤਨਾ ਰੈਲੀਆਂ ਅਤੇ ਮਹਿੰਦੀ ਲਾ ਕੇ ਜਾਗਰੂਕ ਕੀਤਾ ਜਾ ਰਿਹਾ ਹੈ ਤਾਂ ਜੋ ਜ਼ਿਲ੍ਹਾ ਚੋਣ ਅਫ਼ਸਰ-ਕਮ- ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਅਗਵਾਈ ਵਿੱਚ 1 ਜੂਨ ਨੂੰ ਵੋਟ ਪਾਉਣ ਚ ਜ਼ਿਲ੍ਹਾ ਵਾਸੀਆਂ ਦੀ ਭਰਵੀਂ ਸ਼ਮੂਲੀਅਤ ਨੂੰ ਯਕੀਨੀ ਬਣਾਇਆ ਜਾ ਸਕੇ।ਇਸ ਲੜੀ ਨੂੰ ਅੱਗੇ ਤੋਰਦੇ ਹੋਏ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਸੋਹਾਣਾ ਦੀਆਂ ਵਿਦਿਆਰਥਣਾਂ ਨੇ ਜਾਗਰੂਕਤਾ ਰੈਲੀ ਕੱਢੀ ਅਤੇ ਪਿੰਡਾਂ ਦੀਆਂ ਮਹਿਲਾਵਾਂ ਦੇ ਮਹਿੰਦੀ ਲਾ ਕੇ ਉਨ੍ਹਾਂ ਨੂੰ ਵੋਟ ਪਾਉਣ ਦੀ ਅਪੀਲ ਕੀਤੀ।

ਇਸ ਮੌਕੇ ਜ਼ਿਲ੍ਹਾ ਨੋਡਲ ਅਫਸਰ ਸਵੀਪ ਪ੍ਰੋ. ਗੁਰਬਖਸ਼ੀਸ਼ ਸਿੰਘ ਅੰਟਾਲ ਵਿਸ਼ੇਸ ਤੌਰ 'ਤੇ ਪੁੱਜੇ ਅਤੇ ਵਿਦਿਆਰਥਣਾਂ ਦੇ ਇਸ ਉਪਰਾਲੇ ਲਈ ਪ੍ਰਿੰਸੀਪਲ ਹਿਮਾਂਸ਼ੂ ਲਟਾਵਾ ਅਤੇ ਸਟਾਫ ਦੇ ਯਤਨਾਂ ਦੀ ਪ੍ਰਸ਼ੰਸਾ ਕਰਦਿਆ ਉਨ੍ਹਾਂ ਨੂੰ ਜ਼ਿਲ੍ਹਾ ਚੋਣ ਅਫਸਰ ਦੇ ਸੁਨੇਹੇ ਹਰ ਵੋਟਰ ਲਾਵੇ ਇਕ ਰੁੱਖ ਦੀ ਪੂਰਤੀ ਲਈ ਆਪਣੇ ਮਾਪਿਆ ਅਤੇ ਆਂਢ-ਗੁਆਂਢ ਨੂੰ ਜਾਗਰੂਕ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਵਿਦਿਆਰਥਣਾਂ ਵੱਲੋਂ ਲਾਈ ਜਾ ਰਹੀ ਮਹਿੰਦੀ ਦਾ ਨਾਅਰਾ, ਮਹਿੰਦੀ ਮਹਿੰਦੀ ਮਹਿੰਦੀ ਲੱਗ ਜੇ ਵੋਟਰਾਂ ਦੇ, ਨਹੀਂ 1 ਜੂਨ ਤੱਕ ਨਹੀ ਲਹਿੰਦੀ ਬਹੁਤ ਹੀ ਖਿੱਚ ਪਾਊ ਹੈ। ਇਸ ਮੌਕੇ ਸਕੂਲ ਅਧਿਆਪਕ ਗੀਟਾ ਸ਼ਰਮਾ ਦੀ ਅਗਵਾਈ ਵਿੱਚ ਵਿਦਿਆਰਥਣਾਂ ਨੇ ਘਰ-ਘਰ ਜਾ ਕੇ ਦਸਤਕ ਦਿੱਤੀ ਅਤੇ ਵੋਟ ਪਾਉਣ ਦੀ ਅਪੀਲ ਕੀਤੀ।ਛੁੱਟੀਆ ਦੇ ਦੌਰਾਨ ਵੀ ਜ਼ਿਲ੍ਹਾ ਸਿੱਖਿਆ ਅਫਸਰ ਸਤਨਾਮ ਸਿੰਘ ਬਾਠ ਦੀ ਅਗਵਾਈ ਵਿੱਚ ਵਿਦਿਆਥੀਆਂ ਅਤੇ ਅਧਿਆਪਕਾਂ ਵੱਲੋਂ ਵੋਟ ਪਾਉਣ, ਪਲਾਸਟਿਕ ਮੁਕਤ ਸਾਹਿਬਜਾਦਾ ਅਜੀਤ ਸਿੰਘ ਨਗਰ, ਪਾਣੀ ਬਚਾਉਣ ਅਤੇ ਹਰਿਆਵਲ ਲਹਿਰ ਦਾ ਸੰਦੇਸ਼ ਦਿੱਤਾ ਜਾ ਰਿਹਾ ਹੈ। ਵਿਦਿਆਰਥਣਾਂ ਦੇ ਦੀ ਇਸ ਉਪਰਾਲੇ ਦੀ ਲੋਕਾਂ ਵਿੱਚ ਖੂਬ ਚਰਚਾ ਹੈ ਕਿ ਉਹ ਭਾਰਤ ਦੇ ਚੋਣ ਕਮਿਸ਼ਨ ਦੇ ਦੂਤ ਬਣ ਕੇ ਲੋਕਤੰਤਰ ਦੀ ਮਜ਼ਬੂਤੀ ਦਾ ਸੱਦਾ ਦੇ ਰਹੀਆਂ ਹਨ। ਇਸ ਮੌਕੇ ਸਵੀਪ ਕੌਰ ਕਮੇਟੀ ਦੇ ਮੈਂਬਰ ਅੰਮ੍ਰਿਤਪਾਲ ਸਿੰਘ, ਸਤਿੰਦਰ ਸਿੰਘ, ਰਣਵੀਰ ਸਿੰਘ, ਨੀਤੂ ਗੁਪਤਾ ਅਤੇ ਸ਼ਿਵਾਨੀ ਵਰਮਾ ਨੇ ਨਿੱਜੀ ਤੌਰ 'ਤੇ ਪਹੁੰਚ ਕੇ ਹੌਂਸਲਾ ਅਫਜਾਈ ਕੀਤੀ। ਇਸ ਮੌਕੇ ਪ੍ਰਿੰਸੀਪਲ ਹਿਮਾਂਸ਼ੂ ਲਟਾਵਾ ਨੇ ਦੱਸਿਆ ਕਿ ਸਕੂਲ ਦੇ ਸਮੂਹ ਅਧਿਆਪਕਾਂ ਅਤੇ ਵਿਦਿਆਰਥੀਆਂ ਨੂੰ ਵਾਰ-ਵਾਰ ਇਹ ਸੁਨੇਹਾ ਦਿੱਤਾ ਜਾ ਰਿਹਾ ਹੈ ਕਿ ਆਪ ਵੋਟ ਪਾਉਣਗੇ ਅਤੇ ਆਪਣੀ ਪਰਵਾਰ ਦੀ ਵੀ ਵੋਟ ਭੁਗਤਾਉਣਗੇ।

# ਲਾਇਨਜ਼ ਕਲੱਬ ਨੇ ਲਗਾਇਆ ਮਾਤਾ ਚਿੰਤਪੁਰਨੀ ਜੈਅੰਤੀ ਨੂੰ ਸਮਰਪਿਤ ਕੁਲਚੇ ਛੋਲਿਆਂ ਦਾ ਲੰਗਰ



ਫਗਵਾੜਾ ( ਡਾ. ਰਮਨ ) ਲਾਇਨਜ਼ ਕਲੱਬ ਫਗਵਾੜਾ ਸਿਟੀ ਵਲੋਂ ਮਾਤਾ ਚਿੰਤਪੁਰਨੀ ਜੀ ਦੀ ਜੈਅੰਤੀ ਨੂੰ ਸਮਰਪਿਤ ਕੁਲਚੇ ਛੋਲੇ ਦਾ ਲੰਗਰ ਸਥਾਨਕ ਬੰਗਾ ਰੋਡ 'ਤੇ ਵਧਵਾ ਸੈਨੇਟਰੀ ਸਟੋਰ ਦੇ ਨਜਦੀਕ ਲਗਾਇਆ ਗਿਆ। ਜਿਸ ਦਾ ਉਦਘਾਟਨ ਕੇਂਦਰੀ ਰਾਜ ਮੰਤਰੀ ਸੋਮ ਪ੍ਰਕਾਸ਼ ਕੈਂਥ ਦੇ ਪੁੱਤਰ ਗੋਲਡੀ ਕੈਂਥ ਨੇ ਕੀਤਾ। ਉਨ੍ਹਾਂ ਦੇ ਨਾਲ ਭਾਜਯੁਮੋ ਦੇ ਸਾਬਕਾ ਮੰਡਲ ਪ੍ਰਧਾਨ ਸੰਜੂ ਚਹਿਲ ਅਤੇ ਕੁਸ਼ ਖੋਸਲਾ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ। ਪਤਵੰਤਿਆਂ ਦਾ ਸਵਾਗਤ ਲਾਇਨਜ਼ ਕਲੱਬ ਫਗਵਾੜਾ ਸਿਟੀ ਦੇ ਪ੍ਰਧਾਨ ਲਾਇਨ ਆਸ਼ੂ ਮਾਰਕੰਡਾ, ਪ੍ਰੋਜੈਕਟ ਡਾਇਰੈਕਟਰ ਅਸ਼ੋਕ ਵਧਵਾ, ਬੱਬੂ ਮਨੀਲਾ ਅਤੇ ਤੇਜੇਂਦਰ ਬਾਵਾ ਨੇ ਸਾਂਝੇ ਤੌਰ 'ਤੇ ਕੀਤਾ। ਲੰਗਰ ਦਾ ਉਦਘਾਟਨ ਕਰਦੇ ਹੋਏ ਗੋਲਡੀ ਕੈਂਥ ਨੇ ਸਾਰਿਆਂ ਨੂੰ ਮਾਤਾ ਚਿੰਤਪੁਰਨੀ ਜੈਅੰਤੀ ਦੀ ਵਧਾਈ ਦਿੱਤੀ। ਇਸ ਦੌਰਾਨ ਤੇਜਿੰਦਰ ਬਾਵਾ ਅਤੇ ਬੱਬੂ ਮਨੀਲਾ ਨੇ ਕਿਹਾ ਕਿ ਮਾਤਾ ਚਿੰਤਪੁਰਨੀ ਆਪਣੇ ਭਗਤਾਂ 'ਤੇ ਬਹੁਤ ਮਿਹਰਬਾਨ ਰਹਿੰਦੀ ਹੈ। ਮਾਂ ਚਿੰਤਪੁਰਨੀ ਤੋਂ ਸੱਚੇ ਮਨ ਨਾਲ ਮੰਗੀਆਂ ਸਾਰੀਆਂ ਮੁਰਾਦਾਂ ਪੂਰੀਆਂ ਹੁੰਦੀਆਂ ਹਨ ਤੇ ਅਤੇ ਚਿੰਤਾਵਾਂ ਤੋਂ ਮੁਕਤੀ ਮਿਲਦੀ ਹੈ।

ਲਾਇਨਜ਼ ਕਲੱਬ ਮੈਂਬਰਾਂ ਨੇ ਬੜੇ ਪਿਆਰ ਤੇ ਸਤਿਕਾਰ ਦੇ ਨਾਲ ਲੰਗਰ ਦੀ ਸੇਵਾ ਵਰਤਾਈ। ਇਸ ਮੌਕੇ ਲਾਇਨਜ਼ ਇੰਟਰਨੈਸ਼ਨਲ 321-ਡੀ ਦੇ ਡਿਸਟ੍ਰਿਕਟ ਚੇਅਰਮੈਨ (ਹਿਉਮੈਨਿਟੇਰੀਅਨ) ਲਾਇਨ ਗੁਰਦੀਪ ਸਿੰਘ ਕੰਗ, ਜ਼ੋਨ ਚੇਅਰਮੈਨ ਲਾਇਨ ਸੁਨੀਲ ਢੀਂਗਰਾ, ਕਲੱਬ ਦੇ ਸਕੱਤਰ ਲਾਇਨ ਸੰਜੀਵ ਲਾਂਬਾ, ਕੈਸ਼ੀਅਰ ਲਾਇਨ ਜੁਗਲ ਬਵੇਜਾ, ਪੀ.ਆਰ.ਓ. ਲਾਇਨ ਸੁਮਿਤ ਭੰਡਾਰੀ, ਦਿਨੇਸ਼ ਖਰਬੰਦਾ, ਈਸ਼ ਕੁਮਾਰ, ਮਨੀਸ਼ ਕਨੌਜੀਆ, ਨਵੀਨ ਵਧਵਾ, ਸੰਜੇ ਤ੍ਰੇਹਨ ਆਦਿ ਹਾਜ਼ਰ ਸਨ।

# ਭਾਜਪਾ ਮਹਿਲਾ ਮੋਰਚਾ ਦੀ ਪ੍ਰਧਾਨ ਕਾਂਗਰਸ 'ਚ ਸ਼ਾਮਲ



ਆਦਮਪੁਰ (ਪਰਮਜੀਤ ਸਿੰਘ):- ਵਿਧਾਨ ਸਭਾ ਹਲਕਾ ਆਦਮਪੁਰ ਤੋਂ ਬੀਜੇਪੀ ਨੂੰ ਉਸ ਸਮੇਂ ਵੱਡਾ ਝਟਕਾ ਲੱਗਾ ਜਦੋਂ ਉਨ੍ਹਾਂ ਮਹਿਲਾ ਵਿੰਗ ਦੀ ਜ਼ਿਲ੍ਹਾ ਪ੍ਰਧਾਨ ਨੇ ਬੀਜੇਪੀ ਨੂੰ ਅਲਵਿਦਾ ਕਹਿ ਕਾਂਗਰਸ ਦਾ ਪੱਲਾ ਫੜ ਲਿਆ। ਹਲਕਾ ਵਿਧਾਇਕ ਸੁਖਵਿੰਦਰ ਸਿੰਘ ਕੋਟਲੀ ਨੇ ਦਸਿਆ ਕਿ ਜਲੰਧਰ ਲੋਕ ਸਭਾ ਸੀਟ ਤੋਂ ਕਾਂਗਰਸ ਦੇ ਉਮੀਦਵਾਰ ਚਰਨਜੀਤ ਸਿੰਘ ਚੰਨੀ ਸਾਬਕਾ ਮੁੱਖ ਮੰਤਰੀ ਪੰਜਾਬ ਦੀਆਂ ਵੋਟਰਾਂ ਦੇ ਹੱਕ ਵਿੱਚ ਵਧੀਆ ਕਾਰਗੁਜ਼ਾਰੀਆਂ ਪ੍ਰਭਾਵਿਤ ਹੋ ਕੇ ਪ੍ਰਗਟ ਸਿੰਘ ਵਿਧਾਇਕ ਕੈਂਟ ਛਾਉਣੀ ਦੀ ਅਗਵਾਈ ਹੇਠ ਬੀਜੇਪੀ ਮਹਿਲਾ ਮੋਰਚਾ ਜ਼ਿਲ੍ਹਾ ਪ੍ਰਧਾਨ ਨਿਧੀ ਤਿਵਾੜੀ ਆਪਣੇ ਪਿਤਾ ਸਮੇਤ ਕਾਂਗਰਸ ਵਿੱਚ ਸ਼ਾਮਲ ਹੋਣ ਉਪਰੰਤ ਚਰਨਜੀਤ ਸਿੰਘ ਚੰਨੀ ਵਲੋਂ ਪਾਰਟੀ ਦਾ ਸਿਰੋਪਾਉ ਪਾ ਕੇ ਨਿੱਘਾ ਸਵਾਗਤ ਕੀਤਾ ਗਿਆ।ਇਸ ਮੌਕੇ ਵਿਧਾਇਕ ਸੁਖਵਿੰਦਰ ਸਿੰਘ ਕੋਟਲੀ ਆਦਮਪੁਰ, ਪ੍ਰਗਟ ਸਿੰਘ ਵਿਧਾਇਕ ਕੈਂਟ, ਦਰਸ਼ਨ ਸਿੰਘ ਕਰਵਲ ਪ੍ਰਧਾਨ ਨਗਰ ਕੌਂਸਲ, ਮੁਕੱਦਰ ਲਾਲ ਵਾਇਸ ਪ੍ਰਧਾਨ ਅਲਾਵਲਪੁਰ, ਭੁਪਿੰਦਰ ਸਿੰਘ ਭਿੰਦਾ ਕੌਂਸਲਰ ਸਮੇਤ ਕਾਂਗਰਸੀ ਅਹੁਦੇਦਾਰ ਸ਼ਾਮਲ ਹੋਏ।ਨਿਧੀ ਤਿਵਾੜੀ ਨੇ ਚਰਨਜੀਤ ਚੰਨੀ, ਪ੍ਰਗਟ ਸਿੰਘ, ਸੁਖਵਿੰਦਰ ਸਿੰਘ ਕੋਟਲੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਵਲੋਂ ਜੋ ਜ਼ਿੰਮੇਵਾਰੀ ਮੈਨੂੰ ਦਿੱਤੀ ਜਾਵੇਗੀ ਉਸਨੂੰ ਪੂਰੀ ਤਨਦੇਹੀ ਨਾਲ ਨਿਭਾਵਾਂਗੀ।

# ਡੀ ਟੀ ਐੱਫ ਨੇ ਮੁੱਖ ਮੰਤਰੀ ਦੇ ਨਾਂਅ ਐੱਸ ਡੀ ਐੱਮ ਨੂੰ ਦਿੱਤਾ ਮੰਗ ਪੱਤਰ



**ਫਿਲੌਰ, ( ਨਿਰਮਲ )**-ਡੈਮੋਕ੍ਰੇਟਿਕ ਟੀਚਰਜ਼ ਫਰੰਟ ਪੰਜਾਬ ਦੇ ਸੱਦੇ 'ਤੇ ਫਰੰਟ ਦੀ ਜ਼ਿਲ੍ਹਾ ਇਕਾਈ ਵੱਲੋਂ ਮੁੱਖ ਮੰਤਰੀ ਪੰਜਾਬ ਦੇ ਨਾਂਅ ਐਸ.ਡੀ.ਐਮ ਫਿਲੌਰ ਅਮਨਪਾਲ ਸਿੰਘ ਨੂੰ ਮੰਗ ਪੱਤਰ ਦਿੱਤਾ ਗਿਆ। ਅਧਿਆਪਕਾਂ ਨੂੰ ਜ਼ਿਲ੍ਹਾ ਸਕੱਤਰ ਅਵਤਾਰ ਲਾਲ ਅਤੇ ਪੈਨਸ਼ਨਰਜ਼ ਆਗੂ ਹਰਮੇਸ਼ ਰਾਹੀ ਨੇ ਸੰਬੋਧਨ ਕਰਦਿਆ ਪੰਜਾਬ ਸਰਕਾਰ ਉੱਪਰ ਅਧਿਆਪਕਾਂ ਦੀਆਂ ਮੰਗਾਂ ਨੂੰ ਅਣਗੌਲਿਆਂ ਕਰਨ ਦਾ ਦੋਸ਼ ਲਗਾਇਆ।

ਉਨ੍ਹਾਂ ਕਿਹਾ ਕਿ ਆਪ ਸਰਕਾਰ ਵੱਲੋਂ ਚੋਣਾਂ ਮੌਕੇ ਅਧਿਆਪਕਾਂ ਤੇ ਮੁਲਾਜ਼ਮਾਂ ਨਾਲ ਕੀਤੇ ਵਾਅਦੇ ਪੂਰੇ ਕਰਨ ਦੀ ਬਜਾਏ ਅਧਿਆਪਕ ਤੇ ਵਿਦਿਆਰਥੀ ਵਿਰੋਧੀ ਗਤੀਵਿਧੀਆ ਨੂੰ ਧੜੱਲੇ ਨਾਲ ਲਾਗੂ ਕਰਕੇ ਵਿਭਾਗ ਦੇ ਵਪਾਰੀਕਰਨ ਕਰਨ ਵਿਚ ਤੇਜੀ ਲਿਆਂਦੀ ਹੈ। ਅਧਿਆਪਕਾਂ ਨੂੰ ਗੈਰ ਵਿੱਦਿਅਕ ਕੰਮਾਂ ਵਿਚ ਉਲਝਾ ਕੇ ਗਰੀਬ ਬੱਚਿਆਂ ਕੋਲੋ ਸਿੱਖਿਆ ਖੋਹੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਵਿਸ਼ਾਲ ਅਧਿਆਪਕ ਲਹਿਰ ਉਸਾਰਨ ਨਾਲ ਹੀ ਮੰਗਾਂ ਮੰਨਵਾਈਆਂ ਅਤੇ ਵਿਭਾਗ ਨੂੰ ਬਚਾਇਆ ਜਾ ਸਕਦਾ ਹੈ। ਐਸ.ਡੀ.ਐਮ ਨੂੰ ਦਿਤੇ ਗਏ ਮੰਗ ਪੱਤਰ ਵਿਚ 16 ਫਰਵਰੀ ਨੂੰ ਹੜਤਾਲ ਕਰਨ ਵਾਲੇ ਅਧਿਆਪਕਾਂ ਦੀ ਕੱਟੀ ਗਈ ਤਨਖਾਹ ਨੂੰ ਜਾਰੀ ਕਰਵਾਉਣ,ਪੁਰਾਣੀ ਪੈਨਸ਼ਨ ਬਹਾਲੀ ਦੇ ਨਵੰਬਰ 2022 ਦੇ ਨੋਟੀਫਿਕੇਸ਼ਨ ਨੂੰ ਲਾਗੂ ਕਰਨ,ਅਧਿਆਪਕਾਂ ਕੋਲੋ ਗੈਰ ਵਿੱਦਿਅਕ ਕੰਮ ਲੈਣੇ ਬੰਦ ਕਰਨ,ਪੇਂਡੂ ਭੱਤੇ ਸਮੇਤ 37 ਪ੍ਰਕਾਰ ਦੇ ਬੰਦ ਕੀਤੇ ਭੱਤੇ ਬਹਾਲ ਕਰਨ,ਪੇਅ ਕਮਿਸ਼ਨ ਦੀਆਂ ਸਿਫਾਰਸ਼ਾਂ ਅਨੁਸਾਰ ਵਧੀਆ ਤਨਖਾਹਾਂ ਦਾ 01.01.2016 ਤੋਂ 30.06.2021 ਤੱਕ ਬਕਾਇਆ ਜਾਰੀ ਕਰਨ,ਮਹਿੰਗਾਈ ਭੱਤੇ ਦੇ ਵਾਧੇ ਦੇ ਬਕਾਏ ਜਾਰੀ ਕਰਨ,ਅਤੇ 17 ਜੁਲਾਈ 2020 ਤੋਂ ਪੰਜਾਬ ਦੇ ਮੁਲਾਜ਼ਮਾਂ ਨੂੰ ਕੇਂਦਰੀ ਤਨਖਾਹ ਸਕੇਲ ਦੇਣ ਦੇ ਹੁਕਮ ਵਾਪਿਸ ਲੈ ਕੇ ਪੰਜਾਬ ਦੇ ਸਾਰੇ ਮੁਲਾਜ਼ਮਾਂ ਨੂੰ ਪੇਅ ਕਮਿਸ਼ਨ ਦੀਆਂ ਸਿਫਾਰਸ਼ਾਂ ਅਨੁਸਾਰ ਤਨਖਾਹ ਦੇਣ ਦੀ ਮੰਗ ਕੀਤੀ ਗਈ। ਇਸ ਮੌਕੇ ਬਲਰਾਮ ਸਿੰਘ, ਸੁਰਜੀਤ ਕੁਮਾਰ, ਹਰਪ੍ਰੀਤ , ਸਕੀਵਨ ਕੁਮਾਰ, ਕੁਲਵੀਰ ਕੁਮਾਰ ਮਹਿਮੀ ਆਦਿ ਹਾਜ਼ਰ ਸਨ।

# ਮਹਿਲਾ ਕਾਂਗਰਸ ਦੀ ਜ਼ਿਲ੍ਹਾ ਪ੍ਰਧਾਨ ਸੰਗੀਤਾ ਧੀਰ ਨੇ ਯਾਮਿਨੀ ਗੋਮਰ ਦੇ ਹੱਕ 'ਚ ਬਣਾਇਆ ਮਾਹੌਲ



**ਫਗਵਾੜਾ ( ਡਾ. ਰਮਨ)** ਆਲ ਇੰਡੀਆ ਮਹਿਲਾ ਕਾਂਗਰਸ ਦੀ ਕੌਮੀ ਪ੍ਰਧਾਨ ਅਲਕਾ ਲਾਂਬਾ ਦੇ ਨਿਰਦੇਸ਼ਾਂ ਅਨੁਸਾਰ ਲੋਕ ਸਭਾ ਹਲਕਾ ਹੁਸ਼ਿਆਰਪੁਰ ਤੋਂ ਕਾਂਗਰਸ ਪਾਰਟੀ ਦੀ ਉਮੀਦਵਾਰ ਯਾਮਿਨੀ ਗੋਮਰ ਦੇ ਹੱਕ ਵਿੱਚ ਸਥਾਨਕ ਇੱਕ ਰੈਸਟੋਰੈਂਟ ਵਿੱਚ ਮਹਿਲਾ ਕਾਂਗਰਸ ਵੱਲੋਂ ਇੱਕ ਪ੍ਰਭਾਵਸ਼ਾਲੀ ਚੋਣ ਮੀਟਿੰਗ ਕੀਤੀ ਗਈ। ਮਹਿਲਾ ਕਾਂਗਰਸ ਦੀ ਜ਼ਿਲ੍ਹਾ ਪ੍ਰਧਾਨ ਸੰਗੀਤਾ ਧੀਰ ਦੀ ਪ੍ਰਧਾਨਗੀ ਹੇਠ ਹੋਈ ਇਸ ਚੋਣ ਮੀਟਿੰਗ ਵਿੱਚ ਮਹਿਲਾ ਕਾਂਗਰਸ ਪੰਜਾਬ ਦੀ ਪ੍ਰਧਾਨ ਗੁਰਸ਼ਰਨ ਰੰਧਾਵਾ ਅਤੇ ਸੋਸ਼ਲ ਮੀਡੀਆ ਇੰਚਾਰਜ ਤੇ ਪੰਜਾਬ ਆਬਜ਼ਰਵਰ ਨਤਾਸ਼ਾ ਸ਼ਰਮਾ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਉਹਨਾਂ ਨੇ ਕੇਂਦਰ ਦੀ ਨਰਿੰਦਰ ਮੋਦੀ ਸਰਕਾਰ 'ਤੇ ਹਮਲਾਵਰ ਹੁੰਦਿਆਂ ਕਿਹਾ ਕਿ ਮੋਦੀ ਸਰਕਾਰ ਦੇ 10 ਸਾਲਾਂ ਦੇ ਸ਼ਾਸਨ ਦੇ ਮਾੜੇ ਪ੍ਰਭਾਵਾਂ ਨੂੰ ਸਿਰਫ਼ ਔਰਤਾਂ ਹੀ ਜਾਣਦੀਆਂ ਹਨ, ਜਿਨ੍ਹਾਂ ਦਾ ਰਸੋਈ ਦਾ ਬਜਟ ਬੁਰੀ ਤਰ੍ਹਾਂ ਪ੍ਰਭਾਵਿਤ ਹੋਇਆ ਹੈ। ਉਨ੍ਹਾਂ ਕਿਹਾ ਕਿ ਮੋਦੀ ਸਰਕਾਰ ਉੱਜਵਲਾ ਯੋਜਨਾ ਤਹਿਤ ਮੁਫਤ ਗੈਸ ਕੁਨੈਕਸ਼ਨ ਦੇਣ ਦੀ ਗੱਲ ਕਰਦੀ ਹੈ ਪਰ ਅੱਜ 400 ਰੁਪਏ ਦਾ ਰਸੋਈ ਗੈਸ ਸਿਲੰਡਰ 1000 ਰੁਪਏ ਵਿੱਚ ਮਿਲ ਰਿਹਾ ਹੈ। ਮੋਦੀ ਸਰਕਾਰ ਜਾਤ-ਪਾਤ ਅਤੇ ਧਰਮ ਦੇ ਨਾਂ 'ਤੇ ਆਪਸੀ ਭਾਈਚਾਰੇ 'ਚ ਦਰਾਰ ਪੈਦਾ ਕਰਨ ਦੀ ਕੋਸ਼ਿਸ਼ ਕਰ ਰਹੀ ਹੈ, ਜਿਸ ਦਾ ਸੰਤਾਪ ਵੀ ਅਖੀਰ ਔਰਤਾਂ ਨੂੰ ਹੀ ਭੁਗਤਣਾ ਪਵੇਗਾ ਕਿਉਂਕਿ ਦੇਸ਼ ਪਿਛਲੇ 10 ਸਾਲਾਂ 'ਚ ਖਾਨਾਜੰਗੀ ਵੱਲ ਵਧਦਾ ਨਜ਼ਰ ਆ ਰਿਹਾ ਹੈ। ਉਹਨਾਂ ਨੇ ਔਰਤਾਂ ਨੂੰ ਅਪੀਲ ਕੀਤੀ ਕਿ ਉਹ ਮਹਿਲਾ ਸ਼ਕਤੀ ਨੂੰ ਪਛਾਨਣ ਅਤੇ ਕੇਂਦਰ ਵਿੱਚ ਰਾਹੁਲ ਗਾਂਧੀ ਦੀ ਅਗਵਾਈ ਵਿੱਚ 'ਇੰਡੀਆ' ਗੱਠਜੋੜ ਸਰਕਾਰ ਦੇ ਗਠਨ ਲਈ ਵੋਟ ਦੇਣ। ਇਸ ਦੌਰਾਨ ਜ਼ਿਲ੍ਹਾ ਪ੍ਰਧਾਨ ਸੰਗੀਤਾ ਧੀਰ ਨੇ ਵੀ ਕਿਹਾ ਕਿ ਜਦੋਂ ਤੋਂ ਕੇਂਦਰ ਵਿੱਚ ਨਰਿੰਦਰ ਮੋਦੀ ਦੀ ਸਰਕਾਰ ਬਣੀ ਹੈ, ਮਹਿੰਗਾਈ ਅਸਮਾਨ ਨੂੰ ਛੂਹ ਗਈ ਹੈ। ਰਸੋਈ ਗੈਸ ਤੋਂ ਲੈ ਕੇ ਪੈਟਰੋਲ ਦੀਆਂ ਕੀਮਤਾਂ ਵਿੱਚ ਲਗਾਤਾਰ ਵਾਧਾ ਹੋ ਰਿਹਾ ਹੈ। ਪ੍ਰਧਾਨ ਮੰਤਰੀ ਮੋਦੀ ਵਿਦੇਸ਼ਾਂ ਵਿੱਚ ਜਮਾਂ ਕਾਲੇ ਧਨ ਦੀ ਗੱਲ ਕਰਦੇ ਸਨ ਪਰ ਨਾ ਤਾਂ ਕੋਈ ਕਾਲਾ ਧਨ ਭਾਰਤ ਵਿੱਚ ਵਾਪਸ ਆਇਆ ਹੈ ਅਤੇ ਨਾ ਹੀ ਲੋਕਾਂ ਦੇ ਬੈਂਕ ਖਾਤਿਆਂ ਵਿੱਚ ਪੰਦਰਾਂ ਲੱਖ ਰੁਪਏ ਪਾਏ ਗਏ ਹਨ। ਜਦਕਿ ਕਾਂਗਰਸ ਪਾਰਟੀ ਨੇ ਆਪਣੇ ਚੋਣ ਮੈਨੀਫੈਸਟੋ ਵਿੱਚ ਔਰਤਾਂ ਲਈ ਕਈ ਐਲਾਨ ਕੀਤੇ ਹਨ, ਜਿਨ੍ਹਾਂ ਨੂੰ 'ਇੰਡੀਆ' ਗੱਠਜੋੜ ਦੀ ਸਰਕਾਰ ਬਣਨ 'ਤੇ ਪਹਿਲ ਦੇ ਆਧਾਰ 'ਤੇ ਲਾਗੂ ਕੀਤਾ ਜਾਵੇਗਾ। ਮਹਿਲਾ ਆਗੂਆਂ ਨੇ ਕਿਹਾ ਕਿ ਨਰਿੰਦਰ ਮੋਦੀ ਸਰਕਾਰ ਭਾਰਤ ਦੇ ਸੰਵਿਧਾਨ ਲਈ ਖਤਰਾ ਹੈ। ਜੇਕਰ ਕੇਂਦਰ ਵਿੱਚ ਮੋਦੀ ਸਰਕਾਰ ਮੁੜ ਆਉਂਦੀ ਹੈ ਤਾਂ ਭਾਰਤ ਦਾ ਲੋਕਤੰਤਰ ਖਤਮ ਹੋ ਜਾਵੇਗਾ। ਇਹ ਹੀ ਸਮਾਂ ਹੈ ਜਦੋਂ ਔਰਤਾਂ ਨੂੰ ਅੱਗੇ ਆਉਣਾ ਹੋਵੇਗਾ ਅਤੇ ਦੇਸ਼ ਦੇ ਲੋਕਤੰਤਰ ਦੀ ਰੱਖਿਆ ਕਰਨੀ ਹੋਵੇਗੀ। ਇਸ ਚੋਣ ਮੀਟਿੰਗ ਵਿੱਚ ਹਾਜ਼ਰ ਔਰਤਾਂ ਨੇ ਹੱਥ ਖੜੇ ਕਰਕੇ ਕਿਹਾ ਕਿ ਉਹ ਇਸ ਵਾਰ ਹੁਸ਼ਿਆਰਪੁਰ ਲੋਕ ਸਭਾ ਹਲਕੇ ਤੋਂ ਪਾਰਟੀ ਦੀ ਉਮੀਦਵਾਰ ਯਾਮਿਨੀ ਗੋਮਰ ਨੂੰ ਵੋਟ ਪਾਉਣਗੀਆਂ ਤਾਂ ਜੋ ਰਾਹੁਲ ਗਾਂਧੀ ਲਈ ਪ੍ਰਧਾਨ ਮੰਤਰੀ ਬਣਨ ਦਾ ਰਾਹ ਸੁਖਾਲਾ ਕੀਤਾ ਜਾ ਸਕੇ। ਇਸ ਮੌਕੇ ਸੋਨੀਆ ਮਹੰਤ, ਜਨਰਲ ਸਕੱਤਰ ਜੋਤੀ ਬੱਗਾ ਜਲੰਧਰ, ਸੀਨੀਅਰ ਆਗੂ ਮੀਨਾਕਸ਼ੀ ਵਰਮਾ ਸ਼ਵਿੰਦਰ ਨਿਸ਼ਚਲ, ਸਾਬਕਾ ਜ਼ਿਲ੍ਹਾ ਪ੍ਰਧਾਨ ਸਰਜੀਵਨ ਲਤਾ ਸ਼ਰਮਾ, ਬਲਾਕ ਪ੍ਰਧਾਨ ਰਣਜੀਤ ਕੌਰ ਰਾਣੀ, ਨੀਨਾ ਸ਼ਰਮਾ, ਬਲਵਿੰਦਰ ਕੌਰ, ਜਤਿੰਦਰ ਕੌਰ, ਮੋਨਿਕਾ ਟੰਡਨ, ਸਾਬਕਾ ਕੌਂਸਲਰ ਸੀਤਾ ਦੇਵੀ, ਵੰਦਨਾ ਸ਼ਰਮਾ ਆਦਿ ਹਾਜ਼ਰ ਸਨ।

# ਚੀਮਾ ਕਲਾਂ ਦੇ ਕਈ ਪਰਵਾਰ 'ਆਪ' 'ਚ ਸ਼ਾਮਲ



**ਨੂਰਮਹਿਲ ( ਬਾਲ ਕ੍ਰਿਸ਼ਨ ਬਾਲੀ )**- ਬੀਤੀ ਰਾਤ ਪਿੰਡ ਚੀਮਾ ਕਲਾਂ ਵਿਖੇ ਆਮ ਆਦਮੀ ਪਾਰਟੀ ਦੇ ਲੋਕ ਸਭਾ ਜਲੰਧਰ ਤੋਂ ਉਮੀਦਵਾਰ ਪਵਨ ਕੁਮਾਰ ਟੀਨੂੰ ਦੇ ਹੱਕ ਵਿੱਚ ਇੱਕ ਭਰਵੀਂ ਮੀਟਿੰਗ ਹੋਈ ਜਿਸ ਦੀ ਅਗਵਾਈ ਹਲਕਾ ਨਕੋਦਰ ਤੋਂ ਐਮ ਐੱਲ ਏ ਬੀਬੀ ਇੰਦਰਜੀਤ ਕੌਰ ਮਾਨ ਨੇ ਕੀਤੀ। ਇਸ ਮੀਟਿੰਗ ਵਿੱਚ ਕਈ ਪਰਵਾਰ ਵੱਖ-ਵੱਖ ਪਾਰਟੀਆਂ ਨੂੰ ਛੱਡ ਕੇ ਆਪ ਵਿੱਚ ਸ਼ਾਮਲ ਹੋਏ। ਮੀਟਿੰਗ ਨੂੰ ਸੰਬੋਧਨ ਕਰਦਿਆਂ ਬੀਬੀ ਮਾਨ ਨੇ ਕਿਹਾ ਕਿ ਇਸ ਵਾਰ ਆਮ ਆਦਮੀ ਪਾਰਟੀ ਪੰਜਾਬ ਦੀਆਂ ਤੇਰਾਂ ਦੀਆਂ ਤੇਰਾਂ ਸੀਟਾਂ 'ਤੇ ਜਿੱਤ ਪ੍ਰਾਪਤ ਕਰੇਗੀ। ਉਹਨਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਸਰਕਾਰ ਨੇ ਜੋ ਵਿਕਾਸ ਕੀਤਾ ਉਹ ਕਿਸੇ ਵੀ ਪਾਰਟੀ ਨੇ ਨਹੀਂ ਕੀਤਾ। ਇਸ ਮੌਕੇ 'ਤੇ ਸ਼ੀਰ ਉੱਪਲ, ਮਨਜੀਤ ਸਿੰਘ ਕੰਦੋਲਾ, ਮੌਲਾ ਚੀਮਾ, ਭਿੰਦਾ ਚੀਮਾ, ਮੱਖਣ ਸਿੰਘ ਘੋਗਾ, ਡੈਮਪੀ ਚੀਮਾ ਅਤੇ ਵੱਡੀ ਗਿਣਤੀ ਵਿੱਚ ਔਰਤਾਂ ਸ਼ਾਮਲ ਹੋਈਆਂ।

# ਚਿੱਟੇ ਦਿਨ ਔਰਤ ਦੇ ਗਲ 'ਚੋਂ ਚੈਨੀ ਝਪਟੀ



**ਫਿਲੌਰ (ਨਿਰਮਲ)**- ਦੁਪਹਿਰ 4 ਵਜੇ ਦੇ ਕਰੀਬ ਲੱਕੜ ਮੰਡੀ ਫਿਲੌਰ ਵਿਖੇ ਇੱਕ ਔਰਤ ਪੈਦਲ ਆਪਣੇ ਘਰ ਵੱਲ ਆ ਰਹੀ ਸੀ ਤਾਂ ਮੋਟਰਸਾਈਕਲ 'ਤੇ ਸਵਾਰ ਦੋ ਨੌਜਵਾਨਾਂ ਜਿਨ੍ਹਾਂ ਆਪਣੇ ਮੂੰਹ ਢੱਕੇ ਹੋਏ ਸਨ, ਔਰਤ ਦੇ ਗਲੇ 'ਚੋਂ ਸੋਨੇ ਦੀ ਚੈਨੀ ਖਿੱਚ ਕੇ ਫਰਾਰ ਹੋ ਗਏ। ਔਰਤ ਦੇ ਪਤੀ ਚਮਨ ਲਾਲ ਖੰਨਾ ਨੇ ਦੱਸਿਆ ਕਿ ਚੈਨੀ ਦੀ ਕੀਮਤ ਲਗਭਗ 2 ਲੱਖ ਰੁਪਏ ਹੈ। ਥਾਣਾ ਫਿਲੌਰ ਦੇ ਐਸ.ਐਚ.ਓ ਵਿਜੈ ਕੁਮਾਰ ਆਪਣੇ ਸਾਥੀਆਂ ਨਾਲ ਮੌਕੇ 'ਤੇ ਪੁੱਜੇ ਅਤੇ ਸੀ.ਸੀ.ਟੀ.ਵੀ ਕੈਮਰੇ ਖੰਘਾਲੇ ਜਾ ਰਹੇ ਹਨ। ਲੋਕਾਂ ਨੇ ਲੁਟੇਰਿਆਂ ਦਾ ਪਿੱਛਾ ਵੀ ਕੀਤਾ, ਪਰ ਉਹ ਹੱਥ ਨਾ ਲੱਗ ਸਕੇ।

# ਡਿਪਟੀ ਕਮਿਸ਼ਨਰ ਨੇ ਪੈਟਰੋਲ ਪੰਪ ਦੀ ਕੀਤੀ ਅਚਨਚੇਤ ਚੈਕਿੰਗ



**ਨਵਾਂ ਸ਼ਹਿਰ ( ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਡਿਪਟੀ ਕਮਿਸ਼ਨਰ ਨਵਜੋਤ ਪਾਲ ਸਿੰਘ ਰੰਧਾਵਾ ਨੇ ਪਿੰਡ ਖਟਕੜ ਕਲਾਂ ਦੇ ਨਜ਼ਦੀਕ ਸਥਿਤ ਇੱਕ ਪੈਟਰੋਲ ਪੰਪ ਦੀ ਅਚਨਚੇਤ ਚੈਕਿੰਗ ਕੀਤੀ। ਚੈਕਿੰਗ ਦੌਰਾਨ ਪੈਟਰੋਲ ਪੰਪ 'ਤੇ ਬੇਸਿਕ ਸਹੂਲਤਾਂ ਦੀ ਕਮੀ ਪਾਈ ਗਈ। ਰੰਧਾਵਾ ਨੇ ਦੱਸਿਆ ਕਿ ਉਹਨਾਂ ਨੂੰ ਕਾਫੀ ਸਮੇਂ ਤੋਂ ਸੂਚਨਾ ਮਿਲ ਰਹੀਆਂ ਸਨ ਕਿ ਇਸ ਪੈਟਰੋਲ ਪੰਪ 'ਤੇ ਯਾਤਰੀਆਂ ਨੂੰ ਬੇਸਿਕ ਸਹੂਲਤਾਂ ਵੀ ਮੁਹੱਈਆ ਨਹੀਂ ਕਰਵਾਈਆਂ ਜਾ ਰਹੀਆਂ ਅਤੇ ਅੱਗ ਲੱਗਣ ਤੋਂ ਬਚਾਅ ਸਬੰਧੀ ਸਾਰੇ ਉਪਕਰਨ ਵੀ ਸਹੀ ਢੰਗ ਨਾਲ ਨਹੀਂ ਰੱਖੇ ਗਏ ਹਨ। ਸ਼ਿਕਾਇਤ ਮਿਲਣ ਉਪਰੰਤ ਜਦ ਇਸ ਪੰਪ 'ਤੇ ਅਚਨਚੇਤ ਚੈਕਿੰਗ ਕੀਤੀ ਗਈ ਤਾਂ ਪੈਟਰੋਲ ਪੰਪ ਤੇ ਬੇਸਿਕ ਸਹੂਲਤਾਂ ਦੀ ਕਮੀ ਪਾਈ ਗਈ। ਅੱਗ ਲੱਗਣ ਵਰਗੀ ਅਨਸੁਖਾਵੀ ਦੁਰਘਟਨਾ ਤੋਂ ਬਚਣ ਦੇ ਲਈ ਵੀ ਵਰਤੇ ਜਾਣ ਵਾਲੇ ਅੱਗ ਬਝਾਊ ਯੰਤਰ ਪੂਰੀ ਤਰ੍ਹਾਂ ਦੇ ਨਾਲ ਸਹੀ ਨਹੀਂ ਪਾਏ ਗਏ। ਇਸ ਤੋਂ ਇਲਾਵਾ ਪੈਟਰੋਲ ਪੰਪ ਤੇ ਰੱਖਿਆ ਗਿਆ ਕੰਪਲੇਂਟ ਰਜਿਸਟਰ ਵੀ ਨਹੀਂ ਪਾਇਆ ਗਿਆ। ਵਾਹਨਾਂ ਦੇ ਟਾਇਰਾਂ ਵਿੱਚ ਭਰੀ ਜਾਣ ਵਾਲੀ ਹਵਾ ਦੀ ਸਹੂਲਤ ਵੀ ਪੈਟਰੋਲ ਪੰਪ 'ਤੇ ਨਹੀਂ ਸੀ।

# ਧੂਤ ਕਲਾਂ 'ਚ ਜਸਵੰਤ ਸਿੰਘ ਫੌਜੀ ਦੀ ਚੋਣ ਮੁਹਿੰਮ ਨੂੰ ਮਿਲਿਆ ਭਰਵਾਂ ਸਮਰਥਨ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**—ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਉਮੀਦਵਾਰ ਜਸਵੰਤ ਸਿੰਘ ਫੌਜੀ ਦੇ ਹੱਕ ਵਿੱਚ ਧੂਤ ਕਲਾਂ ਵਿਖੇ ਜਸਕਰਨ ਸਿੰਘ ਧੂਤ ਹਨੀ ਢੱਟ ਅੰਬਾਲਾ ਜੱਟਾਂ ਨਿਸ਼ਾਨ ਸਿੰਘ ਧੂਤ ਹਰਕਰਨ ਸਿੰਘ ਧੂਤ ਦੀ ਅਗਵਾਈ ਹੇਠ ਹੋਏ ਇਕੱਠ ਵਿੱਚ ਜਥੇਦਾਰ ਗੁਰਦੀਪ ਸਿੰਘ ਖੁਣਖੁਣ ਮਾਸਟਰ ਕੁਲਦੀਪ ਸਿੰਘ ਮਸੀਤੀ ਗੁਰਨਾਮ ਸਿੰਘ ਸਿੰਗੜੀਵਾਲਾ ਤੇ ਸੰਦੀਪ ਸਿੰਘ ਖਾਲਸਾ ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੋਏ। ਆਗੂਆਂ ਨੇ ਸਾਂਝੇ ਤੌਰ ਤੇ ਕਿਹਾ ਕਿ ਪਹਿਲਾਂ ਅਕਾਲੀ ਭਾਜਪਾ ਤੇ ਕਾਂਗਰਸ ਸਰਕਾਰਾਂ ਨੇ ਅਤੇ ਹੁਣ ਆਮ ਆਦਮੀ ਪਾਰਟੀ ਸਰਕਾਰ ਨੇ ਲੋਕਾਂ ਨਾਲ ਵੱਡੇ ਵੱਡੇ ਵਾਅਦੇ ਕੀਤੇ ਸਨ ਪਰ ਉਨਾਂ ਨੇ ਵਾਅਦੇ ਤਾਂ ਕੀ ਪੂਰੇ ਕਰਨੇ ਸਨ ਪੰਜਾਬ ਦੇ ਲੋਕਾਂ ਦੀ ਵੱਡੀ ਪੱਧਰ ਤੇ ਲੁੱਟ ਖਸੁੱਟ ਕੀਤੀ ਅਤੇ ਪੰਜਾਬ ਨੂੰ ਕਰਜ਼ੇ ਵਿੱਚ ਡੋਬ ਦਿੱਤਾ। ਪੰਜਾਬ ਦੇ ਨੌਜਵਾਨਾਂ ਨੂੰ ਨਸ਼ਿਆਂ ਅਤੇ ਗੈਂਗਸਟਰਵਾਦ ਵਿੱਚ ਧੱਕ ਕੇ ਬਰਬਾਦ ਕਰਨ ਲਈ ਇਹ ਸਰਕਾਰਾਂ ਜਿੰਮੇਵਾਰ ਹਨ ਇਹਨਾਂ ਨੂੰ ਚੋਣਾਂ ਵਿੱਚ ਸਬਕ ਸਿਖਾਉਣਾ ਬੇਹੱਦ ਜਰੂਰੀ ਹੈ। ਉਹਨਾਂ ਕਿਹਾ ਕਿ ਸਿਮਰਨਜੀਤ ਸਿੰਘ ਮਾਨ ਮੈਂਬਰ ਪਾਰਲੀਮੈਂਟ ਦੀ ਅਗਵਾਈ ਹੇਠ ਲੜ ਰਹੇ ਉਮੀਦਵਾਰ ਜਿੱਤ ਕੇ 1989 ਵਾਲਾ ਇਤਿਹਾਸ ਦੁਹਰਾਉਣਗੇ ਤੇ ਪਾਰਲੀਮੈਂਟ ਵਿੱਚ ਸਿੱਖ ਕੌਮ ਅਤੇ ਪੰਜਾਬ ਦੇ ਹੱਕਾਂ ਲਈ ਜ਼ੋਰਦਾਰ ਆਵਾਜ਼ ਬੁਲੰਦ ਕਰਨਗੇ। ਇਸ ਸਮੇਂ ਗੁਰਿੰਦਰ ਸਿੰਘ ਧੂਤ, ਭੁਪਿੰਦਰ ਸਿੰਘ ਖਾਲਸਾ, ਸੁਲਤਾਨ ਸਿੰਘ ਧੂਤ, ਮਨਵੀਰ ਸਿੰਘ ਕਾਲਕਟ, ਜਸਪ੍ਰੀਤ ਸਿੰਘ ਧੂਤ, ਹਰਮੇਸ਼ ਸਿੰਘ ਤੇ ਤਰਨਜੀਤ ਸਿੰਘ ਆਦਿ ਹਾਜ਼ਰ ਸਨ।



# ਸੀਟੀ ਪਬਲਿਕ ਸਕੂਲ ਵੱਲੋਂ ਪ੍ਰੇਰਨਾਦਾਇਕ ਨਿਵੇਸ਼ ਸਮਾਰੋਹ 2024 ਦੀ ਮੇਜ਼ਬਾਨੀ




**ਜਲੰਧਰ (ਸ਼ੈਲੀ ਐਲਬਰਟ)** -ਸੀਟੀ ਪਬਲਿਕ ਸਕੂਲ ਨੇ ਹਾਲ ਹੀ ਵਿੱਚ ਸਕੂਲ ਦੇ ਕੈਲੰਡਰ ਵਿੱਚ ਇੱਕ ਮਹੱਤਵਪੂਰਨ ਪਲ ਨੂੰ ਦਰਸਾਉਂਦੇ ਹੋਏ, ਬਹੁਤ ਉਤਸ਼ਾਹ ਨਾਲ ਆਪਣੇ ਨਿਵੇਸ਼ ਸਮਾਰੋਹ ਦੀ ਮੇਜ਼ਬਾਨੀ ਕੀਤੀ।ਸਮਾਰੋਹ ਦੀ ਸ਼ੁਰੂਆਤ ਰਵਾਇਤੀ ਦੀਵੇ ਜਗਾਉਣ ਨਾਲ ਹੋਈ, ਇਸ ਤੋਂ ਬਾਅਦ ਸਰਸਵਤੀ ਵੰਦਨਾ ਅਤੇ ਗਣੇਸ਼ ਵੰਦਨਾ ਦੀਆਂ ਰੂਹਾਨੀ ਪੇਸ਼ਕਾਰੀਆਂ ਨਾਲ, ਬੁੱਧੀ ਅਤੇ ਅੱਗੇ ਦੇ ਯਤਨਾਂ ਵਿੱਚ ਸਫਲਤਾ ਲਈ ਆਸ਼ੀਰਵਾਦ ਮੰਗਿਆ ਗਿਆ।ਸਮਾਗਮ ਦੀ ਮੁੱਖ ਗੱਲ ਬੈਜ ਪਿਨਿੰਗ ਦੀ ਰਸਮ ਸੀ, ਜਿੱਥੇ ਨਵ-ਨਿਯੁਕਤ ਸਕੂਲ, ਹਾਊਸ, ਹੋਸਟਲ ਅਤੇ ਕਲਾਸ ਪ੍ਰਤੀਨਿਧੀਆਂ ਨੇ ਆਪਣੀ ਡਿਊਟੀ ਪੂਰੀ ਇਮਾਨਦਾਰੀ ਅਤੇ ਸਮਰਪਣ ਨਾਲ ਨਿਭਾਉਣ ਦਾ ਪ੍ਰਣ ਲਿਆ।ਇਸ ਸਮਾਰੋਹ ਵਿੱਚ ਸੀਟੀ ਗਰੁੱਪ ਦੇ ਚੇਅਰਮੈਨ ਚਰਨਜੀਤ ਸਿੰਘ ਅਤੇ ਸੀਟੀ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਦੇ ਕੈਂਪਸ ਡਾਇਰੈਕਟਰ ਡਾ. ਯੋਗੇਸ਼ ਛਾਬੜਾ ਸਮੇਤ ਕਈ ਮਾਣਯੋਗ ਮਹਿਮਾਨ ਮੌਜੂਦ ਸਨ।ਚਰਨਜੀਤ ਸਿੰਘ ਨੇ ਹਾਜ਼ਰੀਨ ਨਾਲ ਜੁੜੇ ਹੋਏ, ਲੀਡਰਸ਼ਿਪ ਦੀ ਮਹੱਤਤਾ, ਜ਼ਿੰਮੇਵਾਰੀ ਅਤੇ ਭਵਿੱਖ ਦੇ ਨੇਤਾਵਾਂ ਦੇ ਪਾਲਣ ਪੋਸ਼ਣ ਵਿੱਚ ਸਿੱਖਿਆ ਦੀ ਅਹਿਮ ਭੂਮਿਕਾ 'ਤੇ ਜ਼ੋਰ ਦਿੱਤਾ। ਵਾਈਸ ਪ੍ਰਿੰਸੀਪਲ ਸੁਖਦੀਪ ਕੌਰ ਅਤੇ ਸੀਬੀਐਸਈ ਪ੍ਰੀਖਿਆ ਟੀਮ ਨੂੰ 2023-24 ਦੀਆਂ ਪ੍ਰੀਖਿਆਵਾਂ ਦੇ ਸਫਲ ਆਯੋਜਨ ਨੂੰ ਯਕੀਨੀ ਬਣਾਉਣ ਲਈ ਕੀਤੇ ਗਏ ਸ਼ਲਾਘਾਯੋਗ ਯਤਨਾਂ ਲਈ ਵੀ ਮਾਨਤਾ ਦਿੱਤੀ ਗਈ। ਇਸ ਤੋਂ ਇਲਾਵਾ ਦਸਵੀਂ ਜਮਾਤ ਦੇ ਹੋਣਹਾਰ ਵਿਦਿਆਰਥੀਆਂ ਨੂੰ ਉਨ੍ਹਾਂ ਦੀਆਂ ਸ਼ਾਨਦਾਰ ਪ੍ਰਾਪਤੀਆਂ ਲਈ ਸਨਮਾਨਿਤ ਕੀਤਾ ਗਿਆ।ਸਮਾਰੋਹ ਦੀ ਸਮਾਪਤੀ ਰਾਸ਼ਟਰੀ ਗੀਤ ਦੀ ਪੇਸ਼ਕਾਰੀ ਨਾਲ ਹੋਈ, ਜਿਸ ਨੇ ਸਾਰੇ ਹਾਜ਼ਰੀਨ ਵਿੱਚ ਮਾਣ ਅਤੇ ਏਕਤਾ ਦੀ ਡੂੰਘੀ ਭਾਵਨਾ ਪੈਦਾ ਕੀਤੀ।

# ਐੱਸ ਡੀ ਐੱਮ ਨੇ ਬੀ ਐੱਲ ਓਜ਼ ਨਾਲ ਕੀਤੀ ਮੀਟਿੰਗ



**ਗੜ੍ਹਸ਼ੰਕਰ, (ਫੂਲਾ ਸਿੰਘ ਬੀਰਮਪੁਰ)**-ਵਿਧਾਨ ਸਭਾ ਹਲਕਾ 45-ਗੜ੍ਹਸ਼ੰਕਰ ਵਿਖੇ ਸਹਾਇਕ ਰਿਟਰਨਿੰਗ ਅਫ਼ਸਰ-ਕਮ-ਐਸ.ਡੀ.ਐਮ. ਗੜ੍ਹਸ਼ੰਕਰ ਸ਼ਿਵ ਰਾਜ ਸਿੰਘ ਬੱਲ ਨੇ ਵਿਧਾਨ ਸਭਾ ਹਲਕੇ ਦੇ ਸਭ ਤੋਂ ਵੱਧ ਅਤੇ ਘੱਟ ਵੋਟਿੰਗ ਪ੍ਰਤੀਸ਼ਤਤਾ ਵਾਲੇ ਬੀ. ਐਲ. ਓਜ਼ ਨਾਲ ਮੀਟਿੰਗ ਕੀਤੀ। ਇਸ ਦੌਰਾਨ ਉਨ੍ਹਾਂ ਨੇ ਬੀ.ਐਲ.ਓਜ਼ ਨਾਲ ਲੋਕ ਸਭਾ ਚੋਣਾਂ ਵਿਚ ਵੋਟ ਪ੍ਰਤੀਸ਼ਤਾ ਵਧਾਉਣ ਸਬੰਧੀ ਵਿਚਾਰ ਵਟਾਂਦਰਾ ਕੀਤਾ। ਉਨ੍ਹਾਂ ਕਿਹਾ ਕਿ ਭਾਰਤ ਚੋਣ ਕਮਿਸ਼ਨ ਵਲੋਂ 70 ਫੀਸਦੀ ਤੋਂ ਵੱਧ ਵੋਟਿੰਗ ਦੇ ਟੀਚੇ ਨੂੰ ਪੂਰਾ ਕਰਨ ਵਿਚ ਕੋਈ ਕਮੀ ਨਾ ਛੱਡੀ ਜਾਵੇ ਅਤੇ ਯੋਗ ਵੋਟਰਾਂ ਨੂੰ ਵੋਟ ਪਾਉਣ ਲਈ ਪ੍ਰੇਰਿਤ ਕੀਤਾ ਜਾਵੇ।ਐਸ.ਡੀ.ਐਮ ਨੇ ਇਸ ਦੌਰਾਨ ਸਾਰੇ ਬੀ.ਐਲ.ਓਜ਼ ਨੂੰ ਕਿਹਾ ਕਿ ਲੋਕ ਸਭਾ ਹਲਕਾ ਅਨੰਦਪੁਰ ਸਾਹਿਬ ਦੇ ਜਨਰਲ ਅਬਜ਼ਰਵਰ ਡਾ. ਹੀਰਾ ਲਾਲ ਨੇ ਗਰੀਨ ਚੋਣਾਂ ਸਬੰਧੀ ਚਲਾਏ ਗਏ ਅਭਿਆਨ ਵਿਚ ਪੂਰੀ ਮਿਹਨਤ ਨਾਲ ਕੰਮ ਕੀਤਾ ਜਾਵੇ ਅਤੇ ਵੱਧ ਤੋਂ ਵੱਧ ਪੌਦੇ ਲਗਾਏ ਜਾਣ ਅਤੇ ਵੱਖ-ਵੱਖ ਗਤੀਵਿਧੀਆਂ ਕਰਵਾਈਆਂ ਜਾਣ। ਉਨ੍ਹਾਂ ਕਿਹਾ ਕਿ ਵੋਟ ਪ੍ਰਕਿਰਿਆ ਵਿਚ ਸਿੰਗਲ ਯੂਜ਼ ਪਲਾਸਟਿਕ ਦੀ ਘੱਟ ਵਰਤੋਂ ਕਰਨੀ ਯਕੀਨੀ ਬਣਾਈ ਜਾਵੇ ਅਤੇ ਰਾਜਨੀਤਿਕ ਪਾਰਟੀਆਂ/ ਉਮੀਦਵਾਰਾਂ ਨੂੰ ਵੀ ਸਿੰਗਲ ਯੂਜ਼ ਪਲਾਸਟਿਕ ਦੀ ਵਰਤੋਂ ਨਾ ਕਰਨ ਲਈ ਉਤਸ਼ਾਹਿਤ ਕੀਤਾ ਜਾਵੇ।

# ਸਮਾਜ ਨੂੰ ਅੱਗੇ ਲਿਜਾਣ ਦੀ ਸੋਚ ਨਾਲ ਚੱਲ ਰਹੇ ਡਾ. ਰਾਜ - ਡਾ. ਇਸ਼ਾਂਕ ਕੁਮਾਰ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ )**-ਜਨ ਸੇਵਾ ਅਤੇ ਸਮਾਜ ਨੂੰ ਅੱਗੇ ਲੈ ਕੇ ਜਾਣ ਦਾ ਜਜ਼ਬਾ ਜੋ ਮੇਰੇ ਪਿਤਾ ਡਾ. ਰਾਜ ਕੁਮਾਰ ਵਿਚ ਕੁੱਟ ਕੁੱਟ ਕੇ ਭਰਿਆ ਹੋਇਆ ਹੈ ਮੈਨੂੰ ਹਮੇਸ਼ਾ ਪ੍ਰਭਾਵਿਤ ਕਰਦਾ ਹੈ ਅਤੇ ਮੈਂ ਉਹਨਾਂ ਨੂੰ ਹਮੇਸ਼ਾ ਪਾਰਟੀਬਾਜ਼ੀ ਜਾਂ ਜਾਤ-ਪਾਤ ਤੋਂ ਉੱਪਰ ਉੱਠ ਕੇ ਲੋਕ ਭਲਾਈ ਲਈ, ਆਪਣੇ ਹਲਕੇ ਦੇ ਵਿਕਾਸ ਲਈ ਕੰਮ ਕਰਦਿਆਂ ਵੇਖਿਆ ਹੈ । ਇਸ ਵਿਚਾਰ ਹਨ ਡਾ ਇਸ਼ਾਂਕ ਕੁਮਾਰ ਦੇ, ਜਿਹਨਾਂ ਦੇ ਪਿਤਾ, ਡਾ ਰਾਜ ਕੁਮਾਰ ਚੱਬੇਵਾਲ ਹੁਸ਼ਿਆਰਪੁਰ ਤੋਂ ਆਮ ਆਦਮੀ ਪਾਰਟੀ ਦੇ ਲੋਕ ਸਭਾ ਉਮੀਦਵਾਰ ਹਨ । ਡਾ ਇਸ਼ਾਂਕ ਆਪਣੀ ਮੈਡੀਕਲ ਦੀ ਪੜ੍ਹਾਈ ਪੂਰੀ ਕਰ ਹੁਣ ਆਪਣੇ ਪਿਤਾ ਦੀ ਹੀ ਤਰ੍ਹਾਂ ਰੇਡੀਓਲੋਜੀ ਵਿਚ ਸਪੈਸ਼ਲਾਈਜੇਸ਼ਨ ਕਰ ਰਹੇ ਹਨ। ਅੱਜਕਲ੍ਹ ਉਹ ਆਪਣੇ ਪਿਤਾ ਦੇ ਚੋਣ ਪ੍ਰਚਾਰ ਵਿਚ ਉਹਨਾਂ ਦਾ ਸਾਥ ਦੇਣ ਲਈ ਪਿੰਡਾਂ ਵਿਚ ਬੈਠਕਾਂ ਅਤੇ ਡੋਰ ਟੂ ਡੋਰ ਮੁਹਿੰਮ ਵਿਚ ਆਪਣਾ ਯੋਗਦਾਨ ਪਾ ਰਹੇ ਹਨ । ਬੀਤੇ ਦਿਨੀਂ ਉਹਨਾਂ ਨੇ ਚੱਬੇਵਾਲ ਵਿਧਾਨ ਸਭਾ ਹਲਕੇ ਵਿਚ ਡੋਰ ਟੂ ਡੋਰ ਕਰਦਿਆਂ ਲੋਕਾਂ ਨਾਲ ਵਿਚਾਰ ਸਾਂਝੇ ਕੀਤੇ ਕਿ ਕਿੰਝ ਕੇਂਦਰ ਦੀ ਭਾਜਪਾ ਸਰਕਾਰ ਨੇ ਲੋਕਾਂ ਨਾਲ ਝੂਠੇ ਵਾਅਦੇ ਕੀਤੇ ਪਰ ਭਾਜਪਾ ਦੇ ਰਾਜ ਵਿਚ ਦੇਸ਼ ਵਿਚ ਮਹਿੰਗਾਈ, ਭ੍ਰਿਸ਼ਟਾਚਾਰ ਅਤੇ ਬੇਰੁਜ਼ਗਾਰੀ ਕਈ ਗੁਣਾ ਵੱਧ ਗਈ ਹੈ । ਭਾਜਪਾ ਵਲੋਂ ਪੰਜਾਬ ਨੂੰ ਉਸਦਾ ਬਣਦਾ ਹੱਕ ਵੀ ਨਹੀਂ ਦਿੱਤਾ ਜਾ ਰਿਹਾ । ਉਹਨਾਂ ਕਿਹਾ ਕਿ ਇਸ ਲਈ ਇਹ ਬਹੁਤ ਜ਼ਰੂਰੀ ਹੈ ਕਿ ਲੋਕ ਡਾ. ਰਾਜ ਨੂੰ ਵੱਧ ਤੋਂ ਵੱਧ ਵੋਟਾਂ ਨਾਲ ਜਿਤਾ ਕੇ ਕੇਂਦਰ ਸਰਕਾਰ ਵਿਚ ਭੇਜਣ ਤਾਂ ਜੋ ਉਹ ਕੇਂਦਰ ਵਿਚ ਵੀ ਸਾਡੇ ਸੂਬੇ ਅਤੇ ਸਾਡੇ ਹਲਕੇ ਦੇ ਮਸਲੇ ਚੁੱਕ ਕੇ ਉਹਨਾਂ ਨੂੰ ਹੱਲ ਕਰਵਾ ਸਕਣ ।

# ਕੋਟਲੀ ਅਰਾਈਆਂ 'ਚ ਕੇ ਪੀ ਦੇ ਹੱਕ 'ਚ ਭਰਵੀਂ ਮੀਟਿੰਗ



**ਆ ਦ ਮ ਪ ੁ ਰ (ਪਰਮਜੀਤ ਸਿੰਘ)**- ਵਿਧਾਨ ਸਭਾ ਹਲਕੇ ਦੇ ਪਿੰਡ ਕੋਟਲੀ ਅਰਾਈਆਂ ਹਰਕੀਤ ਸਿੰਘ ਭੇਲਾ ਮੈਂਬਰ ਜਨਰਲ ਕੌਂਸਲ ਸ਼੍ਰੋਮਣੀ ਅਕਾਲੀ ਦਲ ਦੀ ਅਗਵਾਈ ਹੇਠ ਅਕਾਲੀ ਆਗੂ ਪ੍ਰਸ਼ਾਦ ਦੇ ਗ੍ਰਹਿ ਵਿਖੇ ਅਕਾਲੀ ਉਮੀਦਵਾਰ ਮਹਿੰਦਰ ਸਿੰਘ ਕੇ.ਪੀ. ਦੇ ਹੱਕ ਵਿੱਚ ਇਕ ਭਰਵੀਂ ਮੀਟਿੰਗ ਕੀਤੀ ਗਈ।ਜਿਸ ਵਿਚ ਇਲਾਕੇ ਦੇ ਸੀਨੀਅਰ ਅਕਾਲੀ ਸਿੰਘ ਨਿੱਝਰ, ਇੰਦਰਜੀਤ ਸਿੰਘ ਖਾਲਸਾ, ਜਰਨੈਲ ਸਿੰਘ ਗੜ੍ਹਦੀਵਾਲ, ਜਸਪ੍ਰੀਤ ਸਿੰਘ ਔਜਲਾ, ਦਲਜੀਤ ਸਿੰਘ ਭੱਟੀ ਹਾਜ਼ਰ ਹੋਏ। ਮੀਟਿੰਗ ਦੌਰਾਨ ਮਹਿੰਦਰ ਸਿੰਘ ਕੇਪੀ ਵਲੋਂ ਕਾਂਗਰਸ,ਆਪ ਸਰਕਾਰ ਸਮੇਤ ਬੀਜੇਪੀ ਪਾਰਟੀ ਦੀਆਂ 10 ਸਾਲਾਂ ਦੀਆਂ ਨਕਾਮੀਆਂ ਬਾਰੇ ਪਿੰਡ ਵਾਸੀਆਂ ਨੂੰ ਜਾਣਕਾਰੀ ਦਿੱਤੀ ਅਤੇ ਸ਼੍ਰੋਮਣੀ ਅਕਾਲੀ ਦਲ ਪਾਰਟੀ ਦੇ ਇਤਿਹਾਸ ਤੇ ਸਬੰਧੀ ਪੰਜਾਬ ਵਿੱਚ ਕੀਤੇ ਰਿਕਾਰਡ ਤੋੜ ਵਿਕਾਸ ਕੰਮ ਤੋਂ ਜਾਣੂ ਕਰਵਾਇਆ ਤੇ ਅਕਾਲੀ ਦਲ ਨੂੰ ਵੋਟਾਂ ਪਾਉਣ ਦੀ ਅਪੀਲ ਕੀਤੀ।ਇਸ ਮੌਕੇ ਪਜਿੰਦਰ ਸਿੰਘ ਨਿੱਝਰ,ਰਾਕੇਸ਼ ਕੋਟਲੀ, ਪ੍ਰਿਤਪਾਲ ਸਿੰਘ ਧਾਮੀ, ਇੰਦਰਜੀਤ ਸਿੰਘ ਖਾਲਸਾ,ਆਸ਼ੂ ਮਾਹੀ,ਤਨੋਂ ਮਾਹੀ,ਗਰਕਰਣ, ਬਵਨ ਨਿੱਝਰ ਆਦਿ ਹਾਜਰ ਸਨ।

# ਅਨਾਜ ਮੰਡੀ 'ਚ ਲਗਾਏ ਪਿਲਕਣ ਦੇ ਪੌਦੇ



**ਮੋਰਿੰਡਾ ( ਜੈਜ਼ੀ ਸਰਦਾਰ )**-ਰੋਟਰੀ ਕਲੱਬ ਮੋਰਿੰਡਾ ਦੀ ਅਗਵਾਈ ਵਿੱਚ ਪਿਲਕਣ ਦੇ ਦੋ ਵੱਡੇ ਪੌਦੇ ਸਥਾਨਕ ਅਨਾਜ ਮੰਡੀ ਵਿੱਚ ਲਗਾਏ ਗਏ ।ਰੋਟਰੀ ਕਲੱਬ ਦੇ ਸਾਬਕਾ ਸਕੱਤਰ ਮਾਸਟਰ ਰਣਧੀਰ ਸਿੰਘ ਨੇ ਦੱਸਿਆ ਕਿ ਅੱਜ ਦੇ ਪਦਾਰਥਵਾਦੀ ਦੌਰ ਵਿੱਚ ਜਦੋਂ ਮਨੁੱਖ ਕੁਦਰਤ ਤੋਂ ਦੂਰ ਹੋ ਰਿਹਾ ਹੈ ਤਾਂ ਅਜੇ ਵੀ ਬਹੁਤ ਸਾਰੇ ਲੋਕ ਅਜਿਹੇ ਹਨ ਜੋ ਵਾਤਾਵਰਨ ਨੂੰ ਪਿਆਰ ਕਰਦੇ ਹਨ ਅਤੇ ਵਾਤਾਵਰਨ ਦੀ ਸੰਭਾਲ ਲਈ ਚਿੰਤਤ ਹਨ । ਅਜਿਹੇ ਦੌਰ ਵਿੱਚ ਉਕਤ ਲਗਾਉਣ ਲਈ ਮਾਲੀ ਸਹਾਇਤਾ ਰੋਟਰੀ ਕਲੱਬ ਮੋਰਿੰਡਾ ਦੇ ਸੰਚਾਲਕ ਡਾ. ਧੀਮਾਨ ਦੀ ਪ੍ਰੇਰਨਾ ਸਦਕਾ ਬਲਵਿੰਦਰ ਕੌਰ ਮਾਨਪੁਰ ਵੱਲੋਂ ਕੀਤੀ ਗਈ । ਇਸ ਵਾਰ ਹੋ ਰਹੀਆਂ ਲੋਕ ਸਭਾ ਚੋਣਾਂ ਦੇ ਗਰੀਨ ਇਲੈਕਸ਼ਨ ਨਾਹਰੇ ਦਾ ਵੀ ਸਮਰਥਨ ਕੀਤਾ।ਬੂਟੇ ਲਗਾਉਣ ਸਮੇਂ ਬਲਵਿੰਦਰ ਕੌਰ ਮਾਨਪੁਰ, ਤਰਲੋਚਨ ਸਿੰਘ ਮਾਨਪੁਰ , ਭਾਗ ਸਿੰਘ ਅਤੇ ਗੁਰਿੰਦਰ ਸਿੰਘ ਹਾਜ਼ਰ ਸਨ

# ਗਰੁੱਪ-ਡੀ ਦੇ ਮੁਲਾਜ਼ਮਾਂ 'ਚ ਰੋਸ : ਸੈਣੀ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**—ਦਰਜਾ-4 (ਗਰੁੱਪ-ਡੀ) ਕਰਮਚਾਰੀਆਂ ਨੂੰ ਕਣਕ ਦੀ ਖਰੀਦ ਲਈ ਕਰਜ਼ਾ ਦੇਣ ਦੇ ਫੈਸਲਾ ਦੀ ਚਿੱਠੀ 8-05-2024 ਨੂੰ ਕੱਢ ਦਿੱਤੀ ਗਈ, ਪਰੰਤੂ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਵਲੋਂ ਇਹ ਸਰਕਾਰ ਦੀ ਚਿੱਠੀ ਤੇ ਇਨਡੋਰਸਮੈਂਟ ਲਗਾ ਕੇ ਆਪਣੇ-ਆਪਣੇ ਦਫਤਰਾਂ ਨੂੰ ਕੱਢੀ ਜਾਣੀ ਸੀ, ਪਰੰਤੂ ਇਹ ਚਿੱਠੀ ਡਾਇਰੈਕਟ ਲੋਕਲ ਗਰਵਮੈਂਟ ਵੱਲੋਂ ਵੀ ਕੱਢੀ ਜਾਣੀ ਹੈ।ਪਰੰਤੂ ਡਾਇਰੈਕਟਰ ਲੋਕਲ ਗੌਰਮੈਂਟ ਵਲੋਂ 14 ਦਿਨ ਬੀਤ ਜਾਣ ਦੇ ਬਾਵਜੂਦ ਅਤੇ ਕਣਕ ਦਾ ਸੀਜਨ ਖਤਮ ਹੋਣ ਤੱਕ ਵੀ ਨਹੀਂ ਕੱਢੀ ਜਾ ਰਹੀ ਇਸ ਲਈ ਮੁਲਾਜਮਾਂ ਵਿਚ ਇਹ ਸਰਕਾਰ ਦੇ ਖਿਲਾਫ ਕਾਫੀ ਪੂਰਾ ਰੋਸ ਦਿਖਾਇਆ ਜਾ ਰਿਹਾ ਹੈ। ਮੁਲਾਜਮ ਨੇਤਾ ਕੁਲਵੰਤ ਸਿੰਘ ਸੈਣੀ ਦਾ ਕਹਿਣਾ ਹੈ ਕਿ ਇਕ ਪਾਸੇ ਵੋਟਾਂ ਹੋਣ ਕਾਰਨ ਮੁਲਾਜ਼ਮਾਂ ਨੂੰ ਕਹਿ ਰਹੇ ਹਨ ਕਿ ਸਾਡਾ ਸਾਥ ਦਿਓ, ਪਰੰਤੂ ਸਾਰੇ ਵਿਭਾਗਾਂ ਦੇ ਮੁਲਾਜ਼ਮ ਅਤੇ ਰਿਟਾਇਡ ਕਰਮਚਾਰੀ ਨਾ ਵੋਟ ਪਾਉਣ ਦਾ ਫੈਸਲਾ ਲੈ ਚੁੱਕੇ ਹਨ। ਮੁਲਾਜਮਾਂ ਦਾ ਕਹਿਣਾ ਹੈ ਕਿ ਜੋ ਸਮੇਂ-ਸਮੇਂ ਦੇ ਕੰਮ ਹਨ ਆਪ ਵਲੋਂ ਉਹ ਵੀ ਨਹੀਂ ਕੀਤੇ ਜਾ ਰਹੇ।

# ਵੱਖ-ਵੱਖ ਫਰੰਟਾਂ ਵੱਲੋਂ ਕਾਂਗਰਸ ਨੂੰ ਜਿਤਾਉਣ ਦਾ ਸੱਦਾ




**ਜਲੰਧਰ (ਰਾਜੇਸ਼ ਥਾਪਾ)** ਲੋਕ ਸਭਾ ਚੋਣਾਂ ਲਈ ਭਾਈ ਲਾਲੋ ਲੋਕ ਮੰਚ, ਪੰਜਾਬ ਮਨਰੇਗਾ ਅਧਿਕਾਰ ਅੰਦੋਲਨ, ਕਿਸਾਨ ਮਜ਼ਦੂਰ ਮੋਰਚਾ, ਨਿਰਮਾਣ ਮਿਸਤਰੀ ਮਜ਼ਦੂਰ ਯੂਨੀਅਨ ਤੇ ਲਾਲ ਝੰਡਾ ਭੱਠਾ ਮਜ਼ਦੂਰ ਯੂਨੀਅਨ ਵੱਲੋਂ ਮੋਦੀ ਦੀ ਅਗਵਾਈ ਵਾਲੀ ਬੀਜੇਪੀ ਸਰਕਾਰ ਅਤੇ ਉਸਦੇ ਸਹਿਯੋਗੀਆਂ ਨੂੰ ਲੱਖ ਤੋੜਵੀ ਹਾਰ ਦੇਣ ਲਈ ਅਤੇ ਇੰਡੀਆ ਗਠਜੋੜ ਨੂੰ ਜਿਤਾਉਣ ਲਈ ਸਮੂਹ ਪੰਜਾਬੀਆਂ ਨੂੰ ਅਪੀਲ ਕੀਤੀ। ਜਲੰਧਰ ਵਿਖੇ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦੇ ਹੋਏ ਤਰਸੇਮ ਯੋਧਾ , ਡਾਕਟਰ ਬਲਵਿੰਦਰ ਸਿੰਘ ਔਲਖ, ਕਰਨ ਰਾਣਾ, ਕੇਵਲ ਸਿੰਘ ਹਜਾਰਾ, ਸੁਰਿੰਦਰ ਖੀਵਾ, ਪ੍ਰਕਾਸ਼ ਹਿੱਸੋਵਾਲ ,ਕੇਵਲ ਸਿੰਘ ਉੱਗੀ ਤੇ ਹੋਰ ਆਗੂਆਂ ਨੇ ਕਿਹਾ ਕਿ ਧਰਮ ਦੇ ਨਾਂਅ 'ਤੇ ਵੰਡੀਆਂ ਪਾਉਣ ਅਤੇ ਫਿਰਕੂ ਭਾਵਨਾਵਾਂ ਭੜਕਾਉਣ ਵਾਲੀ ਮੋਦੀ ਸਰਕਾਰ ਨੂੰ ਚਲਦਾ ਕੀਤਾ ਜਾਵੇ ਤੇ ਕਾਂਗਰਸ ਨੂੰ ਤੇ ਧਰਮ ਨਿਰਪੱਖ ਪਾਰਟੀਆਂ ਦੇ ਉਮੀਦਵਾਰਾਂ ਨੂੰ ਜਤਾਇਆ ਜਾਵੇ।

# ਅੰਮ੍ਰਿਤਪਾਲ ਸਿੰਘ ਦੇ ਪਿਤਾ ਨੇ ਕੀਤਾ ਚੋਣ ਪ੍ਰਚਾਰ



**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ )**- ਲੋਕ ਸਭਾ ਹਲਕਾ ਸ੍ਰੀ ਖਡੂਰ ਸਾਹਿਬ ਤੋਂ ਪੰਥ ਦੇ ਆਜ਼ਾਦ ਉਮੀਦਵਾਰ ਅੰਮ੍ਰਿਤਪਾਲ ਸਿੰਘ ਦੇ ਪਿਤਾ ਤਰਸੇਮ ਸਿੰਘ ਨੇ ਵਿਧਾਨ ਸਭਾ ਹਲਕਾ ਸੁਲਤਾਨਪੁਰ ਲੋਧੀ ਦੇ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਹਲਕਾ ਇੰਚਾਰਜ ਮੁਖਤਿਆਰ ਸਿੰਘ ਸੋਢੀ ਡਡਵਿੰਡੀ ਦੀ ਅਗਵਾਈ ਵਿੱਚ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਪਿੰਡ ਡਡਵਿੰਡੀ ਵਿਖੇ ਚੋਣ ਪ੍ਰਚਾਰ ਕੀਤਾ। ਪਿੰਡ ਵਾਸੀਆਂ ਵੱਲੋਂ ਉਨ੍ਹਾਂ ਨੂੰ ਸਨਮਾਨਿਤ ਕੀਤਾ ਗਿਆ। ਤਰਸੇਮ ਸਿੰਘ ਨੇ ਸੰਬੋਧਨ ਕਰਦਿਆਂ ਕਿਹਾ ਕਿ ਖਡੂਰ ਹਲਕੇ ਦੇ ਵੋਟਰ ਬਹੁਤ ਹੀ ਸੂਝਵਾਨ ਵੋਟਰ ਹਨ, ਪੰਥ ਦੀ ਚੜ੍ਹਦੀ ਕਲਾ ਲਈ ਉਹ ਭਾਈ ਅੰਮ੍ਰਿਤਪਾਲ ਨੂੰ ਵੋਟ ਪਾਉਣਗ ਅਤੇ ਜਿਤਾ ਕੇ ਮੈਂਬਰ ਪਾਰਲੀਮੈਂਟ ਬਣਾ ਕੇ ਭੇਜਣਗੇ। ਇਸ ਮੌਕੇ ਗੁਰਨਾਮ ਸਿੰਘ, ਜੱਥੇਦਾਰ ਦਰਸ਼ਨ ਸਿੰਘ ਡਡਵਿੰਡੀ , ਹਰਜਿੰਦਰ ਸਿੰਘ, ਬਲਵਿੰਦਰ ਸਿੰਘ ਸਰਪੰਚ , ਸਰਬਣ ਸਿੰਘ ਭੋਰ, ਸੁਰਜੀਤ ਸਿੰਘ ਭੋਰ, ਨਾਨਕ ਸਿੰਘ , ਨਿਰਮਲ ਸਿੰਘ, ਗੁਰਦੀਪ ਸਿੰਘ ਭੰਡਾਲ,ਲਵਪ੍ਰੀਤ ਸਿੰਘ ਡਡਵਿੰਡੀ , ਬੀਬੀ ਜਸਵਿੰਦਰ ਕੌਰ ਤੇ ਹੋਰ ਹਾਜ਼ਰ ਸਨ।

# ਅਸਮਾਨ 'ਚ ਝੂਲਦੇ ਗਰਮ ਹਵਾ ਦੇ ਗੁਬਾਰੇ ਦੇ ਰਹੇ ਨੇ ਵੋਟ ਪਾਉਣ ਦਾ ਸੁਨੇਹਾ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ, (ਗੁਰਜੀਤ ਬਿੱਲਾ)**- ਸਾਹਿਬਜ਼ਾਦਾ ਅਜੀਤ ਸਿੰਘ ਨਗਰ ਭਾਰਤ ਦੇ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਹਰ ਵੋਟਰ ਤੱਕ ਪਹੁੰਚ ਕਰਨ ਲਈ ਜ਼ਿਲ੍ਹਾ ਮੋਹਾਲੀ ਦੀਆਂ ਉੱਚੀਆਂ ਇਮਾਰਤਾਂ ਨੂੰ ਦੇਖਦੇ ਹੋਏ ਜਿੱਥੇ ਹਾਈਰਾਈਜ਼ ਬਿਲਡਿੰਗਜ਼ ਵਿਚ ਪਹਿਲੀ ਵਾਰ ਪੋਲਿੰਗ ਬੂਥ ਬਣਾ ਕੇ ਪੰਜਾਬ ਦੇ ਚੋਣ ਇਤਿਹਾਸ ਵਿੱਚ ਪਹਿਲ ਕੀਤੀ ਗਈ ਹੈ, ਉਥੇ ਹਵਾ ਵਿੱਚ ਉੱਡਦੇ ਹੋਟ ਏਅਰ ਬੈਲੂਨ ਰਾਹੀਂ ਗਗਨ ਚੁੰਬੀ ਇਮਾਰਤਾਂ ਦੇ ਵਸਨੀਕਾਂ ਨੂੰ ਵੋਟਰ ਜਾਗਰੂਕਤਾ ਦਾ ਸੁਨੇਹਾ ਦਿੱਤਾ ਜਾ ਰਿਹਾ ਅਤੇ 1 ਜੂਨ ਨੂੰ ਵੋਟ ਪਾਉਣ ਦੀ ਅਪੀਲ ਦਿੱਤੀ ਜਾ ਰਹੀ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਚੋਣ ਅਫਸਰ-ਕਮ-ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਦੱਸਿਆ ਕਿ ਉਮੈਕਸ ਸਿਟੀ ਨਿਊ ਚੰਡੀਗੜ੍ਹ ਤੋਂ ਇਸ ਉਪਰਾਲੇ ਦੀ ਸ਼ੁਰੂਆਤ ਕੀਤੀ ਗਈ ਹੈ ਜੋ ਕਿ ਜਲਦ ਹੀ ਸ਼ਹਿਰ ਦੀਆਂ ਵੱਖ-ਵੱਖ ਸੁਸਾਇਟੀਆਂ ਵਿੱਚ ਵੀ ਇਸ ਤਰ੍ਹਾਂ ਦੇ ਵੋਟ ਪਾਉਣ ਦੇ ਸੁਨੇਹੇ ਦਿੱਤੇ ਜਾਣਗੇ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੇ ਹਰ ਇਕ ਵਸਨੀਕ ਨੂੰ ਵੋਟ ਪਾਉਣ ਵਿਚ ਕੋਈ ਵੀ ਦਿੱਕਤ ਨਾ ਆਵੇ ਇਸ ਲਈ ਅਤੇ ਹੀਟ ਵੇਵ ਤੋਂ ਬਚਾਅ ਲਈ ਵੱਖ ਵੱਖ ਬੂਥਾਂ ਵਿੱਚ ਵਿਸ਼ੇਸ਼ ਪ੍ਰਬੰਧ ਕੀਤੇ ਜਾ ਰਹੇ ਹਨ ਅਤੇ ਸੀਨੀਅਰ ਸੀਟੀਜਨ 85 ਸਾਲ ਤੋਂ ਵਧੇਰੇ ਉਮਰ ਵਾਲੇ ਅਤੇ ਦਿਵਿਆਂਗ ਜਨ ਵੋਟਰ ਜੋ ਕਿ ਘਰ ਤੋਂ ਵੋਟ ਪਾਉਣਾ ਚਾਹੁੰਦੇ ਹਨ, ਇਸ ਸੰਬਧੀ ਵੀ ਸ਼ੁਰੂਆਤ ਹੋ ਚੁੱਕੀ ਹੈ ਅਤੇ ਜੇ ਕੋਈ ਸੀਨੀਅਰ ਸਿਟੀਜਨ ਜਾਂ ਦਿਵਿਆਗ ਜਨ ਜਾਂ ਕੋਈ ਵੀ ਵੋਟਰ, ਵੋਟ ਪਾਉਣ ਵਾਲੇ ਦਿਨ ਪੋਲਿੰਗ ਬੂਥ ਤੇ ਜਾ ਕੇ ਵੋਟ ਪਾਉਣਾ ਚਾਹੇਗਾ, ਉਸ ਨੂੰ ਮੁਫ਼ਤ ਵਿੱਚ ਪਿਕ ਐਂਡ ਡਰੋਪ ਦੀ ਸਹੂਲਤ ਵੀ ਦਿੱਤੀ ਜਾਵੇਗੀ।

# ਅਸ਼ਵਨੀ ਧਾਲੀਵਾਲ ਦੀ ਅਗਵਾਈ 'ਚ 30 ਪਰਵਾਰ ਬੀ ਜੇ ਪੀ 'ਚ ਸ਼ਾਮਲ

**ਮਹਿਤਪੁਰ (ਰਾਜਾ)** ਬੀਤੇ ਦਿਨੀਂ ਜੇ ਕੇ ਰੈਸਟੋਰੈਂਟ ਮਹਿਤਪੁਰ ਵਿਚ ਭਾਰਤੀ ਜਨਤਾ ਪਾਰਟੀ ਦੀ ਮੀਟਿੰਗ ਅਸ਼ਵਨੀ ਧਾਲੀਵਾਲ ਪੰਜਾਬ ਪ੍ਰਧਾਨ ਡਾ. ਬੀ ਆਰ ਅੰਬੇਡਕਰ ਦਲਿਤ ਸੈਨਾ ਦੀ ਅਗਵਾਈ ਹੇਠ ਕਰਵਾਈ ਗਈ, ਜਿਸ ਵਿੱਚ ਭਾਰਤੀ ਜਨਤਾ ਪਾਰਟੀ ਦੇ ਹਲਕਾ ਇੰਚਾਰਜ ਸ਼ਾਹਕੋਟ ਹਰਦੀਪ ਸਿੰਘ ਰਾਣਾ, ਟੋਨੀ ਅਨੇਜਾ ਮੰਡਲ ਪ੍ਰਧਾਨ ਮਹਿਤਪੁਰ, ਹਰਦੇਵ ਸਿੰਘ ਪੀਟਾ ਸੀਨੀਅਰ ਆਗੂ, ਹਨੀ ਰਾਮੂਵਾਲੀਆ, ਜਸਵੀਰ ਚੰਦ ਰਾਜਾ, ਅਸ਼ਵਨੀ ਗਿੱਲ, ਰੋਹਿਤ ਸਹੋਤਾ ਲੰਬੜਦਾਰ, ਅਕਾਸ਼ ਸਹੋਤਾ, ਰਾਜਾ ਨਾਹਰ, ਕਨਵਰ ਸੰਧੂ, ਸੋਮਨਾਥ ਸੋਮੀ, ਪ੍ਰਮੋਦ ਭੰਡਾਰੀ, ਸੰਜੀਵ ਵਰਮਾ, ਰੋਸ਼ਨ ਲਾਲ ਢੰਡ ਆਦਿ ਹਾਜਰ ਸਨ ।ਇਸ ਮੌਕੇ 30 ਪਰਵਾਰ ਬੀ. ਜੇ.ਪੀ ਵਿਚ ਸ਼ਾਮਲ ਕੀਤੇ ਤੇ ਭਰੋਸਾ ਦਿਵਾਇਆ ਕਿ ਭਾਜਪਾ ਵਿੱਚ ਹਰ ਇਕ ਵਰਕਰ ਨੂੰ ਪੂਰਾ ਸਤਿਕਾਰ ਦਿੱਤਾ ਜਾਵੇਗਾ । ਉਨ੍ਹਾਂ ਨੇ ਆਪਣੇ ਸੰਬੋਧਨ ਵਿਚ ਕਿਹਾ ਕਿ ਭਾਜਪਾ ਹੀ ਇਕ ਇਹੋ ਜਿਹੀ ਪਾਰਟੀ ਹੈ ਜੋ ਹਰ ਵਰਗ ਦਾ ਪੂਰਾ ਸਤਿਕਾਰ ਕਰਦੀ ਹੈ।ਇਸ ਮੌਕੇ ਬਲਵਿੰਦਰ ਕੌਰ, ਰਮਨਦੀਪ ਕੌਰ, ਕੁਲਵਿੰਦਰ ਕੌਰ, ਰਾਣੀ, ਪਰਮਜੀਤ ਕੌਰ, ਅਨੀਤਾ, ਮਨਪ੍ਰੀਤ, ਬਿੰਦੂ, ਜੋਤੀ, ਪੰਮੀ ਆਦਿ ਹਾਜਰ ਸਨ ।

# ਅੰਬਾਲਾ ਜੱਟਾਂ ਵਿਖੇ ਜਸਵੰਤ ਸਿੰਘ ਫੌਜੀ ਦੇ ਹੱਕ 'ਚ ਨੌਜਵਾਨਾਂ ਦਾ ਹੋਇਆ ਇਕੱਠ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**—ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਲੋਕ ਸਭਾ ਹਲਕਾ ਹੁਸ਼ਿਆਰਪੁਰ ਤੋਂ ਉਮੀਦਵਾਰ ਜਸਵੰਤ ਸਿੰਘ ਫੌਜੀ ਦੇ ਹੱਕ ਵਿੱਚ ਕੰਦਾਲਾ ਜੱਟਾਂ ਵਿਖੇ ਅਮਰਪ੍ਰੀਤ ਸਿੰਘ, ਜਸਪ੍ਰੀਤ ਸਿੰਘ ਤੇ ਦਿਲਜੋਤ ਸਿੰਘ ਦੀ ਅਗਵਾਈ ਹੇਠ ਨੌਜਵਾਨਾਂ ਦਾ ਵਿਸ਼ੇਸ਼ ਇਕੱਠ ਹੋਇਆ। ਇਸ ਸਮੇਂ ਆਮ ਆਦਮੀ ਪਾਰਟੀ ਨੂੰ ਛੱਡ ਕੇ ਨੌਜਵਾਨ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਵਿੱਚ ਸ਼ਾਮਿਲ ਹੋਏ ਅਤੇ ਨੌਜਵਾਨਾਂ ਨੇ ਪਾਰਟੀ ਉਮੀਦਵਾਰ ਜਸਵੰਤ ਸਿੰਘ ਫੌਜੀ ਨੂੰ ਵੱਧ ਤੋਂ ਵੱਧ ਵੋਟਾਂ ਪਾ ਕੇ ਜਿਤਾਉਣ ਦਾ ਵਿਸ਼ਵਾਸ਼ ਦਵਾਇਆ। ਇਸ ਸਮੇਂ ਆਮ ਆਦਮੀ ਪਾਰਟੀ ਨੂੰ ਛੱਡ ਕੇ ਯੁਧਵੀਰ ਸਿੰਘ ਗੌਰਵਪ੍ਰੀਤ ਸਿੰਘ ਜਸਨੂਰ ਸਿੰਘ ਗੁਰਸ਼ਰਨ ਸਿੰਘ ਅਨਮੋਲ ਸਿੰਘ ਅਮਨਿੰਦਰ ਸਿੰਘ ਸੁਖਵਿੰਦਰ ਸਿੰਘ ਕਰਮਜੀਤ ਸਿੰਘ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਵਿੱਚ ਸ਼ਾਮਿਲ ਹੋਣ ਵਾਲੇ ਨੌਜਵਾਨਾਂ ਨੂੰ ਗੁਰਦੀਪ ਸਿੰਘ ਖੁਣਖੁਣ ਜ਼ਿਲ੍ਹਾ ਪ੍ਰਧਾਨ ਮਾਸਟਰ ਕੁਲਦੀਪ ਸਿੰਘ ਮਸੀਤੀ ਗੁਰਨਾਮ ਸਿੰਘ ਸਿੰਗੜੀਵਾਲਾ ਤੇ ਜਸਵਿੰਦਰ ਸਿੰਘ ਧੁੱਗਾ ਨੇ ਸਰੋਪੇ ਪਾ ਕੇ ਉਨ੍ਹਾਂ ਦਾ ਪਾਰਟੀ ਵਿੱਚ ਸ਼ਾਮਿਲ ਹੋਣ 'ਤੇ ਸਵਾਗਤ ਕੀਤਾ। ਇਸ ਸਮੇਂ ਅਰਸ਼ਦੀਪ ਸਿੰਘ ਰਵਨਿੰਦਰ ਸਿੰਘ ਜੋਬਨ ਸਿੰਘ ਹਰਪ੍ਰੀਤ ਸਿੰਘ ਆਦਿ ਹਾਜ਼ਰ ਸਨ।

# ਪੂਰਨਮਾਸ਼ੀ ਸਬੰਧੀ ਮਹੀਨਾਵਾਰ ਧਾਰਮਿਕ ਸਮਾਗਮ ਕਰਵਾਇਆ



**ਟਾਂਡਾ ਉੜਮੁੜ ( ਜਸਵਿੰਦਰ ਸੰਧੂ, ਉਂਕਾਰ ਸਿੰਘ )**- ਗੁਰਦੁਆਰਾ ਗੁਰੂ ਨਾਨਕ ਦਰਬਾਰ ਅਸਥਾਨ ਬਾਬਾ ਸ੍ਰੀ ਚੰਦ ਜੀ ਟਾਂਡਾ ਸ੍ਰੀ ਹਰਗੋਬਿੰਦ ਰੋਡ ਨੇੜੇ ਪਿੰਡ ਗਿੱਲ-ਕੋਟਲੀ ਵਿਖੇ ਜੇਠ ਮਹੀਨੇ ਦੀ ਪੂਰਨਮਾਸ਼ੀ ਸਬੰਧੀ ਮਹੀਨਾਵਾਰ ਧਾਰਮਿਕ ਸਮਾਗਮ ਕਰਵਾਇਆ ਗਿਆ, ਜਿਸ ਦੌਰਾਨ ਵੱਡੀ ਗਿਣਤੀ ਵਿੱਚ ਸੰਗਤ ਨੇ ਹਾਜ਼ਰੀ ਲਗਵਾਈ।ਮੁੱਖ ਸੇਵਾਦਾਰ ਸੰਤ ਬਾਬਾ ਸੁਖਦੇਵ ਸਿੰਘ ਬੇਦੀ 16ਵੀਂ ਸੰਤਾਨ ਸ੍ਰੀ ਗੁਰੂ ਨਾਨਕ ਦੇਵ ਜੀ ਅੰਸ ਵੰਸ ਦਰਬਾਰ ਸ੍ਰੀ ਚੋਲਾ ਸਾਹਿਬ ਡੇਰਾ ਬਾਬਾ ਨਾਨਕ ਵਾਲਿਆਂ ਦੀ ਸਰਪਰਸਤੀ ਹੇਠ ਹੋਏ ਸਮਾਗਮ ਦੌਰਾਨ ਸਭ ਤੋਂ ਪਹਿਲਾਂ ਪਿਛਲੇ ਦਿਨਾਂ ਤੋਂ ਆਰੰਭ ਕੀਤੇ ਗਏ ਸ੍ਰੀ ਸਹਿਜ ਪਾਠ ਸ੍ਰੀ ਅਖੰਡ ਪਾਠ ਸਾਹਿਬ ਅਤੇ ਸ੍ਰੀ ਸੁਖਮਨੀ ਸਾਹਿਬ ਜੀ ਦੀ ਲੜੀ ਦੇ ਭੋਗ ਪਾਏ ਗਏ ਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ, ਉਪਰੰਤ ਸਜਾਏ ਗਏ ਗੁਰਮਤਿ ਸਮਾਗਮ ਵਿੱਚ ਭਾਈ ਤਰਸੇਮ ਸਿੰਘ ਖਾਲਸਾ ਅੰਮ੍ਰਿਤਸਰ , ਭਾਈ ਭੁਪਿੰਦਰ ਸਿੰਘ ਤੇ ਹੋਰਨਾਂ ਰਾਗੀ-ਢਾਡੀ ਜਥਿਆਂ ਨੇ ਸਮੂਹ ਸੰਗਤ ਨੂੰ ਗੁਰਬਾਣੀ ਕੀਰਤਨ ਅਤੇ ਗੁਰਮਤਿ ਵਿਚਾਰਾਂ ਦੁਆਰਾ ਨਿਹਾਲ ਕਰਦੇ ਹੋਏ ਸੇਵਾ ਤੇ ਸਿਮਰਨ ਨਾਲ ਜੁੜਨ ਦੀ ਪ੍ਰੇਰਨਾ ਦਿੱਤੀ। ਇਸ ਮੌਕੇ ਪਹੁੰਚੀ ਹੋਈ ਸੰਗਤ ਦਾ ਧੰਨਵਾਦ ਕਰਦੇ ਹੋਏ ਮੁੱਖ ਸੇਵਾਦਾਰ ਬਾਬਾ ਸੁਖਦੇਵ ਸਿੰਘ ਜੀ ਬੇਦੀ ਨੇ ਕਿਹਾ ਕਿ ਸਾਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਵੱਲੋਂ ਦਰਸਾਏ ਗਏ ਕਿਰਤ ਕਰੋ,ਨਾਮ ਜਪੋ ਤੇ ਵੰਡ ਛਕੋ ਦੇ ਮਾਰਗ 'ਤੇ ਚੱਲ ਕੇ ਆਪਣਾ ਮਨੁੱਖਾ ਜਨਮ ਸਫਲਾ ਕਰਨਾ ਚਾਹੀਦਾ ਹੈ। ਚਾਹ ਪਕੌੜਿਆਂ ਦੇ ਲੰਗਰ ਤੇ ਠੰਡੇ ਮਿੱਠੇ ਜਲ ਦੀ ਛਬੀਲ ਵੀ ਲਗਾਈ ਗਈ। ਇਸ ਸਮੇਂ ਡਾ. ਸੁਖਵਿੰਦਰ ਸਿੰਘ ਬੇਦੀ, ਕਮੇਟੀ ਪ੍ਰਧਾਨ ਨਾਜਰ ਸਿੰਘ ਸਹਿਬਾਜਪੁਰ, ਲਖਬੀਰ ਸਿੰਘ ਗਿੱਲਾਂ ,ਕ੍ਰਿਸ਼ਨ ਸਿੰਘ, ਹਰਭਜਨ ਸਿੰਘ ਗਿੱਲ, ਗੁਰਮੀਤ ਸਿੰਘ, ਗੁਰਦੀਪ ਸਿੰਘ ਰਿੱਕੂ ,ਹੈਡ ਗ੍ਰੰਥੀ ਗਿਆਨੀ ਹਰਬੰਤ ਸਿੰਘ, ਜਥੇਦਾਰ ਪਰਮਜੀਤ ਸਿੰਘ ਖਾਲਸਾ, ਸੁਖਪ੍ਰੀਤ ਸਿੰਘ, ਜਸਵੰਤ ਸਿੰਘ, ਦੌਲਤ ਸਿੰਘ, ਰਵਿੰਦਰ ਸਿੰਘ, ਰਾਮ ਸਿੰਘ ਇਸ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

# ਵਿਧਾਇਕ ਸ਼ੇਰੋਵਾਲੀਆ ਦੀ ਅਗਵਾਈ ਹੇਠ ਮਲਸੀਆਂ ਮੰਡੀ 'ਚ ਭਰਵੀਂ ਚੋਣ ਮੀਟਿੰਗ



**ਸ਼ਾਹਕੋਟ (ਗਿਆਨ ਸੈਦਪੁਰੀ)** - ਕਾਂਗਰਸੀ ਉਮੀਦਵਾਰ ਚਰਨਜੀਤ ਸਿੰਘ ਚੰਨੀ ਦੇ ਹੱਕ 'ਚ ਚੋਣ ਪ੍ਰਚਾਰ ਕਰਨ ਲਈ ਮਰਹੂਮ ਗਾਇਕ ਸਿੱਧੂ ਮੂਸੇਵਾਲਾ ਦੇ ਪਿਤਾ ਬਲਕੌਰ ਸਿੰਘ ਸਿੱਧੂ ਮਲਸੀਆਂ ਪਹੁੰਚੇ। ਦਾਣਾ ਮੰਡੀ ਮਲਸੀਆਂ ਵਿਖੇ ਵਿਧਾਇਕ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਦੀ ਅਗਵਾਈ ਹੇਠ ਹੋਈ ਵਿਸ਼ਾਲ ਚੋਣ ਮੀਟਿੰਗ ਨੂੰ ਸੰਬੋਧਨ ਕਰਦਿਆਂ ਬਲਕੌਰ ਸਿੰਘ ਨੇ ਕਿਹਾ ਕਿ ਪੰਜਾਬ ਵਿਚ ਨਸ਼ੇ ਨੂੰ ਖ਼ਤਮ ਕਰਨ ਲਈ ਪਹਿਲਾਂ ਗੈਂਗਸਟਰਵਾਦ ਨੂੰ ਖ਼ਤਮ ਕਰਨਾ ਪਵੇਗਾ, ਕਿਉਂਕਿ ਨਸ਼ਾ ਕੋਈ ਸਧਾਰਨ ਵਿਅਕਤੀ ਨਹੀਂ, ਬਲਕਿ ਗੁੰਡੇ ਅਨਸਰ ਹੀ ਵੇਚਦੇ ਹਨ। ਇਸ ਕੰਮ ਵਿਚ ਸਿਰਫ਼ ਗੈਂਗਸਟਰਾਂ ਦਾ ਹੀ ਹੱਥ ਨਹੀਂ ਹੈ, ਸਗੋਂ ਸਰਕਾਰੀ ਤੰਤਰ ਵੀ ਉਨ੍ਹਾਂ ਦੇ ਨਾਲ ਰਲਿਆ ਹੋਇਆ ਹੈ। ਬਲਕੌਰ ਸਿੰਘ ਸਿੱਧੂ ਨੇ ਕਿਹਾ ਕਿ ਮੌਜੂਦਾ 'ਆਪ' ਸਰਕਾਰ ਦੀ ਬਦਮਾਸ਼ਾਂ ਨਾਲ ਮਿਲੀਭੁਗਤ ਹੈ ਤੇ ਸਰਕਾਰ ਗੁੰਡਾਗਰਦੀ ਨਾਲ ਚੋਣਾਂ ਜਿੱਤਣਾ ਚਾਹੁੰਦੀ ਹੈ। ਬਿਹਾਰ ਵਰਗੇ ਸੂਬਿਆਂ ਤੋਂ ਵੀ ਪੰਜਾਬ ਵਿਚ ਕਾਨੂੰਨ ਵਿਵਸਥਾ ਦੀ ਮਾੜੀ ਹਾਲਤ ਹੈ। ਉਨ੍ਹਾਂ ਦੇ ਪੁੱਤ ਮੂਸੇਵਾਲਾ ਦੀ ਸਕਿਓਰਿਟੀ ਘਟਾਉਣ ਤੋਂ ਬਾਅਦ ਹੁਕਮਾਂ ਨੂੰ ਵਾਇਰਲ ਕੀਤਾ ਗਿਆ ਤੇ ਸਰਕਾਰ ਨੇ ਇਹ ਗੱਲ ਸੁਪਰੀਮ ਕੋਰਟ ਵਿਚ ਵੀ ਕਬੂਲ ਕੀਤੀ ਹੈ, ਪਰ ਫਿਰ ਵੀ ਹੁਕਮਾਂ ਨੂੰ ਲੀਕ ਕਰਨ ਵਾਲਿਆਂ ਖ਼ਿਲਾਫ਼ ਕੋਈ ਕਾਰਵਾਈ ਨਹੀਂ ਕੀਤੀ ਜਾ ਰਹੀ। ਉਨ੍ਹਾਂ ਲੋਕਾਂ ਨੂੰ ਕਾਂਗਰਸੀ ਉਮੀਦਵਾਰ ਚਰਨਜੀਤ ਸਿੰਘ ਚੰਨੀ ਦੇ ਹੱਕ 'ਚ ਡਟਣ ਦੀ ਅਪੀਲ ਕੀਤੀ। ਚਰਨਜੀਤ ਸਿੰਘ ਚੰਨੀ ਨੇ ਕਿਹਾ ਕਿ ਸਿੱਧੂ ਮੂਸੇਵਾਲਾ ਪੰਜਾਬ ਦਾ ਪੁੱਤ ਸੀ ਤੇ ਉਸ ਦੀ ਮੌਤ ਨਾਲ ਸਿਰਫ਼ ਪਰਿਵਾਰ ਨੂੰ ਨਹੀਂ, ਪੂਰੇ ਪੰਜਾਬ ਨੂੰ ਘਾਟਾ ਪਿਆ ਹੈ। 'ਆਪ' ਸਰਕਾਰ ਦੀ ਨਾਲਾਇਕੀ ਕਾਰਨ ਹੀ ਪੰਜਾਬ ਦੇ ਬਹਾਦਰ ਪੁੱਤ ਦਾ ਕਤਲ ਹੋਇਆ ਤੇ ਇਸ ਦਾ ਖਮਿਆਜ਼ਾ ਸਰਕਾਰ ਨੂੰ ਭੁਗਤਣਾ ਹੀ ਪਵੇਗਾ। ਚੰਨੀ ਨੇ ਕਿਹਾ ਕਿ ਉਹ ਸਾਬਕਾ ਮੁੱਖ ਮੰਤਰੀ ਹਨ ਤੇ ਉਨ੍ਹਾਂ ਨੂੰ 2 ਕਰੋੜ ਰੁਪਏ ਦੀ ਫਿਰੌਤੀ ਦੇਣ ਦਾ ਫੋਨ ਆਇਆ। ਫਿਰ ਆਮ ਲੋਕਾਂ ਦਾ ਕੀ ਹਾਲ ਹੁੰਦਾ ਹੋਵੇਗਾ। ਉਨ੍ਹਾਂ ਕਿਹਾ ਕਿ 'ਆਪ' ਸਰਕਾਰ ਨੇ ਜ਼ਮੀਨੀ ਪੱਧਰ 'ਤੇ ਕੋਈ ਕੰਮ ਨਹੀਂ ਕੀਤਾ, ਸਿਰਫ ਇਸ਼ਤਿਹਾਰਬਾਜ਼ੀ ਕਰਕੇ ਲੋਕਾਂ ਨੂੰ ਗੁੰਮਰਾਹ ਕੀਤਾ ਜਾ ਰਿਹਾ ਹੈ। ਇਸ ਮੌਕੇ ਹਲਕਾ ਵਿਧਾਇਕ ਲਾਡੀ ਸ਼ੇਰੋਵਾਲੀਆ ਨੇ ਮੀਟਿੰਗ 'ਚ ਪਹੁੰਚੇ ਲੋਕਾਂ ਦਾ ਧੰਨਵਾਦ ਕੀਤਾ ਤੇ ਕਿਹਾ ਕਿ ਚੰਨੀ ਨੇ ਤਿੰਨ ਮਹੀਨਿਆਂ ਦੇ ਆਪਣੇ ਰਾਜ ਦੌਰਾਨ ਲੋਕਾਂ ਨੂੰ ਬਹੁਤ ਸਹੂਲਤਾਂ ਦਿੱਤੀਆਂ, ਜਿਸ ਕਾਰਨ ਲੋਕ ਚੰਨੀ ਨੂੰ ਚਾਹੁੰਦੇ ਹਨ। ਇਸ ਮੌਕੇ ਸਾਬਕਾ ਚੇਅਰਮੈਨ ਗੁਲਜ਼ਾਰ ਸਿੰਘ ਥਿੰਦ, ਅਜਮੇਰ ਸਿੰਘ ਖਾਲਸਾ, ਗੁਰਿੰਦਰ ਸਿੰਘ ਬਹੁਗੁਣ, ਸੋਨੂੰ ਕੰਗ ਪੀ.ਏ, ਸ਼ੀਤਲ ਸਿੰਘ ਢਿੱਲੋਂ, ਹਰਵਿੰਦਰ ਸਿੰਘ ਸਾਬਕਾ ਸਰਪੰਚ, ਡੀ.ਸੀ ਰੂਪੇਵਾਲ, ਅਸ਼ਵਿੰਦਰਪਾਲ ਸਿੰਘ ਨੀਟੂ ਚੇਅਰਮੈਨ, ਬਿੱਟੂ ਸਾਬਕਾ ਸਰਪੰਚ, ਹਰਜਿੰਦਰ ਸਿੰਘ ਪੀਟਾ, ਅਜੀਜ਼ ਮਸੀਹ, ਚਰਨਦਾਸ ਹਵੇਲੀ ਪੱਤੀ, ਰਣਜੀਤ ਸਿੰਘ ਡੱਬਰੀ, ਦਲਵਿੰਦਰ ਸਿੰਘ ਡੱਬਰੀ, ਦਲੇਰ ਸਿੰਘ ਡੱਬਰੀ, ਲਖਵਿੰਦਰ ਸਿੰਘ ਲੱਖਾ ਸਾਬਕਾ ਚੇਅਰਮੈਨ, ਜਗੀਰ ਸਿੰਘ, ਗੁਲਜ਼ਾਰ ਸਿੰਘ ਦੌਲਤਪੁਰ ਢੱਡਾ, ਗੋਪੀ ਢੱਡਾ, ਜਸਵੰਤ ਸਿੰਘ ਵਲੈਤੀਆਂ, ਜਸਵਿੰਦਰ ਸਿੰਘ ਬਿੱਲੀ ਬੜੈਚ, ਸੰਤੋਖ ਸਿੰਘ ਸ਼ੇਰੋਵਾਲੀਆ, ਸੰਦੀਪ ਸਿੰਘ ਖਹਿਰਾ, ਬਲਬੀਰ ਸਿੰਘ ਬਿੱਲਾ, ਦਰਸ਼ਨ ਸਿੰਘ ਸਾਹਲਾ ਨਗਰ, ਮਨਜੀਤ ਸਿੰਘ ਸਿਬੀਆ, ਪ੍ਰਭ ਸਿਬੀਆ, ਪਰਮਜੀਤ ਸਿੰਘ ਪੰਮਾ ਬਿੱਲੀ ਚੁਹਾਰਮੀ, ਜੋਗਿੰਦਰ ਉੱਪਲ, ਰਾਜਾ ਬਿੱਲੀ ਚੁਹਾਰਮੀ, ਰਘੁਬੀਰ ਸਿੰਘ ਗੋਬਿੰਦ ਨਗਰ, ਪੀਤਾ ਬਿੱਲੀ ਚੁਹਾਰਮੀ, ਸ਼ੇਖਾ ਮਲਸੀਆਂ, ਮੰਗਾ ਖੁਰਮਪੁਰ ਪੱਤੀ, ਰਾਣੋ ਸਾਬਕਾ ਸਰਪੰਚ ਲਕਸੀਆਂ, ਗੁਰਮੇਜ ਲਾਲ, ਅਵਤਾਰ ਸਿੰਘ ਸਾਬਕਾ ਸਰਪੰਚ ਕੋਟਲੀ, ਬੂਟਾ ਸਿੰਘ ਕੋਟਲੀ, ਪਲਵਿੰਦਰ ਸਿੰਘ ਪੰਚ, ਹਰਜਿੰਦਰ ਸਿੰਘ ਕੋਟਲੀ ਆਦਿ ਹਾਜ਼ਰ ਸਨ।

# ਖਾਟੂ ਸ਼ਾਮ ਭਗਤਾਂ ਨੇ ਲਗਾਈ ਠੰਢੇ ਮਿੱਠੇ ਜਲ ਦੀ ਛਬੀਲ

**ਸ਼੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**:- ਅੱਤ ਦੀ ਪੈ ਰਹੀ ਗਰਮੀ 'ਚ ਜਿੱਥੇ ਘਰੋਂ ਬਾਹਰ ਨਿਕਲਣਾ ਮੁਸ਼ਕਲ ਹੋ ਰਿਹਾ ਹੈ ਉੱਥੇ ਹੀ ਰਾਹਗੀਰਾਂ ਨੂੰ ਗਰਮੀ ਤੋਂ ਥੋੜ੍ਹੀ ਰਾਹਤ ਪਹੁੰਚਾਉਣ ਲਈ ਖਾਟੂ ਸ਼ਾਮ ਭਗਤਾਂ ਵਲੋਂ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ ਗਈ। ਸਥਾਨਕ ਮਹੱਲਾ ਅਟਾਰੀ ਵਾਲਾ ਵਿਖੇ ਛੋਟੇ ਛੋਟੇ ਬੱਚਿਆਂ ਵਲੋਂ ਉੱਦਮ ਕਰਦੇ ਹੋਏ ਸਵੇਰ ਤੋਂ ਹੀ ਠੰਡੇ ਮਿੱਠੇ ਜਲ ਦਾ ਪ੍ਰਬੰਧ ਕੀਤਾ ਗਿਆ। ਬੱਚਿਆਂ ਵਲੋਂ ਬਣਾਏ ਕਲੱਬ ਖਾਟੂ ਸ਼ਾਮ ਭਗਤ ਦੇ ਪ੍ਰਧਾਨ ਰਿਸ਼ੀ ਧੀਮਾਨ, ਕ੍ਰਿਸ਼ਨਾ ਆਂਗਰਾ, ਦੀਪਕ ਧੀਮਾਨ, ਅਭਿਸ਼ੇਕ ਧੀਮਾਨ, ਨਿਤੀਸ਼ ਲਟਾਵਾ, ਵਰੁਣ ਸ਼ਰਮਾ, ਕਨਵ ਕਾਲੀਆ, ਦਿਵਿਆਸ਼ ਨੇ ਕਿਹਾ ਕਿ ਗਰਮੀ ਦੇ ਪ੍ਰਕੋਪ ਦੇ ਚਲਦਿਆਂ ਰਾਹਗੀਰਾਂ ਨੂੰ ਕੁਝ ਰਾਹਤ ਪਹੁੰਚਾਉਣ ਲਈ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ ਗਈ ਹੈ, ਨਾਲ ਹੀ ਉਹਨਾਂ ਸਾਰੇ ਸਹਯੋਗੀਆਂ ਦਾ ਧੰਨਵਾਦ ਵੀ ਕੀਤਾ। ਉਹਨਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਵੀ ਛਬੀਲ ਦੀ ਸੇਵਾ ਜਾਰੀ ਰੱਖਾਂਗੇ।

# ਨੀਅਤ ਸਾਫ ਹੋਵੇ ਤਾਂ ਪੰਜਾਬ ਤੇ ਲੋਕਾਂ ਦਾ ਸੰਪੂਰਨ ਵਿਕਾਸ ਹੋ ਸਕਦੈ : ਭਗਵੰਤ ਮਾਨ

## ■ ਕਾਕਿਆਂ, ਰਜਵਾੜਿਆਂ ਤੋਂ ਇਨਸਾਫ ਦੀ ਉਮੀਦ ਨਹੀਂ



**ਬੁਢਲਾਡਾ (ਅਸ਼ੋਕ ਲਾਕੜਾ)**-ਨੀਅਤ ਸਾਫ ਹੋਵੇ ਤਾਂ ਹਰ ਵਿਅਕਤੀ ਦਾ ਸੰਪੂਰਨ ਵਿਕਾਸ ਹੋ ਸਕਦਾ ਹੈ। ਇਸ ਨੀਤੀ ਤਹਿਤ ਪੰਜਾਬ ਦੇ ਲੋਕਾਂ ਨੇ ਆਮ ਆਦਮੀ ਪਾਰਟੀ ਨੂੰ ਪੂਰਨ ਬਹੁਮੱਤ ਦੇ ਕੇ ਵਿਕਾਸ ਦੇ ਰਾਹ 'ਤੇ ਤੋਰਿਆ ਹੈ।ਇਹ ਸ਼ਬਦ ਇੱਥੇ ਲੋਕ ਸਭਾ ਹਲਕਾ ਬਠਿੰਡਾ ਦੇ ਆਮ ਆਦਮੀ ਪਾਰਟੀ ਦੇ ਉਮੀਦਵਾਰ ਗੁਰਮੀਤ ਸਿੰਘ ਖੁੱਡੀਆਂ ਦੇ ਚੋਣ ਪ੍ਰਚਾਰ ਦੌਰਾਨ ਬੁਢਲਾਡਾ 'ਚ ਵਿਸ਼ਾਲ ਚੋਣ ਰੈਲੀ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਨੇ ਕਹੇ।ਉਨ੍ਹਾ ਕਿਹਾ ਕਿ ਪੰਜਾਬ ਦੇ ਕਿਸਾਨਾਂ ਨੂੰ ਸਰਕਾਰ ਦੇ ਦਿੱਤੇ ਪ੍ਰੋਗਰਾਮ ਅਨੁਸਾਰ ਝੋਨੇ ਦੀ ਸਿੱਧੀ ਬਿਜਾਈ ਕਰਨ, ਬਿਜਲੀ ਦੀ ਕੋਈ ਕਮੀ ਨਹੀਂ ਆਵੇਗੀ।ਉਨ੍ਹਾ ਕਿਹਾ ਕਿ ਕਿਸਾਨ ਮੋਟਰਾਂ ਬੰਦ ਕਰਕੇ ਝੋਨਾ ਲਗਾ ਰਿਹਾ ਹੈ। ਵਿਰੋਧੀ ਮੇਰੇ ਬਿਆਨ 'ਤੇ ਹੱਸਦੇ ਸਨ ਕਿ ਮਾਨ ਸਰਕਾਰ ਮੋਟਰਾਂ ਬੰਦ ਕਰਕੇ ਝੋਨਾ ਲਗਾਵੇਗੀ, ਪਰ ਮੈਂ ਜੋ ਕਿਹਾ, ਕਰਕੇ ਵਿਖਾਇਆ ਹੈ, ਕਿਉਂਕਿ ਮੇਰੀ ਨੀਅਤ ਸਾਫ ਸੀ।ਸ੍ਰ. ਮਾਨ ਨੇ ਕਿਹਾ ਕਿ ਪੰਜਾਬ ਵਿੱਚ ਕਾਕਿਆਂ, ਰਜਵਾੜਿਆਂ ਤੋਂ ਵਿਕਾਸ ਤੇ ਇਨਸਾਫ ਦੀ ਉਮੀਦ ਨਹੀਂ ਕੀਤੀ ਜਾ ਸਕਦੀ।ਉਨ੍ਹਾ ਦਾ ਇਸ਼ਾਰਾ ਸਿੱਧੇ ਤੌਰ 'ਤੇ ਅਕਾਲੀ ਦਲ, ਕਾਂਗਰਸ ਤੇ ਭਾਜਪਾ ਦੇ ਨੇਤਾਵਾਂ ਵੱਲ ਸੀ।ਉਨ੍ਹਾ ਕਿਹਾ ਕਿ ਪੰਜਾਬ ਦਾ ਵਿਕਾਸ ਆਮ ਆਦਮੀ ਪਾਰਟੀ ਦੇ ਹੱਥਾਂ ਵਿੱਚ ਹੀ ਸੁਰੱਖਿਅਤ ਹੈ।ਉਨ੍ਹਾ ਲੋਕ ਸਭਾ ਹਲਕਾ ਬਠਿੰਡਾ ਦੇ ਉਮੀਦਵਾਰ ਗੁਰਮੀਤ ਸਿੰਘ ਖੁੱਡੀਆਂ ਦੇ ਹੱਕ ਵਿੱਚ ਇੱਕ ਇੱਕ ਵੋਟ ਪਾਉਣ ਦੀ ਅਪੀਲ ਕਰਦਿਆਂ ਕਿਹਾ ਕਿ ਖੁੱਡੀਆਂ ਨੂੰ ਲੋਕ ਸਭਾ ਵਿੱਚ ਜਿਤਾ ਕੇ ਭੇਜੋ ਤਾਂ ਜੋ ਦੇਸ਼ ਦੀ ਪਾਰਲੀਮੈਂਟ 'ਚ ਭਗਵੰਤ ਮਾਨ ਬਣ ਕੇ ਹਲਕੇ ਦੇ ਵਿਕਾਸ, ਤਰੱਕੀ ਤੇ ਰੁਜ਼ਗਾਰ ਦੀ ਗੱਲ ਕੀਤੀ ਜਾ ਸਕੇ।ਇਸ ਮੌਕੇ ਹਲਕਾ ਵਿਧਾਇਕ ਪ੍ਰਿੰਸੀਪਲ ਬੁੱਧ ਰਾਮ ਨੇ ਹਲਕੇ ਦੇ ਵਿਕਾਸ ਤੇ ਤਰੱਕੀ ਲਈ ਖਰਚ ਕੀਤੇ ਗਏ ਕਰੋੜਾਂ ਰੁਪਏ ਜਾਰੀ ਕਰਨ ਲਈ ਮੁੱਖ ਮੰਤਰੀ ਦਾ ਧੰਨਵਾਦ ਕੀਤਾ।

ਇਸ ਮੌਕੇ ਉਮੀਦਵਾਰ ਗੁਰਮੀਤ ਖੁੱਡੀਆਂ ਨੇ ਵੀ ਆਪਣੇ ਵਿਚਾਰ ਪੇਸ਼ ਕੀਤੇ।ਇਸ ਦੌਰਾਨ ਵੱਡੀ ਗਿਣਤੀ ਵਿੱਚ ਅਕਾਲੀ ਦਲ ਨੂੰ ਛੱਡ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਲੋਕਾਂ ਦਾ ਸਵਾਗਤ ਕੀਤਾ ਗਿਆ।ਇਸ ਮੌਕੇ ਵਿਧਾਇਕ ਗੁਰਪ੍ਰੀਤ ਸਿੰਘ ਬਣਾਵਾਲੀ, ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਚਰਨਜੀਤ ਸਿੰਘ ਅੱਕਾਂਵਾਲੀ, ਜ਼ਿਲ੍ਹਾ ਪ੍ਰਧਾਨ ਬਠਿੰਡਾ ਰੁਪਿੰਦਰ ਕੌਰ ਗਿੱਲ, ਚੇਅਰਮੈਨ ਰਾਕੇਸ਼ ਪੁਰੀ, ਜਸਵੀਰ ਸਿੰਘ ਗਿੱਲ, ਐਡਵੋਕੇਟ ਚੰਦਨ ਗੁਪਤਾ, ਲਲਿਤ ਕੁਮਾਰ ਸ਼ੈਟੀ ਤੋਂ ਇਲਾਵਾ ਵੱਡੀ ਗਿਣਤੀ ਵਰਕਰ ਮੌਜੂਦ ਸਨ।

# ਦੇਸੂਜੋਧਾ 'ਚੋਂ ਕਿਸਾਨਾਂ ਨੇ ਮਨਜਿੰਦਰ ਸਿੰਘ ਸਿਰਸਾ ਨੂੰ ਬੇਰੰਗ ਚਿੱਠੀ ਵਾਂਗ ਮੋੜਿਆ



**ਸਿਰਸਾ (ਸੁਰਿੰਦਰ ਪਾਲ ਸਿੰਘ)**

ਪਿੰਡ ਦੇਸੂਯੋਧਾ 'ਚ ਭਾਜਪਾ ਉਮੀਦਵਾਰ ਡਾ. ਅਸ਼ੋਕ ਤੰਵਰ ਸਮੇਤ ਭਾਜਪਾ ਦੇ ਤੇਜ਼ ਤਰਾਰ ਆਗੂ ਮਨਜਿੰਦਰ ਸਿੰਘ ਸਿਰਸਾ, ਜੋ ਅਕਾਲੀਆਂ ਵਿੱਚੋਂ ਛਾਲ ਮਾਰ ਕੇ ਭਾਜਪਾ ਵਿੱਚ ਆਏ ਸਨ, ਨੂੰ ਪਿੰਡ ਦੇਸੂਯੋਧਾ ਸਮੇਤ ਹੋਰਾਂ ਪਿੰਡਾਂ ਦੇ ਕਿਸਾਨਾਂ ਦੇ ਜ਼ਬਰਦਸਤ ਵਿਰੋਧ ਦਾ ਸਾਹਮਣਾ ਕਰਨਾ ਪਿਆ।ਜਿਵੇਂ ਹੀ ਕਿਸਾਨਾਂ ਨੂੰ ਭਾਜਪਾ ਆਗੂਆਂ ਦੇ ਆਉਣ ਦੀ ਸੂਚਨਾ ਮਿਲੀ ਤਾਂ ਉਹ ਇਕੱਠੇ ਹੋ ਕੇ ਹੱਥਾਂ ਵਿੱਚ ਕਾਲੇ ਝੰਡੇ ਲੈ ਕੇ ਪਿੰਡ ਦੀ ਫਿਰਨੀ ਨੇੜੇ ਖੜ੍ਹੇ ਹੋ ਗਏ ਤੇ ਭਾਜਪਾ ਆਗੂਆਂ ਦਾ ਕਾਫ਼ਲਾ ਪੁੱਜਦੇ ਜਦੋਂ ਪੁਲਸ ਨੇ ਕਿਸਾਨਾਂ ਨੂੰ ਰੋਕਣ ਦੀ ਕੋਸ਼ਿਸ਼ ਕੀਤੀ ਤਾਂ ਕਿਸਾਨਾਂ ਤੇ ਪੁਲਿਸ ਦਰਮਿਆਨ ਝੜਪ ਹੋ ਗਈ, ਜਿਸ ਵਿੱਚ ਕਈ ਕਿਸਾਨਾਂ ਦੇ ਕੱਪੜੇ ਵੀ ਪਾਟ ਗਏ।ਜਦੋਂ ਕਿਸਾਨ ਸਵਾਲ ਪੁੱਛਣ ਲਈ ਭਾਜਪਾ ਆਗੂ ਮਨਜਿੰਦਰ ਸਿਰਸਾ ਦੀ ਕਾਰ ਅੱਗੇ ਬੈਠਣ ਲੱਗੇ ਤਾਂ ਪੁਲਸ ਵੱਲੋਂ ਕਿਸਾਨਾਂ ਨੂੰ ਸਾਹਮਣੇ ਤੋਂ ਹਟਾਉਣ ਦੀ ਕੋਸ਼ਿਸ਼ ਕੀਤੀ ਤਾਂ ਕਿਸਾਨ ਤੇ ਪੁਲਸ ਆਹਮੋ-ਸਾਹਮਣੇ ਹੋ ਗਏ।ਇਸ ਦੌਰਾਨ ਕਿਸਾਨ ਪਿੰਡ ਦੀਆਂ ਗਲੀਆਂ ਵਿੱਚੋਂ ਭਜਪਾ ਦੀ ਮੀਟਿੰਗ ਵਾਲੀ ਥਾਂ 'ਤੇ ਪੁੱਜੇ ਤੇ ਪ੍ਰੋਗਰਾਮ ਦੌਰਾਨ ਨਾਅਰੇਬਾਜ਼ੀ ਸ਼ੁਰੂ ਕਰ ਦਿੱਤੀ।ਕਿਸਾਨਾਂ ਨੇ ਡੀਐਸਪੀ ਸਮੇਤ ਹੋਰ ਪੁਲਸ ਅਧਿਕਾਰੀਆਂ 'ਤੇ ਦੋਸ਼ ਲਾਉਂਦਿਆਂ ਕਿਹਾ ਕਿ ਜਦੋਂ ਉਹ ਸਵਾਲਾਂ ਦੇ ਜਵਾਬ ਮੰਗਣ ਲਈ ਭਾਜਪਾ ਆਗੂਆਂ ਦੇ ਪ੍ਰੋਗਰਾਮ ਵਿੱਚ ਪੁੱਜੇ ਤਾਂ ਪੁਲਸ ਨੇ ਉਸ ਨਾਲ ਧੱਕਾ-ਮੁੱਕੀ ਕੀਤੀ ਤੇ ਉਸ ਦੇ ਕੱਪੜੇ ਵੀ ਪਾੜ ਦਿੱਤੇ।

# ਮੋਦੀ ਸਰਕਾਰ ਸੰਵਿਧਾਨ ਲਈ ਸਭ ਤੋਂ ਵੱਡਾ ਖ਼ਤਰਾ : ਕਰਮਜੀਤ ਅਨਮੋਲ



**ਮੋਗਾ (ਇਕਬਾਲ ਸਿੰਘ ਖਹਿਰਾ)**-ਲੋਕ ਸਭਾ ਹਲਕਾ ਫ਼ਰੀਦਕੋਟ ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਕਰਮਜੀਤ ਅਨਮੋਲ ਨੇ ਕਿਹਾ ਕਿ ਜੇਕਰ ਕੇਂਦਰ ਦੀ ਮੋਦੀ ਸਰਕਾਰ ਮੁੜ ਤੋਂ ਸੱਤਾ ਵਿੱਚ ਆ ਜਾਂਦੀ ਹੈ ਤਾਂ ਇਹ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਦੇ ਸੰਵਿਧਾਨ ਤੇ ਭਾਰਤੀ ਲੋਕਤੰਤਰ ਲਈ ਵੱਡਾ ਖ਼ਤਰਾ ਹੋਵੇਗੀ। ਹਲਕਾ ਵਿਧਾਇਕ ਮਨਜੀਤ ਸਿੰਘ ਬਿਲਾਸਪੁਰ ਨਾਲ ਨਿਹਾਲ ਸਿੰਘ ਵਾਲਾ ਦੇ ਵੱਖ ਵੱਖ ਪਿੰਡਾਂ ਵਿੱਚ ਪ੍ਰਚਾਰ ਕਰਦੇ ਹੋਏ ਕਰਮਜੀਤ ਅਨਮੋਲ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਸੀ ਭਾਈਚਾਰਾ ਤੇ ਸਾਂਝ ਮਜ਼ਬੂਤ ਰੱਖਣ। ਆਪਸ ਵਿੱਚ ਲੜਾ ਕੇ ਤੇ ਵੰਡੀਆਂ ਪਾ ਕੇ ਵੋਟਾਂ ਮੰਗਣ ਵਾਲੇ ਕਿਸੇ ਵੀ ਲੀਡਰ ਨੂੰ ਮੂੰਹ ਨਾ ਲਾਉਣ। ਅਨਮੋਲ ਨੇ ਕਿਹਾ ਕਿ ਇਹ ਚੋਣਾਂ ਸਧਾਰਨ ਚੋਣਾਂ ਨਹੀਂ ਹਨ, ਇਹ ਸ਼ਹੀਦੇ ਆਜ਼ਮ ਸਰਦਾਰ ਭਗਤ ਸਿੰਘ ਤੇ ਲਾਲਾ ਲਾਜਪਤ ਰਾਏ ਜੀ ਵਰਗੇ ਯੋਧਿਆਂ ਦੀਆਂ ਕੁਰਬਾਨੀਆਂ ਨਾਲ ਲਈ ਹੋਈ ਆਜ਼ਾਦੀ ਤੇ ਬਾਬਾ ਸਾਹਿਬ ਦੇ ਸੰਵਿਧਾਨ ਨੂੰ ਬਚਾਉਣ ਲਈ ਲੜੀ ਜਾ ਰਹੀ ਜੰਗ ਹੈ। ਇਸ ਲਈ ਜ਼ੁਲਮ ਦਾ ਜਵਾਬ ਇੱਕਜੁੱਟ ਹੋ ਕੇ ਵੋਟ ਨਾਲ ਦਿੱਤਾ ਜਾਵੇ ਤੇ ਉਮੀਦਵਾਰਾਂ ਦੇ ਕਿਰਦਾਰ, ਕੰਮਾਂ, ਨੀਅਤ ਤੇ ਨੀਤੀਆਂ ਨੂੰ ਦੇਖ ਕੇ ਵੋਟ ਪਾਈ ਜਾਵੇ। ਕਰਮਜੀਤ ਅਨਮੋਲ ਨੇ ਕਿਹਾ ਕਿ ਲਾਲਾ ਲਾਜਪਤ ਰਾਏ ਦੀ ਸਰਜ਼ਮੀਂ ਢੁੱਡੀਕੇ, ਤਖਾਣਬੱਧ ਤੇ ਬੁੱਟਰ ਪਿੰਡਾਂ ਦੀ ਹਾਕੀ ਦੀ ਨਰਸਰੀ ਰਾਹੀਂ ਇਸ ਇਲਾਕੇ ਨੂੰ ਖੇਡਾਂ ਦੇ ਖੇਤਰ ਵਿੱਚ ਵੀ ਦੁਨੀਆ ਦੇ ਨਕਸ਼ੇ 'ਤੇ ਲੈ ਕੇ ਆਵਾਂਗੇ। ਪਿੰਡਾਂ ਵਿੱਚ ਪੇਸ਼ੇਵਰ ਖੇਡ ਕਲੱਬਾਂ ਤੇ ਯੂਥ ਕਲੱਬਾਂ ਨੂੰ ਤਕੜਾ ਕਰਾਂਗੇ। ਅਨਮੋਲ ਨੇ ਖੇਤੀਬਾੜੀ ਪ੍ਰਧਾਨ ਇਲਾਕੇ ਵਿੱਚ ਇੰਡਸਟਰੀ ਖ਼ਾਸ ਕਰਕੇ ਫੂਡ ਪ੍ਰੋਸੈਸਿੰਗ ਇੰਡਸਟਰੀ ਸਥਾਪਤ ਕਰਨ ਨੂੰ ਆਪਣਾ ਮੁੱਖ ਮਿਸ਼ਨ ਦੱਸਿਆ। ਉਨ੍ਹਾ ਕਿਹਾ ਕਿ ਇਸ ਨਾਲ ਕਿਸਾਨ, ਮਜ਼ਦੂਰ ਤੇ ਵਪਾਰੀ ਕਾਰੋਬਾਰੀਆਂ ਸਮੇਤ ਸਾਰੇ ਵਰਗਾਂ ਦੀ ਆਰਥਿਕ ਤੇ ਖ਼ੁਸ਼ਹਾਲੀ ਵਧੇਗੀ। ਉਨ੍ਹਾਂ ਫ਼ਰੀਦਕੋਟ ਵਿੱਚ ਵਿਸ਼ਵ ਪੱਧਰ ਦੀ ਹੁਨਰ ਵਿਕਾਸ (ਸਕਿੱਲ ਡਿਵੈਲਪਮੈਂਟ) ਯੂਨੀਵਰਸਿਟੀ ਤੇ ਨਿਹਾਲ ਸਿੰਘ ਵਾਲਾ ਵਿੱਚ ਸਕਿੱਲ ਡਿਵੈਲਪਮੈਂਟ ਸੈਂਟਰ ਖੋਲ੍ਹਣ ਦਾ ਦਾਅਵਾ ਕੀਤਾ। ਇਸ ਮੌਕੇ ਹਲਕਾ ਵਿਧਾਇਕ ਮਨਜੀਤ ਸਿੰਘ ਬਿਲਾਸਪੁਰ ਨੇ ਪਿਛਲੇ ਦੋ ਸਾਲਾਂ ਦੌਰਾਨ ਭਗਵੰਤ ਮਾਨ ਸਰਕਾਰ ਦੀਆਂ ਪ੍ਰਾਪਤੀਆਂ ਦੇ ਹਵਾਲੇ ਨਾਲ ਕਿਹਾ ਕਿ ਪਹਿਲੀ ਸਰਕਾਰ ਹੈ, ਜਿਸ ਨੇ ਗਰੀਬਾਂ, ਕਿਸਾਨਾਂ ਤੇ ਆਮ ਵਪਾਰੀਆਂ-ਕਾਰੋਬਾਰੀਆਂ ਨੂੰ ਵੱਡੀਆਂ ਰਾਹਤਾਂ ਦਿੱਤੀਆਂ ਹਨ। ਇਸ ਮੌਕੇ ਫਿਲਮ ਤੇ ਮਿਊਜ਼ਿਕ ਇੰਡਸਟਰੀ ਨਾਲ ਸੰਬੰਧਤ ਕਲਾਕਾਰ ਮਲਕੀਤ ਰੌਣੀ, ਭੁਪਿੰਦਰ ਗਿੱਲ, ਜੈਲੀ, ਗੁਰਮੀਤ ਸਾਜਨ, ਸਿਕੰਦਰ ਸਲੀਮ ਤੇ ਕੁਮਾਰ ਪਵਨਦੀਪ ਨੇ ਵੀ ਕਰਮਜੀਤ ਅਨਮੋਲ ਲਈ ਚੋਣ ਪ੍ਰਚਾਰ ਕੀਤਾ।

## ਕਾਤਰਾਂ

### ਸਾਬਕਾ ਸੈਨਿਕ ਸੰਘਰਸ਼ ਕਮੇਟੀ ਦੀ ਮੀਟਿੰਗ 26 ਨੂੰ

**ਮੋਗਾ (ਇਕਬਾਲ ਸਿੰਘ ਖਹਿਰਾ)**-ਸੂਬੇਦਾਰ ਜਗਜੀਤ ਸਿੰਘ (ਸੇਵਾ ਮੁਕਤ) ਜ਼ਿਲ੍ਹਾ ਪ੍ਰਧਾਨ ਸਾਬਕਾ ਸੈਨਿਕ ਸੰਘਰਸ਼ ਕਮੇਟੀ ਇਕਾਈ ਜ਼ਿਲ੍ਹਾ ਮੋਗਾ ਨੇ ਪ੍ਰੈੱਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਉਕਤ ਸੰਗਠਨ ਵੱਲੋਂ ਡਿਫੈਂਸ ਪੈਨਸ਼ਨਰਾਂ ਦੀ ਮਹੀਨਾਵਾਰ ਮੀਟਿੰਗ 26 ਮਈ ਸਵੇਰੇ 8:30 ਵਜੇ ਸਥਾਨਕ ਪੀ ਡਬਲਿਊ ਡੀ ਰੈਸਟ ਹਾਊਸ ਕਾਨਫਰੰਸ ਹਾਲ ਸਟੇਡੀਅਮ ਵਿਖੇ ਕੀਤੀ ਜਾ ਰਹੀ ਹੈ। ਇਸ ਮੀਟਿੰਗ ਦਾ ਮੁੱਖ ਉਦੇਸ਼ ਡਿਫੈਂਸ ਪੈਨਸ਼ਨਰਾਂ ਨੂੰ ਸਰਕਾਰ ਵੱਲੋਂ ਜਾਰੀ ਹੁਕਮਾਂ ਬਾਰੇ ਜਾਗਰੂਕ ਕਰਨਾ ਤੇ ਪੇਸ਼ ਆਉਣ ਵਾਲੀਆਂ ਸਮੱਸਿਆਵਾਂ ਦੇ ਸਮਾਧਾਨ ਲਈ ਹਰ ਕੋਸ਼ਿਸ਼ ਕਰਨਾ ਹੈ। ਸਾਬਕਾ ਸੈਨਿਕ, ਵੀਰ ਨਾਰੀਆਂ ਤੇ ਉਨ੍ਹਾਂ ਦੇ ਆਸ਼ਰਿਤਾਂ ਨੂੰ ਉਕਤ ਮੀਟਿੰਗ ਵਿੱਚ ਸ਼ਾਮਲ ਹੋਣ ਦਾ ਖੁੱਲ੍ਹਾ ਸੱਦਾ ਹੈ। ਪ੍ਰਧਾਨ ਨੇ ਕਿਹਾ ਕਿ ਮੀਟਿੰਗ ਸਵੇਰੇ 08:30 ਵਜੇ ਸ਼ੁਰੂ ਹੋ ਕੇ ਸਵੇਰੇ 10 ਵਜੇ ਖਤਮ ਹੋ ਜਾਵੇਗੀ।

### ਪੌੜ ਗੋਤ ਦੇ ਜਠੇਰਿਆਂ ਦਾ ਮੇਲਾ 26 ਨੂੰ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸਥਾਨਕ ਸਰਹਿੰਦ ਦੇ ਕਿਨਾਰੇ 'ਤੇ ਵਸਦੇ ਪਿੰਡ ਕੀੜੀ ਅਫ਼ਗਾਨਾ ਵਿਖੇ ਪੌੜ ਗੋਤ ਦੇ ਜਠੇਰਿਆਂ ਦਾ ਸਾਲਾਨਾ ਜੋੜ ਮੇਲਾ 26 ਮਈ ਨੂੰ ਕਰਵਾਇਆ ਜਾ ਰਿਹਾ ਹੈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਮੇਲਾ ਪ੍ਰਬੰਧਕ ਕਮੇਟੀ ਦੇ ਚੇਅਰਮੈਨ ਬਿਸ਼ਨ ਦਾਸ ਮਜਾਰੀ, ਸੁਦੇਸ਼ ਰਾਜ ਭਰਥਲਾ, ਮੇਜਰ ਰਾਮ ਚੰਨਿਆਣੀ, ਧਰਮ ਪਾਲ ਚੱਕੀ, ਸੁਖਵੀਰ ਸਿੰਘ, ਚੌਧਰੀ ਕਿਰਪਾ ਰਾਮ ਕੰਗਾ ਤੇ ਗੁਰਮੁੱਖ ਦੀਪ ਨੇ ਦੱਸਿਆ ਕਿ ਮੇਲੇ ਵਿੱਚ 26 ਮਈ ਨੂੰ ਸਵੇਰੇ 10 ਵਜੇ ਝੰਡਾ ਚੜ੍ਹਾਉਣ ਦੀ ਰਸਮ ਤੇ ਪਿੱਤਰ ਪੂਜਾ ਹੋਵੇਗੀ, ਉਪਰੰਤ 11 ਵਜੇ ਤੋਂ ਸ਼ਾਮ ਤੱਕ ਗਾਇਕ ਕਲੇਰ ਕੁਲਵੰਤ ਤੇ ਜੋਤੀ ਕੋਹਿਨੂਰ ਆਪਣੀ ਗਾਇਕੀ ਪੇਸ਼ ਕਰਨਗੇ। ਆਈਆਂ ਸੰਗਤਾਂ ਲਈ ਠੰਢੇ-ਮਿੱਠੇ ਜਲ ਦੀ ਛਬੀਲ ਤੇ ਅਟੁੱਟ ਲੰਗਰ ਵਰਤਾਏ ਜਾਣਗੇ।

### ਪੋਸਟਲ ਬੈਲਟ ਪੇਪਰ ਰਾਹੀਂ ਵੋਟਾਂ ਪਾਉਣ ਵਾਸਤੇ ਸਥਾਪਤ ਕੀਤੇ ਫੈਸਲੀਟੇਸ਼ਨ ਸੈਂਟਰ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਅਗਾਮੀ ਲੋਕ ਸਭਾ ਚੋਣਾਂ ਦੌਰਾਨ ਵੱਧ ਤੋਂ ਵੱਧ ਵੋਟਰਾਂ ਦੀ ਸ਼ਮੂਲੀਅਤ ਨੂੰ ਯਕੀਨੀ ਬਣਾਉਣ ਵਾਸਤੇ ਚੋਣ ਕਮਿਸ਼ਨ ਵੱਲੋਂ ਪੋਸਟਲ ਬੈਲਟ ਪੇਪਰ ਰਾਹੀਂ ਵੋਟਾਂ ਪਾਉਣ ਦੀ ਸਹੂਲਤ ਮੁਹੱਈਆ ਕਰਾਈ ਗਈ ਹੈ, ਇਹ ਸਹੂਲਤ ਜ਼ਰੂਰੀ ਸੇਵਾਵਾਂ ਵਿੱਚ ਲੱਗੇ ਉਨ੍ਹਾਂ ਵੋਟਰਾਂ ਜੋ ਕਿ ਆਪਣੇ ਪੋਲਿੰਗ ਸਟੇਸ਼ਨ ਤੇ ਜਾ ਕੇ ਵੋਟਾਂ ਨਹੀਂ ਪਾ ਸਕਦੇ ਤੇ ਚੋਣ ਡਿਊਟੀ ਤੇ ਤਾਇਨਾਤ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਦਿੱਤੀ ਗਈ ਹੈ। ਇਹ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਚੋਣ ਅਫਸਰ-ਕਮ-ਡਿਪਟੀ ਕਮਿਸ਼ਨਰ ਸ਼੍ਰੀਮਤੀ ਪਰਨੀਤ ਸ਼ੇਰਗਿੱਲ ਨੇ ਦੱਸਿਆ ਕਿ ਜ਼ਰੂਰੀ ਸੇਵਾਵਾਂ ਵਿੱਚ ਲੱਗੇ ਵੋਟਰ ਆਪਣੀ ਵੋਟ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਕਮਰਾ ਨੰ: 117 ਵਿੱਚ 26,27 ਤੇ 28 ਮਈ ਨੂੰ ਸਵੇਰੇ 09:00 ਵਜੇ ਤੋਂ ਸ਼ਾਮ 05:00 ਵਜੇ ਤੱਕ ਆਪਣੀ ਵੋਟ ਪੋਸਟਲ ਬੈਲਟ ਪੇਪਰਾਂ ਰਾਹੀਂ ਪਾ ਸਕਣਗੇ।ਜ਼ਿਲ੍ਹਾ ਚੋਣ ਅਫਸਰ ਨੇ ਦੱਸਿਆ ਕਿ ਚੋਣ ਡਿਊਟੀ ਤੇ ਤਾਇਨਾਤ ਅਧਿਕਾਰੀ ਤੇ ਕਰਮਚਾਰੀ 29,30 ਤੇ 31 ਮਈ ਨੂੰ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਕਮਰਾ ਨੰ: 117 ਵਿੱਚ ਸਵੇਰੇ 09:00 ਵਜੇ ਤੋਂ ਸ਼ਾਮ 05:00 ਵਜੇ ਤੱਕ ਆਪਣੀ ਵੋਟ ਦਾ ਪੋਸਟਲ ਬੈਲਟ ਪੇਪਰ ਰਾਹੀਂ ਇਸਤੇਮਾਲ ਕਰ ਸਕਣਗੇ। ਉਨ੍ਹਾਂ ਦੱਸਿਆ ਕਿ ਇਨ੍ਹਾਂ ਫੈਸਲੀਟੇਸ਼ਨ ਸੈਂਟਰਾਂ ਤੇ ਅਧਿਕਾਰੀਆਂ ਤੇ ਕ੍ਰਮਚਾਰੀਆਂ ਦੀਆਂ ਡਿਊਟੀਆਂ ਲਾਈਆਂ ਗਈਆਂ ਹਨ, ਜੋ ਪੋਸਟਲ ਬੈਲਟ ਪੇਪਰ ਰਾਹੀਂ ਵੋਟ ਪਾਉਣ ਵਾਲੇ ਵੋਟਰਾਂ ਦੀ ਸਹਾਇਤਾ ਕਰਨਗੇ।

### ਪੀਰ ਬਾਬਾ ਬੇਦੀ ਸ਼ਾਹ ਜੀ ਦਾ ਮੇਲਾ 25 ਤੇ 26 ਨੂੰ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸਥਾਨਕ ਸਮਰਾਲਾ ਰੋਡ 'ਤੇ ਪੁਲਸ ਥਾਣਾ ਵਿਖੇ ਸਥਿਤ ਪੀਰ ਬਾਬਾ ਬੇਦੀ ਸ਼ਾਹ ਜੀ ਦੀ ਦਰਗਾਹ 'ਤੇ ਸਾਲਾਨਾ ਮੇਲਾ ਤੇ ਭੰਡਾਰਾ 25 ਤੇ 26 ਮਈ ਨੂੰ ਕਰਵਾਇਆ ਜਾ ਰਿਹਾ ਹੈ। ਪ੍ਰਾਪਤ ਜਾਣਕਾਰੀ ਅਨੁਸਾਰ 25 ਮਈ ਨੂੰ ਥਾਣਾ ਮੁਖੀ ਭਿੰਦਰ ਸਿੰਘ ਖੰਗੂੜਾ ਦਰਗਾਹ 'ਤੇ ਚਾਦਰ ਚੜ੍ਹਾਉਣ ਦੀ ਰਸਮ ਅਦਾ ਕਰਨਗੇ ਤੇ ਰਾਤ ਨੂੰ ਪ੍ਰਸਿੱਧ ਕੱਵਾਲ ਵਨੀਤ ਖਾਨ, ਨਜ਼ਾਕਤ ਅਲੀ, ਲਾਲੀ ਹੰਸ, ਪ੍ਰਦੀਪ ਮਾਨ, ਪ੍ਰੇਮ ਸਾਗਰ, ਗਿੱਲ ਸਿਸਟਰ ਤੇ ਗਾਇਕ ਮਨਜੀਤ ਭੱਟੀ ਆਪਣਾ ਪ੍ਰੋਗਰਾਮ ਪੇਸ਼ ਕਰਨਗੇ, ਜਦਕਿ 26 ਮਈ ਰਾਤ ਨੂੰ ਗਾਇਕ ਪੰਮਾ ਡੂਮੇਵਾਲੀਆ ਗੀਤਾਂ ਨਾਲ ਲੋਕਾਂ ਦਾ ਮਨੋਰੰਜਨ ਕਰਨਗੇ। ਆਈਆਂ ਸੰਗਤਾਂ ਲਈ ਠੰਢੇ-ਮਿੱਠੇ ਜਲ ਦੀ ਛਬੀਲ ਤੇ ਅਟੁੱਟ ਲੰਗਰ ਵਰਤਾਏ ਜਾਣਗੇ।

# ਪੰਜਾਬ 'ਚ ਸਿਆਸੀ ਹਵਾ ਅਕਾਲੀ ਪੱਖੀ : ਹਨੀ ਫੱਤਣਵਾਲਾ

## ■ ਵਾਰਡ ਨੰ. 3 'ਚ ਕੀਤਾ ਚੋਣ ਪ੍ਰਚਾਰ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**

ਆਉਣ ਵਾਲੀ 1 ਜੂਨ ਨੂੰ ਹੋਣ ਵਾਲੀਆਂ ਲੋਕ ਸਭਾ ਚੋਣਾਂ ਦੇ ਚੱਲਦਿਆਂ ਪੂਰੇ ਪੰਜਾਬ ਵਿੱਚ ਸਿਆਸੀ ਹਵਾ ਅਕਾਲੀ ਪੱਖੀ ਚੱਲ ਰਹੀ ਹੈ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਸਾਰੇ ਉਮੀਦਵਾਰਾਂ ਨੂੰ ਪੂਰੇ ਪੰਜਾਬ ਵਿੱਚੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਦੇ ਜਨਰਲ ਸਕੱਤਰ ਜਗਜੀਤ ਸਿੰਘ ਬਰਾੜ ਹਨੀ ਫੱਤਣਵਾਲਾ ਨੇ ਵਾਰਡ ਨੰ. 3 ਗਲੀ ਨੰਬਰ 3 ਵਿਖੇ ਲੋਕ ਸਭਾ ਹਲਕਾ ਫਿਰੋਜ਼ਪੁਰ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਨਰਦੇਵ ਸਿੰਘ ਬੌਬੀ ਮਾਨ ਦੇ ਹੱਕ ਵਿੱਚ ਚੋਣ ਪ੍ਰਚਾਰ ਕਰਦਿਆਂ ਕੀਤਾ। ਉਨ੍ਹਾ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਹੀ ਇੱਕ ਅਜਿਹੀ ਪਾਰਟੀ ਹੈ, ਜਿਸ ਨੇ ਹਮੇਸ਼ਾ ਗਰੀਬ ਵਰਗ ਦੇ ਲੋਕਾਂ ਦਾ ਭਲਾ ਕੀਤਾ ਹੈ ਤੇ ਉਨ੍ਹਾਂ ਦੀ ਸਹੂਲਤ ਲਈ ਅਨੇਕਾਂ ਸਕੀਮਾਂ ਚਲਾਈਆਂ ਹਨ, ਜਦਕਿ ਵਿਰੋਧੀ ਪਾਰਟੀਆਂ ਨੇ ਹਮੇਸ਼ਾ ਹੀ ਪੰਜਾਬ ਦੇ ਲੋਕਾਂ ਨਾਲ ਧੱਕਾ ਕੀਤਾ ਹੈ। ਹਨੀ ਫੱਤਣਵਾਲਾ ਨੇ ਹਾਜ਼ਰੀਨਾਂ ਨੂੰ ਆਉਣ ਵਾਲੀ 1 ਜੂਨ ਨੂੰ ਸ਼੍ਰੋਮਣੀ ਅਕਾਲੀ ਦਲ ਦੇ ਚੋਣ ਨਿਸ਼ਾਨ ਤੱਕੜੀ 'ਤੇ ਮੋਹਰਾਂ ਲਗਾ ਕੇ ਬੌਬੀ ਮਾਨ ਨੂੰ ਵੱਡੀ ਲੀਡ ਨਾਲ ਜਿਤਾਉਣ 'ਤੇ ਜ਼ੋਰ ਦਿੱਤਾ ਤੇ ਵੱਧ ਤੋਂ ਵੱਧ ਵੋਟਾਂ ਪਾ ਕੇ ਕਾਮਯਾਬ ਕਰਨ ਦੀ ਅਪੀਲ ਕੀਤੀ। ਇਸ ਮੌਕੇ ਪਵਨ ਪਰਜਾਪਤੀ, ਕਰਨ ਪਰਜਾਪਤੀ, ਲੀਲੂ ਰਾਮ, ਕਰਮ ਚੰਦ, ਪ੍ਰੇਮ ਕੁਮਾਰ, ਸੁਨੀਲ ਕੁਮਾਰ, ਨੈਨਾ ਦੇਵੀ, ਸੁਨੀਤਾ, ਪ੍ਰਿਅੰਕਾ ਕੁਮਾਰੀ, ਪੂਜਾ ਆਦਿ ਤੋਂ ਇਲਾਵਾ ਹੋਰ ਵੀ ਮੁਹੱਲਾ ਨਿਵਾਸੀ ਹਾਜ਼ਰ ਸਨ।

# ਵੱਖ-ਵੱਖਰੀਆਂ ਪਾਰਟੀਆਂ ਛੱਡ ਕਈ ਨੌਜਵਾਨ ਕਾਂਗਰਸ 'ਚ ਸ਼ਾਮਲ

## ■ ਕਾਂਗਰਸੀ ਉਮੀਦਵਾਰ ਡਾ. ਅਮਰ ਸਿੰਘ ਵੱਲੋਂ ਭਰਵਾਂ ਸਵਾਗਤ



**ਦੋਰਾਹਾ (ਹਰਮਿੰਦਰ ਸੇਠ)**-ਲੋਕ ਸਭਾ ਹਲਕਾ ਸ਼੍ਰੀ ਫਤਿਹਗੜ੍ਹ ਸਾਹਿਬ ਤੋਂ ਕਾਂਗਰਸੀ ਉਮੀਦਵਾਰ ਡਾ. ਅਮਰ ਸਿੰਘ ਦੀ ਚੋਣ ਮੁਹਿੰਮ ਨੂੰ ਉਸ ਵੇਲੇ ਤਕੜਾ ਬਲ ਮਿਲਿਆ, ਜਦੋਂ ਸਥਾਨਕ ਸ਼ਹਿਰ ਦੇ ਵੱਡੀ ਗਿਣਤੀ ਨੌਜਵਾਨਾਂ ਨੇ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋਣ ਦਾ ਐਲਾਨ ਕਰ ਦਿੱਤਾ।ਡਾ. ਅਮਰ ਸਿੰਘ ਵੱਲੋਂ ਪਾਰਟੀ ਨਾਲ ਜੁੜੇ ਇਨ੍ਹਾਂ ਨੌਜਵਾਨਾਂ ਦਾ ਸਵਾਗਤ ਕਰਦਿਆਂ ਕਿਹਾ ਕਿ ਪਾਰਟੀ ਅੰਦਰ ਹਰੇਕ ਵਰਕਰ ਤੇ ਆਗੂ ਦਾ ਪੂਰਾ ਸਤਿਕਾਰ ਕੀਤਾ ਜਾਂਦਾ ਹੈ।ਉਨ੍ਹਾ ਪਾਰਟੀ ਨਾਲ ਜੁੜੇ ਨੌਜਵਾਨਾਂ ਨੂੰ ਭਰੋਸਾ ਦਿੰਦਿਆਂ ਕਿਹਾ ਕਿ ਸਰਕਾਰ ਬਣਨ ਉੱਤੇ ਹਰੇਕ ਵਰਕਰ ਤੇ ਆਗੂ ਦੀ ਪੂਰੀ ਸੁਣਵਾਈ ਹੋਵੇਗੀ।ਕਾਂਗਰਸ 'ਚ ਸ਼ਾਮਲ ਹੋਏ ਸਨੀ ਸੱਚਦੇਵਾ, ਪੰਕਜ ਨੀਅਰ, ਸਨੀ ਨੀਅਰ, ਜਸਵਿੰਦਰ ਸਿੰਘ, ਨਰਿੰਦਰ ਸਿੰਘ, ਗਗਨਦੀਪ ਸਿੰਘ, ਅਮਰਜੀਤ ਸਿੰਘ ਤੇ ਸੁਰੇਸ਼ ਨੇ ਕਿਹਾ ਕਿ ਉਹ ਡਾ. ਅਮਰ ਸਿੰਘ ਵੱਲੋਂ ਬਤੌਰ ਮੈਂਬਰ ਪਾਰਲੀਮੈਂਟ ਲੋਕ ਸਭਾ ਹਲਕਾ ਸ਼੍ਰੀ ਫਤਿਹਗੜ੍ਹ 'ਚ ਕਰਵਾਏ ਵਿਕਾਸੀ ਕਾਰਜਾਂ ਤੋਂ ਪ੍ਰਭਾਵਿਤ ਹੋਏ ਹਨ।ਉਨ੍ਹਾਂ ਕਿਹਾ ਕਿ ਮੁਲਖ ਨੂੰ ਅੱਜ ਕਾਂਗਰਸ ਸਰਕਾਰ ਦੀ ਵੱਡੀ ਲੋੜ ਹੈ ਤਾਂ ਕਿ ਆਏ ਦਿਨ ਫਿਰਕਿਆਂ 'ਚ ਫਸਾਦ ਪੈਦਾ ਕਰਨ ਵਾਲੀ ਭਾਜਪਾ ਨੂੰ ਲਾਂਭੇ ਕੀਤਾ ਜਾ ਸਕੇ।ਉਧਰ ਡਾ. ਅਮਰ ਸਿੰਘ ਨੇ ਆਪਣੀ ਚੋਣ ਮੁਹਿੰਮ ਬਾਰੇ ਬੋਲਦਿਆਂ ਕਿਹਾ ਕਿ ਪਿੰਡਾਂ, ਸ਼ਹਿਰਾਂ ਅੰਦਰ ਨੌਜਵਾਨਾਂ ਦਾ ਆਪ ਮੁਹਾਰੇ ਕਾਂਗਰਸ ਪਾਰਟੀ ਨਾਲ ਜੁੜਨਾ ਕਾਂਗਰਸ ਦੀ ਚੜ੍ਹਤ ਉੱਤੇ ਮੋਹਰ ਹੈ।ਉਨ੍ਹਾਂ ਸ਼੍ਰੀ ਫਤਿਹਗੜ੍ਹ ਸਾਹਿਬ ਤੋਂ ਦੂਹਰੀ ਜਿੱਤ ਦਾ ਦਾਅਵਾ ਕੀਤਾ।ਇਸ ਮੌਕੇ ਉਨ੍ਹਾਂ ਸ਼ਹਿਰ ਦੀਆਂ ਕਈ ਥਾਵਾਂ ਉੱਤੇ ਵੱਖ-ਵੱਖ ਚੋਣ ਜਲਸਿਆਂ ਨੂੰ ਵੀ ਸੰਬੋਧਨ ਕੀਤਾ।

# ਕਿਸਾਨ ਦੀ ਕੁੱਟਮਾਰ ਕਰਕੇ 50 ਹਜ਼ਾਰ ਖੋਹੇ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**

ਮਹਿਲ ਕਲਾਂ-ਧਨੇਰ ਲਿੰਕ ਸੜਕ 'ਤੇ 4 ਅਣਪਛਾਤੇ ਵਿਅਕਤੀਆਂ ਵੱਲੋਂ ਇਕ ਕਿਸਾਨ ਨੂੰ ਘੇਰ ਕੇ ਕੁੱਟਮਾਰ ਕਰਨ ਅਤੇ 50 ਹਜ਼ਾਰ ਰੁਪਏ ਦੀ ਨਗਦੀ ਖੋਹਣ ਦਾ ਪਤਾ ਲੱਗਿਆ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਪੀੜਤ ਕਿਸਾਨ ਗੁਰਮੁੱਖ ਸਿੰਘ ਪੁੱਤਰ ਗੁਰਚਰਨ ਸਿੰਘ ਵਾਸੀ ਧਨੇਰ (ਬਰਨਾਲਾ) ਨੇ ਦੱਸਿਆ ਕਿ ਉਹ ਮਹਿਲ ਕਲਾਂ ਵਿਖੇ ਸਥਿਤ ਬੈਂਕ ਆਫ਼ ਇੰਡੀਆ ਤੋਂ 50 ਹਜ਼ਾਰ ਰੁਪਏ ਦੀ ਨਗਦੀ ਕਢਵਾ ਕੇ ਵਾਪਸ ਪਿੰਡ ਪਰਤ ਰਿਹਾ ਸੀ ਕਿ ਲਿੰਕ ਸੜਕ 'ਤੇ ਸਥਿਤ ਹੱਡਾ ਰੋੜੀ ਨੇੜੇ ਦੋ ਵਿਅਕਤੀਆਂ ਨੇ ਉਸ ਦੀ ਮਾਰੂਤੀ ਕਾਰ ਮੂਹਰੇ ਮੋਟਰਸਾਈਕਲ ਸੁੱਟ ਦਿੱਤਾ।ਇਸ ਤੋਂ ਬਾਅਦ ਦੋ ਹੋਰ ਵਿਅਕਤੀ ਮੋਟਰਸਾਈਕਲ 'ਤੇ ਸਵਾਰ ਹੋ ਕੇ ਆ ਗਏ, ਜਿਨ੍ਹਾਂ ਨੇ ਉਸ ਦੀ ਕੁੱਟਮਾਰ ਕੀਤੀ ਤੇ ਗੱਡੀ ਦੇ ਡੈਸ਼ਬੋਰਡ 'ਚ ਪਏ 50 ਹਜ਼ਾਰ ਰੁਪਏ ਖੋਹ ਕੇ ਫ਼ਰਾਰ ਹੋ ਗਏ।ਬਗੈਰ ਨੰਬਰ ਪਲੇਟਾਂ ਦੇ ਦੋ ਸਪਲੈਂਡਰ ਮੋਟਰਸਾਈਕਲਾਂ 'ਤੇ ਸਵਾਰ ਹੋ ਕੇ ਆਏ ਇਨ੍ਹਾਂ ਚਾਰੇ ਵਿਅਕਤੀਆਂ ਦੇ ਮੂੰਹ ਬੰਨ੍ਹੇ ਹੋਏ ਸਨ।ਐੱਸ.ਐੱਚ.ਓ. ਹੀਰਾ ਸਿੰਘ ਨੇ ਕਿਹਾ ਕਿ ਇਸ ਮਾਮਲੇ ਦੀ ਜਾਂਚ ਕਰ ਕੇ ਦੁੱਧ ਦਾ ਦੁੱਧ ਪਾਣੀ ਦਾ ਪਾਣੀ ਕੀਤਾ ਜਾਵੇਗਾ।

# ਹੰਸ ਰਾਜ ਹੰਸ ਦੇ ਹੱਕ 'ਚ ਚੋਣ ਪ੍ਰਚਾਰ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਲੋਕ ਸਭਾ ਹਲਕਾ ਫਰੀਦਕੋਟ ਤੋਂ ਭਾਰਤੀ ਜਨਤਾ ਪਾਰਟੀ (ਭਾਜਪਾ) ਦੇ ਉਮੀਦਵਾਰ ਪਦਮਸ਼੍ਰੀ ਹੰਸ ਰਾਜ ਹੰਸ ਦੇ ਹੱਕ ਵਿੱਚ ਵਿਵੇਕ ਗਰਗ ਸਟੇਟ ਕਮੇਟੀ ਮੈਂਬਰ, ਸਾਬਕਾ ਜ਼ਿਲ੍ਹਾ ਪ੍ਰਧਾਨ ਮੱਖਣ ਜਿੰਦਲ ਤੇ ਸੀਨੀਅਰ ਭਾਜਪਾ ਆਗੂ ਭਾਰਤ ਭੂਸ਼ਣ ਗਰਗ ਦੀ ਅਗਵਾਈ ਵਿੱਚ ਘਰ-ਘਰ, ਹਰ ਗਲੀ, ਮੁਹੱਲੇ ਵਿੱਚ ਜਾ ਕੇ ਚੋਣ ਪ੍ਰਚਾਰ ਕਈ ਦਿਨਾਂ ਤੋਂ ਸ਼ੁਰੂ ਕੀਤਾ ਹੋਇਆ ਹੈ। ਉਨ੍ਹਾਂ ਇਸ ਮੌਕੇ ਕਿਹਾ ਕਿ ਭਾਜਪਾ ਦੇ ਉਮੀਦਵਾਰ ਨੂੰ ਜਿਤਾਉਣ ਲਈ ਉਹ ਆਪਣੀ ਪੂਰੀ ਵਾਹ ਲਾ ਦੇਣਗੇ।ਉਨ੍ਹਾਂ ਕਿਹਾ ਕਿ ਭਾਜਪਾ ਉਮੀਦਵਾਰ ਵੱਡੀ ਲੀਡ ਨਾਲ ਜਿੱਤੇਗਾ, ਕਿਉਂਕਿ ਲੋਕ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਦਿੱਤੀਆਂ ਲੋਕ ਭਲਾਈ ਸਕੀਮਾਂ ਨੂੰ ਪਸੰਦ ਕਰਦੇ ਹਨ।ਉਨ੍ਹਾਂ ਕਿਹਾ ਕਿ ਪਿੰਡਾਂ ਤੇ ਸ਼ਹਿਰਾਂ ਵਿੱਚ ਭਾਜਪਾ ਦਾ ਵੋਟ ਬੈਂਕ ਤੇਜ਼ੀ ਨਾਲ ਵਧ ਰਿਹਾ ਹੈ।ਇਸ ਚੋਣ ਪ੍ਰਚਾਰ ਵਿੱਚ ਦਿਨੇਸ਼ ਗਰਗ, ਸੰਜੀਵ ਤਨਵਰ, ਸਾਬਕਾ ਮੀਤ ਪ੍ਰਧਾਨ ਨਗਰ ਕੌਸ਼ਲ ਸੰਜੇ ਤੰਵਰ, ਕਾਲਾ ਗਰਗ, ਪੱਪੂ ਰਾਮ, ਨਾਜਰ ਸਿੰਘ, ਗੁਰਪਾਲ ਸਿੰਘ, ਤਿਲਕ ਮੁਰਾਰੀ ਸਿੰਗਲਾ, ਮੇਜਰ ਗਿੱਲ, ਨੀਰਜ ਗੋਇਲ ਆਦਿ ਹਜ਼ਰ ਸਨ।

# ਕਾਂਗਰਸ ਨੂੰ ਵੋਟ ਪਾ ਕੇ 700 ਕਿਸਾਨਾਂ ਦੀ ਸ਼ਹਾਦਤ ਦਾ ਬਦਲਾ ਲਓ : ਵੜਿੰਗ



**ਲੁਧਿਆਣਾ (ਰਾਜ ਸਿੰਗਲਾ)**-ਪੰਜਾਬ ਦੇ ਲੋਕਾਂ ਨੂੰ ਪੁਰਜ਼ੋਰ ਅਪੀਲ ਕਰਦਿਆਂ, ਕਾਂਗਰਸੀ ਆਗੂ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ 700 ਤੋਂ ਵੱਧ ਕਿਸਾਨਾਂ ਦੀ ਸ਼ਹਾਦਤ ਦਾ ਬਦਲਾ ਭਾਜਪਾ ਤੋਂ ਲੈਣ ਲਈ ਵੋਟਰਾਂ ਨੂੰ ਕਾਂਗਰਸ ਪਾਰਟੀ ਨੂੰ ਵੋਟਾਂ ਪਾਉਣ ਦੀ ਅਪੀਲ ਕੀਤੀ ਹੈ।ਜਗਰਾਓਂ ਤੇ ਦਾਖਾ ਵਿੱਚ ਮੀਟਿੰਗਾਂ ਨੂੰ ਸੰਬੋਧਨ ਕਰਦੇ ਹੋਏ ਰਾਜਾ ਵੜਿੰਗ ਨੇ ਪਾਰਟੀ ਦੇ 'ਕਿਸਾਨ ਨਿਆਏ' ਪ੍ਰੋਗਰਾਮ ਤਹਿਤ ਮੁੱਖ ਵਾਅਦਿਆਂ ਦੀ ਰੂਪ ਰੇਖਾ ਉਲੀਕੀ, ਜਿਸ ਦਾ ਉਦੇਸ਼ ਖੇਤੀਬਾੜੀ ਸੈਕਟਰ ਨੂੰ ਸਮਰਥਨ ਦੇਣ ਲਈ ਮਹੱਤਵਪੂਰਨ ਸੁਧਾਰਾਂ ਦੀ ਸ਼ੁਰੂਆਤ ਕਰਨਾ ਹੈ।ਉਨ੍ਹਾ ਕਿਹਾ ਕਿ ਕਾਂਗਰਸ ਪਾਰਟੀ ਨੇ ਘੱਟੋ-ਘੱਟ ਸਮਰਥਨ ਮੁੱਲ (ਐੱਮ ਐੱਸ ਪੀ) ਨੂੰ ਕਾਨੂੰਨੀ ਗਾਰੰਟੀ ਬਣਾਉਣ ਦਾ ਸੰਕਲਪ ਲਿਆ ਹੈ, ਤਾਂ ਜੋ ਕਿਸਾਨਾਂ ਨੂੰ ਉਨ੍ਹਾਂ ਦੀਆਂ ਫ਼ਸਲਾਂ ਦਾ ਪੱਕਾ ਭਾਅ ਮਿਲ ਸਕੇ।ਇਸ ਤੋਂ ਇਲਾਵਾ ਵੜਿੰਗ ਨੇ ਖੇਤੀ ਉਪਕਰਣਾਂ 'ਤੇ ਜੀ ਐੱਸ ਟੀ ਨੂੰ ਖਤਮ ਕਰਨ ਦਾ ਵਾਅਦਾ ਕੀਤਾ, ਜਿਸ ਨਾਲ ਕਿਸਾਨਾਂ ਲਈ ਖੇਤੀਬਾੜੀ ਵਧੇਰੇ ਕਫ਼ਾਇਤੀ ਹੋਵੇਗੀ।ਇਸੇ ਤਰ੍ਹਾਂ ਕਿਸਾਨਾਂ 'ਤੇ ਵਿੱਤੀ ਬੋਝ ਘਟਾਉਣ ਲਈ ਕਰਜ਼ਾ ਮੁਆਫੀ ਕਮਿਸ਼ਨ ਦੀ ਸਥਾਪਨਾ ਕੀਤੀ ਜਾਵੇਗੀ ਤੇ ਵਿਆਪਕ ਸੁਰੱਖਿਆ ਪ੍ਰਦਾਨ ਕਰਨ ਲਈ ਫਸਲੀ ਬੀਮਾ ਸ਼ੁਰੂ ਕੀਤਾ ਜਾਵੇਗਾ।

ਰਾਜਾ ਵੜਿੰਗ ਨੇ ਐਲਾਨ ਕੀਤਾ ਕਿ ਸਾਡੇ ਕਿਸਾਨਾਂ ਦੀ ਕੁਰਬਾਨੀ ਵਿਅਰਥ ਨਹੀਂ ਜਾਵੇਗੀ। ਕਾਂਗਰਸ ਨੂੰ ਵੋਟ ਦੇ ਕੇ ਅਸੀਂ ਇਹ ਯਕੀਨੀ ਬਣਾਵਾਂਗੇ ਕਿ ਉਨ੍ਹਾਂ ਦੇ ਪਰਿਵਾਰਾਂ ਨੂੰ ਸਮਰਥਨ ਮਿਲੇ ਤੇ ਅਜਿਹਾ ਦੁਖਾਂਤ ਦੁਬਾਰਾ ਕਦੇ ਨਾ ਵਾਪਰੇ।ਕਿਸਾਨ ਨਿਆਏ ਦੇ ਤਹਿਤ ਅਸੀਂ ਘੱਟੋ-ਘੱਟ ਸਮਰਥਨ ਮੁੱਲ ਨੂੰ ਕਾਨੂੰਨੀ ਅਧਿਕਾਰ ਬਣਾਵਾਂਗੇ ਤੇ ਖੇਤੀ ਉਪਕਰਣਾਂ 'ਤੇ ਜੀਐੱਸਟੀ ਹਟਾਵਾਂਗੇ, ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਖੇਤੀ ਇੱਕ ਵਾਰ ਫਿਰ ਤੋਂ ਇੱਕ ਵਿਹਾਰਕ ਉਪਜੀਵਕਾ ਬਣ ਜਾਵੇ।

ਸਥਾਨਕ ਨਿਵਾਸੀਆਂ ਨਾਲ ਆਪਣੀਆਂ ਮੀਟਿੰਗਾਂ ਦੌਰਾਨ ਰਾਜਾ ਵੜਿੰਗ ਨੇ ਉਨ੍ਹਾਂ ਦੀਆਂ ਚਿੰਤਾਵਾਂ ਸੁਣੀਆਂ ਤੇ ਕਾਂਗਰਸ ਪਾਰਟੀ ਵੱਲੋਂ ਤੁਰੰਤ ਕਾਰਵਾਈ ਤੇ ਸਮਰਥਨ ਦਾ ਵਾਅਦਾ ਕੀਤਾ, ਜਿੱਥੇ ਉਨ੍ਹਾਂ ਦੇ ਸੰਬੋਧਨ ਨੂੰ ਲੋਕਾਂ ਦਾ ਭਰਪੂਰ ਸਮਰਥਨ ਮਿਲਿਆ ਅਤੇ ਉੱਥੇ ਮੌਜੂਦ ਭੀੜ ਨੇ ਉਨ੍ਹਾਂ 'ਤੇ ਕਾਂਗਰਸ ਪਾਰਟੀ ਦੇ ਹੱਕ ਵਿੱਚ ਨਾਅਰੇਬਾਜ਼ੀ ਕੀਤੀ।

# ਡੇਅਰੀ ਨੂੰ ਅੱਗ ਲੱਗਣ ਕਾਰਨ ਸਾਮਾਨ ਸਵਾਹ, ਲੱਖਾਂ ਦਾ ਨੁਕਸਾਨ



**ਮਲੋਟ (ਗੁਰਮੀਤ ਸਿੰਘ ਮੱਕੜ)**

ਸਥਾਨਕ ਮੇਨ ਬਾਜ਼ਾਰ ਵਿਖੇ ਸਥਿਤ ਰਾਹੁਲ ਡੇਅਰੀ ਨੂੰ ਸਵੇਰੇ 4 ਵਜੇ ਦੇ ਕਰੀਬ ਸ਼ਾਰਟ ਸਰਕਟ ਕਾਰਨ ਅੱਗ ਲੱਗਣ ਨਾਲ ਲੱਖਾਂ ਦਾ ਸਾਮਾਨ ਸੜ ਕੇ ਸਵਾਹ ਹੋ ਗਿਆ। ਫਾਇਰ ਬ੍ਰਿਗੇਡ ਦੀ ਟੀਮ ਵੱਲੋਂ ਮੌਕੇ 'ਤੇ ਪਹੁੰਚ ਕੇ ਬੜੀ ਮੁਸ਼ਕਲ ਨਾਲ ਅੱਗ 'ਤੇ ਕਾਬੂ ਪਾਇਆ ਗਿਆ। ਇਸ ਸੰਬਧੀ ਜਾਣਕਾਰੀ ਦਿੰਦੇ ਹੋਏ ਡੇਅਰੀ ਦੇ ਸੰਚਾਲਕ ਵਿਜੈ ਕੁਮਾਰ ਨੇ ਦੱਸਿਆ ਕਿ ਉਨ੍ਹਾਂ ਨੂੰ ਸਵੇਰੇ 4 ਵਜੇ ਚੌਕੀਦਾਰ ਵੱਲੋਂ ਫੋਨ ਕੀਤਾ ਗਿਆ ਕਿ ਉਨ੍ਹਾਂ ਦੀ ਡੇਅਰੀ 'ਤੇ ਅੱਗ ਲੱਗ ਗਈ, ਜਿਸ ਉਪਰੰਤ ਉਹ ਆਪਣੀ ਦੁਕਾਨ 'ਤੇ ਪਹੁੰਚਿਆ ਤੇ ਫਾਇਰ ਬ੍ਰਿਗੇਡ ਨੂੰ ਫੋਨ ਕੀਤਾ, ਜਿਸ ਉਪਰੰਤ ਫਾਇਰ ਬ੍ਰਿਗੇਡ ਦੀ ਟੀਮ ਵੱਲੋਂ ਲਗਭਗ ਤਿੰਨ ਘੰਟੇ ਦੀ ਸਖਤ ਮਿਹਨਤ ਤੋਂ ਬਾਅਦ ਅੱਗ 'ਤੇ ਕਾਬੂ ਪਾਇਆ ਗਿਆ। ਉਨ੍ਹਾ ਦੱਸਿਆ ਕਿ ਅੱਗ ਲੱਗਣ ਕਾਰਨ ਉਨ੍ਹਾਂ ਦੀਆਂ ਲਗਭਗ 6 ਫਰਿੱਜਾਂ, ਏ ਸੀ, ਲੈਪਟਾਪ, ਪ੍ਰਿੰਟਰ, ਜਰਨੇਟਰ ਤੋਂ ਇਲਾਵਾ ਲਗਭਗ 25 ਲੱਖ ਦਾ ਸਾਮਾਨ ਸੜ ਕੇ ਸਵਾਹ ਹੋ ਗਿਆ। ਉਨ੍ਹਾ ਦੱਸਿਆ ਕਿ ਸ਼ਾਰਟ ਸਰਕਟ ਕਾਰਨ ਦੁਕਾਨ ਨੂੰ ਅੱਗ ਲੱਗੀ ਹੈ।

# ਡੀ ਸੀ ਵੱਲੋਂ ਗ਼ਰਮੀ ਤੇ ਲੂਅ ਤੋਂ ਬਚਣ ਲਈ ਲੋਕਾਂ ਨੂੰ ਸਾਵਧਾਨੀਆਂ ਵਰਤਣ ਦੀ ਅਪੀਲ

**ਫ਼ਾਜ਼ਿਲਕਾ (ਨਿਸ਼ਾ ਸ਼ਰਮਾ)**

ਡਿਪਟੀ ਕਮਿਸ਼ਨਰ ਡਾ. ਸੇਨੂ ਦੁੱਗਲ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਪਿਛਲੇ ਕੁਝ ਦਿਨਾਂ ਤੋਂ ਬਹੁਤ ਜ਼ਿਆਦਾ ਗ਼ਰਮੀ ਪੈ ਰਹੀ ਹੈ ਤੇ ਗ਼ਰਮ ਹਵਾਵਾਂ ਚੱਲ ਰਹੀਆਂ ਹਨ।

ਉਨ੍ਹਾਂ ਕਿਹਾ ਕਿ ਗਰਮ ਹਵਾਵਾਂ ਸਾਡੀ ਪਿਆਸ ਵਧਾਉਣ ਦੇ ਨਾਲ-ਨਾਲ ਸਾਡੇ ਸਰੀਰ ਖਾਸ ਕਰਕੇ ਅੱਖਾਂ ਅਤੇ ਚਮੜੀ ਨੂੰ ਪੂਰੀ ਤਰ੍ਹਾਂ ਝੁਲਸਾ ਦਿੰਦੀਆਂ ਹਨ।ਜ਼ਿਆਦਾ ਗ਼ਰਮੀ ਹੋਣ 'ਤੇ ਸਾਡਾ ਸਰੀਰ ਪਸੀਨੇ ਦੇ ਰੂਪ ਵਿੱਚ ਗ਼ਰਮੀ ਬਾਹਰ ਕੱਢਦਾ ਹੈ ਤੇ ਤਾਪਮਾਨ ਨੂੰ ਨਿਯੰਤਰਤ ਰੱਖਦਾ ਹੈ, ਜਿਸ ਨਾਲ ਸਰੀਰ ਵਿੱਚ ਪਾਣੀ ਦੀ ਕਮੀ ਹੋ ਜਾਂਦੀ ਹੈ।ਇੱਕ ਨਿਸਚਿਤ ਸੀਮਾ ਤੋਂ ਬਾਅਦ ਸਾਡੇ ਸਰੀਰ ਦਾ ਇਹ ਸਿਸਟਮ ਕੰਮ ਕਰਨਾ ਬੰਦ ਕਰ ਦਿੰਦਾ ਹੈ ਤੇ ਸਰੀਰ ਬਾਹਰ ਦੇ ਤਾਪਮਾਨ ਦੇ ਸਮਾਨ ਗ਼ਰਮ ਹੋ ਜਾਂਦਾ ਹੈ, ਜਿਸ ਨੂੰ ਲੂਅ ਲੱਗਣਾ ਕਹਿੰਦੇ ਜਾਂ ਫਿਰ ਹੀਟ ਸਟ੍ਰੋਕ ਕਹਿੰਦੇ ਹਨ।ਆਮ ਤੌਰ 'ਤੇ ਲੋਕ ਇਸ ਨੂੰ ਹਲਕੇ ਵਿੱਚ ਲੈਂਦੇ ਹਨ ਤੇ ਮੰਨਦੇ ਹਨ ਕਿ ਉਨ੍ਹਾਂ ਨੂੰ ਲੂਅ ਲੱਗ ਹੀ ਨਹੀਂ ਸਕਦੀ, ਪ੍ਰੰਤੂ ਇੱਕ ਰਿਪੋਰਟ ਦੇ ਅਨੁਸਾਰ ਲੂਅ ਲੱਗਣਾ (ਹੀਟ ਸਟ੍ਰੋਕ) ਬਹੁਤ ਖਤਰਨਾਕ ਬਿਮਾਰੀ ਹੈ।ਬੱਚਿਆਂ ਤੇ ਬਜ਼ੁਰਗਾਂ, ਗਰਭਵਤੀ ਔਰਤਾਂ, ਮੋਟਾਪੇ ਤੋਂ ਪੀੜਤ ਲੋਕ, ਦਿਲ ਦੇ ਮਰੀਜ਼, ਸਰੀਰਕ ਰੂਪ ਨਾਲ ਕਮਜ਼ੋਰ ਲੋਕ ਤੇ ਕੁਝ ਵਿਸ਼ੇਸ਼ ਦਵਾਈਆਂ, ਜਿਨ੍ਹਾਂ ਦਾ ਸਰੀਰ ਦੇ ਰਸਾਇਣਾਂ ਜਾਂ ਖ਼ੂਨ ਦੀਆਂ ਨਾੜੀਆਂ 'ਤੇ ਅਸਰ ਪੈਂਦਾ ਹੈ, ਨੂੰ ਖਾਣ ਵਾਲੇ ਲੋਕਾਂ ਨੂੰ ਗ਼ਰਮੀ ਲੱਗਣ ਦਾ ਜ਼ਿਆਦਾ ਖਤਰਾ ਹੁੰਦਾ ਹੈ।ਉਨ੍ਹਾਂ ਕਿਹਾ ਕਿ ਲੂਅ ਲੱਗਣ ਨਾਲ ਸਰੀਰ ਨੂੰ ਬੇਚੈਨੀ ਤੇ ਘਬਰਾਹਟ ਹੋ ਸਕਦੀ ਹੈ ਅਤੇ ਜਿਆਦਾ ਸਮਾਂ ਧੁੱਪ ਵਿੱਚ ਰਹਿਣ ਨਾਲ ਅੱਖਾਂ ਦੇ ਸਾਹਮਣੇ ਹਨੇਰਾ ਛਾ ਜਾਣਾ, ਚੱਕਰ ਖਾ ਕੇ ਡਿੱਗ ਪੈਣਾ, ਗੱਲ ਸਮਝਣ ਵਿੱਚ ਮੁਸ਼ਕਲ ਆਉਣੀ, ਚਿੜਚਿੜਾਪਣ, ਜੁਬਾਨ ਦਾ ਲੜਖੜਾਉਣਾ, ਤੁਰਨ ਸਮੇਂ ਲੜਖੜਾਉਣਾ, ਦੌਰਾ ਪੈਣਾ ਆਦਿ ਹੋ ਸਕਦੇ ਹਨ।

# ਕੁਲਬੀਰ ਨਨਹੇੜਾ ਯੂਥ ਅਕਾਲੀ ਦਲ ਦੇ ਤਿੰਨ ਸਰਕਲਾਂ ਦੇ ਪ੍ਰਧਾਨ ਨਿਯੁਕਤ



ਅਕਾਲੀ ਦਲ ਦੇ ਨਵ-ਨਿਯੁਕਤ ਸਰਕਲ ਪ੍ਰਧਾਨ ਕੁਲਬੀਰ ਸਿੰਘ ਨਨਹੇੜਾ ਨੂੰ ਸਨਮਾਨਤ ਕਰਦੇ ਹਲਕਾ ਇੰਚਾਰਜ ਬਾਬੂ ਕਬੀਰ ਦਾਸ ਤੇ ਜਗਮੀਤ ਸਿੰਘ ਹਰਿਆਊ।

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**

ਸ਼੍ਰੋਮਣੀ ਅਕਾਲੀ ਦਲ ਵੱਲੋਂ ਪਾਰਟੀ ਦੀ ਮਜ਼ਬੂਤੀ ਲਈ ਕੀਤੀਆਂ ਜਾ ਰਹੀਆਂ ਨਵੀਆਂ ਨਿਯੁਕਤੀਆਂ ਤਹਿਤ ਵਿਧਾਨ ਸਭਾ ਹਲਕਾ ਸ਼ੁਤਰਾਣਾ ਦੇ ਯੂਥ ਅਕਾਲੀ ਆਗੂ ਕੁਲਬੀਰ ਸਿੰਘ ਨਨਹੇੜਾ ਨੂੰ ਯੂਥ ਅਕਾਲੀ ਦਲ ਦੇ ਤਿੰਨ ਸਰਕਲ ਧਨੇਠਾ, ਬਾਦਸ਼ਾਹਪੁਰ ਤੇ ਘੱਗਾ ਸ਼ਹਿਰੀ ਦਾ ਸਰਕਲ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ।ਹਲਕਾ ਇੰਚਾਰਜ ਬਾਬੂ ਕਬੀਰ ਦਾਸ ਨੇ ਕੁਲਬੀਰ ਸਿੰਘ ਨਨਹੇੜਾ ਨੂੰ ਨਿਯੁਕਤੀ ਪੱਤਰ ਸੌਂਪਣ ਮਗਰੋਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਭਾਰਤੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਦਿਸ਼ਾ ਨਿਰਦੇਸ਼ਾਂ ਉੱਤੇ ਨੌਜਵਾਨਾਂ ਨੂੰ ਵੱਧ ਤੋਂ ਵੱਧ ਪਾਰਟੀ ਨਾਲ ਜੋੜਨ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ, ਜਿਸ ਦੇ ਤਹਿਤ ਪਿਛਲੇ ਸਮੇਂ ਦੌਰਾਨ ਪਾਰਟੀ ਦੀ ਚੜ੍ਹਦੀ ਕਲਾ ਵਿੱਚ ਆਪਣਾ ਵੱਡਮੁੱਲਾ ਯੋਗਦਾਨ ਪਾਉਣ ਵਾਲੇ ਨੌਜਵਾਨ ਆਗੂਆਂ ਨੂੰ ਹੋਰ ਸਰਗਰਮ ਕਰਨ ਦੇ ਮਕਸਦ ਨਾਲ ਅਹੁਦੇਦਾਰੀਆਂ ਦਿੱਤੀਆਂ ਜਾ ਰਹੀਆਂ ਹਨ।ਉਨ੍ਹਾਂ ਦੱਸਿਆ ਕਿ ਨੌਜਵਾਨ ਆਗੂ ਕੁਲਬੀਰ ਸਿੰਘ ਨਨਹੇੜਾ ਨੇ ਪਾਰਟੀ ਦੀ ਨਵੀਂ ਮੈਂਬਰਸ਼ਿਪ ਬਣਾਉਣ ਵੇਲੇ ਚਲਾਈ ਗਈ ਭਰਤੀ ਮੁਹਿੰਮ ਵਿੱਚ ਆਪਣਾ ਵੱਡਮੁੱਲਾ ਯੋਗਦਾਨ ਪਾਇਆ ਸੀ, ਜਿਸ ਨੂੰ ਧਿਆਨ ਵਿੱਚ ਰੱਖਦਿਆਂ ਉਨ੍ਹਾਂ ਨੂੰ ਤਿੰਨ ਸਰਕਲਾਂ ਦੀ ਜ਼ਿੰਮੇਵਾਰੀ ਸੌਂਪੀ ਗਈ ਹੈ।ਬਾਬੂ ਕਬੀਰ ਦਾਸ ਨੇ ਕਿਹਾ ਕਿ ਵਿਧਾਨ ਸਭਾ ਹਲਕਾ ਸ਼ੁਤਰਾਣਾ ਵਿੱਚ ਅਕਾਲੀ ਉਮੀਦਵਾਰ ਐੱਨ ਕੇ ਸ਼ਰਮਾ ਦੀ ਚੋਣ ਮੁਹਿੰਮ ਪੂਰੀ ਸਰਗਰਮੀ ਨਾਲ ਚੱਲ ਰਹੀ ਹੈ ਅਤੇ ਪਿੰਡਾਂ ਵਿੱਚ ਉਨ੍ਹਾਂ ਦੀ ਚੋਣ ਮੁਹਿੰਮ ਨੂੰ ਵੋਟਰਾਂ ਵੱਲੋਂ ਭਰਵਾਂ ਹੁੰਗਾਰਾ ਦਿੱਤਾ ਜਾ ਰਿਹਾ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਅਕਾਲੀ ਦਲ ਦੇ ਪੀਏਸੀ ਕਮੇਟੀ ਮੈਂਬਰ ਜਗਮੀਤ ਸਿੰਘ ਹਰਿਆਊ, ਕੋਰ ਕਮੇਟੀ ਮੈਂਬਰ ਵਰਿੰਦਰ ਸਿੰਘ ਲਾਲਵਾ ਤੇ ਕੋਰ ਕਮੇਟੀ ਮੈਂਬਰ ਦਵਿੰਦਰ ਸਿੰਘ ਸਿੱਧੂ, ਤੀਰਥ ਸਿੰਘ ਪ੍ਰੇਮ ਸਿੰਘ ਵਾਲਾ, ਵਰੁਣ ਕੌਸ਼ਲ, ਪਰਮਜੀਤ ਸਿੰਘ ਥਿੰਦ ਤੇ ਜਤਿੰਦਰ ਸਿੰਘ ਅਤਾਲਾਂ ਆਦਿ ਹਾਜ਼ਰ ਸਨ।

# ਸਿਹਤ ਵਿਭਾਗ ਵੱਲੋਂ ਗਰਮੀ ਤੇ ਲੂ ਤੋਂ ਬਚਾਅ ਲਈ ਐਡਵਾਈਜ਼ਰੀ ਜਾਰੀ

**ਫਰੀਦਕੋਟ (ਐਲਿਗਜੈਂਡਰ ਡਿਸੂਜ਼ਾ)**-ਡਿਪਟੀ ਕਮਿਸ਼ਨਰ ਸ੍ਰੀ ਵਿਨੀਤ ਕੁਮਾਰ ਨੇ ਦੱਸਿਆ ਕਿ ਮਈ ਤੇ ਜੂਨ ਮਹੀਨਿਆਂ ਦੌਰਾਨ ਗਰਮ ਲੂ ਚੱਲਣ ਦੀ ਸੰਭਾਵਨਾ ਹੈ ਤੇ ਇਸ ਸਮੇਂ ਦੌਰਾਨ ਆਮ ਲੋਕਾਂ ਦੇ ਨਾਲ-ਨਾਲ ਖਾਸ ਕਰਕੇ ਉਨ੍ਹਾਂ ਲੋਕਾਂ, ਜਿਹੜੇ ਜੋਖਮ ਸ਼੍ਰੇਣੀ ਵਿੱਚ ਆਉਂਦੇ ਹਨ, ਨੂੰ ਚੌਕਸ ਰਹਿਣ ਦੀ ਲੋੜ ਹੁੰਦੀ ਹੈ।ਉਨ੍ਹਾ ਦੱਸਿਆ ਕਿ ਮੌਸਮ ਵਿਭਾਗ ਅਨੁਸਾਰ ਵੀ ਆਉਂਦੇ ਦਿਨਾਂ ਦੌਰਾਨ ਜ਼ਿਆਦਾ ਤਾਪਮਾਨ ਹੋਣ ਤੇ ਪਾਰਾ ਦਿਨ ਸਮੇਂ 45 ਡਿਗਰੀ ਤੋਂ ਵੱਧ ਹੋਣ ਦਾ ਸੰਕੇਤ ਦਿੱਤਾ ਗਿਆ ਹੈ।ਸਿਵਲ ਸਰਜਨ ਡਾ. ਮਨਿੰਦਰਪਾਲ ਸਿੰਘ ਦੱਸਿਆ ਕਿ ਗਰਮ ਲੂ ਸਮੇਂ ਨਵਜੰਮੇ ਬੱਚੇ, ਛੋਟੇ ਬੱਚੇ, ਗਰਭਵਤੀ ਔਰਤਾਂ, 65 ਸਾਲ ਜਾਂ ਵੱਧ ਉਮਰ ਦੇ ਬਜ਼ੁਰਗ, ਕਿਸੇ ਗੰਭੀਰ ਬਿਮਾਰੀ ਤੋਂ ਪੀੜਤ, ਮਜ਼ਦੂਰ, ਖੇਤਾਂ 'ਚ ਕੰਮ ਕਰਨ ਵਾਲੇ ਵਿਅਕਤੀ ਵਧੇਰੇ ਜੋਖਮ 'ਤੇ ਹੁੰਦੇ ਹਨ।ਉਨ੍ਹਾ ਦੱਸਿਆ ਕਿ ਘਰ ਤੋਂ ਬਾਹਰ ਦੇ ਕੰਮ ਸਵੇਰ ਤੇ ਸ਼ਾਮ ਕੀਤੇ ਜਾਣੇ ਚਾਹੀਦੇ ਹਨ।ਪਿਆਸ ਨਾ ਲੱਗਣ 'ਤੇ ਵੀ ਸਮੇਂ ਸਮੇਂ 'ਤੇ ਪਾਣੀ ਪੀਣਾ ਚਾਹੀਦਾ ਹੈ।ਬਾਹਰ ਕੰਮ ਕਰਦੇ ਸਮੇਂ ਹਲਕੇ ਰੰਗ ਦੇ ਪੂਰੀ ਬਾਹਾਂ ਵਾਲੇ ਸੂਤੀ ਕੱਪੜੇ ਪਹਿਨਣੇ ਚਾਹੀਦੇ ਹਨ।ਉਨ੍ਹਾ ਦੱਸਿਆ ਕਿ ਸਿੱਧੀ ਧੁੱਪ ਤੋਂ ਆਪਣੇ ਸਿਰ ਨੂੰ ਢੱਕਣ ਲਈ ਛੱਤਰੀ, ਟੋਪੀ, ਤੌਲੀਆ, ਪੱਗ ਜਾਂ ਦੁਪੱਟੇ ਦੀ ਵਰਤੋਂ ਕਰਨੀ ਚਾਹੀਦੀ ਹੈ, ਨੰਗੇ ਪੈਰ ਬਾਹਰ ਨਹੀਂ ਜਾਣਾ ਚਾਹੀਦਾ, ਧੁੱਪ ਵਿੱਚ ਬਾਹਰ ਜਾਣ ਵੇਲੇ ਹਮੇਸ਼ਾ ਜੁੱਤੀ ਜਾਂ ਚੱਪਲਾਂ ਪਾਓ, ਨਿੰਬੂ ਪਾਣੀ, ਓ.ਆਰ.ਐੱਸ. ਘੋਲ, ਲੱਸੀ ਤੇ ਚਾਵਲ ਪਾਣੀ ਪੀਣਾ ਚਾਹੀਦਾ ਹੈ।ਮੌਸਮੀ ਫਲ ਤੇ ਸਬਜ਼ੀਆਂ ਜਿਵੇਂ ਕਿ ਨਿੰਬੂ, ਤਰਬੂਜ, ਸੰਤਰਾ, ਅੰਗੂਰ, ਖੀਰੇ ਤੇ ਟਮਾਟਰ ਦਾ ਸੇਵਨ ਕਰਨਾ ਚਾਹੀਦਾ ਹੈ, ਕਿਉਂਕਿ ਇਨ੍ਹਾਂ ਵਿੱਚ ਪਾਣੀ ਦੀ ਮਾਤਰਾ ਜ਼ਿਆਦਾ ਹੁੰਦੀ ਹੈ।

# ਵੋਟਾਂ ਪ੍ਰਤੀ ਜਾਗਰੂਕਤਾ ਪੈਦਾ ਕਰਨ ਲਈ ਸਮਾਗਮ ਆਯੋਜਤ




**ਸਰਹਿੰਦ ਮੰਡੀ (ਪ੍ਰਮੋਦ ਭਾਰਦਵਾਜ)**

ਰਾਣਾ ਹਸਪਤਾਲ ਸਰਹਿੰਦ ਵਿਖੇ ਵੋਟਰਾਂ ਦੀ ਭਾਗੀਦਾਰੀ ਨੂੰ ਉਤਸ਼ਾਹਤ ਕਰਨ ਦੇ ਉਦੇਸ਼ ਨਾਲ ਚੋਣ ਜਾਗਰੂਕਤਾ ਮੁਹਿੰਮ ਦੀ ਸ਼ੁਰੂਆਤ ਕਰਨ ਲਈ ਪ੍ਰੈਸ ਕਾਨਫਰੰਸ ਕੀਤੀ ਗਈ।ਮੁਹਿੰਮ ਵੋਟਿੰਗ ਦੀ ਮਹੱਤਤਾ ਤੇ ਨਾਗਰਿਕ ਜ਼ਿੰਮੇਵਾਰੀ 'ਤੇ ਜ਼ੋਰ ਦਿੰਦੀ ਹੈ।ਵੋਟ ਦਾ ਅਧਿਕਾਰ ਸਾਡੇ ਦੇਸ਼ ਦੀ ਆਜ਼ਾਦੀ ਲਈ ਬਹਾਦਰੀ ਨਾਲ ਲੜਨ ਵਾਲੇ ਸਾਡੇ ਬਹਾਦਰ ਆਜ਼ਾਦੀ ਘੁਲਾਟੀਆਂ ਦੀਆਂ ਕੁਰਬਾਨੀਆਂ ਰਾਹੀਂ ਪ੍ਰਾਪਤ ਕੀਤਾ ਇੱਕ ਅਨਮੋਲ ਤੋਹਫ਼ਾ ਹੈ।ਉਨ੍ਹਾਂ ਦੇ ਅਟੁੱਟ ਸਮਰਪਣ ਤੇ ਨਿਰਸਵਾਰਥ ਕੁਰਬਾਨੀ ਨੇ ਲੋਕਤੰਤਰੀ ਸਿਧਾਂਤਾਂ ਦੀ ਨੀਂਹ ਰੱਖੀ, ਜਿਨ੍ਹਾਂ ਦੀ ਅਸੀਂ ਕਦਰ ਕਰਦੇ ਹਾਂ, ਜਿਵੇਂ ਕਿ ਅਸੀਂ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਕਰਦੇ ਹਾਂ, ਆਓ ਅਸੀਂ ਉਨ੍ਹਾਂ ਦੀ ਵਿਰਾਸਤ ਦਾ ਸਨਮਾਨ ਕਰੀਏ ਅਤੇ ਆਜ਼ਾਦੀ, ਸਮਾਨਤਾ ਤੇ ਨਿਆਂ ਦੀਆਂ ਕਦਰਾਂ-ਕੀਮਤਾਂ ਨੂੰ ਬਰਕਰਾਰ ਰੱਖੀਏ, ਜਿਨ੍ਹਾਂ ਨੂੰ ਸੁਰੱਖਿਅਤ ਕਰਨ ਲਈ ਉਨ੍ਹਾਂ ਨੇ ਅਣਥੱਕ ਲੜਾਈ ਲੜੀ ਹੈ।ਰਾਣਾ ਹਸਪਤਾਲ ਨੇ ਇੱਕ ਜਾਗਰੂਕਤਾ ਵੀਡੀਓ ਦਾ ਪਰਦਾਫਾਸ਼ ਕੀਤਾ, ਜਿਸ ਵਿੱਚ ਸਾਡੇ ਰਾਸ਼ਟਰ ਦੇ ਭਵਿੱਖ ਨੂੰ ਬਣਾਉਣ ਵਿੱਚ ਵੋਟਿੰਗ ਦੀ ਅਹਿਮ ਭੂਮਿਕਾ 'ਤੇ ਜ਼ੋਰ ਦਿੱਤਾ ਗਿਆ।ਇਸ ਤੋਂ ਇਲਾਵਾ ਉਨ੍ਹਾਂ ਨੇ ਆਪਣੇ ਸਾਰੇ ਮਰੀਜ਼ਾਂ ਨੂੰ ਨਾਗਰਿਕ ਰੁਝੇਵਿਆਂ ਤੇ ਵੋਟਿੰਗ ਦੀ ਮਹੱਤਤਾ ਬਾਰੇ ਜਾਗਰੂਕ ਕਰਨ ਦੇ ਉਦੇਸ਼ ਨਾਲ ਇੱਕ ਮੈਨੂਅਲ ਪੇਸ਼ ਕੀਤਾ।

# ਭਗਵੰਤ ਮਾਨ ਤਮਾਸ਼ਿਆਂ ਤੋਂ ਇਲਾਵਾ ਪੰਜਾਬ ਨੂੰ ਕੁਝ ਨਹੀਂ ਦੇ ਸਕਦਾ : ਸੁਖਬੀਰ



**ਸ੍ਰੀ ਮੁਕਤਸਰ ਸਾਹਿਬ/ਮਲੋਟ (ਸ਼ਮਿੰਦਰਪਾਲ, ਪੂਜਾ/ਗੁਰਮੀਤ ਸਿੰਘ ਮੱਕੜ)**-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਸਿਰਫ ਸਸਤੇ ਤਮਾਸ਼ਿਆਂ ਤੋਂ ਇਲਾਵਾ ਪੰਜਾਬ ਨੂੰ ਕੁਝ ਨਹੀਂ ਦੇ ਸਕਦਾ ਤੇ ਉਨ੍ਹਾਂ ਨੇ ਪੰਜਾਬੀਆਂ ਨੂੰ ਅਪੀਲ ਕੀਤੀ ਕਿ ਉਹ ਇਸ ਨਿਕੰਮੇ ਮੁੱਖ ਮੰਤਰੀ ਨੂੰ ਸਬਕ ਸਿਖਾਉਣ ਲਈ ਚੋਣਾਂ ਵਿੱਚ ਆਮ ਆਦਮੀ ਪਾਰਟੀ (ਆਪ) ਨੂੰ ਮੁਕੰਮਲ ਤੌਰ 'ਤੇ ਠੁਕਰਾ ਦੇਣ।ਅਕਾਲੀ ਦਲ ਦੇ ਪ੍ਰਧਾਨ, ਜਿਨ੍ਹਾਂ ਅਬੋਹਰ, ਬੱਲੂਆਣਾ, ਮਲੋਟ ਤੇ ਸ੍ਰੀ ਮੁਕਤਸਰ ਸਾਹਿਬ ਵਿੱਚ ਮੀਟਿੰਗਾਂ ਕੀਤੀਆਂ, ਨੇ ਕਿਹਾ ਕਿ ਹਾਲਾਤ ਅਜਿਹੇ ਹਨ ਕਿ ਲੋਕਾਂ ਨੇ ਹੁਣ ਵੇਖ ਲਿਆ ਹੈ ਕਿ ਭਗਵੰਤ ਮਾਨ ਸਿਰਫ ਤਮਾਸ਼ੇ ਕਰ ਸਕਦਾ ਹੈ ਤੇ ਉਹ ਆਪਣੀ ਕਾਰਗੁਜ਼ਾਰੀ ਤੋਂ ਲੋਕਾਂ ਦਾ ਧਿਆਨ ਪਾਸੇ ਕਰਨ ਵਾਸਤੇ ਤਮਾਸ਼ੇ ਹੀ ਕਰ ਰਿਹਾ ਹੈ।ਉਨ੍ਹਾ ਕਿਹਾ ਕਿ ਜਦੋਂ ਕਿਸੇ ਕੋਲ ਕਾਰਗੁਜ਼ਾਰੀ ਦੇ ਨਾਂ 'ਤੇ ਵਿਖਾਉਣ ਵਾਸਤੇ ਕੁਝ ਨਾ ਹੋਵੇ ਤਾਂ ਉਹ ਅਜਿਹੀਆਂ ਘਟੀਆ ਹਰਕਤਾਂ ਕਰਦਾ ਹੈ, ਜਿਵੇਂ ਹੁਣ ਮੁੱਖ ਮੰਤਰੀ ਕਰ ਰਿਹਾ ਹੈ।

ਬਾਦਲ ਨੇ ਕਿਹਾ ਕਿ ਭਗਵੰਤ ਮਾਨ ਹਰ ਪੱਖ ਤੋਂ ਸੂਬੇ ਦੇ ਹੇਠਾਂ ਆਉਣ ਦੀ ਪ੍ਰਧਾਨਗੀ ਕਰ ਰਿਹਾ ਹੈ।ਉਨ੍ਹਾ ਕਿਹਾ ਕਿ ਆਪ ਸਰਕਾਰ ਨੇ ਇੱਕ ਲੱਖ ਕਰੋੜ ਰੁਪਏ ਦਾ ਕਰਜ਼ਾ ਲੈ ਲਿਆ, ਪਰ ਉਸ ਕੋਲ ਵਿਖਾਉਣ ਵਾਸਤੇ ਕੁਝ ਨਹੀਂ ਹੈ, ਸਿਵਾਏ ਅਰਵਿੰਦ ਕੇਜਰੀਵਾਲ ਵਾਸਤੇ ਕਿਰਾਏ 'ਤੇ ਲਏ ਸਪੈਸ਼ਲ ਜੈੱਟ ਦਾ ਕਿਰਾਇਆ ਭਰਨ ਅਤੇ ਉਨ੍ਹਾਂ ਨੂੰ ਦੇਸ਼ ਭਰ ਵਿੱਚ ਆਪ ਦੇ ਚੋਣ ਪ੍ਰਚਾਰ ਵਾਸਤੇ ਲੈ ਕੇ ਜਾਣ ਦੇ। ਉਨ੍ਹਾ ਜ਼ੋਰ ਦੇ ਕੇ ਕਿਹਾ ਕਿ ਸਮਾਜ ਦੇ ਸਾਰੇ ਵਰਗ ਆਪਣੇ ਆਪ ਨੂੰ ਠੱਗਿਆ ਮਹਿਸੂਸ ਕਰ ਰਹੇ ਹਨ। ਕਿਸਾਨਾਂ ਨੂੰ ਫਸਲਾਂ ਦਾ ਮੁਆਵਜ਼ਾ ਨਹੀਂ ਦਿੱਤਾ ਗਿਆ।ਸਰਕਾਰੀ ਨੌਕਰੀਆਂ ਬਾਹਰਲਿਆਂ ਨੂੰ ਦੇ ਦਿੱਤੀਆਂ ਗਈਆਂ।ਸ਼ਗਨ ਸਕੀਮ, ਐੱਸ ਸੀ ਸਕਾਲਰਸ਼ਿਪ ਸਕੀਮ ਤੇ ਲੜਕੀਆਂ ਲਈ ਮੁਫਤ ਸਾਈਕਲ ਸਕੀਮ ਬੰਦ ਕਰ ਦਿੱਤੀਆਂ ਗਈਆਂ।ਉਨ੍ਹਾ ਕਿਹਾ ਕਿ ਦੂਜੇ ਪਾਸੇ ਸੂਬੇ ਗੈਂਗਸਟਰਾਂ ਤੇ ਨਸ਼ਾ ਮਾਫੀਆ ਦਾ ਰਾਜ ਹੈ।ਇਹੀ ਕਾਰਨ ਹੈ ਕਿ ਪੰਜਾਬ ਵਿੱਚ ਨਿਵੇਸ਼ ਨਹੀਂ ਹੋ ਰਿਹਾ ਤੇ ਬੇਰੋਜ਼ਗਾਰੀ ਵਧ ਰਹੀ ਹੈ।

ਅਬੋਹਰ ਵਿੱਚ ਕੀਤੇ ਵਿਕਾਸ ਕਾਰਜਾਂ ਦੀ ਗੱਲ ਕਰਦਿਆਂ ਉਨ੍ਹਾ ਕਿਹਾ ਕਿ ਬਾਦਲ ਸਰਕਾਰ ਨੇ ਖੇਤਰ ਵਿੱਚ ਸਾਰੇ ਸੀਵਰੇਜ ਤੇ ਜਲ ਸਪਲਾਈ ਕੰਮਾਂ ਦੀ ਉਸਾਰੀ ਤੇ ਰੱਖ ਰੱਖਾਅ ਦਾ ਠੇਕਾ ਇਕ ਨਾਮੀ ਕੰਪਨੀ ਨੂੰ ਦਿੱਤਾ ਸੀ, ਪਰ ਅਗਲੀ ਕਾਂਗਰਸ ਸਰਕਾਰ ਨੇ ਇਸ ਪ੍ਰਾਜੈਕਟ 'ਤੇ ਬਰੇਕਾਂ ਲਗਵਾ ਦਿੱਤੀਆਂ ਜਿਸ ਕਾਰਨ ਇਸ ਸ਼ਹਿਰ ਦੇ ਆਮ ਨਾਗਰਿਕਾਂ ਨੂੰ ਮੁਸ਼ਕਲਾਂ ਝੱਲਣੀਆਂ ਪਈਆਂ।ਉਨ੍ਹਾਂ ਦੱਸਿਆ ਕਿ ਆਪ ਸਰਕਾਰ ਨੇ ਕਿਵੇਂ ਝੱਖੜ ਚੱਲਣ ਕਾਰਨ ਇਲਾਕੇ ਦੇ ਕਿੰਨੂ ਬਾਗ ਉੱਜੜ ਜਾਣ ਤੇ ਬੱਲੂਆਣਾ ਵਿੱਚ ਹੜ੍ਹ ਦੌਰਾਨ ਅਬੋਹਰ ਨੂੰ ਪੂਰੀ ਤਰ੍ਹਾਂ ਅਣਡਿੱਠ ਕੀਤਾ।ਉਨ੍ਹਾ ਦੱਸਿਆ ਕਿ ਕਿਵੇਂ ਪਿਛਲੀ ਅਕਾਲੀ ਦਲ ਦੀ ਸਰਕਾਰ ਨੇ ਮਲੋਟ ਤੇ ਸ੍ਰੀ ਮੁਕਤਸਰ ਸਾਹਿਬ ਇਲਾਕਿਆਂ ਵਿੱਚ ਸਿੰਜਾਈ ਸਹੂਲਤਾਂ ਦਿੱਤੀਆਂ।

ਇਸ ਮੌਕੇ ਸੀਨੀਅਰ ਆਗੂ ਹਰਬਿੰਦਰ ਸਿੰਘ ਹੈਰੀ, ਗੁਰਤੇਜ ਸਿੰਘ ਘੁੜਿਆਣਾ, ਹਰਪ੍ਰੀਤ ਸਿੰਘ, ਕੰਵਰਜੀਤ ਸਿੰਘ ਰੋਜ਼ੀ ਤੇ ਇਸਤਰੀ ਅਕਾਲੀ ਦਲ ਦੀ ਪ੍ਰਧਾਨ ਹਰਗੋਬਿੰਦ ਕੌਰ, ਮਨਜਿੰਦਰ ਸਿੰਘ ਬਿੱਟੂ ਸ਼ਹਿਰੀ ਪ੍ਰਧਾਨ, ਜਗਜੀਤ ਸਿੰਘ ਹਨੀ ਫੱਤਣਵਾਲਾ, ਪਿੰਦਰ ਗੋਨਿਆਣਾ ਪੀਏ ਰੋਜ਼ੀ ਬਰਕੰਦੀ, ਹਰਪਾਲ ਸਿੰਘ ਬੇਦੀ ਨੇ ਵੀ ਮੀਟਿੰਗਾਂ ਨੂੰ ਸੰਬੋਧਨ ਕੀਤਾ।

# ਇਸ ਵਾਰ 70 ਫ਼ੀਸਦੀ ਪਾਰ : ਐੱਸ ਡੀ ਐੱਮ




**ਮਲੋਟ (ਗੁਰਮੀਤ ਸਿੰਘ ਮੱਕੜ)**-ਮੁੱਖ ਚੋਣ ਅਫਸਰ, ਪੰਜਾਬ ਦਾ ਟੀਚਾ ਸਾਰਥਕ ਕਰਨ ਹਿੱਤ 'ਇਸ ਵਾਰ 70 ਫੀਸਦੀ ਪਾਰ' ਤਹਿਤ ਡਿਪਟੀ ਕਮਿਸ਼ਨਰ ਸ਼੍ਰੀ ਮੁਕਤਸਰ ਸਾਹਿਬ ਹਰਪ੍ਰੀਤ ਸਿੰਘ ਸੂਦਨ ਦੀਆਂ ਹਦਾਇਤਾਂ ਤਹਿਤ ਐਸ.ਡੀ.ਐਮ. ਮਲੋਟ ਡਾ. ਸੰਜੀਵ ਕੁਮਾਰ ਨੇ ਸਵੀਪ ਪ੍ਰੋਗਰਾਮ ਤਹਿਤ ਮਲੋਟ ਹਲਕੇ ਵਿੱਚ ਵੋਟਰਾਂ ਨੂੰ ਜਾਗਰੂਕ ਕਰਨ ਹਿੱਤ ਵਿਸ਼ੇਸ਼ ਮੈਰਾਥਨ ਦਾ ਆਯੋਜਨ ਕੀਤਾ ਗਿਆ। ਇਸ ਮੈਰਾਥਨ ਵਿੱਚ ਡੀ.ਏ.ਵੀ. ਪਬਲਿਕ ਸਕੂਲ, ਜੀ.ਟੀ.ਬੀ. ਪਬਲਿਕ ਸਕੂਲ, ਜੀ.ਟੀ.ਬੀ. ਸੀਨੀਅਰ ਸੈਕੰ. ਸਕੂਲ ਮਲੋਟ ਅਤੇ ਸਰਕਾਰੀ ਕੰ. ਸੀਨੀ.ਸੈਕੰ. ਸਕੂਲ ਮਲੋਟ ਦੇ ਲਗਭਗ 200 ਵਿਦਿਆਰਥੀਆਂ ਨੇ ਭਾਗ ਲਿਆ। ਇਸ ਮੈਰਾਥਨ ਵਿੱਚ ਡੀ.ਐਸ.ਪੀ. ਮਲੋਟ ਸ਼੍ਰੀ ਪਵਨਜੀਤ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਐਸ.ਡੀ.ਐਮ. ਮਲੋਟ ਡਾ. ਸੰਜੀਵ ਕੁਮਾਰ ਨੇ ਚੋਣ ਹਲਕਾ 085-ਮਲੋਟ ਦੇ ਵੋਟਰਾਂ ਨੂੰ ਵੋਟ ਦੀ ਮਹੱਤਤਾ ਦੱਸਦੇ ਹੋਏ ਬਿਨਾਂ ਕਿਸੇ ਡਰ ਭੈਅ ਦੇ ਵੋਟ ਪਾਉਣ ਲਈ ਪ੍ਰੇਰਤ ਕੀਤਾ। ਗਰਮੀ ਨਾਲ ਨਜਿੱਠਣ ਲਈ ਵੋਟਰਾਂ ਨੂੰ ਬੂਥਾਂ 'ਤੇ ਦਿੱਤੀਆਂ ਜਾਣ ਵਾਲੀਆਂ ਸਹੂਲਤਾਂ ਜਿਵੇਂ ਛਬੀਲ, ਪੱਖੇ ਆਦਿ ਦੇ ਪ੍ਰਬੰਧ ਬਾਰੇ ਵੀ ਜਾਣਕਾਰੀ ਦਿੱਤੀ। ਇਸ ਮੈਰਾਥਨ ਵਿੱਚ ਸਵੀਪ ਨੋਡਲ ਅਫਸਰ-085 ਮਲੋਟ ਸ਼੍ਰੀ ਗੌਰਵ ਭਠੇਜਾ, ਸਹਾਇਕ ਸਵੀਪ ਨੋਡਲ ਅਫਸਰ ਸ਼੍ਰੀ ਬਲਦੇਵ ਕਾਲੜਾ, ਪ੍ਰਿੰਸੀਪਲ ਮੈਡਮ ਸੰਧਿਆ ਬਠਲਾ, ਬੰਟੀ ਖੁੰਗਰ ਜੂਨੀਅਰ ਸਹਾਇਕ, ਜ਼ਿਲ੍ਹਾ ਯੂਥ ਆਈਕਾਨ ਰੁਪੇਸ਼ ਪੁਰੀ, ਭਾਰਤ ਵਿਕਾਸ ਪਰਿਸ਼ਦ ਦੇ ਸਮੂਹ ਮੈਂਬਰ ਅਤੇ ਸਕੂਲ ਦਾ ਸਮੁੱਚਾ ਸਟਾਫ ਹਾਜ਼ਰ ਸੀ।

## ਵਸੀਕਾ ਨਵੀਸ ਤੇ ਉਸ ਦਾ ਸਹਾਇਕ 2,25000 ਰੁਪਏ ਦੀ ਰਿਸ਼ਵਤ ਲੈਣ ਦੇ ਦੋਸ਼ ਹੇਠ ਕਾਬੂ



**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**
ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚਲਾਈ ਮੁਹਿੰਮ ਦੌਰਾਨ ਸਬ ਡਵੀਜ਼ਨ ਕਾਦੀਆਂ, ਜ਼ਿਲ੍ਹਾ ਗੁਰਦਾਸਪੁਰ ਵਿਖੇ ਕੰਮ ਕਰਦੇ ਕੰਵਰਪਾਲ ਸਿੰਘ (ਕੇ ਪੀ) ਵਸੀਕਾ ਨਵੀਸ (ਡੀਡ ਰਾਈਟਰ) ਅਤੇ ਉਸਦੇ ਸਹਾਇਕ ਨੂੰ 225000 ਰੁਪਏ ਰਿਸ਼ਵਤ ਦੀ ਮੰਗ ਕਰਨ ਅਤੇ ਲੈਣ ਦੇ ਦੋਸ਼ ਹੇਠ ਗ੍ਰਿਫਤਾਰ ਕੀਤਾ ਹੈ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਉਕਤ ਵਸੀਕਾ ਨਵੀਸ ਅਤੇ ਉਸ ਦੇ ਨਿੱਜੀ ਸਹਾਇਕ ਨੂੰ ਕੁਲਵੰਤ ਸਿੰਘ ਵਾਸੀ ਪਿੰਡ ਸ਼ੇਰਪੁਰ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਦਾਸਪੁਰ (ਮੌਜੂਦਾ ਸਮੇਂ ਬਰਤਾਨੀਆ ਨਿਵਾਸੀ) ਵੱਲੋਂ ਮੁੱਖ ਮੰਤਰੀ ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ ਪੋਰਟਲ 'ਤੇ ਦਰਜ ਕਰਵਾਈ ਗਈ ਆਨਲਾਈਨ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।ਉਨ੍ਹਾਂ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਹੈ ਕਿ ਉਕਤ ਵਸੀਕਾ ਨਵੀਸ ਨੇ ਉਸਦੀ ਜੱਦੀ ਜ਼ਮੀਨ ਦੀ ਮਲਕੀਅਤ (ਇੰਤਕਾਲ) ਉਸਦੇ ਨਾਂਅ ਕਰਵਾਉਣ ਬਦਲੇ ਉਸ ਕੋਲੋਂ 225000 ਰੁਪਏ ਦੀ ਰਿਸ਼ਵਤ ਲਈ ਸੀ।ਇਸ ਤੋਂ ਇਲਾਵਾ ਉਸ ਦੇ ਦਫ਼ਤਰ ਵਿੱਚ ਕੰਮ ਕਰਦੇ ਟਾਈਪਿਸਟ ਸੰਨੀ ਨੇ ਵੀ ਉਕਤ ਇੰਤਕਾਲ ਦਰਜ ਕਰਵਾਉਣ ਲਈ ਉਸ ਤੋਂ 70,000 ਰੁਪਏ ਦੀ ਮੰਗ ਕੀਤੀ ਸੀ।ਬੁਲਾਰੇ ਨੇ ਦੱਸਿਆ ਕਿ ਇਸ ਸ਼ਿਕਾਇਤ ਦੀ ਜਾਂਚ ਦੌਰਾਨ ਇਹ ਪਾਇਆ ਗਿਆ ਕਿ ਉਕਤ ਵਸੀਕਾ ਨਵੀਸ ਨੇ ਉਕਤ ਸ਼ਿਕਾਇਤਕਰਤਾ ਤੋਂ ਤਿੰਨ ਕਿਸ਼ਤਾਂ ਵਿੱਚ 225000 ਰੁਪਏ ਦੀ ਰਿਸ਼ਵਤ ਲਈ ਹੈ। ਇਸ ਤੋਂ ਇਲਾਵਾ ਉਸ ਦੇ ਨਿੱਜੀ ਸਹਾਇਕ ਸੰਨੀ ਨੇ ਸ਼ਿਕਾਇਤਕਰਤਾ ਤੋਂ 70,000 ਰੁਪਏ ਦੀ ਮੰਗ ਕੀਤੀ ਸੀ।ਜਾਂਚ ਤੋਂ ਬਾਅਦ ਦੋਵਾਂ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ ਅਤੇ ਇਸ ਮੁਕੱਦਮੇ ਵਿੱਚ ਸਬੰਧਤ ਹਲਕਾ ਪਟਵਾਰੀ ਅਤੇ ਨਾਇਬ ਤਹਿਸੀਲਦਾਰ ਦੀ ਭੂਮਿਕਾ ਦੀ ਜਾਂਚ ਵੀ ਕੀਤੀ ਜਾਵੇਗੀ।ਉਨ੍ਹਾਂ ਦੱਸਿਆ ਕਿ ਇਸ ਸਬੰਧੀ ਵਿਜੀਲੈਂਸ ਬਿਊਰੋ ਥਾਣਾ ਅੰਮ੍ਰਿਤਸਰ ਰੇਂਜ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਕੇਸ ਦਰਜ ਕੀਤਾ ਗਿਆ ਹੈ ਅਤੇ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

## ਅਸ਼ੀਸ਼ ਅੱਗਰਵਾਲ 'ਆਪ' ਯੂਥ ਵਿੰਗ ਦੇ ਵਾਈਸ ਪ੍ਰਧਾਨ ਨਿਯੁਕਤ

**ਸ਼ਾਹਕੋਟ (ਗਿਆਨ ਸੈਦਪੁਰੀ)**- ਆਮ ਆਦਮੀ ਪਾਰਟੀ ਸ਼ਾਹਕੋਟ ਦੇ ਨੌਜਵਾਨ ਆਗੂ ਅਸ਼ੀਸ਼ ਅੱਗਰਵਾਲ ਦੀਆਂ ਪਾਰਟੀ ਪ੍ਰਤੀ ਦਿੱਤੀਆਂ ਜਾ ਰਹੀਆਂ ਸੇਵਾਵਾਂ ਨੂੰ ਦੇਖਦਿਆਂ ਆਮ ਆਦਮੀ ਪਾਰਟੀ ਵੱਲੋਂ ਜਲੰਧਰ ਯੂਥ ਵਿੰਗ ਦਾ ਜ਼ਿਲ੍ਹਾ ਵਾਇਸ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ।ਅਸ਼ੀਸ਼ ਅੱਗਰਵਾਲ ਵੱਲੋਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਹਲਕਾ ਇਨਚਾਰਜ ਪਰਮਿੰਦਰ ਸਿੰਘ ਪਿੰਦਰ ਪੰਡੋਰੀ, ਮਹਿਲਾ ਵਿੰਗ ਪੰਜਾਬ ਦੇ ਵਾਈਸ ਪ੍ਰਧਾਨ ਬੀਬੀ ਰਣਜੀਤ ਕੌਰ ਕਾਕੜ ਕਲਾਂ ਅਤੇ ਸਮੁੱਚੀ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਵੱਲੋਂ ਦਿੱਤੀ ਗਈ ਜ਼ਿੰਮੇਵਾਰੀ ਨੂੰ ਉਹ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣਗੇ। ਇਸ ਮੌਕੇ ਅਸ਼ੀਸ਼ ਅੱਗਰਵਾਲ ਨੂੰ ਦਿੱਤੀ ਗਈ ਜ਼ਿੰਮੇਵਾਰੀ 'ਤੇ ਅਜ਼ਾਦ ਸਪੋਰਟਸ ਕਲੱਬ ਸ਼ਾਹਕੋਟ ਦੇ ਪ੍ਰਧਾਨ ਬੂਟਾ ਸਿੰਘ ਕਲਸੀ, ਸਾਬਕਾ ਐਮ. ਸੀ. ਮਾਸਟਰ ਜਤਿੰਦਰਪਾਲ ਸਿੰਘ ਬੱਲ੍ਹਾ, ਸਮਾਜ ਸੇਵਕ ਮਦਨ ਲਾਲ ਅਰੋੜਾ, ਮਾਰਕਿਟ ਕਮੇਟੀ ਮਹਿਤਪੁਰ ਦੇ ਚੇਅਰਮੈਨ ਬਲਕਾਰ ਸਿੰਘ ਚੱਠਾ, ਡਾ. ਬੀ. ਆਰ ਅੰਬੇਡਕਰ ਆਰਮੀ ਦੇ ਸੂਬਾ ਪ੍ਰਧਾਨ ਕੁਲਵੰਤ ਸਿੰਘ ਢੰਡੋਵਾਲ, ਮਨੋਜ ਅਰੋੜਾ, ਮੰਗਾ ਮੱਟੂ, ਮਨਦੀਪ ਝੀਤਾ, ਕਪਿਲ ਚੋਪੜਾ, ਨਰੇਸ਼ ਰੌਤ, ਰਿੰਕੂ ਮੱਟੂ ਆਦਿ ਨੇ ਵਧਾਈ ਦਿੱਤੀ।

## ਦੋ ਸਾਲਾਂ ਤੋਂ ਨਗਰ ਨਿਗਮ ਚੋਣਾਂ ਨਾ ਹੋਣ ਕਾਰਨ ਸ਼ਹਿਰ ਦੀ ਹਾਲਤ ਬਦਤਰ : ਔਜਲਾ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**- ਸ਼ਹਿਰ ਵਿੱਚ ਲਗਾਤਾਰ ਵੱਧ ਰਹੀ ਗੰਦਗੀ, ਸੀਵਰੇਜ ਅਤੇ ਟੁੱਟੀਆਂ ਸੜਕਾਂ ਦੀ ਸਮੱਸਿਆ ਨੂੰ ਨਜ਼ਰਅੰਦਾਜ਼ ਕਰਕੇ ਸੁੱਤੀ ਹੋਈ ਨਗਰ ਨਿਗਮ ਨੂੰ ਜਗਾਉਣ ਲਈ ਸਮੁੱਚੀ ਕਾਂਗਰਸ ਲੀਡਰਸ਼ਿਪ ਅੱਜ 24 ਮਈ ਨੂੰ ਸੜਕਾਂ 'ਤੇ ਉਤਰੇਗੀ। ਐਮ ਕੇ ਹੋਟਲ, ਰਣਜੀਤ ਐਵੀਨਿਊ ਦੇ ਬਾਹਰ ਤੋਂ ਰੋਸ ਮਾਰਚ ਕੱਢਿਆ ਜਾਵੇਗਾ ਅਤੇ ਨਗਰ ਨਿਗਮ ਕਮਿਸ਼ਨਰ ਨੂੰ ਮੰਗ ਪੱਤਰ ਸੌਂਪਿਆ ਜਾਵੇਗਾ। ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਨੇ ਕਿਹਾ ਕਿ ਸ਼ਹਿਰ ਵਿੱਚ ਥਾਂ-ਥਾਂ ਗੰਦਗੀ ਦੇ ਢੇਰ ਲੱਗੇ ਹੋਏ ਹਨ, ਭਗਤਾਂਵਾਲਾ ਡੰਪ ਦੇ ਮਾੜੇ ਪ੍ਰਬੰਧਾਂ ਕਾਰਨ ਗੰਦਗੀ ਫੈਲੀ ਹੋਈ ਹੈ, ਸੀਵਰੇਜ ਜਾਮ ਹੈ, ਪੀਣ ਵਾਲਾ ਪਾਣੀ ਗੰਦਾ ਆ ਰਿਹਾ ਹੈ ਅਤੇ ਸ਼ਹਿਰ ਦੀਆਂ ਸੜਕਾਂ ਬੁਰੀ ਤਰ੍ਹਾਂ ਟੁੱਟੀਆਂ ਹੋਈਆਂ ਹਨ। ਲੋਕ ਲਗਾਤਾਰ ਪ੍ਰੇਸ਼ਾਨ ਅਤੇ ਮਿੰਨਤਾਂ ਕਰ ਰਹੇ ਹਨ ਪਰ ਨਗਰ ਨਿਗਮ ਦੇ ਅਧਿਕਾਰੀ ਸੁੱਤੇ ਪਏ ਹਨ। ਆਮ ਆਦਮੀ ਪਾਰਟੀ ਨੇ ਪਿਛਲੇ ਦੋ ਸਾਲਾਂ ਤੋਂ ਨਗਰ ਨਿਗਮ ਚੋਣਾਂ ਨਹੀਂ ਕਰਵਾਈਆਂ ਜਿਸ ਕਾਰਨ ਕੋਈ ਵੀ ਇਸ ਸਮੱਸਿਆ ਦੇ ਹੱਲ ਲਈ ਆਪਣੀ ਜ਼ਿੰਮੇਵਾਰੀ ਨਹੀਂ ਸਮਝ ਰਿਹਾ। ਇਸ ਲਈ ਭਲਕੇ ਕਾਂਗਰਸ ਦੀ ਸਮੁੱਚੀ ਲੀਡਰਸ਼ਿਪ ਦੀ ਅਗਵਾਈ ਵਿੱਚ ਸ਼ਹਿਰ ਵਿੱਚ ਰੋਸ ਮਾਰਚ ਕੱਢਿਆ ਜਾਵੇਗਾ ਅਤੇ ਨਗਰ ਨਿਗਮ ਕਮਿਸ਼ਨਰ ਨੂੰ ਮੰਗ ਪੱਤਰ ਸੌਂਪਿਆ ਜਾਵੇਗਾ।

## ਕਰੰਟ ਲਗਣ ਨਾਲ ਵਿਅਕਤੀ ਦੀ ਮੌਤ

**ਗੁਰਦਾਸਪੁਰ, (ਜਨਕ ਮਹਾਜਨ)**- ਥਾਣਾ ਘੁੰਮਣ ਕਲਾਂ ਅਧੀਨ ਪੈਂਦੇ ਪਿੰਡ ਭੰਡਾਲ ਦੇ ਇੱਕ ਵਿਅਕਤੀ ਦੀ ਬਿਜਲੀ ਮੁਲਾਜ਼ਮਾਂ ਦੀ ਅਣਗਹਿਲੀ ਕਾਰਨ ਮੌਤ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਰਣਜੀਤ ਨੇ ਦੱਸਿਆ ਕਿ ਮੇਰਾ ਪਤੀ ਵਿਕਟਰ ਮਸੀਹ 17 ਮਈ ਨੂੰ ਘਰ ਵਿੱਚ ਆਏ ਬਿਜਲੀ ਮੁਲਾਜ਼ਮ ਸਰਵਣ ਸਿੰਘ ਵਾਸੀ ਦੂਲਾ ਨਗਲ, ਗੁਰਦੀਪ ਸਿੰਘ ਲਾਈਨਮੈਨ, ਬਿਕਰਮਜੀਤ ਸਿੰਘ ਅਤੇ ਸਤਿੰਦਰ ਸਿੰਘ ਦੇ ਕਹਿਣ 'ਤੇ ਉਨ੍ਹਾਂ ਦੇ ਨਾਲ ਟਰਾਂਸਫਾਰਮਰ ਠੀਕ ਕਰਨ ਲਈ ਉਨ੍ਹਾਂ ਦੇ ਕਹਿਣ 'ਤੇ ਬਾਹਰ ਚਲਾ ਗਿਆ। ਬਿਜਲੀ ਮੁਲਾਜ਼ਮਾਂ ਨੇ ਮੇਰੇ ਪਤੀ ਨੂੰ ਟਰਾਂਸਫਾਰਮ 'ਤੇ ਚਾੜ ਦਿੱਤਾ ਜਿਸ ਨਾਲ ਵਿਕਟਰ ਮਸੀਹ ਦੀ ਕਰੰਟ ਲੱਗਣ ਨਾਲ ਹੇਠਾ ਡਿੱਗ ਗਿਆ ਜਿਸ ਨੂੰ ਸਿਵਲ ਹਸਪਤਾਲ ਗੁਰਦਾਸਪੁਰ ਵਿਖੇ ਦਾਖਲ ਕਰਵਾਇਆ ਗਿਆ ਜਿੱਥੇ ਉਸ ਦੀ ਮੌਤ ਹੋ ਗਈ 21 ਮਈ ਨੂੰ ਮੌਤ ਹੋ ਗਈ। ਪੁਲਸ ਨੇ ਉਕਤ ਦੋਸ਼ੀਆਂ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਕਰ ਦਿੱਤੀ ਹੈ।

## ਗੁਰਸੇਵਕ ਸਿੰਘ ਸ਼ੇਖ ਨੇ ਗੁਰਮੱਖ ਸਿੰਘ ਨਾਲ ਕੀਤਾ ਦੁੱਖ ਸਾਂਝਾ



**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)** ਪਿੰਡ ਗੋਰਖਾ ਦੇ ਅਕਾਲੀ ਆਗੂ ਗੁਰਮੁੱਖ ਸਿੰਘ ਜਿਨ੍ਹਾਂ ਦੇ ਪਤਨੀ ਪਰਮਜੀਤ ਕੌਰ ਜੋ ਬੀਤੇ ਦਿਨੀ ਇਸ ਫਾਨੀ ਸੰਸਾਰ ਨੂੰ ਅਲਵਿਦਾ ਕਹਿ ਕੇ ਗੁਰੂ ਚਰਨਾ ਵਿਚ ਜਾ ਬਿਰਾਜੇ ਸਨ। ਸ਼੍ਰੋਮਣੀ ਅਕਾਲੀ ਦਲ ਦੇ ਕੋਰ ਕਮੇਟੀ ਮੈਂਬਰ ਗੁਰਸੇਵਕ ਸਿੰਘ ਸ਼ੇਖ ਅਕਾਲੀ ਆਗੂ ਗਰਮੁੱਖ ਸਿੰਘ ਨਾਲ ਦੁੱਖ ਸਾਂਝਾ ਕਰਨ ਪਹੁੰਚੇ।ਉਨ੍ਹਾਂ ਕਿਹਾ ਸ਼੍ਰੋਮਣੀ ਅਕਾਲੀ ਦਲ ਇਸ ਦੁੱਖ ਦਿੱਤਾ ਘੜੀ ਵਿਚ ਗੁਰਮੁਖ ਸਿੰਘ ਨਾਲ ਖੜਾ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਕੁਲਦੀਪ ਸਿੰਘ ਮੰਤਰੀ ਗੋਰਖਾ, ਜੋਗਿੰਦਰ ਸਿੰਘ ਸੰਮਤੀ ਮੈਂਬਰ ਕੁਲਵਿੰਦਰ ਸਿੰਘ ਸਾਬਕਾ ਸਰਪੰਚ, ਚਮਕੌਰ ਸਿੰਘ ਸਰਵਨ ਸਿੰਘ, ਗੁਰਪ੍ਰੀਤ ਸਿੰਘ ਸਰਪੰਚ ਖਹਿਰਾ ਤੋਂ ਇਲਾਵਾ ਹੋਰ ਅਕਾਲੀ ਵਰਕਰ ਹਾਜ਼ਰ ਸਨ।

## ਹਲਕਾ ਕੋਆਰਡੀਨੇਟਰ ਆਪ ਨਿੱਕੋਸਰਾ ਸਾਥੀਆਂ ਸਮੇਤ ਭਾਜਪਾ 'ਚ ਸ਼ਾਮਲ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**
ਹਲਕਾ ਡੇਰਾ ਬਾਬਾ ਨਾਨਕ 'ਚ ਆਮ ਆਦਮੀ ਪਾਰਟੀ ਨੂੰ ਉਸ ਵੇਲੇ ਵੱਡਾ ਝਟਕਾ ਲੱਗਾ ਜਦੋਂ ਆਪ ਐੱਸ ਸੀ ਵਿੰਗ ਦੇ ਹਲਕਾ ਕੋਆਰਡੀਨੇਟਰ ਰੂਪ ਤੇਜਿੰਦਰ ਸਿੰਘ ਨਿੱਕੋਸਰਾ ਆਮ ਆਦਮੀ ਪਾਰਟੀ ਨੂੰ ਅਲਵਿਦਾ ਆਖ ਕੇ ਸੀਨੀਅਰ ਸਾਥੀਆਂ ਸਮੇਤ ਬੀ ਜੇ ਪੀ 'ਚ ਸ਼ਾਮਲ ਹੋ ਗਏ।ਇਸ ਮੌਕੇ ਗੁਜਰਾਤ ਦੇ ਸਾਬਕਾ ਮੁੱਖ ਮੰਤਰੀ ਤੇ ਲੋਕ ਸਭਾ ਚੋਣਾਂ ਦੇ ਪੰਜਾਬ ਪ੍ਰਭਾਰੀ ਵਿਜੇ ਰੂਪਾਨੀ, ਲੋਕ ਸਭਾ ਹਲਕਾ ਗੁਰਦਾਸਪੁਰ ਦੇ ਇੰਚਾਰਜ ਰਕੇਸ਼ ਸ਼ਰਮਾ, ਬਲਵਿੰਦਰ ਲਾਡੀ ਸਾਬਕਾ ਐੱਮ.ਐੱਲ. ਏ ਹਲਕਾ ਸ੍ਰੀ ਹਰਗੋਬਿੰਦਪੁਰ ਸਾਹਿਬ ਚੇਅਰਮੈਨ ਪੰਚਾਇਤੀ ਰਾਜ ਪੰਜਾਬ ਬੀ ਜੇ ਪੀ ਵੱਲੋਂ ਬੀ ਜੇ ਪੀ ਪਾਰਟੀ 'ਚ ਸ਼ਾਮਿਲ ਹੋਏ ਰੂਪ ਤੇਜਿੰਦਰ ਸਿੰਘ ਨਿੱਕੋਸਰਾ, ਸਰਪੰਚ ਅੰਮ੍ਰਿਤਪਾਲ ਸਿੰਘ, ਬਲਵਿੰਦਰ ਸਿੰਘ ਮੰਗਾ ਕੋਟਲੀ ਤੇ ਹੋਰ ਵਰਕਰਾਂ ਦਾ ਸਵਾਗਤ ਕੀਤਾ ਗਿਆ ਅਤੇ



ਪਾਰਟੀ ਹਾਈਕਮਾਂਡ ਦੀਆਂ ਹਦਾਇਤਾਂ ਅਨੁਸਾਰ ਬਣਦਾ ਮਾਣ ਸਤਿਕਾਰ ਦੇਣ ਦਾ ਵਿਸ਼ਵਾਸ ਦਿਵਾਇਆ।ਇਸ ਮੌਕੇ ਬੀ ਜੇ ਪੀ 'ਚ ਸ਼ਾਮਲ ਹੋਏ ਸਮੂਹ ਆਗੂਆਂ ਨੇ ਲੋਕ ਸਭਾ ਚੋਣਾਂ 'ਚ ਬੀ ਜੇ ਪੀ ਪਾਰਟੀ ਲਈ ਦਿਨ ਰਾਤ ਮਿਹਨਤ ਕਰਕੇ ਉਮੀਦਵਾਰ ਦਿਨੇਸ਼ ਸਿੰਘ ਬੱਬੂ ਨੂੰ ਲੋਕ ਸਭਾ ਹਲਕਾ ਗੁਰਦਾਸਪੁਰ ਅਧੀਨ ਪੈਂਦੇ ਵੱਖ ਵੱਖ ਸ਼ਹਿਰਾਂ ਕਸਬਿਆਂ ਅਤੇ ਪਿੰਡਾਂ 'ਚ ਪਹੁੰਚ ਕਰਕੇ ਭਾਰੀ ਵੋਟਾਂ ਪਵਾ ਕੇ ਵੱਡੀ ਲੀਡ ਨਾਲ ਜਿਤਾਉਣ ਭਰੋਸਾ ਦਿਵਾਇਆ।

## ਐਸ ਡੀ ਓ ਰਾਜਬੀਰ ਸਿੰਘ ਢਿੱਲੋਂ ਨੇ ਸਬ ਅਰਬਨ ਪੱਟੀ ਦਾ ਚਾਰਜ ਸੰਭਾਲਿਆ

**ਪੱਟੀ (ਸ਼ਮਸ਼ੇਰ ਸਿੰਘ ਯੋਧਾ)**-ਸਬ ਡਵੀਜ਼ਨ ਪੱਟੀ ਵਿਖੇ ਪੀ.ਐਸ.ਪੀ.ਸੀ.ਐਲ ਮਹਿਕਮੇ ਵਿੱਚ ਰਾਜਬੀਰ ਸਿੰਘ ਢਿੱਲੋਂ ਬਤੌਰ ਜੇ.ਈ ਵਜੋਂ



ਕਰੀਬ ਪਿਛਲੇ ਸਤਾਰਾਂ ਸਾਲਾਂ ਤੋਂ ਬਹੁਤ ਵਧੀਆ ਸੇਵਾਵਾਂ ਨਿਭਾ ਰਹੇ ਹਨ ਜਿਨ੍ਹਾਂ ਨੂੰ ਪੰਜਾਬ ਰਾਜ ਕਾਰਪੋਰੇਸ਼ਨ ਵੱਲੋਂ ਤਰੱਕੀ ਦਿੱਤੀ ਗਈ ਅਤੇ ਬੀਤੇ ਕੱਲ੍ਹ ਪਦਉੱਨਤ ਹੋਏ ਰਾਜਬੀਰ ਸਿੰਘ ਢਿੱਲੋਂ ਨੂੰ ਐਸ.ਡੀ.ਓ ਸਬ ਅਰਬਨ ਪੱਟੀ ਵਿਖੇ ਨਿਯੁਕਤ ਕੀਤਾ ਗਿਆ। ਇਸ ਮੌਕੇ ਨਵਨਿਯੁਕਤ ਐਸ.ਡੀ.ਓ ਰਾਜਬੀਰ ਸਿੰਘ ਢਿੱਲੋਂ ਨੂੰ ਪੰਜਾਬ ਰਾਜ ਕਾਰਪੋਰੇਸ਼ਨ ਮਹਿਕਮੇ ਦੇ ਸੀਨੀਅਰ ਅਧਿਕਾਰੀਆਂ ਅਤੇ ਪਤਿਵੰਤੇ ਸੱਜਣਾਂ ਨੇ ਅਹੁਦਾ ਸੰਭਾਲਣ 'ਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਅਤੇ ਸ਼ੁੱਭਕਾਮਨਾਵਾਂ ਦਿੱਤੀਆਂ। ਇਸ ਮੌਕੇ ਰਾਜਬੀਰ ਸਿੰਘ ਢਿੱਲੋਂ ਨੂੰ ਵਧਾਈ ਦੇਣ ਲਈ ਉਚੇਚੇ ਤੌਰ 'ਤੇ ਪਹੁੰਚੇ ਐਕਸੀਅਨ ਵਿਜੈਪਾਲ ਸਿੰਘ, ਐਸ ਡੀ ਓ ਜਸਵਿੰਦਰ ਸਿੰਘ, ਐਸ ਡੀ ਓ ਅਮਰਜੀਤ ਸਿੰਘ, ਐਸ ਡੀ ਓ ਬਲਜਿੰਦਰ ਸਿੰਘ ਤਰਨ ਤਾਰਨ, ਆਰ ਏ ਕਰਮ ਸਿੰਘ, ਹਰਜਿੰਦਰ ਸਿੰਘ ਚੌਹਾਨ, ਜੇ.ਈ. ਮਨਜੀਤ ਸਿੰਘ ਮੀਤ ਪ੍ਰਧਾਨ ਪੰਜਾਬ, ਮੇਜਰ ਸਿੰਘ ਮੱਲੀਆਂ ਸਰਕਲ ਪ੍ਰਧਾਨ, ਕੁਲਵੰਤ ਸਿੰਘ ਮੱਲੀਆਂ ਸਰਕਲ ਪ੍ਰਧਾਨ, ਆਰ.ਏ. ਸਤਨਾਮ ਸਿੰਘ, ਜੇ.ਈ. ਗੁਰਮੀਤ ਸਿੰਘ, ਜੇ.ਈ ਸੁਖਜੀਤ ਸਿੰਘ, ਜੁਗਰਾਜ ਸਿੰਘ ਐਸ.ਐਸ.ਏ, ਮਨਪ੍ਰੀਤ ਸਿੰਘ ਐਮ.ਪੀ. ਅਮਰਜੀਤ ਸਿੰਘ, ਕੰਵਲਬੀਰ ਸਿੰਘ ਮੀਟਰ ਰੀਡਰ ਆਦਿ ਹਾਜ਼ਰ ਸਨ।

## ਗੁਰਦੁਆਰਾ ਮੰਜੀ ਸਾਹਿਬ ਪਾਤਸ਼ਾਹੀ ਨੌਵੀ ਦੇ ਇਤਿਹਾਸ ਨਾਲ ਸਬੰਧਤ ਰਣਧੀਰ ਸਿੰਘ ਸੰਭਲ ਦੀ ਪੁਸਤਕ ਜਾਰੀ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**
ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਨਾਲ ਸਬੰਧਤ ਇਤਿਹਾਸਕ ਅਸਥਾਨ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਪਾਤਸ਼ਾਹੀ ਨੌਵੀ (ਨਵਾਂ ਸ਼ਹਿਰ) ਦੇ ਇਤਿਹਾਸ ਨਾਲ ਸਬੰਧਤ ਪੁਸਤਕ ਨੂੰ ਸ਼੍ਰੋਮਣੀ ਕਮੇਟੀ ਦੇ ਮੈਂਬਰ ਭਾਈ ਮਨਜੀਤ ਸਿੰਘ ਭੂਰਾਕੋਹਨਾ ਤੇ ਸ਼੍ਰੋਮਣੀ ਕਮੇਟੀ ਪ੍ਰਧਾਨ ਦੇ ਓ ਐਸ ਡੀ ਸਤਬੀਰ ਸਿੰਘ ਧਾਮੀ ਵੱਲੋਂ ਜਾਰੀ ਕੀਤੀ ਗਈ। ਇਹ ਪੁਸਤਕ ਰਣਧੀਰ ਸਿੰਘ ਸੰਭਲ ਵੱਲੋਂ ਲਿਖੀ ਗਈ ਹੈ, ਜਿਸ ਨੂੰ ਮਿਸਲ ਸ਼ਹੀਦਾਂ ਤਰਨਾ ਦਲ ਵੱਲੋਂ ਛਪਵਾਇਆ ਗਿਆ ਹੈ। ਪੁਸਤਕ ਸਬੰਧੀ ਗੱਲਬਾਤ ਕਰਦਿਆਂ ਰਣਧੀਰ ਸਿੰਘ ਸੰਭਲ ਨੇ ਕਿਹਾ ਕਿ ਨਵਾਂ ਸ਼ਹਿਰ ਜ਼ਿਲ੍ਹੇ ਅੰਦਰ ਸਥਿਤ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਪਾਤਸ਼ਾਹ ਨੌਵੀ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਨਾਲ ਸਬੰਧਤ ਹੈ, ਜਿਸ ਦੇ ਇਤਿਹਾਸ ਤੋਂ ਸੰਗਤਾਂ ਨੂੰ ਜਾਣੂ ਕਰਵਾਉਣ ਲਈ ਇਹ ਪੁਸਤਕ ਤਿਆਰ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਸੰਗਤਾਂ ਇਸ ਪੁਸਤਕ ਰਾਹੀਂ ਗੁਰਦੁਆਰਾ ਸਾਹਿਬ ਦੇ ਇਤਿਹਾਸ ਤੋਂ ਜਾਣੂ ਹੋਣਗੀਆਂ। ਇਸ ਮੌਕੇ ਸਕੱਤਰ ਬਲਵਿੰਦਰ ਸਿੰਘ ਕਾਹਲਵਾਂ, ਕੁਲਵਿੰਦਰ ਸਿੰਘ ਰਮਦਾਸ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੈਨੇਜਰ ਭਗਵੰਤ ਸਿੰਘ ਧੰਗੇੜਾ, ਮੀਤ ਸਕੱਤਰ ਸ਼ਾਹਬਾਜ਼ ਸਿੰਘ, ਹਰਭਜਨ ਸਿੰਘ ਵਕਤਾ, ਇੰਚਾਰਜ ਪ੍ਰਜਿੰਦਰ ਸਿੰਘ ਆਦਿ ਹਾਜ਼ਰ ਸਨ।

## ਦਫਤਰ ਦੇ ਉਦਘਾਟਨ ਮੌਕੇ ਸ਼੍ਰੀ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਪਾਏ

**ਜੰਡਿਆਲਾ ਗੁਰੂ ( ਹਰਿੰਦਰ ਪਾਲ ਸਿੰਘ )**- ਅੰਮ੍ਰਿਤਪਾਲ ਸਿੰਘ ਮਲਹੋਤਰਾ ਵੱਲੋਂ ਅਪਣੇ ਦਫਤਰ ਦੇ ਮਹੂਰਤ ਮੌਕੇ ਆਈ ਹੋਈ ਸੰਗਤ ਵੱਲੋਂ ਸ਼੍ਰੀ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਪਵਾਏ ਗਏ। ਉਪਰੰਤ ਗੁਰਦੁਆਰਾ ਸਿੰਘ ਸਭਾ ਦੇ ਮੁੱਖ ਗ੍ਰੰਥੀ ਅਤੇ ਹੋਰ ਕੀਰਤਨੀ ਜਥਿਆਂ ਵੱਲੋਂ ਸ਼ਬਦ ਕੀਰਤਨ ਗਾਏ ਗਏ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਐਮ ਡੀ ਅੰਮ੍ਰਿਤਪਾਲ ਸਿੰਘ ਮਲਹੋਤਰਾ ਨੇ ਕਿਹਾ ਕਿ



ਉਹਨਾਂ ਵੱਲੋਂ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਬੇਸ 'ਤੇ ਵਿਦੇਸ਼ਾਂ 'ਚ ਭੇਜਣ ਲਈ ਇਹ ਆਈਲਟਸ ਸੈਂਟਰ ਖੋਲ੍ਹਿਆ ਗਿਆ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਮਨਜਿੰਦਰ ਸਿੰਘ, ਮਨਮੋਹਨ ਸਿੰਘ, ਰਣਧੀਰ ਸਿੰਘ ਮੀਤ ਪ੍ਰਧਾਨ ਨਗਰ ਕੌਂਸਲ, ਵਰਿੰਦਰ ਸਿੰਘ, ਪਰਤਾਪ ਸਿੰਘ ਕਾਂਗਰਸੀ ਆਗੂ, ਅਮਰੀਕ ਸਿੰਘ ਮਲਹੋਤਰਾ, ਡਾ ਰਮਨਜੋਤ ਕੌਰ, ਸਾਹਿਲ ਅਰੋੜਾ , ਅਰਵਿੰਦਰ ਸਿੰਘ ਮਲਹੋਤਰਾ, ਹਰਦੇਵ ਸਿੰਘ, ਗੁਰਚਰਨ ਕੌਰ, ਗੁਰਸ਼ਰਨ ਕੌਰ, ਸੁਰਿੰਦਰ ਕੌਰ, ਰੁਪਿੰਦਰ ਕੌਰ, ਪ੍ਰਭਜੋਤ ਸਿੰਘ, ਨਵਜੋਤ ਸਿੰਘ, ਤਰਲੋਚਨ ਸਿੰਘ, ਸੁਖਵੰਤ ਸਿੰਘ, ਜੋਗਿੰਦਰ ਸਿੰਘ, ਪਲਵਿੰਦਰ ਸਿੰਘ, ਹੈਰੀ ਮਲਹੋਤਰਾ ਆਦਿ ਹਾਜ਼ਰ ਸਨ।

## ਡਿਪਟੀ ਕਮਿਸ਼ਨਰ ਨੇ ਪ੍ਰਧਾਨ ਮੰਤਰੀ ਮੋਦੀ ਦੀ ਆਮਦ 'ਤੇ ਕਾਨੂੰਨ ਵਿਵਸਥਾ ਤੇ ਸੁਰੱਖਿਆ ਪ੍ਰਬੰਧਾਂ ਦਾ ਕੀਤਾ ਰੀਵਿਊ

**ਗੁਰਦਾਸਪੁਰ, (ਜਨਕ ਮਹਾਜਨ)**- ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਕਾਨਫ਼ਰੰਸ ਹਾਲ ਵਿੱਚ ਵੱਖ-ਵੱਖ ਵਿਭਾਗਾਂ ਦੇ ਮੁਖੀਆਂ ਨਾਲ ਮੀਟਿੰਗ ਕਰਕੇ ਵੀਰਵਾਰ ਦੀਨਾਨਗਰ ਵਿਖੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਆਮਦ ਸਬੰਧੀ ਕਾਨੂੰਨ ਵਿਵਸਥਾ ਅਤੇ ਸੁਰੱਖਿਆ ਪ੍ਰਬੰਧਾਂ ਦਾ ਜਾਇਜ਼ਾ ਲਿਆ। ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ ਨੇ ਦੱਸਿਆ ਕਿ ਪ੍ਰਧਾਨ ਮੰਤਰੀ ਮੋਦੀ 24 ਮਈ ਨੂੰ ਦੀਨਾਨਗਰ ਦੇ ਨੇੜੇ ਬਾਈਪਾਸ ਕੋਲ ਇੱਕ ਚੋਣ ਰੈਲੀ ਨੂੰ ਸੰਬੋਧਨ ਕਰਨ ਆ ਰਹੇ ਹਨ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਗੁਰਦਾਸਪੁਰ ਵਿੱਚ ਪ੍ਰਧਾਨ ਮੰਤਰੀ ਦੀ ਆਮਦ ਨੂੰ ਮੁੱਖ ਰੱਖਦੇ ਹੋਏ ਸੁਰੱਖਿਆ ਦੇ ਪੁਖ਼ਤਾ ਪ੍ਰਬੰਧ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਮਾਣਯੋਗ ਪ੍ਰਧਾਨ ਮੰਤਰੀ ਦੀ ਫੇਰੀ ਦੌਰਾਨ ਜਿਨ੍ਹਾਂ ਵੀ ਅਧਿਕਾਰੀਆਂ ਤੇ ਕਰਮਚਾਰੀਆਂ ਦੀ ਡਿਊਟੀ ਕਾਨੂੰਨ ਵਿਵਸਥਾ ਦੀ ਬਹਾਲੀ ਅਤੇ ਸੁਰੱਖਿਆ ਪ੍ਰਬੰਧਾਂ ਵਿੱਚ ਲੱਗੀ ਹੈ ਉਸ ਨੂੰ ਪੂਰੀ ਜ਼ਿੰਮੇਵਾਰੀ ਨਾਲ ਨਿਭਾਇਆ ਜਾਵੇ। ਇਸ ਮੌਕੇ ਉਨ੍ਹਾਂ ਅਧਿਕਾਰੀਆਂ ਨੂੰ ਉਨ੍ਹਾਂ ਦੀ ਡਿਊਟੀ ਸਬੰਧੀ ਜ਼ਰੂਰੀ ਦਿਸ਼ਾ-ਨਿਰਦੇਸ਼ ਵੀ ਦਿੱਤੇ। ਮੀਟਿੰਗ ਦੌਰਾਨ ਐੱਸ.ਡੀ.ਐੱਮ. ਦੀਨਾਨਗਰ ਗੁਰਦੇਵ ਸਿੰਘ ਧਾਮ, ਐੱਸ.ਡੀ.ਐੱਮ. ਗੁਰਦਾਸਪੁਰ ਡਾ. ਕਰਮਜੀਤ ਸਿੰਘ, ਸਹਾਇਕ ਕਮਿਸ਼ਨਰ (ਜ) ਅਸ਼ਵਨੀ ਅਰੋੜਾ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

## ਸੱਚਰ ਨੇ ਗੁਰਜੀਤ ਸਿੰਘ ਔਜਲਾ ਦੇ ਹੱਕ 'ਚ ਕੀਤੀ ਮੀਟਿੰਗ

**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**
ਲੋਕ ਸਭਾ ਹਲਕਾ ਅੰਮ੍ਰਿਤਸਰ ਤੋਂ ਕਾਂਗਰਸ ਪਾਰਟੀ ਦੇ ਉਮੀਦਵਾਰ ਗੁਰਜੀਤ ਸਿੰਘ ਔਜਲਾ ਦੇ ਹੱਕ 'ਚ ਵਿਧਾਨ ਸਭਾ ਹਲਕਾ ਮਜੀਠਾ ਦੇ



ਪਿੰਡ ਮੱਤੇਵਾਲ ਵਿਖੇ ਅਸ਼ੋਕ ਕੁਮਾਰ ਦੇ ਗ੍ਰਹਿ ਵਿਖੇ ਚੋਣ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਾਂਗਰਸ ਪਾਰਟੀ ਹਲਕਾ ਮਜੀਠਾ ਦੇ ਇੰਚਾਰਜ ਭਗਵੰਤ ਪਾਲ ਸਿੰਘ ਸੱਚਰ ਨੇ ਕਿਹਾ ਕਿ ਭਾਰਤੀ ਜਨਤਾ ਪਾਰਟੀ ਨੇ ਘੱਟ ਗਿਣਤੀਆਂ ਅਤੇ ਹੋਰ ਕਈ ਭਾਈਚਾਰਿਆਂ ਦੇ ਹਾਲਾਤ ਇੰਨੇ ਬਦਤਰ ਕਰ ਦਿੱਤੇ ਹਨ ਕਿ ਉਨ੍ਹਾਂ ਦਾ ਜਿਊਣਾ ਮੁਸ਼ਕਲ ਹੋ ਗਿਆ ਹੈ। ਸੱਚਰ ਨੇ ਕਿਹਾ ਕਿ ਪੰਜਾਬ ਵਿੱਚ ਬਦਲਾਅ ਦੇ ਨਾਂ 'ਤੇ ਸੱਤਾ ਵਿਚ ਆਈ ਆਮ ਆਦਮੀ ਪਾਰਟੀ ਵੀ ਉਸ ਤੋਂ ਘੱਟ ਨਹੀਂ ਰਹੀ, ਜਿਸ ਤੋਂ ਦੁਖੀ ਲੋਕਾਂ ਨੂੰ ਹੁਣ ਇੱਕੋ ਇੱਕ ਚਾਨਣ ਦੀ ਕਿਰਨ ਦਿਸ ਰਹੀ ਹੈ ਉਹ ਹੈ ਕੇਂਦਰ ਵਿੱਚ ਕਾਂਗਰਸ ਦੀ ਸਰਕਾਰ ਲਿਆਉਣਾ। ਉਨ੍ਹਾਂ ਕਿਹਾ ਕਿ ਕੇਂਦਰ ਦੀ ਭਾਜਪਾ ਸਰਕਾਰ ਵੱਲੋਂ ਕਿਸਾਨ ਵਿਰੋਧੀ ਕਾਨੂੰਨ ਬਣਾਏ ਗਏ ਸੀ ਜਿਨ੍ਹਾਂ ਨੂੰ ਰੱਦ ਕਰਵਾਉਣ ਲਈ ਲੰਮਾ ਸਮਾਂ ਚੱਲੇ ਸੰਘਰਸ਼ ਤੋਂ ਬਾਅਦ ਆਖਰ ਮੋਦੀ ਸਰਕਾਰ ਨੂੰ ਝੁਕਣਾ ਪਿਆ ਅਤੇ ਤਿੰਨੇ ਕਾਲੇ ਕਾਨੂੰਨ ਵਾਪਸ ਲਏ ਸਨ, ਪਰ ਉਸ ਵੇਲੇ ਵੀ ਕਿਸਾਨਾਂ ਨਾਲ ਧੋਖਾ ਕੀਤਾ ਗਿਆ ਅਤੇ ਐਮ ਐਸ ਪੀ ਗਾਰੰਟੀ ਕਾਨੂੰਨ ਨਹੀਂ ਦਿੱਤਾ,ਜਿਸ ਲਈ ਦੁਬਾਰਾ ਕਿਸਾਨਾਂ ਨੂੰ ਸੰਘਰਸ਼ ਕਰਨਾ ਪੈ ਰਿਹਾ ਹੈ। ਹੁਣ ਇਹ ਇਨਸਾਫ ਕਿਸਾਨਾਂ ਨੂੰ ਕਾਂਗਰਸ ਦਵੇਗੀ। ਮਜੀਠੇ ਦੀ ਰਣਨੀਤੀ ਬਾਰੇ ਹਲਕਾ ਇੰਚਾਰਜ ਸੱਚਰ ਤੇ ਸਮੁੱਚੀ ਟੀਮ ਨਾਲ ਵਿਚਾਰਾਂ ਕੀਤੀਆਂ ਤੇ ਮੁਹਿੰਮ ਨੂੰ ਹੋਰ ਤੇਜ਼ ਚਲਾਉਣ ਦੇ ਆਦੇਸ਼ ਦਿੱਤੇ। ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਸਾਬਕਾ ਚੇਅਰਮੈਨ ਜਗਦੇਵ ਸਿੰਘ ਬੱਗਾ, ਸਤਨਾਮ ਸਿੰਘ ਸਰਪੰਚ ਕਾਜ਼ੀ ਕੋਟ, ਅਸ਼ੋਕ ਕੁਮਾਰ ਮੱਤੇਵਾਲ ਤੇ ਹੋਰ ਆਗੂ ਵੀ ਹਾਜ਼ਰ ਸਨ।

## ਕੁਦਰਤੀ ਪ੍ਰੋਟੀਨ ਨਾਲ ਭਰਪੂਰ ਭੋਜਨ ਜੋ ਪ੍ਰੋਟੀਨ ਪੂਰਕਾਂ ਨੂੰ ਬਦਲ ਸਕਦੈ

**ਲੁਧਿਆਣਾ** : ਹੈਦਰਾਬਾਦ-ਅਧਾਰਤ ਨੈਸ਼ਨਲ ਇੰਸਟੀਚਿਊਟ ਆਫ ਨਿਊਟ੍ਰਿਸ਼ਨ (ਐਨ ਆਈ ਐਨ) ਦੁਆਰਾ ਨਵੇਂ ਜਾਰੀ ਕੀਤੇ ਖੁਰਾਕ ਸੰਬੰਧੀ ਦਿਸ਼ਾ-ਨਿਰਦੇਸ਼ ਸਰੀਰ ਦੇ ਪੁੰਜ ਨੂੰ ਬਣਾਉਣ ਲਈ ਉਹਨਾਂ ਦੀ ਵਰਤੋਂ ਵਿਰੁੱਧ ਸਲਾਹ ਦਿੰਦੇ ਹਨ। ਗੀਤਿਕਾ ਸਮਦਾਰ ਦੁਆਰਾ, ਖੇਤਰੀ ਮੁਖੀ- ਕਲੀਨਿਕਲ ਪੋਸ਼ਣ ਅਤੇ ਖੁਰਾਕ ਵਿਗਿਆਨ ਵਿਭਾਗ, ਮੈਕਸ ਹੈਲਥਕੇਅਰ ਨੇ ਜਾਣਕਾਰੀ ਦਿੰਦੇ ਹੋਏ ਕਿਹਾ ਕਿ ,ਇੱਕ ਤਜਰਬੇਕਾਰ ਆਹਾਰ ਵਿਗਿਆਨੀ ਹੋਣ ਦੇ ਨਾਤੇ, ਮੈਂ ਲਗਾਤਾਰ ਆਪਣੇ ਗਾਹਕਾਂ ਨੂੰ ਪ੍ਰੋਟੀਨ ਪੂਰਕਾਂ ਤੋਂ ਦੂਰ ਰਹਿਣ ਅਤੇ ਬਦਾਮ ਵਰਗੇ ਕੁਦਰਤੀ ਪ੍ਰੋਟੀਨ ਸਰੋਤਾਂ ਨੂੰ ਤਰਜੀਹ ਦੇਣ ਦੀ ਸਲਾਹ ਦਿੰਦਾ ਹਾਂ। ਬਦਾਮ-ਬਦਾਮ ਇੱਕ ਪ੍ਰੋਟੀਨ ਪਾਵਰਹਾਊਸ ਹੈ ਅਤੇ ਇਸ ਜ਼ਰੂਰੀ ਪੌਸ਼ਟਿਕ ਤੱਤ ਦਾ ਇੱਕ ਸ਼ਾਨਦਾਰ ਕੁਦਰਤੀ ਸਰੋਤ ਹੈ। ਕੈਲੀਫੋਰਨੀਆ ਦੇ ਅਲਮੰਡ ਬੋਰਡ ਦੁਆਰਾ ਫੰਡ ਕੀਤੇ ਗਏ ਇੱਕ ਹਾਲ ਹੀ ਵਿੱਚ ਪ੍ਰਕਾਸ਼ਿਤ ਅਧਿਐਨ, ਜਿਸਨੂੰ ਵਿਟਾਰਡ ਅਧਿਐਨ ਕਿਹਾ ਜਾਂਦਾ ਹੈ, ਨੇ ਖੁਲਾਸਾ ਕੀਤਾ ਹੈ ਕਿ ਬਦਾਮ ਖਾਣ ਨਾਲ ਕਸਰਤ ਰਿਕਵਰੀ ਦੇ ਦੌਰਾਨ ਮਾਸਪੇਸ਼ੀਆਂ ਦੇ ਦਰਦ ਦੀਆਂ ਕੁਝ ਭਾਵਨਾਵਾਂ ਘਟਦੀਆਂ ਹਨ।

## ਪੰਡੋਰੀ ਬੈਂਸਾਂ ਤੇ ਬਿਆਨਪੁਰ ਦੇ ਕਈ ਪਰਵਾਰ ਕਾਂਗਰਸ ਛੱਡ ਕੇ 'ਆਪ' ਚ ਸ਼ਾਮਲ

**ਦੀਨਾਨਗਰ-( ਬਲਵਿੰਦਰ ਸਿੰਘ ਬਿੱਲਾ, ਸੰਜੀਵ)**
ਲੋਕ ਸਭਾ ਚੋਣਾਂ ਦੇ ਚੱਲ ਰਹੇ ਚੋਣ ਪ੍ਰਚਾਰ ਦੌਰਾਨ ਵਿਧਾਨਸਭਾ ਹਲਕਾ ਦੀਨਾਨਗਰ ਅੰਦਰ ਕਾਂਗਰਸ ਪਾਰਟੀ ਨੂੰ ਉਸ ਵੇਲੇ ਇਕ ਹੋਰ ਵੱਡਾ ਝਟਕਾ ਲੱਗਾ ਜਦੋਂ ਪਿੰਡ ਬਿਆਨਪੁਰ ਅਤੇ ਪੰਡੋਰੀ ਬੈਂਸਾਂ ਦੇ ਕਈ ਪਰਵਾਰਾਂ ਨੇ ਕਾਂਗਰਸ ਪਾਰਟੀ ਦਾ ਹੱਥ ਛੱਡ ਕੇ ਆਪ ਦਾ ਝਾੜੂ ਚੁੱਕ ਲਿਆ। ਜਿਨ੍ਹਾਂ ਨੂੰ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਤੇ ਪਾਰਟੀ ਦੇ ਜਿਲ੍ਹਾ ਪ੍ਰਧਾਨ ਸ਼ਹਿਰੀ ਤੇ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਵੱਲੋਂ ਸਨਮਾਨਿਤ ਕੀਤਾ ਗਿਆ। ਪਿੰਡ



ਬਿਆਨਪੁਰ ਵਿਖੇ ਕੇਬੀ ਸਿੰਘ, ਸੁਤੰਤਰ ਸਿੰਘ ਅਤੇ ਰਮੇਸ਼ ਸਿੰਘ ਹੈਪੀ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਵਿੱਚ ਕਾਂਗਰਸ ਪਾਰਟੀ ਨੂੰ ਛੱਡ ਕੇ ਆਪ ਵਿੱਚ ਸ਼ਾਮਲ ਹੋਣ ਵਾਲਿਆਂ ਵਿੱਚ ਗੁਰਬਚਨ ਸਿੰਘ, ਬਲਕਾਰ ਸਿੰਘ, ਬਲਵੀਰ ਸਿੰਘ, ਜੋਗਿੰਦਰ ਸਿੰਘ, ਸੁਰਿੰਦਰ ਸਿੰਘ, ਈਸ਼ਵਰ ਸਿੰਘ, ਬਿੰਦਰ ਫੌਜੀ, ਜਗਦੀਸ਼ ਰਾਜ, ਮਹਿੰਦਰ ਪਾਲ, ਸੰਜੂ ਸਿੰਘ, ਅਮਰੀਕ ਸਿੰਘ, ਲਾਡੀ, ਪਰਵੀਨ ਸਿੰਘ, ਅੰਗਰੇਜ ਸਿੰਘ, ਤੋਤੂ ਸਲਾਰੀਆ, ਕੇਵਲ ਸਿੰਘ, ਮੁਕੇਸ਼, ਅਭੀ ਸੁਨਿਆਰਾ ਅਤੇ ਰਮਨ ਕੁਮਾਰ ਦੇ ਨਾਂ ਮੁੱਖ ਤੌਰ ਤੇ ਸ਼ਾਮਲ ਹਨ। ਜਦੋਂਕਿ ਪੰਡੋਰੀ ਬੈਂਸਾਂ ਵਿਖੇ ਬਲਾਕ ਪ੍ਰਧਾਨ ਗੋਰਾ ਕੱਤੋਵਾਲ, ਰਾਮ ਮੂਰਤੀ, ਜੋਗਿੰਦਰ ਪਾਲ ਅਤੇ ਸੰਜੀਵ ਸ਼ਰਮਾ ਦੀ ਅਗਵਾਈ ਹੇਠ ਹੋਈ ਮੀਟਿੰਗ ਦੌਰਾਨ ਆਪ ਵਿੱਚ ਸ਼ਾਮਲ ਹੋਣ ਵਾਲਿਆਂ ਵਿੱਚ ਯਸ਼ਪਾਲ ਸ਼ਰਮਾ, ਕੁਲਦੀਪ ਸ਼ਰਮਾ, ਵਿਨੋਦ ਸ਼ਰਮਾ, ਰਜੇਸ਼ ਸ਼ਰਮਾ, ਸੰਜੀਵ ਸ਼ਰਮਾ, ਗਗਨ ਸ਼ਰਮਾ, ਵਿਸ਼ਾਲ ਸ਼ਰਮਾ, ਨਿਖਿਲ ਸ਼ਰਮਾ, ਸੰਜੀਵ ਕੁਮਾਰ ਅਤੇ ਰਮੇਸ਼ ਸ਼ਰਮਾ ਦੇ ਨਾਂ ਮੁੱਖ ਤੌਰ ਤੇ ਸ਼ਾਮਲ ਹਨ। ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਵਾਲਿਆਂ ਨੂੰ ਸਨਮਾਨਿਤ ਕਰਨ ਮੌਕੇ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਵੱਲੋਂ ਉਹਨਾਂ ਨੂੰ ਪਾਰਟੀ ਅੰਦਰ ਪੂਰੇ ਮਾਣ ਸਤਿਕਾਰ ਦਾ ਭਰੋਸਾ ਦਿਵਾਇਆ ਗਿਆ। ਸੰਬੋਧਨ ਦੌਰਾਨ ਸ਼ਮਸ਼ੇਰ ਸਿੰਘ ਨੇ ਆਮ ਆਦਮੀ ਪਾਰਟੀ ਦੀ ਸਰਕਾਰ ਦੀਆਂ ਪ੍ਰਾਪਤੀਆਂ ਗਿਣਾਉਂਦਿਆਂ ਕਿਹਾ ਕਿ ਆਪ ਸਰਕਾਰ ਨੇ ਬਿਜਲੀ, ਸਿਹਤ ਅਤੇ ਸਿੱਖਿਆ ਦੇ ਖੇਤਰ ਵਿੱਚ ਕ੍ਰਾਂਤੀਕਾਰੀ ਕਦਮ ਚੁੱਕੇ ਹਨ। ਆਮ ਆਦਮੀ ਪਾਰਟੀ ਦੀ ਬਿਜਲੀ ਦੀ ਗਰੰਟੀ ਪੂਰੀ ਹੋਣ ਨਾਲ ਅੱਜ 85 ਫੀਸਦੀ ਲੋਕਾਂ ਦੇ ਘਰਾਂ ਦੇ ਬਿਜਲੀ ਬਿੱਲ ਜ਼ੀਰੋ ਆ ਰਹੇ ਹਨ। ਕਿਸਾਨਾਂ ਨੂੰ ਫਸਲਾਂ ਦੀ ਸਿੰਚਾਈ ਲਈ ਨਹਿਰੀ ਪਾਣੀ ਦੇ ਨਾਲ ਨਾਲ ਸਮੇਂ ਸਿਰ ਅਤੇ ਪੂਰੀ ਬਿਜਲੀ ਮੁਹੱਈਆ ਕਰਵਾਈ ਜਾ ਰਹੀ ਹੈ। ਆਮ ਆਦਮੀ ਕਲੀਨਿਕਾਂ ਰਾਹੀਂ ਲੋਕਾਂ ਨੂੰ ਉਹਨਾਂ ਦੇ ਘਰਾਂ ਦੇ ਨੇੜੇ ਸਿਹਤ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਸਕੂਲ ਆਫ ਐਮੀਨੈਂਸ ਸਣੇ ਸਿੱਖਿਆ ਦੇ ਖੇਤਰ ਵਿੱਚ ਹੋਰ ਕਈ ਸ਼ਲਾਘਾਯੋਗ ਕਦਮ ਚੁੱਕ ਕੇ ਪੰਜਾਬ ਨੂੰ ਸਿੱਖਿਆ ਦੇ ਖੇਤਰ ਵਿੱਚ ਮੋਹਰੀ ਸੂਬਾ ਬਨਾਉਣ ਲਈ ਕਦਮ ਚੁੱਕੇ ਜਾ ਰਹੇ ਹਨ। ਉਹਨਾਂ ਕਿਹਾ ਕਿ ਇਹ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਹੀ ਹੈ ਜਿਸਨੇ ਕੇਵਲ ਦੋ ਸਾਲ ਦੇ ਥੋੜੇ ਜਿਹੇ ਸਮੇਂ ਅੰਦਰ ਹੀ ਮਿਸਾਲੀ ਕੰਮ ਕੀਤੇ ਹਨ ਜਿਸ ਸਦਕਾ ਆਮ ਆਦਮੀ ਪਾਰਟੀ ਪੰਜਾਬ ਦੇ ਲੋਕਾਂ ਦੀ ਅਪਣੀ ਪਾਰਟੀ ਬਣ ਚੁੱਕੀ ਹੈ।

## ਲਸਿਆਨ ਤੋਂ ਸੈਂਕੜਾ ਅਕਾਲੀ ਪਰਵਾਰ 'ਆਪ' 'ਚ ਸ਼ਾਮਲ



**ਪਠਾਨਕੋਟ (ਦਵਿੰਦਰ ਸਿੰਘ)**
ਕੈਬਿਨਟ ਮੰਤਰੀ ਲਾਲ ਚੰਦ ਕਟਾਰੂਚੱਕ ਦੁਆਰਾ ਹਰ ਜਨ ਸਮੱਸਿਆ ਨੂੰ ਗੰਭੀਰਤਾ ਨਾਲ ਲੈ ਕੇ ਉਸ ਦਾ ਹੱਲ ਕਰਦੇ ਹਨ, ਜਿਸਦੇ ਸਿੱਟੇ ਵਜੋਂ ਉਹਨਾਂ ਦੀ ਮਿਹਨਤ ਰੰਗ ਲਿਆ ਰਹੀ ਹੈ ਅਤੇ ਹਲਕੇ ਦੇ ਵੱਧ ਤੋਂ ਵੱਧ ਲੋਕ ਪਾਰਟੀ ਵਿੱਚ ਸਾਮਿਲ ਹੋ ਕੇ ਪਾਰਟੀ ਦੀ ਮਜਬੂਤੀ ਬਣਾ ਰਹੇ ਹਨ ਚੋਣ ਪ੍ਰਚਾਰ ਦੌਰਾਨ ਪਿੰਡ ਲਸਿਆਨ ਤੋਂ ਲੰਬੜਦਾਰ ਲਖਵਿੰਦਰ, ਸਾਬਕਾ ਸਰਪੰਚ ਰਕੇਸ ਕੁਮਾਰ, ਬਲਵਿੰਦਰ ਕੁਮਾਰ, ਸਾਬੀ, ਦਿਲਾਵਰ ਠਾਕੁਰ, ਸੂਬੇਦਾਰ ਦਲਵੀਰ, ਬਲਵਾਨ ਸਿੰਘ, ਸਮਸੇਰ ਸਿੰਘ, ਅਮਰ ਸਿੰਘ, ਮਨਜੀਤ ਸਿੰਘ, ਬਲਾਕ ਪ੍ਰਧਾਨ ਸਰਪੰਚ ਰਵੀ, ਦੀਪਕ, ਕੁਲਦੀਪ ਪਟਵਾ, ਕੁਲਜੀਤ ਸੈਣੀ, ਸੰਦੀਪ ਕੌਰ, ਸੈਲੀ ਸਰਮਾ, ਸੋਹਣ, ਸੁਰਜੀਤ, ਸਾਮ ਲਾਲ, ਮਾਸਟਰ ਭਗਵਾਨ ਦਾਸ, ਸਤੀਸ ਸੁਲਤਾਨਪੁਰ, ਸਰਪੰਚ ਸ਼ਿੰਦਾ ਕਲੇਸਰ, ਹੈਪੀ ਨਮਵਾਲਾ, ਅਮਨਦੀਪ, ਪ੍ਰਤਾਪ, ਤਰਸੇਮ ਅਤੇ ਰਜਨੀ ਆਦੀ ਨਾਲ ਸੈਂਕੜਾ ਦੀ ਗਿਣਤੀ ਵਿੱਚ ਕਾਂਗਰਸੀ ਅਤੇ ਅਕਾਲੀ ਵਰਕਰਾਂ ਨੇ ਪਾਰਟੀਆਂ ਦਾ ਹੱਥ ਛੱਡ ਕੇ ਆਮ ਆਦਮੀ ਨੂੰ ਆਪਣਾ ਲੋਕ ਸਭਾ ਚੋਣਾਂ ਵਿੱਚ ਸਮਰਥਨ ਕਰਨ ਦਾ ਵਾਅਦਾ ਕੀਤਾ ਹੈ ਅਤੇ ਪਾਰਟੀ ਵਿੱਚ ਸਾਮਿਲ ਹੋ ਗਏ। ਇਸੇ ਤਰ੍ਹਾਂ ਭਗਵਾਨਪੁਰ ਤੋਂ ਪਿੰਡ ਭਗਵਾਨਸਰ ਦੇ ਨੇੜੇ ਪੈਂਦੇ ਆਬਾਦੀ ਵ੍ਰਿੰਦਾਵਨ ਤੋਂ ਲੁਬਾਣਾ ਪਰਿਵਾਰਾਂ ਵਿੱਚੋਂ ਪੂਰਨ ਸਿੰਘ, ਗੁਰਦੀਪ ਸਿੰਘ, ਸਤਪਾਲ ਸਿੰਘ, ਨਰਿੰਦਰ ਸਿੰਘ, ਮਨਦੀਪ ਕੌਰ, ਕਮਲ ਸਿੰਘ, ਸਣੇ 22 ਪਰਿਵਾਰ ਕੈਬਿਨਟ ਮੰਤਰੀ ਦੀ ਅਗਵਾਈ ਹੇਠ ਅਕਾਲੀਆਂ ਨੂੰ ਛੱਡ ਕੇ ਆਪ ਵਿੱਚ ਸਾਮਿਲ ਹੋਏ। ਇਹ ਵੀ ਗੱਲ ਦੱਸਣ ਯੋਗ ਹੈ ਕਿ ਲੋਕ ਸਭਾ ਚੋਣਾਂ ਦੇ ਘੋਸਣਾ ਜਦੋਂ ਤੋਂ ਹੋਈ ਹੈ ਕੈਬਿਨਟ ਮੰਤਰੀ ਦਿਨ ਰਾਤ ਪਾਰਟੀ ਪ੍ਰਤੀ ਸਮਰਪਿਤ ਰਹੇ ਹਨ ਜਿਸਦੇ ਚਲਦੇ ਵਿਧਾਨ ਸਭਾ ਹਲਕਾ ਭੋਆ ਵਿੱਚ ਆਪ ਦੀ ਸਥਿਤੀ ਬਾਕੀ ਵਿਧਾਨਸਭਾਵਾਂ ਹਲਕਿਆਂ ਨਾਲੋਂ ਸਭ ਤੋਂ ਵੱਧ ਹੈ।ਕੈਮਪੇਨ ਇੰਚਾਰਜ ਅਤੇ ਕੈਬਿਨੇਟ ਮੰਤਰੀ ਲਾਲਚੰਦ ਕਟਾਰੂਚੱਕ ਨੇ ਆਪ ਉਮੀਦਵਾਰ ਦੀ ਸਲਾਘਾ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਨੇ ਲੋਕ ਸਭਾ ਹਲਕਾ ਗੁਰਦਾਸਪੁਰ ਤੋਂ ਇੱਕ ਪੜ੍ਹਿਆ ਲਿਖਿਆ ਜਨਤਕ ਸਮੱਸਿਆਵਾਂ ਤੋਂ ਜਾਣੂ ਅਤੇ ਲੋਕਾਂ ਦੀ ਸੇਵਾ ਪ੍ਰਤੀ ਸਮਰਪਿਤ ਉਮੀਦਵਾਰ ਨੂੰ ਚੁਣ ਕੇ ਲੋਕਾਂ ਵਿੱਚ ਭੇਜਿਆ ਹੈ। ਹੁਣ ਲੋਕਾਂ ਦਾ ਵੀ ਫਰਜ ਹੈ ਕਿ ਉਹ ਵੱਧ ਤੋਂ ਵੱਧ ਵੋਟਾਂ ਨਾਲ ਜਿਤਾ ਕੇ ਪਾਰਟੀ ਨੂੰ ਵੀ ਸਮਰਥਨ ਦੇ।

## ਸਕੂਲ ਆਫ ਐਮੀਨੈਂਸ 'ਚ 11ਵੀਂ ਜਮਾਤ ਦੇ ਦਾਖਲੇ ਲਈ ਕਾਊਂਸਲਿੰਗ ਜਾਰੀ

**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**
ਸਕੂਲ ਸਿੱਖਿਆ ਵਿਭਾਗ ਪੰਜਾਬ ਵੱਲੋਂ ਸਕੂਲ ਆਫ ਐਮੀਨੈਂਸ 'ਚ ਗਿਆਰ੍ਹਵੀਂ ਜਮਾਤ ਦੇ ਦਾਖਲੇ ਲਈ ਟੈਸਟ ਆਯੋਜਿਤ ਕਰਵਾਇਆ ਗਿਆ ਸੀ, ਜਿਸ ਸੰਬੰਧੀ ਜਾਣਕਾਰੀ ਦਿੰਦਿਆਂ ਜਿਲ੍ਹਾ ਸਿੱਖਿਆ ਅਫਸਰ (ਸੈ:ਸਿ) ਰਜੇਸ਼ ਕੁਮਾਰ ਸ਼ਰਮਾ, ਸਟੇਟ ਐਵਾਰਡੀ ਨੇ ਦੱਸਿਆ ਕਿ ਸਫਲ ਵਿਦਿਆਰਥੀਆਂ ਲਈ ਜਿਲ੍ਹੇ ਦੇ ਕੁੱਲ੍ਹ 03 ਸਕੂਲ੍ਹ ਆਫ ਐਮੀਨੈਂਸ ਬਟਾਲਾ, ਗੁਰਦਾਸਪੁਰ ਅਤੇ ਸ੍ਰੀ ਹਰਗੋਬਿੰਦਪੁਰ ਸਾਹਿਬ ਵਿਖੇ ਵੀ ਗਿਆਰ੍ਹਵੀਂ ਦੀ ਦਾਖਲਾ ਪ੍ਰਕਿਰਿਆ 15 ਮਈ ਤੋਂ ਸ਼ੁਰੂ ਹੋਈ ਸੀ, ਜਿਸ ਤਹਿਤ ਪਹਿਲੀ ਕਾਊਂਸਲਿੰਗ ਮੁਕੰਮਲ ਹੋ ਚੁੱਕੀ ਹੈ



ਅਤੇ ਦੂਸਰੀ ਕਾਊਂਸਲਿੰਗ ਚੱਲ ਰਹੀ ਹੈ। ਉਨ੍ਹਾਂ ਸਕੂਲ ਆਫ ਐਮੀਨੈਂਸ ਬਟਾਲਾ ਵਿਖੇ ਕਾਊਂਸਲਿੰਗ ਦੌਰਾਨ ਟੈਸਟ ਪਾਸ ਕਰਕੇ ਦਾਖਲਾ ਲੈਣ ਵਾਲੇ ਵਿਦਿਆਰਥੀਆਂ ਦੇ ਮਾਤਾ ਪਿਤਾ ਨਾਲ ਗੱਲਬਾਤ ਕਰਕੇ ਉਨ੍ਹਾਂ ਨੂੰ ਵਧਾਈ ਦਿੱਤੀ ਅਤੇ ਰਹਿੰਦੇ ਵਿਦਿਆਰਥੀਆਂ ਨੂੰ ਵੀ ਜਲਦੀ ਤੋਂ ਜਲਦੀ ਦਾਖਲਾ ਲੈਣ ਦੀ ਅਪੀਲ ਕੀਤੀ ਕਿਉਂਕਿ ਤੀਸਰੀ ਅਤੇ ਆਖਰੀ ਕਾਊਂਸਲਿੰਗ ਦੀ ਮਿਤੀ 27 ਤੋਂ 30 ਮਈ ਤੱਕ ਹੈ। ਇਸ ਮੌਕੇ ਉਨ੍ਹਾਂ ਨਾਲ ਜਿਲ੍ਹਾ ਨੋਡਲ ਅਫਸਰ ਅਮਰਜੀਤ ਸਿੰਘ ਪੁਰੇਵਾਲ ਨੇ ਦੱਸਿਆ ਕਿ ਸਿੱਖਿਆ ਵਿਭਾਗ ਵੱਲੋਂ ਇਨ੍ਹਾਂ ਸਕੂਲ ਆਫ ਐਮੀਨੈਂਸ ਦੇ ਵਿਦਿਆਰਥੀਆਂ ਨੂੰ ਉੱਚ ਪੱਧਰ ਸਿੱਖਿਆ ਪ੍ਰਦਾਨ ਕਰਨ ਦੇ ਨਾਲ ਨਾਲ ਜੇ ਈ ਈ, ਨੀਟ, ਕਲੈਟ ਆਦਿ ਪ੍ਰੀਖਿਆਵਾਂ ਦੀ ਤਿਆਰੀ ਵੀ ਕਰਵਾਈ ਜਾਵੇਗੀ। ਇਨ੍ਹਾਂ ਵਿਦਿਆਰਥੀਆਂ ਨੂੰ ਪਿਛਲੇ ਸਾਲਾਂ ਦੀ ਤਰ੍ਹਾਂ ਮੁਫਤ ਯੂਨੀਫਾਰਮ ਅਤੇ ਮੁਫਤ ਟਰਾਂਸਪੋਰਟ ਸਹੂਲਤ ਵੀ ਮੁਹੱਈਆ ਕਰਵਾਈ ਜਾਵੇਗੀ। ਇਸ ਮੌਕੇ ਪਰਮਿੰਦਰ ਸਿੰਘ, ਜਿਲਾ ਗਾਈਡੈਂਸ ਕੌਂਸਲਰ, ਪ੍ਰਿੰਸੀਪਲ ਸ੍ਰੀਮਤੀ ਬਲਵਿੰਦਰ ਕੌਰ, ਲੈਕ: ਹਰਪ੍ਰੀਤ ਸਿੰਘ, ਸਮੂਹ ਕਮੇਟੀ ਮੈਂਬਰ ਤੋਂ ਇਲਾਵਾ ਕੈਂਪਸ ਮੈਨੇਜਰ ਆਰ.ਪੀ ਸਿੰਘ ਵੀ ਹਾਜ਼ਰ ਸਨ।

## ਗਾਰਮੈਂਟ ਟੈਕਨਾਲਜੀ ਸੰਸਥਾਨ ਵਿਖੇ ਵੋਟਰ ਜਾਗਰੂਕਤਾ ਸੈਮੀਨਾਰ

**ਅੰਮ੍ਰਿਤਸਰ (ਜਸਵੀਰ ਸਿੰਘ ਪੱਟੀ)**
ਡਿਪਟੀ ਕਮਿਸ਼ਨਰ-ਕਮ-ਜਿਲ੍ਹਾ ਚੋਣ ਅਫ਼ਸਰ ਘਨਸ਼ਾਮ ਥੋਰੀ ਦੀ ਯੋਗ ਅਗੁਆਈ ਅਤੇ ਚੇਅਰਪਰਸਨ ਸਵੀਪ-ਕਮ-ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਸ੍ਰੀ ਨਿਕਾਸ ਕੁਮਾਰ ਦੇ ਦਿਸ਼ਾ ਨਿਰਦੇਸ਼ਾਂ ਤੇ ਅਗਾਮੀ ਲੋਕਸਭਾ ਚੋਣਾਂ-2024 ਵਿੱਚ ਆਮ ਲੋਕਾਂ ਨੂੰ ਵੋਟਾਂ ਪ੍ਰਤੀ ਉਤਸ਼ਾਹਿਤ ਕਰਨ ਲਈ ਸਰਕਾਰੀ ਗਾਰਮੈਂਟ ਟੈਕਨੋਲਜ਼ੀ ਸੰਸਥਾਨ, ਹਾਲ ਗੇਟ ਵਿਖੇ ਵੋਟਰ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ।ਇਸ ਸੈਮੀਨਾਰ ਵਿੱਚ 2023 ਬੈਚ ਦੇ ਆਈ.ਏ.ਐਸ.ਅਧਿਕਾਰੀ ਅਤੇ ਸਹਾਇਕ ਕਮਿਸ਼ਨਰ ਸ਼੍ਰੀਮਤੀ ਸੋਨਮ ਮੁੱਖ ਮਹਿਮਾਨ ਦੇ ਤੌਰ ਤੇ ਸ਼ਾਮਲ ਹੋਏ।ਇਸ ਮੌਕੇ ਬੋਲਦੇ ਹੋਏ ਉਹਨਾਂ ਕਿਹਾ ਕਿ ਅੰਮ੍ਰਿਤਸਰ ਜ਼ਿਲ੍ਹੇ ਵਿੱਚ ਸਕੂਲਾਂ ਵਿੱਚ ਸਥਾਪਿਤ ਕੀਤੇ ਗਏ ਚੋਣ ਸਾਖ਼ਰਤਾ ਕਲੱਬਾਂ ਵਲੋਂ ਕਰਵਾਏ ਗਏ ਇਹਨਾਂ ਮੁਕਾਬਲਿਆਂ ਦਾ ਮੁੱਖ ਮਕੱਸਦ ਵਿਦਿਆਰਥੀਆਂ ਰਾਹੀਂ ਵੋਟ ਸੁਨੇਹਾ ਸਮਾਜ ਦੇ ਅਲੱਗ-ਅਲੱਗ ਵਰਗਾਂ ਤੱਕ ਪਹੁੰਚਾਣਾ ਹੈ।ਉਹਨਾਂ ਕਿਹਾ ਕਿ ਜਿਲ੍ਹਾ ਪ੍ਰਸ਼ਾਸਨ ਵਲੋਂ ਵੋਟਰਾਂ ਨੂੰ ਜਾਗਰੂਕ ਕਰਨ ਲਈ ਵੱਡੀ ਪੱਧਰ ਤੇ ਸਵੀਪ ਗਤੀਵਿਧੀਆਂ ਕੀਤੀਆਂ ਜਾ ਰਹੀਆਂ ਹਨ ਅਤੇ ਚੋਣ ਕਮਿਸ਼ਨ ਵਲੋਂ ਪ੍ਰਾਪਤ ਹਦਾਇਤਾਂ ਅਨੁਸਾਰ ਸਮਾਜ ਦੇ ਹਨ ਵਰਗ ਨੂੰ ਅਗਾਮੀ ਲੋਕਸਭਾ ਚੋਣਾਂ ਵਿੱਚ ਭਾਗ ਲੈਣ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ।ਚੋਣ ਸਾਖ਼ਰਤਾਂ ਕਲਬਾਂ ਦੀ ਪ੍ਰਸ਼ੰਸਾ ਕਰਦੇ ਹੋਏ ਉਹਨਾਂ ਕਿਹਾ ਕਿ ਇਹਨਾਂ ਕਲਬਾਂ ਦੇ ਯਤਨਾਂ ਸਦਕਾ ਹੀ ਮੁੱਖ ਚੋਣ ਦਫ਼ਤਰ,ਪੰਜਾਬ ਵਲੋਂ ਅੰਮ੍ਰਿਤਸਰ ਜਿਲ੍ਹੇ ਨੂੰ ਦੋ ਵਾਰ ਸਵੀਪ ਗਤੀਵਿਧੀਆਂ ਲਈ ਪਹਿਲਾ ਸਥਾਨ ਦਿੱਤਾ ਗਿਆ ਹੈ।ਉਹਨਾਂ ਕਿਹਾ ਕਿ ਭਾਰਤ ਵਿੱਚ ਚੋਣਾਂ ਨੂੰ ਇੱਕ ਤਿਉਹਾਰ ਦੀ ਤਰ੍ਹਾਂ ਮਨਾਇਆ ਜਾਂਦਾ ਹੈ, ਇਸ ਲਈ ਸਾਡਾ ਸਾਰਿਆਂ ਦਾ ਫ਼ਰਜ਼ ਬਣਦਾ ਹੈ ਕਿ ਅਸੀਂ ਇਸ ਚੋਣਾਂ ਦੇ ਪਰਵ ਵਿੱਚ ਆਪਣੀ ਸ਼ਮੂਲੀਅਤ ਦਰਜ਼ ਕਰਵਾਉਂਦੇ ਹੋਏ ਆਪਣੇ ਵੋਟ ਦੇਣ ਦੇ ਹੱਕ ਦੀ ਵਰਤੋਂ ਕਰੀਏ।

ਇਸ ਮੌਕੇ ਆਪਣੇ ਸੰਬੋਧਨ ਵਿੱਚ ਆਈ ਟੀ ਆਈ, ਰਣਜੀਤ ਐਵੀਨਿਊ ਦੇ ਪ੍ਰਿੰਸੀਪਲ ਸੰਜੀਵ ਸ਼ਰਮਾ ਭਾਰਤ ਚੋਣ ਕਮਿਸ਼ਨ ਵਲੋਂ ਇਸ ਵਾਰ ਬਜੁਰਗ ਅਤੇ ਦਿਵਿਆਂਗ ਵੋਟਰਾਂ ਦੀ ਸਹਾਇਤਾ ਲਈ ਕਈ ਸਹੂਲਤਾਂ ਲਈ ਦਿੱਤੀਆਂ ਜਾ ਰਹੀਆਂ ਹਨ, ਜਿਸਦਾ ਲਾਭ ਦਿਵਿਆਂਗ ਵੋਟਰ ਸਕਸ਼ਮ ਐਪ ਤੇ ਰਜਿਸਟਰੇਸ਼ਨ ਕਰਵਾ ਕੇ ਲੈ ਸਕਦੇ ਹਨ।ਉਹਨਾਂ ਕਿਹਾ ਕਿ ਜਿਲ੍ਹਾ ਪ੍ਰਸ਼ਾਸਨ ਵਲੋਂ ਜਿਲ੍ਹੇ ਦੇ ਹਰ ਪੋਲਿੰਗ ਬੂਥ ਉੱਪਰ ਰੈਂਪ ਦੀ ਸੁਵਿਧਾ ਨੂੰ ਯਕੀਨੀ ਬਣਾਇਆ ਗਿਆ ਹੈ।ਉਹਨਾਂ ਕਿਹਾ ਕਿ ਦਿਵਿਆਂਗ ਵੋਟਰ 1 ਜੂਨ ਨੂੰ ਹੋਣ ਵਾਲੀਆਂ ਲੋਕਸਭਾ ਚੋਣਾਂ ਦੀ ਪੋਲਿੰਗ ਵਿੱਚ ਜ਼ਰੂਰ ਆਪਣੇ ਵੋਟ ਪਾਉਣ ਦੇ ਸੰਵਿਧਾਨਿਕ ਹੱਕ ਦੀ ਵਰਤੋਂ ਕਰਨ।

## ਸਾਕਾ ਸ੍ਰੀ ਪਾਉਂਟਾ ਸਾਹਿਬ ਦੀ ਯਾਦ 'ਚ ਸਮਾਗਮ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**
ਗੁਰਦੁਆਰਾ ਸ੍ਰੀ ਪਾਉਂਟਾ ਸਾਹਿਬ ਦੇ ਪ੍ਰਬੰਧ ਨੂੰ ਮਹੰਤਾਂ ਤੋਂ ਅਜ਼ਾਦ ਕਰਵਾਉਣ ਸਮੇਂ 1964 ਨੂੰ ਵਾਪਰੇ ਸਾਕੇ 'ਚ ਸ਼ਹੀਦ ਹੋਏ ਸਿੰਘਾਂ ਦੀ ਯਾਦ ਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇਥੇ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਗੁਰਮਤਿ ਸਮਾਗਮ ਕਰਵਾਇਆ ਗਿਆ। ਇਸ ਮੌਕੇ ਮਿਸਲ ਸ਼ਹੀਦਾਂ ਤਰਨਾ ਦਲ ਦੇ ਮੁਖੀ ਬਾਬਾ ਨਿਹਾਲ ਸਿੰਘ ਹਰੀਆਂ ਵੇਲਾਂ ਵਾਲੇ, ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਸਮੇਤ ਪ੍ਰਮੁੱਖ ਸ਼ਖ਼ਸੀਅਤਾਂ ਨੇ ਸ਼ਮੂਲੀਅਤ ਕੀਤੀ। ਸਮਾਗਮ ਦੌਰਾਨ ਸੰਗਤ ਨੂੰ ਸੰਬੋਧਨ ਕਰਦਿਆਂ ਸ਼੍ਰੋਮਣੀ




ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਗੁਰਦੁਆਰਾ ਸ੍ਰੀ ਪਾਉਂਟਾ ਸਾਹਿਬ ਵਿਖੇ ਵਾਪਰੇ ਸਾਕੇ 'ਚ ਨਿਹੰਗ ਜਥੇਬੰਦੀ ਮਿਸਲ ਸ਼ਹੀਦਾਂ ਤਰਨਾ ਦਲ ਦੇ ਸਿੰਘਾਂ ਵੱਲੋਂ ਵੱਡੀਆਂ ਸ਼ਹਾਦਤਾਂ ਦੇ ਕੇ ਗੁਰਦੁਆਰਾ ਸਾਹਿਬ ਦੇ ਪ੍ਰਬੰਧ ਨੂੰ ਪੰਥਕ ਹੱਥਾਂ ਵਿਚ ਲਿਆ ਗਿਆ। ਇਸ ਸਾਕੇ ਨੂੰ ਆਪਣੇ ਸਰੀਰ 'ਤੇ ਹੰਢਾਉਣ ਵਾਲੇ ਨਿਹੰਗ ਮੁਖੀ ਬਾਬਾ ਨਿਹਾਲ ਸਿੰਘ ਹਰੀਆਂ ਵੇਲਾਂ ਕੌਮ ਦੀ ਸਤਿਕਾਰਤ ਸ਼ਖ਼ਸੀਅਤ ਹਨ, ਜੋ ਅੱਜ ਵੀ ਕੌਮ ਦੀ ਚੜ੍ਹਦੀ ਕਲਾ ਲਈ ਕਾਰਜਸ਼ੀਲ ਹਨ। ਉਨ੍ਹਾਂ ਕੌਮ ਨੂੰ ਅਪੀਲ ਕੀਤੀ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਪ੍ਰਸਤੀ ਹੇਠ ਇਕਜੁਟ ਹੋ ਕੇ ਪੰਥ ਵਿਰੋਧੀ ਸ਼ਕਤੀਆਂ ਦਾ ਟਾਕਰਾ ਕੀਤਾ ਜਾਵੇ। ਸ੍ਰੀ ਪਾਉਂਟਾ ਸਾਹਿਬ ਦਾ ਸਾਕਾ ਅਜ਼ਾਦ ਭਾਰਤ ਦੇ ਇਤਿਹਾਸ 'ਤੇ ਕਾਲਾ ਧੱਬਾ ਹੈ, ਕਿਉਂਕਿ ਇਹ ਸਰਕਾਰੀ ਸਰਪ੍ਰਸਤੀ ਹੇਠ ਕੀਤਾ ਗਿਆ ਸੀ। ਇਸ ਦੌਰਾਨ ਬਾਬਾ ਨਿਹਾਲ ਸਿੰਘ ਹਰੀਆਂ ਵੇਲਾਂ ਵਾਲਿਆਂ ਨੇ ਕਿਹਾ ਕਿ ਗੁਰੂ ਘਰਾਂ ਅੰਦਰ ਪੰਥਕ ਮਰਯਾਦਾ ਬਹਾਲ ਰੱਖਣ ਲਈ ਕੌਮ ਨੇ ਹਮੇਸ਼ਾ ਹੀ ਕੁਰਬਾਨੀਆਂ ਦਿੱਤੀਆਂ ਹਨ ਅਤੇ ਸ੍ਰੀ ਪਾਉਂਟਾ ਸਾਹਿਬ ਦਾ ਪ੍ਰਬੰਧ ਲੈਣ ਲਈ ਇਹ ਸੇਵਾ ਗੁਰੂ ਸਾਹਿਬ ਵੱਲੋਂ ਮਿਸਲ ਸ਼ਹੀਦਾਂ ਤਰਨਾ ਦਲ ਦੇ ਸਿੰਘਾਂ ਨੂੰ ਪ੍ਰਾਪਤ ਹੋਈ। ਇਸ ਮੌਕੇ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜਾਇਬ ਸਿੰਘ ਅਭਿਆਸੀ ਨੇ ਵੀ ਸੰਬੋਧਨ ਕੀਤਾ ਅਤੇ ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ ਨੇ ਸਾਕੇ ਦੇ ਇਤਿਹਾਸ ਨੂੰ ਸੰਗਤ ਨਾਲ ਸਾਂਝਾ ਕੀਤਾ। ਸਮਾਗਮ ਸਮੇਂ ਧਾਮੀ ਨੇ ਬਾਬਾ ਨਿਹਾਲ ਸਿੰਘ ਹਰੀਆਂ ਵੇਲਾਂ ਅਤੇ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਿਰੋਪਾਓ ਦੇ ਕੇ ਸਨਮਾਨ ਦਿੱਤਾ। ਇਸ ਮੌਕੇ ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ, ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜਾਇਬ ਸਿੰਘ ਅਭਿਆਸੀ, ਸਕੱਤਰ ਪ੍ਰਤਾਪ ਸਿੰਘ, ਓ ਐਸ ਡੀ ਸਤਬੀਰ ਸਿੰਘ ਧਾਮੀ, ਵਧੀਕ ਸਕੱਤਰ ਕੁਲਵਿੰਦਰ ਸਿੰਘ ਰਮਦਾਸ, ਬਲਵਿੰਦਰ ਸਿੰਘ ਕਾਹਲਵਾਂ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਭਗਵੰਤ ਸਿੰਘ ਧੰਗੇੜਾ, ਮੀਤ ਸਕੱਤਰ ਕੁਲਦੀਪ ਸਿੰਘ ਰੋਡੇ, ਬਲਵਿੰਦਰ ਸਿੰਘ ਖੈਰਾਬਾਦ, ਪ੍ਰੋ. ਸੁਖਦੇਵ ਸਿੰਘ, ਸ਼ਾਹਬਾਜ਼ ਸਿੰਘ, ਮਨਜੀਤ ਸਿੰਘ, ਹਰਭਜਨ ਸਿੰਘ ਵਕਤਾ, ਸੁਖਬੀਰ ਸਿੰਘ, ਸੁਪ੍ਰਿੰਟੈਂਡੈਂਟ ਨਿਸ਼ਾਨ ਸਿੰਘ ਆਦਿ ਹਾਜ਼ਰ ਸਨ।

## ਕਾਂਗਰਸੀ ਆਗੂਆਂ ਤੇ ਆਪ ਦੇ ਵਰਕਰਾਂ ਨੇ ਸ਼੍ਰੋਮਣੀ ਅਕਾਲੀ ਦਲ ਦੀ ਅਗਵਾਈ ਕਬੂਲੀ

**ਗੁਰਦਾਸਪੁਰ, (ਜਨਕ ਮਹਾਜਨ)**
ਜਿਉਂ-ਜਿਉਂ ਚੋਣਾਂ ਦੇ ਦਿਨ ਨੇੜੇ ਆ ਰਹੇ ਹਨ ਤਿਉਂ-ਤਿਉਂ ਲੋਕ ਸ਼੍ਰੋਮਣੀ ਅਕਾਲੀ ਦਲ ਪਾਰਟੀ ਦੀਆਂ ਵਧੀਆ ਨੀਤੀਆਂ ਕਰਕੇ ਪਾਰਟੀ ਨਾਲ ਧੜਾ-ਧੜ ਜੁੜਦੇ ਜਾ ਰਹੇ ਹਨ। ਇਸ ਸੰਬੰਧੀ ਪ੍ਰਧਾਨ ਪੁਲਸ ਜ਼ਿਲ੍ਹਾ ਦਿਹਾਤੀ ਸ਼੍ਰੋਮਣੀ ਅਕਾਲੀ ਦਲ ਜਥੇਦਾਰ ਕਿਰਪਾਲ ਸਿੰਘ ਗੁੰਝੀਆਂ ਨੇ ਦੱਸਿਆ ਕਿ ਲੋਕ ਸਭਾ ਹਲਕਾ ਗੁਰਦਾਸਪੁਰ ਦੇ ਉਮੀਦਵਾਰ ਡਾ. ਦਲਜੀਤ ਸਿੰਘ ਚੀਮਾ ਦੇ ਹੱਕ ਵਿੱਚ ਹਵਾ ਚੱਲਣ ਨਾਲ ਬੇਟ ਇਲਾਕੇ ਦੇ ਸੀਨੀਅਰ ਕਾਂਗਰਸੀ ਆਗੂ ਭਾਗ ਸਿੰਘ ਪ੍ਰਧਾਨ ਕੋਆਪ੍ਰੇਟਿਵ ਸੁਸਾਇਟੀ ਗੁੰਝੀਆਂ, ਲੰਬੜਦਾਰ ਲਖਵਿੰਦਰ ਸਿੰਘ ਗੁੰਝੀਆਂ, ਮਲਕੀਤ ਸਿੰਘ ਗੁੰਝੀਆਂ, ਵਾਰਸ ਮਸੀਹ ਗੁੰਝੀਆਂ, ਜੀਤ ਮਸੀਹ ਅਤੇ ਮੱਖਣ ਮਸੀਹ 20 ਸਾਲਾਂ ਦਾ ਪੁਰਾਣਾ ਕਾਂਗਰਸ ਪਾਰਟੀ ਨਾਲੋਂ ਨਾਤਾ ਤੋੜ ਕੇ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਲ ਹੋਏ ਹਨ। ਇਸੇ ਤਰ੍ਹਾਂ ਆਮ ਆਦਮੀ ਪਾਰਟੀ ਦੇ ਵਰਕਰ ਸਤਨਾਮ ਸਿੰਘ ਗੁੰਝੀਆਂ, ਜਤਿੰਦਰ ਸਿੰਘ ਗੁੰਝੀਆਂ ਨੇ ਆਮ



ਆਦਮੀ ਪਾਰਟੀ ਛੱਡ ਕੇ ਸ਼੍ਰੋਮਣੀ ਅਕਾਲੀ ਦਲ ਦਾ ਪੱਲਾ ਫੜ ਲਿਆ ਹੈ। ਇਨ੍ਹਾਂ ਦੋਵਾਂ ਪਾਰਟੀਆਂ ਦੇ ਆਗੂਆਂ ਨੂੰ ਉਮੀਦਵਾਰ ਡਾ. ਦਲਜੀਤ ਸਿੰਘ ਨੇ ਪਾਰਟੀ ਵਿਚ ਸ਼ਾਮਿਲ ਹੋਣ 'ਤੇ ਜਿੱਥੇ ਸਵਾਗਤ ਕੀਤਾ ਉਥੇ ਹੀ ਸਨਮਾਨ ਕੀਤਾ ਗਿਆ। ਉਨ੍ਹਾਂ ਕਿਹਾ ਇਨ੍ਹਾਂ ਆਗੂਆਂ ਦੇ ਪਾਰਟੀ ਵਿਚ ਸ਼ਾਮਲ ਹੋਣ ਨਾਲ ਪਾਰਟੀ ਨੂੰ ਕਾਫ਼ੀ ਮਜ਼ਬੂਤੀ ਮਿਲੀ ਹੈ।

## ਸੱਚਖੰਡ ਸ੍ਰੀ ਗੁਰੂ ਨਾਨਕ ਅਸਥਾਨ ਵਿਖੇ ਜੇਠ ਮਹੀਨੇ ਦੀ ਪੁੰਨਿਆਂ ਦਾ ਦਿਹਾੜਾ ਮਨਾਇਆ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**
ਪਹਿਲੀ ਪਾਤਸ਼ਾਹੀ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਚਰਨ ਛੋਹ ਪ੍ਰਾਪਤ ਇਤਿਹਾਸਕ ਕਸਬਾ ਡੇਰਾ ਬਾਬਾ ਨਾਨਕ ਦੇ ਮੁਹੱਲਾ ਚੋਲਾ ਸਾਹਿਬ ਸਥਿਤ ਗੁਰਦੁਆਰਾ ਸੱਚਖੰਡ ਸ੍ਰੀ ਗੁਰੂ ਨਾਨਕ ਅਸਥਾਨ ਵਿਖੇ ਬਾਬਾ ਅਵਤਾਰ ਸਿੰਘ ਬੇਦੀ ਗੱਦੀਨਸ਼ੀਨ ਸ੍ਰੀ ਚੋਲਾ ਸਾਹਿਬ ਵਾਲਿਆਂ ਦੀ ਅਗਵਾਈ ਹੇਠ ਜੇਠ ਮਹੀਨੇ ਦੀ ਪੁੰਨਿਆਂ ਦਾ ਦਿਹਾੜਾ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ।ਇਸ ਮੌਕੇ ਦੇਸ਼-ਵਿਦੇਸ਼ ਤੋਂ ਸੰਗਤਾਂ ਨੇ ਵੱਡੀ ਗਿਣਤੀ ਵਿੱਚ ਹਾਜ਼ਰ ਹੋ ਕੇ ਬਾਬਾ ਜੀ ਦਾ ਅਸ਼ੀਰਵਾਦ ਲਿਆ।ਇਸ ਮੌਕੇ ਸਭ ਤੋਂ ਪਹਿਲਾਂ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਉਪਰੰਤ ਬਾਬਾ ਅਵਤਾਰ ਸਿੰਘ ਬੇਦੀ ਗੱਦੀਨਸ਼ੀਨ ਸ੍ਰੀ ਚੋਲਾ ਸਾਹਿਬ ਵਾਲਿਆਂ ਵੱਲੋਂ ਸੰਗਤਾਂ ਸਮੇਤ ਬਾਬਾ ਸ੍ਰੀਚੰਦ ਜੀ ਦਾ ਆਰਤਾਂ ਗਾਇਨ ਕਰਕੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ।ਇਸ ਮੌਕੇ ਭਾਈ ਸ਼ਾਮ ਸਿੰਘ ਜੌੜੀਆਂ ਵਾਲਿਆਂ ਦੇ ਕੀਰਤਨੀ ਜਥੇ ਵੱਲੋਂ ਰਸਭਿੰਨਾ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ, ਉਪਰੰਤ ਬਾਬਾ ਅਵਤਾਰ ਸਿੰਘ ਬੇਦੀ ਗੱਦੀ ਨਸ਼ੀਨ ਸ਼੍ਰੀ ਚੋਲਾ ਸਾਹਿਬ ਵਾਲਿਆਂ ਨੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਹੋਇਆਂ ਧੰਨ ਧੰਨ ਸ਼੍ਰੀ ਗੁਰੂ ਅਮਰਦਾਸ ਜੀ ਦੇ ਜਨਮ ਦਿਹਾੜੇ ਦੀ ਵਧਾਈ ਦਿੱਤੀ ਤੇ ਕਿਹਾ ਕਿ ਸਾਨੂੰ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬਾਣੀ ਨੂੰ ਆਪਣੇ ਜੀਵਨ ਵਿੱਚ ਅਪਨਾ ਕਰਕੇ ਉਸ ਵਿੱਚੋਂ ਮਿਲੀਆਂ ਸਿੱਖਿਆਵਾ ਤੇ ਚੱਲਦਿਆਂ ਗੁਰਬਾਣੀ ਦੇ ਲੜ ਲੱਗ



ਕੇ ਮਨੁੱਖਾ ਜੀਵਨ ਬਤੀਤ ਕਰਨਾ ਚਾਹੀਦਾ ਹੈ।ਉਨ੍ਹਾ ਕਿਹਾ ਕਿ ਸਾਨੂੰ 84 ਲੱਖ ਜੂਨਾਂ ਭੋਗ ਕੇ ਇਹ ਮਨੁੱਖਾ ਜੀਵਨ ਨਸੀਬ ਹੋਇਆ ਹੈ, ਇਸ ਲਈ ਸਾਨੂੰ ਵੱਧ ਤੋ ਵੱਧ ਨਾਮ ਸਿਮਰਨ ਕਰਨਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਗੁਰੂ ਹੀ ਗਿਆਨ ਹੈ ਤੇ ਗਿਆਨ ਹੀ ਪ੍ਰਕਾਸ਼ ਹੈ ।ਇਸ ਲਈ ਸਾਨੂੰ ਕੇਵਲ ਤੇ ਕੇਵਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਹੀ ਆਪਣਾ ਗੁਰੂ ਮੰਨਣਾ ਚਾਹੀਦਾ ਹੈ।ਇਸ ਮੌਕੇ ਗੁਰੂ ਕਾ ਅਤੁੱਟ ਲੰਗਰ ਵਰਤਾਇਆ ਗਿਆ।

24-MAY-PAGE-12.qxd 5/23/2024 10:31 PM Page 1



# ਸੀ ਪੀ ਆਈ (ਐੱਮ ਐੱਲ) ਵੱਲੋਂ ਲੋਕਾਂ ਨੂੰ ਇਕਮੁੱਠ ਹੋ ਕੇ ਭਾਜਪਾ ਨੂੰ ਹਰਾਉਣ ਦਾ ਸੱਦਾ



**ਨਵਾਂਸ਼ਹਿਰ (ਮਨੋਜ ਲਾਡੀ, ਕੁਲਵਿੰਦਰ ਸਿੰਘ ਦੁਰਗਾਪੁਰੀਆ)** ਭਾਰਤੀ ਕਮਿਊਨਿਸਟ ਪਾਰਟੀ (ਮਾਰਕਸਵਾਦੀ-ਲੈਨਿਨਵਾਦੀ) ਨਿਊਡੈਮੋਕ੍ਰੇਸੀ ਨੇ ਪਿੰਡ ਸ਼ਹਾਬ ਪੁਰ ਵਿਖੇ ਚੋਣਾਂ ਸੰਬੰਧੀ ਪਿੰਡ ਵਾਸੀਆਂ ਦਾ ਇਕੱਠ ਕਰਕੇ ਭਾਰਤੀ ਜਨਤਾ ਪਾਰਟੀ-ਆਰ ਐਸ ਐਸ ਨੂੰ ਹਰਾਉਣ ਦਾ ਸੱਦਾ ਦਿੱਤਾ।ਇਸ ਇਕੱਠ ਨੂੰ ਸੰਬੋਧਨ ਕਰਦਿਆਂ ਪਾਰਟੀ ਦੇ ਜਿਲ੍ਹਾ ਆਗੂ ਕੁਲਵਿੰਦਰ ਸਿੰਘ ਵੜੈਚ ਨੇ ਕਿਹਾ ਕਿ ਬੀਤੇ ਦਸ ਸਾਲਾਂ ਤੋਂ ਦੇਸ਼ ਦੀ ਸੱਤਾ 'ਤੇ ਕਾਬਜ਼ ਭਾਜਪਾ ਦੀ ਸਰਕਾਰ ਨੇ ਦੇਸ਼ ਵਾਸੀਆਂ ਵਿਚਕਾਰ ਫਿਰਕੂ ਵੰਡੀਆਂ ਪਾਉਣ, ਜਮਹੂਰੀਅਤ ਨਾਲ ਖਿਲਵਾੜ ਕਰਨ, ਮਨੁੱਖੀ ਅਧਿਕਾਰਾਂ ਦਾ ਗਲਾ ਘੁੱਟਣ, ਦੇਸੀ ਵਿਦੇਸ਼ੀ ਕਾਰਪੋਰੇਟਰਾਂ ਦੀਆਂ ਤਿਜੌਰੀਆਂ ਭਰਨ ਅਤੇ ਲੋਕਾਂ ਨੂੰ ਗਰੀਬੀ, ਮਹਿੰਗਾਈ, ਬੇਰੁਜ਼ਗਾਰੀ ਦੇ ਅੰਧਕਾਰ ਵਿਚ ਸੁੱਟਣ ਦੇ ਕੰਮ ਹੀ ਕੀਤੇ ਹਨ।ਇਸ ਸਰਕਾਰ ਨੇ ਹੱਕ ਮੰਗਦੇ ਦੇਸ਼ ਦੇ ਕਿਸਾਨਾਂ ਨੂੰ ਸੜਕਾਂ 'ਤੇ ਰੋਲਿਆ।ਕਿਸਾਨਾਂ ਦੀਆਂ ਮੰਗਾਂ ਮੰਨਕੇ ਉਹਨਾਂ ਨੂੰ ਪੂਰਾ ਨਹੀਂ ਕੀਤਾ।ਮਜਦੂਰ ਵਿਰੋਧੀ ਅਤੇ ਕਾਰਪੋਰੇਟ ਪੱਖੀ ਚਾਰ ਕਿਰਤ ਕੋਡ ਲਿਆਂਦੇ।ਜਨਤਕ ਜਾਇਦਾਦਾਂ ਨੂੰ ਆਪਣੇ ਚਹੇਤੇ ਕਾਰਪੋਰੇਟਰਾਂ ਕੋਲ ਕੌਡੀਆਂ ਦੇ ਭਾਅ ਵੇਚਿਆ।ਮੋਦੀ ਸਰਕਾਰ ਦੀ ਅਲੋਚਨਾ ਕਰਨ ਵਾਲੇ ਪੱਤਰਕਾਰਾਂ, ਕਾਰਕੁਨਾਂ, ਬੁੱਧੀਜੀਵੀਆਂ, ਲੇਖਕਾਂ,ਆਗੂਆਂ ਅਤੇ ਵਕੀਲਾਂ ਨੂੰ ਸੰਗੀਨ ਅਪਰਾਧਕ ਧਰਾਵਾਂ ਲਾਕੇ ਜੇਹਲਾਂ ਵਿਚ ਸੁੱਟਿਆ ਗਿਆ।ਇਹ ਸਰਕਾਰ ਦਲਿਤਾਂ, ਔਰਤਾਂ, ਆਦਿਵਾਸੀਆਂ, ਘੱਟਗਿਣਤੀਆਂ ਦੇ ਵਿਰੋਧੀ ਫਾਸ਼ੀਵਾਦੀ ਸਰਕਾਰ ਹੈ।ਇਸ ਲਈ ਭਾਰਤੀ ਜਨਤਾ ਪਾਰਟੀ ਨੂੰ ਹਰਾਉਣਾ ਜਰੂਰੀ ਹੈ।ਭਾਵੇਂ ਵਿਰੋਧੀ ਪਾਰਟੀਆਂ ਵੀ ਕਾਰਪੋਰੇਟਰਾਂ ਦੀਆਂ ਨੀਤੀਆਂ ਲਾਗੂ ਕਰਨ ਵਾਲੀਆਂ ਹਨ ਪਰ ਫੌਰੀ ਫਾਸ਼ੀਵਾਦੀ ਖਤਰਾ ਭਾਰਤੀ ਜਨਤਾ ਪਾਰਟੀ ਤੋਂ ਹੈ ਜੋ ਸ਼ਰੇਆਮ ਸੰਵਿਧਾਨ ਨੂੰ ਬਦਲਣ ਅਤੇ ਰਾਖਵਾਂਕਰਨ ਖਤਮ ਕਰਨ ਦੇ ਐਲਾਨ ਕਰਦੀ ਆ ਰਹੀ ਹੈ।ਉਹਨਾਂ ਕਿਹਾ ਕਿ ਲੋਕਾਂ ਨੂੰ ਚਾਹੀਦਾ ਹੈ ਕਿ ਵਿਰੋਧੀ ਪਾਰਟੀਆਂ ਨੂੰ ਉਹ ਬੇਝਿਜਕ ਹੋਕੇ ਉਹਨਾਂ ਦੀ ਕਾਰਗੁਜ਼ਾਰੀ ਬਾਰੇ ਸਵਾਲ ਕਰਨ।ਉਹਨਾਂ ਕਿਹਾ ਕਿ ਲੋਕਾਂ ਨੂੰ ਉਹਨਾਂ ਦੇ ਹੱਕਾਂ ਦੀ ਪ੍ਰਾਪਤੀ ਸਿਰਫ ਸੰਘਰਸ਼ਾਂ ਰਾਹੀਂ ਹੀ ਹੋ ਸਕਦੀ ਹੈ ਅਤੇ ਲੋਕ ਇਸ ਲੋਕ ਵਿਰੋਧੀ ਰਾਜਸੀ-ਆਰਥਿਕ ਪ੍ਰਬੰਧ ਨੂੰ ਬਦਲਣ ਦੀ ਜਿੰਮੇਵਾਰੀ ਨਿਭਾਉਣ ਦੀ ਤਿਆਰੀ ਜਾਰੀ ਰੱਖਣ।ਇਸ ਮੌਕੇ ਬੀਬੀ ਗੁਰਬਖਸ਼ ਕੌਰ ਸੰਘਾ ਅਤੇ ਕਮਲਜੀਤ ਸਨਾਵਾ ਪਾਰਟੀ ਆਗੂਆਂ ਨੇ ਵੀ ਸੰਬੋਧਨ ਕੀਤਾ।

ਅੱਜ ਭੋਗ 'ਤੇ ਵਿਸ਼ੇਸ਼

# ਕਾਮਰੇਡ ਰਾਕੇਸ਼ ਸ਼ਰਮਾ ਰੌਕੀ ਨੂੰ ਯਾਦ ਕਰਦਿਆਂ...



'ਰੌਕੀ' ਸੜਕ ਹਾਦਸੇ ਵਿੱਚ ਸਾਡੇ ਲੋਕਾਈ ਦੇ ਕਾਫ਼ਲੇ ਨਾਲੋਂ ਸਦਾ ਲਈ ਵਿੱਛੜ ਗਿਆ ਹੈ। ਅਸੀਂ ਜਿਸ ਪੰਧ 'ਤੇ ਚੱਲਦਿਆਂ ਇਸ ਪ੍ਰਬੰਧ ਨੂੰ ਠੀਕ ਕਰਨ ਤੁਰੇ ਹਾਂ, ਉਸ ਦੇ ਸਾਥ ਦੀ ਅਜੇ ਬੜੀ ਲੋੜ ਸੀ। ਉਂਞ ਭਾਵੇਂ 1 ਮਾਰਚ 1962 ਨੂੰ ਜਨਮੇ ਰੌਕੀ ਦਾ ਪੂਰਾ ਨਾਂਅ ਕਾਮਰੇਡ ਰਾਕੇਸ਼ ਕੁਮਾਰ ਸ਼ਰਮਾ ਲਿਖਿਆ ਜਾਂਦਾ ਸੀ, ਉਸ ਦੇ ਚਟਾਨ ਵਰਗੇ ਇਰਾਦਿਆਂ ਕਰਕੇ 'ਰੌਕੀ' ਉਪਨਾਮ ਸ਼ਬਦਿਕ ਤੌਰ ਉੱਤੇ ਢੁੱਕਦਾ ਸੀ। ਸਾਥੀ ਰਾਕੇਸ਼ ਨੂੰ ਵਿਤਕਰਿਆਂ ਦੇ ਸ਼ਿਕਾਰ ਲੋਕਾਂ ਨਾਲ ਖੜ੍ਹਨ ਤੇ ਪੂੰਜੀਵਾਦੀ ਪ੍ਰਬੰਧ ਦੀ ਲੁੱਟ-ਖਸੁੱਟ ਖ਼ਿਲਾਫ਼ ਲੜਨ ਦੀ ਗੁੜ੍ਹਤੀ ਵਿਰਸੇ ਵਿੱਚ ਮਿਲੀ। ਉਸ ਦਾ ਬਾਪ ਕਾਮਰੇਡ ਰਕਸ਼ਪਾਲ ਖ਼ੁਦ ਨੌਜਵਾਨ ਸਭਾ ਅਤੇ ਕਮਿਊਨਿਸਟ ਲਹਿਰ ਵਿੱਚ ਸਰਗਰਮ ਰਿਹਾ ਹੈ। ਰਾਕੇਸ਼ ਰੰਗਾਂ ਦੀ ਕਲਾ ਦਾ ਉਸਤਾਦ ਸੀ, ਉਸ ਨੇ ਸੈਂਕੜੇ ਸ਼ਾਗਿਰਦਾਂ ਨੂੰ ਕਲਮ-ਬੁਰਸ਼ ਚਲਾਉਣੇ ਸਿਖਾਏ। ਉਸ ਨੇ ਆਪਣੀ ਕਲਾ ਨੂੰ ਕੇਵਲ ਪੈਸੇ ਦੀ ਆਗਿਆਕਾਰੀ ਨਹੀਂ ਬਣਾਇਆ, ਉਸ ਦੇ ਬੁਰਸ਼-ਕਲਮ ਨੇ ਲੋਕਾਂ ਦੇ ਹੱਕਾਂ, ਕੰਧਾਂ, ਪੋਸਟਰਾਂ, ਇਮਾਰਤਾਂ ਉੱਤੇ ਚਿੱਤਰਿਆ। ਜਦੋਂ 1997 ਵਿੱਚ ਵਿੱਦਿਆ ਅਤੇ ਰੁਜ਼ਗਾਰ ਦੇ ਹੱਕ ਲਈ ਸਰਵ ਭਾਰਤ ਨੌਜਵਾਨ ਸਭਾ ਅਤੇ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਨੇ 'ਰੁਜ਼ਗਾਰ ਪ੍ਰਾਪਤੀ ਚੇਤਨਾ ਮੁਹਿੰਮ' ਸ਼ੁਰੂ ਕੀਤੀ ਤਾਂ ਉਸ ਦੇ ਲਈ ਪੂਰੇ ਪੰਜਾਬ ਵਿੱਚ ਨੌਜਵਾਨਾਂ, ਵਿਦਿਆਰਥੀਆਂ ਨੂੰ ਲਾਮਬੰਦ ਕਰਨ ਲਈ ਇੱਕ ਕੈਂਟਰ ਸਿੰਗਾਰਿਆ ਗਿਆ। ਜਿਸ ਉੱਪਰ ਸ਼ਹੀਦੇ-ਆਜ਼ਮ ਭਗਤ ਸਿੰਘ ਅਤੇ ਸ਼ਹੀਦ ਕਰਤਾਰ ਸਿੰਘ ਸਰਾਭਾ ਦੀਆਂ ਤਸਵੀਰਾਂ ਸਮੇਤ ਮੁਹਿੰਮ ਦੀਆਂ ਪੰਜ ਮੰਗਾਂ ਉੱਕਰੀਆਂ ਹੋਈਆਂ ਸਨ। ਪੰਜਾਬ ਦੇ ਪਿੰਡਾਂ, ਸ਼ਹਿਰਾਂ ਵਿੱਚ ਇਹ ਕੈਂਟਰ ਲੋਕਾਂ ਲਈ ਖਿੱਚ ਦਾ ਕੇਂਦਰ ਬਣਿਆ। ਇਸ ਨੂੰ ਸਜਾਉਣ ਵਿੱਚ 'ਰੌਕੀ' ਦਾ ਵੱਡਾ ਰੋਲ ਸੀ। ਉਹ ਕਿਤਾਬਾਂ ਪੜ੍ਹਨ ਦਾ ਸ਼ੌਕੀਨ ਸੀ, ਰਾਹੁਲ ਸ਼ੰਕਰਤਾਇਨ ਉਸ ਦੇ ਪਸੰਦੀਦਾ ਲੇਖਕਾਂ ਵਿੱਚੋਂ ਇੱਕ ਸੀ। ਰੌਕੀ ਦੇ ਘਰ ਅੱਜ ਵੀ ਪਈਆਂ ਸਮਾਜ ਵਿਗਿਆਨ, ਕਮਿਊਨਿਸਟ ਵਿਚਾਰਧਾਰਾ ਅਤੇ ਵਿਗਿਆਨ ਆਦਿ ਦੀਆਂ ਕਿਤਾਬਾਂ ਇਸ ਦੀ ਪੁਸ਼ਟੀ ਕਰਦੀਆਂ ਹਨ ਕਿ ਉਹ ਆਪਣੀ ਪਰਵਾਰਕ ਜ਼ਿੰਦਗੀ ਚਲਾਉਂਦਾ, ਸਮਾਜ ਨੂੰ ਪ੍ਰਨਾਇਆ ਹੋਇਆ ਮਨੁੱਖ ਸੀ। ਉਸ ਨੇ ਸਮਾਜ ਵਿੱਚ ਵੰਡੀਆਂ ਪਾਉਂਦੇ ਅਤੇ ਵਿਤਕਰਿਆਂ ਨੂੰ ਵਧਾਉਂਦੇ ਵਿਚਾਰਾਂ ਨੂੰ ਨਕਾਰਿਆ। ਉਹ ਸਮਾਜ ਦੇ ਸਭ ਭਾਈਚਾਰਿਆਂ ਦੀ ਇਕਜੁੱਟਤਾ ਅਤੇ ਮਿਲਵਰਤਨ ਦਾ ਹਾਮੀ ਸੀ। ਉਹ ਦੇਸ਼ ਦੀ ਵਰਤਮਾਨ ਸਥਿਤੀ ਬਾਰੇ ਆਪਣੇ ਦੋਸਤਾਂ ਨਾਲ ਵਿਚਾਰ-ਵਟਾਂਦਰਾ ਕਰਦਾ, ਧਰਮਾਂ- ਜਾਤਾਂ ਦੀ ਕੱਟੜਤਾ ਬਾਰੇ ਚਿੰਤਾ ਜ਼ਾਹਰ ਕਰਦਾ, ਅਜਿਹੇ ਦਮ ਘੁੱਟਵੇਂ, ਕਤਲੋਗਾਰਤ ਤੇ ਲੁੱਟਾਂ-ਖੋਹਾਂ ਦੇ ਮਾਹੌਲ ਨੂੰ ਬਦਲਣ ਲਈ ਚਿੰਤਨ ਦੇ ਰਾਹ ਤੁਰਿਆ ਸਿਪਾਹੀ ਸੀ। ਉਸ ਨੇ ਮੋਗਾ ਤੋਂ 'ਨਵਾਂ ਜ਼ਮਾਨਾ' ਲਈ ਨਿੱਧੜਕ ਪੱਤਰਕਾਰੀ ਕੀਤੀ। ਜਿੰਨਾ ਉਸ ਨੇ ਨਿੱਧੜਕ ਲਿਖਿਆ, ਉਸ ਤੋਂ ਕਿਤੇ ਵੱਧ ਉਹ ਨਿੱਧੜਕ ਹੋ ਕੇ ਵਿਚਰਿਆ। ਰੌਕੀ ਹੱਡ ਭੰਨਵੀਂ ਮਿਹਨਤ ਦਾ ਮੁੱਦਈ ਰਿਹਾ। ਉਸ ਨੇ ਆਪਣੀ ਪਰਵਾਰਕ ਕਬੀਲਦਾਰੀ ਚਲਾਉਣ ਲਈ ਦਿੱਲੀ, ਹਿਮਾਚਲ ਅਤੇ ਹੋਰਨਾਂ ਸੂਬਿਆਂ ਵਿੱਚ ਅਨੇਕਾਂ ਕਾਰੋਬਾਰ ਕੀਤੇ ਅਤੇ ਬਦਲੇ, ਪਰ ਜ਼ਿੰਦਗੀ ਆਪਣੇ ਵੇਗ ਵਿੱਚ ਅਗਾਂਹ ਤੋਰੀ। ਨਿਰਾਸ਼ਾਜਨਕ ਸਥਿਤੀਆਂ ਵਿੱਚ ਵੀ, ਹੌਸਲੇ ਉਸ ਦੇ ਇਰਦ-ਗਿਰਦ ਰਹੇ। ਕਮਿਊਨਿਸਟ ਪਾਰਟੀ ਦੇ ਪ੍ਰੋਗਰਾਮਾਂ ਦੇ ਬੈਨਰ ਜਾਂ ਵਾਲ ਪੇਂਟਿੰਗ ਲਈ ਉਸ ਦੀ ਸਰਗਰਮੀ ਜ਼ਿਕਰਯੋਗ ਹੈ। ਉਸ ਨੇ ਆਪਣੀ ਉਮਰ ਦਾ ਵੱਡਾ ਹਿੱਸਾ, ਅੰਦੋਲਨਾਂ ਵਿੱਚ ਕਿਸੇ ਨਾ ਕਿਸੇ ਰੂਪ ਵਿੱਚ ਹਿੱਸਾ ਲੈਂਦਿਆਂ ਬਿਤਾਇਆ। ਸਧਾਰਨ ਵਰਕਰ ਦੇ ਰੁਤਬੇ ਉੱਤੇ ਰਹਿੰਦਿਆਂ ਰੌਕੀ ਨੇ ਅਣਥੱਕ ਕੰਮ ਕੀਤਾ, ਕਿਸੇ ਵੱਡੇ ਅਹੁਦੇ ਦੀ ਇੱਛਾ ਉਸ ਦੇ ਮਨ ਵਿੱਚ ਨਹੀਂ ਆਈ। ਮੌਤ ਤੋਂ ਇੱਕ ਦਿਨ ਪਹਿਲਾਂ ਤੱਕ, ਉਸ ਦੇ ਰੋਜ਼ਾਨਾ ਵਾਂਗ ਆਉਂਦੇ ਮੈਸੇਜਾਂ ਵਿੱਚ ਸਮਾਜ ਲਈ ਫ਼ਿਕਰਮੰਦੀ ਹੈ। ਉਸ ਦੇ ਬੱਚਿਆਂ ਤੋਂ ਬਾਪ ਦੀ ਮਾਨਵਵਾਦੀ ਵਿਰਾਸਤ ਨੂੰ ਅੱਗੇ ਵਧਾਉਣ ਦੀਆਂ ਉਮੀਦਾਂ ਹਨ। ਕਾਮਰੇਡ ਰਾਕੇਸ਼ ਕੁਮਾਰ ਰੌਕੀ ਦਾ ਹੱਸਮੁੱਖ, ਸੰਜੀਦਾ ਅਤੇ ਮਿਲਣਸਾਰ ਸੁਭਾਅ ਸਾਡੇ ਚੇਤਿਆਂ ਵਿੱਚ ਵਸਿਆ ਰਹੇਗਾ। ਅਸੀਂ ਉਸ ਦੇ ਮਾਨਵਤਾ ਦੇ ਚੰਗੇਰੇ ਭਵਿੱਖ ਲਈ ਲਏ ਸੁਪਨਿਆਂ ਨੂੰ ਸਾਕਾਰ ਕਰਨ ਲਈ ਯਤਨਸ਼ੀਲ ਰਹਾਂਗੇ।

**ਡਾਕਟਰ ਇੰਦਰਵੀਰ ਗਿੱਲ** (98140-38380)

# ਨੰਗਲ ਸ਼ਹੀਦਾਂ ਸੜਕ ਦੇ ਆਲੇ-ਦੁਆਲੇ ਪਏ ਸਰਕੰਡੇ ਨੂੰ ਲੱਗੀ ਅੱਗ ਨੇ ਮਚਾਇਆ ਕਹਿਰ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਜਦੋਂ ਲੋਕਾਂ ਦੀਆਂ ਚੁਣੀਆਂ ਹੋਈਆਂ ਸਰਕਾਰਾਂ ਹੀ ਪੰਜਾਬ ਦੀ ਆਰਥਿਕਤਾ ਅਤੇ ਕੁਦਰਤੀ ਵਾਤਾਵਰਣ ਦੀ ਤਬਾਹੀ ਕਰਵਾਉਣ ਨੂੰ ਸਹਿਯੋਗ ਕਰਨ ਲੱਗ ਪੈਣ ਫਿਰ ਲੋਕਾਂ ਦੀ ਅਤੇ ਵਾਤਾਵਰਣ ਦੀ ਸਿਹਤ ਕਿਥੇ ਸਥਿਰ ਰਹੇਗੀ ਪੰਜਾਬ ਅੰਦਰ ਆਮ ਆਦਮੀ ਪਾਰਟੀ ਦੀ ਸਰਕਾਰੀ ਹੀ ਗੈਰ ਕਨੂੰਨੀ ਨੂੰ ਪ੍ਰਮੋਟ ਕਰਨ ਵਿਚ ਲੱਗੀ ਹੋਈ ਹੈ ਤੇ ਫਿਰ ਸੰਵਿਧਾਨਕ ਮਰਿਆਦਾ ਕਿਥੇ ਰਹੇਗੀ।ਨੰਗਲ ਸ਼ਹੀਦਾਂ ਟੋਲ ਪਲਾਜੇ ਦੇ ਨਜਦੀਕ ਸੜਕ ਦੇ ਕਿਨਾਰੇ ਲੱਗੀ ਅੱਗ ਨੇ ਐਨਾ ਕਹਿਰ ਮਚਾਇਆ ਕਿ ਸੜਕ 'ਤੇ ਸੰਘਣੀ ਧੰਦ ਵਰਗਾ ਮਾਹੌਲ ਦੇਖਣ ਨੂੰ ਮਿਲਿਆ ਤੇ ਐਕਸੀਡੈਂਟ ਹੁੰਦੇ ਹੁੰਦੇ ਵਚੇ ਤੇ ਲੇਬਰ ਪਾਰਟੀ ਦੇ ਪ੍ਰਧਾਨ ਜੈ ਗੋਪਾਲ ਧੀਮਾਨ ਅਤੇ ਸੋਨੂ ਨੇ ਉਥੇ ਪਹੁੰਚ ਲੱਗਾਤਾਰ ਫਾਇਰ ਬ੍ਰਿਗੇਡ ਨੂੰ ਫੋਨ ਕਰਕੇ ਅੱਗ ਉਤੇ ਕਾਬੂ ਪਵਾਉਣ ਦੀ ਕੋਸ਼ਿਸ਼ ਕੀਤੀ ਤੇ ਅੱਗੋ ਜਵਾਬ ਮਿਲਿਆ ਕਿ ਗੱਡੀ ਹੈ, ਪਰ ਡਰਾਇਵਰ ਨਹੀਂ ਆਦਿ ਵਾਤਾਵਰਣ ਮੰਤਰਾਲੇ ਦੇ ਘਟੀਆ ਗੈਰ ਜਿੰਮੇਵਾਰ ਢਾਂਚੇ ਦੀ ਸਖਤ ਸ਼ਬਦਾਂ ਵਿਚ ਨਿੰਦਾ ਵੀ ਕੀਤੀ।ਫਿਰ ਫਾਇਰ ਬ੍ਰਿਗੇਡ ਸਮੇਂ ਸਿਰ ਨਹੀਂ ਆਈ ਤਾਂ ਡਿਪਟੀ ਕਮਿਸ਼ਨਰ ਨੂੰ ਅਤੇ ਉਨ੍ਹਾਂ ਦੇ ਦਫਤਰ ਨੂੰ ਸੂਚਿਤ ਕੀਤਾ।ਜਦੋਂ ਫਿਰ ਵੀ ਜਵਾਬ ਨਹੀਂ ਮਿਲਿਆ ਤਾਂ ਪੰਜਾਬ ਪ੍ਰਦੂਸ਼ਣ ਕੰਟਰੋਲ ਵਿਭਾਗ ਤੋਂ ਵਧੀਕ ਨਿਗਰਾਨ ਇੰਜੀਨੀਅਰ ਦੇ ਧਿਆਨ ਹੇਠ ਮਾਮਲਾ ਲਿਆਂਦਾ ਤੇ ਅੱਗੋ ਜਵਾਬ ਮਿਲਿਆ ਕਿ ਇਹ ਐਗਰੀਕਲਚਰ ਵਿਭਾਗ ਵਿੱਚ ਬਣੇ ਨੋਡਲ ਅਫਸਰ ਦੀ ਡਿਊਟੀ ਹੈ।

ਧੀਮਾਨ ਨੇ ਕਿਹਾ ਕਿ ਪੰਜਾਬ ਵਿੱਚ ਜੀਵ ਹੱਤਿਆ ਹੋ ਰਹੀ ਹੈ ਤੇ ਅਨੇਕਾਂ ਹਰੇ ਦਰਖਤ ਅੱਗ ਦੀ ਭੇਟ ਚੜ੍ਹ ਰਹੇ ਹਨ ਤੇ ਸਰਕਾਰ ਦਾ ਵਾਤਾਵਰਣ ਮੰਤਰਾਲਾ ਅਤੇ ਵਾਤਾਵਰਣ ਦੇ ਨਾਂਅ 'ਤੇ ਵਾਹ ਵਾਹ ਕਰਵਾਉਣ ਵਾਲੇ ਰਾਜ ਸਭਾ ਦੇ ਮੈਂਬਰ ਵੀ ਚੁੱਪੀ ਸਾਧ ਗਏ ਹਨ। ਹੁਣ ਵਣ ਵਿਭਾਗ, ਜੰਗਲੀ ਜੀਵ ਸੁੱਰਖਿਆ ਵਿਭਾਗ, ਸਿਹਤ ਰੱਖਿਆ ਵਿਭਾਗ, ਰੋਡ ਸੈਫਟੀ ਦੀਆਂ ਦੁਹਾਈਆਂ ਦੇਣ ਵਾਲੇ ਇੰਝ ਲਗਦਾ ਜਿਵੇਂ ਪੰਜਾਬ ਛੱਡ ਗਏ ਹਨ।ਸੰਵਿਧਾਨਕ ਤੌਰ 'ਤੇ ਸਰਕਾਰ ਦੀ ਡਿਊਟੀ ਹੈ ਕਿ ਉਹ ਹਰ ਤਰ੍ਹਾਂ ਦੇ ਗੈਰ ਸੰਵਿਧਾਨਕ ਕੰਮਾਂ ਨੂੰ ਰੋਕੇ।ਲੇਬਰ ਪਾਰਟੀ ਲੋਕਾਂ ਨੂੰ ਵਾਤਾਵਰਣ ਪ੍ਰਤੀ ਜਾਗਰੂਕ ਕਰ ਰਹੀ ਹੈ।

# ਪਾਣੀ ਖੇਤਾਂ ਨੂੰ ਦੇਣ ਦੀ ਥਾਂ ਪੇਪਰ ਮਿੱਲ ਨੂੰ ਦਿੱਤਾ ਜਾ ਰਿਹੈ



**ਮਾਹਿਲਪੁਰ (ਸ਼ਫ਼ਰੀ)**-ਕੁਲ ਹਿੰਦ ਕਿਸਾਨ ਸਭਾ ਦੇ ਸੂਬਾਈ ਸਕੱਤਰ ਦਰਸ਼ਨ ਸਿੰਘ ਮੱਟੂ ,ਸੂਬਾਈ ਮੀਤ ਪ੍ਰਧਾਨ ਗੁਰਨੇਕ ਸਿੰਘ ਭੱਜਲ, ਕਿਸਾਨ ਆਗੂ ਹਰਭਜਨ ਸਿੰਘ ਅਟਵਾਲ, ਇਕਬਾਲ ਸਿੰਘ ਜਸੋਵਾਲ ਨੇ ਸਾਂਝੇ ਲਿਖਤੀ ਬਿਆਨ ਦਸਿਆ ਕਿ ਕੰਢੀ ਨਹਿਰ 1978 ਤੋਂ ਕੀੜੀ ਦੇ ਤੋਰੇ ਬਣਨੀ ਸ਼ੁਰੂ ਹੋਈ ,ਕਈ ਸਰਕਾਰਾਂ ਆਈਆਂ ਪਰ ਹਾਲੇ ਤਕ 147 ਕਿਲੋਮੀਟਰ ਬਣਕੇ ਤਿਆਰ ਨਹੀਂ ਹੋਈ। ਜਿੰਨੀ ਨਹਿਰ ਤਿਆਰ ਹੋਈ ਹੈ ਉਸ ਦਾ ਪਾਣੀ ਖੇਤਾਂ ਨੂੰ ਦੇਣ ਦੀ ਥਾਂ ਕੁਆਂਟਮ ਪੇਪਰ ਮਿੱਲ ਸੈਲਾ ਖੁਰਦ ਨੂੰ ਦੇਣਾ ਸ਼ੁਰੂ ਕਰ ਦਿੱਤਾ ਹੈ।ਕੁਲ ਹਿੰਦ ਕਿਸਾਨ ਸਭਾ,ਕੰਢੀ ਸੰਘਰਸ਼ ਕਮੇਟੀ ਨੇ ਲਗਾਤਾਰ ਕੰਢੀ ਨਹਿਰ ਮੁਕੰਮਲ ਬਣਾਉਣ ਲਈ ਤੇ ਭ੍ਰਿਸ਼ਟਾਚਾਰੀ ਚੀਫ ਇੰਜੀਨੀਅਰ ਤੇ ਹੋਰ ਸਬੰਧਤ ਅਫਸਰਾਂ, ਠੇਕੇਦਾਰਾਂ ਨੂੰ ਗ੍ਰਿਫਤਾਰ ਕਰਵਾਉਣ ਦਾ ਘੋਲ ਲੜਿਆ ਤੇ ਜਿੱਤ ਪ੍ਰਾਪਤ ਕੀਤੀ। ਹੁਣ ਆਸ ਜਾਗੀ ਪਰ ਪੰਜਾਬ ਸਰਕਾਰ ਤੇ ਅਫਸਰਸ਼ਾਹੀ ਦੀ ਮਿਲੀਭੁਗਤ ਨਾਲ ਮਿੱਲਾਂ ਨੂੰ ਪਾਣੀ ਦੇ ਰਹੇ ਹਨ।

# ਪੰਜਾਬ 'ਚ ਭਾਜਪਾ ਦੇ ਇਕਲੌਤੇ ਜਿਲ੍ਹਾ ਪ੍ਰੀਸ਼ਦ ਮੈਂਬਰ ਨੇ ਵੀ ਦਿੱਤਾ ਡਾ. ਰਾਜ ਨੂੰ ਸਮਰਥਨ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)** ਹੁਸ਼ਿਆਰਪੁਰ ਲੋਕ ਸਭਾ ਹਲਕੇ ਦੀ ਜਨਤਾ ਨੇ ਅੱਜ ਤੱਕ ਰਵਾਇਤੀ ਪਾਰਟੀਆਂ ਦੇ ਨੇਤਾਵਾਂ ਦੇ ਝੂਠ ਵਾਅਦੇ ਅਤੇ ਗੁੰਟੀਆਂ ਹੀ ਵੇਖੀਆਂ ਨੇ, ਪਰ ਅਸੀਂ ਕੰਮ ਕਰ ਕੇ ਵਿਖਾਉਣ ਵਾਲੇ ਹਾਂ, ਇਹ ਸ਼ਬਦ ਡਾ. ਰਾਜ ਕੁਮਾਰ, ਆਪ ਉਮੀਦਵਾਰ ਹੁਸ਼ਿਆਰਪੁਰ, ਨੇ ਮੁਕੇਰੀਆਂ ਵਿਧਾਨਸਭਾ ਹਲਕੇ ਵਿਚ ਮੀਟਿੰਗਾਂ ਦੌਰਾਨ ਕਹੇ । ਉਹ ਉਸ ਵਕਤ ਲੋਕਾਂ ਦੀ ਇਸ ਸ਼ਿਕਾਇਤ 'ਤੇ ਜਵਾਬ ਦੇ ਰਹੇ ਸਨ ਕਿ ਪਿਛਲੇ 10 ਸਾਲ ਤੋਂ ਚੁਣੇ ਗਏ ਐਮ ਪੀ ਆਪਣੇ ਵਾਅਦੇ ਤਾਂ ਕਿ ਪੂਰੇ ਕਰਨੇ ਸੀ, ਹਲਕੇ ਵਿਚ ਕਦੇ ਮੁੜ ਕੇ ਆਏ ਹੀ ਨਹੀਂ। ਡਾ. ਰਾਜ ਨੇ ਇਕੱਠ ਨੂੰ ਸੰਬੋਧਿਤ ਕਰਦਿਆਂ ਕਿਹਾ ਕਿ ਉਹ ਆਪਣੇ ਹਲਕੇ ਲਈ ਨਾ ਸਰ ਕੇਂਦਰ ਵਿਚ ਮੁੱਦੇ ਚੁੱਕਣਗੇ ਬਲਕਿ ਹਲਕਾ ਵੈਸਾਂ ਨੂੰ ਆਪਣੇ ਕੀਤੇ ਕੰਮਾਂ ਬਾਰੇ ਜਾਣਕਾਰੀ ਦੇਣ ਲਈ ਵੀ ਖੁਦ ਹਲਕੇ ਵਿਚ ਆ ਕੇ ਦੱਸਣਗੇ। ਇਸ ਅਵਸਰ 'ਤੇ ਪੰਜਾਬ ਵਿਚ ਭਾਜਪਾ ਦੇ ਇਕੋ ਇਕ ਜਿਲ੍ਹਾ ਪ੍ਰੀਸ਼ਦ ਮੈਂਬਰ ਮੁਕੇਰੀਆਂ ਤੋਂ ਗੁਰਬਚਨ ਸਿੰਘ ਬਾਵਾ ਆਪਣੇ ਸਾਥੀਆਂ ਦੇ ਨਾਲ ਹਲਕਾ ਇੰਚਾਰਜ ਪ੍ਰੋ. ਜੀ ਐਸ ਮੁਲਤਾਨੀ ਦੀ ਅਗਵਾਈ ਵਿਚ ਭਾਜਪਾ ਤੋਂ ਨਾਤਾ ਤੋੜ ਕੇ ਆਮ ਆਦਮੀ ਪਾਰਟੀ ਵਿਚ ਸ਼ਾਮਲ ਹੋ ਗਏ। ਉਹਨਾਂ ਡਾ ਵੀ ਇਹੀ ਵਿਚਾਰ ਸੀ ਕਿ ਉਹਨਾਂ ਸ਼ੁਰੂ ਤੋਂ ਭਾਜਪਾ ਦੇ ਉਮੀਦਵਾਰਾਂ ਲਈ ਜੀ-ਤੋੜ ਮਹਿਨਤ ਕਰ ਉਹਨਾਂ ਨੂੰ ਮੁਕੇਰੀਆਂ ਹਲਕੇ ਤੋਂ ਜਿੱਤ ਦਿਵਾਈ ਪਰ ਉਹਨਾਂ ਨੇ ਜਿੱਤਾਂ ਤੋਂ ਬਾਅਦ ਹਲਕੇ ਦੀ 'ਤੇ ਆਪਣੇ ਪਾਰਟੀ ਵਰਕਰਾਂ ਦੀ ਕਦੇ ਸਾਰ ਨਹੀਂ ਲਈ। ਉਹਨਾਂ ਕਿਹਾ ਕਿ ਉਹ ਡਾ. ਰਾਜ ਦੇ ਵਿਅਕਤੀਤਵ ਤੋਂ ਬਹੁਤ ਪ੍ਰਭਾਵਿਤ ਹਨ ਜਿਹਨਾਂ ਨੇ ਆਪਣੇ ਕੰਮਾਂ ਨਾਲ ਆਪਣੇ ਹਲਕਾ ਚੱਬੇਵਾਲ ਵਿਚ ਨਾਂ ਕਮਾਇਆ ਅਤੇ ਹਲਕੇ ਵਿਚ ਆਪਣੀ ਪੈਠ ਦੇ ਚਲਦਿਆਂ ਆਪਣਾ ਇਕ ਰੁਤਬਾ ਕਾਇਮ ਕੀਤਾ ਹੈ। ਗੁਰਬਚਨ ਸਿੰਘ ਦਾ ਧੰਨਵਾਦ ਕਰਦਿਆਂ ਡਾ. ਰਾਜ ਨੇ ਕਿਹਾ ਕਿ ਇਹ ਮੇਰਾ ਅਹਿਦ ਹੈ ਸਾਰੇ ਹੁਸ਼ਿਆਰਪੁਰ ਵਾਸੀਆਂ ਨਾਲ ਕਿ ਜੇਕਰ ਹਲਕਾ ਵਾਸੀ ਮੈਨੂੰ ਆਪਣੀ ਸੇਵਾ ਦਾ ਮੌਕਾ ਬਖਸ਼ਦੇ ਹਨ ਤਾਂ ਮੈਂ ਇਸ ਲੋਕਸਭਾ 'ਚ ਪੈਂਦੇ 9 ਵਿਧਾਨਸਭਾ ਹਲਕਿਆਂ ਵਿਚ ਨੇਮ ਨਾਲ ਆਵਾਂਗਾ, ਪਿੰਡਾਂ-ਸ਼ਹਿਰਾਂ ਵਿਚ ਵਿਚਾਰ ਕੇ ਲੋਕਾਂ ਦੀਆਂ ਸਮੱਸਿਆਵਾਂ ਜਾਂ ਕੇ ਉਹਨਾਂ ਨੂੰ ਹੱਲ ਕਰਨਾ ਮੇਰੀ ਪਹਿਲ 'ਤੇ ਹੋਵੇਗਾ। ਮੀਟਿੰਗਾਂ ਦੇ ਇਸ ਦੌਰ ਵਿਚ ਲੋਕਾਂ ਵਲੋਂ ਡਾ. ਰਾਜ ਨੂੰ ਮਿਠਾਈ ਨਾਲ ਤੋਲ ਕੇ ਅਤੇ ਕ੍ਰਾਂਤੀਕਾਰੀ ਸ਼ਹੀਦ ਭਗਤ ਸਿੰਘ ਦੀ ਤਸਵੀਰ ਭੇਟ ਕਰ ਕੇ ਸਨਮਾਨਿਤ ਵੀ ਕੀਤਾ ਗਿਆ।

## 24ਵਾਂ ਸਭਿਆਚਾਰਕ ਮੇਲਾ 28 ਨੂੰ

**ਭੁਲੱਥ, (ਮਨਪ੍ਰੀਤ ਸਿੰਘ)**-ਇਥੋਂ ਥੋੜ੍ਹੀ ਦੂਰੀ 'ਤੇ ਪੈਂਦੇ ਪਿੰਡ ਅਕਾਲਾ ਵਿਖੇ 24ਵਾਂ ਸਭਿਆਚਾਰਕ ਮੇਲਾ ਮਿਤੀ 28 ਮਈ ਨੂੰ ਐਨ.ਆਰ.ਆਈ ਵੀਰ ਤੇ ਪਿੰਡ ਦੇ ਸਹਿਯੋਗ ਸਦਕਾ ਕਰਵਾਇਆ ਜਾ ਰਿਹਾ ਹੈ। ਮੇਲੇ ਦੌਰਾਨ ਪੰਜਾਬ ਦੇ ਪ੍ਰਸਿੱਧ ਗਾਇਕ ਤੇ ਕਵਾਲ ਆਪਣੇ ਗਾਇਕੀ ਦੇ ਜੌਹਰ ਦਿਖਾਉਣਗੇ।ਪੰਜਾਬ ਦੇ ਪ੍ਰਸਿੱਧ ਗਾਇਕ ਸਰਦਾਰ ਅਲੀ ਤੇ ਆਤਮਾ ਸਿੰਘ ਐਂਡ ਐਸ ਕੌਰ ਆਪਣੇ ਗਾਇਕੀ ਦੇ ਜੌਹਰ ਦਿਖਾਉਂਦੇ ਹੋਏ ਆਏ ਹੋਏ ਲੋਕਾਂ ਦਾ ਮਨੋਰੰਜਨ ਕਰਨਗੇ। ਇਸ ਮੌਕੇ ਲੰਗਰ ਦੀ ਸੇਵਾ ਕਰਨ ਯੂ.ਐਸ.ਏ ਵਲੋਂ ਨਿਭਾਈ ਜਾਵੇਗੀ।ਮੇਲੇ ਦੌਰਾਨ ਸਟੇਜ ਸਕੱਤਰ ਦੀ ਕਾਰਵਾਈ ਬਲਦੇਵ ਸਿੱਧੂ ਕਰਨਗੇ ।

## ਹਮਸਫਰ ਯੂਥ ਕਲੱਬ ਵੱਲੋਂ ਵੋਟਰ ਜਾਗਰੂਕਤਾ ਸਮਾਗਮ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**-ਸੁਵਿਧਾ ਕੇਂਦਰ ਲੰਮਾ ਪਿੰਡ ਜਲੰਧਰ ਵਿਖੇ ਜ਼ਿਲ੍ਹਾ ਪ੍ਰਸ਼ਾਸਨ ਰੈਡ ਕਰਾਸ ਸੋਸਾਇਟੀ ਅਤੇ ਹਮਸਫਰ ਯੂਥ ਕਲੱਬ ਦੇ ਸਹਿਯੋਗ ਨਾਲ ਸਵੀਪ ਦੇ ਤਹਿਤ ਵੋਟਿੰਗ ਜਾਗਰੂਕਤਾ ਵਿਸ਼ੇ ਉੱਤੇ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ ਜਿਸ ਵਿੱਚ ਹਮਸਫ਼ਰ ਯੂਥ ਕਲੱਬ ਵੱਲੋਂ ਰੋਹਿਤ ਭਾਟੀਆ ਅਤੇ ਹਮਸਫਰ ਯੂਥ ਕਲੱਬ ਦੀ ਸਮੁੱਚੀ ਟੀਮ ਨੇ ਭਾਗ ਲਿਆ ਰੋਹਿਤ ਭਾਟੀਆ ਨੇ ਸੁਵਿਧਾ ਕੇਂਦਰ ਅਧਿਕਾਰੀਆਂ ਅਤੇ ਮੌਜੂਦਾ ਨਾਗਰਿਕਾਂ ਨੂੰ ਵੋਟ ਦੇ ਮਹੱਤਤਾ ਬਾਰੇ ਅਵਗਤ ਕਰਵਾਉਂਦੇ ਹੋਏ ਦੱਸਿਆ ਕਿ 18 ਸਾਲ਼ ਦਾ ਹਰ ਇਨਸਾਨ ਆਪਣਾ ਵੋਟ ਜ਼ਰੂਰ ਬਣਾਵੇ ਅਤੇ ਇਲੈਕਸ਼ਨ ਵੇਲੇ ਅਪਣਾ ਵੋਟ ਜਰੂਰ ਪਾਵੇ। ਸੁਵਿਧਾ ਕੇਂਦਰ ਇੰਚਾਰਜ ਅਭਿਸ਼ੇਕ ਕਸ਼ਪ ਨੇ ਦੱਸਿਆ ਕਿ ਭਾਰਤ ਦੇ ਸਾਰੇ ਨਾਗਰਿਕਾਂ ਨੂੰ ਬਿਨਾਂ ਕਿਸੇ ਦੱਬ ਦਬਾਵ ਬਿਨਾਂ ਕਿਸੇ ਲਾਲਚ ਤੋਂ ਮਤਦਾਤਾ ਵਿੱਚ ਭਾਗੇਦਾਰੀ ਨਿਭਾਉਣੀ ਚਾਹੀਦੀ ਹੈ ਅਤੇ ਸੰਪੂਰਨ ਪਰਵਾਰ ਸੰਪੂਰਨ ਇਲਾਕਾ ਨਿਵਾਸੀਆਂ ਨੂੰ ਵੀ ਮਤਦਾਨ ਕਰਨ ਬਾਰੇ ਜਾਗਰੂਕ ਕਰਨਾ ਚਾਹੀਦਾ ਹੈ। ਇਸ ਮੌਕੇ ਰੋਹਿਤ ਭਾਟੀਆ ਹਰਵਿੰਦਰ ਕੁਮਾਰ ਪੂਨਮ ਭਾਟੀਆ ਰਣਜੀਤ ਕੌਰ ਹਰਵਿੰਦਰ ਕੁਮਾਰ ਰਵਿੰਦਰ ਕੁਮਾਰ ਅਭਿਸ਼ੇਖ ਕਸ਼ਅਪ ਈਸ਼ਵਰ ਵਾਲੀਆ ਕਿਰਨ ਕੁਮਾਰੀ ਨਰੇਸ਼ ਕੁਮਾਰ ਹਰਜੀਤ ਸਿੰਘ ਹਰਮੀਤ ਸਿੰਘ ਸੁਖਪ੍ਰੀਤ ਜੱਸੀ ਆਦਿ ਮੌਜੂਦ ਸਨ।

## ਘਰ 'ਚੋਂ ਸੋਨੇ ਦੇ ਗਹਿਣੇ ਤੇ ਨਕਦੀ ਚੋਰੀ

**ਫਿਲੌਰ (ਨਿਰਮਲ)** ਸ਼੍ਰੀਮਤੀ ਪਾਲੋ ਪਤਨੀ ਤਰਸੇਮ ਲਾਲ ਵਾਸੀ ਬਕਾਪੁਰ ਫਿਲੌਰ ਨੇ ਥਾਣਾ ਫਿਲੌਰ ਵਿਖੇ ਰਿਪੋਰਟ ਦਰਜ ਕਰਵਾਈ ਹੈ ਕਿ ਉਹ ਕਿਸੇ ਜ਼ਰੂਰੀ ਕੰਮ ਲਈ ਘਰੋਂ ਬਾਹਰ ਗਈ ਹੋਈ ਸੀ ਤੇ ਮੇਰੀ ਨੂੰਹ ਦਵਾਈ ਲੈਣ ਹਸਪਤਾਲ ਗਈ ਹੋਈ ਸੀ। ਜਦੋਂ ਘਰ ਆ ਕੇ ਦੇਖਿਆ ਤਾਂ ਘਰ ਦੇ ਜਿੰਦਰੇ ਟੁੱਟੇ ਹੋਏ ਸਨ ਤੇ ਅੰਦਰੋਂ ਪੇਟੀ 'ਚੋਂ 1 ਲੱਖ 80 ਹਜ਼ਾਰ ਰੁਪਏ ਨਗਦ ਸੋਨੇ ਦੀਆਂ ਤਿੰਨ ਮੁੰਦਰੀਆਂ, ਨੂੰਹ ਦੀ ਪੇਟੀ ਚੋਂ ਤਿੰਨ ਸੋਨੇ ਦੀਆਂ ਮੁੰਦਰੀਆਂ, ਇੱਕ ਚੈਨੀ ਸੋਨੇ ਦੀ ਇੱਕ ਜੋੜਾ ਸੋਨੇ ਦੀਆਂ ਵਾਲੀਆਂ ਗਾਇਬ ਸਨ। ਪੁਲਸ ਨੇ ਸ਼ੱਕੀ ਵਿਅਕਤੀ ਦੀ ਭਾਲ ਸ਼ੁਰੂ ਕਰ ਦਿੱਤੀ ਹੈ।

## ਤੇਜ ਰਫਤਾਰ ਕਾਰ ਟਰੈਕਟਰ ਟਰਾਲੀ 'ਚ ਵੱਜੀ, 2 ਮੌਤਾਂ

**ਫਿਲੌਰ ( ਨਿਰਮਲ )** ਤੜਕਸਾਰ ਇਕ ਕਾਰ ਅਤੇ ਟਰੈਕਟਰ ਟਰਾਲੀ ਵਿਚਕਾਰ ਭਿਆਨਕ ਟੱਕਰ ਹੋ ਗਈ ।ਫਿਲੌਰ ਦੇ ਥਾਣੇਦਾਰ ਵਿਜੇ ਕੁਮਾਰ ਨੇ ਦੱਸਿਆ ਕਿ ਫਿਲੌਰ ਨੇੜੇ ਇਕ ਕਾਰ ਅੱਗੇ ਜਾ ਰਹੇ ਟਰੈਕਟਰ ਟਰਾਲੀ ਵਿੱਚ ਜ਼ੋਰ ਨਾਲ ਜਾ ਵੱਜੀ ।ਜ਼ਖ਼ਮੀਆਂ ਨੂੰ ਇਲਾਜ ਲਈ ਤਰੁੰਤ ਸਿਵਲ ਹਸਪਤਾਲ ਫਿਲੌਰ ਵਿਖੇ ਭੇਜਿਆ, ਕਾਰ ਸਵਾਰ ਸਰਵਨ ਕੁਮਾਰ ਪੁੱਤਰ ਉਮੇਸ਼ ਦੀ ਹਸਪਤਾਲ ਵਿੱਚ ਮੌਤ ਹੋ ਗਈ ਅਤੇ ਇਕ ਡੇਢ ਸਾਲ ਦਾ ਬੱਚੇ ਵੈਭਵ ਪੁੱਤਰ ਦਰਮੇਸ਼ ਜਿਸ ਨੂੰ ਗੰਭੀਰ ਜ਼ਖ਼ਮੀ ਹੋਣ ਕਾਰਨ ਲੁਧਿਆਣਾ ਰੈਫਰ ਕਰ ਦਿੱਤਾ ਗਿਆ ਸੀ, ਉਸ ਦੀ ਉਥੇ ਮੌਤ ਗਈ। ਜ਼ਖ਼ਮੀਆਂ ਵਿਚ ਆਰਿਆ ਪੁੱਤਰ ਦਰਮੇਸ਼,ਸੁਰਿੰਦਰ ਪੁੱਤਰ ਮੋਹਿੰਦਰ,ਸੁਨੀਤਾ ਦੇਵੀ ਪੁੱਤਰੀ ਓਮੇਸ਼ ,ਗੌਤਮ ਕੁਮਾਰ ਪੁੱਤਰ ਰਵੀਕਾਂਤ ਸਾਰੇ ਵਾਸੀ ਲੁਧਿਆਣਾ ਦੇ ਦੱਸੇ ਜਾ ਰਹੇ ਹਨ।ਇਹ ਸਾਰੇ ਲੋਕ ਮਾਤਾ ਚਿੰਤਪੁਰਨੀ ਵਿਖੇ ਮੱਥਾ ਟੇਕ ਕੇ ਕਾਰ ਨੰਬਰ ਪੀ ਬੀ 01 ਈ 7124 ਵਿੱਚ ਆਪਣੇ ਘਰ ਤਾਜਪੁਰ ਰੋਡ ਲੁਧਿਆਣਾ ਪਰਤ ਰਹੇ ਸੀ ।ਟਰੈਕਟਰ ਚਾਲਕ ਨੂੰ ਵੀਂ ਸੱਟਾਂ ਵੱਜੀਆਂ ਹਨ।

# ਭਾਣੋਕੀ 'ਚ ਸ਼੍ਰੋਮਣੀ ਅਕਾਲੀ ਦਲ ਨੂੰ ਮਿਲਿਆ ਭਰਵਾਂ ਸਮਰਥਨ



**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)** ਸ਼੍ਰੋਮਣੀ ਅਕਾਲੀ ਦਲ (ਬ) ਵਲੋਂ ਲੋਕਸਭਾ ਹਲਕਾ ਹੁਸ਼ਿਆਰਪੁਰ ਤੋਂ ਉਮੀਦਵਾਰ ਸੋਹਣ ਸਿੰਘ ਠੰਡਲ ਦੇ ਹੱਕ 'ਚ ਇਕ ਚੋਣ ਮੀਟਿੰਗ ਪਿੰਡ ਭਾਣੋਕੀ ਵਿਖੇ ਕੀਤੀ ਗਈ। ਮੀਟਿੰਗ ਦੌਰਾਨ ਸ਼੍ਰੋਮਣੀ ਅਕਾਲੀ ਦਲ ਦੇ ਦਿਹਾਤੀ ਹਲਕਾ ਇੰਚਾਰਜ ਰਾਜਿੰਦਰ ਸਿੰਘ ਚੰਦੀ ਅਤੇ ਹਲਕਾ ਸ਼ਹਿਰੀ ਇੰਚਾਰਜ ਰਣਜੀਤ ਸਿੰਘ ਖੁਰਾਣਾ ਤੋਂ ਇਲਾਵਾ ਉਮੀਦਵਾਰ ਸੋਹਣ ਸਿੰਘ ਠੰਡਲ ਦੇ ਪੁੱਤਰ ਰਵਿੰਦਰ ਸਿੰਘ ਠੰਡਲ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।

ਇਸ ਦੌਰਾਨ ਸੰਬੋਧਨ ਕਰਦਿਆਂ ਖੁਰਾਣਾ ਅਤੇ ਚੰਦੀ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਦੀ ਹੁਸ਼ਿਆਰਪੁਰ ਲੋਕਸਭਾ ਸੀਟ ਤੋਂ ਜਮਾਨਤ ਜਬਤ ਕਰਵਾਈ ਜਾਵੇ ਅਤੇ ਵੱਧ ਤੋਂ ਵੱਧ ਵੋਟਾਂ ਸ਼੍ਰੋਮਣੀ ਅਕਾਲੀ ਦਲ (ਬ) ਦੇ ਚੋਣ ਨਿਸ਼ਾਨ 'ਤੱਕੜੀ' ਨੂੰ ਪਾ ਕੇ ਸੋਹਣ ਸਿੰਘ ਠੰਡਲ ਨੂੰ ਕਾਮਯਾਬ ਕੀਤਾ ਜਾਵੇ। ਪਿੰਡ ਭਾਣੋਕੀ ਵਿਖੇ ਸ਼੍ਰੋ.ਅ.ਦ. (ਬ) ਨੂੰ ਵੋਟਰਾਂ ਦਾ ਭਰਵਾਂ ਹੁੰਗਾਰਾ ਪ੍ਰਾਪਤ ਹੋਇਆ। ਇਸ ਮੌਕੇ ਸ਼ਰਨਜੀਤ ਸਿੰਘ ਅਟਵਾਲ, ਅਵਤਾਰ ਸਿੰਘ ਮੰਗੀ, ਹਰਵਿੰਦਰ ਸਿੰਘ ਲਵਲੀ ਵਾਲੀਆ, ਧਰਮਿੰਦਰ ਟੋਨੀ, ਸਰੂਪ ਸਿੰਘ ਖਲਵਾੜਾ, ਦਵਿੰਦਰ ਸਿੰਘ, ਝਿਰਮਲ ਸਿੰਘ ਭਿੰਡਰ, ਗੁਰਦੀਪ ਸਿੰਘ ਖੇੜਾ, ਜਸਵਿੰਦਰ ਸਿੰਘ ਭਗਤਪੁਰਾ, ਗੁਰਸਿਮਰ ਸਿੰਘ ਤੋਂ ਇਲਾਵਾ ਜਸਵੰਤ ਸਿੰਘ, ਹਰਦੀਪ ਸਿੰਘ ਜਤਿੰਦਰ ਸਿੰਘ ਮੈਂਬਰ ਪੰਚਾਇਤ, ਬਲਦੇਵ ਸਿੰਘ, ਕੇਵਲ ਸਿੰਘ, ਕੁਲਵਿੰਦਰ ਕੌਰ, ਸਰਬਜੀਤ ਕੌਰ, ਸੁਖਵਿੰਦਰ ਕੌਰ, ਮੱਖਣ ਸਿੰਘ, ਕੁਲਜੀਤ ਕੌਰ, ਸੰਤੋਖ ਸਿੰਘ, ਕੁਲਵੰਤ ਕੌਰ, ਦਵਿੰਦਰ ਕੌਰ, ਜੋਗਿੰਦਰ ਸਿੰਘ, ਮਨਦੀਪ ਕੌਰ ਆਦਿ ਹਾਜ਼ਰ ਸਨ।

# ਸਾਬਕਾ ਆਰਮੀ ਵੈੱਲਫੇਅਰ ਐਸੋਸ਼ੀਏਸ਼ਨ ਨੇ ਐਡਵੋਕੇਟ ਰਣਜੀਤ ਕੁਮਾਰ ਨੂੰ ਜਿਤਾਉਣ ਲਈ ਸੰਭਾਲੀ ਕਮਾਂਡ



**ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ)** ਬਸਪਾ ਉਮੀਦਵਾਰ ਐਡਵੋਕੇਟ ਰਣਜੀਤ ਕੁਮਾਰ ਦੀ ਚੋਣ ਮੁਹਿੰਮ ਨੂੰ ਉਸ ਸਮੇਂ ਭਾਰੀ ਬਲ ਮਿਲਿਆ ਜਦੋਂ ਸਾਬਕਾ ਆਰਮੀ ਵੈਲਫੇਅਰ ਐਸ਼ੋਸ਼ੀਏਸ਼ਨ ਗੜ੍ਹਦੀਵਾਲਾ ਦੇ ਪ੍ਰਧਾਨ ਕੈਪਟਨ ਬਲਵਿੰਦਰ ਸਿੰਘ, ਸੂਬੇਦਾਰ ਗੁਰਮੇਲ ਸਿੰਘ, ਹਰਬੰਸ ਸਿੰਘ, ਐਸ ਐਸ ਸੈਣੀ, ਅਜੀਤ ਸਿੰਘ ਅਤੇ ਭਾਰੀ ਗਿਣਤੀ ਵਿੱਚ ਹਾਜਰ ਸੇਵਾ ਮੁਕਤ ਫੌਜੀ ਵੀਰਾਂ ਵਲੋਂ ਐਡਵੋਕੇਟ ਰਣਜੀਤ ਕੁਮਾਰ ਦੀ ਚੋਣ ਮੁਹਿੰਮ ਨੂੰ ਆਪਣੇ ਹੱਥਾਂ ਵਿਚ ਲੈ ਕੇ ਭਾਰੀ ਬਹੁਮਤ ਨਾਲ ਜਿਤਾਉਣ ਦਾ ਪ੍ਰਣ ਲਿਆ।ਇਸ ਤੋਂ ਪਹਿਲਾਂ ਪ੍ਰਧਾਨ ਸੂਰਜ ਮੋਹਨ ਪਰਾਸ਼ਰ ਐਡਵੋਕੇਟ ਦੀ ਅਗਵਾਈ ਹੇਠ ਬਾਰ ਐਸ਼ੋਸ਼ੀਏਸ਼ਨ ਮਕੇਰੀਆਂ ਨੇ ਬਸਪਾ ਉਮੀਦਵਾਰ ਨੂੰ ਭਾਰੀ ਬਹੁਮਤ ਨਾਲ ਜਿਤਾ ਕੇ ਲੋਕ ਸਭਾ ਭੇਜਣ ਦਾ ਵਿਸ਼ਵਾਸ ਦਿਵਾਇਆ। ਇਸ ਮੌਕੇ ਐਡਵੋਕੇਟ ਰਣਜੀਤ ਕੁਮਾਰ ਨੇ ਕਿਹਾ ਕਿ ਕੇਂਦਰ ਦੀ ਭਾਜਪਾ ਸਰਕਾਰ ਅਤੇ ਕਾਂਗਰਸ ਦੀਆਂ ਨੀਤੀਆਂ ਹਮੇਸ਼ਾਂ ਗਰੀਬ, ਲੋਕ ਮਾਰੂ ਸਾਬਿਤ ਹੋਈਆਂ ਹਨ, ਅਗਨੀਵੀਰ ਯੋਜਨਾ ਨਾਲ ਲੱਖਾਂ ਨੌਜਬਾਨਾਂ ਦਾ ਫੌਜ ਵਿਚ ਭਰਤੀ ਹੋਣ ਦਾ ਸੁਪਨਾ ਚਕਨਾਚੂਰ ਹੋ ਗਿਆ ਹੈ।ਉਨ੍ਹਾਂ ਕਿਹਾ ਉਹ ਇਸ ਯੋਜਨਾ ਨੂੰ ਖਤਮ ਕਰਾਉਣ ਅਤੇ ਫੌਜ ਦੀ ਭਰਤੀ ਪਹਿਲਾਂ ਵਾਂਗ ਖੋਹਲਣ ਅਤੇ ਨਾਲ ਹੀ ਪੈਨਸ਼ਨ ਯੋਜਨਾ ਲਾਗੂ ਕਰਨ ਲਈ ਪਾਰਲੀਮੈਂਟ ਅੰਦਰ ਅਵਾਜ ਬੁਲੰਦ ਕਰਨਗੇ।

ਐਡਵੋਕੇਟ ਰਣਜੀਤ ਕੁਮਾਰ ਨੇ ਕਿਹਾ ਭਾਜਪਾ, ਕਾਂਗਰਸ, ਆਪ ਪਾਰਟੀ ਝੂਠ ਦੀ ਰਾਜਨੀਤੀ ਕਰਦੇ ਹਨ। ਭਾਜਪਾ ਨੇ 1 ਸਾਲ ਵਿਚ 1 ਕਰੋੜ ਨੌਕਰੀਆਂ ਦੇਣ,ਦੇਸ਼ ਦੇ ਹਰ ਨਾਗਰਿਕ ਦੇ ਖਾਤੇ 'ਚ 15-15 ਲੱਖ ਰੁਪਏ ਪਾਉਣ, ਕਿਸਾਨਾਂ ਦੀ ਆਮਦਨ ਦੁਗਣੀ ਕਰਨ, ਮੁਫਤ ਇਲਾਜ ਵਰਗੇ ਕਈ ਵਾਅਦੇ ਦੇਸ਼ ਵਾਸੀਆਂ ਨਾਲ ਕੀਤੇ ਜੋ ਜੁਮਲੇ ਹੀ ਨਿਕਲੇ। ਉਨਾਂ ਕਿਹਾ ਹੁਣ ਕਾਂਗਰਸ ਵੀ ਵੋਟਾਂ ਵਟੋਰਨ ਲਈ ਮੁਫ਼ਤ ਦੀਆਂ ਗਰੰਟੀਆਂ ਵੰਡ ਰਹੀ ਪਰ ਇਨ੍ਹਾਂ ਦੀਆਂ ਸਾਜਿਸ਼ਾਂ ਸਫਲ ਨਹੀਂ ਹੋਣਗੀਆਂ।ਐਡਵੋਕੇਟ ਰਣਜੀਤ ਕੁਮਾਰ ਨੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਤੇ ਸਵਾਲ ਕਰਦਿਆਂ ਕਿਹਾ ਪੰਜਾਬ ਸਰਕਾਰ ਦੇ ਬਣਾਏ ਸਮਾਰਟ ਸਕੂਲਾਂ ਦੀ ਹਾਲਤ ਸਰਕਾਰੀ ਸਕੂਲਾਂ ਤੋਂ ਵੀ ਬਦਤਰ ਹੈ ਕਿਓਂਕਿ ਕਿ ਸਕੂਲਾਂ ਦੀਆਂ ਇਮਾਰਤਾਂ ਦੀ ਖਸਤਾ ਹਾਲਤ,ਬਿਨਾਂ ਬਿਜਲੀ,ਪਾਣੀ ਬਿਨਾਂ ਅਧਿਆਪਕਾਂ ਤੋਂ ਪੜਦੇ ਬੱਚੇ ਅਤੇ ਉਨਾਂ ਦੇ ਮਾਪੇ ਬੇਹੱਦ ਪ੍ਰੇਸ਼ਾਨ ਨਜਰ ਆ ਰਹੇ ਹਨ। ਓਨਾਂ ਕਿਹਾ ਪੰਜਾਬ ਦਾ ਮੁੱਖ ਮੰਤਰੀ ਸਿਰਫ ਕਮੇਡੀ ਕਰਕੇ ਲੋਕਾਂ ਦਾ ਮਨੋਰੰਜਨ ਕਰਨ ਵਿਚ ਮਸਤ ਹੈ ਪੰਜਾਬ ਅੰਦਰ ਬੇਰੁਜ਼ਗਾਰੀ ਦਿਨੋ ਦਿਨ ਵਧਦੀ ਜਾ ਰਹੀ ਹੈ, ਮਹਿੰਗਾਈ ਨੇ ਗਰੀਬ ਲੋਕਾਂ ਦਾ ਲੱਕ ਤੋੜ ਦਿੱਤਾ ਹੈ, ਇੰਡਰਸਟਰੀ ਦੂਜਿਆਂ ਸੂਬਿਆਂ ਵੱਲ ਜਾ ਰਹੀ ਹੈ, ਸਿਹਤ ਤੇ ਸਿੱਖਿਆ ਸਹੂਲਤਾਂ ਲਈ ਪੰਜਾਬ ਵਾਸੀ ਬੇਹੱਦ ਪ੍ਰੇਸ਼ਾਨ ਨਜਰ ਆ ਰਹੇ ਹਨ, ਨਸ਼ਿਆਂ ਨਾਲ ਨੌਜਵਾਨ ਮਰ ਰਹੇ ਹਨ, ਮਕਾਨ ਬਣਾਉਣ ਲਈ ਰੇਤਾ ਖੰਡ ਦੇ ਭਾਅ ਵਿਕ ਰਹੀ ਹੈ, ਪਰ ਮੁੱਖ ਮੰਤਰੀ ਭਗਵੰਤ ਮਾਨ ਕਿੱਕਲੀ ਕਲੀਰ ਦੀ ਪਾਉਣ ਵਿਚ ਮਸਤ ਨਜ਼ਰ ਆ ਰਿਹਾ ਹੈ। ਐਡਵੋਕੇਟ ਰਣਜੀਤ ਕੁਮਾਰ ਨੇ ਕਿਹਾ ਸਿਹਤ, ਸਿੱਖਿਆ ਸੁਧਾਰ, ਪੰਜਾਬ, ਪੰਜਾਬੀਅਤ, ਮਹਿੰਗਾਈ, ਬੇਰੁਜ਼ਗਾਰੀ, ਨਸ਼ਿਆਂ ਨੂੰ ਖਤਮ ਕਰਨ ਅਤੇ ਲੋਕ ਭਲਾਈ ਕੰਮਾਂ ਲਈ ਉਹ ਪੂਰੀ ਇਮਾਨਦਾਰੀ ਨਾਲ ਕੰਮ ਕਰਨਗੇ।

# ਐਡਵੋਕੇਟ ਬਲਵਿੰਦਰ ਕੁਮਾਰ ਦੀਆਂ ਮੀਟਿੰਗਾਂ ਨੇ ਧਾਰਿਆ ਰੈਲੀਆਂ ਦਾ ਰੂਪ



**ਜਲੰਧਰ (ਸ਼ੈਲੀ ਐਲਬਰਟ):** -ਬਸਪਾ ਦੇ ਜਲੰਧਰ ਲੋਕ ਸਭਾ ਸੀਟ ਤੋਂ ਉਮੀਦਵਾਰ ਐਡਵੋਕੇਟ ਬਲਵਿੰਦਰ ਕੁਮਾਰ ਨੇ ਜਲੰਧਰ ਸ਼ਹਿਰ 'ਚ ਵੱਖ-ਵੱਖ ਜਗ੍ਹਾ 'ਤੇ ਮੀਟਿੰਗਾਂ ਕੀਤੀਆਂ। ਇਸ ਦੌਰਾਨ ਹੋਏ ਭਾਰੀ ਇਕੱਠਾਂ ਕਰਕੇ ਮੀਟਿੰਗਾਂ ਨੇ ਰੈਲੀਆਂ ਦਾ ਰੂਪ ਧਾਰ ਲਿਆ। ਐਡਵੋਕੇਟ ਬਲਵਿੰਦਰ ਕੁਮਾਰ ਨੇ ਕਿਹਾ ਕਿ ਜਲੰਧਰ ਦੇ ਪੇਂਡੂ ਤੇ ਸ਼ਹਿਰੀ ਹਲਕਿਆਂ 'ਚ ਲੋਕਾਂ ਦੇ ਹੋਣ ਵਾਲੇ ਭਾਰੀ ਇਕੱਠ ਦੱਸਦੇ ਹਨ ਕਿ ਬਸਪਾ ਇਹ ਸੀਟ ਜਿੱਤਣ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਕੇਂਦਰ ਦੀ ਸੱਤਾ 'ਚ ਰਹੀਆਂ ਭਾਜਪਾ, ਕਾਂਗਰਸ ਸਰਕਾਰਾਂ ਤੇ ਸੂਬੇ ਦੀ ਮੌਜੂਦਾ ਆਪ ਸਰਕਾਰ ਨੇ ਲੋਕਾਂ ਦਾ ਜੀਵਨ ਪੱਧਰ ਉੱਚਾ ਚੁੱਕਣ ਲਈ ਕੋਈ ਵੀ ਵਿਸ਼ੇਸ਼ ਉਪਰਾਲਾ ਨਹੀਂ ਕੀਤਾ, ਜਿਸ ਕਾਰਨ ਲੋਕਾਂ 'ਚ ਭਾਰੀ ਨਿਰਾਸ਼ਾ ਹੈ। ਇਨ੍ਹਾਂ ਪਾਰਟੀਆਂ ਦੀਆਂ ਸਰਕਾਰਾਂ ਵੱਲੋਂ ਕੀਤੇ ਗਏ ਵਾਅਦੇ ਖੋਖਲੇ ਸਾਬਿਤ ਹੋਏ ਹਨ। ਉਨ੍ਹਾਂ ਇਹ ਵੀ ਕਿਹਾ ਕਿ ਗਰਮੀ ਦੇ ਮੌਸਮ 'ਚ ਲੰਮੇ-ਲੰਮੇ ਬਿਜਲੀ ਕੱਟ ਲੱਗ ਰਹੇ ਹਨ। ਇਸ ਨਾਲ ਲੋਕ ਪਰੇਸ਼ਾਨ ਹਨ। ਸੱਤਾ 'ਚ ਰਹੀਆਂ ਪਾਰਟੀਆਂ ਦੀਆਂ ਮਾੜੀਆਂ ਨੀਤੀਆਂ ਕਰਕੇ ਪਰੇਸ਼ਾਨ ਜਲੰਧਰ ਦੇ ਲੋਕ ਇਸ ਵਾਰ ਇਨ੍ਹਾਂ ਨੂੰ ਮੂੰਹ ਨਹੀਂ ਲਗਾਉਣਗੇ ਤੇ ਬਦਲ ਦੇ ਰੂਪ 'ਚ ਬਸਪਾ ਨੂੰ ਚੁਣਨਗੇ।

## ਪ੍ਰਸ਼ਾਸਨ ਵੱਲੋਂ ਅੱਜ 9 ਘੰਟੇ ਲਈ ਨੋ ਫਲਾਈ ਜ਼ੋਨ

**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)** :-ਪ੍ਰਧਾਨ ਮੰਤਰੀ ਨਰਿੰਦਰ ਮੋਦੀ ਚੋਣ ਰੈਲੀ ਲਈ ਸ਼ੁੱਕਰਵਾਰ ਨੂੰ ਜਲੰਧਰ ਪਹੁੰਚ ਰਹੇ ਹਨ।ਇਸ ਸੰਬੰਧੀ ਜਲੰਧਰ ਪ੍ਰਸ਼ਾਸਨ ਵੱਲੋਂ ਪੂਰੇ ਸ਼ਹਿਰ ਨੂੰ ਨੋ ਫਲਾਈ ਜ਼ੋਨ ਐਲਾਨਿਆ ਗਿਆ ਹੈ।ਇਹ ਹੁਕਮ ਵੀਰਵਾਰ ਦੁਪਹਿਰ ਏ ਡੀ ਸੀ ਜਲੰਧਰ ਡਾ: ਅਮਿਤ ਮਹਾਜਨ ਨੇ ਜਾਰੀ ਕੀਤੇ।ਡਾ: ਅਮਿਤ ਮਹਾਜਨ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਧਾਰਾ 144 ਲਾਗੂ ਕਰ ਦਿੱਤੀ ਗਈ ਹੈ।ਜਿਸ ਦੇ ਆਧਾਰ 'ਤੇ ਜ਼ਿਲ੍ਹੇ 'ਚ ਕਿਸੇ ਵੀ ਤਰ੍ਹਾਂ ਦੀ ਉਡਾਣ ਭਰਨ 'ਤੇ ਪੂਰਨ ਪਾਬੰਦੀ ਲਗਾ ਦਿੱਤੀ ਗਈ ਹੈ।ਜਿਸ ਵਿੱਚ ਸਿਵਲ ਰਿਮੋਟ, ਪਾਇਲਟ ਏਅਰਕ੍ਰਾਫਟ ਸਿਸਟਮ, ਡਰੋਨ, ਹੈਲੀਕਾਪਟਰ (ਪ੍ਰਧਾਨ ਮੰਤਰੀ ਦੇ ਹੈਲੀਕਾਪਟਰ ਨੂੰ ਛੱਡ ਕੇ), ਵੀ ਵੀ ਆਈ ਪੀ ਹੈਲੀਕਾਪਟਰ ਅਤੇ ਹਵਾਈ ਜਹਾਜ਼ ਆਦਿ ਦੀ ਉਡਾਣ 'ਤੇ ਪਾਬੰਦੀ ਲਗਾਈ ਗਈ ਹੈ। ਇਹ ਹੁਕਮ (24 ਮਈ) ਦੁਪਹਿਰ 1 ਵਜੇ ਤੋਂ ਰਾਤ ਕਰੀਬ 9 ਵਜੇ ਤੱਕ ਲਾਗੂ ਰਹਿਣਗੇ।ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਜਲੰਧਰ ਫੇਰੀ ਦੇ ਮੱਦੇਨਜ਼ਰ ਲੁਧਿਆਣਾ, ਜਲੰਧਰ ਅਤੇ ਫਗਵਾੜਾ ਪੁਲਸ ਵੱਲੋਂ ਵੱਖ-ਵੱਖ ਥਾਵਾਂ ਤੋਂ ਰੂਟ ਮੋੜ ਦਿੱਤੇ ਗਏ ਹਨ। ਪੁਲਸ ਨੇ ਅੰਮ੍ਰਿਤਸਰ ਤੋਂ ਲੁਧਿਆਣਾ, ਲੁਧਿਆਣਾ ਤੋਂ ਅੰਮ੍ਰਿਤਸਰ ਅਤੇ ਲੁਧਿਆਣਾ ਤੋਂ ਹਿਮਾਚਲ ਪ੍ਰਦੇਸ਼ ਅਤੇ ਪਠਾਨਕੋਟ ਜਾਣ ਵਾਲੇ ਵਾਹਨਾਂ ਦਾ ਰੂਟ ਪਲਾਨ ਜਾਰੀ ਕਰ ਦਿੱਤਾ ਹੈ। ਸੁਰੱਖਿਆ ਕਾਰਨਾਂ ਕਰਕੇ ਇਹ ਡਾਇਵਰਸ਼ਨ ਦੁਪਹਿਰ 3:00 ਵਜੇ ਤੋਂ ਸ਼ਾਮ 7:00 ਵਜੇ ਤੱਕ ਰਹੇਗਾ। ਇਸ ਦੇ ਨਾਲ ਹੀ ਪ੍ਰਧਾਨ ਮੰਤਰੀ ਦੇ ਪ੍ਰੋਗਰਾਮ ਨੂੰ ਲੈ ਕੇ ਜ਼ਿਲ੍ਹਾ ਪੁਲਿਸ ਵੱਲੋਂ ਸੁਰੱਖਿਆ ਵਧਾ ਦਿੱਤੀ ਗਈ ਹੈ।

# ਹਰਦੋ ਸ਼ੇਖਾਂ ਦਾ ਮੇਲਾ 28 ਤੇ 29 ਨੂੰ ਸ਼ਰਧਾ ਤੇ ਜੋਸ਼ੋ-ਖਰੋਸ਼ ਨਾਲ ਮਨਾਇਆ ਜਾਵੇਗਾ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ )**- ਰਹਿਮਤਾਂ ਦਾ ਦਰਬਾਰ ਅਤੇ ਸੂਫੀ ਦਰਬਾਰ ਅਸਤਾਨਾਂ ਔਲੀਆ ਹਜ਼ਰਤ ਸ਼ਾਹ ਬਾਬਾ ਮੁੱਲਾਹ ਬਦਰ ਸਾਹਿਬ ਦੇ ਸਾਲਾਨਾ ਉਰਸ ਮੌਕੇ ਦੋ ਰੋਜਾ ਵਿਸ਼ਾਲ ਜੋੜ ਮੇਲਾ 28 ਅਤੇ 29 ਮਈ ਨੂੰ ਪਿੰਡ ਹਰਦੋ ਸ਼ੇਖਾਂ ਪਿੰਡ ਨੂਰਮਹਿਲ ਤੇ ਸਰੀਂਹ ਜ਼ਿਲ੍ਹਾ ਜਲੰਧਰ ਵਿਖੇ ਦਰਬਾਰ ਗੱਦੀ ਨਸ਼ੀਨ ਨਿਹਾਲ ਸਿੰਘ ਮਾਹਲ ਦੀ ਅਗਵਾਈ ਹੇਠ ਅਥਾਹ ਸ਼ਰਧਾ ਭਾਵਨਾ ਤੇ ਜੋਸ਼ੋ ਖਰੋਸ਼ ਨਾਲ ਕਰਵਾਇਆ ਜਾ ਰਿਹਾ ਹੈ।ਮੇਲਾ ਪ੍ਰਬੰਧਕ ਅਤੇ ਸਿੱਧਮ ਦਵਾਖਾਨਾ ਤੇ ਆਸਟਰੋ ਰਿਸਰਚ ਸੈਂਟਰ ਦੇ ਸੰਚਾਲਕ ਡਾ. ਵਿਜੇ ਕੁਮਾਰ ਸਿੱਧਮ ਨੇ ਦੱਸਿਆ ਕਿ ਪਹਿਲੇ ਦਿਨ 28 ਮਈ ਨੂੰ ਸ਼ਾਮ ਚਿਰਾਗ ਰੌਸ਼ਨ ਕਰਨ ਉਪਰੰਤ ਸਿੱਧਮ ਸਿਸਟਰਜ਼ ਅਤੇ ਸ਼ਮੀ ਕਵਾਲ ਪਾਰਟੀ ਮਹਿਫਲ ਸਜਾਉਣਗੇ।29 ਮਈ ਨੂੰ ਸਵੇਰੇ ਨਿਸ਼ਾਨ ਸਾਹਿਬ (ਝੰਡੇ) ਝੜਾਉਣ ਤੋਂ ਬਾਅਦ ਪਵਿੱਤਰ ਦਰਗਾਹਾਂ 'ਤੇ ਵਿਧੀ ਵਿਧਾਨ ਅਨੁਸਾਰ ਚਾਦਰਾਂ ਪਹਿਨਾਈਆਂ ਜਾਣਗੀਆਂ। ਫਿਰ 10 ਵਜੇ ਤੋਂ 2 ਵਜੇ ਤੱਕ ਰਜਬ ਸ਼ਰੀਫ ਸਕੀਲ ਸਾਬਰੀ ਤੇ ਹੋਰ ਕਵਾਲ ਕਵਾਲੀਆਂ ਰਾਹੀਂ ਮਹਿਫਲ ਸਜਾਉਣਗੇ।ਇਸ ਮੌਕੇ ਸੰਤ ਤਰਮਿੰਦਰ ਸਿੰਘ ਡੇਰਾ ਪ੍ਰਮੁੱਖ ਸਤਿਸੰਗ ਘਰ ਢੇਸੀਆਂ ਕਾਹਨਾਂ ਮੁੱਖ ਮਹਿਮਾਨ ਹੋਣਗੇ। ਬੀਬੀ ਤਾਰੋ ਸਾਵਰ, ਸੂਬੇਦਾਰ ਸਾਈਂ ਚਮਨ ਲਾਲ ਤੇ ਹੋਰ ਸੰਤ ਮਹਾਂਪੁਰਸ਼ ਤੇ ਉੱਚ ਕੋਟੀ ਸ਼ਖ਼ਸੀਅਤਾਂ ਵਿਸ਼ੇਸ਼ ਮਹਿਮਾਨ ਵਜੋਂ ਹਾਜ਼ਰੀਆਂ ਭਰਨਗੀਆਂ।

ਡਾ. ਸਿੱਧਮ ਨੇ ਦੱਸਿਆ ਕਿ ਲੋਕਤੰਤਰ ਦੇ ਵੱਡੇ ਤਿਉਹਾਰ ਚੋਣਾਂ-2024 ਦੇ ਮੱਦੇਨਜ਼ਰ ਵੱਡਾ ਇਕੱਠ ਨਾ ਕਰਨ ਦੇ ਮੰਤਵ ਤੇ ਵੋਟਾਂ ਦੇ ਆਖਰੀ ਪੜਾਅ ਹੋਣ ਕਰਕੇ ਇਸ ਵਾਰ ਗਾਇਕ ਕਲਾਕਾਰਾਂ ਦਾ ਸਟੇਜੀ ਪ੍ਰੋਗਰਾਮ ਰੱਦ ਕੀਤਾ ਗਿਆ ਹੈ। ਦੋਵੇਂ ਦਿਨ ਠੰਢੇ ਮਿੱਠੇ ਜਲ ਦੀਆਂ ਛਬੀਲਾਂ ਅਤੇ ਗੁਰੂ ਕਾ ਲੰਗਰ ਅਤੁੱਟ ਵਰਤੇਗਾ।

# ਸੁਖਬੀਰ ਸਿੰਘ ਬਾਦਲ ਅੱਜ ਗੁਰਾਇਆ 'ਚ



**ਫਿਲੌਰ (ਬੀ ਐੱਸ ਕੈਨੇਡੀ)** ਵਿਖੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਬਾਦਲ ਜਲੰਧਰ ਤੋਂ ਅਕਾਲੀ ਦਲ ਦੇ ਉਮੀਦਵਾਰ ਮਹਿੰਦਰ ਸਿੰਘ ਕੇ.ਪੀ. ਦੇ ਹੱਕ ਵਿੱਚ 24 ਮਈ ਨੂੰ ਜੇਸੀ ਰੀਜ਼ੋਰਟ ਗੁਰਾਇਆਂ ਰੈਲੀ ਵਿਚ ਸ਼ਮੂਲੀਅਤ ਕਰਨਗੇ। ਸੁਖਬੀਰ ਬਾਦਲ ਦੀ ਇਸ ਰੈਲੀ ਨਾਲ਼ ਜਲੰਧਰ ਸੀਟ ਤੋਂ ਉਮੀਦਵਾਰ ਮਹਿੰਦਰ ਸਿੰਘ ਕੇ.ਪੀ. ਦੀ ਚੋਣ ਕੈਂਪੇਨ ਨੂੰ ਹੋਰ ਬੱਲ ਮਿਲੇਗਾ।ਜਿਸ ਵਿਚ ਵੱਡੀ ਗਿਣਤੀ ਵਿੱਚ ਲੋਕਾਂ ਅਤੇ ਆਗੂਆਂ ਵੱਲੋਂ ਸ਼ਮੂਲੀਅਲ ਕਰਨ ਲਈ ਬਲਦੇਵ ਖਹਿਰਾ ਵੱਲੋਂ ਪਿੰਡ-ਪਿੰਡ ਵਿੱਚ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ। ਸੁਖਬੀਰ ਬਾਦਲ ਬਲਦੇਵ ਸਿੰਘ ਖੈਹਰਾ ਵਲੋਂ ਕਰਵਾਈ ਜਾ ਰਹੀ ਰੈਲੀ ਵਿਚ ਸ਼ਮੂਲੀਅਤ ਕਰਨਗੇ।ਉੱਥੇ ਹੀ ਇਸ ਰੈਲੀ ਨੂੰ ਲੈ ਕੇ ਵਰਕਰਾਂ ਵਿਚ ਉਤਸ਼ਾਹ ਵੇਖਣ ਨੂੰ ਮਿਲ ਰਿਹਾ ਹੈ। ਬਲਦੇਵ ਸਿੰਘ ਖੈਹਰਾ ਨੇ ਇਲਾਕੇ ਦੀਆਂ ਸੰਗਤਾਂ ਨੂੰ ਬੇਨਤੀ ਕੀਤੀ ਕਿ ਉਹ ਇਸ ਰੈਲੀ ਵਿਚ ਹੁੰਮ-ਹੁੰਮਾ ਕੇ ਪਹੁੰਚਣ ਅਤੇ ਸ਼੍ਰੋਮਣੀ ਅਕਾਲੀ ਦਲ ਨੂੰ ਬਲ ਦੇਣ।ਹਲਕੇ ਦੇ ਪਿੰਡਾਂ ਵਿੱਚ ਰੈਲੀ ਨੂੰ ਲੈ ਕੇ ਪੂਰਾ ਉਤਸ਼ਾਹ ਵੇਖਿਆ ਜਾ ਰਿਹਾ ਹੈ।ਬਲਦੇਵ ਸਿੰਘ ਖੈਹਰਾ ਨੇ ਕਿਹਾ ਕਿ ਸੁਖਬੀਰ ਸਿੰਘ ਦੀ ਇਸ ਰੈਲੀ ਨਾਲ਼ ਜਿੱਥੇ ਜਲੰਧਰ ਤੋਂ ਲੋਕ ਸਭਾ ਉਮੀਦਵਾਰ ਮਹਿੰਦਰ ਸਿੰਘ ਕੇ.ਪੀ. ਨੂੰ ਬਲ ਮਿਲੇਗਾ ਉਥੇ ਹੀ ਪੰਜਾਬ ਦੇ ਵਿਚ ਸ਼੍ਰੋਮਣੀ ਅਕਾਲੀ ਦਲ ਦਾ ਝੰਡਾ ਬੁਲੰਦ ਹੋਵੇਗਾ ।

# ਪਿੰਡਾਂ 'ਚ ਲਾਇਬ੍ਰੇਰੀ ਦਾ ਹੋਣਾ ਬਹੁਤ ਜ਼ਰੂਰੀ : ਬੀ ਡੀ ਪੀ ਓ



**ਸੁਲਤਾਨਪੁਰ ਲੋਧੀ (ਰਾਜਵੀਰ ਸਿੰਘ)** ਨੌਜਵਾਨਾਂ ਨੂੰ ਅਗਾਂਹ ਵਾਧੂ ਸੋਚ ਦੇ ਧਾਰਨੀ ਬਣਾਉਣ ਲਈ ਕਿਤਾਬਾਂ ਨਾਲ ਜੋੜਨਾ ਬਹੁਤ ਜ਼ਰੂਰੀ ਹੈ। ਇਹ ਤਾਂ ਹੀ ਸੰਭਵ ਹੋਵੇਗਾ ਜੇਕਰ ਪੰਜਾਬ ਦੇ ਪਿੰਡਾਂ ਵਿਚ ਗਿਣਤੀ ਅਨੁਸਾਰ ਲਾਇਬ੍ਰੇਰੀਆਂ ਖੋਲੀਆਂ ਜਾਣਗੀਆਂ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸੁਲਤਾਨਪੁਰ ਲੋਧੀ ਦੇ ਬਲਾਕ ਵਿਕਾਸ ਪੰਚਾਇਤ ਅਫਸਰ ਅਵਤਾਰ ਸਿੰਘ ਨੇ ਸ਼ਹੀਦ ਉਧਮ ਸਿੰਘ ਲਾਇਬ੍ਰੇਰੀ ਦਾ ਨਵਾਂਉਣ ਉਦਘਾਟਨ ਕਰਨ ਸਮੇਂ ਕਹੇ। ਉਨ੍ਹਾਂ ਕਿਹਾ ਕਿ ਕਿਤਾਬਾਂ ਦੀ ਬਦੌਲਤ ਹੀ ਅਸੀਂ ਆਪਣੇ ਕੰਮ ਕਾਰ ਅਤੇ ਉੱਚੇ ਆਹੁਦਿਆਂ ਤੇ ਬਿਰਾਜਮਾਨ ਹੁੰਦੇ ਹਾਂ। ਉਨ੍ਹਾਂ ਪਿੰਡ ਟਿੱਬਾ ਸ਼ਹੀਦ ਉਧਮ ਸਿੰਘ ਲਾਇਬ੍ਰੇਰੀ ਦੇ ਮੈਂਬਰ ਵੱਲੋਂ ਕੀਤੇ ਇਸ ਕਾਰਜ ਦੀ ਸ਼ਲਾਘਾ ਕੀਤੀ ਅਤੇ ਹੋਰ ਪਿੰਡਾਂ ਨੂੰ ਵੀ ਲਾਇਬ੍ਰੇਰੀਆਂ ਖੋਲਣ ਲਈ ਪ੍ਰੇਰਿਤ ਕੀਤਾ ਉਨ੍ਹਾਂ ਕਿਹਾ ਕਿ ਚੋਣ ਜ਼ਾਬਤੇ ਤੋਂ ਬਾਅਦ ਸੁਲਤਾਨਪੁਰ ਲੋਧੀ ਦੇ ਹਰ ਪਿੰਡ ਵਿਚ ਲਾਇਬ੍ਰੇਰੀ ਖੋਲਣ ਦੀ ਕੋਸ਼ਿਸ਼ ਕੀਤੀ ਜਾਵੇਗਾ, ਤਾਂ ਜੋ ਹਰ ਨੌਜਵਾਨ ਕਿਤਾਬਾਂ ਨੂੰ ਪੜ੍ਹ ਕੇ ਪੰਜਾਬ ਦੇ ਅਮੀਰ ਵਿਰਸੇ, ਧਾਰਮਿਕਤਾ, ਇਤਿਹਾਸ ਅਤੇ ਸਾਹਿਤ ਤੋਂ ਜਾਣੂ ਹੋ ਸਕੇ। ਸਟੇਜ ਸੰਚਾਲਨ ਕਰਦਿਆਂ ਸ਼ਹੀਦ ਉਧਮ ਸਿੰਘ ਲਾਇਬ੍ਰੇਰੀ ਦੇ ਮੁੱਖ ਸੰਚਾਲਿਕ ਮਾ. ਜਸਵਿੰਦਰ ਸਿੰਘ ਨੇ ਦੱਸਿਆ ਕਿ ਇਹ ਲਾਇਬ੍ਰੇਰੀ 2017 ਵਿੱਚ ਪ੍ਰਵਾਸੀ ਭਾਰਤੀ, ਨਗਰ, ਗ੍ਰਾਮ ਪੰਚਾਇਤ ਅਤੇ ਇਲਾਕਾ ਨਿਵਾਸੀਆਂ ਦੇ ਸਹਿਯੋਗ ਸਦਕਾ 16 ਕਿਤਾਬਾਂ ਦੇ ਸਫਰ ਤੋਂ ਸ਼ੁਰੂ ਹੋਈ ਸੀ। ਪਿਛਲੇ 7 ਸਾਲਾਂ ਵਿੱਚ ਸ਼ਹੀਦ ਉਧਮ ਸਿੰਘ ਲਾਇਬ੍ਰੇਰੀ ਵਿੱਚ 1700 ਕਿਤਾਬਾਂ ਪਈਆਂ ਹਨ। ਤਰਕਸ਼ੀਲ ਜੋਨ ਜਲੰਧਰ ਦੇ ਆਗੂ ਸੁਰਜੀਤ ਟਿੱਬਾ ਨੇ ਸੰਬੋਧਨ ਕਰਦਿਆਂ ਆਖਿਆ ਕਿ ਪੰਜਾਬੀ ਇਤਿਹਾਸ ਬਣਾਉਣਾ ਤਾਂ ਬਾਖੂਬੀ ਜਾਣਦੇ ਹਨ ਪਰ ਉਸ ਨੂੰ ਸੰਭਾਲਣ ਲਈ ਕਦੇ ਯਤਨ ਨਹੀਂ ਕਰਦੇ। ਉਨ੍ਹਾਂ ਕਿਹਾ ਕਿ ਜਿਥੇ ਲਾਇਬ੍ਰੇਰੀਆਂ ਜ਼ਿਆਦਾ ਹੋਣਗੀਆਂ, ਉੱਥੇ ਲੋਕ ਗਿਆਨਵਾਨ ਵੱਧ ਹੋਣਗੇ। ਐਡਵੋਕੇਟ ਰਜਿੰਦਰ ਸਿੰਘ ਰਾਣਾ ਕਿਸਾਨ ਸੰਯੁਕਤ ਮੋਰਚੇ ਦੇ ਜ਼ਿਲ੍ਹਾ ਕਨਵੀਨਰ ਨੇ ਕਿਹਾ ਕਿ ਲੇਖਕ ਧਾਰਮਿਕ, ਸਾਹਿਤਕ ਜਾਂ ਰਾਜਨੀਤਿਕ ਹੋਵੇ, ਸਾਨੂੰ ਉਨ੍ਹਾਂ ਦੀ ਵੱਧ ਤੋਂ ਵੱਧ ਕਦਰ ਕਰਨੀ ਚਾਹੀਦੀ ਹੈ ਅਤੇ ਉਨ੍ਹਾਂ ਦੁਆਰਾ ਲਿਖੀਆਂ ਕਿਤਾਬਾਂ ਨੂੰ ਧਿਆਨ ਨਾਲ ਪੜ੍ਹਨਾ ਚਾਹੀਦਾ ਹੈ। ਲੇਖਕਾਂ ਵੱਲੋਂ ਲਿਖੇ ਲੇਖਾਂ ਨੂੰ ਪੜ੍ਹ ਕੇ ਅਸੀਂ ਜ਼ਿੰਦਗੀ ਜੀਉਣ ਲਈ ਨਵੇਂ ਰਾਹ ਲੱਭ ਸਕਦੇ ਹਨ। ਐਡਵੋਕੇਟ ਰਾਣਾ ਨੇ ਕਿਹਾ ਕਿ ਸਾਹਿਤ ਦਾ ਰੋਲ ਸਾਡੀ ਜ਼ਿੰਦਗੀ 'ਚ ਬਹੁਤ ਮਹੱਤਵਪੂਰਨ ਹੈ। ਕਿਸਾਨ ਆਗੂ ਅਮਰਜੀਤ ਸਿੰਘ ਟਿੱਬਾ ਨੇ ਕਿਹਾ ਕਿ ਸ਼ਹੀਦ ਉਧਮ ਸਿੰਘ ਲਾਇਬ੍ਰੇਰੀ ਵਿੱਚ ਪਿਛਲੇ ਲੰਬੇ ਸਮੇਂ ਤੋਂ ਇੱਕ ਪ੍ਰਵਾਸੀ ਮਜ਼ਦੂਰ ਦੀ ਲੜਕੀ ਆ ਰਹੀ ਹੈ। ਜੋ ਇਥੋਂ ਸੈਂਕੜੇ ਕਿਤਾਬਾਂ ਲੈ ਕੇ ਪੜ੍ਹ ਚੁੱਕੀ ਹੈ ਪਰ ਪੰਜਾਬੀਆਂ ਵਿੱਚ ਕਿਤਾਬਾਂ ਪੜ੍ਹਨ ਦਾ ਰੁਝਾਨ ਦਿਨ-ਬਾ-ਦਿਨ ਘੱਟਦਾ ਜਾ ਰਿਹਾ ਹੈ। ਇਹ ਇੱਕ ਚਿੰਤਾ ਦਾ ਵਿਸ਼ਾ ਹੈ। ਉਨ੍ਹਾਂ ਲਾਇਬ੍ਰੇਰੀ ਦੇ ਪਾਠਕਾਂ ਅਤੇ ਹੋਰ ਸ਼ਖ਼ਸੀਅਤਾਂ ਦਾ ਪੁੱਜਣ ਤੇ ਧੰਨਵਾਦ ਕੀਤਾ। ਸਾਬਕਾ ਸਰਪੰਚ ਜਸਵਿੰਦਰ ਕੌਰ, ਪ੍ਰਿੰਸੀਪਲ ਗੁਰਦੀਪ ਸਿੰਘ, ਮੁਕੰਦ ਸਿੰਘ ਕੁਲ ਹਿੰਦ ਕਿਸਾਨ ਸਭਾ, ਡਾ. ਸਤਬੀਰ ਸਿੰਘ ਨੇ ਵੀ ਸੰਬੋਧਨ ਕੀਤਾ ।ਇਸ ਮੌਕੇ ਮਾ.ਜਸਬੀਰ ਸਿੰਘ ਸੂਜੋਕਾਲੀਆ, ਸ਼ਨੀ, ਮਨੀ, ਗੁਰਉਪਦੇਸ਼ ਸਿੰਘ ਰਿੰਪਲ, ਸੰਤੋਖ ਸਿੰਘ ਪੇਂਟਰ, ਮਦਨ ਲਾਲ, ਮਾ.ਮਨਪ੍ਰੀਤ ਸਿੰਘ, ਸੂਰਤ ਸਿੰਘ ਸਾਬਕਾ ਸਰਪੰਚ ਅਮਰਕੋਟ, ਸਰਪੰਚ ਰਵਿੰਦਰ ਸਿੰਘ ਰਵੀ ਅਮਰਕੋਟ, ਜਗੀਰ ਸਿੰਘ, ਜਸਵਿੰਦਰ ਸਿੰਘ, ਮਾ.ਹਰਵਿੰਦਰ ਸਿੰਘ ਬਿਧੀਪੁਰ, ਬਲਬੀਰ ਸਿੰਘ ਭਗਤ, ਮਹਿੰਦਰ ਲਾਲ ਐਥਲੀਟ, ਕਰਨੈਲ ਸਿੰਘ ਝੰਡ, ਮਾ. ਚਰਨ ਸਿੰਘ ਹੈਬਤਪੁਰ, ਹਰਬੰਸ ਲਾਲ ਕੰਢਾ, ਨੰਬਰਦਾਰ ਰਵਿੰਦਰ ਸਿੰਘ, ਹਰਜਿੰਦਰ ਸਿੰਘ ਬਾਰੀਆ ਆਦਿ ਹਾਜ਼ਰ ਸਨ।

# ਹਰਿਆਵਲ ਚੋਣ ਮੁਹਿੰਮ ਤਹਿਤ ਸ਼ਹਿਰ 'ਚ ਵੱਖ-ਵੱਖ ਥਾਵਾਂ 'ਤੇ ਲਗਾਏ ਬੂਟੇ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਡਾ.ਹੀਰਾ ਲਾਲ ਆਈ.ਏ.ਐਸ. ਜਨਰਲ ਅਬਜ਼ਰਵਰ ਲੋਕ ਸਭਾ ਹਲਕਾ 06 ਅਨੰਦਪੁਰ ਸਾਹਿਬ ਵਲੋਂ ਚਲਾਈ ਮੁਹਿੰਮ ਤਹਿਤ ਦਿੱਤੀਆਂ ਹਦਾਇਤਾਂ ਦੀ ਪਾਲਣਾ ਕਰਦੇ ਹੋਏ ਹਰਬਖਸ਼ ਸਿੰਘ ਕਾਰਜ ਸਾਧਕ ਅਫਸਰ ਤੇ ਮਦਨ ਲਾਲ ਸੈਨਟਰੀ ਇੰਸਪੈਕਟਰ ਨੇ ਉਪ ਮੰਡਲ ਮੈਜਿਸਟਰੇਟ ਦੇ ਦਫ਼ਤਰ ਵਿਖੇ ਬੂਟੇ ਲਗਾਏ। ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਸ਼ਹਿਰ ਦੇ ਵੱਖ-ਵੱਖ ਸਥਾਨਾ ਦੀ ਸਫ਼ਾਈ ਕੀਤੀ ਜਾ ਰਹੀ ਹੈ। ਵਾਤਾਵਰਣ ਪਲਾਸਟਿਕ ਮੁਕਤ ਕੀਤਾ ਜਾ ਰਿਹਾ ਹੈ ਅਤੇ ਸੜਕਾਂ ਦੇ ਕਿਨਾਰਿਆਂ ਨੂੰ ਵੀ ਪਲਾਸਟਿਕ ਮੁਕਤ ਕੀਤਾ ਜਾ ਰਿਹਾ ਹੈ। ਨਗਰ ਕੌਂਸਲ ਅਧੀਨ ਪੈਂਦੇ ਵੱਖ-ਵੱਖ ਵਾਰਡਾਂ ਤੇ ਪਾਰਕਾਂ ਵਿਚ ਢੁਕਵੀਆਂ ਥਾਵਾਂ ਤੇ ਲੋੜੀਦੀ ਮਾਤਰਾ ਵਿੱਚ ਬੂਟੇ ਲਗਾਏ ਜਾ ਰਹੇ ਹਨ। ਇਸ ਤੋਂ ਇਲਾਵਾ ਹੋਰ ਪਾਰਕਾਂ/ਸੜਕਾਂ ਦੇ ਕਿਨਾਰਿਆਂ ਤੇ ਬੂਟੇ ਲਗਾਏ ਜਾਣਗੇ। ਉਨ੍ਹਾਂ ਨੇ ਵੋਟਰਾਂ ਨੂੰ ਅਪੀਲ ਕੀਤੀ ਹੈ ਕਿ ਸੰਜਮ ਨਾਲ ਪਾਣੀ ਦੀ ਵਰਤੋਂ ਕੀਤੀ ਜਾਵੇ ਅਤੇ ਪਾਣੀ ਦਾ ਦੁਰਉਪਯੋਗ ਨਾ ਕੀਤਾ ਜਾਵੇ। ਵਾਤਾਵਰਣ ਨੂੰ ਈਕੋ ਫਰੈਂਡਲੀ ਬਣਾਇਆ ਜਾਵੇ, ਵੋਟਰ ਵੋਟ ਪਾਉਣ ਤੋਂ ਪਹਿਲਾਂ ਯਾਦਗਾਰੀ ਬੂਟਾ ਲਗਾਉਣ ਅਤੇ ਉਸ ਦਾ ਰੱਖ ਰਖਾਓ ਵੀ ਕਰਨ, ਸੰਸਥਾਵਾਂ ਵੀ ਹਰਿਆਵਲ ਮੁਹਿੰਮ ਵਿਚ ਸਹਿਯੋਗ ਦੇਣ ਇਹ ਸਾਡੇ ਸੁਰੱਖਿਅਤ ਭਵਿੱਖ ਲਈ ਬੇਹੱਦ ਜਰੂਰੀ ਹੈ। ਇਸ ਮੌਕੇ ਸੁਨੀਲ, ਹਰਪ੍ਰੀਤ ਕੌਰ, ਜਸਵਿੰਦਰ ਕੌਰ, ਅੰਜੂ ਹਾਜ਼ਰ ਸਨ।